ਮੰਗਲਵਾਰ, 7 ਅਕਤੂਬਰ, 2025

22 ਅੱਸੂ { ਨਾਨਕਸ਼ਾਹੀ 557 / ਬਿਕਰਮੀ 2082 }

ਜਿਲਦ/VOL. : 74

ਅੰਕ/NO. : 127

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • TUESDAY, 7 OCTOBER, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਚੀਫ ਜਸਟਿਸ ਵੱਲ ਜੁੱਤੀ ਸੁੱਟ ਕੇ 'ਸਨਾਤਨ ਕਾ ਅਪਮਾਨ ਨਹੀਂ ਸਹੇਗਾ ਹਿੰਦੁਸਤਾਨ' ਦਾ ਨਾਅਰਾ

**ਨਵੀਂ ਦਿੱਲੀ** : ਸੁਪਰੀਮ ਕੋਰਟ ਵਿੱਚ ਸੋਮਵਾਰ ਇੱਕ ਵਕੀਲ ਨੇ ਚੀਫ ਜਸਟਿਸ ਬੀ ਆਰ ਗਵਈ ਵੱਲ ਜੁੱਤੀ ਸੁੱਟੀ, ਪਰ ਉਨ੍ਹਾ ਤੱਕ ਪੁੱਜੀ ਨਹੀਂ। ਸੁਰੱਖਿਆਕਰਮੀਆਂ ਨੇ ਉਸ ਨੂੰ ਤੁਰੰਤ ਕਾਬੂ ਕਰ ਲਿਆ। ਅਦਾਲਤੀ ਕਮਰੇ ਵਿੱਚੋਂ ਬਾਹਰ ਕੱਢੇ ਜਾਣ ਮੌਕੇ ਉਸ ਨੇ 'ਸਨਾਤਨ ਕਾ ਅਪਮਾਨ ਨਹੀਂ ਸਹੇਗਾ ਹਿੰਦੁਸਤਾਨ' ਦਾ ਨਾਅਰਾ ਲਾਇਆ।

ਇਸ ਘਟਨਾ ਕਰਕੇ ਕੋਰਟ ਦੀ ਕਾਰਵਾਈ ਵਿੱਚ ਪਈ ਰੁਕਾਵਟ ਦੇ ਬਾਵਜੂਦ ਚੀਫ ਜਸਟਿਸ ਸ਼ਾਂਤ ਰਹੇ ਤੇ ਅਦਾਲਤੀ ਕਾਰਵਾਈ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰੱਖਣ ਦਾ ਨਿਰਦੇਸ਼ ਦਿੱਤਾ। ਚੀਫ ਜਸਟਿਸ ਨੇ ਕਿਹਾ ਕਿ ਉਨ੍ਹਾ ਨੂੰ ਅਜਿਹੀਆਂ ਚੀਜ਼ਾਂ ਨਾਲ ਬਹੁਤਾ ਫਰਕ ਨਹੀਂ ਪੈਂਦਾ। ਉਨ੍ਹਾਂ ਵਕੀਲਾਂ ਨੂੰ ਆਪਣੀਆਂ ਦਲੀਲਾਂ ਜਾਰੀ ਰੱਖਣ ਦੀ ਹਦਾਇਤ ਕਰਦੇ ਹੋਏ ਕਿਹਾ, "ਇਸ ਸਭ ਤੋਂ ਧਿਆਨ ਨਾ ਭਟਕਾਓ। ਅਜਿਹੀਆਂ ਚੀਜ਼ਾਂ ਮੈਨੂੰ ਪ੍ਰਭਾਵਤ ਨਹੀਂ ਕਰਦੀਆਂ।"

ਵਕੀਲ ਦਾ ਨਾਂਅ ਰਾਕੇਸ਼ ਕਿਸ਼ੋਰ ਹੈ ਤੇ ਸੁਪਰੀਮ ਕੋਰਟ ਬਾਰ ਵਿੱਚ ਉਸ ਦਾ ਰਜਿਸਟ੍ਰੇਸ਼ਨ ਨੰਬਰ 2011 ਹੈ। ਸੁਪਰੀਮ ਕੋਰਟ ਦੇ ਰਜਿਸਟਰਾਰ ਜਨਰਲ ਵੱਲੋਂ ਜ਼ੋਰ ਨਾ ਪਾਉਣ 'ਤੇ ਦਿੱਲੀ ਪੁਲਸ ਨੇ 71 ਸਾਲਾ ਵਕੀਲ ਨੂੰ ਛੱਡ ਦਿੱਤਾ।

ਰਜਿਸਟਰਾਰ ਜਨਰਲ ਦੇ ਕਹਿਣ 'ਤੇ ਜੁੱਤੀ ਤੇ ਦਸਤਾਵੇਜ਼ ਵੀ ਵਕੀਲ ਨੂੰ ਮੋੜ ਦਿੱਤੇ। ਉਸ ਕੋਲ ਸੁਪਰੀਮ ਕੋਰਟ ਬਾਰ ਐਸੋਸੀਏਸ਼ਨ, ਸ਼ਾਹਦਰਾ ਬਾਰ ਐਸੋਸੀਏਸ਼ਨ ਤੇ ਬਾਰ ਕੌਂਸਲ ਆਫ ਦਿੱਲੀ ਦੇ ਕਾਰਡ ਸਨ। ਮੰਨਿਆ ਜਾ ਰਿਹਾ ਹੈ ਕਿ ਵਕੀਲ ਚੀਫ ਜਸਟਿਸ ਗਵਈ ਦੀਆਂ ਮੱਧ ਪ੍ਰਦੇਸ਼ ਦੇ ਖਜੁਰਾਹੋ 'ਚ ਵਿਸ਼ਨੂੰ ਦੀ 7 ਫੁੱਟ ਉੱਚੀ ਸਿਰ ਕਟੀ ਮੂਰਤੀ ਦੀ ਮੁੜ ਸਥਾਪਨਾ ਬਾਰੇ ਟਿੱਪਣੀਆਂ ਤੋਂ ਨਾਰਾਜ਼ ਸੀ। ਚੀਫ



ਚੀਫ ਜਸਟਿਸ ਤੇ ਜੁੱਤੀ ਸੁੱਟਣ ਵਾਲਾ ਵਕੀਲ

ਜਸਟਿਸ ਨੇ 16 ਸਤੰਬਰ ਨੂੰ ਖੰਡਤ ਮੂਰਤੀ ਦੀ ਬਹਾਲੀ ਦੀ ਮੰਗ ਵਾਲੀ ਪਟੀਸ਼ਨ ਖਾਰਜ ਕਰਦਿਆਂ ਕਿਹਾ ਸੀ—ਜਾਓ ਤੇ ਭਗਵਾਨ ਨੂੰ ਖੁਦ ਕਰਨ ਨੂੰ ਕਹੋ। ਤੁਸੀਂ ਕਹਿੰਦੇ ਹੋ ਭਗਵਾਨ ਵਿਸ਼ਨੂੰ ਦੇ ਕੱਟੜ ਭਗਤ ਹੋ, ਜਾਓ ਉਨ੍ਹਾ ਨੂੰ ਪ੍ਰਾਰਥਨਾ ਕਰੋ। ਇਹ ਪੁਰਾਤੱਤਵ ਸਥੱਲ ਹੈ ਤੇ ਜੋ ਕਰਨਾ ਹੈ ਭਾਰਤੀ ਪੁਰਾਤੱਤਵ ਸਰਵੇਖਣ ਸੰਸਥਾ ਨੇ ਕਰਨਾ ਹੁੰਦਾ ਹੈ। ਪਟੀਸ਼ਨਰ ਨੇ ਚੀਫ ਜਸਟਿਸ ਵੱਲੋਂ ਪਟੀਸ਼ਨ ਖਾਰਜ ਕਰਨ 'ਤੇ ਕਿਹਾ ਸੀ ਕਿ ਇਹ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਫੈਸਲਾ ਹੈ। ਪਟੀਸ਼ਨਰ ਦਾ ਕਹਿਣਾ ਸੀ ਕਿ ਮੂਰਤੀ ਮੁਗਲਾਂ ਦੇ ਰਾਜ ਵੇਲੇ ਖੰਡਤ ਹੋਈ ਸੀ ਤੇ ਉਦੋਂ ਤੋਂ ਉਸੇ ਹਾਲਤ 'ਚ ਹੈ। ਸੁਪਰੀਮ ਕੋਰਟ ਮੰਦਰ ਦੀ ਪਵਿੱਤਰਤਾ ਬਹਾਲ ਕਰਨ ਲਈ ਦਖਲ ਦੇਵੇ।

ਚੀਫ ਜਸਟਿਸ ਨੇ ਬਾਅਦ ਵਿੱਚ ਸਫਾਈ ਦਿੱਤੀ ਸੀ ਕਿ ਉਹ ਸਭ ਧਰਮਾਂ ਦਾ ਆਦਰ ਕਰਦੇ ਹਨ। ਸੋਸ਼ਲ ਮੀਡੀਆ ਨੇ ਉਨ੍ਹਾ ਦੀ ਗੱਲ ਨੂੰ ਗਲਤ ਤਰੀਕੇ ਨਾਲ ਪੇਸ਼ ਕੀਤਾ। ਸਰਕਾਰ ਦੇ ਸੀਨੀਅਰ ਵਕੀਲ ਸਾਲੀਸਿਟਰ • ਬਾਕੀ ਸਫਾ 2 'ਤੇ

## 'ਮੋਦੀ ਤੇ ਸੰਘ ਵੱਲੋਂ ਪੈਦਾ ਕੀਤੇ ਨਫਰਤੀ ਮਾਹੌਲ ਦਾ ਨਤੀਜਾ'

**ਨਵੀਂ ਦਿੱਲੀ** : ਆਪੋਜ਼ੀਸ਼ਨ ਆਗੂਆਂ ਨੇ ਦੋਸ਼ ਲਾਇਆ ਹੈ ਕਿ ਆਰ ਐੱਸ ਐੱਸ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਨਫਰਤ ਦਾ ਅਜਿਹਾ ਮਾਹੌਲ ਪੈਦਾ ਕਰ ਦਿੱਤਾ ਹੈ ਕਿ ਵਕੀਲ ਨੇ ਚੀਫ ਜਸਟਿਸ ਵੱਲ ਜੁੱਤੀ ਸੁੱਟਣ ਦੀ ਹਿਮਾਕਤ ਕਰ ਦਿਖਾਈ ਹੈ। ਸੋਨੀਆ ਗਾਂਧੀ ਨੇ ਕਿਹਾ ਕਿ ਇਹ ਚੀਫ ਜਸਟਿਸ 'ਤੇ ਹੀ ਨਹੀਂ, ਸੰਵਿਧਾਨ 'ਤੇ ਵੀ ਹਮਲਾ ਹੈ। ਕੇਰਲਾ ਦੇ ਮੁੱਖ ਮੰਤਰੀ ਪਿਨਾਰਾਈ ਵਿਜਯਨ ਨੇ ਕਿਹਾ ਕਿ ਇਹ ਚਿੰਤਾਜਨਕ ਘਟਨਾ ਸੰਘ ਪਰਵਾਰ ਵੱਲੋਂ ਫੈਲਾਈ ਨਫਰਤ ਦਾ ਨਤੀਜਾ ਹੈ। ਇਸ ਨੂੰ ਕਿਸੇ ਇੱਕ ਵਿਅਕਤੀ ਦਾ ਕਾਰਾ ਕਹਿ ਕੇ ਨਜ਼ਰਅੰਦਾਜ਼ ਨਹੀਂ ਕਰ ਸਕਦੇ। ਕਾਂਗਰਸ ਵਰਕਿੰਗ ਕਮੇਟੀ ਦੀ ਮੈਂਬਰ ਸੁਪ੍ਰਿਆ ਸ਼੍ਰੀਨੇਤ ਨੇ ਕਿਹਾ ਕਿ ਇਹ ਹਮਲਾ ਸਿਆਸੀ ਤੇ ਸਮਾਜੀ ਵਿਗਾੜ ਦਾ ਨਤੀਜਾ ਹੈ। ਤ੍ਰਿਣਮੂਲ ਕਾਂਗਰਸ ਦੀ ਰਾਜ ਸਭਾ ਵਿੱਚ ਡਿਪਟੀ ਲੀਡਰ ਸਾਗਰਿਕਾ ਘੋਸ਼ ਨੇ ਕਿਹਾ ਕਿ ਇਹ ਹਮਲਾ ਆਨਲਾਈਨ ਬਿਆਨਬਾਜ਼ੀ ਤੇ ਆਫਲਾਈਨ ਹਿੰਸਾ ਵਿਚਾਲੇ ਕੁਨੈਕਸ਼ਨ ਨੂੰ ਦਰਸਾਉਂਦਾ ਹੈ। ਕਾਂਗਰਸ ਸਾਂਸਦ ਮਨੀਕਮ ਟੈਗੋਰ ਨੇ ਕਿਹਾ ਕਿ ਇਹ ਸੰਘ ਦੇ ਨਫਰਤੀ ਜ਼ਹਿਰ ਫੈਲਾਉਣ ਦੇ 100 ਸਾਲਾਂ ਦਾ ਨਤੀਜਾ ਹੈ। ਕਾਂਗਰਸ ਸਾਂਸਦ ਇਮਰਾਨ ਮਸੂਦ ਨੇ ਇਸ ਨੂੰ ਕਾਲਾ ਦਿਨ ਦੱਸਿਆ ਹੈ। ਇਨ੍ਹਾਂ ਲੋਕਾਂ ਨੂੰ ਦਲਿਤ ਦਾ ਚੀਫ ਜਸਟਿਸ ਬਣਨਾ ਮਨਜ਼ੂਰ ਨਹੀਂ।

# ਸ਼ਹੀਦੀ ਦਿਹਾੜੇ ਸੰਬੰਧੀ ਮੁੱਖ ਮੰਤਰੀ ਵੱਲੋਂ ਸੰਤਾਂ, ਮਹਾਂਪੁਰਸ਼ਾਂ ਤੇ ਵਿਦਵਾਨਾਂ ਨਾਲ ਮੀਟਿੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਕੌਮੀ ਪੱਧਰ 'ਤੇ ਮਨੁੱਖੀ ਅਧਿਕਾਰ ਦਿਵਸ ਵਜੋਂ ਮਨਾਉਣ ਲਈ ਸੂਬਾ ਸਰਕਾਰ ਇਸ ਮਾਮਲੇ ਨੂੰ ਭਾਰਤ ਸਰਕਾਰ ਕੋਲ ਉਠਾਏਗੀ।ਸੰਤ ਸਮਾਜ ਦੀਆਂ ਉੱਘੀਆਂ ਸ਼ਖਸੀਅਤਾਂ ਨਾਲ ਵਿਚਾਰ-ਚਰਚਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਸ਼ਹੀਦੀ ਦਿਹਾੜੇ ਨੂੰ ਕੌਮੀ ਪੱਧਰ ਉਤੇ ਮਨੁੱਖੀ ਅਧਿਕਾਰ ਦਿਵਸ ਵਜੋਂ ਮਨਾਇਆ ਜਾਣਾ ਚਾਹੀਦਾ ਹੈ। ਮੁੱਖ ਮੰਤਰੀ ਨੇ ਸੰਤ ਸਮਾਜ ਨੂੰ ਜਾਣੂੰ ਕਰਵਾਇਆ ਕਿ ਸੂਬਾ ਸਰਕਾਰ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਮੌਕੇ



ਲੜੀਵਾਰ ਸਮਾਗਮ ਉਲੀਕੇ ਹਨ। ਉਨ੍ਹਾ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਵਿੱਚ 12 ਹਜ਼ਾਰ ਸ਼ਰਧਾਲੂਆਂ ਦੀ ਸਹੂਲਤ ਲਈ ਟੈਂਟ ਸਿਟੀ ਬਣਾਇਆ ਜਾਵੇਗਾ, ਜਿਸ ਦਾ ਨਾਂਅ 'ਚੱਕ ਨਾਨਕੀ' ਹੋਵੇਗਾ। ਇਸ ਪਵਿੱਤਰ ਨਗਰੀ ਵਿੱਚ ਸਰਬ ਧਰਮ ਸੰਮੇਲਨ ਵੀ ਕਰਵਾਇਆ ਜਾਵੇਗਾ।ਮੀਟਿੰਗ ਵਿੱਚ ਸੰਤ ਸਮਾਜ ਦੀਆਂ ਅਹਿਮ ਸ਼ਖ਼ਸੀਅਤਾਂ ਵਿੱਚ ਬਾਬਾ ਬਲਬੀਰ ਸਿੰਘ 96 ਕਰੋੜੀ, ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਬਾਬਾ ਸਤਨਾਮ ਸਿੰਘ ਜੀ ਕਿਲ੍ਹਾ ਆਨੰਦਗੜ੍ਹ ਸਾਹਿਬ ਵਾਲੇ, ਸੰਤ • ਬਾਕੀ ਸਫਾ 2 'ਤੇ

## ਬਿਹਾਰ ਵਿਧਾਨ ਸਭਾ ਚੋਣਾਂ ਦੋ ਗੇੜਾਂ 'ਚ

### ਤਰਨ ਤਾਰਨ ਜ਼ਿਮਨੀ ਚੋਣ ਵੀ 11 ਨਵੰਬਰ ਨੂੰ

**ਨਵੀਂ ਦਿੱਲੀ** : ਚੋਣ ਕਮਿਸ਼ਨ ਨੇ ਸੋਮਵਾਰ ਬਿਹਾਰ ਵਿਧਾਨ ਸਭਾ ਚੋਣਾਂ ਲਈ ਤਰੀਕਾਂ ਦਾ ਐਲਾਨ ਕਰ ਦਿੱਤਾ। ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਕਿਹਾ ਕਿ ਚੋਣਾਂ ਦਾ ਪਹਿਲਾ ਗੇੜ 6 ਨਵੰਬਰ ਤੇ ਦੂਜਾ ਗੇੜ 11 ਨਵੰਬਰ ਨੂੰ ਹੋਵੇਗਾ। ਪਹਿਲੇ ਗੇੜ ਵਿੱਚ 121 ਤੇ ਦੂਜੇ ਗੇੜ 'ਚ 122 ਸੀਟਾਂ ਲਈ ਵੋਟਾਂ ਪੈਣਗੀਆਂ। ਵੋਟਾਂ ਦੀ ਗਿਣਤੀ 14 ਨਵੰਬਰ ਨੂੰ ਕੀਤੀ ਜਾਵੇਗੀ। ਗਿਣਤੀ ਦੇ ਆਖਰੀ ਦੋ ਗੇੜਾਂ ਤੋਂ ਪਹਿਲਾਂ ਡਾਕ ਰਾਹੀਂ ਆਈਆਂ ਵੋਟਾਂ ਦੀ ਗਿਣਤੀ ਪੂਰੀ ਕੀਤੀ ਜਾਵੇਗੀ। ਬਿਹਾਰ ਵਿੱਚ ਸੱਤਾ 'ਚ ਭਾਈਵਾਲ ਭਾਜਪਾ ਨੇ ਇੱਕ ਜਾਂ ਦੋ ਗੇੜਾਂ 'ਚ ਚੋਣਾਂ ਕਰਾਉਣ ਦੀ ਮੰਗ ਕੀਤੀ ਸੀ। 2010 ਵਿੱਚ ਛੇ ਗੇੜਾਂ, 2015 ਵਿੱਚ ਪੰਜ ਗੇੜਾਂ ਤੇ 2020 ਵਿੱਚ ਤਿੰਨ ਗੇੜਾਂ ਵਿੱਚ • ਬਾਕੀ ਸਫਾ 2 'ਤੇ

## ਫਲਸਤੀਨੀਆਂ ਦੇ ਹੱਕ 'ਚ ਵਿਸ਼ਾਲ ਕਨਵੈਨਸ਼ਨ ਤੇ ਮਾਰਚ

**ਜਲੰਧਰ (ਰਾਜੇਸ਼ ਥਾਪਾ)**

'ਫਾਸ਼ੀ ਹਮਲਿਆਂ ਵਿਰੋਧੀ ਫਰੰਟ' ਵੱਲੋਂ ਮਾਝੇ ਤੇ ਦੁਆਬੇ ਦੇ ਜ਼ਿਲ੍ਹਿਆਂ ਦੀ ਕਨਵੈਨਸ਼ਨ ਦੇਸ਼ ਭਗਤ ਯਾਦਗਾਰ ਕੰਪਲੈਕਸ ਜਲੰਧਰ ਦੇ ਬਾਬਾ ਜਵਾਲਾ ਸਿੰਘ ਠੱਠੀਆਂ ਹਾਲ ਵਿੱਚ ਰਛਪਾਲ ਕੈਲੇ, ਰਤਨ ਸਿੰਘ ਰੰਧਾਵਾ, ਸ਼ਾਮ ਸਿੰਘ, ਕੁਲਵਿੰਦਰ ਸਿੰਘ ਵੜੈਚ, ਸੁਰਿੰਦਰ ਸਿੰਘ ਤੇ ਮੰਗਤ ਰਾਮ ਲੌਂਗੋਵਾਲ ਦੀ



ਪ੍ਰਧਾਨਗੀ ਹੇਠ ਕੀਤੀ ਗਈ। ਕਨਵੈਨਸ਼ਨ ਨੂੰ ਸੀ ਪੀ ਆਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ, ਆਰ ਐੱਮ ਪੀ ਆਈ ਦੇ ਕੁੱਲ ਹਿੰਦ ਜਨਰਲ ਸਕੱਤਰ ਮੰਗਤ ਰਾਮ ਪਾਸਲਾ, ਸੀ ਪੀ ਆਈ ਐੱਮ ਐੱਲ (ਲਿਬਰੇਸ਼ਨ) ਦੇ ਗੁਰਮੀਤ ਸਿੰਘ ਬਖਤਪੁਰਾ, ਸੀ ਪੀ ਆਈ ਐੱਮ ਐੱਲ (ਨਿਊ ਡੈਮੋਕਰੇਸੀ) ਦੇ ਅਜਮੇਰ ਸਿੰਘ ਅਤੇ ਇਨਕਲਾਬੀ ਕੇਂਦਰ ਪੰਜਾਬ ਦੇ ਕੰਵਲਜੀਤ ਨੇ • ਬਾਕੀ ਸਫਾ 2 'ਤੇ

# ਜਲੰਧਰ ਦੀ ਸ਼ੋਭਾ ਯਾਤਰਾ 'ਚ ਪੰਜ ਮੰਤਰੀ ਸ਼ਾਮਲ




**ਜਲੰਧਰ (ਸ਼ੈਲੀ ਐਲਬਰਟ)**

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸੋਮਵਾਰ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਉਤਸਵ ਸੰਬੰਧੀ ਸਜਾਈ ਸ਼ੋਭਾ ਯਾਤਰਾ ਦੀ ਸ਼ੁਰੂਆਤ ਕਰਦਿਆਂ ਲੋਕਾਂ ਨੂੰ ਆਪਸੀ ਭਾਈਚਾਰਕ ਸਾਂਝ ਦੀ ਮਜ਼ਬੂਤੀ ਲਈ ਸਰਬ ਸਾਂਝੀਵਾਲਤਾ ਦਾ ਸੰਦੇਸ਼ ਦੇਣ ਵਾਲੇ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਦਾ ਸੱਦਾ ਦਿੱਤਾ।

ਉਹਨਾ ਸਿਟੀ ਵਾਲਮੀਕਿ ਸਭਾ ਨੂੰ 10 ਲੱਖ ਰੁਪਏ ਦੀ ਰਾਸ਼ੀ ਦੇਣ ਦਾ ਐਲਾਨ ਵੀ ਕੀਤਾ। ਇਸ ਮੌਕੇ ਪੰਜਾਬ ਕੇਸਰੀ ਤੋਂ ਅਵਿਨਾਸ਼ ਚੋਪੜਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਖੁਰਾਕ ਮੰਤਰੀ ਲਾਲ ਚੰਦ ਕਟਾਰੂ ਚੱਕ ਨੇ ਸ਼ੋਭਾ ਯਾਤਰਾ ਵਿੱਚ ਸ਼ਿਰਕਤ ਕਰਦਿਆਂ 2 ਲੱਖ ਰੁਪਏ ਤੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ 2.50 ਲੱਖ ਰੁਪਏ ਦੇਣ ਦਾ ਐਲਾਨ ਕੀਤਾ।ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਜਲੰਧਰ ਨੂੰ ਇਕ ਗੁਲਦਸਤਾ ਦੱਸਦਿਆਂ ਕਿਹਾ ਕਿ ਇਥੇ ਸਭ ਧਰਮਾਂ ਦਾ ਬਰਾਬਰ ਸਤਿਕਾਰ ਕੀਤਾ ਜਾਂਦਾ ਹੈ।ਉਹਨਾ 3 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ।ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਵੀ 5 ਲੱਖ ਰੁਪਏ ਦੀ ਰਾਸ਼ੀ ਦੇਣ ਦਾ ਐਲਾਨ ਕੀਤਾ।

## ਮੈਡੀਸਨ ਦਾ ਨੋਬੇਲ ਪੁਰਸਕਾਰ ਤਿੰਨ ਖੋਜੀਆਂ ਨੂੰ



**ਸਟਾਕਹੋਮ** : ਅਮਰੀਕਾ ਦੀ ਮੈਰੀ ਈ ਬਰੁਨਕੋ ਤੇ ਫਰੈੱਡ ਰੈਮਸਡੇਲ ਅਤੇ ਜਾਪਾਨ ਦੇ ਸ਼ਿਮੋਨ ਸਾਕਾਗੁਚੀ ਨੂੰ 'ਪੈਰੀਫੇਰਲ ਇਮਿਊਨ ਟਾਲਰੈਂਸ' ਨਾਲ ਸੰਬੰਧਤ ਉਨ੍ਹਾਂ ਦੀਆਂ ਖੋਜਾਂ ਲਈ ਮੈਡੀਸਨ ਦਾ ਨੋਬੇਲ ਪੁਰਸਕਾਰ ਦੇਣ ਦਾ ਸੋਮਵਾਰ ਐਲਾਨ ਕੀਤਾ ਗਿਆ ਹੈ। ਪੈਰੀਫੇਰਲ ਇਮਿਊਨ ਟਾਲਰੈਂਸ ਇੱਕ ਅਜਿਹਾ ਢੰਗ ਹੈ, ਜਿਸ ਨਾਲ ਸਰੀਰ ਦੀਆਂ ਬਿਮਾਰੀਆਂ ਨਾਲ ਲੜਨ ਦੀ ਪ੍ਰਣਾਲੀ ਨੂੰ ਬੇਕਾਬੂ ਹੋਣ ਅਤੇ ਬਾਹਰੀ ਕਾਰਕਾਂ ਦੀ ਥਾਂ ਆਪਣੇ ਹੀ ਤੱਤਾਂ 'ਤੇ ਹਮਲਾ ਕਰਨ ਤੋਂ ਰੋਕਣ 'ਚ ਮਦਦ ਮਿਲਦੀ ਹੈ। ਨੋਬੇਲ ਸ਼ਾਂਤੀ ਪੁਰਸਕਾਰ ਦਾ ਐਲਾਨ ਸ਼ੁੱਕਰਵਾਰ ਕੀਤਾ ਜਾਵੇਗਾ।

## ਪਾਕਿਸਤਾਨ ਵੱਲੋਂ 7 ਫਾਈਟਰ ਜੈੱਟ ਸੁੱਟਣ ਦਾ ਦਾਅਵਾ

**ਇਸਲਾਮਾਬਾਦ** : ਪਾਕਿਸਤਾਨੀ ਫੌਜ ਦੇ ਬੁਲਾਰੇ ਜਨਰਲ ਅਹਿਮਦ ਚੌਧਰੀ ਨੇ ਬਲੂਮਬਰਗ ਨੂੰ ਦਿੱਤੀ ਇੰਟਰਵਿਊ ਵਿੱਚ ਦਾਅਵਾ ਕੀਤਾ ਹੈ ਕਿ ਮਈ ਵਿੱਚ ਭਾਰਤ ਨਾਲ ਲੜਾਈ ਦੌਰਾਨ ਚੀਨੀ ਹਥਿਆਰਾਂ ਨੇ ਬਿਹਤਰੀਨ ਕੰਮ ਕੀਤਾ। ਪਾਕਿਸਤਾਨ ਨੇ 7 ਭਾਰਤੀ ਫਾਈਟਰ ਜੈੱਟ ਸੁੱਟੇ, ਜਦਕਿ ਭਾਰਤ ਨੇ ਪਾਕਿਸਤਾਨ ਦਾ ਇੱਕ ਵੀ ਜਹਾਜ਼ ਨਹੀਂ ਸੁੱਟਿਆ।

## ਸੁਖਵਿੰਦਰ ਕਲਕੱਤਾ ਕਤਲ 'ਚ ਫੜੇ ਡਿੰਪੀ ਬਾਵਾ ਨਾਲ ਰਾਜਾ ਵੜਿੰਗ ਦੇ ਸਿੱਧੇ ਸੰਬੰਧ : ਆਪ



**ਚੰਡੀਗੜ੍ਹ** : ਸੁਖਵਿੰਦਰ ਸਿੰਘ ਕਲਕੱਤਾ ਦੇ ਕਤਲ ਸੰਬੰਧੀ 'ਆਪ' ਆਗੂਆਂ ਨੀਲ ਗਰਗ ਤੇ ਬਲਤੇਜ ਪੰਨੂ ਨੇ ਕਾਂਗਰਸ ਲੀਡਰਸ਼ਿਪ, ਖਾਸ ਕਰਕੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ 'ਤੇ ਦੋਸ਼ ਲਗਾਇਆ ਕਿ ਉਹ ਸੱਚਾਈ ਨਾਲ ਖੜ੍ਹੇ ਹੋਣ ਦੀ ਬਜਾਏ ਸਿਆਸੀ ਲਾਭ ਲਈ ਇੱਕ ਪਰਵਾਰ ਦੇ ਦੁੱਖ ਦਾ ਫਾਇਦਾ ਉਠਾ ਰਹੇ ਹਨ।

ਨੀਲ ਗਰਗ ਨੇ ਕਿਹਾ ਕਿ ਪਿਛਲੇ ਦੋ ਦਿਨਾਂ ਤੋਂ ਕੁਝ ਆਗੂ ਪੰਜਾਬ ਵਿੱਚ ਹਫੜਾ-ਦਫੜੀ ਮਚਾਉਣ, ਕਾਨੂੰਨ ਵਿਵਸਥਾ 'ਤੇ ਸਵਾਲ ਉਠਾਉਣ ਅਤੇ ਸਰਕਾਰ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੇ ਹਨ, ਕਿਸੇ ਦੇ ਦੁਖਾਂਤ ਤੋਂ ਸਿਆਸੀ ਲਾਭ ਲੈਣ ਦੀ ਕੋਸ਼ਿਸ਼ ਕਰ ਰਹੇ ਹਨ। ਇਹ ਰਾਜਨੀਤੀ ਨਹੀਂ, ਸਗੋਂ ਮਾਨਸਿਕ ਦੀਵਾਲੀਆਪਨ ਹੈ। ਉਨ੍ਹਾ ਪੰਜਾਬ ਪੁਲਸ ਦੀ ਤੇਜ਼ ਅਤੇ ਪੇਸ਼ੇਵਰ ਜਾਂਚ • ਬਾਕੀ ਸਫਾ 2 'ਤੇ

## ਅੱਜ-ਨਾਮਾ

ਐਥੇ ਕਤਲ ਤਾਂ ਔਥੇ ਵੀ ਕਤਲ ਸੁਣਿਆ,
ਹੁੰਦੇ ਈ ਮੌਤਾਂ ਨਾਲ ਭਰੇ ਅਖਬਾਰ ਬੇਲੀ।
ਵੱਟ ਦੇ ਝਗੜੇ ਤੋਂ ਕਿਸੇ ਆ ਕਤਲ ਕੀਤਾ,
ਸ਼ਰਾਬੀ ਯਾਰਾਂ ਕੋਈ ਮਾਰਿਆ ਯਾਰ ਬੇਲੀ।
ਉੱਤੇ ਸੜਕ ਦੇ ਕਿਤੇ ਸੀ ਕਤਲ ਹੋਇਆ,
ਲੱਗ ਗਈ ਕਾਰ ਦੇ ਨਾਲ ਸੀ ਕਾਰ ਬੇਲੀ।
ਕਿਸੇ ਸੀ ਚੁੱਕੀ ਬੰਦੂਕ ਤਾਂ ਫਾਇਰ ਕੀਤੇ,
ਛੱਡਿਆ ਮਾਰ ਫਿਰ ਕੁੱਲ ਪਰਵਾਰ ਬੇਲੀ।
ਪਾਉਂਦੇ ਜ਼ਹਿਰ ਤਾਂ ਲੋਕ ਨੇ ਫਸਲ ਉੱਤੇ,
ਚੜ੍ਹਦਾ ਜਾਵੇ ਇਨਸਾਨ ਨੂੰ ਜ਼ਹਿਰ ਬੇਲੀ।
ਦਿਨੋ-ਦਿਨ ਇਹ ਮਰਜ਼ ਆ ਵਧੀ ਜਾਂਦੀ,
ਨਹੀਂਉਂ ਪਿੰਡ ਨਾ ਬਚੇ ਈ ਸ਼ਹਿਰ ਬੇਲੀ।

-ਤੀਸ ਮਾਰ ਖਾਂ

## ਜਲੰਧਰ ਦਾ ਨੌਜਵਾਨ ਇੰਗਲਿਸ਼ ਚੈਨਲ ਪਾਰ ਕਰਦਿਆਂ ਲਾਪਤਾ

**ਜਲੰਧਰ** : ਪਿੰਡ ਭਟਨੂਰਾ ਲੁਬਾਣਾ ਦਾ ਨੌਜਵਾਨ ਅਰਵਿੰਦਰ ਸਿੰਘ ਡੰਕੀ ਰੂਟ ਰਾਹੀਂ ਫਰਾਂਸ ਤੋਂ ਇੰਗਲੈਂਡ ਜਾਣ ਦੌਰਾਨ ਲਾਪਤਾ ਹੋ ਗਿਆ ਹੈ।



ਉਹ 80 ਦੇ ਕਰੀਬ ਹੋਰ ਨੌਜਵਾਨਾਂ ਨਾਲ ਕਿਸ਼ਤੀ ਵਿੱਚ ਸਵਾਰ ਸੀ, ਜਿਹੜੀ ਇੰਗਲੈਂਡ ਜਾ ਰਹੀ ਸੀ। ਇੱਕ ਅਕਤੂਬਰ ਨੂੰ ਇੰਗਲਿਸ਼ ਚੈਨਲ ਵਿੱਚ ਕਿਸ਼ਤੀ ਪਲਟ ਗਈ ਸੀ। ਇਸ ਦੀ ਸੂਚਨਾ ਹਾਦਸੇ ਵਿੱਚ ਬਚੇ ਕਪੂਰਥਲਾ ਦੇ ਚੋਹਾਣਾ ਪਿੰਡ ਦੇ ਨੌਜਵਾਨ ਨੇ 2 ਅਕਤੂਬਰ ਨੂੰ ਦਿੱਤੀ ਸੀ। ਲਾਪਤਾ ਨੌਜਵਾਨ ਦੇ ਛੋਟੇ ਭਰਾ ਅਸ਼ਵਿੰਦਰ ਸਿੰਘ ਨੇ ਦੱਸਿਆ ਕਿ ਅਰਵਿੰਦਰ 18 ਮਈ ਨੂੰ ਵਰਕ ਪਰਮਿਟ ਵੀਜ਼ਾ 'ਤੇ ਪੁਰਤਗਾਲ ਗਿਆ ਸੀ। ਪਤਾ ਲੱਗਾ ਕਿ ਉਹ ਕੁਝ ਹੋਰ ਨੌਜਵਾਨਾਂ ਨੂੰ ਉਥੇ ਮਿਲਿਆ ਅਤੇ ਉਨ੍ਹਾਂ ਨੇ ਡੰਕੀ ਰਾਹੀਂ ਇੰਗਲੈਂਡ ਜਾਣ ਦਾ ਮਨ ਬਣਾਇਆ।




7-OCT-PAGE-1.qxd 10/6/2025 9:38 PM Page 2



## ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੀ ਅਹਿਮ ਮੀਟਿੰਗ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੀ ਮੀਟਿੰਗ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਮਹਿਲ ਕਲਾਂ ਵਿਖੇ ਹੋਈ।ਇਸ ਮੌਕੇ ਬਲਾਕ ਪ੍ਰਧਾਨ ਜਗਪਾਲ ਸਿੰਘ ਸਹਿਜੜਾ ਨੇ ਕਿਹਾ ਕਿ ਬੀਤੇ ਦਿਨੀਂ ਆਏ ਹੜ੍ਹਾਂ ਕਾਰਨ ਬਹੁਤ ਸਾਰੇ ਕਿਸਾਨ ਭਰਾਵਾਂ ਦੀ ਖੇਤੀ ਤੇ ਘਰ ਬੁਰੀ ਤਰ੍ਹਾਂ ਨੁਕਸਾਨੇ ਗਏ ਹਨ।ਜਥੇਬੰਦੀ ਵੱਲੋਂ ਹੜ੍ਹ ਪੀੜਤ ਕਿਸਾਨਾਂ ਦੀ ਮਦਦ ਲਈ ਪਿੰਡ ਕਮੇਟੀਆਂ ਦੀਆਂ ਡਿਊਟੀਆਂ ਲਗਾਈਆਂ।ਉਨ੍ਹਾਂ ਕਿਸਾਨਾਂ ਨੂੰ ਡੀ ਏ ਪੀ ਖਾਦ, ਤੇਲ, ਬੀਜ ਆਦਿ ਇਕੱਠਾ ਕਰਨ ਲਈ ਕਿਹਾ ਤਾਂ ਜੋ ਹੜ੍ਹਾਂ ਦੀ ਮਾਰ ਹੇਠ ਆਏ ਪੀੜਤ ਕਿਸਾਨਾਂ ਦੀ ਮਦਦ ਕੀਤੀ ਜਾ ਸਕੇ।ਇਸ ਮੌਕੇ ਕਰਨੈਲ ਸਿੰਘ ਗਾਂਧੀ, ਨਛੱਤਰ ਸਿੰਘ ਸਹੌਰ ਤੇ ਜਸਪਾਲ ਸਿੰਘ ਕਲਾਲ ਮਾਜਰਾ, ਗਿਆਨ ਸਿੰਘ ਛਾਪਾ ਨੇ ਕਿਹਾ ਕਿ ਪੰਜਾਬ ਅੰਦਰ ਹੜ੍ਹ ਸਰਕਾਰ ਦੀ ਅਣਗਹਿਲੀ ਕਾਰਨ ਆਏ ਹਨ, ਪਰ ਹੁਣ ਕਿਸਾਨਾਂ ਦੀ ਬਾਂਹ ਨਹੀਂ ਫੜ ਰਹੀ।ਸਾਡਾ ਫਰਜ਼ ਬਣਦਾ ਹੈ ਕਿ ਪੀੜਤ ਕਿਸਾਨਾਂ ਦੀ ਮਦਦ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਜ਼ਮੀਨ ਪੱਧਰ ਕਰਨ ਲਈ ਟਰੈਕਟਰ ਲੈ ਕੇ ਜਾਣਗੇ।ਬਿਪਤਾ ਮਾਰੇ ਪਰਵਾਰਾਂ ਨੂੰ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ।ਇਸ ਮੌਕੇ ਸੁਖਵਿੰਦਰ ਸਿੰਘ ਖਿਆਲੀ, ਰਘਵੀਰ ਸਿੰਘ ਸਹੌਰ, ਜੱਗੀ ਗੰਗੋਹਰ, ਮਹਿੰਦਰ ਸਿੰਘ ਪੰਡੋਰੀ, ਮੱਘਰ ਸਿੰਘ ਹਰਦਾਸਪੁਰਾ, ਹਰਨੇਕ ਸਿੰਘ ਕੁਤਬਾ, ਗੁਰਮੇਲ ਸਿੰਘ ਕਲਾਲਾ, ਜਗੀਰ ਸਿੰਘ ਦਿਉਲ, ਰਾਮ ਸਿੰਘ ਲੱਖਾ ਖਿਆਲੀ ਆਦਿ ਹਾਜ਼ਰ ਸਨ।

## ਇੰਟਰ ਕਾਲਜ ਫੈਂਸਿੰਗ ਮੁਕਾਬਲਿਆਂ ਦੇ ਜੇਤੂਆਂ ਨੂੰ ਕੀਤਾ ਸਨਮਾਨਤ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਫੈਂਸਿੰਗ ਹਾਲ ਵਿੱਚ ਇੰਟਰ ਕਾਲਜ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਗਗਨਦੀਪ ਸਿੰਘ ਤੇ ਗੁਰਲੀਨ ਕੌਰ ਰੰਧਾਵਾ ਨੇ ਸੋਨੇ ਦੇ ਤਮਗੇ ਜਿੱਤ ਕੇ ਕਾਲਜ ਦਾ ਨਾਮ ਚਮਕਾਇਆ ਹੈ।ਇਸ ਤੋਂ ਇਲਾਵਾ ਸਾਹਿਬ ਸਿੰਘ ਤੇ ਬਿਸਕੀ ਨੇ ਸਿਲਵਰ ਮੈਡਲ ਜਿੱਤੇ ਹਨ।ਇਸ ਤੋਂ ਇਲਾਵਾ ਮੋਹਿਤ ਤੇ ਅਰਵਿੰਦ ਨੇ ਵੀ ਇਨ੍ਹਾਂ ਮੁਕਾਬਲਿਆਂ ਵਿੱਚ ਪਾਰਟੀਸਿਪੇਟ ਕੀਤਾ ਹੈ।ਇਨ੍ਹਾਂ ਸਮੁੱਚੇ ਖਿਡਾਰੀਆਂ ਨੂੰ ਸਰਟੀਫਿਕੇਟ ਤੇ ਤਮਗੇ ਦੇ ਕੇ ਸਨਮਾਨਤ ਕੀਤਾ ਗਿਆ, ਲਿਹਾਜ਼ਾ ਜੇਤੂ ਛੇ ਖਿਡਾਰੀ ਭਵਿੱਖ ਵਿੱਚ ਹੋਣ ਵਾਲੇ ਆਲ ਇੰਡੀਆ ਯੂਨੀਵਰਸਿਟੀ ਮੁਕਾਬਲੇ ਲਈ ਵੀ ਚੁਣੇ ਗਏ ਹਨ।ਦੱਸਣਯੋਗ ਹੈ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਪੀ. ਆਈ. ਐੱਸ. ਵਿਖੇ ਟ੍ਰੇਨਿੰਗ ਲੈ ਰਹੀ ਗੁਰਲੀਨ ਕੌਰ ਰੰਧਾਵਾ ਤੇ ਸਾਹਿਬ ਸਿੰਘ ਹਨ।ਇਹ ਸਮੁੱਚੇ ਖਿਡਾਰੀ [illegible] ਕਾਲਜ ਐੱਸ. ਏ. ਐੱਸ. ਨਗਰ (ਮੁਹਾਲੀ) ਵਿਖੇ ਸਿੱਖਿਆ ਗ੍ਰਹਿਣ ਕਰ ਰਹੇ ਹਨ, ਜਿਨ੍ਹਾਂ ਨੂੰ ਕਾਲਜ ਵਿਖੇ ਪ੍ਰਿੰਸੀਪਲ ਗੁਰਿੰਦਰਜੀਤ ਕੌਰ, ਫਿਜੀਕਲ ਐਜੂਕੇਸ਼ਨ ਦੀ ਹੈੱਡ ਸਿਮਰਪ੍ਰੀਤ, ਸਹਾਇਕ ਪ੍ਰੋਫੈਸਰ ਜਗਤਾਰ ਸਿੰਘ, ਵਾਈਸ ਪ੍ਰਿੰਸੀਪਲ ਪ੍ਰੋਫੈਸਰ ਗੁਰਜੀਤ ਕੌਰ, ਪ੍ਰੋਫੈਸਰ ਨਵਦੀਪ ਸਿੰਘ ਆਦਿ ਨੇ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਇਹ ਖਿਡਾਰੀ ਕਾਲਜ ਤੇ ਦੇਸ਼ ਦਾ ਨਾਮ ਅੰਤਰਰਾਸ਼ਟਰੀ ਖੇਡਾਂ ਵਿੱਚ ਵੀ ਰੋਸ਼ਨ ਕਰਨਗੇ।

## ਮਲੂਕਾ ਨੇ ਸ਼ੁਭਮਨ ਗਿੱਲ ਨੂੰ ਇੱਕ ਰੋਜ਼ਾ ਟੀਮ ਦਾ ਕਪਤਾਨ ਚੁਣੇ ਜਾਣ 'ਤੇ ਦਿੱਤੀ ਵਧਾਈ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਾਬਕਾ ਪੰਚਾਇਤ ਮੰਤਰੀ ਸਿਕੰਦਰ ਸਿੰਘ ਮਲੂਕਾ ਨੇ ਪਹਿਲਾਂ ਤੋਂ ਹੀ ਟੈਸਟ ਕ੍ਰਿਕਟ ਦੀ ਕਪਤਾਨੀ ਕਰ ਰਹੇ ਪੰਜਾਬ ਦੇ ਖਿਡਾਰੀ ਸ਼ੁਭਮਨ ਗਿੱਲ ਨੂੰ ਇੱਕ ਰੋਜ਼ਾ ਟੀਮ ਦਾ ਕਪਤਾਨ ਚੁਣੇ ਜਾਣ 'ਤੇ ਵਧਾਈ ਦਿੱਤੀ। ਮਲੂਕਾ ਨੇ ਕਿਹਾ ਕਿ ਦੇਸ਼ ਦੀਆਂ ਮੌਜੂਦਾ ਪੁਰਸ਼ ਤੇ ਮਹਿਲਾ ਕ੍ਰਿਕਟ ਟੀਮਾਂ ਦੇ ਕਪਤਾਨ ਪੰਜਾਬੀ ਹਨ, ਜੋ ਕਿ ਸੂਬੇ ਲਈ ਮਾਣ ਵਾਲੀ ਗੱਲ ਹੈ। ਇਹ ਸੂਬੇ ਦੇ ਖੇਡਾਂ 'ਚ ਰੁਚੀ ਰੱਖਣ ਵਾਲੇ ਨੌਜਵਾਨਾਂ ਲਈ ਵੀ ਸ਼ੁੱਭ ਸੰਕੇਤ ਹੈ। ਮਲੂਕਾ ਨੇ ਕਿਹਾ ਕਿ ਸ਼ੁਭਮਨ ਗਿੱਲ ਤੇ ਹਰਮਨਪ੍ਰੀਤ ਕੌਰ ਨਾ ਸਿਰਫ਼ ਟੀਮ ਦਾ ਹਿੱਸਾ ਬਣੇ, ਬਲਕਿ ਆਪਣੀ ਮਿਹਨਤ ਨਾਲ ਕਪਤਾਨ ਬਣੇ। ਇਹ ਸੰਯੋਗ ਹੀ ਹੈ ਕਿ ਦੇਸ਼ ਦੀ ਸਭ ਤੋਂ ਜ਼ਿਆਦਾ ਪ੍ਰਚਲਿਤ ਖੇਡ ਕ੍ਰਿਕਟ ਦੀਆਂ ਦੋਨੇ ਟੀਮਾਂ ਦੇ ਕਪਤਾਨ ਪੰਜਾਬੀ ਤੇ ਸਿੱਖ ਹਨ ਤੇ ਦੋਨੋਂ ਹੀ ਸੂਬੇ ਦੇ ਇੱਕ ਹੀ ਪੁਰਾਣੇ ਜ਼ਿਲ੍ਹੇ ਫਿਰੋਜ਼ਪੁਰ ਤੋਂ ਹਨ। ਇਸ ਤੋਂ ਇਲਾਵਾ ਏਸ਼ੀਆ ਕੱਪ 'ਚ ਪੰਜਾਬ ਦਾ ਖਿਡਾਰੀ ਅਭਿਸ਼ੇਕ ਸ਼ਰਮਾ ਵੀ ਟੂਰਨਾਮੈਂਟ ਦਾ ਸਰਵੋਤਮ ਖਿਡਾਰੀ ਰਿਹਾ। ਸ਼ੁਭਮਨ ਗਿੱਲ, ਅਭਿਸ਼ੇਕ ਸ਼ਰਮਾ ਤੇ ਹਰਮਪ੍ਰੀਤ ਕੌਰ ਸੂਬੇ ਦੇ ਲੱਖਾਂ ਨੌਜਵਾਨਾਂ ਲਈ ਪ੍ਰੇਰਣਾ ਸਰੋਤ ਬਣਨਗੇ। ਮਲੂਕਾ ਨੇ ਕਿਹਾ ਕਿ ਨੌਜਵਾਨਾਂ ਨੂੰ ਪੜ੍ਹਾਈ ਦੇ ਨਾਲ ਖੇਡਾਂ 'ਚ ਵੀ ਭਾਗ ਲੈਣਾ ਚਾਹੀਦਾ। ਖੇਡਾਂ 'ਚ ਵੀ ਨੌਜਵਾਨ ਮਿਹਨਤ ਨਾਲ ਵੱਡੀਆਂ ਮੱਲਾਂ ਮਾਰ ਸਕਦੇ ਹਨ।

## ਟ੍ਰੈਫਿਕ ਪੁਲਸ ਨੇ ਵਾਹਨਾਂ ਦੇ ਕੱਟੇ ਚਲਾਨ



**ਸਮਾਣਾ (ਇਕਬਾਲ ਸਿੰਘ ਬੱਲ)**-ਟ੍ਰੈਫਿਕ ਪੁਲਸ ਨੇ ਸ਼ਹਿਰ 'ਚ ਤਿਉਹਾਰਾਂ ਦੇ ਮੱਦੇਨਜ਼ਰ ਵਧ ਰਹੀ ਟ੍ਰੈਫਿਕ ਸਮੱਸਿਆ ਦਾ ਸੁਚਾਰੂ ਢੰਗ ਨਾਲ ਹੱਲ ਕਰਨ ਲਈ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿੱਚ ਨਾਕਾਬੰਦੀ ਕਰਕੇ ਵਾਹਨਾਂ ਦੀ ਚੈਕਿੰਗ ਕੀਤੀ ਗਈ।ਚੈਕਿੰਗ ਦੌਰਾਨ ਦੋ ਗੱਡੀਆਂ ਬਿਨਾਂ ਕਾਗਜ਼ਾਤ, ਪਟਾਕੇ ਮਾਰਦਾ ਬੁਲੇਟ ਮੋਟਰਸਾਈਕਲ ਸਣੇ 12 ਚਲਾਨ ਕੀਤੇ।ਗੱਲਬਾਤ ਕਰਦਿਆਂ ਟ੍ਰੈਫਿਕ ਪੁਲਸ ਮੁਖੀ ਝਿਰਮਲ ਸਿੰਘ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜ਼ੀਰੀ ਤੇ ਤਿਉਹਾਰਾਂ ਦਾ ਸੀਜ਼ਨ ਹੋਣ ਕਰਕੇ ਸ਼ਹਿਰ ਵਿੱਚ ਆਵਾਜਾਈ ਕਾਫੀ ਵਧੀ ਹੋਈ ਹੈ।ਹਰ ਵਾਹਨ ਚਾਲਕ ਆਪਣੇ ਵਾਹਨਾਂ ਦੇ ਦਸਤਾਵੇਜ਼ ਤੇ ਟ੍ਰੈਫਿਕ ਨਿਯਮਾਂ ਅਨੁਸਾਰ ਹੀ ਵਾਹਨ ਚਲਾਉਣ ਤੇ ਨਿਰਧਾਰਤ ਜਗ੍ਹਾ 'ਤੇ ਹੀ ਪਾਰਕਿੰਗ ਕਰਨ, ਤਾਂ ਕਿ ਕਿਸੇ ਨੂੰ ਵੀ ਟ੍ਰੈਫਿਕ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਕਰਨ ਦੀ ਗੱਲ ਵੀ ਆਖੀ।ਇਸ ਮੌਕੇ ਉਨ੍ਹਾਂ ਨਾਲ ਹੌਲਦਾਰ ਜਸਪਾਲ ਸਿੰਘ, ਹੌਲਦਾਰ ਸੋਮ ਪ੍ਰਕਾਸ਼ ਮੌਜੂਦ ਸਨ।

## ਲਾਇਬਰੇਰੀ ਲਈ ਹਰਚੰਦਪੁਰੀ ਵੱਲੋਂ 200 ਕਿਤਾਬਾਂ ਭੇਟ



**ਧੂਰੀ (ਸੁਖਦੇਵ ਧੂਰੀ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਨਗਰ ਕੌਂਸਲ ਧੂਰੀ ਕੰਪਲੈਕਸ ਵਿਖੇ ਬਣਵਾਈ ਗਈ ਬਹੁਤ ਹੀ ਪ੍ਰਭਾਵਸ਼ਾਲੀ ਲਾਇਬਰੇਰੀ ਲਈ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਦੇ ਪ੍ਰਧਾਨ ਪਵਨ ਹਰਚੰਦਪੁਰੀ ਨੇ 200 ਕਿਤਾਬਾਂ ਭੇਟ ਕੀਤੀਆਂ।ਇਸ ਮੌਕੇ ਲਾਇਬਰੇਰੀ ਦੇ ਇੰਚਾਰਜ ਸੁਰਿੰਦਰ ਵੀ ਹਾਜ਼ਰ ਸਨ।ਪਵਨ ਹਰਚੰਦਪੁਰੀ ਨੇ ਇਸ ਮੌਕੇ ਕਿਹਾ ਕਿ ਧੂਰੀ ਦਾ ਇਲਾਕਾ ਉੱਚ ਪਾਏ ਦੀਆਂ ਸਾਹਿਤਕ ਗਤੀਵਿਧੀਆਂ ਦਾ ਕੇਂਦਰ ਹੋਣ ਕਰਕੇ ਲਾਇਬਰੇਰੀ ਲਈ ਪੁਸਤਕਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ।ਪਵਨ ਹਰਚੰਦਪੁਰੀ ਦੇ ਇਸ ਉਪਰਾਲੇ ਦਾ ਸੀਨੀਅਰ ਸਿਟੀਜ਼ਨਜ਼ ਆਫ ਧੂਰੀ ਵੈੱਲਫੇਅਰ ਐਸੋਸੀਏਸ਼ਨ (ਰਾਮ ਬਾਗ), ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਸੁਖਦੇਵ ਸ਼ਰਮਾ, ਜਰਨਲਿਸਟ ਐਸੋਸੀਏਸ਼ਨ ਦੇ ਪ੍ਰਧਾਨ ਲਖਵੀਰ ਸਿੰਘ ਧਾਂਦਰਾ, ਸੀਨੀਅਰ ਸਿਟੀਜ਼ਨਜ਼ ਵੈੱਲਫੇਅਰ ਐਸੋਸੀਏਸ਼ਨ (ਕਮੇਟੀ ਪਾਰਕ), ਤਰਕਸ਼ੀਲ ਸੁਸਾਇਟੀ ਪੰਜਾਬ ਦੇ ਆਗੂ ਰਾਜਿੰਦਰ ਰਾਜੂ ਸਮੇਤ ਅਨੇਕਾਂ ਸ਼ਖ਼ਸੀਅਤਾਂ ਨੇ ਸਵਾਗਤ ਕੀਤਾ ਹੈ।

## ਲਖਬੀਰ ਰਾਏ ਵੱਲੋਂ ਨਵ-ਨਿਯੁਕਤ ਬਲਾਕ ਪ੍ਰਧਾਨਾਂ ਦਾ ਸਨਮਾਨ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵਿਧਾਇਕ ਐਡਵੋਕੇਟ ਲਖਵੀਰ ਸਿੰਘ ਰਾਏ ਨੇ ਆਪ ਪਾਰਟੀ ਦੇ ਨਵ-ਨਿਯੁਕਤ ਬਲਾਕ ਪ੍ਰਧਾਨ ਐਡਵੋਕੇਟ ਗੁਰਪ੍ਰੀਤ ਸਿੰਘ ਕੈੜਾ ਤੇ ਬਲਾਕ ਪ੍ਰਧਾਨ ਪਾਵੇਲ ਹਾਂਡਾ ਨੂੰ ਸਿਰੋਪੇ ਭੇਟ ਕਰ ਕੇ ਸਨਮਾਨਤ ਕੀਤਾ।ਸ੍ਰੀ ਰਾਏ ਨੇ ਕਿਹਾ ਕਿ ਆਪ ਪਾਰਟੀ ਵਿੱਚ ਪਾਰਟੀ ਵਰਕਰਾਂ ਨੂੰ ਪੂਰਾ ਮਾਨ ਸਤਿਕਾਰ ਦਿੱਤਾ ਜਾਂਦਾ ਹੈ।ਨਵ-ਨਿਯੁਕਤ ਬਲਾਕ ਪ੍ਰਧਾਨ ਐਡਵੋਕੇਟ ਗੁਰਪ੍ਰੀਤ ਸਿੰਘ ਕੈੜਾ ਤੇ ਬਲਾਕ ਪ੍ਰਧਾਨ ਪਾਵੇਲ ਹਾਂਡਾ ਨੇ ਭਰੋਸਾ ਦਿੱਤਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਪਾਰਟੀ ਦੀਆਂ ਲੋਕ ਹਿੱਤ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣਗੇ। ਇਸ ਮੌਕੇ ਆਪ ਆਗੂ ਰਮੇਸ਼ ਕੁਮਾਰ ਸੋਨੂ, ਆੜ੍ਹਤੀ ਐਸੋਸੀਏਸ਼ਨ ਸਰਹੰਦ ਦੇ ਪ੍ਰਧਾਨ ਤਰਸੇਮ ਲਾਲ ਉੱਪਲ, ਆੜ੍ਹਤੀ ਐਸੋਸੀਏਸ਼ਨ ਮੂਲੇਪੁਰ ਦੇ ਪ੍ਰਧਾਨ ਐਡਵੋਕੇਟ ਰਜੇਸ਼ ਉੱਪਲ, ਬਲਵੀਰ ਸਿੰਘ ਸੋਢੀ, ਮਧੁਰ ਹਾਂਡਾ ਤੇ ਹੋਰ ਹਾਜ਼ਰ ਸਨ।

# ਰੋਟਰੀ ਕਲੱਬ ਵੱਲੋਂ ਗੌਰਵ ਕਾਂਸਲ ਦੀ ਤਾਜਪੋਸ਼ੀ, ਰੋਟਰੀ ਸੇਵਾ ਦੀ ਨਵੀਂ ਦਿਸ਼ਾ ਦਾ ਐਲਾਨ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਰੋਟਰੀ ਕਲੱਬ ਸੁਨਾਮ ਗ੍ਰੀਨ ਵੱਲੋਂ ਦੀਪਾਵਲੀ ਉਤਸਵ ਸਮਾਰੋਹ 2025 ਪ੍ਰੋਗਰਾਮ ਬੜੇ ਉਤਸ਼ਾਹ ਤੇ ਸ਼ਾਨ ਨਾਲ ਮਨਾਇਆ ਗਿਆ।ਸਮਾਰੋਹ ਦਾ ਮੁੱਖ ਆਕਰਸ਼ਣ ਕਲੱਬ ਦੇ ਨਵੇਂ ਪ੍ਰਧਾਨ ਰੋਟੇਰੀਅਨ ਗੌਰਵ ਕਾਂਸਲ ਦੀ ਤਾਜਪੋਸ਼ੀ ਸੀ।ਪੂਰਾ ਮਾਹੌਲ ਰੋਟਰੀ ਦੇ ਸੁਵਿਚਾਰ 'ਸੇਵਾ ਸਭ ਤੋਂ ਉੱਚੀ' ਦੀ ਆਤਮਿਕ ਭਾਵਨਾ ਨਾਲ ਗੂੰਜ ਉਠਿਆ।ਮੁੱਖ ਮਹਿਮਾਨ ਪੀ.ਡੀ.ਜੀ. ਘਨਸ਼ਿਆਮ ਕਾਂਸਲ, ਰੋਟਰੀ ਗਵਰਨਰ (2023-24) ਸਨ, ਜਦਕਿ ਰੋਟਰੀ ਕਲੱਬ ਦੇ ਪ੍ਰਧਾਨ ਰੋਟੇਰੀਅਨ ਜਗਦੀਪ ਭਾਰਦਵਾਜ ਤੇ ਰੋਟਰੀ ਕਲੱਬ ਸੁਨਾਮ ਸਿਟੀ ਦੇ ਪ੍ਰਧਾਨ ਰੋਟੇਰੀਅਨ ਰਾਜੀਵ ਬਾਂਸਲ ਵਿਸ਼ੇਸ਼ ਮਹਿਮਾਨਾਂ ਵਜੋਂ ਹਾਜ਼ਰ ਸਨ।ਸਮਾਰੋਹ ਦੀ ਸ਼ੁਰੂਆਤ ਰੋਟੇਰੀਅਨ ਧਰਮਪਾਲ ਸਿੰਘ ਵੱਲੋਂ ਆਈ.ਪੀ.ਪੀ. ਸੰਦੀਪ ਗਰਗ ਨੂੰ ਕਾਲਰ ਪਹਿਨਾ ਕੇ ਕੀਤੀ ਗਈ, ਜੋ ਰੋਟਰੀ ਦੀ ਲੀਡਰਸ਼ਿਪ ਦੀ ਨਿਰੰਤਰਤਾ ਦਾ ਪ੍ਰਤੀਕ ਸੀ।ਇਸ ਤੋਂ ਬਾਅਦ ਸੰਦੀਪ ਗਰਗ ਨੇ ਸਾਰੇ ਮਹਿਮਾਨਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ।ਸਮਾਗਮ ਦਾ ਮੁੱਖ ਪਲ ਉਸ ਵੇਲੇ ਆਇਆ, ਜਦੋਂ ਮੁੱਖ ਮਹਿਮਾਨ ਘਨਸ਼ਿਆਮ ਕਾਂਸਲ ਨੇ ਪ੍ਰਧਾਨ ਚੁਣੇ ਗੌਰਵ ਕਾਂਸਲ ਤੇ ਉਨ੍ਹਾਂ ਦੀ ਨਵੀਂ ਟੀਮ ਦੀ ਤਾਜਪੋਸ਼ੀ ਦੀ ਰਸਮ ਅਦਾ ਕੀਤੀ।ਇਸ ਮੌਕੇ ਹਾਲ ਤਾਲੀਆਂ ਦੀ ਗੂੰਜ ਨਾਲ ਗੂੰਜ ਉਠਿਆ।ਆਪਣੇ ਪ੍ਰਭਾਵਕ ਸੰਬੋਧਨ 'ਚ ਪੀ.ਡੀ.ਜੀ. ਘਨਸ਼ਿਆਮ ਕਾਂਸਲ ਨੇ ਦੱਸਿਆ ਕਿ ਰੋਟਰੀ ਇੰਟਰਨੈਸ਼ਨਲ ਇਸ ਸਮੇਂ 212 ਦੇਸ਼ਾਂ 'ਚ 38,000 ਤੋਂ ਵੱਧ ਕਲੱਬਾਂ ਅਤੇ 12 ਲੱਖ ਮੈਂਬਰਾਂ ਰਾਹੀਂ ਸਮਾਜਿਕ ਸੇਵਾ ਦਾ ਮਿਸ਼ਨ ਅੱਗੇ ਵਧਾ ਰਿਹਾ ਹੈ।

ਰੋਟੇਰੀਅਨ ਜਗਦੀਪ ਭਰਦਵਾਜ਼ ਨੇ ਰੋਟਰੀ ਦੀ ਸਮਾਜਿਕ ਉਪਯੋਗਤਾ ਬਾਰੇ ਗੱਲ ਕੀਤੀ ਤੇ ਮੈਂਬਰਾਂ ਨੂੰ ਵਧਾਈ ਦਿੱਤੀ।ਰੋਟੇਰੀਅਨ ਰਾਜੀਵ ਬਾਂਸਲ ਨੇ ਗੌਰਵ ਕਾਂਸਲ ਨੂੰ ਕਲੱਬ ਦੀ ਬਾਗਡੋਰ ਸੰਭਾਲਣ ਤੇ ਸ਼ੁਭਕਾਮਨਾਵਾਂ ਦਿੱਤੀਆਂ ਤੇ ਨਵੀਂ ਟੀਮ ਦੇ ਸਫਲ ਕਾਰਜਕਾਲ ਦੀ ਕਾਮਨਾ ਕੀਤੀ।ਗੌਰਵ ਕਾਂਸਲ ਨੇ ਕਿਹਾ ਕਿ ਉਹ ਰੋਟਰੀ ਦੇ ਸਮਾਜਿਕ ਪ੍ਰਾਜੈਕਟਾਂ ਨੂੰ ਹੋਰ ਮਜ਼ਬੂਤੀ ਨਾਲ ਅੱਗੇ ਵਧਾਉਣ, ਮੈਂਬਰਸ਼ਿਪ ਵਧਾਉਣ ਤੇ ਨਵੇਂ ਸੇਵਾ ਪ੍ਰੋਗਰਾਮ ਸ਼ੁਰੂ ਕਰਨ ਲਈ ਦ੍ਰਿੜ੍ਹ ਹਨ।ਉਨ੍ਹਾਂ ਸਭ ਮੈਂਬਰਾਂ ਤੇ ਮਹਿਮਾਨਾਂ ਨੂੰ ਦੀਪਾਵਲੀ ਦੀਆਂ ਮੁਬਾਰਕਾਂ ਦਿੱਤੀਆਂ।ਸਮਾਰੋਹ ਦਾ ਮੰਚ ਸੰਚਾਲਨ ਐਡਵੋਕੇਟ ਸਾਹਿਲ ਬਾਂਸਲ ਨੇ ਬਹੁਤ ਹੀ ਸੁਚਾਰੂ ਢੰਗ ਨਾਲ ਕੀਤਾ।ਪ੍ਰੋਜੈਕਟ ਚੇਅਰਮੈਨ ਮੁਕੇਸ਼ ਕਾਂਸਲ, ਟਿਕਲ ਬਾਂਸਲ ਤੇ ਪ੍ਰਦੀਪ ਗਰਗ ਦੀ ਅਗਵਾਈ 'ਚ ਹੋਏ ਇਸ ਸਮਾਰੋਹ ਵਿੱਚ ਕਈ ਸੱਭਿਆਚਾਰਕ ਤੇ ਮਨੋਰੰਜਕ ਮੁਕਾਬਲੇ ਹੋਏ।ਕਪਲ ਗੇਮਜ਼ ਵਿੱਚ ਰੋਟੇਰੀਅਨ ਰਾਜੀਵ ਬਾਂਸਲ, ਮੁਕੇਸ਼ ਕਾਂਸਲ ਤੇ ਪ੍ਰਦੀਪ ਕੁਮਾਰ ਜੇਤੂ ਰਹੇ।ਪੰਕਚੁਐਲਿਟੀ ਅਵਾਰਡ ਗੋਰਾ ਲਾਲ ਬਾਂਸਲ ਨੂੰ ਮਿਲਿਆ।ਤੰਬੋਲਾ ਖੇਡ ਜਿਸਦਾ ਸੰਚਾਲਨ ਸ੍ਰੀਮਤੀ ਰਿਤੂਪ੍ਰੀਆ ਬਾਂਸਲ ਤੇ ਬੇਟੀ ਅਦਿਤੀ ਜੈਨ ਵੱਲੋਂ ਕੀਤਾ ਗਿਆ, ਵਿੱਚ ਦੇਵਾਂਸ਼, ਸ਼੍ਰੀਮਤੀ ਗੀਟਾ ਜਿੰਦਲ, ਮੋਹਿਤ ਬਾਂਸਲ, ਸ਼੍ਰੀਮਤੀ ਪ੍ਰੀਤੀ ਜੈਨ ਤੇ ਸ਼੍ਰੀਮਤੀ ਸੁਮਨ ਬਾਂਸਲ ਨੇ ਇਨਾਮ ਜਿੱਤੇ।ਬੱਚਿਆਂ ਦੀਆਂ ਖੇਡਾਂ ਵਿੱਚ ਲੋਮਸ਼ ਤੇ ਹਿਮਾਕਸ਼ ਨੇ ਬਾਜ਼ੀ ਮਾਰੀ।

## ਸੀਨੀਅਰ ਸਿਟੀਜ਼ਨਾਂ ਦੀ ਮੀਟਿੰਗ 'ਚ ਅਹਿਮ ਮੁੱਦਿਆਂ 'ਤੇ ਚਰਚਾ

### ਰੇਲ ਫਾਟਕਾਂ 'ਤੇ ਓਵਰ ਜਾਂ ਅੰਡਰ ਬਰਿੱਜ ਬਣਾਉਣ ਦੀ ਮੰਗ



**ਧੂਰੀ (ਮਨੋਹਰ ਸਿੰਘ ਸੱਗੂ)**-ਸੀਨੀਅਰ ਸਿਟੀਜਨ ਵੈੱਲਫੇਅਰ ਐਸੋਸੀਏਸ਼ਨ ਮਿਉਂਸਪਲ ਪਾਰਕ ਧੂਰੀ ਦੀ ਮਹੀਨਾਵਾਰ ਮੀਟਿੰਗ ਜਥੇਬੰਦੀ ਦੇ ਪ੍ਰਧਾਨ ਸਾਥੀ ਜਗਦੀਸ਼ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਉਪਰੰਤ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਪ੍ਰਧਾਨ ਸਾਥੀ ਜਗਦੀਸ਼ ਸ਼ਰਮਾ ਤੇ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਸਾਰੋਂ ਨੇ ਦੱਸਿਆ ਕਿ ਮੀਟਿੰਗ ਦੌਰਾਨ ਸ਼ਹਿਰ 'ਚ ਆਵਾਜਾਈ ਦੀ ਦਰਪੇਸ਼ ਸਮੱਸਿਆ ਦੇ ਹੱਲ ਲਈ ਸ਼ਹਿਰ ਨੂੰ ਦੋ ਹਿੱਸਿਆਂ 'ਚ ਵੰਡਦੇ ਲੋਹਾ ਬਾਜ਼ਾਰ ਵਾਲੇ ਰੇਲ ਫਾਟਕਾਂ 'ਤੇ ਓਵਰ ਜਾਂ ਅੰਡਰ ਬਰਿੱਜ ਬਾਰੇ ਗੰਭੀਰਤਾ ਨਾਲ ਚਰਚਾ ਕਰਦਿਆਂ ਹਾਜ਼ਰੀਨ ਨੇ ਸਿਆਸਤ ਦੀ ਭੇਟ ਚੜ੍ਹਦੇ ਨਜ਼ਰ ਆ ਰਹੇ ਪੁਲ 'ਤੇ ਸਿਆਸੀ ਆਗੂਆਂ ਨੂੰ ਰਾਜਨੀਤੀ ਕਰਨ ਦੀ ਬਜਾਏ ਪੁਲ ਦਾ ਜਲਦ ਨਿਰਮਾਣ ਕਰਵਾਉਣ ਲਈ ਸੁਹਿਰਦਤਾ ਨਾਲ ਯਤਨ ਕਰਨ ਦੀ ਅਪੀਲ ਕਰਦਿਆਂ ਪੰਜਾਬ ਸਰਕਾਰ ਤੋਂ ਧੂਰੀ ਸਿਵਲ ਹਸਪਤਾਲ 'ਚ ਮਾਹਰ ਡਾਕਟਰਾਂ ਦੀ ਘਾਟ ਪੂਰੀ ਕਰਨ ਦੇ ਨਾਲ ਨਾਲ ਸ਼ਹਿਰ ਦੇ ਵੱਖ ਵੱਖ ਹਿੱਸਿਆਂ ਸਮੇਤ ਜੋਤਾਂ ਨਗਰ 'ਚ ਗੰਦੇ ਪਾਣੀ ਦੀ ਨਿਕਾਸੀ ਨੂੰ ਦਰੁੱਸਤ ਕਰਨ ਲਈ ਸੀਵਰੇਜ ਸਿਸਟਮ 'ਚ ਸੁਧਾਰ ਤੇ ਦੌਲਤਪੁਰ ਰੋਡ 'ਤੇ ਐੱਸ ਟੀ ਪੀ ਪਲਾਂਟ ਸਥਾਪਤ ਕਰਨ ਦੀ ਮੰਗ ਕੀਤੀ ਗਈ।ਆਗੂਆਂ ਨੇ ਕਿਹਾ ਕਿ ਕਈ ਮਹੀਨੇ ਪਹਿਲਾਂ ਸ਼ਹਿਰ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਮੁੱਖ ਮੰਤਰੀ ਕੈਂਪਸ ਦਫ਼ਤਰ ਧੂਰੀ ਦੇ ਇੰਚਾਰਜ ਨੂੰ ਮੰਗ ਪੱਤਰ ਦੇਣ ਦੇ ਬਾਵਜੂਦ ਅਜੇ ਤੱਕ ਸਮੱਸਿਆਵਾਂ ਨੂੰ ਹੱਲ ਕਰਨ ਦੇ ਦਿੱਤੇ ਗਏ ਭਰੋਸੇ 'ਤੇ ਕੋਈ ਕਾਰਵਾਈ ਨਹੀਂ ਹੋਈ।ਮੀਟਿੰਗ ਦੌਰਾਨ ਜਿੱਥੇ ਅਕਤੂਬਰ ਮਹੀਨੇ ਜਨਮੇ ਜਥੇਬੰਦੀ ਦੇ ਮੈਂਬਰਾਂ ਦੇ ਜਨਮ ਦਿਨ ਮਨਾਉਂਦਿਆਂ ਉਨ੍ਹਾਂ ਦੀ ਲੰਮੀ ਉਮਰ ਦੀ ਕਾਮਨਾ ਕੀਤੀ ਗਈ, ਉਥੇ ਕਈ ਸੱਜਣਾਂ ਨੇ ਆਪੋ ਆਪਣੀਆਂ ਰਚਨਾਵਾਂ ਸੁਣਾ ਕੇ ਸਾਹਿਤਕ ਰੰਗ ਬੰਨ੍ਹਿਆ।

## ਐੱਲ ਐਂਡ ਟੀ ਕੰਪਨੀ ਵੱਲੋਂ ਚੜ੍ਹਦੀ ਕਲਾ ਮਿਸ਼ਨ ਲਈ ਪੰਜ ਕਰੋੜ ਦਾ ਯੋਗਦਾਨ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਬਹੁ-ਕੌਮੀ ਕੰਪਨੀ ਲਾਰਸਨ ਐਂਡ ਟਰਬੋ (ਐਲ ਐਂਡ ਟੀ) ਦੇ ਸਟਾਫ ਅਤੇ ਪ੍ਰਬੰਧਕਾਂ ਨੇ ਮਨੁੱਖੀ ਪਹੁੰਚ ਅਪਣਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹੜ੍ਹ ਪੀੜਤਾਂ ਦੀ ਮਦਦ ਲਈ ਸ਼ੁਰੂ ਕੀਤੇ 'ਚੜ੍ਹਦੀ ਕਲਾ ਮਿਸ਼ਨ' ਵਿੱਚ ਪੰਜ ਕਰੋੜ ਰੁਪਏ ਦਾ ਯੋਗਦਾਨ ਪਾਇਆ ਹੈ।

ਬੋਰਡ ਦੇ ਡਾਇਰੈਕਟਰ ਡੀ ਕੇ ਸੇਨ, ਨਾਭਾ ਪਾਵਰ ਪਲਾਂਟ ਦੇ ਸੀ ਈ ਓ ਸੁਰੇਸ਼ ਨਾਰੰਗ, ਚੰਡੀਗੜ੍ਹ ਦੇ ਬ੍ਰਾਂਚ ਮੈਨੇਜਰ ਜਸਵੰਤ ਸਿੰਘ ਅਤੇ ਨਾਭਾ ਪਾਵਰ ਪਲਾਂਟ ਦੇ ਪ੍ਰਸ਼ਾਸਕੀ ਮੁਖੀ ਗਗਨਵੀਰ ਚੀਮਾ ਨੇ ਮੁੱਖ ਮੰਤਰੀ ਨੂੰ ਸਹਾਇਤ ਰਾਸ਼ੀ ਦਾ ਚੈੱਕ ਸੌਂਪਣ ਮੌਕੇ ਕਿਹਾ ਕਿ ਸੂਬੇ ਦੇ ਹੜ੍ਹ ਪੀੜਤਾਂ ਦੀ ਮਦਦ ਕਰਨਾ ਕੰਪਨੀ ਆਪਣਾ ਨੈਤਿਕ ਫਰਜ਼ ਸਮਝਦੀ ਹੈ। ਉਨ੍ਹਾ ਕਿਹਾ ਕਿ ਉਹ ਹੜ੍ਹਾਂ ਤੋਂ ਪ੍ਰਭਾਵਤ ਇਲਾਕਿਆਂ ਦੀ ਮਦਦ ਲਈ ਅੱਗੇ ਆਏ ਹਨ ਅਤੇ ਕੰਪਨੀ ਅਤੇ ਪ੍ਰਬੰਧਕਾਂ ਨੇ ਸੂਬਾ ਸਰਕਾਰ ਨੂੰ ਪੰਜ ਕਰੋੜ ਰੁਪਏ ਦਾ ਯੋਗਦਾਨ ਪਾਇਆ ਹੈ।ਕੰਪਨੀ ਸੰਕਟ ਦੀ ਘੜੀ ਵਿੱਚ ਕੁਦਰਤੀ ਆਫਤ ਦੇ ਪੀੜਤਾਂ ਨਾਲ ਇਕਜੁਟ ਹੋ ਕੇ ਖੜ੍ਹੀ ਹੈ।

## ਜ਼ਿਲ੍ਹਾ ਜੇਲ੍ਹ ਕੰਪਲੈਕਸ ਉੱਪਰ ਤੇ ਨੇੜੇ ਡਰੋਨ ਉਡਾਉਣ 'ਤੇ ਪਾਬੰਦੀ

**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਨਵਜੋਤ ਕੌਰ ਆਈ ਏ ਐੱਸ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਜੇਲ੍ਹ ਮਾਨਸਾ ਦੇ ਕੰਪਲੈਕਸ ਉੱਪਰ ਤੇ ਇਸ ਦੇ 500 ਮੀਟਰ ਦੇ ਘੇਰੇ ਦੇ ਆਲੇ-ਦੁਆਲੇ ਡਰੋਨ ਉਡਾਉਣ 'ਤੇ ਪੂਰਨ ਪਾਬੰਦੀ ਲਗਾ ਕੇ ਨੋ ਡਰੋਨ ਜ਼ੋਨ ਘੋਸ਼ਿਤ ਕਰਨ ਸਬੰਧੀ ਹੁਕਮ ਜਾਰੀ ਕੀਤੇ ਹਨ। ਹੁਕਮ ਵਿੱਚ ਉਨ੍ਹਾਂ ਕਿਹਾ ਕਿ ਸੀਨੀਅਰ ਕਪਤਾਨ ਪੁਲਸ ਮਾਨਸਾ ਵੱਲੋਂ ਪ੍ਰਾਪਤ ਲਿਖ ਕੇ ਧਿਆਨ ਵਿੱਚ ਲਿਆਂਦਾ ਹੈ ਕਿ ਪਿਛਲੇ ਸਮੇਂ ਦੌਰਾਨ ਪੰਜਾਬ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਮੋਬਾਇਲ ਫੋਨ, ਨਸ਼ੀਲੀਆਂ ਦਵਾਈਆਂ ਜਾਂ ਪਦਾਰਥ ਤੇ ਹੋਰ ਇਤਰਾਜ਼ਯੋਗ ਵਸਤੂਆਂ ਬਰਾਮਦ ਹੋਣ ਸਬੰਧੀ ਘਟਨਾਵਾਂ ਸਾਹਮਣੇ ਆ ਰਹੀਆਂ ਹਨ।ਇਸ ਲਈ ਅਜਿਹੀਆਂ ਘਟਨਾਵਾਂ ਨੂੰ ਧਿਆਨ ਹਿੱਤ 'ਚ ਰੱਖਦਿਆਂ ਜ਼ਿਲ੍ਹਾ ਜੇਲ੍ਹ ਮਾਨਸਾ ਦੇ ਕੰਪਲੈਕਸ ਉੱਪਰ ਤੇ ਇਸ ਦੇ 500 ਮੀਟਰ ਦੇ ਘੇਰੇ ਦੇ ਆਲੇ-ਦੁਆਲੇ ਨੋ ਡਰੋਨ ਜ਼ੋਨ ਘੋਸ਼ਿਤ ਕੀਤਾ ਜਾਂਦਾ ਹੈ।ਇਹ ਹੁਕਮ 30 ਨਵੰਬਰ 2025 ਤੱਕ ਲਾਗੂ ਰਹੇਗਾ।

## 'ਵੋਟ ਚੋਰ ਗੱਦੀ ਛੋੜ' ਮੁਹਿੰਮ ਦੀ ਹਲਕਾ ਸਨੌਰ 'ਚ ਸ਼ੁਰੂਆਤ

### ਨੌਜਵਾਨ ਆਪ ਮੁਹਾਰੇ ਇਸ ਮੁਹਿੰਮ ਨਾਲ ਜੁੜ ਰਹੇ ਹਨ : ਗੌਰਵ ਸੰਧੂ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਾਂਗਰਸ ਪਾਰਟੀ ਸੁਪਰੀਮੋ ਰਾਹੁਲ ਗਾਂਧੀ ਦੇ ਦਿਸ਼ਾ-ਨਿਰਦੇਸ਼ਾਂ 'ਤੇ ਭਾਜਪਾ ਖਿਲਾਫ ਚਲਾਈ ਗਈ ਵੋਟ ਚੋਰ ਗੱਦੀ ਛੋੜ ਮੁਹਿੰਮ ਤਹਿਤ ਚਲਾਈ ਗਈ ਹਸਤਾਖਰ ਮੁਹਿੰਮ ਤਹਿਤ ਇੱਕ ਸਮਾਗਮ ਹਲਕਾ ਨੌਜਵਾਨਾਂ ਵੱਲੋਂ ਕਿਸਾਨ ਕਾਂਗਰਸ ਦੇ ਜਨਰਲ ਸਕੱਤਰ ਗੌਰਵ ਸੰਧੂ ਦੀ ਅਗਵਾਈ ਹੇਠ ਕੀਤਾ ਗਿਆ।ਇਸ 'ਚ ਵੱਡੀ ਗਿਣਤੀ ਨੌਜਵਾਨਾਂ ਨੇ ਭਾਗ ਲਿਆ।ਆਪਣੇ ਸੰਬੋਧਨ 'ਚ ਗੁਰਵਿੰਦਰ ਸਿੰਘ ਉਰਫ ਗੌਰਵ ਸੰਧੂ ਨੇ ਕਿਹਾ ਕਿ ਵੋਟ ਚੋਰ ਗੱਦੀ ਛੋੜ ਮੁਹਿੰਮ ਨੂੰ ਲੈ ਕੇ ਹਲਕਾ ਸਨੌਰ ਦੇ ਨੌਜਵਾਨਾਂ 'ਚ ਭਾਰੀ ਉਤਸ਼ਾਹ ਹੈ।

ਹਲਕਾ ਸਨੌਰ ਦੇ ਨੌਜਵਾਨ ਭਾਜਪਾ ਦੀ ਵੋਟ ਚੋਰੀ ਖਿਲਾਫ ਆਪ ਮੁਹਾਰੇ ਇਸ ਮੁਹਿੰਮ ਨਾਲ ਜੁੜ ਰਹੇ ਹਨ।ਉਨ੍ਹਾ ਕਿਹਾ ਕਿ ਨੌਜਵਾਨਾਂ ਵੱਲੋਂ ਇਕਜੁੱਟ ਹੋ ਕੇ ਮੋਦੀ ਸਰਕਾਰ ਦੀ ਵੋਟ ਚੋਰ ਨੀਤੀ ਦਾ ਵਿਰੋਧ ਕੀਤਾ ਜਾ ਰਿਹਾ ਹੈ।ਗੌਰਵ ਸੰਧੂ ਨੇ ਦੱਸਿਆ ਕਿ ਹਸਤਾਖਰ ਮੁਹਿੰਮ 'ਚ ਸ਼ਾਮਲ ਹੋਏ ਨੌਜਵਾਨਾਂ ਨੇ ਆਪਸ 'ਚ ਇਲਾਕੇ ਵੰਡ ਕੇ ਹਸਤਾਖਰ ਮੁਹਿੰਮ ਨੂੰ ਤੇਜ਼ ਕਰ ਦਿੱਤਾ ਹੈ ਅਤੇ ਟੀਚਾ ਮਿੱਥਿਆ ਹੈ ਕਿ ਰਾਹੁਲ ਗਾਂਧੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਨੌਜਵਾਨ ਸ਼ਕਤੀ ਹੀ ਅਜਿਹੀ ਸ਼ਕਤੀ ਹੈ, ਜਿਸ ਨੇ ਦੇਸ਼ ਨਹੀਂ, ਸਗੋਂ ਦੁਨੀਆ 'ਚ ਵੱਡੇ ਤੋਂ ਵੱਡੇ ਤਾਨਾਸ਼ਾਹਾਂ ਨੂੰ ਨੱਥ ਪਾਈ ਹੈ।

ਉਨ੍ਹਾਂ ਕਿਹਾ ਕਿ ਭਾਜਪਾ ਦੇਸ਼ ਭਰ ਵਿੱਚ ਵੋਟ ਚੋਰੀ ਕਰ ਕੇ ਲੋਕਤੰਤਰ ਦਾ ਘਾਣ ਕਰ ਰਹੀ। ਕਾਂਗਰਸ ਵੱਲੋਂ ਛੇੜੀ ਇਸ ਮੁਹਿੰਮ 'ਚ ਸਥਾਨਕ ਲੋਕਾਂ ਨੇ ਵੱਡੀ ਪੱਧਰ 'ਤੇ ਹਸਤਾਖਰ ਕਰ ਕੇ ਭਾਜਪਾ ਦੀ ਵੋਟ ਚੋਰੀ ਦਾ ਵਿਰੋਧ ਕੀਤਾ।ਉਨ੍ਹਾਂ ਕਿਹਾ ਕਿ ਕਾਂਗਰਸ ਹਮੇਸ਼ਾ ਲੋਕਹਿੱਤਾਂ 'ਤੇ ਪਹਿਰਾ ਦਿੰਦੀ ਹੈ। ਭਾਜਪਾ ਨੂੰ ਇਸ ਮਨੋਰਥ 'ਚ ਕਦੇ ਵੀ ਪੂਰਾ ਨਹੀਂ ਹੋਣ ਦੇਵੇਗੀ।

# ...ਸ.ਫ਼ਾ 1 ਦੇ ਬਾਕੀ

## ਫਲਸਤੀਨੀਆਂ ਦੇ ਹੱਕ 'ਚ...

ਸੰਬੋਧਨ ਦੌਰਾਨ ਕਿਹਾ ਕਿ ਇਜ਼ਰਾਈਲ ਅਮਰੀਕਾ ਦੀ ਮਦਦ ਨਾਲ ਫ਼ਲਸਤੀਨੀਆਂ ਦਾ ਨਸਲਘਾਤ ਕਰੀ ਜਾ ਰਿਹਾ ਹੈ।ਇਜ਼ਰਾਈਲ ਨੇ ਫ਼ਲਸਤੀਨੀਆਂ ਦੇ ਪਰਵਾਰਾਂ ਦੇ ਪਰਵਾਰ ਖ਼ਤਮ ਕਰ ਦਿੱਤੇ ਹਨ। ਮਰਨ ਵਾਲਿਆਂ ਵਿੱਚ ਵਧੇਰੇ ਬੱਚੇ, ਔਰਤਾਂ ਅਤੇ ਬਜ਼ੁਰਗ ਹਨ। ਫਲਸਤੀਨ ਦੇ ਗਾਜ਼ਾ ਸ਼ਹਿਰ, ਜੋ ਦੁਨੀਆ ਦੀ ਸਭ ਤੋਂ ਸੰਘਣੀ ਆਬਾਦੀ ਵਾਲਾ ਗਿਣਿਆ ਜਾਂਦਾ ਹੈ, ਦਾ ਵੱਡਾ ਹਿੱਸਾ ਇਜ਼ਰਾਈਲੀ ਫ਼ੌਜਾਂ ਨੇ ਤਬਾਹ ਕਰ ਦਿੱਤਾ ਹੈ। ਇਮਾਰਤਾਂ ਢਹਿ-ਢੇਰੀ ਹੋ ਕੇ ਮਲਬੇ 'ਚ ਬਦਲ ਗਈਆਂ ਹਨ। ਮਲਬੇ ਦੀ ਸਫ਼ਾਈ ਕਰਨ ਵਾਲੀਆਂ ਕਾਰਪੋਰੇਟ ਕੰਪਨੀਆਂ ਵੱਡੇ ਮੁਨਾਫ਼ੇ ਕਮਾ ਰਹੀਆਂ ਹਨ। ਇਨ੍ਹਾਂ ਕੰਪਨੀਆਂ ਵਿੱਚ ਵਧੇਰੇ ਅਮਰੀਕਾ ਦੀਆਂ ਹਨ। ਇਜ਼ਰਾਈਲੀਆਂ ਨੂੰ ਹਥਿਆਰ ਵੇਚਣ ਵਿੱਚ ਵੀ ਵਧੇਰੇ ਅਮਰੀਕਾ ਦੀਆਂ ਕੰਪਨੀਆਂ ਹਨ।ਜ਼ਖਮੀਆਂ ਦੇ ਇਲਾਜ ਲਈ ਜੋ ਹਸਪਤਾਲ ਸਨ, ਉਹ ਵੀ ਇਜ਼ਰਾਈਲ ਨੇ ਮਿੱਟੀ 'ਚ ਮਿਲਾ ਦਿੱਤੇ ਹਨ। ਫ਼ਲਸਤੀਨੀ ਜ਼ਖਮਾਂ ਦੀ ਤਾਬ ਨਾ ਝੱਲਦੇ ਹੋਏ ਤੜਫ਼-ਤੜਫ਼ ਕੇ ਮਰੇ ਹਨ। ਹਜ਼ਾਰਾਂ ਫਲਸਤੀਨੀ ਬੱਚੇ, ਬੁੱਢੇ, ਔਰਤਾਂ ਤੇ ਨੌਜਵਾਨ ਮਰਦ ਗੁਆਂਢੀ ਦੇਸ਼ਾਂ ਵਿੱਚ ਹਿਜਰਤ ਕਰ ਗਏ ਹਨ। ਬਹੁਤੇ ਫ਼ਲਸਤੀਨੀ ਉਹ ਹਨ, ਜੋ ਪੈਸੇ ਦੀ ਘਾਟ ਕਰਕੇ ਗੁਆਂਢੀ ਦੇਸ਼ਾਂ ਵਿੱਚ ਪਲਾਇਨ ਨਹੀਂ ਕਰ ਸਕਦੇ। ਸਰਮਾਏਦਾਰੀ ਪ੍ਰਬੰਧ ਅਜਿਹਾ ਹੁੰਦਾ ਹੈ, ਜੋ ਸਿਰਫ਼ ਮੁਨਾਫ਼ੇ ਨੂੰ ਸਾਹਮਣੇ ਰੱਖਦਾ ਹੈ। ਮੁਨਾਫ਼ੇ ਨੂੰ ਵਧਾਉਣ ਲਈ ਆਵਾਜਾਈ ਦੇ ਸਾਧਨਾਂ ਦੇ ਮਾਲਕਾਂ ਨੇ ਸਾਧਨ ਬਹੁਤ ਮਹਿੰਗੇ ਕਰ ਦਿੱਤੇ ਹਨ। ਗਾਜ਼ਾ ਦੇ ਇਨ੍ਹਾਂ ਹਾਲਾਤ ਦੇ ਮੱਦੇਨਜ਼ਰ ਕਨਵੈਨਸ਼ਨ ਵਿੱਚ ਮਤਾ ਪਾਸ ਕੀਤਾ ਗਿਆ ਕਿ ਗਾਜ਼ਾ 'ਚੋਂ ਇਜ਼ਰਾਈਲੀ ਫ਼ੌਜਾਂ ਤੁਰੰਤ ਵਾਪਸ ਜਾਣ ਅਤੇ ਫਲਸਤੀਨ ਦੇਸ਼ ਆਜ਼ਾਦ ਕੀਤਾ ਜਾਵੇ, ਇਜ਼ਰਾਈਲ ਵੱਲੋਂ ਫਲਸਤੀਨ 'ਤੇ ਲਾਈਆਂ ਪਾਬੰਦੀਆਂ ਹਟਾਈਆਂ ਜਾਣ, ਫ਼ਲਸਤੀਨੀਆਂ ਨੂੰ ਖਾਧ ਖੁਰਾਕ ਪਹੁੰਚਾਉਣ ਲਈ ਖੁੱਲ੍ਹ ਦਿੱਤੀ ਜਾਵੇ। ਦੂਜੇ ਮਤੇ ਵਿੱਚ ਮੰਗ ਕੀਤੀ ਗਈ ਕਿ ਮੱਧ ਭਾਰਤ ਦੇ ਸੂਬਿਆਂ 'ਚ ਆਦਿਵਾਸੀਆਂ ਅਤੇ ਮਾਓਵਾਦੀਆਂ ਦੇ ਝੂਠੇ ਮੁਕਾਬਲੇ ਬੰਦ ਕੀਤੇ ਜਾਣ। ਕਾਰਪੋਰੇਟ ਘਰਾਣਿਆਂ ਨੂੰ ਜਲ, ਜੰਗਲ ਅਤੇ ਜ਼ਮੀਨ ਲੁੱਟਣ ਦੀ ਖੁੱਲ੍ਹ ਬੰਦ ਹੋਵੇ। ਮਾਓਵਾਦੀਆਂ ਨਾਲ ਗੱਲਬਾਤ ਕਰਕੇ ਮਸਲੇ ਦਾ ਹੱਲ ਕੱਢਿਆ ਜਾਵੇ। ਤੀਜੇ ਮਤੇ ਵਿੱਚ ਮੰਗ ਕੀਤੀ ਗਈ ਕਿ ਪੰਜਾਬ ਦੇ ਲੋਕਾਂ ਦੇ ਦਰਿਆਵਾਂ ਦੇ ਹੜ੍ਹਾਂ ਨਾਲ ਹੋਏ ਨੁਕਸਾਨ ਦੀ ਫੌਰੀ ਪੂਰਤੀ ਕੀਤੀ ਜਾਵੇ। ਘੱਟੋ-ਘੱਟ 70, 000 ਰੁਪਏ ਪਰ ਏਕੜ ਮੁਆਵਜ਼ਾ ਦਿੱਤਾ ਜਾਵੇ। ਇਸੇ ਤਰ੍ਹਾਂ ਮਜ਼ਦੂਰਾਂ ਦੇ ਨੁਕਸਾਨ ਦੀ ਪੂਰਤੀ ਕੀਤੀ ਜਾਵੇ।ਅੱਗੇ ਤੋਂ ਦਰਿਆਵਾਂ ਦੇ ਪਾਣੀ ਨੂੰ ਲੋਕਾਂ ਦੇ ਨੁਕਸਾਨ ਤੋਂ ਰੋਕਣ ਲਈ ਦੋਵੇਂ ਪਾਸੇ ਮਜ਼ਬੂਤ ਬੰਨ੍ਹ ਉਸਾਰੇ ਜਾਣ। ਚੌਥੇ ਮਤੇ ਵਿੱਚ ਲੇਹ-ਲਦਾਖ਼ ਦੇ ਪੂਰਨ ਰਾਜ ਲਈ ਕਨਵੈਨਸ਼ਨ ਨੇ ਮਤਾ ਪਾਸ ਕੀਤਾ। ਸੋਨਮ ਵਾਂਗਚੁੱਕ ਦੀ ਤੁਰੰਤ ਰਿਹਾਈ ਕਰਨ ਦੀ ਮੰਗ ਕੀਤੀ ਗਈ। ਪੰਜਵਾਂ ਮਤਾ ਪਾਸ ਕੀਤਾ ਗਿਆ ਕਿ ਬਿਹਾਰ ਤੋਂ ਬਾਅਦ ਪੰਜਾਬ ਸਮੇਤ ਸਾਰੇ ਦੇਸ਼ ਵਿੱਚ ਐੱਸ ਆਈ ਆਰ (ਸਪੈਸ਼ਲ ਵੋਟ ਸੋਧ) ਦੀ ਮੁਹਿੰਮ ਬੰਦ ਕੀਤੀ ਜਾਵੇ।ਕਨਵੈਨਸ਼ਨ ਦੀ ਸਟੇਜ ਦਾ ਸੰਚਾਲਨ ਪਿਰਥੀਪਾਲ ਸਿੰਘ ਮਾੜੀਮੇਘਾ ਵੱਲੋਂ ਕੀਤਾ ਗਿਆ।ਸਮਾਪਤੀ 'ਤੇ ਉਕਤ ਆਗੂਆਂ ਦੀ ਅਗਵਾਈ ਹੇਠ ਫ਼ਲਸਤੀਨੀਆਂ ਨਾਲ ਇੱਕਮੁੱਠਤਾ ਜ਼ਾਹਰ ਕਰਦਿਆਂ ਜੋਸ਼ ਭਰਪੂਰ ਮਾਰਚ ਡੀ ਸੀ ਦਫ਼ਤਰ ਤੱਕ ਕੀਤਾ ਗਿਆ।

## ਸੁਖਵਿੰਦਰ ਕਲਕੱਤਾ ਕਤਲ 'ਚ...

ਲਈ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਡੀ ਆਈ ਜੀ ਕੁਲਦੀਪ ਸਿੰਘ ਚਾਹਲ ਨੇ ਪ੍ਰੈੱਸ ਕਾਨਫਰੰਸ ਵਿੱਚ ਸਪੱਸ਼ਟ ਕੀਤਾ ਕਿ ਗੁਰਦੀਪ ਸਿੰਘ ਉਰਫ ਡਿੰਪੀ ਬਾਵਾ ਨੂੰ 24 ਘੰਟਿਆਂ ਦੇ ਅੰਦਰ ਗ੍ਰਿਫ਼ਤਾਰ ਕਰ ਲਿਆ ਗਿਆ ਸੀ, ਕਤਲ ਦਾ ਹਥਿਆਰ ਅਤੇ ਵਾਹਨ ਬਰਾਮਦ ਕਰ ਲਿਆ ਗਿਆ ਸੀ ਅਤੇ ਇਹ ਘਟਨਾ ਇੱਕ ਨਿੱਜੀ ਜਾਂ ਸਥਾਨਕ ਰਾਜਨੀਤਕ ਰੰਜਿਸ਼ ਸੀ, ਕਾਨੂੰਨ ਵਿਵਸਥਾ ਦੀ ਅਸਫਲਤਾ ਨਹੀਂ।ਗਰਗ ਨੇ ਵਿਰੋਧੀ ਆਗੂਆਂ ਵੱਲੋਂ ਫੈਲਾਏ ਗਏ ਝੂਠ ਦਾ ਵੀ ਪਰਦਾ ਫਾਸ਼ ਕੀਤਾ, ਜਿਸ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਕਲਕੱਤਾ ਨੂੰ ਇਸ ਲਈ ਮਾਰਿਆ ਗਿਆ, ਕਿਉਂਕਿ ਉਸ ਦਾ ਹਥਿਆਰ ਸਰਕਾਰ ਦੁਆਰਾ ਜ਼ਬਤ ਕਰ ਲਿਆ ਗਿਆ ਸੀ। ਗਰਗ ਨੇ ਕਿਹਾ ਕਿ ਪੁਲਸ ਨੇ ਸਪੱਸ਼ਟ ਕੀਤਾ ਕਿ ਸੁਖਵਿੰਦਰ ਸਿੰਘ ਨੇ ਆਪਣਾ ਹਥਿਆਰ ਵੇਚਣ ਲਈ ਐੱਨ ਓ ਸੀ ਲਈ ਸੀ ਅਤੇ ਉਸ ਦਾ ਅਸਲਾ ਲਾਇਸੈਂਸ 2029 ਤੱਕ ਵੈਧ ਸੀ। ਇਹ ਕਹਿਣਾ ਕਿ ਪੰਜਾਬ ਸਰਕਾਰ ਨੇ ਉਸ ਦਾ ਹਥਿਆਰ ਖੋਹ ਲਿਆ, ਸਰਾਸਰ ਝੂਠ ਹੈ। ਉਨ੍ਹਾ ਕਿਹਾ ਕਿ ਚੰਨੀ ਸਾਹਿਬ, ਜੋ 2022 ਵਿੱਚ ਲੋਕਾਂ ਦੁਆਰਾ ਰੱਦ ਕੀਤੇ ਜਾਣ ਤੋਂ ਬਾਅਦ ਕਦੇ ਵੀ ਇਸ ਹਲਕੇ ਵਿੱਚ ਦਾਖਲ ਨਹੀਂ ਹੋਏ, ਅਚਾਨਕ ਇੱਕ ਲਾਸ਼ ਉੱਤੇ ਪ੍ਰੈੱਸ ਕਾਨਫਰੰਸ ਕਰਨ ਲਈ ਉੱਥੇ ਪਹੁੰਚ ਗਏ।ਬਲਤੇਜ ਪੰਨੂ ਨੇ ਡਿੰਪੀ ਬਾਵਾ ਦੀਆਂ ਪੰਜਾਬ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਨਾਲ ਤਸਵੀਰਾਂ ਦਿਖਾਉਂਦੇ ਹੋਏ ਕਾਂਗਰਸ ਦਾ ਉਸ ਦੇ ਨਾਲ ਸੰਬੰਧ ਦਾ ਪਰਦਾ ਫਾਸ਼ ਕੀਤਾ। ਪੰਨੂ ਨੇ ਕਿਹਾ ਕਿ ਕਾਂਗਰਸੀ ਆਗੂਆਂ ਨੇ ਸੱਤਾਧਾਰੀ ਪਾਰਟੀ 'ਤੇ ਝੂਠੇ ਦੋਸ਼ ਲਗਾਏ, ਪਰ ਹਕੀਕਤ ਇਹ ਹੈ ਕਿ ਡਿੰਪੀ ਬਾਵਾ ਰਾਜਾ ਵੜਿੰਗ ਦਾ ਕਰੀਬੀ ਸਾਥੀ ਹੈ। ਉਹਨਾ ਕਿਹਾ ਕਿ ਸੁਖਵਿੰਦਰ ਸਿੰਘ ਕਲਕੱਤਾ ਅਤੇ ਡਿੰਪੀ ਬਾਵਾ ਦੋਵੇਂ ਇੱਕੋ ਪਿੰਡ ਦੇ ਸਨ ਅਤੇ ਉਨ੍ਹਾਂ ਦੀ ਨਿੱਜੀ ਅਤੇ ਰਾਜਨੀਤਕ ਦੁਸ਼ਮਣੀ 2018 ਦੀਆਂ ਸਰਪੰਚੀ ਚੋਣਾਂ ਤੋਂ ਸ਼ੁਰੂ ਹੋਈ ਸੀ, ਜਦੋਂ ਡਿੰਪੀ ਬਾਵਾ ਦੀ ਪਤਨੀ ਨੇ ਸੁਖਵਿੰਦਰ ਦੀ ਮਾਂ ਵਿਰੁੱਧ ਚੋਣ ਲੜੀ ਸੀ ਅਤੇ ਹਾਰ ਗਈ ਸੀ। ਪੰਚਾਇਤੀ ਜਾਇਦਾਦ, ਦਰੱਖਤਾਂ ਦੀ ਕਟਾਈ ਅਤੇ ਪਿੰਡ ਦੇ ਮਾਮਲਿਆਂ ਦੇ ਵਿਵਾਦਾਂ ਨੇ ਉਨ੍ਹਾਂ ਦੀ ਦੁਸ਼ਮਣੀ ਨੂੰ ਹੋਰ ਡੂੰਘਾ ਕਰ ਦਿੱਤਾ, ਜਿਸ ਕਾਰਨ ਇਹ ਦੁਖਦਾਈ ਘਟਨਾ ਵਾਪਰੀ। ਪੰਨੂ ਨੇ ਕਿਹਾ ਇਹ ਇੱਕ ਵੱਡੀ ਉਦਾਹਰਣ ਹੈ ਕਿ ਲੰਮੇ ਸਮੇਂ ਤੋਂ ਚਲੀ ਆ ਰਹੀ ਪਿੰਡ-ਪੱਧਰੀ ਰਾਜਨੀਤਕ ਦੁਸ਼ਮਣੀ ਕਿੰਨੀ ਘਾਤਕ ਹੋ ਸਕਦੀ ਹੈ, ਪਰ ਇਸ ਨੂੰ ਕਾਨੂੰਨ ਵਿਵਸਥਾ ਦੇ ਮੁੱਦੇ ਵਿੱਚ ਬਦਲਣਾ ਜਾਂ ਆਪ ਸਰਕਾਰ ਨੂੰ ਦੋਸ਼ੀ ਠਹਿਰਾਉਣਾ ਬੇਈਮਾਨੀ ਹੈ।ਦੋਵਾਂ ਆਗੂਆਂ ਨੇ ਕਿਹਾ ਕਿ ਮਾਨ ਸਰਕਾਰ ਹਮੇਸ਼ਾ ਸ਼ਾਂਤੀ, ਨਿਆਂ ਅਤੇ ਪਾਰਦਰਸ਼ਤਾ ਲਈ ਵਚਨਬੱਧ ਹੈ। ਰਾਜਨੀਤੀ ਲਈ ਦੁੱਖ ਦਾ ਫਾਇਦਾ ਉਠਾਉਣ ਦੀ ਕੋਸ਼ਿਸ਼ ਕਰਨ ਵਾਲਿਆਂ ਨੂੰ ਆਤਮ-ਨਿਰੀਖਣ ਕਰਨਾ ਚਾਹੀਦਾ ਹੈ।

## ਸ਼ਹੀਦੀ ਦਿਹਾੜੇ ਸੰਬੰਧੀ...

ਬਾਬਾ ਅਵਤਾਰ ਸਿੰਘ ਜੀ ਟਿੱਬੀ ਸਾਹਿਬ ਰੋਪੜ, ਬਾਬਾ ਤੀਰਥ ਸਿੰਘ ਤਪ ਅਸਥਾਨ ਭਾਈ ਜੈਤਾ ਜੀ, ਭਾਈ ਗੁਰਪ੍ਰੀਤ ਸਿੰਘ ਜੀ ਰੰਧਾਵੇ ਵਾਲੇ, ਬਾਬਾ ਸੁਖਵਿੰਦਰ ਸਿੰਘ ਜੀ ਰਤਵਾੜਾ ਸਾਹਿਬ ਵਾਲੇ, ਸੰਤ ਬਾਬਾ ਬਲਬੀਰ ਸਿੰਘ ਜੀ ਸੀਚੇਵਾਲ ਦਾ ਨੁਮਾਇੰਦਾ, ਸ਼੍ਰੋਮਣੀ ਕਮੇਟੀ ਮੈਂਬਰ ਪਰਮਜੀਤ ਸਿੰਘ ਰਾਏਪੁਰ, ਸੰਤ ਬਾਬਾ ਸੇਵਾ ਸਿੰਘ ਜੀ ਰਾਮਪੁਰ ਖੇੜੀ ਵਾਲੇ, ਬਾਬਾ ਸੁਰ ਸਿੰਘ ਵਾਲੇ, ਬਾਬਾ ਬੁੱਧ ਸਿੰਘ ਨਿੱਕੇ ਘੁੰਮਣ ਵਾਲੇ, ਸੰਤ ਨਿਰਮਲ ਦਾਸ ਜੌੜੇ ਵਾਲੇ, ਪ੍ਰੋਫੈਸਰ ਅਪਿੰਦਰ ਸਿੰਘ ਮਾਹਲਪੁਰ ਬੁੰਗਾ ਸਾਹਿਬ, ਬਾਬਾ ਨਰਿੰਦਰ ਸਿੰਘ ਹਜ਼ੂਰ ਸਾਹਿਬ ਵਾਲੇ ਵੱਲੋਂ ਬਾਬਾ ਮੇਜਰ ਸਿੰਘ ਜੀ, ਬਾਬਾ ਅਵਤਾਰ ਸਿੰਘ ਧੱਤਲ ਅੰਮ੍ਰਿਤਸਰ, ਬਾਬਾ ਗੁਰਜੀਤ ਸਿੰਘ ਕੁੱਲੀ ਵਾਲੇ ਅੰਮ੍ਰਿਤਸਰ, ਬਾਬਾ ਨੰਦ ਸਿੰਘ ਮੁੰਡਾ ਪਿੰਡ ਵਾਲੇ, ਸੰਤ ਗੁਰਬਚਨ ਸਿੰਘ ਪੰਡਵਾ ਫਗਵਾੜਾ, ਬਾਬਾ ਗੁਰਦੇਵ ਸਿੰਘ ਬਜਵਾੜੇ ਵਾਲੇ, ਬਾਬਾ ਬਲਬੀਰ ਸਿੰਘ ਜੀ ਬਿਰਧ ਆਸ਼ਰਮ, ਬਾਬਾ ਜਗਜੀਤ ਸਿੰਘ ਮਿਰਜ਼ਾਪੁਰ, ਬਾਬਾ ਸੁੱਖਾ ਸਿੰਘ ਕਾਰ ਸੇਵਾ ਦਿੱਲੀ, ਬਾਬਾ ਜੀਤ ਸਿੰਘ ਨਿਰਮਲ ਕੁਟੀਆ ਜੌਹਲਾਂ ਤੇ ਹੋਰ ਹਾਜ਼ਰ ਸਨ।

## ਚੀਫ ਜਸਟਿਸ ਵੱਲ...

ਜਨਰਲ ਤੁਸ਼ਾਰ ਮਹਿਤਾ ਨੇ ਵੀ ਕਿਹਾ ਸੀ ਕਿ ਉਹ ਚੀਫ ਜਸਟਿਸ ਨੂੰ ਜਾਣਦੇ ਹਨ ਤੇ ਉਹ ਸਭ ਧਾਰਮਿਕ ਸਥਾਨਾਂ 'ਤੇ ਜਾਂਦੇ ਹਨ, ਪਰ ਦੂਜੇ ਪਾਸੇ ਵਿਸ਼ਵ ਹਿੰਦੂ ਪ੍ਰੀਸ਼ਦ ਦੇ ਪ੍ਰਧਾਨ ਆਲੋਕ ਕੁਮਾਰ ਨੇ ਕਿਹਾ ਸੀ ਕਿ ਅਦਾਲਤ ਇਨਸਾਫ ਦਾ ਮੰਦਰ ਹੈ। ਭਾਰਤੀ ਸਮਾਜ ਦੀ ਅਦਾਲਤਾਂ ਵਿੱਚ ਸ਼ਰਧਾ ਤੇ ਵਿਸ਼ਵਾਸ ਹੈ। ਸਭ ਦਾ ਫਰਜ਼ ਹੈ ਕਿ ਵਾਣੀ ਵਿੱਚ ਸੰਜਮ ਰੱਖੀਏ। ਖਾਸ ਤੌਰ 'ਤੇ ਅਦਾਲਤ ਦੇ ਅੰਦਰ। ਇਹ ਜ਼ਿੰਮੇਵਾਰੀ ਮੁਕੱਦਮਾ ਲੜਨ ਵਾਲਿਆਂ, ਵਕੀਲਾਂ ਤੇ ਜੱਜਾਂ ਦੀ ਬਰਾਬਰ ਦੀ ਬਣਦੀ ਹੈ। ਲੱਗਦਾ ਹੈ ਕਿ ਚੀਫ ਜਸਟਿਸ ਦੀ ਜ਼ੁਬਾਨੀ ਟਿੱਪਣੀ ਨੇ ਹਿੰਦੂ ਧਰਮ ਦੀਆਂ ਆਸਥਾਵਾਂ ਦਾ ਮਜ਼ਾਕ ਉਡਾਇਆ ਹੈ। ਚੰਗਾ ਹੋਵੇਗਾ ਜੇ ਇਸ ਤਰ੍ਹਾਂ ਦੀਆਂ ਟਿੱਪਣੀਆਂ ਤੋਂ ਬਚਿਆ ਜਾਵੇ।

## ਕੋਈ ਵੀ ਸੂਬਾ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਤੇ ਵਪਾਰੀਆਂ ਦੇ ਸਹਿਯੋਗ ਬਿਨਾਂ ਤਰੱਕੀ ਨਹੀਂ ਕਰ ਸਕਦਾ : ਗਿਆਨੀ ਹਰਪ੍ਰੀਤ ਸਿੰਘ




**ਸਮਾਣਾ (ਇਕਬਾਲ ਸਿੰਘ ਬੱਲ)**-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ ਪੰਜਾਬ) ਵੱਲੋਂ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਦੀ ਅਗਵਾਈ ਵਿੱਚ ਸਤੀ ਮਾਤਾ ਮੰਦਿਰ ਧਰਮਸ਼ਾਲਾ ਵਿਖੇ ਪਾਰਟੀ ਦੇ ਉਦੇਸ਼ ਤੇ ਉੱਜਵਲ ਭਵਿੱਖ ਲਈ ਵਪਾਰੀਆਂ ਨਾਲ ਵਿਚਾਰ ਵਟਾਂਦਰਾ ਕਰਨ ਲਈ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿੱਚ ਉਚੇਚੇ ਤੌਰ 'ਤੇ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਸ਼ਿਰਕਤ ਕੀਤੀ।ਇਕੱਠ ਨੂੰ ਸੰਬੋਧਨ ਕਰਦਿਆਂ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਕੋਈ ਵੀ ਦੇਸ਼ ਤੇ ਸੂਬਾ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਤੇ ਵਪਾਰੀਆਂ ਦੇ ਸਹਿਯੋਗ ਬਿਨਾਂ ਤਰੱਕੀ ਨਹੀਂ ਕਰ ਸਕਦਾ।ਆਪ ਸਰਕਾਰ ਦੇ ਕਾਰਜਕਾਲ ਦੌਰਾਨ ਪੰਜਾਬ ਦਾ ਹਰ ਵਰਗ ਕਿਸਾਨ, ਮਜ਼ਦੂਰ, ਮੁਲਾਜ਼ਮ ਤੇ ਵਪਾਰੀ ਪ੍ਰੇਸ਼ਾਨ ਹਨ।ਇਨ੍ਹਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਸੱਤਾਧਾਰੀ ਧਿਰ ਵੱਲੋਂ ਕੋਈ ਉਪਰਾਲਾ ਨਹੀਂ ਕੀਤਾ ਜਾ ਰਿਹਾ।ਆਨਲਾਈਨ ਵਪਾਰ ਦੇ ਵਧਣ ਨਾਲ ਛੋਟਾ ਵਪਾਰੀ ਤੇ ਮਜ਼ਦੂਰ ਵਿਹਲਾ ਹੋ ਕੇ ਰਹਿ ਗਿਆ ਹੈ।ਸਰਕਾਰ ਵੀ ਕੋਈ ਮਦਦ ਨਹੀਂ ਕਰ ਰਹੀ।ਉਨ੍ਹਾਂ ਵਪਾਰੀਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਜਾਣਿਆਂ ਤੇ ਭਰੋਸਾ ਦਿੱਤਾ ਕਿ ਉਹ ਅਗਾਮੀ ਚੋਣਾਂ ਦੌਰਾਨ ਪਾਰਟੀ ਦੇ ਚੋਣ ਮੈਨੀਫੈਸਟੋ ਵਿੱਚ ਉਕਤ ਸਮੱਸਿਆਵਾਂ ਨੂੰ ਹੱਲ ਕਰਨਗੇ।ਇਸ ਮੀਟਿੰਗ ਨੂੰ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਕਪੂਰ ਚੰਦ ਬਾਂਸਲ, ਅਕਾਲੀ ਦਲ ਵਰਕਿੰਗ ਕਮੇਟੀ ਕਮੇਟੀ ਮੈਂਬਰ ਪ੍ਰਿੰਸੀਪਲ ਮੋਹਨ ਲਾਲ ਸ਼ਰਮਾ, ਸੁਖਵਿੰਦਰ ਸਿੰਘ ਸੁੱਖੀ ਰੱਖੜਾ, ਸ਼ਹਿਰੀ ਪ੍ਰਧਾਨ ਮਨਜਿੰਦਰ ਸਿੰਘ ਰਾਣਾ ਸੇਖੋਂ, ਸਾਬਕਾ ਚੇਅਰਮੈਨ ਅਸ਼ੋਕ ਮੋਦਗਿਲ, ਰਣਧੀਰ ਸਿੰਘ ਰੱਖੜਾ, ਹਰਿੰਦਰ ਸਿੰਘ ਕੁਲਬੁਰਛਾਂ, ਡੀ.ਟੀ.ਓ. ਕਰਨ ਸਿੰਘ ਨੇ ਵੀ ਸੰਬੋਧਨ ਕੀਤਾ।

## ਸਕੂਲ ਪੱਧਰੀ ਬੈਡਮਿੰਟਨ ਖੇਡਾਂ 'ਚ ਸ਼ਿਵਮ ਨੇ ਜਿੱਤਿਆ ਗੋਲਡ ਮੈਡਲ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਸੰਗਰੂਰ ਪੱਧਰੀ ਬੈਡਮਿੰਟਨ ਖੇਡਾਂ ਕਰਵਾਈਆਂ ਗਈਆਂ।ਇਨ੍ਹਾਂ ਖੇਡਾਂ ਵਿੱਚ ਚੀਮਾ ਜ਼ੋਨ ਦੀ ਅਗਵਾਈ ਕਰਦੇ ਹੋਏ ਸ਼ਿਵਮ ਅਰੋੜਾ ਨੇ ਡਬਲਯੂ 19 ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ ਜਿੱਤਿਆ। ਸੰਗਰੂਰ ਦੇ ਐੱਸ ਪੀ ਦਿਲਪ੍ਰੀਤ ਸਿੰਘ ਨੇ ਸ਼ਿਵਮ ਅਰੋੜਾ ਤੇ ਕੋਚ ਨੂੰ ਸਨਮਾਨਤ ਕੀਤਾ।ਇਸ ਮੌਕੇ ਕੋਚ ਨੇ ਦੱਸਿਆ ਕਿ ਨਵੰਬਰ ਵਿੱਚ ਹੋਣ ਜਾ ਰਹੇ ਬੈਡਮਿੰਟਨ ਟੂਰਨਾਮੈਂਟ ਵਿੱਚ ਅਰੋੜਾ ਆਪਣੀ ਟੀਮ ਦੀ ਅਗਵਾਈ ਕਰੇਗਾ।ਉਨ੍ਹਾਂ ਕਿਹਾ ਕਿ ਸਾਨੂੰ ਉਮੀਦ ਹੈ ਕਿ ਇਸ ਵਾਰ ਵੀ ਜਿੱਤ ਪ੍ਰਾਪਤ ਕਰਕੇ ਆਪਣੇ ਜ਼ਿਲ੍ਹੇ ਤੇ ਪੰਜਾਬ ਦਾ ਨਾਮ ਰੋਸ਼ਨ ਕਰਨਗੇ।

## ਜਸਵੰਤ ਕਾਲਾ 'ਆਪ' ਨੂੰ ਛੱਡ ਅਕਾਲੀ ਦਲ 'ਚ ਸ਼ਾਮਲ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਆਮ ਆਦਮੀ ਪਾਰਟੀ ਨੂੰ ਵੱਡਾ ਸਿਆਸੀ ਝਟਕਾ ਲੱਗਾ। ਨਗਰ ਪੰਚਾਇਤ ਕੋਠਾ ਗੁਰੂ ਦੇ ਮੌਜੂਦਾ ਮੀਤ ਪ੍ਰਧਾਨ ਜਸਵੰਤ ਸਿੰਘ ਕਾਲਾ ਨੇ 'ਆਪ' ਨੂੰ ਅਲਵਿਦਾ ਕਹਿ ਸ਼੍ਰੋਮਣੀ ਅਕਾਲੀ ਦਲ 'ਚ ਸ਼ਮੂਲੀਅਤ ਕਰ ਲਈ ਹੈ।ਸਾਬਕਾ ਪੰਚਾਇਤ ਮੰਤਰੀ ਸਿਕੰਦਰ ਸਿੰਘ ਮਲੂਕਾ ਨੇ ਜਸਵੰਤ ਕਾਲਾ ਨੂੰ ਪਾਰਟੀ 'ਚ ਜੀ ਆਇਆਂ ਕਿਹਾ ਤੇ ਸਨਮਾਨਤ ਕੀਤਾ। ਮਲੂਕਾ ਨੇ ਕਿਹਾ ਕਿ ਬਦਲਾਅ ਦੇ ਨਾਅਰੇ ਹੇਠ ਸੱਤਾ ਹਾਸਲ ਕਰਨ ਵਾਲੀ ਆਮ ਆਦਮੀ ਪਾਰਟੀ ਸਾਰੇ ਵਾਅਦਿਆਂ ਤੋਂ ਮੁਨਕਰ ਹੋ ਗਈ। ਭ੍ਰਿਸ਼ਟਾਚਾਰ ਮੁਕਤ ਸਾਸ਼ਨ ਦੇਣ ਦਾਅਵੇ ਖੋਖਲੇ ਸਾਬਤ ਹੋ ਨਿੱਬੜੇ ਤੇ ਸੂਬੇ 'ਚ ਰੱਜ ਕੇ ਰਿਸ਼ਵਤਖੋਰੀ ਹੋ ਰਹੀ ਹੈ। ਸੂਬੇ 'ਚ ਅਮਨ ਕਾਨੂੰਨ ਦੀ ਸਥਿਤੀ ਦਾ ਬੁਰਾ ਹਾਲ ਤੇ ਨਿੱਤ ਦਿਨ ਹੋ ਰਹੇ ਕਤਲ ਤੇ ਫਿਰੌਤੀ ਦੀਆਂ ਘਟਨਾਵਾਂ ਨਾਲ ਲੋਕ ਡਰ ਦੇ ਮਾਹੌਲ 'ਚ ਹਨ।ਬਾਹਰਲੇ ਵਪਾਰੀਆਂ ਨੇ ਤਾਂ ਕੀ ਆਉਣਾ ਸੀ, ਸਗੋਂ ਸੂਬੇ ਦੇ ਰਵਾਇਤੀ ਵਪਾਰੀ ਵੀ ਬਾਹਰ ਜਾ ਕੇ ਉਦਯੋਗ ਲਾਉਣ ਨੂੰ ਤਰਜ਼ੀਹ ਦੇ ਰਹੇ ਹਨ।ਅਕਾਲੀ ਦਲ 'ਚ ਸ਼ਮੂਲੀਅਤ ਕਰਨ ਵਾਲੇ ਜਸਵੰਤ ਕਾਲਾ ਨੇ ਦੋਸ਼ ਲਾਏ ਕੇ 'ਆਪ' ਦੀ ਸਰਕਾਰ 'ਚ ਕਿਸੇ ਵੀ ਆਗੂ ਦੀ ਕੋਈ ਪੁੱਛ ਨਹੀਂ ਹੈ।

## ਕਾਂਗਰਸ ਦੀ 'ਵੋਟ ਚੋਰ, ਗੱਦੀ ਛੋੜ' ਮੁਹਿੰਮ ਤਹਿਤ ਪਿੰਡਾਂ 'ਚ ਫਾਰਮ ਭਰੇ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਕਾਂਗਰਸ ਵੱਲੋਂ ਸ਼ੁਰੂ ਕੀਤੀ ਗਈ ਦੇਸ਼ ਵਿਆਪੀ ਮੁਹਿੰਮ ਵੋਟ ਚੋਰ, ਗੱਦੀ ਛੋੜ ਤਹਿਤ ਹਲਕੇ ਸ਼ੁਤਰਾਣਾ ਦੇ ਘੱਗਰ ਪਾਰ ਪਿੰਡਾਂ 'ਚ ਕਾਂਗਰਸ ਦੇ ਐਸਸੀ ਵਿੰਗ ਪੰਜਾਬ ਦੇ ਕੋਆਰਡੀਨੇਟਰ ਨਛੱਤਰ ਸਿੰਘ ਅਰਾਈਂਮਾਜਰਾ ਦੀ ਅਗਵਾਈ ਵਿੱਚ ਬਹਿਰ ਸਾਹਿਬ, ਤੇਈਪੁਰ ਮਤੋਲੀ, ਅਰਨੌਂ, ਬਣਵਾਲਾ ਆਦਿ ਪਿੰਡਾਂ ਵਿੱਚ ਫਾਰਮ ਭਰੇ ਗਏ।ਕਾਂਗਰਸ ਪਾਰਟੀ ਵੱਲੋਂ ਸ਼ੁਰੂ ਕੀਤੀ ਮੁਹਿੰਮ ਤਹਿਤ ਭਰੇ ਗਏ ਇਹ ਫਾਰਮ ਮੁੱਖ ਚੋਣ ਕਮਿਸ਼ਨਰ ਨੂੰ ਭੇਜੇ ਜਾਣਗੇ।ਕਾਂਗਰਸ ਦੇ ਐਸ.ਸੀ ਵਿੰਗ ਪੰਜਾਬ ਦੇ ਕੋਆਰਡੀਨੇਟਰ ਨਛੱਤਰ ਸਿੰਘ ਅਰਾਈਂਮਾਜਰਾ ਨੇ ਕਿਹਾ ਕਿ ਸੱਤਾ ਧਿਰ ਵੱਲੋਂ ਯੋਜਨਾਬੱਧ ਤਰੀਕੇ ਨਾਲ ਵੋਟਰਾਂ ਨੂੰ ਦਬਾਉਣ ਦੀ ਕੋਸ਼ਿਸ਼ ਕਰਨ ਤੇ ਇਸ ਸ਼ਾਮਲ ਅਧਿਕਾਰੀਆਂ ਤੇ ਏਜੰਟਾਂ ਉੱਤੇ ਕੇਸ ਦਰਜ ਕਰਕੇ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਆਖਰੀ ਸਮੇਂ ਵੋਟਰ ਸੂਚੀਆਂ 'ਚ ਨਾਂਅ ਦਰਜ ਕਰਨ ਤੇ ਨਾਮ ਕੱਟਣ ਦੀ ਹੁੰਦੀ ਪ੍ਰਕਿਰਿਆ ਬੰਦ ਹੋਣੀ ਚਾਹੀਦੀ ਹੈ।ਇਸ ਸਬੰਧੀ ਇਕ ਸਪੱਸ਼ਟ ਕੱਟ ਆਫ਼ ਮਿਣਤੀ ਵੀ ਮੁਕੱਰਰ ਹੋਵੇ।ਉਨ੍ਹਾਂ ਕਿਹਾ ਕਿ ਗਲਤ ਢੰਗ ਨਾਲ ਰੱਦ ਕੀਤੀ ਵੋਟ ਸਬੰਧੀ ਸ਼ਿਕਾਇਤ ਨਿਵਾਰਣ ਪ੍ਰਣਾਲੀ ਬਣਾਈ ਜਾਣੀ ਚਾਹੀਦੀ ਹੈ।ਉਨ੍ਹਾਂ ਕਿਹਾ ਹੈ ਕਿ ਭਰੇ ਜਾ ਰਹੇ ਫਾਰਮਾਂ ਵਿੱਚ ਇਹ ਸਾਰੀਆਂ ਗੱਲਾਂ ਦਰਜ ਹਨ।ਕਾਂਗਰਸ ਪਾਰਟੀ ਵਲੋਂ ਦੇਸ਼ ਭਰ ਵਿੱਚ ਅਜਿਹੇ ਫਾਰਮ ਭਰਕੇ ਚੋਣ ਕਮਿਸ਼ਨ ਨੂੰ ਭੇਜੇ ਜਾ ਰਹੇ ਹਨ।

## ਵਿੱਤ ਮੰਤਰੀ ਹਰਪਾਲ ਚੀਮਾ ਨੇ ਕੀਤਾ ਸ਼ਤਰੰਜ ਖੇਡਾਂ ਦਾ ਉਦਘਾਟਨ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਟੀਫਨ ਇੰਟਰਨੈਸ਼ਨਲ ਸਕੂਲ ਵਿਖੇ ਲੜਕਿਆਂ ਲਈ 69ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਸ਼ਤਰੰਜ ਖੇਡਾਂ ਦਾ ਉਦਘਾਟਨ ਕੀਤਾ। ਪ੍ਰੋਗਰਾਮ ਦੌਰਾਨ ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸ਼ਤਰੰਜ ਇੱਕ ਦਿਮਾਗੀ ਖੇਡ ਹੈ, ਜੋ ਯੁਵਾ ਪ੍ਰਤੀਭਾਗੀਆਂ ਨੂੰ ਆਪਣੀ ਰਣਨੀਤਕ ਸੋਚ ਤੇ ਸਮੱਸਿਆ ਹੱਲ ਕਰਨ ਦੇ ਕੌਸ਼ਲ ਨੂੰ ਵਿਕਸਿਤ ਕਰਨ ਲਈ ਪ੍ਰੋਤਸਾਹਿਤ ਕਰਦਾ ਹੈ।ਸਟੀਫਨ ਇੰਟਰਨੈਸ਼ਨਲ ਸਕੂਲ ਵਿਖੇ ਸ਼ਤਰੰਜ ਟੂਰਨਾਮੈਂਟ ਵਿਦਿਆਰਥੀਆਂ ਲਈ ਆਪਣੇ ਹੁਨਰ ਨੂੰ ਪ੍ਰਦਰਸ਼ਿਤ ਕਰਨ, ਆਤਮਵਿਸ਼ਵਾਸ ਪੈਦਾ ਕਰਨ ਤੇ ਖੇਡ ਤੋਂ ਕੀਮਤੀ ਜੀਵਨ ਸਬਕ ਸਿੱਖਣ ਦਾ ਇੱਕ ਵਧੀਆ ਮੌਕਾ ਹੈ।ਅਜਿਹੀਆਂ ਪਹਿਲਕਦਮੀਆਂ ਦਾ ਸਮਰਥਨ ਕਰਕੇ, ਚੀਮਾ ਪੰਜਾਬ ਵਿੱਚ ਪ੍ਰਤਿਭਾ ਨੂੰ ਉਤਸ਼ਾਹਤ ਕਰਨ ਤੇ ਸਿੱਖਿਆ ਨੂੰ ਉਤਸ਼ਾਹਤ ਕਰਨ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਸਕੂਲ ਦੀ ਡਾਇਰੈਕਟਰ ਪ੍ਰਿੰਸੀਪਲ ਮੋਨਿਕਾ ਸ਼ਰਮਾ ਨੇ ਵਿੱਤ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ ਦਾ ਸਵਾਗਤ ਕੀਤਾ ਤੇ ਸਮਾਗਮ ਦਾ ਉਦਘਾਟਨ ਕਰਨ ਲਈ ਧੰਨਵਾਦ ਕੀਤਾ।ਉਨ੍ਹਾਂ ਸੰਗਰੂਰ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ (ਡੀਈਓ) ਦਾ ਵੀ ਸਵਾਗਤ ਕੀਤਾ ਤੇ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਸਰਕਾਰ ਦੇ ਉਪਰਾਲਿਆਂ ਲਈ ਧੰਨਵਾਦ ਕੀਤਾ।ਸੰਗਰੂਰ ਦੇ ਮਹਿਲਾਂ ਦੇ ਸਟੀਫਨ ਇੰਟਰਨੈਸ਼ਨਲ ਸਕੂਲ ਵਿਖੇ ਕਰਵਾਈਆਂ ਗਈਆਂ 69ਵੀਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਸ਼ਤਰੰਜ ਖੇਡਾਂ ਦਾ ਜ਼ਿਕਰ ਕੀਤਾ ਗਿਆ ਹੈ।ਉਨ੍ਹਾਂ ਖਿਡਾਰੀਆਂ ਦੇ ਜਜ਼ਬੇ ਦੀ ਸ਼ਲਾਘਾ ਕੀਤੀ।

## ਬਿਹਾਰ ਵਿਧਾਨ...

ਵੋਟਾਂ ਪਈਆਂ ਸਨ। ਮੁੱਖ ਚੋਣ ਕਮਿਸ਼ਨਰ ਨੇ ਦੱਸਿਆ ਕਿ 14 ਲੱਖ ਨਵੇਂ ਵੋਟਰਾਂ ਸਮੇਤ 7.42 ਕਰੋੜ ਵਿਅਕਤੀ ਵੋਟ ਪਾਉਣ ਦੇ ਯੋਗ ਹਨ। 14 ਲੱਖ ਵਿਅਕਤੀ ਪਹਿਲੀ ਵਾਰ ਵੋਟ ਪਾਉਣ ਵਾਲੇ ਅਤੇ 4 ਲੱਖ ਸੀਨੀਅਰ ਸਿਟੀਜ਼ਨ ਵੋਟਰ ਹਨ। ਘੱਟੋ-ਘੱਟ 14,000 ਵੋਟਰਾਂ ਦੀ ਉਮਰ 100 ਸਾਲ ਤੋਂ ਵੱਧ ਹੈ।

ਮੁੱਖ ਚੋਣ ਕਮਿਸ਼ਨਰ ਨੇ ਐਲਾਨ ਕੀਤਾ ਕਿ ਪੰਜਾਬ ਦੀ ਤਰਨ ਤਾਰਨ ਸੀਟ ਸਣੇ ਜੰਮੂ-ਕਸ਼ਮੀਰ, ਰਾਜਸਥਾਨ, ਓਡੀਸ਼ਾ, ਝਾਰਖੰਡ, ਮਿਜ਼ੋਰਮ ਤੇ ਤਿਲੰਗਾਨਾ 'ਚ ਖਾਲੀ ਪਈਆਂ ਵਿਧਾਨ ਸਭਾ ਸੀਟਾਂ 'ਤੇ ਜ਼ਿਮਨੀ ਚੋਣ ਲਈ ਵੋਟਾਂ 11 ਨਵੰਬਰ ਨੂੰ ਪੈਣਗੀਆਂ ਅਤੇ ਨਤੀਜੇ 14 ਨਵੰਬਰ ਨੂੰ ਐਲਾਨੇ ਜਾਣਗੇ।

ਆਮ ਆਦਮੀ ਪਾਰਟੀ ਨੇ ਬਿਹਾਰ ਦੀਆਂ ਸਾਰੀਆਂ 243 ਸੀਟਾਂ 'ਤੇ ਚੋਣ ਲੜਨ ਦਾ ਐਲਾਨ ਕਰਦਿਆਂ 11 ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕਰ ਦਿੱਤੀ ਹੈ। 'ਆਪ' ਦੇ ਸੂਬਾ ਇੰਚਾਰਜ ਅਜੇਸ਼ ਯਾਦਵ ਨੇ ਕਿਹਾ ਕਿ ਪਾਰਟੀ ਨੂੰ ਦਿੱਲੀ ਤੇ ਪੰਜਾਬ ਵਿੱਚ ਆਪਣੀ ਸਰਕਾਰ ਦੇ ਮਾਡਲ ਨੂੰ ਬਿਹਾਰ ਵਿੱਚ ਵੀ ਦੁਹਰਾਉਣ ਦਾ ਭਰੋਸਾ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਅਖੌਤੀ ਤਾਂਤਰਿਕ ਦਾਅਵੇਦਾਰਾਂ ਤੇ ਪੁੱਛਾਂ ਦੇਣ ਵਾਲਿਆਂ ਨੂੰ ਤਰਕਸ਼ੀਲ ਸੁਸਾਇਟੀ ਵੱਲੋਂ ਖੁੱਲ੍ਹੀ ਚੁਣੌਤੀ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

ਵਿਗਿਆਨ ਦੇ ਯੁੱਗ ਵਿੱਚ ਮਨੁੱਖ ਨੇ ਹਰ ਖੇਤਰ ਵਿੱਚ ਤਰੱਕੀ ਕੀਤੀ ਹੈ ਤੇ ਬੁਲੰਦੀਆਂ ਨੂੰ ਛੂਹਿਆ ਹੈ ਤੇ ਵਿਗਿਆਨ ਵੱਲੋਂ ਪੈਦਾ ਕੀਤੇ ਸਾਧਨਾਂ ਦਾ ਲਾਹਾ ਲੈ ਰਿਹਾ ਹੈ।ਮੀਂਹ ਗੜੇਮਾਰੀ, ਹਨੇਰੀਆਂ, ਤੂਫਾਨ, ਭੂਚਾਲ ਦੀ ਅਗਾਊਂ ਜਾਣਕਾਰੀ ਵਿਗਿਆਨ ਨੇ ਪ੍ਰਾਪਤ ਕਰ ਲਈ ਹੈ। ਲਗਭਗ ਹਰ ਖੇਤਰ ਵਿੱਚ ਸਾਇੰਸ ਮਨੁੱਖ ਨੂੰ ਉਚ ਦਰਜੇ ਦੀਆਂ ਸੇਵਾਵਾਂ ਉਪਲੱਬਧ ਕਰਵਾ ਰਿਹਾ ਹੈ।ਅਗਾਊਂ ਖੋਜਾਂ ਜਾਰੀ ਹਨ, ਪਰ ਬੜੇ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਭਾਰਤ ਵਿੱਚ ਖਾਸ ਕਰਕੇ ਪੰਜਾਬ ਵਿੱਚ 21ਵੀਂ ਸਦੀ ਦੇ ਯੁੱਗ ਵਿੱਚ ਵੀ ਬਹੁਤ ਸਾਰੇ ਅਖੌਤੀ ਤਾਂਤਰਿਕ ਸਾਧ, ਪਾਦਰੀ ਆਦਿ ਲੋਕਾਂ ਦੀਆਂ ਵੱਖ-ਵੱਖ ਰੋਗਾਂ ਦਾ ਇਲਾਜ ਜਾਦੂ-ਟੂਣੇ, ਹਥੌਲਿਆਂ ਪ੍ਰਾਰਥਨਾਵਾਂ, ਅਰਦਾਸਾਂ ਤੇ ਫੰਡਿਆਂ ਆਦਿ ਨਾਲ ਕਰ ਰਹੇ ਹਨ।ਖਾਸ ਕਰਕੇ ਦਾੜ੍ਹ ਦਰਦ, ਅੱਧੇ ਸਿਰ ਦੀ ਦਰਦ, ਲੱਤਾਂ ਜਾਂ ਬਾਹਾਂ ਵਿੱਚੋਂ ਨਿਕਲਦੀ ਸੁੱਕੀ ਦਰਦ ਦਾ ਇਲਾਜ ਉਕਤ ਤਾਂਤਰਿਕ ਵਿਧੀਆਂ ਨਾਲ ਕਰ ਰਹੇ ਹਨ। ਇੱਥੇ ਹੀ ਬੱਸ ਨਹੀਂ ਮਨ ਚਾਹਾ ਪਿਆਰ, ਗ੍ਰਹਿ ਕਲੇਸ਼, ਵਸ਼ੀਕਰਨ, ਕਾਰੋਬਾਰ ਵਿੱਚ ਵਾਧਾ, ਮੁੱਠ ਕਰਨੀ ਕੀਤਾ ਕਰਾਇਆ, ਪਤੀ ਪਤਨੀ ਵਿੱਚ ਅਣਬਣ, ਓਪਰੀ ਕਸਰ, ਮਨਚਾਹੀ ਲੜਕੀ ਨਾਲ ਵਿਆਹ, ਸੌਂਕਣ ਅਤੇ ਦੁਸ਼ਮਣ ਤੋਂ ਛੁਟਕਾਰਾ, ਅਦਾਲਤਾਂ ਵਿੱਚ ਚਲਦੇ ਕੇਸ ਜਿੱਤਣ, ਵਿਸ਼ੇਸ਼ ਯਾਤਰਾ, ਵਿਦੇਸ਼ ਵਿੱਚ ਪੱਕੇ ਹੋਣਾ ਵਗੈਰਾ ਆਦਿਕ ਗੰਭੀਰ ਸਮੱਸਿਆਵਾਂ ਦਾ ਹੱਲ ਸੱਤ ਘੰਟਿਆਂ ਵਿੱਚ ਕੀਤੇ ਜਾਣ ਦਾ 100% ਦਾਅਵੇ ਮੀਆਂ ਅਤੇ ਪੀਰ ਬਾਬਿਆਂ ਵੱਲੋਂ ਰੋਜ਼ ਕੀਤੇ ਜਾ ਰਹੇ ਹਨ।ਉਕਤ ਵਿਚਾਰਾਂ ਦਾ ਪ੍ਰਗਟਾਵਾ ਤਰਕਸ਼ੀਲ ਲਾਗੂ ਸਤਨਾਮ ਸਿੰਘ ਜੱਜ ਨੇ ਪੱਤਰਕਾਰਾਂ ਨਾਲ ਸਾਂਝਾ ਕੀਤਾ ਤੇ ਕਿਹਾ ਕਿ ਤਰਕਸ਼ੀਲ ਸੋਸਾਇਟੀ ਪਿਛਲੇ ਕਈ ਸਾਲਾਂ ਤੋਂ ਅਜਿਹੇ ਪਖੰਡੀਆਂ ਦੰਭੀਆਂ ਨੂੰ ਚੁਣੌਤੀ ਦਿੰਦੀ ਆ ਰਹੀ ਹੈ ਤੇ ਲੋਕਾਂ ਨੂੰ ਅੰਧ ਵਿਸ਼ਵਾਸਾਂ, ਵਹਿਮਾਂ-ਭਰਮਾਂ, ਪਖੰਡਾਂ ਤੋਂ ਜਾਗਰੂਕ ਕਰ ਰਹੀ ਹੈ ਤੇ ਅਨੇਕਾਂ ਪਖੰਡੀਆਂ, ਦੰਭੀਆਂ, ਤਾਂਤਰਿਕਾਂ, ਜੋਤਸ਼ੀਆਂ ਤੇ ਪੁੱਛਾਂ ਦੱਸਣ ਵਾਲਿਆਂ ਨੂੰ ਸਵਾਲਾਂ ਦੇ ਕਟਹਿਰੇ ਵਿੱਚ ਖੜ੍ਹੇ ਕਰਕੇ ਉਨ੍ਹਾਂ ਦੇ ਪਖੰਡ ਦਾ ਭਾਂਡਾ ਚੌਰਾਹੇ ਵਿੱਚ ਭੰਨ ਚੁੱਕੀ ਹੈ, ਪਰ ਇਹ ਲੁਟੇਰੀ ਤੇ ਢੀਠ ਜਮਾਤ ਭੋਲੇ-ਭਾਲੇ ਲੋਕਾਂ ਨੂੰ ਗੁਮਰਾਹ ਕਰਕੇ ਉਨ੍ਹਾਂ ਦੀ ਆਰਥਿਕ ਅਤੇ ਮਾਨਸਿਕ ਤੇ ਸਰੀਰਕ ਲੁੱਟ ਕਰਨ ਤੋਂ ਬਾਜ਼ ਨਹੀਂ ਆ ਰਹੀ।ਸਤਨਾਮ ਸਿੰਘ ਜੱਜ ਨੇ ਲੋਕਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਵਿਗਿਆਨਿਕ ਯੁੱਗ ਵਿੱਚ ਅਜਿਹੀਆ ਅੰਧ ਵਿਸ਼ਵਾਸੀ ਤੇ ਵਹਿਮਾਂ-ਭਰਮਾਂ ਵਿੱਚ ਪਾਉਣ ਵਾਲੀਆਂ ਗੈਰ ਵਿਗਿਆਨਕ ਗੱਲਾਂ 'ਤੇ ਯਕੀਨ ਨਾ ਕਰਨ ਸਗੋਂ ਤਰਕ ਦੀ ਕਸੌਟੀ 'ਤੇ ਪੁੱਛਾਂ ਦੇਣ ਵਾਲੇ ਪਖੰਡੀਆਂ, ਤਾਂਤਰਿਕਾਂ ਤੇ ਭਵਿੱਖ ਵੇਖਣ ਵਾਲਿਆਂ ਦੀ ਪਰਖ ਜ਼ਰੂਰ ਕਰਨ। ਤਰਕਸ਼ੀਲ ਸੁਸਾਇਟੀ ਸਮੂਹ ਗੈਬੀ ਸ਼ਕਤੀਆਂ ਤੇ ਤਾਂਤਰਿਕ ਸ਼ਕਤੀਆਂ ਦੇ ਦਾਅਵੇਦਾਰਾਂ ਨੂੰ ਖੁੱਲ੍ਹੀ ਚੁਣੌਤੀ ਦਿੰਦੇ ਹੋਏ ਕਿਹਾ ਕਿ ਤਰਕਸ਼ੀਲ ਸੋਸਾਇਟੀ ਦੀਆਂ 23 ਸ਼ਰਤਾਂ ਵਿੱਚੋਂ ਇੱਕ ਪੂਰੀ ਕਰਨ 'ਤੇ ਉਹ 5 ਲੱਖ ਰੁਪਏ ਤੋਂ ਇਲਾਵਾ ਵਿਦੇਸ਼ਾਂ ਤੋਂ ਵੀ ਰੱਖੇ ਹੋਏ ਲੱਖਾਂ ਰੁਪਏ ਦਾ ਇਨਾਮ ਜਿੱਤ ਸਕਦੇ ਹਨ। ਜੇ ਉਹ ਅਜਿਹਾ ਨਹੀਂ ਕਰ ਸਕਦੇ ਤੇ ਆਪਣੀਆਂ ਝੂਠ, ਪਖੰਡ ਤੇ ਲੁੱਟ ਦੀਆਂ ਦੁਕਾਨਦਾਰੀਆਂ ਨੂੰ ਬੰਦ ਕਰਨ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵੱਲੋਂ ਰੋਜ਼ਗਾਰ ਕੈਂਪ ਭਲਕੇ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਮਾਨਯੋਗ ਵਧੀਕ ਡਿਪਟੀ ਕਮਿਸ਼ਨਰ (ਜ), ਗੁਰਦਾਸਪੁਰ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵੱਲੋਂ 8 ਅਕਤੂਬਰ (ਬੁੱਧਵਾਰ) ਨੂੰ ਇੱਕ ਵਿਸ਼ੇਸ਼ ਰੋਜ਼ਗਾਰ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਹ ਕੈਂਪ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਡੀਸੀ ਦਫਤਰ ਕੰਪਲੈਕਸ ਗੁਰਦਾਸਪੁਰ ਦੇ ਕਮਰਾ ਨੰ: 217 ਬਲਾਕ-ਬੀ ਵਿੱਚ ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ ਦੇ 2 ਵਜੇ ਤੱਕ ਲੱਗੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਸ਼ੋਤਮ ਸਿੰਘ ਜਿਲ੍ਹਾ ਰੋਜ਼ਗਾਰ ਅਫਸਰ ਨੇ ਦੱਸਿਆ ਕਿ ਉਮੀਦਵਾਰ ਦੀ ਯੋਗਤਾ ਘੱਟੋ-ਘੱਟ 12ਵੀਂ ਪਾਸ ਅਤੇ ਗ੍ਰੈਜੂਏਸ਼ਨ ਹੈ। ਉਮੀਦਵਾਰਾਂ ਨੂੰ ਪੰਜਾਬੀ ਬੋਲੀ ਦੀ ਸਮਝ ਅਤੇ ਬੋਲਚਾਲ ਆਉਂਦੀ ਹੋਣੀ ਚਾਹੀਦੀ ਹੈ। ਨਿਯੁਕਤ ਉਮੀਦਵਾਰਾਂ ਨੂੰ ਰੁ. 15,000 ਮਹੀਨਾਵਾਰੀ ਤਨਖ਼ਾਹ ਦਿੱਤੀ ਜਾਵੇਗੀ।ਇਸਦੇ ਨਾਲ-ਨਾਲ ਵਿਸ਼ਾਲ ਮੈਗਾ ਮਾਰਟ ਗੁਰਦਾਸਪੁਰ ਵੱਲੋਂ ਵੀ ਇਸ ਕੈਂਪ ਵਿੱਚ ਭਾਗ ਲਿਆ ਜਾਵੇਗਾ, ਜੋ ਕਿ ਗੁਰਦਾਸਪੁਰ ਸਥਿਤ ਆਪਣੇ ਆਉਟਲੈੱਟ ਲਈ ਸੇਲਜ਼ਮੈਨ ਦੀ ਭਰਤੀ ਕਰੇਗੀ।ਇਸ ਸਬੰਧੀ ਜਿਲ੍ਹਾ ਰੋਜ਼ਗਾਰ ਅਫਸਰ ਗੁਰਦਾਸਪੁਰ ਵੱਲੋਂ ਨੌਜਵਾਨਾਂ ਨੂੰ ਅਪੀਲ ਕੀਤੀ ਗਈ ਕਿ ਵਧ ਚੜ੍ਹ ਕੇ ਰੋਜ਼ਗਾਰ ਕੈਂਪ ਵਿੱਚ ਹਿੱਸਾ ਲੈਣ ਅਤੇ ਆਪਣਾ ਰੋਜ਼ਗਾਰ ਸੁਨਿਸ਼ਚਿਤ ਕਰਨ ਲਈ ਆਪਣੇ ਸਾਰੇ ਅਸਲੀ ਦਸਤਾਵੇਜ਼ (ਸਰਟੀਫਿਕੇਟ, ਆਧਾਰ ਕਾਰਡ, ਰਜ਼ਿਊਮ ਆਦਿ) ਨਾਲ ਸਮੇਂ ਸਿਰ ਪਹੁੰਚਣ।

# ਪਰਾਲੀ ਦਾ ਸੁਚੱਜਾ ਪ੍ਰਬੰਧਨ ਕਰਕੇ ਵਾਤਾਵਰਨ ਨੂੰ ਗੰਧਲਾ ਹੋਣ ਤੋਂ ਬਚਾਉਣ ਦੀ ਅਪੀਲ



**ਬਟਾਲਾ, (ਡਾ. ਮਲਵਿੰਦਰ ਸਿੰਘ)**-ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਐੱਸਡੀਐੱਮ ਬਟਾਲਾ ਵਿਕਰਮਜੀਤ ਸਿੰਘ ਪਾਂਥੇ ਦੀ ਅਗਵਾਈ ਵਿਚ ਪਿੰਡ ਕਾਹਲਵਾਂ ਅਤੇ ਭਾਮ ਵਿਖੇ ਵਿਚ ਪਰਾਲੀ ਪ੍ਰਬੰਧਨ ਸਬੰਧੀ ਕਿਸਾਨ ਸਿਖਲਾਈ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਮੌਕੇ ਤਹਿਸੀਲਦਾਰ ਬਟਾਲਾ ਅਰਜਨ ਸਿੰਘ ਗਰੇਵਾਲ, ਖ਼ੇਤੀਬਾੜੀ ਵਿਸਥਾਰ ਅਫਸਰ ਮਨਪ੍ਰੀਤ ਸਿੰਘ, ਏਡੀਓ ਜੋਬਨਜੀਤ ਸਿੰਘ, ਗੁਰਸਿਮਰਨ ਸਿੰਘ, ਨੋਡਲ ਅਫਸਰ ਅਵਤਾਰ ਸਿੰਘ ਪੰਚਾਇਤ ਸੈਕਟਰੀ, ਸਰਪੰਚ ਹਰਦੇਵ ਸਿੰਘ ਕਿਸਾਨ ਯੂਨੀਅਨ ਦੇ ਪ੍ਰਧਾਨ ਸੁਖਵਿੰਦਰ ਸਿੰਘ ਅਤੇ ਅਗਾਂਹਵਧੂ ਕਿਸਾਨ ਸ਼ਾਮਿਲ ਸਨ।ਇਸ ਮੌਕੇ ਗੱਲ ਕਰਦਿਆਂ ਤਹਿਸੀਲਦਾਰ ਅਰਜਨ ਸਿੰਘ ਗਰੇਵਾਲ ਨੇ ਦੱਸਿਆ ਕਿ ਝੋਨੇ ਦੀ ਕਟਾਈ ਦਾ ਸੀਜ਼ਨ ਸ਼ੁਰੂ ਹੋ ਗਿਆ ਹੈ, ਕਿਸਾਨਾਂ ਨੂੰ ਜ਼ਮੀਨੀ ਪੱਧਰ ਤੇ ਪਰਾਲੀ ਨਾ ਜਲਾਉਣ, ਪਰਾਲੀ ਦੇ ਸੁਚੱਜੇ ਪ੍ਰਬੰਧਨ, ਖ਼ੇਤੀਬਾੜੀ ਮਸ਼ੀਨਰੀ ਬਾਰੇ ਜਾਗਰੂਕਤਾ ਫੈਲਾਉਣ ਵਿੱਚ ਲਗਾਤਾਰ ਮੁਹਿੰਮ ਵਿੱਢੀ ਹੋਈ ਹੈ ਤਾਂ ਜੋ ਕਿਸਾਨਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕੀਤੀਆਂ ਜਾ ਸਕਣ।ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਾਉਣ ਦੀ ਬਜਾਏ ਉਸਦਾ ਸੁਚੱਜਾ ਪ੍ਰਬੰਧਨ ਕਰਨ ਲਈ ਜ਼ਿਲ੍ਹੇ ਵਿੱਚ ਲੋੜੀਂਦੀ ਮਸ਼ੀਨਰੀ ਉਪਲਬਧ ਹੈ।ਖ਼ੇਤੀਬਾੜੀ ਵਿਭਾਗ ਵੱਲੋਂ ਪਿੰਡਾਂ ਵਿੱਚ ਇਸ ਸੰਬੰਧ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ ਜਿਸ ਵਿਚ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਬਾਰੇ ਦੱਸਿਆ ਜਾ ਰਿਹਾ ਹੈ। ਇਸ ਮੌਕੇ ਪਿੰਡ ਵਾਸੀਆਂ ਨੇ ਭਰੋਸਾ ਦਿੱਤਾ ਕਿ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਹੀਂ ਲਗਾਈ ਜਾਵੇਗੀ।

# ਪਰਾਲੀ ਸਾੜਨ 'ਤੇ ਕੀਤੇ ਜਾ ਰਹੇ ਪਰਚਿਆਂ ਵਿਰੁੱਧ ਕਿਸਾਨਾਂ ਨੇ ਕੇਂਦਰ ਤੇ ਪੰਜਾਬ ਸਰਕਾਰ ਦੇ ਪੁਤਲੇ ਫੂਕੇ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**

ਕਿਸਾਨ ਮਜ਼ਦੂਰ ਮੋਰਚੇ ਦੀ ਕਾਲ ਤੇ ਪੂਰੇ ਪੰਜਾਬ ਵਿਚ ਵੱਖ-ਵੱਖ ਥਾਵਾਂ 'ਤੇ ਪਰਾਲੀ ਸਾੜਨ ਦੇ ਮੁੱਦੇ ਨੂੰ ਲੈ ਕੇ ਕਿਸਾਨਾਂ ਉਪਰ ਕੀਤੇ ਜਾ ਰਹੇ ਪਰਚਿਆਂ ਦੇ ਰੋਸ ਵਜੋਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਜ਼ਿਲ੍ਹਾ ਤਰਨਤਾਰਨ ਦੇ ਜ਼ੋਨ ਸ੍ਰੀ ਗੁਰੂ ਅੰਗਦ ਦੇਵ, ਜ਼ੋਨ ਖਡੂਰ ਸਾਹਿਬ ਅਤੇ ਜ਼ੋਨ ਸ਼ਹੀਦ ਬਾਬਾ ਬਲਾਕਾ ਸਿੰਘ ਦੇ ਕਿਸਾਨਾਂ ਵੱਲੋਂ ਜ਼ਿਲ੍ਹਾ ਮੀਤ ਪ੍ਰਧਾਨ ਦਿਆਲ ਸਿੰਘ ਮੀਆਂਵਿੰਡ ਅਤੇ ਜ਼ਿਲ੍ਹਾ ਆਗੂ ਹਰਬਿੰਦਰਜੀਤ ਸਿੰਘ ਕੰਗ ਦੀ ਅਗਵਾਈ ਹੇਠ ਖਡੂਰ ਸਾਹਿਬ ਵਿਖੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਅਰਥੀ ਫੂਕ ਮੁਜ਼ਾਹਰਾ ਕੀਤਾ। ਇਸ ਦੀ ਜਾਣਕਾਰੀ ਪ੍ਰੈੱਸ ਸਕੱਤਰ ਹਰਜਿੰਦਰ ਸਿੰਘ ਘੱਗੇ ਨੇ ਦਿੰਦੇ ਹੋਏ ਦੱਸਿਆ ਕਿ ਕਿਸਾਨਾਂ ਨੇ ਪ੍ਰਧਾਨ ਮੰਤਰੀ ਅਤੇ ਮੁੱਖ ਮੰਤਰੀ ਦੇ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਹੜ੍ਹਾਂ ਦੀ ਮਾਰ ਨਾਲ ਝੰਬੇ ਕਿਸਾਨਾਂ ਦੀਆਂ ਬਰਬਾਦ ਹੋਈਆਂ ਫਸਲਾਂ ਦਾ ਯੋਗ ਮੁਆਵਜ਼ਾ ਦੇਣ ਦੀ ਬਜਾਏ 2% ਧੂੰਏਂ ਦੀ ਆੜ ਹੇਠ ਕਿਸਾਨਾਂ ਉਪਰ ਝੂਠੇ ਪਰਚੇ ਦਰਜ ਕਰਕੇ ਜ਼ਮੀਨਾਂ ਦੀਆਂ ਜੋ ਰੈੱਡ ਇੰਟਰੀਆਂ ਕੀਤੀਆਂ ਜਾ ਰਹੀਆਂ ਹਨ ਉਹ ਹਰਗਿਜ਼ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ। ਕਿਸਾਨਾਂ ਵੱਲੋਂ ਹੜ੍ਹਾਂ ਕਾਰਨ ਬਰਬਾਦ ਹੋਈਆਂ ਫਸਲਾਂ ਲਈ 70000 ਰੁਪਏ ਫੀ ਏਕੜ, ਢਹਿ ਚੁੱਕੇ ਮਕਾਨਾਂ ਅਤੇ ਪਾਣੀ 'ਚ ਡੁੱਬ ਕੇ ਮਰੇ ਪਸ਼ੂਆਂ ਦੇ ਯੋਗ ਮੁਆਵਜ਼ੇ ਦੀਆਂ ਮੁੱਖ ਮੰਗਾਂ ਨੂੰ ਲੈ ਕੇ ਕਿਹਾ ਕਿ ਸਰਕਾਰ ਤੁਰੰਤ ਮੰਗਾਂ ਪੂਰੀਆਂ ਕਰੇ। ਉਨ੍ਹਾਂ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਕਿਸਾਨਾਂ ਨੂੰ ਨਜਾਇਜ਼ ਤੰਗ ਪ੍ਰੇਸ਼ਾਨ ਕਰਨਾ ਬੰਦ ਨਾ ਕੀਤਾ ਤਾਂ ਆਉਣ ਵਾਲੇ ਦਿਨਾਂ ਵਿਚ ਸਖਤ ਸੰਘਰਸ਼ ਉਲੀਕੇ ਜਾਣਗੇ ਜਿਸ ਲਈ ਸਰਕਾਰ ਅਤੇ ਪ੍ਰਸ਼ਾਸਨ ਜ਼ਿੰਮੇਵਾਰ ਹੋਵੇਗਾ। ਇਸ ਮੌਕੇ ਜ਼ੋਨ ਪ੍ਰਧਾਨ ਮੁਖ਼ਤਾਰ ਸਿੰਘ ਬਿਹਾਰੀਪੁਰ, ਇਕਬਾਲ ਸਿੰਘ ਵੜਿੰਗ, ਸਤਨਾਮ ਸਿੰਘ ਖੋਜਕੀਪੁਰ, ਬਲਜਿੰਦਰ ਸਿੰਘ ਆਲਮਪੁਰ, ਤਰਸੇਮ ਸਿੰਘ ਕੰਗ, ਭੁਪਿੰਦਰ ਸਿੰਘ ਮਾਲਚੱਕ, ਸਤਨਾਮ ਸਿੰਘ ਕੱਲਾ, ਗੁਲਜ਼ਾਰ ਸਿੰਘ ਮੀਆਂਵਿੰਡ, ਗੁਰਵਿੰਦਰ ਸਿੰਘ ਗੋਰਾ, ਜਸਬੀਰ ਸਿੰਘ ਨਾਗੋਕੇ, ਬਿਕਰਮਜੀਤ ਸਿੰਘ ਮੀਆਂਵਿੰਡ, ਬਲਜੀਤ ਸਿੰਘ ਘੱਗੇ, ਜਸਵਿੰਦਰ ਸਿੰਘ ਖੋਜਕੀਪੁਰ, ਗੁਰਪਾਲ ਸਿੰਘ ਜਲਾਲਾਬਾਦ, ਹਰਜਿੰਦਰ ਸਿੰਘ ਜਲਾਲਾਬਾਦ, ਗੁਰਪ੍ਰੀਤ ਸਿੰਘ ਖਹਿਰਾ ਘੱਗੇ ਤੋਂ ਇਲਾਵਾ ਵੱਖ-ਵੱਖ ਪਿੰਡਾਂ ਤੋਂ ਕਿਸਾਨ ਮਜ਼ਦੂਰ ਹਾਜ਼ਰ ਸਨ।



# ਟੋਲ ਪਲਾਜ਼ਾ ਕੱਥੂਨੰਗਲ ਵਿਖੇ ਕਿਸਾਨਾਂ ਤੇ ਮਜ਼ਦੂਰਾਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ



**ਮਜੀਠਾ (ਸੋਇਮ ਆਨੰਦ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਟੋਲ ਪਲਾਜ਼ਾ ਵਿਖੇ ਕਿਸਾਨਾਂ, ਮਜ਼ਦੂਰਾਂ ਦੇ ਵਿਸ਼ਾਲ ਇਕੱਠ ਨੇ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਕੇਂਦਰ ਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ।ਜ਼ਿਲ੍ਹਾ ਆਗੂ ਕੰਧਾਰ ਸਿੰਘ ਭੋਏਵਾਲ, ਬਲਦੇਵ ਸਿੰਘ ਬੱਗਾ, ਜ਼ੋਨ ਪ੍ਰਧਾਨ ਲਖਬੀਰ ਸਿੰਘ ਕੱਥੂਨੰਗਲ, ਗੁਰਭੇਜ ਸਿੰਘ ਝੰਡੇ, ਮੁਖਤਾਰ ਸਿੰਘ ਭੰਗਵਾ, ਜ਼ੋਨ ਸਕੱਤਰ ਗੁਰਬਾਜ ਸਿੰਘ ਭੁੱਲਰ, ਟੇਕ ਸਿੰਘ ਝੰਡੇ ਨੇ ਸਾਂਝਾ ਪ੍ਰੈੱਸ ਬਿਆਨ ਜਾਰੀ ਕਰਕੇ ਦੱਸਿਆ ਕਿ ਪੰਜਾਬ ਵਿੱਚ ਆਏ ਹੜ੍ਹ ਕੁਦਰਤੀ ਨਹੀਂ ਸੀ ਮੈਨ ਮੇਡ ਸਨ। ਇਸ ਦੀ ਨਿਰਪੱਖ ਜਾਂਚ ਕਰਾਉਣ ਲਈ ਜੁੰਡੀਸ਼ਲੀ ਕਮਿਸ਼ਨ ਬਣਾਇਆ ਜਾਵੇ।ਹੜਾਂ ਨਾਲ ਝੋਨੇ ਦੇ ਹੋਏ ਨੁਕਸਾਨ ਦਾ 70 ਹਜ਼ਾਰ ਰੁਪਏ ਪ੍ਰਤੀ ਏਕੜ, ਗੰਨੇ ਦਾ ਇਕ ਲੱਖ ਰੁਪਏ ਪ੍ਰਤੀ ਏਕੜ, ਇਸ ਦਾ 10% ਮਜ਼ਦੂਰਾਂ ਨੂੰ ਤੁਰੰਤ ਜਾਰੀ ਕੀਤਾ ਜਾਵੇ। ਕਣਕ ਦੀ ਬਜਾਈ ਲਈ ਡੀਜ਼ਲ, ਖਾਦ ਅਤੇ ਬੀਜ ਸਰਕਾਰ ਵੱਲੋਂ ਮੁਹੱਈਆ ਕਰਵਾਏ ਜਾਣ।ਪਰਾਲੀ ਦੇ ਮੁੱਦੇ ਦਾ ਸਰਕਾਰ ਵੱਲੋਂ ਕੋਈ ਠੋਸ ਹੱਲ ਕੀਤਾ ਜਾਵੇ, ਜਿਵੇਂ ਕਿ 200 ਰੁਪਏ ਪ੍ਰਤੀ ਕੁਇੰਟਲ ਬੋਨਸ ਜਾਂ 6000 ਰੁਪਏ ਪ੍ਰਤੀ ਏਕੜ ਕਿਸਾਨਾਂ ਨੂੰ ਦਿੱਤਾ ਜਾਵੇ, ਕਿਸਾਨਾਂ ਤੇ ਜਬਰੀ ਪਰਚੇ, ਰੈੱਡ ਇੰਟਰੀਆਂ ਅਤੇ ਜੁਰਮਾਨੇ ਪਾਉਣੇ ਬੰਦ ਕੀਤੇ ਜਾਣ।ਝੋਨੇ ਦੇ ਸੀਜ਼ਨ ਦੌਰਾਨ ਮੰਡੀਆਂ ਵਿੱਚ ਕਿਸਾਨਾਂ ਦੀ ਹੋ ਰਹੀ ਲੁੱਟ ਬੰਦ ਕੀਤੀ ਜਾਵੇ ਤੇ ਸਰਕਾਰ ਵੱਲੋਂ ਤਹਿ ਕੀਤੀ ਗਈ ਐੱਮਐੱਸਪੀ ਤੇ ਹੀ ਝੋਨਾ ਖਰੀਦਿਆ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਦੇਵ ਸਿੰਘ ਕਾਜ਼ੀਕੋਟ, ਕ੍ਰਿਪਾਲ ਸਿੰਘ ਕਲੇਰ, ਅਵਤਾਰ ਸਿੰਘ, ਗੁਰਦੇਵ ਸਿੰਘ ਮੁਗੋਸੋਹੀ, ਹਰਪ੍ਰੀਤ ਸਿੰਘ ਭੁੱਲਰ, ਸਰਬਜੀਤ ਸਿੰਘ, ਨਰਿੰਦਰ ਸਿੰਘ ਢੱਡੇ, ਤਸਵੀਰ ਸਿੰਘ ਰੂਪੋਵਾਲੀ, ਤਜਿੰਦਰ ਸਿੰਘ ਬੌਬੀ, ਪਰਤਾਪ ਸਿੰਘ ਕੱਥੂਨੰਗਲ, ਕਾਬਲ ਸਿੰਘ, ਸੋਨੀ ਜਹਾਂਗੀਰ, ਬਲਜੀਤ ਸਿੰਘ ਤਲਵੰਡੀ, ਮੇਵਾ ਸਿੰਘ ਰਾਮਦਿਵਾਲੀ, ਅਮਰੀਕ ਸਿੰਘ ਕੋਟਲਾ, ਸਤਨਾਮ ਸਿੰਘ ਮਾਨ, ਕੁਲਵਿੰਦਰ ਸਿੰਘ ਢੱਡੇ ਆਦਿ ਹਾਜ਼ਰ ਸਨ।

# ਆਮ ਆਦਮੀ ਪਾਰਟੀ ਦੀਨਾਨਗਰ ਦੇ ਨਵ-ਨਿਯੁਕਤ ਬਲਾਕ ਪ੍ਰਧਾਨਾਂ ਦਾ ਸਨਮਾਨ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਆਮ ਆਦਮੀ ਪਾਰਟੀ ਵੱਲੋਂ ਹੇਠਲੇ ਪੱਧਰ ਦੇ ਸੰਗਠਨ ਨੂੰ ਮਜ਼ਬੂਤ ਕਰਨ ਦੇ ਮੰਤਵ ਨਾਲ ਐਲਾਨੇ ਗਏ ਅਹੁਦੇਦਾਰਾਂ ਦੀ ਸੂਚੀ ਵਿੱਚ ਦੀਨਾਨਗਰ ਹਲਕੇ ਤੋਂ ਬਲਾਕ ਪ੍ਰਧਾਨ ਨਿਯੁਕਤ ਕੀਤੇ ਗਏ ਪਾਰਟੀ ਦੇ ਅਹੁਦੇਦਾਰਾਂ ਦਾ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਉਚੇਚੇ ਤੌਰ ਤੇ ਸਨਮਾਨ ਕੀਤਾ ਗਿਆ।ਆਮ ਆਦਮੀ ਪਾਰਟੀ ਵੱਲੋਂ ਐਲਾਨੇ ਗਏ ਦੀਨਾਨਗਰ ਹਲਕੇ ਦੇ ਬਲਾਕ ਪ੍ਰਧਾਨਾਂ ਵਿੱਚ ਜਸਬੀਰ ਸਿੰਘ ਕਠਿਆਲੀ, ਰਣਜੀਤ ਸਿੰਘ ਜੀਵਨਚੱਕ, ਕਰਨੈਲ ਸਿੰਘ ਬਾਂਠਾਵਾਲਾ, ਸੁਰਿੰਦਰ ਸਿੰਘ ਜੱਜ, ਲਖਵਿੰਦਰ ਸਿੰਘ ਮੁੰਨਣਾਵਾਲੀ, ਰਜਿੰਦਰ ਸਿੰਘ ਆਲੀਨੰਗਲ, ਸੁਖਦੇਵ ਸਿੰਘ ਪਹਾੜੀਪੁਰ, ਬਚਿੱਤਰ ਸਿੰਘ ਮੰਨਾ, ਬਲਬੀਰ ਸਿੰਘ ਗੁੰਝੀਆਂ, ਕਾਜਲ ਪੱਖੋਵਾਲ, ਮਸਤਾਨ ਸਿੰਘ ਬਿਆਨਪੁਰ, ਮਨਿੰਦਰ ਸਿੰਘ ਗੋਰਾ ਕੱਤੋਵਾਲ, ਬਾਪੂ ਬਲਦੇਵ ਸਿੰਘ, ਗੌਰਵ ਧੀਰ, ਹਰਦੇਵ ਸਿੰਘ ਕੈਂਪ, ਅਰਜਨ ਸਿੰਘ ਝਬਕਰਾ, ਅਨੂਪ ਠਾਕੁਰ ਬਹਿਰਾਮਪੁਰ, ਸੁਖਜਿੰਦਰ ਸਿੰਘ ਬੁਗਨਾ, ਬਲਵਿੰਦਰ ਕੁਮਾਰ ਰੜਾ, ਦੀਪਕ ਕੁਮਾਰ ਚੇਚੀਆਂ, ਜੋਗਿੰਦਰ ਪਾਲ ਜੇਪੀ, ਐਡਵੋਕੇਟ ਅਜੇਪਾਲ ਸਿੰਘ, ਕਿਰਪਾਲ ਸਿੰਘ ਚੱਕ ਅਲੀਆ, ਨਰਿੰਦਰ ਸਿੰਘ ਬਹੇੜੀ, ਪਰਵਿੰਦਰ ਸਿੰਘ ਪੁਰਾਣਾ ਸ਼ਾਲਾ, ਰਾਜੀਵ ਸੈਣੀ ਚੱਕ ਅਤੇ ਅਰਵਿੰਦਰ ਕੁਮਾਰ ਕੋਠੇ ਈਸ਼ਰਪੁਰ ਦੇ ਨਾਂਅ ਸ਼ਾਮਲ ਹਨ।ਪਾਰਟੀ ਵੱਲੋਂ ਨਿਯੁਕਤ ਕੀਤੇ ਗਏ ਬਲਾਕ ਪ੍ਰਧਾਨਾਂ ਨੂੰ ਸਨਮਾਨਿਤ ਕੀਤੇ ਜਾਣ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ ਜਿਸ ਵਿੱਚ ਹਰੇਕ ਵਰਗ ਦੇ ਲੋਕਾਂ ਨੂੰ ਅੱਗੇ ਵਧਣ ਦੇ ਬਰਾਬਰ ਦੇ ਮੌਕੇ ਮਿਲਦੇ ਹਨ ਅਤੇ ਮਿਹਨਤ ਤੇ ਲਗਨ ਨਾਲ ਕੰਮ ਕਰਨ ਵਾਲੇ ਵਰਕਰ ਨੂੰ ਅੱਗੇ ਵਧਣ ਤੋਂ ਕੋਈ ਨਹੀਂ ਰੋਕ ਸਕਦਾ।ਉਨ੍ਹਾਂ ਨੇ ਹੋਰਨਾਂ ਪਾਰਟੀ ਵਰਕਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਪਾਰਟੀ ਲਈ ਸਮਰਪਿਤ ਭਾਵਨਾ, ਮਿਹਨਤ ਅਤੇ ਲਗਨ ਨਾਲ ਕੰਮ ਕਰਨ ਅਤੇ ਸਮਾਂ ਆਉਣ ਤੇ ਹਰੇਕ ਵਰਕਰ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।ਉਨ੍ਹਾਂ ਨੇ ਬਲਾਕ ਪ੍ਰਧਾਨਾਂ ਨੂੰ ਕਿਹਾ ਕਿ ਉਹ ਆਉਂਦੀਆਂ ਵਿਧਾਨਸਭਾ ਚੋਣਾਂ ਨੂੰ ਧਿਆਨ ਵਿੱਚ ਰੱਖ ਕੇ ਤਗੜੇ ਹੋ ਕੇ ਅਪਣੇ ਅਪਣੇ ਪਿੰਡਾਂ ਅੰਦਰ ਪਾਰਟੀ ਲਈ ਕੰਮ ਕਰਨ ਅਤੇ ਸਾਰੇ ਵਰਕਰਾਂ ਨੂੰ ਨਾਲ ਲੈ ਕੇ ਚੱਲਣ ਤਾਂ ਕਿ ਪਾਰਟੀ ਨੂੰ ਹੇਠਲੇ ਪੱਧਰ ਤੱਕ ਹੋਰ ਮਜ਼ਬੂਤ ਕੀਤਾ ਜਾ ਸਕੇ।



# ਪੈਨਸ਼ਨਰਾਂ ਦੀਆਂ ਮੰਗਾਂ 'ਤੇ ਸਰਕਾਰ ਵੱਲੋਂ ਧਾਰੀ ਚੁੱਪ ਦੀ ਜ਼ੋਰਦਾਰ ਨਿਖੇਧੀ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**

ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ (ਰਜਿ) ਜ਼ਿਲ੍ਹਾ ਅੰਮ੍ਰਿਤਸਰ ਦੀ ਮਹੀਨਾਵਾਰ ਇਕੱਤਰਤਾ ਕੰਪਨੀ ਬਾਗ ਵਿਖੇ ਸੁਖਦੇਵ ਸਿੰਘ ਪੰਨੂੰ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਵੱਖ-ਵੱਖ ਵਿਭਾਗਾਂ ਤੋਂ ਸੇਵਾ ਮੁਕਤ ਹੋਏ ਪੈਨਸ਼ਨਰਾਂ ਨੇ ਭਰਵੀਂ ਗਿਣਤੀ ਵਿੱਚ ਹਿੱਸਾ ਲਿਆ।ਚਰਨ ਸਿੰਘ ਸੰਧੂ ਜਨਰਲ ਸਕੱਤਰ ਵੱਲੋਂ ਰਸਮੀ ਤੌਰ ਤੇ ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦਿਆਂ ਜਥੇਬੰਦੀ ਦੀਆਂ ਪਿਛਲੇ ਇੱਕ ਮਹੀਨੇ ਦੀਆਂ ਜਥੇਬੰਦਕ ਗਤੀਵਿਧੀਆਂ ਦੀ ਰਿਪੋਰਟਿੰਗ ਕਰਨ ਤੋਂ ਬਾਅਦ ਜਥੇਬੰਦੀ ਦੇ ਕੈਸ਼ੀਅਰ ਨਰਿੰਦਰ ਸ਼ਰਮਾ ਨੂੰ ਸਤੰਬਰ ਮਹੀਨੇ ਦਾ ਹਿਸਾਬ ਪੇਸ਼ ਕਰਨ ਨੂੰ ਕਿਹਾ ਜਿਸ ਤੇ ਕੈਸ਼ੀਅਰ ਵੱਲੋਂ ਸਤੰਬਰ ਮਹੀਨੇ ਵਿੱਚ ਹੋਈ ਆਮਦਨ ਅਤੇ ਖਰਚ ਦਾ ਵੇਰਵਾ ਮੀਟਿੰਗ ਵਿੱਚ ਪੇਸ਼ ਕੀਤਾ ਗਿਆ। ਮੀਟਿੰਗ ਨੂੰ ਪ੍ਰਧਾਨ ਸੁਖਦੇਵ ਸਿੰਘ ਪੰਨੂੰ ਤੋਂ ਇਲਾਵਾ ਚਰਨ ਸਿੰਘ, ਸੁਖਜਿੰਦਰ ਸਿੰਘ ਰਿਆੜ, ਚਰਨ ਸਿੰਘ, ਨਰਿੰਦਰ ਸ਼ਰਮਾ, ਸਤਪਾਲ ਸਿੰਘ ਚੋਲੀਆ ਅਤੇ ਬਖ਼ਸ਼ੀ ਰਾਮ ਨੇ ਸੰਬੋਧਨ ਕਰਦਿਆਂ ਪੈਨਸ਼ਨਰਾਂ ਨੂੰ ਆ ਰਹੀਆਂ ਸਮੱਸਿਆਵਾਂ ਅਤੇ ਉਨ੍ਹਾਂ ਦੇ ਹੱਲ ਬਾਰੇ ਵਿਚਾਰ ਚਰਚਾ ਕਰਨ ਦੇ ਨਾਲ ਨਾਲ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਅਤੇ ਮੰਗਾਂ ਪ੍ਰਤੀ ਪੰਜਾਬ ਸਰਕਾਰ ਵੱਲੋਂ ਅਪਣਾਏ ਗਏ ਬੇਰੁਖ਼ੀ ਵਾਲੇ ਵਤੀਰੇ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਬੁਲਾਰਿਆਂ ਨੇ ਮੰਗ ਕੀਤੀ ਕਿ ਡੀ. ਏ. ਜੋ ਇਸ ਸਮੇਂ ਤੱਕ 16% ਸਰਕਾਰ ਵੱਲ ਡਿਊ ਹੋ ਚੁੱਕਾ ਹੈ, ਉਸ ਨੂੰ ਦਿਵਾਲੀ ਦੇ ਤਿਉਹਾਰ ਸਮੇਂ ਤੁਰੰਤ ਜਾਰੀ ਕੀਤਾ ਜਾਵੇ।ਪੈਨਸ਼ਨਰਾਂ ਦੀਆਂ ਭਖਦੀਆਂ ਮੰਗਾਂ ਬਾਰੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਸੁਖਦੇਵ ਸਿੰਘ ਪੰਨੂੰ ਅਤੇ ਚਰਨ ਸਿੰਘ ਨੇ ਦੱਸਿਆ ਕਿ ਮਿਤੀ 1-1-16 ਤੋਂ 2 59 ਦੇ ਗੁਣਾਂਕ ਨਾਲ ਪੈਨਸ਼ਨਾਂ ਸੋਧੀਆਂ ਜਾਣ ਅਤੇ ਮਿਤੀ 1-1-16 ਤੋਂ ਸੋਧੀਆਂ ਪੈਨਸ਼ਨਾਂ ਦਾ ਬਕਾਇਆ ਨਕਦ ਦਿੱਤਾ ਜਾਵੇ, ਕੇਂਦਰ ਦੀ ਤਰਜ਼ ਤੇ ਡੀ. ਏ. ਦੀਆਂ ਬਾਕੀ ਰਹਿੰਦੀਆਂ ਕਿਸ਼ਤਾਂ ਕੁੱਲ 16% ਤੁਰੰਤ ਜਾਰੀ ਕੀਤੀਆਂ ਜਾਣ, ਡੀ. ਏ. ਦੀਆਂ ਪਹਿਲੀਆਂ ਜਾਰੀ ਕਿਸ਼ਤਾਂ ਦਾ ਬਕਾਇਆ ਤੁਰੰਤ ਜਾਰੀ ਕੀਤਾ ਜਾਵੇ ਅਤੇ ਮੈਡੀਕਲ ਭੱਤਾ ਪ੍ਰਤੀ ਮਹੀਨਾ 2000 ਰੁਪਏ ਕੀਤਾ ਜਾਵੇ।ਇਕੱਤਰਤਾ ਸਮੇਂ ਹੋਰਨਾਂ ਤੋਂ ਇਲਾਵਾ ਰਘਬੀਰ ਸਿੰਘ, ਅਮਰੀਕ ਸਿੰਘ, ਬਲਦੇਵ ਸਿੰਘ ਰੰਧਾਵਾ, ਰੇਸ਼ਮ ਸਿੰਘ ਰੰਧਾਵਾ, ਕੰਵਰ ਹਰਜੀਤ ਸਿੰਘ, ਪ੍ਰਦੀਪ ਕੁਮਾਰ, ਵਰਿੰਦਰ ਕੁਮਾਰ, ਰਣਜੀਤ ਸਿੰਘ, ਹਰਜਿੰਦਰ ਸਿੰਘ, ਕੰਵਲਜੀਤ ਸਿੰਘ ਬੱਲ, ਸੁਖਦੇਵ ਸਿੰਘ ਪੱਧਰੀ, ਕੰਵਲਜੀਤ ਸਿੰਘ ਬਾਵਾ, ਰਮੇਸ਼ ਕੁਮਾਰ, ਭਾਰਤ ਭੂਸ਼ਨ ਬਾਂਸਲ, ਅਸ਼ਵਨੀ ਕੁਮਾਰ, ਸਤਨਾਮ ਸਿੰਘ, ਪ੍ਰਵੇਸ਼ ਰਾਣੀ, ਓਮ ਪ੍ਰਕਾਸ਼, ਸੁਖਵੰਤ ਸਿੰਘ ਔਲਖ, ਦਲਜੀਤ ਸਿੰਘ, ਗੁਰਵਿੰਦਰ ਸਿੰਘ, ਦਲਬੀਰ ਸਿੰਘ, ਨਰਿੰਦਰ ਸਿੰਘ, ਲਖਵਿੰਦਰ ਸਿੰਘ, ਜਗਦੀਸ਼ ਰਾਜ, ਬਿਹਾਰੀ ਲਾਲ, ਸਤਨਾਮ ਸਿੰਘ, ਨਾਨਕ ਚੰਦ, ਕਸ਼ਮੀਰ ਮਸੀਹ, ਜਸਬੀਰ ਸਿੰਘ, ਮਿਲਖਾ ਸਿੰਘ, ਹਰਭਜਨ ਸਿੰਘ, ਕੁਲਦੀਪ ਸਿੰਘ, ਦੇਸ ਰਾਜ, ਅਸ਼ੋਕ ਕੁਮਾਰ, ਸ਼ਾਮ ਸੁੰਦਰ, ਅਮਰਜੀਤ ਸਿੰਘ, ਬਲਬੀਰ ਸਿੰਘ, ਸਰਦੂਲ ਸਿੰਘ, ਹਰਵਿੰਦਰ ਸਿੰਘ ਆਦਿ ਪੈਨਸ਼ਨਰਜ਼ ਹਾਜ਼ਰ ਸਨ



ਨਵਾਂ ਜ਼ਮਾਨਾ
ਮੰਗਲਵਾਰ, 7 ਅਕਤੂਬਰ 2025

# ਸੰਘ ਦਾ ਡਰ

*ਆਪਣੀਆਂ ਰੋਜ਼ਾਨਾ ਦੀਆਂ ਸ਼ਾਖਾਵਾਂ ਵਿੱਚ ਲਾਠੀਆਂ ਚਲਾਉਣ ਤੇ ਸ਼ਸਤਰ ਪੂਜਾ ਦੇ ਨਾਂਅ 'ਤੇ ਜੰਗ-ਖਾਧੇ ਨੇਜ਼ਿਆਂ-ਤਲਵਾਰਾਂ ਨੂੰ ਪੂਜਣ ਵਾਲੇ ਰਾਸ਼ਟਰੀ ਸੋਇਮ ਸੇਵਕ ਸੰਘ ਨੂੰ ਜ਼ੈੱਨ ਜ਼ੀ ਦੇ ਰੋਹ ਦਾ ਡਰ ਸਤਾਉਣ ਲੱਗਾ ਹੈ। ਘੱਟੋ-ਘੱਟ ਸੰਘ ਦੇ ਮੁਖੀ ਮੋਹਨ ਭਾਗਵਤ ਦੇ ਨਾਗਪੁਰ 'ਚ ਦੁਸਹਿਰੇ ਵਾਲੇ ਦਿਨ ਦੇ ਭਾਸ਼ਣ ਤੋਂ ਤਾਂ ਇਹੀ ਸੰਕੇਤ ਮਿਲਦਾ ਹੈ। ਉਸ ਨੇ ਆਪਣੇ ਸਾਲਾਨਾ ਭਾਸ਼ਣ ਵਿੱਚ ਨੇਪਾਲ ਦੇ ਹਾਲੀਆ ਜ਼ੈੱਨ ਜ਼ੀ (ਨੌਜਵਾਨ ਪੀੜ੍ਹੀ) ਅੰਦੋਲਨ ਨੂੰ ਅਰਾਜਕ ਦੱਸ ਕੇ ਉਸ ਦੀ ਨਿੰਦਾ ਕੀਤੀ। ਏਨੇ ਸਫਲ ਜਮਹੂਰੀ ਅੰਦੋਲਨ ਨੂੰ ਅਰਾਜਕ ਦੱਸਣ ਪਿੱਛੇ ਕਿਤੇ ਭਾਗਵਤ ਨੂੰ ਭਾਜਪਾ ਨੂੰ ਬਿਹਾਰ, ਪੱਛਮੀ ਬੰਗਾਲ, ਆਸਾਮ, ਤਾਮਿਲਨਾਡੂ ਤੇ ਕੇਰਲਾ ਦੀਆਂ ਅਸੈਂਬਲੀ ਚੋਣਾਂ ਵਿੱਚ ਜ਼ੈੱਨ ਜ਼ੀ ਤੋਂ ਮਿਲਣ ਵਾਲੀ ਚੁਣੌਤੀ ਦਾ ਡਰ ਤਾਂ ਪ੍ਰੇਸ਼ਾਨ ਨਹੀਂ ਕਰ ਰਿਹਾ? ਕਿਤੇ ਨੇਪਾਲ ਤੇ ਲੱਦਾਖ ਦੇ ਜ਼ੈੱਨ ਜ਼ੀ ਅੰਦੋਲਨ ਵਿਚਾਲੇ ਸਮਾਨਤਾਵਾਂ ਨੇ ਤਾਂ ਭਾਗਵਤ ਨੂੰ ਉਨ੍ਹਾਂ ਨੂੰ ਅਰਾਜਕ ਦੱਸਣ ਲਈ ਮਜਬੂਰ ਤਾਂ ਨਹੀਂ ਕੀਤਾ? ਜੇ ਅਜਿਹਾ ਨਹੀਂ ਹੈ ਤਾਂ ਸਿਆਸੀ ਭ੍ਰਿਸ਼ਟਾਚਾਰ ਤੇ ਭਾਈ-ਭਤੀਜਾਵਾਦ ਖਿਲਾਫ ਘੱਟੋ-ਘੱਟ 76 ਨੇਪਾਲੀ ਨਾਗਰਿਕਾਂ ਦੇ ਬਲਿਦਾਨ 'ਚੋਂ ਨਿਕਲੀ ਸਿਆਸੀ ਪਰਿਵਰਤਨ ਦੀ ਚੰਗਿਆੜੀ ਨੂੰ ਭਾਗਵਤ ਕਿਉਂ ਅਰਾਜਕ ਦੱਸਣ ਲੱਗਾ? ਲਗਦਾ ਹੈ ਕਿ ਭਾਗਵਤ ਨੂੰ ਇਹ ਚਿੰਤਾ ਸਤਾ ਰਹੀ ਹੈ ਕਿ ਫਿਰਕੂ ਵੰਡੀਆਂ ਵਿੱਚ ਉਲਝਾਏ ਜਾ ਚੁੱਕੇ ਦੇਸ਼ ਦੇ ਨੌਜਵਾਨ ਕਿਤੇ ਰੁਜ਼ਗਾਰ, ਸਿੱਖਿਆ ਤੇ ਸਿਹਤ ਸਹੂਲਤਾਂ ਦੀ ਮੰਗ ਲੈ ਕੇ ਸੜਕਾਂ 'ਤੇ ਨਾ ਉੱਤਰ ਆਉਣ। ਭਾਗਵਤ ਨੂੰ ਪਤਾ ਹੈ ਕਿ ਨੌਜਵਾਨਾਂ ਨੂੰ ਹਮੇਸ਼ਾ 'ਆਈ ਲਵ ਮੁਹੰਮਦ', 'ਰਾਮ ਆਏਂਗੇ', 'ਕਾਸ਼ੀ ਵਿਸ਼ਵਨਾਥ ਤੇ ਕ੍ਰਿਸ਼ਨ ਜਨਮਭੂਮੀ ਲੈ ਕੇ ਰਹਾਂਗੇ' ਵਰਗੇ ਸਮਾਜੀ ਦੁਫੇੜ ਪਾਉਣ ਵਾਲੇ ਨਾਅਰਿਆਂ ਵਿੱਚ ਉਲਝਾ ਕੇ ਨਹੀਂ ਰੱਖਿਆ ਜਾ ਸਕਦਾ। ਆਖਰ ਕਦੇ ਤਾਂ ਰੁਜ਼ਗਾਰ, ਬਰਾਬਰੀ ਤੇ ਪ੍ਰਗਟਾਵੇ ਦੀ ਆਜ਼ਾਦੀ ਦੀ ਮੰਗ ਕਰਨ ਲਈ ਨੌਜਵਾਨ ਲਾਮਬੰਦ ਹੋਣਗੇ ਹੀ। ਭਾਗਵਤ ਨੂੰ ਡਰ ਸਤਾ ਰਿਹਾ ਹੈ ਕਿ ਲੇਹ-ਲੱਦਾਖ ਤੇ ਨੇਪਾਲ ਦੇ ਜ਼ੈੱਨ ਜ਼ੀ ਅੰਦੋਲਨ ਭਾਰਤ ਵਿੱਚ ਨਾ ਫੈਲ ਜਾਣ, ਕਿਉਂਕਿ ਲੋਕਾਂ ਵੱਲੋਂ ਪ੍ਰਧਾਨ ਮੰਤਰੀ ਮੋਦੀ ਦੀਆਂ ਨੀਤੀਆਂ ਤੇ ਸ਼ਾਹ ਦੀ ਗ਼ੈਰ ਜਮਹੂਰੀ ਕਾਰਜਸ਼ੈਲੀ ਖਿਲਾਫ ਆਪਣਾ ਰੋਹ 2024 ਵਿੱਚ ਭਾਜਪਾ ਨੂੰ ਬਹੁਮਤ ਤੋਂ ਵਾਂਝੇ ਕਰਕੇ ਜਤਾਇਆ ਜਾ ਚੁੱਕਿਆ ਹੈ।*

*ਭਾਗਵਤ ਦੇ ਬਿਆਨ ਨੂੰ ਜਲਵਾਯੂ ਕਾਰਕੁੰਨ ਸੋਨਮ ਵਾਂਗਚੁੱਕ ਦੀ ਗ੍ਰਿਫਤਾਰੀ ਦੇ ਦੇਸ਼-ਭਰ ਵਿੱਚ ਹੋ ਰਹੇ ਵਿਰੋਧ ਨੂੰ ਕੁਚਲਣ ਦੀ ਸਰਕਾਰੀ ਨੀਤੀ ਦੀ ਤਿਆਰੀ ਦਾ ਸੰਕੇਤ ਵੀ ਮੰਨਿਆ ਜਾ ਸਕਦਾ ਹੈ। ਕੁੱਲ ਮਿਲਾ ਕੇ ਜ਼ੈੱਨ ਜ਼ੀ ਅੰਦੋਲਨ ਨੂੰ ਭਾਗਵਤ ਵੱਲੋਂ ਅਰਾਜਕ ਦੱਸਣਾ ਹੁਕਮਰਾਨਾਂ ਦੀ ਅਜਿਹੇ ਦੇਸ਼ਵਿਆਪੀ ਅੰਦੋਲਨ ਦੇ ਖਦਸ਼ੇ ਪ੍ਰਤੀ ਘਬਰਾਹਟ ਦੇ ਨਾਲ ਹੀ ਉਸ ਨੂੰ ਕੁਚਲਣ ਦੀ ਚਿਤਾਵਨੀ ਵੀ ਮੰਨਿਆ ਜਾ ਸਕਦਾ ਹੈ।*

# ਰੈਡੀਮੇਡ ਰਿਸ਼ਤਿਆਂ ਦੇ ਦੌਰ 'ਚੋਂ ਗੁਜ਼ਰਦਿਆਂ


ਗੁਰਚਰਨ ਸਿੰਘ ਨੂਰਪੁਰ

ਅਸੀਂ ਜਿਸ ਦੌਰ ਵਿੱਚੋਂ ਗੁਜ਼ਰ ਰਹੇ ਹਾਂ, ਇਸ ਵਿੱਚ ਸਾਨੂੰ 'ਵਰਤੋ ਤੇ ਸੁੱਟੋ' ਦਾ ਪਾਠ ਪੜ੍ਹਾਇਆ ਜਾ ਰਿਹਾ ਹੈ। ਰੈਡੀਮੇਡ ਵਸਤਾਂ ਦੇ ਇਸ ਦੌਰ ਵਿੱਚ ਸਾਡੇ ਰਿਸ਼ਤੇ-ਨਾਤੇ ਰੈਡੀਮੇਡ ਜਿਹੇ ਬਣਦੇ ਜਾ ਰਹੇ ਹਨ। ਮਨੁੱਖ ਦੀ ਜ਼ਿੰਦਗੀ ਵਿੱਚੋਂ ਸਬਰ ਦਰਕਿਨਾਰ ਹੋ ਰਿਹਾ ਹੈ ਅਤੇ ਮਨੁੱਖ ਦੀ ਲਾਲਚੀ ਮਨੋਬਿਰਤੀ ਹਰ ਦਿਨ ਵਧ ਰਹੀ ਹੈ।

ਇੰਟਰਨੈੱਟ ਦੇ ਪ੍ਰਵੇਸ਼ ਨੇ ਮਨੁੱਖ ਨੂੰ ਦੂਰਦੁਰਾਡੇ ਅਣਜਾਣੇ ਲੋਕਾਂ ਨਾਲ ਸਾਂਝ ਬਣਾਉਣ ਦੀ ਜੁਗਤ ਦੱਸੀ ਹੈ। ਅਣਜਾਣੇ ਲੋਕਾਂ ਨਾਲ ਸਾਂਝਾਂ ਵਧਾਉਣ ਦੇ ਇਸ ਦੌਰ ਵਿੱਚ ਅਸੀਂ ਆਪਣਿਆਂ ਤੋਂ ਹਰ ਦਿਨ ਦੂਰ ਹੋ ਰਹੇ ਹਾਂ। ਬਾਜ਼ਾਰੂ ਤਾਕਤਾਂ ਨੇ ਇੰਟਰਨੈੱਟ ਰਾਹੀਂ ਮਨੁੱਖ ਦੀਆਂ ਛੁਪੀਆਂ ਲਾਲਸਾਵਾਂ ਨੂੰ ਉਜਾਗਰ ਕਰਕੇ ਕਮਾਈ ਕਰਨ ਦਾ ਜ਼ਰੀਆ ਬਣਾ ਲਿਆ ਹੈ। ਵੱਖ-ਵੱਖ ਤਰ੍ਹਾਂ ਦੀਆਂ ਦਿਲਚਸਪੀਆਂ ਪੈਦਾ ਕਰਕੇ ਮਨੁੱਖ ਅੱਗੇ ਪ੍ਰੋਸੀਆਂ ਜਾ ਰਹੀਆਂ ਹਨ, ਜਿਹਨਾਂ ਦੀ ਉਸ ਅੰਦਰ ਚਾਹਤ ਹੈ। ਇਸ ਦੌਰ ਵਿੱਚ ਚੀਜ਼ਾਂ ਬੜੀ ਤੇਜ਼ੀ ਨਾਲ ਬਦਲ ਰਹੀਆਂ ਹਨ। ਤੇਜ਼ੀ ਨਾਲ ਬਦਲਦੇ ਸਮਿਆਂ ਵਿੱਚ ਸਾਡੇ ਰਿਸ਼ਤਿਆਂ ਦਾ ਤਾਣਾ-ਬਾਣਾ ਵੀ ਬੜੀ ਤੇਜ਼ੀ ਨਾਲ ਪ੍ਰਭਾਵਿਤ ਹੋ ਰਿਹਾ ਹੈ। ਭਵਿੱਖ ਵਿੱਚ ਇਹ ਅਮਲ ਹੋਰ ਤੇਜ਼ੀ ਨਾਲ ਵਧਣਾ ਹੈ। ਸਿੱਖਿਆ ਸਮੇਤ ਵੱਖ-ਵੱਖ ਤਰ੍ਹਾਂ ਦੇ ਹੁਨਰ ਸਿੱਖਣ ਲਈ ਨਿੱਕੇ ਵੱਡੇ ਕੋਰਸ ਨਿਰਧਾਰਤ ਹੋ ਗਏ ਹਨ। ਗਿਆਨ ਪੈਸੇ ਨਾਲ ਖਰੀਦੇ ਜਾਣ ਦੀ ਚੀਜ਼ ਬਣ ਗਿਆ ਹੈ। ਪੈਸੇ ਦੀ ਮਨੋਬਿਰਤੀ ਸੰਵੇਦਨਾ ਅਤੇ ਭਾਵਨਾਤਮਿਕਤਾ ਨੂੰ ਪਿੱਛੇ ਕਰ ਦਿੰਦੀ ਹੈ। ਗੁਰੂ-ਚੇਲੇ ਦਾ ਰਿਸ਼ਤਾ ਹੁਣ ਬੀਤੇ ਦੀ ਬਾਤ ਬਣ ਗਿਆ ਹੈ। ਸਿੱਖਿਆ ਵੇਚਣ ਅਤੇ ਖਰੀਦਣ ਦੀ ਚੀਜ਼ ਬਣ ਗਈ ਹੈ। ਪ੍ਰਾਈਵੇਟ ਸਕੂਲਾਂ, ਕਾਲਜਾਂ ਵਿੱਚ ਕਿਉਂਕਿ ਫੀਸਾਂ ਹੀ ਇੰਨੀਆਂ ਹੁੰਦੀਆਂ ਹਨ ਕਿ ਪੜ੍ਹਨ ਵਾਲੇ ਵਿਦਿਆਰਥੀਆਂ ਅੰਦਰੋਂ ਇਹ ਅਧਿਆਪਕ ਪ੍ਰਤੀ ਸਤਿਕਾਰ ਦੀ ਭਾਵਨਾ ਨੂੰ ਪੈਦਾ ਹੀ ਨਹੀਂ ਹੋਣ ਦਿੰਦੀਆਂ।

ਜੀਵਨ ਦੀਆਂ ਤਰਜੀਹਾਂ ਤੇਜ਼ੀ ਨਾਲ ਬਦਲ ਰਹੀਆਂ ਹਨ। ਹਰ ਕੋਈ ਦੂਜੇ ਤੋਂ ਵਿੰਗੇ-ਟੇਢੇ ਢੰਗ ਨਾਲ ਅੱਗੇ ਨਿਕਲ ਜਾਣ ਲਈ ਬੇਤਾਬ ਹੈ। ਮਨੁੱਖ ਅੰਦਰੋਂ ਭਰੇ ਹੋਣ ਅਤੇ ਸਬਰ ਸਹਿਜ ਨੂੰ ਛੱਡ ਕੇ ਬਾਹਰੀ ਵਿਖਾਵੇ ਲਈ ਜਿਊਣ ਲੱਗਿਆ ਹੈ। ਹਰ ਕੋਈ ਕਿਸੇ ਨਾ ਕਿਸੇ ਖੇਤਰ ਵਿੱਚ ਕੋਈ ਉੱਚਾ ਮੁਕਾਮ ਹਾਸਲ ਕਰੇ ਇਹ ਕੋਈ ਮਾੜੀ ਗੱਲ ਨਹੀਂ, ਪਰ ਬੇਲੋੜੇ ਖਰਚੇ ਕਰਕੇ ਦੂਜੇ ਨਾਲੋਂ ਉੱਚੀ ਕੋਠੀ ਪਾ ਕੇ, ਕਰਜ਼ਾ ਚੁੱਕ ਕੇ ਮਹਿੰਗੀ ਗੱਡੀ ਲੈ ਕੇ ਵਿਖਾਵਾ ਕਰਨਾ ਸਮਾਜ ਵਿੱਚ ਹੋਰ ਕਈ ਤਰ੍ਹਾਂ ਦੀਆਂ ਕੁਰੀਤੀਆਂ ਦਾ ਕਾਰਨ ਬਣਦਾ ਹੈ। ਹਰ ਵਿਅਕਤੀ ਅੰਦਰ ਦੂਜੇ ਨਾਲੋਂ ਵੱਧ ਵਿਲੱਖਣ ਦਿਸਣ ਦੀ ਰੁਚੀ ਪੈਦਾ ਹੋਈ ਹੈ। ਵਿਖਾਵਾ ਸਾਡੇ ਵਿਹਾਰ ਦਾ ਹਿੱਸਾ ਬਣ ਗਿਆ ਹੈ। ਅਜਿਹੀ ਸਥਿਤੀ ਵਿੱਚ ਸਹਿਜ-ਸਬਰ ਕਿਵੇਂ ਆਵੇ? ਮਨ ਦੀ ਭਟਕਣਾ ਹਰ ਦਿਨ ਵਧ ਰਹੀ ਹੈ, ਦੁਨੀਆਂ ਭਰ ਵਿੱਚ ਡਿਪਰੈਸ਼ਨ ਦਾ ਸ਼ਿਕਾਰ ਲੋਕਾਂ ਦੀ ਗਿਣਤੀ ਵਧ ਰਹੀ ਹੈ। ਡਿਪਰੈਸ਼ਨ ਦੀਆਂ ਦਵਾਈਆਂ ਦਾ ਬਜ਼ਾਰ ਵਧ-ਫੁਲ ਰਿਹਾ ਹੈ।

ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਵਿਆਹ ਕਰਾਉਣ ਤੋਂ ਬਗੈਰ ਰਿਲੇਸ਼ਨਸ਼ਿਪ ਵਿੱਚ ਰਹਿਣ ਦਾ ਰਿਵਾਜ ਪ੍ਰਚਲਤ ਹੋ ਰਿਹਾ ਹੈ। ਤਲਾਕ ਦੇ ਕੇਸ ਵਧ ਰਹੇ ਹਨ। ਬਹੁਤੀ ਵਾਰ ਇਹ ਵੀ ਹੁੰਦਾ ਹੈ ਕਿ ਤਲਾਕ ਮਗਰੋਂ ਬੱਚੇ ਕਿੱਧਰ ਰਹਿਣ, ਮਾਂ ਕੋਲ ਜਾਂ ਬਾਪ ਕੋਲ, ਇਹ ਵੀ ਵੱਡੀ ਸਮੱਸਿਆ ਬਣਦੀ ਹੈ। ਅਜਿਹੇ ਬੱਚੇ ਜਿਹਨਾਂ ਤੋਂ ਉਹਨਾਂ ਦੀ ਮਾਂ ਜਾਂ ਬਾਪ ਦੋਹਾਂ 'ਚੋਂ ਇੱਕ ਦੂਰ ਹੋ ਜਾਂਦਾ ਹੈ, ਇਹ ਮਾਨਸਿਕ ਤੌਰ 'ਤੇ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਦੇ ਸ਼ਿਕਾਰ ਹੋ ਜਾਂਦੇ ਹਨ। ਉਹਨਾਂ ਨੂੰ ਦੁਨੀਆਂ ਦੇ ਲੋਕ ਧੋਖਾ ਤੇ ਫਰੇਬ ਕਰਨ ਵਾਲੇ ਪ੍ਰਤੀਤ ਹੁੰਦੇ ਹਨ। ਇਹ ਦੁਨੀਆਂ ਨਾਲੋਂ ਟੁੱਟ ਕੇ ਇੱਕ ਵੱਖਰੀ ਮਨੋਬਿਰਤੀ ਧਾਰਨ ਕਰ ਲੈਂਦੇ ਹਨ ਅਤੇ ਰਿਸ਼ਤਿਆਂ ਦੀ ਤਿਕੜਮਬਾਜ਼ੀ ਦਾ ਸਾਰੀ ਉਮਰ ਸੰਤਾਪ ਭੋਗਦੇ ਹਨ।

ਸਾਡੇ ਬਜ਼ੁਰਗ ਜੋ ਇੱਕ ਤਰ੍ਹਾਂ ਨਾਲ ਸਾਡੇ ਘਰਾਂ ਦਾ ਜਿਊਂਦਾ-ਜਾਗਦਾ ਇਤਿਹਾਸ ਹੁੰਦੇ ਹਨ, ਇਹਨਾਂ ਦੀ ਸਾਂਭ-ਸੰਭਾਲ ਕਰਨ, ਇਹਨਾਂ ਨੂੰ ਇੱਜ਼ਤ ਮਾਣ ਦੇਣ ਵਾਲੀ ਪ੍ਰਵਿਰਤੀ ਸਮਾਜ ਵਿੱਚ ਘੱਟ ਹੋ ਰਹੀ ਹੈ। ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਬਿਰਧ ਆਸ਼ਰਮਾਂ ਦਾ ਖੁੱਲ੍ਹ ਜਾਣਾ ਇਸ ਗੱਲ ਦਾ ਸੰਕੇਤ ਹੈ ਸਾਡੇ ਬਜ਼ੁਰਗ, ਜਿਹਨਾਂ ਨੇ ਸਾਰੀ ਉਮਰ ਸਾਨੂੰ ਉਂਗਲੀ ਫੜ ਕੇ ਤੋਰਿਆ ਹੁੰਦਾ ਹੈ, ਇਸ ਜ਼ਮਾਨੇ ਦੇ ਹਾਣ ਦਾ ਬਣਾਉਣ ਵਿੱਚ ਵੱਡਾ ਰੋਲ ਅਦਾ ਕੀਤਾ ਹੁੰਦਾ ਹੈ, ਉਹ ਹੁਣ ਨਵੀਂ ਪੀੜ੍ਹੀ ਨੂੰ ਬੋਝ ਲੱਗਣ ਲੱਗ ਪਏ ਹਨ। ਮਾਨਸਿਕ ਤੌਰ 'ਤੇ ਪ੍ਰੇਸ਼ਾਨ ਇੱਕ ਬਜ਼ੁਰਗ ਨੂੰ ਉਹਦੀ ਵੱਡੀ ਉਮਰ ਦੀ ਇੱਕ ਧੀ ਡਾਕਟਰ ਕੋਲ ਲੈ ਕੇ ਆਈ। ਉਹ ਰੋ-ਰੋ ਕੇ ਦੱਸਣ ਲੱਗੀ ਕਿ ਉਸ ਦੇ ਬਾਪ ਨੂੰ ਉਸ ਦੇ ਭਰਾ ਤੇ ਭਰਜਾਈ ਨੇ ਘਰੋਂ ਬਾਹਰ ਕੱਢ ਦਿੱਤਾ ਹੈ। ਮੇਰਾ ਬਾਪ ਨਹਿਰ ਵਿੱਚ ਡੁੱਬ ਕੇ ਆਤਮਹੱਤਿਆ ਕਰਨ ਚੱਲਿਆ ਸੀ, ਐਨ ਮੌਕੇ 'ਤੇ ਪਤਾ ਲੱਗਣ 'ਤੇ ਅਸੀਂ ਇਸ ਨੂੰ ਬਚਾ ਲਿਆ। ਉਹ ਕਹਿਣ ਲੱਗੀ, 'ਮੇਰਾ ਸਹੁਰਾ ਪਰਵਾਰ ਵੀ ਕੋਈ ਬਹੁਤਾ ਚੰਗਾ ਨਹੀਂ, ਪਰ ਮੈਂ ਧੀ ਹਾਂ, ਮੈਂ ਇਸ ਨੂੰ ਕਿੱਧਰ ਧੱਕਾ ਦੇ ਦਿਆਂ। ਇਹ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਹੈ। ਇਹ ਆਖਦਾ ਹੈ, ਜਿਸ ਘਰ ਨੂੰ ਮੈਂ ਮਿਹਨਤ ਕਰਕੇ ਬਣਾਇਆ, ਸਵਾਰਿਆ ਹੈ, ਉਸੇ ਘਰ ਵਿੱਚ ਹੀ ਹੁਣ ਮੈਂ ਰਹਿ ਨਹੀਂ ਸਕਦਾ, ਇਹ ਕਿਵੇਂ ਹੋ ਸਕਦਾ ਹੈ?' ਨਾਲ ਹੀ ਉਹ ਰੋ-ਰੋ ਕੇ ਆਖਣ ਲੱਗੀ, 'ਉੱਥੇ ਉਸ ਘਰ ਰਹਿ ਕੇ ਇਹ ਕਿਵੇਂ ਗੁਜ਼ਾਰਾ ਕਰੇਗਾ? ਜਿੱਥੇ ਇੱਜ਼ਤ-ਮਾਣ, ਰੋਟੀ, ਕੱਪੜਾ, ਬਿਸਤਰਾ ਮਿਲਣ ਦੀ ਬਜਾਏ ਇਸ ਨਾਲ ਕਲੇਸ਼, ਝਿੜਕਾਂ ਅਤੇ ਹਰ ਰੋਜ਼ ਘਟੀਆ ਵਿਹਾਰ ਹੁੰਦਾ ਹੈ।' ਸਾਰੀ ਉਮਰ ਇੱਜ਼ਤ, ਅਣਖ ਅਤੇ ਸਵੈਮਾਣ ਨਾਲ ਜਿਊਣ ਵਾਲੇ ਉਸ ਬਜ਼ੁਰਗ ਨੂੰ ਇਹ ਕਿਵੇਂ ਵੀ ਮਨਜ਼ੂਰ ਨਹੀਂ ਸੀ ਕਿ ਉਮਰ ਦੇ ਆਖਰੀ ਸਮੇਂ ਉਹ ਧੀ ਦੇ ਬੂਹੇ 'ਤੇ ਆ ਕੇ ਉਸ ਲਈ ਬੋਝ ਬਣੇ।

ਸੋਸ਼ਲ ਮੀਡੀਆ ਦੇ ਵਿਸਥਾਰ ਨੇ ਰਿਸ਼ਤਿਆਂ ਨੂੰ ਨਵੇਂ ਢੰਗ ਨਾਲ ਪ੍ਰਭਾਵਤ ਕਰਨਾ ਸ਼ੁਰੂ ਕੀਤਾ ਹੈ। ਮਨੁੱਖ ਹੁਣ ਮੋਬਾਇਲ ਦੀ ਸਕਰੀਨ ਰਾਹੀਂ ਦੋਸਤੀਆਂ ਅਤੇ ਰਿਸ਼ਤੇਦਾਰੀਆਂ ਬਣਾਉਣ ਲੱਗਿਆ ਹੈ। ਇੰਟਰਨੈੱਟ 'ਤੇ ਬਣੀਆਂ ਦੋਸਤੀਆਂ ਸਾਡੇ ਲਈ ਖੁਸ਼ੀ, ਗਮੀ, ਅਹਿਮੀਅਤ ਅਤੇ ਬੇਗਾਨਗੀ ਦੇ ਅਹਿਸਾਸ ਪੈਦਾ ਕਰਨ ਲੱਗੀਆਂ ਹਨ। ਸਾਡਾ ਸਮਾਜ ਇਹਨਾਂ ਵਰਤਾਰਿਆਂ ਤੋਂ ਲਗਾਤਾਰ ਪ੍ਰਭਾਵਤ ਹੋਣ ਲੱਗਾ ਹੈ। ਅਕਸਰ ਲੋਕ ਖਾਸ ਕਰ ਨੌਜਵਾਨ ਪੀੜ੍ਹੀ ਬੈਠੀ ਆਪਣੀ ਪਰਵਾਰ ਵਿੱਚ ਹੋਵੇਗੀ, ਪਰ ਚੈਟਿੰਗ (ਗੱਲਬਾਤ) ਕਿਤੇ ਹੋਰ ਹੋ ਰਹੀ ਹੋਵੇਗੀ। ਇਹ ਇੱਕ ਤਰ੍ਹਾਂ ਨਾਲ ਸਾਡੀ ਫੜੀਆਂ ਛੱਡ ਕੇ ਉਡਦੀਆਂ ਫੜਨ ਵਰਗੀ ਮਾਨਸਿਕਤਾ ਹੈ, ਇਸ ਨਾਲ ਵੀ ਸਾਡੇ ਰਿਸ਼ਤੇ ਪ੍ਰਭਾਵਿਤ ਹੋ ਰਹੇ ਹਨ।

ਇਹ ਵੇਖਿਆ ਗਿਆ ਹੈ ਕਿ ਜਿਹੜੇ ਪਰਵਾਰਾਂ ਵਿੱਚ ਨਿੱਕੇ ਬੱਚੇ ਤੋਂ ਲੈ ਕੇ ਬਜ਼ੁਰਗਾਂ ਤੱਕ ਇੱਕ ਵੱਡੇ ਪਰਵਾਰ ਵਿੱਚ ਰਹਿੰਦੇ ਹਨ, ਉਹ ਪਰਵਾਰ ਵਧੇਰੇ ਖੁਸ਼ਹਾਲ ਹੁੰਦੇ ਹਨ। ਜਪਾਨ ਵਿੱਚ ਬਜ਼ੁਰਗਾਂ ਦਾ ਬੜਾ ਸਤਿਕਾਰ ਕੀਤਾ ਜਾਂਦਾ ਹੈ, ਇੱਥੇ ਪਰਵਾਰਕ ਲੜਾਈ ਝਗੜੇ ਵੀ ਘੱਟ ਹੁੰਦੇ ਹਨ। ਇੱਥੇ ਅੱਸੀ-ਅੱਸੀ ਸਾਲ ਦੇ ਬਜ਼ੁਰਗ ਵੀ ਨੌਜਵਾਨਾਂ ਵਾਂਗ ਕੰਮ ਕਰਦੇ ਹਨ। ਇਸ ਦਾ ਕਾਰਨ ਇਹੋ ਹੀ ਹੈ ਇੱਥੇ ਬਜ਼ੁਰਗਾਂ ਦਾ ਸਤਿਕਾਰ ਹੁੰਦਾ ਹੈ। ਬਜ਼ੁਰਗਾਂ ਦਾ ਜੀਵਨ ਵਿੱਚ ਉਤਸ਼ਾਹ ਬਣਿਆ ਰਹਿੰਦਾ ਹੈ ਅਤੇ ਉਹ ਲੰਮੀ ਉਮਰ ਭੋਗਦੇ ਹਨ।

ਪਿਛਲੇ ਅਰਸੇ ਤੋਂ ਪੰਜਾਬੀ ਸਮਾਜ ਵਿੱਚ ਬਾਹਰਲੇ ਮੁਲਕਾਂ ਨੂੰ ਜਾਣ ਅਤੇ ਉੱਥੇ ਜਾ ਕੇ ਵੱਸਣ ਦੀ ਇਕ ਹੋੜ ਜਿਹੀ ਲੱਗੀ ਹੋਈ ਹੈ। ਬਹੁਤੇ ਘਰਾਂ ਦੇ ਬੱਚੇ ਬਾਹਰਲੇ ਮੁਲਕਾਂ ਦਾ ਰੁਖ ਕਰ ਗਏ ਹਨ। ਮਗਰ ਘਰ ਵਿੱਚ ਰਹਿ ਗਏ ਮਾਪਿਆਂ ਕੋਲ ਉਹਨਾਂ ਨਾਲ ਰਿਸ਼ਤਾ ਫੋਨ 'ਤੇ ਗੱਲ ਕਰਨ ਤੱਕ ਸੀਮਤ ਹੋ ਕੇ ਰਹਿ ਗਿਆ ਹੈ। ਫੋਨ 'ਤੇ ਹੁੰਦੀ ਇਹ ਗੱਲ ਵੀ ਹੌਲੀ-ਹੌਲੀ ਘੱਟ ਹੋਣ ਲੱਗਦੀ ਹੈ ਤੇ ਫਿਰ ਬੱਚੇ ਆਪਣੀ ਦੁਨੀਆ ਵਿੱਚ ਪ੍ਰਵੇਸ਼ ਕਰ ਜਾਂਦੇ ਹਨ ਅਤੇ ਇਧਰ ਮਾਪਿਆਂ ਨੂੰ ਉਹਨਾਂ ਦਾ ਇਕਲਾਪਾ ਵੱਢ-ਵੱਢ ਖਾਣ ਲੱਗਦਾ ਹੈ। ਇਹੋ ਹੀ ਕਾਰਨ ਹੈ ਕਿ ਇਸ ਸਮੇਂ ਸਾਡੇ ਸਮਾਜ ਦੇ ਵੱਡੀ ਗਿਣਤੀ ਲੋਕ ਡਿਪਰੈਸ਼ਨ ਦਾ ਸ਼ਿਕਾਰ ਬਣ ਰਹੇ ਹਨ।

ਇੰਟਰਨੈੱਟ ਦੇ ਇਸ ਦੌਰ ਵਿੱਚ ਸਾਡੇ ਰਿਸ਼ਤਿਆਂ ਦਾ ਵਿਸਥਾਰ ਸਾਰੇ ਦੋਸਤਾਂ-ਮਿੱਤਰਾਂ, ਗਲੀ, ਮੁਹੱਲੇ ਅਤੇ ਰਿਸ਼ਤੇਦਾਰਾਂ ਤੱਕ ਹੀ ਹੁਣ ਸੀਮਤ ਨਹੀਂ ਰਿਹਾ, ਇਹ ਹਰ ਦਿਨ ਫੈਲ ਰਿਹਾ ਹੈ। ਇਸ ਨਵੀਂ ਦੁਨੀਆ ਵਿੱਚ ਅਸੀਂ ਕੇਵਲ ਆਪਣੇ ਫਰਜ਼ਾਂ ਅਤੇ ਆਪਣਿਆਂ ਤੋਂ ਹੀ ਦੂਰ ਨਹੀਂ ਹੋ ਰਹੇ, ਬਲਕਿ ਆਪਣੇ ਆਪ ਤੋਂ ਵੀ ਦੂਰ ਨਿਕਲ ਗਏ ਹਾਂ।

ਅੱਜ ਲੋੜ ਹੈ ਕਿ ਅਸੀਂ ਰਿਸ਼ਤਿਆਂ ਦੀ ਅਹਿਮੀਅਤ ਨੂੰ ਸਮਝੀਏ, ਜਾਣੀਏ। ਰਿਸ਼ਤਿਆਂ ਦਾ ਮੁਲਾਂਕਣ ਪੈਸੇ ਅਤੇ ਜਾਇਦਾਦ ਦੇ ਆਧਾਰ 'ਤੇ ਕਰਨਾ ਬੰਦ ਕਰੀਏ। ਅਸੀਂ ਆਪਣਿਆਂ ਨਾਲ ਆਪਣਿਆਂ ਵਰਗਾ ਵਿਹਾਰ ਕਰੀਏ। ਜੀਵਨ ਪ੍ਰਤੀ ਬਜ਼ੁਰਗਾਂ ਦੇ ਤਜਰਬੇ ਤੋਂ ਕੁਝ ਸਿੱਖੀਏ ਅਤੇ ਉਹਨਾਂ ਦਾ ਸਤਿਕਾਰ ਕਰੀਏ। ਚੀਨ ਦਾ ਇੱਕ ਆਖਾਣ ਹੈ, 'ਸਫਲ ਹੋਣ ਲਈ ਤਿੰਨ ਬਜ਼ੁਰਗਾਂ ਦੀ ਸਲਾਹ ਲਓ।' ਇਸ ਦੇ ਨਾਲ ਨਾਲ ਸਾਨੂੰ ਇਹ ਵੀ ਸਮਝਣ ਦੀ ਲੋੜ ਹੈ, ਜਿੱਥੇ ਚਾਰ ਭਾਂਡੇ ਹੋਣ, ਉੱਥੇ ਉਹ ਖੜਕਦੇ ਵੀ ਹਨ। ਜੇਕਰ ਪਰਵਾਰਕ ਤੌਰ 'ਤੇ ਸਾਡੇ ਵਿੱਚ ਕਿਸੇ ਨਾਲ ਕਿਹਾ-ਸੁਣੀ ਹੋਈ ਹੈ ਤਾਂ ਇਸ ਨੂੰ ਲੰਮਾ ਨਾ ਖਿੱਚਿਆ ਜਾਵੇ। ਕੁਝ ਘੰਟੇ ਦੇ ਵਕਫੇ ਮਗਰੋਂ ਹਾਲਾਤ ਨੂੰ ਸੁਖਾਵਾਂ ਬਣਾਉਣ ਦਾ ਯਤਨ ਕੀਤਾ ਜਾਣਾ ਚਾਹੀਦਾ ਹੈ। ਪਤੀ-ਪਤਨੀ ਵਿੱਚ ਹੋਇਆ ਲੜਾਈ-ਝਗੜਾ ਇੱਕ ਦਿਨ ਤੋਂ ਲੰਮਾ ਨਹੀਂ ਹੋਣਾ ਚਾਹੀਦਾ। ਆਮ ਹਾਲਤਾਂ ਵਿੱਚ ਸਾਨੂੰ ਆਪਸੀ ਝਗੜਿਆਂ ਦਾ ਵਿਸ਼ਲੇਸ਼ਣ ਕਰਦੇ ਰਹਿਣਾ ਚਾਹੀਦਾ ਹੈ ਅਤੇ ਪਰਵਾਰ ਦੇ ਹਰ ਜੀਅ ਨੂੰ ਇਸ ਗੱਲ ਲਈ ਸਹਿਮਤ ਕਰਨਾ ਚਾਹੀਦਾ ਕਿ ਆਪਣਾ ਕੋਈ ਵੀ ਲੜਾਈ-ਝਗੜਾ ਇੱਕ ਘੰਟੇ ਜਾਂ ਦੋ ਘੰਟੇ ਤੋਂ ਵੱਧ ਨਹੀਂ ਹੋਣਾ ਚਾਹੀਦਾ। ਸਾਨੂੰ ਦੂਜਿਆਂ ਨਾਲ ਚੰਗਾ ਵਿਹਾਰ ਕਰਨਾ ਚਾਹੀਦਾ ਹੈ, ਦੂਜਿਆਂ ਨਾਲ ਮਿਲਵਰਤਣ ਅਤੇ ਸਹਿਯੋਗ ਕਰਕੇ ਹੀ ਅਸੀਂ ਜੀਵਨ ਵਿੱਚ ਖੁਸ਼ਹਾਲ ਰਹਿ ਸਕਦੇ ਹਾਂ।

**# ਸੰਪਰਕ : 98550-51099**

# ਸਰਕਾਰ ਦੇ ਝੂਠ ਦਾ ਸਾਥ ਕਿਉਂ ਦੇ ਰਿਹੈ ਭਾਰਤੀ ਮੀਡੀਆ?

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**

ਕੋਈ ਵੇਲਾ ਸੀ, ਜਦੋਂ ਭਾਰਤ ਵਿਚ ਪੱਤਰਕਾਰੀ ਅਤੇ ਪੱਤਰਕਾਰਾਂ ਦੇ ਕੁਝ ਅਸੂਲ ਤੇ ਕੁਝ ਆਦਰਸ਼ ਹੋਇਆ ਕਰਦੇ ਸਨ। ਪੱਤਰਕਾਰਾਂ ਅਤੇ ਸੰਪਾਦਕਾਂ ਅੰਦਰ ਨਿਧੜਕਤਾ ਅਤੇ ਸੱਚਾਈ ਇਸ ਕਦਰ ਭਰੀ ਪਈ ਸੀ ਕਿ ਉਹ ਸ਼ਕਤੀਸ਼ਾਲੀ ਤੋਂ ਵੀ ਸ਼ਕਤੀਸ਼ਾਲੀ ਸੱਤਾਧਾਰੀ ਸਿਆਸਤਦਾਨਾਂ ਅਤੇ ਉੱਚ-ਅਹੁਦਿਆਂ 'ਤੇ ਬਿਰਾਜਮਾਨ ਅਫ਼ਸਰਾਂ ਨੂੰ ਸਿੱਧੇ ਤੇ ਤਿੱਖੇ ਸਵਾਲ ਕਰਨ ਤੋਂ ਰਤਾ ਵੀ ਨਹੀਂ ਝਿਜਕਦੇ ਸਨ। ਅਖ਼ਬਾਰਾਂ ਅਤੇ ਚੈਨਲਾਂ ਦੀਆਂ ਖ਼ਬਰਾਂ ਵਿਚ ਇਸ ਕਦਰ ਸੱਚਾਈ ਦੀ ਤਾਕਤ ਹੁੰਦੀ ਸੀ ਕਿ ਉਹ ਸਰਕਾਰਾਂ ਦੇ ਤਖ਼ਤੇ ਤੱਕ ਹਿਲਾ ਦੇਣ ਦੇ ਸਮਰੱਥ ਹੁੰਦੇ ਸਨ, ਪਰ ਭਾਰਤੀ ਪੱਤਰਕਾਰਤਾ ਵਿਚ ਨਿਘਾਰ ਹੁਣ ਐਨਾ ਕੁ ਆ ਗਿਆ ਹੈ ਕਿ ਹੁਣ ਲੋਕ ਵੱਖ-ਵੱਖ ਅਖ਼ਬਾਰਾਂ ਅਤੇ ਨਿਊਜ਼ ਚੈਨਲਾਂ 'ਤੇ ਸ਼ਰੇਆਮ ਸੱਤਾ ਧਿਰ ਦੀ ਚਾਪਲੂਸੀ ਕਰਨ ਦੇ ਇਲਜ਼ਾਮ ਲਗਾਉਣ ਲੱਗ ਪਏ ਹਨ ਤੇ 'ਮੋਦੀ ਰਾਜ' ਵਿਚ ਤਾਂ ਸਰਕਾਰ ਦੇ ਪਿੱਠੂ ਮੀਡੀਆ ਲਈ 'ਗੋਦੀ ਮੀਡੀਆ' ਨਾਮਕ ਸਿਰਲੇਖ ਹੀ ਈਜਾਦ ਕਰ ਦਿੱਤਾ ਗਿਆ ਹੈ।

ਇਹ ਬਹੁਤ ਹੀ ਬੁਰੀ ਗੱਲ ਹੈ ਕਿ ਭਾਰਤ ਦੀ ਸੱਤਾ ਦੇ ਉੱਚ-ਅਹੁਦਿਆਂ 'ਤੇ ਬਿਰਾਜਮਾਨ ਆਗੂ ਗਿਆਰਾਂ ਸਾਲ ਦੇ ਆਪਣੇ ਕਾਰਜਕਾਲ ਦੌਰਾਨ ਇਕ ਵੀ ਪ੍ਰੈੱਸ ਕਾਨਫ਼ਰੰਸ ਨਹੀਂ ਕਰਦੇ ਤੇ ਜੇਕਰ ਕਿਧਰੇ ਇੱਕਾ-ਦੁੱਕਾ ਪ੍ਰੈੱਸ ਵਾਰਤਾ ਕਰਦੇ ਵੀ ਹਨ ਤਾਂ ਉਹ ਤਿੱਖੇ ਸਵਾਲ ਕਰਨ ਵਾਲੇ ਅਤੇ ਵੱਖ-ਵੱਖ ਮਾਮਲਿਆਂ ਸਬੰਧੀ ਸਰਕਾਰ ਦੀ ਜਵਾਬਦੇਹੀ ਪੁੱਛਣ ਦੀ ਥਾਂ 'ਚਾਟੂਕਾਰਿਤਾ' ਵਾਲੇ ਸਵਾਲ ਪੁੱਛਦੇ ਹਨ, ਜਿਨ੍ਹਾ ਦਾ ਦੇਸ਼ ਜਾਂ ਸਮਾਜ ਨੂੰ ਦਰਪੇਸ਼ ਮਸਲਿਆਂ ਨਾਲ ਕੋਈ ਸਰੋਕਾਰ ਨਹੀਂ ਹੁੰਦਾ। ਸਿਆਸਤਦਾਨਾਂ ਅਤੇ ਅਫ਼ਸਰਸ਼ਾਹੀ ਕੋਲੋਂ ਜਵਾਬ ਮੰਗਣ ਦੀ ਆਪਣੀ ਜ਼ਿੰਮੇਵਾਰੀ ਭੁੱਲ ਕੇ ਪ੍ਰਿੰਟ ਅਤੇ ਬਿਜਲਈ ਮੀਡੀਆ ਹੁਣ ਚਾਂਦੀ ਦੇ ਚੰਦ ਟੁਕੜਿਆਂ 'ਤੇ ਡੁੱਲ੍ਹ ਗਿਆ ਹੈ। ਮੀਡੀਆ ਭਾਵ ਪੱਤਰਕਾਰੀ ਵਿਚ ਨਿਘਾਰ ਦਾ ਵਰਤਮਾਨ ਆਲਮ ਇਹ ਹੈ ਕਿ ਮੀਡੀਆ ਹੁਣ ਸ਼ਰੇਆਮ ਝੂਠ ਬੋਲਣ ਲੱਗ ਪਿਆ ਹੈ, ਜਦੋਂ ਕਿ ਸੋਸ਼ਲ ਮੀਡੀਆ ਰਾਹੀਂ ਦੇਸ਼ ਨੂੰ ਸੱਚਾਈ ਦਾ ਪਤਾ ਲੱਗਣ ਲਗ ਪਿਆ ਹੈ।

'ਅਪ੍ਰੇਸ਼ਨ ਸਿੰਧੂਰ' ਦੌਰਾਨ ਭਾਰਤ ਦੀ ਜਨਤਾ ਨੇ ਗੋਦੀ ਮੀਡੀਆ ਦੁਆਰਾ ਫ਼ੈਲਾਏ ਜਾਂਦੇ ਝੂਠ ਨੂੰ ਸਾਰੇ ਦੇਸ਼ ਨੇ ਆਪਣੀ ਅੱਖੀਂ ਵੇਖਿਆ ਸੀ। ਦੇਸ਼ ਦੀ ਫ਼ੌਜ ਅਜੇ ਸਰਹੱਦ ਦੇ ਇਸ ਪਾਰ ਸੀ, ਪਰ ਮੀਡੀਆ ਚੈਨਲਾਂ ਨੇ ਸਰਕਾਰ ਦੀ ਜੀ-ਹਜ਼ੂਰੀ ਦੇ ਸਾਰੇ ਰਿਕਾਰਡ ਮਾਤ ਪਾਉਂਦਿਆਂ ਹੋਇਆਂ ਭਾਰਤੀ ਫ਼ੌਜ ਦੇ ਕਰਾਚੀ ਜਾਂ ਲਾਹੌਰ ਅੰਦਰ ਜਾ ਵੜਨ ਦੀਆਂ ਖ਼ਬਰਾਂ ਪ੍ਰਸਾਰਤ ਕਰਨੀਆਂ ਸ਼ੁਰੂ ਕਰ ਦਿੱਤੀਆਂ ਸਨ। ਭਾਰਤ ਦੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਸੰਸਦ ਵਿਚ ਖੜ੍ਹੇ ਹੋ ਕੇ ਸ਼ਰੇਆਮ ਝੂਠ ਬੋਲਿਆ ਕਿ 'ਦੇਸ਼ ਦਾ ਕੋਈ ਨੁਕਸਾਨ ਨਹੀਂ ਹੋਇਆ।' ਜਦੋਂ ਕਿ ਬਾਅਦ ਵਿਚ ਸਾਬਕਾ ਸੈਨਿਕਾਂ ਨੇ ਪ੍ਰੈੱਸ ਕਾਨਫ਼ਰੰਸ ਕਰਕੇ ਖ਼ੁਲਾਸਾ ਕਰ ਦਿੱਤਾ ਸੀ ਕਿ ਦੇਸ਼ ਦੇ ਦਸ ਸੈਨਿਕਾਂ ਨੂੰ ਇਸ ਅਪ੍ਰੇਸ਼ਨ ਦੌਰਾਨ ਆਪਣਾ ਪ੍ਰਾਣਾਂ ਦਾ ਬਲਿਦਾਨ ਦੇਣਾ ਪਿਆ ਸੀ। ਸਰਕਾਰ ਦੇ ਐਨੇ ਵੱਡੇ ਝੂਠ ਬਾਰੇ ਮੀਡੀਆ ਨੇ ਇਕ ਵੀ ਸਵਾਲ ਖੜ੍ਹਾ ਨਾ ਕਰਕੇ ਝੂਠ ਦਾ ਪੂਰਾ-ਪੂਰਾ ਸਾਥ ਦਿੱਤਾ ਸੀ।

ਕੇਂਦਰ ਦੀ ਐੱਨ.ਡੀ.ਏ.ਸਰਕਾਰ ਨੇ ਬੀਤੇ ਦਿਨੀਂ ਜੀ ਐੱਸ ਟੀ ਵਿਚ ਵੱਡੀ ਛੋਟ ਦਿੰਦਿਆਂ ਹੋਇਆਂ ਦੇਸ਼ ਵਾਸੀਆਂ ਨੂੰ 'ਤਿਉਹਾਰ' ਮਨਾਉਣ ਦੀ ਤਾਕੀਦ ਕੀਤੀ ਸੀ, ਪਰ ਹਰ ਵੇਲੇ ਚੌਕੰਨਾ ਤੇ ਮੁਸਤੈਦ ਰਹਿਣ ਦਾ ਦਾਅਵਾ ਕਰਨ ਵਾਲੇ ਮੀਡੀਆ ਨੇ ਸਰਕਾਰ ਨੂੰ ਇਹ ਸਵਾਲ ਨਹੀਂ ਕੀਤਾ ਸੀ ਕਿ ਸੰਨ 2017 ਤੋਂ 2025 ਤੱਕ 127 ਲੱਖ ਕਰੋੜ ਰੁਪਏ ਦਾ ਜੋ ਜੀ ਐੱਸ ਟੀ ਦੇਸ਼ ਦੀ ਜਨਤਾ ਤੋਂ ਵਸੂਲਿਆ ਗਿਆ ਸੀ, ਉਹ ਵੀ ਤਾਂ ਇਸੇ ਸਰਕਾਰ ਨੇ ਲਗਾਇਆ ਸੀ ਤੇ ਜੇਕਰ ਇਹ ਸਰਕਾਰ ਅੱਠ ਸਾਲ ਤੱਕ ਜਨਤਾ ਨੂੰ 'ਲੁੱਟਦੀ' ਰਹੀ ਸੀ ਤਾਂ ਫਿਰ ਹੁਣ 'ਉਤਸਵ' ਮਨਾਉਣ ਦੀ ਕੀ ਤੁਕ ਬਣਦੀ ਹੈ? ਸਰਕਾਰ ਦੇ ਇਸ ਝੂਠ ਅਤੇ ਚਲਾਕੀ ਬਾਰੇ ਸਭ ਕੁਝ ਜਾਣਦਿਆਂ ਹੋਇਆਂ ਵੀ ਮੀਡੀਆ ਖ਼ਾਮੋਸ਼ ਹੈ ਤੇ ਇਸ ਝੂਠ ਵਿਚ ਸਰਕਾਰ ਦਾ ਭਾਈਵਾਲ ਹੋਣ ਦੀ ਭੂਮਿਕਾ ਨਿਭਾਅ ਰਿਹਾ ਹੈ।

ਮੀਡੀਆ ਸਰਕਾਰ ਤੋਂ ਇਹ ਸਵਾਲ ਨਹੀਂ ਕਰਦਾ ਕਿ ਐਨੀ ਸ਼ਕਤੀਸ਼ਾਲੀ, ਜਾਗਰੂਕ ਅਤੇ ਰਾਸ਼ਟਰਵਾਦੀ ਸਰਕਾਰ ਦੇ ਰਾਜਕਾਲ ਵਿਚ 'ਪਹਿਲਗਾਮ ਕਾਂਡ', 'ਪੁਲਵਾਮਾ ਕਾਂਡ', 'ਪਠਾਨਕੋਟ ਕਾਂਡ', 'ਮਨੀਪੁਰ ਕਾਂਡ' ਆਦਿ ਜਿਹੇ ਕਈ ਵੱਡੇ ਅਤੇ ਸ਼ਰਮਨਾਕ ਕਾਂਡ ਵਾਪਰੇ ਹਨ, ਪਰ ਇਨ੍ਹਾਂ ਦੀ ਜਾਂਚ ਰਿਪੋਰਟ ਕੀ ਆਈ, ਕੌਣ-ਕੌਣ ਦੋਸ਼ੀ ਪਾਇਆ ਗਿਆ ਤੇ ਕਿਸ-ਕਿਸ ਨੂੰ ਸਜ਼ਾ ਮਿਲੀ ਆਦਿ ਜਿਹੇ ਸੰਜੀਦਾ ਅਤੇ ਮਹੱਤਵਪੂਰਨ ਪ੍ਰਸ਼ਨ ਮੀਡੀਆ ਵੱਲੋਂ ਸਰਕਾਰ ਤੋਂ ਨਹੀਂ ਪੁੱਛੇ ਜਾਂਦੇ।

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਆਪਣੇ ਬਿਆਨਾਂ ਨਾਲ, ਵਾਧੂ ਟੈਰਿਫ਼ ਨਾਲ ਅਤੇ ਭਾਰਤੀਆਂ ਨੂੰ ਅਪਮਾਨਜਨਕ ਢੰਗ ਨਾਲ ਡਿਪੋਰਟ ਕੀਤੇ ਜਾਣ ਵਾਲੇ ਆਪਣੇ ਕਰਮਾਂ ਸਦਕਾ ਭਾਰਤ ਦਾ ਨਿਰੰਤਰ ਅਪਮਾਨ ਕਰ ਰਹੇ ਹਨ, ਪਰ '56 ਇੰਚ' ਦੇ ਸੀਨੇ ਵਾਲੀ ਸਰਕਾਰ ਅਤੇ ਉਸ ਦਾ ਪਾਲਤੂ ਬਣਦਾ ਜਾ ਰਿਹਾ ਮੀਡੀਆ ਦਾ ਇਕ ਵੱਡਾ ਵਰਗ ਸ੍ਰੀ ਟਰੰਪ ਦੇ ਬਿਆਨਾਂ ਅਤੇ ਕੁਕਰਮਾਂ ਬਾਰੇ ਪੂਰੀ ਤਰ੍ਹਾਂ ਖ਼ਾਮੋਸ਼ ਹੈ। ਵਿਰੋਧੀ ਧਿਰ ਵੱਲੋਂ ਸਬੂਤਾਂ ਅਤੇ ਅੰਕੜਿਆਂ ਸਹਿ 'ਵੋਟ ਚੋਰੀ' ਬਾਰੇ ਭਾਰਤੀ ਚੋਣ ਕਮਿਸ਼ਨ ਤੋਂ ਪੁੱਛੇ ਗਏ ਸਵਾਲਾਂ ਦਾ ਚੋਣ ਕਮਿਸ਼ਨ ਵੱਲੋਂ ਇਕ ਵੀ ਢੰਗ ਦਾ ਜਵਾਬ ਨਹੀਂ ਦਿੱਤਾ ਗਿਆ ਪਰ ਕਿਸੇ ਨਿਊਜ਼ ਚੈਨਲ ਜਾਂ ਪੱਤਰਕਾਰ ਨੇ ਚੋਣ ਕਮਿਸ਼ਨਰ ਦਾ ਨਿਜੀ ਇੰਟਰਵਿਊ ਕਰਕੇ ਸ਼ੰਕੇ ਦੂਰ ਕਰਨ ਦਾ ਯਤਨ ਨਹੀਂ ਕੀਤਾ। ਸਰਕਾਰ ਨੇ ਚੋਣ ਕਮਿਸ਼ਨਰਾਂ ਦੀ ਚੋਣ ਪ੍ਰਕਿਰਿਆ ਵਿੱਚੋਂ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਨੂੰ ਬਾਹਰ ਕਰਕੇ ਆਪਣੀ ਅਜਾਰੇਦਾਰੀ ਕਾਇਮ ਕਰ ਲਈ, ਲੋਕ ਹੱਕਾਂ ਦਾ ਪਹਿਰੇਦਾਰ ਅਖਵਾਉਣ ਵਾਲਾ ਮੀਡੀਆ ਕੁਸਕਿਆ ਤੱਕ ਵੀ ਨਹੀਂ। ਸਰਕਾਰ ਚਾਹੇ ਜੋ ਮਰਜ਼ੀ ਕਹੇ ਜਾਂ ਕਰੇ, ਪਰ ਪੱਤਰਕਾਰਾਂ ਨੂੰ ਤਾਂ ਆਪਣੇ ਫ਼ਰਜ਼ ਈਮਾਨਦਾਰੀ ਨਾਲ ਨਿਭਾਉਣੇ ਚਾਹੀਦੇ ਹਨ। ਹੁਣ ਨੌਬਤ ਤਾਂ ਇਥੋਂ ਤੱਕ ਆ ਗਈ ਹੈ ਕਿ ਅਖ਼ਬਾਰਾਂ ਅਤੇ ਨਿਊਜ਼ ਚੈਨਲਾਂ ਦੇ 'ਵਿਕਾਊ' ਹੋਣ ਬਾਰੇ ਗੱਲ ਕਰਕੇ ਭਾਰਤੀ ਸ਼ਾਇਰ ਵੀ ਅਜੋਕੀ ਪੱਤਰਕਾਰਤਾ 'ਤੇ ਗੰਭੀਰ ਟਿੱਪਣੀ ਕਰਦਿਆਂ ਹੋਇਆਂ ਆਖਣ ਲੱਗ ਪਏ ਹਨ :

*'ਆਜ ਅਖ਼ਬਾਰ ਖ਼ਰੀਦਾ ਤੋ ਮਾਲੂਮ ਹੂਆ,*
*ਕੋਈ ਪਹਿਲੇ ਹੀ 'ਖ਼ਰੀਦ' ਚੁਕਾ ਹੈ ਇਸਕੋ।'*

ਅੱਜ ਦੇਸ਼ ਵਿਚ ਮਹਿੰਗਾਈ, ਗ਼ਰੀਬੀ ਅਤੇ ਬੇਰੁਜ਼ਗਾਰੀ ਸਿਖਰ 'ਤੇ ਹਨ। ਡਾਲਰ ਦੇ ਮੁਕਾਬਲੇ ਰੁਪਿਆ ਧਰਾਤਲ 'ਤੇ ਹੈ। ਕੌਮਾਂਤਰੀ ਬਾਜ਼ਾਰ ਵਿਚ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿਚ ਗਿਰਾਵਟ ਦੇ ਬਾਵਜੂਦ ਭਾਰਤ ਅੰਦਰ ਪੈਟਰੋਲ, ਡੀਜ਼ਲ ਅਤੇ ਰਸੋਈ ਗੈਸ ਦੀਆਂ ਕੀਮਤਾਂ ਬਹੁਤ ਜ਼ਿਆਦਾ ਹਨ। ਸੋਨੇ ਦੀਆਂ ਕੀਮਤਾਂ ਪਿਛਲੇ ਸਾਰੇ ਰਿਕਾਰਡ ਮਾਤ ਪਾ ਰਹੀਆਂ ਹਨ। ਦੇਸ਼ ਦੀ 80 ਕਰੋੜ ਆਬਾਦੀ ਮੁਫ਼ਤ ਰਾਸ਼ਨ ਦੇ ਆਸਰੇ ਜ਼ਿੰਦਗੀ ਕੱਟ ਰਹੀ ਹੈ ਤੇ ਰਾਜਨੇਤਾ ਦੇਸ਼ ਦੀ ਤਰੱਕੀ ਦੇ ਕਸੀਦੇ ਪੜ੍ਹਦਿਆਂ ਹੋਇਆਂ ਅਸਮਾਨ ਨੂੰ ਟਾਕੀਆਂ ਲਾ ਰਹੇ ਹਨ। 'ਵਿਦੇਸ਼ੀ ਘੜੀ', ਵਿਦੇਸ਼ੀ ਜੁੱਤੀ', ਵਿਦੇਸ਼ੀ ਸੂਟ' ਪਹਿਨਣ ਵਾਲੇ, ਵਿਦੇਸ਼ੀ ਪੈੱਨ ਅਤੇ 'ਵਿਦੇਸ਼ੀ ਚਸ਼ਮਾ' ਵਰਤਣ ਵਾਲੇ ਅਤੇ 'ਵਿਦੇਸ਼ੀ ਗੱਡੀਆਂ' ਅਤੇ 'ਵਿਦੇਸ਼ੀ ਹਵਾਈ ਜਹਾਜ਼' ਵਿਚ ਘੁੰਮਣ ਵਾਲੇ ਮਾਣਯੋਗ ਭਾਰਤੀ ਪ੍ਰਧਾਨ ਮੰਤਰੀ ਸਾਹਿਬ ਬੀਤੇ ਦਿਨ ਰਾਸ਼ਟਰ ਨੂੰ ਆਪਣੇ ਸੰਬੋਧਨ ਦੌਰਾਨ 'ਸਵਦੇਸ਼ੀ' ਅਪਣਾਉਣ ਦਾ 'ਉਪਦੇਸ਼' ਭਾਰਤ ਦੀ ਜਨਤਾ ਨੂੰ ਦੇ ਰਹੇ ਸਨ ਤੇ ਉਨ੍ਹਾ ਨੂੰ ਇਸ ਬਾਰੇ ਪਲਟ ਕੇ ਸਵਾਲ ਕਰਨ ਦੀ ਜ਼ਿੰਮੇਵਾਰੀ ਰੱਖਣ ਵਾਲਾ ਭਾਰਤ ਦਾ ਸਮੁੱਚਾ ਮੀਡੀਆ ਖ਼ਾਮੋਸ਼ ਰਹਿ ਕੇ ਸਰਕਾਰ ਦੇ ਇਸ ਝੂਠ ਵਿਚ ਬਰਾਬਰ ਦਾ ਭਾਗੀਦਾਰ ਬਣ ਗਿਆ ਹੈ।

ਲੱਦਾਖ਼ ਦੇ ਹੱਕਾਂ ਲਈ ਲੜਾਈ ਲੜ ਰਹੇ ਲੱਦਾਖ਼ੀ ਆਗੂ ਸੋਨਮ ਵਾਂਗਚੁਕ ਨੂੰ ਪੰਜਾਬ ਦੇ ਧਰਨਾਕਾਰੀ ਕਿਸਾਨਾਂ ਵਾਂਗ 'ਦੇਸ਼ ਧ੍ਰੋਹੀ' ਗਰਦਾਨ ਕੇ ਬਦਨਾਮ ਕਰਨ ਦੀ ਸਾਜ਼ਿਸ਼ ਕਰ ਰਹੀ ਭਾਰਤ ਸਰਕਾਰ ਦੇ ਖ਼ਿਲਾਫ਼ ਇਕ ਵੀ ਵਿਦਰੋਹ ਜਾਂ ਵਿਰੋਧ ਦਾ ਲਫ਼ਜ਼ ਨਾ ਉਚਾਰ ਕੇ ਭਾਰਤੀ ਮੀਡੀਆ ਭਾਰਤ ਸਰਕਾਰ ਦੀ ਜ਼ਿਆਦਤੀ ਦਾ ਸਾਥ ਦੇ ਰਿਹਾ ਹੈ। ਇਸ ਸਾਰੇ ਵਰਤਾਰੇ ਬਾਰੇ ਮਸ਼ਹੂਰ ਤੇ ਇਨਕਲਾਬੀ ਸ਼ਾਇਰ ਰਾਹਤ ਇੰਦੌਰੀ ਦਾ ਸ਼ੇਅਰ ਬਿਲਕੁਲ ਠੀਕ ਢੁਕਦਾ ਹੈ। ਉਸ ਨੇ ਕਿਹਾ ਸੀ :

*ਲਸ਼ਕਰ ਭੀ ਤੁਮਹਾਰਾ ਹੈ, ਸਰਦਾਰ ਤੁਮਹਾਰਾ ਹੈ,*
*ਤੁਮ ਝੂਠ ਕੋ ਸੱਚ ਲਿਖ਼ ਦੋ, ਅਖ਼ਬਾਰ ਤੁਮਹਾਰਾ ਹੈ।*
*ਇਸ ਦੌਰ ਕੇ ਫ਼ਰਿਆਦੀ ਜਾਏਂ ਤੋਂ ਕਹਾਂ ਜਾਏਂ,*
*ਸਰਕਾਰ ਭੀ ਤੁਮਹਾਰੀ ਹੈ, ਦਰਬਾਰ ਤੁਮਹਾਰਾ ਹੈ।*

**# ਸੰਪਰਕ : 97816-46008**

# ਮਹਿੰਗੀ ਮੈਡੀਕਲ ਸਿੱਖਿਆ ਅਤੇ ਬਾਂਡ ਪਾਲਿਸੀ


ਡਾ. ਗੁਰਤੇਜ ਸਿੰਘ

ਜੂਨ 2025 ਵਿੱਚ ਪੰਜਾਬ ਸਰਕਾਰ ਨੇ 2025-26 ਸੈਸ਼ਨ ਲਈ ਸੂਬੇ ਦੇ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਐਮ ਬੀ ਬੀ ਐੱਸ ਅਤੇ ਬੀ ਡੀ ਐੱਸ ਕੋਰਸ ਕਰਨ ਵਾਲੇ ਵਿਦਿਆਰਥੀਆਂ ਲਈ ਬਾਂਡ ਪਾਲਿਸੀ ਲਾਗੂ ਕੀਤੀ ਹੈ, ਜਿਸ ਤਹਿਤ ਸਟੇਟ ਕੋਟਾ ਦੇ ਅੰਤਰਗਤ ਉਕਤ ਕੋਰਸ ਕਰਨ ਵਾਲੇ ਵਿਦਿਆਰਥੀਆਂ ਨੂੰ ਪੜ੍ਹਾਈ ਪੂਰੀ ਹੋਣ ਉਪਰੰਤ ਸਰਕਾਰੀ ਸਿਹਤ ਖੇਤਰ ਵਿੱਚ ਲਾਜ਼ਮੀ ਤੌਰ 'ਤੇ ਦੋ ਸਾਲ ਅਤੇ ਆਲ ਇੰਡੀਆ ਕੋਟਾ ਤਹਿਤ ਇੱਕ ਸਾਲ ਨੌਕਰੀ ਕਰਨੀ ਹੀ ਪਵੇਗੀ, ਨਾ ਕਰਨ ਦੀ ਸੂਰਤ ਵਿੱਚ ਵੀਹ ਲੱਖ ਰੁਪਏ ਜੁਰਮਾਨਾ ਸਰਕਾਰ ਨੂੰ ਜਮ੍ਹਾਂ ਕਰਵਾਉਣੇ ਪੈਣਗੇ। ਅਗਰ ਦੇਖਿਆ ਜਾਵੇ ਤਾਂ ਸਾਡੇ ਸੂਬੇ ਅੰਦਰ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਐੱਮ ਬੀ ਬੀ ਐਸ ਕੋਰਸ ਦੀ ਫੀਸ ਦਸ ਲੱਖ ਰੁਪਏ ਦੇ ਕਰੀਬ ਬਣਦੀ ਹੈ, ਜੋ ਦੂਜੇ ਰਾਜਾਂ ਦੇ ਮੁਕਾਬਲੇ ਕਾਫੀ ਜ਼ਿਆਦਾ ਹੈ। ਇਸ ਦੇ ਨਾਲ ਹੀ ਪੋਸਟ ਗ੍ਰੈਜੂਏਸ਼ਨ ਕੋਰਸਾਂ ਲਈ ਵੀ ਸਟੇਟ ਕੋਟਾ ਤਹਿਤ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਐਮ ਡੀ/ਐਮ ਐਸ ਕੋਰਸ ਵਾਲੇ ਵਿਦਿਆਰਥੀਆਂ ਲਈ ਬਾਂਡ ਦੀ ਸਮਾਂ ਸੀਮਾ ਦੋ ਸਾਲ ਤੋਂ ਵਧਾ ਕੇ ਤਿੰਨ ਸਾਲ ਕਰ ਦਿੱਤੀ ਗਈ ਹੈ ਅਤੇ ਜੁਰਮਾਨੇ ਦੀ ਰਾਸ਼ੀ ਵੀਹ ਲੱਖ ਤੋਂ ਵਧਾ ਕੇ ਤੀਹ ਲੱਖ ਰੁਪਏ ਕਰ ਦਿੱਤੀ ਗਈ ਹੈ। ਆਲ ਇੰਡੀਆ ਕੋਟਾ ਤਹਿਤ ਕੋਰਸ ਦੀ ਸਮਾਪਤੀ ਤੋਂ ਬਾਅਦ ਲਾਜ਼ਮੀ ਤੌਰ 'ਤੇ ਸੂਬੇ ਦੀ ਸਰਕਾਰੀ ਸਿਹਤ ਸੰਸਥਾ ਅੰਦਰ ਦੋ ਸਾਲ ਨੌਕਰੀ ਕਰਨੀ ਹੀ ਪਵੇਗੀ ਅਤੇ ਨਾ ਕਰਨ ਦੀ ਸੂਰਤ ਵਿੱਚ ਬਾਂਡ ਦੀ ਰਾਸ਼ੀ 15 ਲੱਖ ਤੋਂ ਵਧਾ ਕੇ 20 ਲੱਖ ਰੁਪਏ ਕਰ ਦਿੱਤੀ ਗਈ ਹੈ। ਸਰਕਾਰ ਜੇਕਰ ਬਾਂਡ ਪਾਲਿਸੀ ਦੇ ਹੱਕ ਵਿੱਚ ਹੈ ਤਾਂ ਉਕਤ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਵਿਦਿਆਰਥੀਆਂ ਤੋਂ ਏਨੀਆਂ ਫੀਸਾਂ ਵਸੂਲਣ ਦੀ ਕੀ ਤੁੱਕ ਬਣਦੀ, ਨਹੀਂ ਤਾਂ ਇਨ੍ਹਾਂ ਵਿਦਿਆਰਥੀਆਂ ਲਈ ਬਾਂਡ ਪਾਲਿਸੀ ਦੀ ਸਾਰਥਿਕਤਾ ਸ਼ੱਕ ਦੇ ਘੇਰੇ ਹੇਠ ਰਹੇਗੀ। ਪੰਜਾਬ ਮੈਡੀਕਲ ਸਿੱਖਿਆ ਵਿਭਾਗ ਅਨੁਸਾਰ ਸੂਬੇ ਅੰਦਰ ਸਰਕਾਰੀ ਸਿਹਤ ਸੰਸਥਾਵਾਂ ਅੰਦਰ ਮਨਜ਼ੂਰਸ਼ੁਦਾ ਡਾਕਟਰਾਂ ਦੀਆਂ 47 ਫ਼ੀਸਦੀ ਅਸਾਮੀਆਂ ਖਾਲੀ ਹਨ। ਸਰਕਾਰ ਨੂੰ ਇਸ ਸਮੱਸਿਆ ਦਾ ਹੱਲ ਡਾਕਟਰਾਂ ਦੀ ਰੈਗੂਲਰ ਭਰਤੀ ਕਰਕੇ ਕਰਨਾ ਚਾਹੀਦਾ ਹੈ, ਨਾ ਕਿ ਇਸ ਤਰ੍ਹਾਂ ਆਪਣੀ ਮਰਜ਼ੀ ਥੋਪ ਕੇ।

ਬੀਤੀ 27 ਮਈ 2020 ਨੂੰ ਪੰਜਾਬ ਕੈਬਨਿਟ ਦੀ ਮੀਟਿੰਗ ਦੌਰਾਨ ਸਿਹਤ ਸਿੱਖਿਆ ਸੰਸਥਾਨ ਐਕਟ 2006 ਵਿੱਚ ਸੋਧ ਕਰਕੇ ਐਕਟ 2020 ਦੇ ਅੰਤਰਗਤ ਸੂਬੇ ਦੇ ਸਰਕਾਰੀ ਤੇ ਨਿੱਜੀ ਮੈਡੀਕਲ ਕਾਲਜਾਂ ਵਿੱਚ ਮੈਡੀਕਲ ਕੋਰਸਾਂ ਜਿਵੇਂ ਐੱਮ ਬੀ ਬੀ ਐੱਸ ਦੀਆਂ 1100 ਸੀਟਾਂ ਅਤੇ ਐੱਮ ਡੀ,ਐਮ ਐੱਸ ਕੋਰਸ ਦੀਆਂ 671 ਸੀਟਾਂ ਲਈ ਫੀਸਾਂ ਵਿੱਚ ਵਾਧੇ ਨੂੰ ਮਨਜ਼ੂਰੀ ਦੇਣ ਦੇ ਫੈਸਲੇ ਨੇ ਇਸ ਖੇਤਰ ਵਿੱਚ ਪੈਰ ਪਾਉਣ ਵਾਲਿਆਂ ਨੂੰ ਚੁਣੌਤੀ ਦਿੱਤੀ ਸੀ। ਸਾਡੇ ਸੂਬੇ ਵਿੱਚ ਹੀ ਸਾਲ 2015 ਵਿੱਚ ਸਰਕਾਰੀ ਮੈਡੀਕਲ ਕਾਲਜਾਂ ਅਤੇ ਸਾਲ 2014 ਵਿੱਚ ਨਿੱਜੀ ਮੈਡੀਕਲ ਕਾਲਜਾਂ ਦੀਆਂ ਫੀਸਾਂ ਵਧਾਉਣ ਦੀ ਸੂਚਨਾ ਜਾਰੀ ਹੋਈ ਸੀ। ਹਾਲਾਂਕਿ ਪਿਛਲੇ ਇੱਕ ਦਹਾਕੇ ਤੋਂ ਇਨ੍ਹਾਂ ਕੋਰਸਾਂ ਦੀਆਂ ਫੀਸਾਂ ਵਿੱਚ ਰਿਕਾਰਡ ਤੋੜ ਵਾਧਾ ਕੀਤਾ ਗਿਆ ਹੈ, ਜੋ ਲਗਾਤਾਰ ਜਾਰੀ ਹੈ। ਐੱਮ ਬੀ ਬੀ ਐੱਸ, ਬੀ ਡੀ ਐੱਸ, ਬੀ ਏ ਐੱਮ ਐੱਸ ਆਦਿ ਕੋਰਸਾਂ ਦੀਆਂ ਫੀਸਾਂ 'ਚ 77 ਫ਼ੀਸਦੀ ਤੱਕ ਵਾਧਾ ਪੰਜਾਬ ਸੂਬੇ ਦੇ ਸਰਕਾਰੀ ਮੈਡੀਕਲ ਕਾਲਜਾਂ ਅੰਦਰ, ਨਿੱਜੀ ਮੈਡੀਕਲ ਕਾਲਜਾਂ ਵਿੱਚ 33 ਫ਼ੀਸਦੀ ਅਤੇ ਮੈਨੇਜਮੈਂਟ ਕੋਟੇ ਤਹਿਤ 16.5 ਫ਼ੀਸਦੀ ਵਾਧਾ ਕੀਤਾ ਗਿਆ ਹੈ, ਜੋ ਪੂਰੇ ਦੇਸ਼ ਅੰਦਰ ਮੈਡੀਕਲ ਕੋਰਸਾਂ ਵਿੱਚ ਕੀਤੇ ਗਏ ਵਾਧੇ ਦਾ ਸਭ ਤੋਂ ਜ਼ਿਆਦਾ ਹੈ। ਸਿੱਖਿਆ ਮਾਹਰਾਂ ਅਨੁਸਾਰ ਤੇ ਮਾਣਯੋਗ ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਫੀਸਾਂ ਵਿੱਚ ਵਾਧਾ 15 ਫ਼ੀਸਦੀ ਤੋਂ ਜ਼ਿਆਦਾ ਨਹੀਂ ਕੀਤਾ ਜਾ ਸਕਦਾ ਹੈ। ਇਸ ਵਿੱਚ ਸਰਕਾਰ ਦਾ ਤਰਕ ਹੈ ਪਿਛਲੇ ਪੰਜ-ਛੇ ਸਾਲਾਂ ਦੌਰਾਨ ਕੀਮਤ ਸੂਚਕ ਅੰਕ ਵਿੱਚ ਵਾਧਾ ਹੋਣ ਕਾਰਨ ਜੋ ਵਰਤਮਾਨ ਵਿੱਚ ਫੀਸਾਂ ਵਸੂਲੀਆਂ ਜਾ ਰਹੀਆਂ ਹਨ, ਉਹ ਇਨ੍ਹਾਂ ਸੰਸਥਾਵਾਂ ਨੂੰ ਚੰਗੀ ਤਰ੍ਹਾਂ ਚਲਾਉਣ, ਮਿਆਰੀ ਸਿੱਖਿਆ ਮੁਹੱਈਆ ਕਰਵਾਉਣ ਅਤੇ ਮੈਡੀਕਲ ਕੌਂਸਲ ਆਫ ਇੰਡੀਆ ਦੇ ਮਾਪਦੰਡਾਂ ਨੂੰ ਪੂਰਨ ਦੇ ਸਮਰੱਥ ਨਹੀਂ ਸਨ। ਇਹ ਵੀ ਤਾਂ ਕੌੜਾ ਸੱਚ ਹੈ ਕਿ ਮਾਪਿਆਂ ਦਾ ਪ੍ਰੀ-ਮੈਡੀਕਲ ਟੈਸਟ ਦੀ ਤਿਆਰੀ ਸਮੇਂ ਤੋਂ ਹੀ ਖਰਚੇ ਦਾ ਮੁੱਢ ਬੱਝ ਜਾਦਾ ਹੈ ਤੇ ਗ੍ਰੈਜੂਏਸ਼ਨ ਤੱਕ ਪਹੁੰਚਦੇ-ਪਹੁੰਚਦੇ ਝੁੱਗਾ ਚੌੜ ਹੋਣ ਦੀ ਨੌਬਤ ਆ ਜਾਦੀ ਹੈ।

ਪਿਛਲੇ ਦਿਨੀਂ ਜਾਰੀ ਹੋਏ ਆਰਥਿਕ ਸਰਵੇਖਣ ਵਿੱਚ ਦੇਸ਼ ਅੰਦਰ ਮੈਡੀਕਲ ਸਿੱਖਿਆ ਦੀ ਦਸ਼ਾ ਤੇ ਦਿਸ਼ਾ ਬਾਰੇ ਚਿੰਤਾਜਨਕ ਪੱਖ ਉਜਾਗਰ ਹੋਏ ਹਨ। ਇਸ ਰਿਪੋਰਟ ਅੰਦਰ ਮੁੱਖ ਤੌਰ 'ਤੇ ਨਿੱਜੀ ਖੇਤਰ ਦੀ ਬੇਲਗਾਮ ਭਾਗੀਦਾਰੀ, ਮੈਡੀਕਲ ਸਿੱਖਿਆ ਦਾ ਬੇਹੱਦ ਮਹਿੰਗਾ ਹੋਣਾ, ਜਿਸ ਕਰਕੇ ਵਿਦਿਆਰਥੀਆਂ ਦਾ ਵਿਦੇਸ਼ਾਂ ਵੱਲ ਰੁਖ਼ ਕਰਨਾ, ਵਿਦੇਸ਼ ਤੋਂ ਡਾਕਟਰੀ ਪੜ੍ਹ ਕੇ ਆਏ ਬੱਚਿਆਂ ਨੂੰ ਇੱਥੇ ਆ ਕੇ ਲਾਇਸੈਂਸ ਲੈਣ ਲਈ ਇੱਕ ਸਾਲ ਇੰਟਰਨਸ਼ਿਪ ਕਰਨ ਦੇ ਨਾਲ ਐੱਫ ਐੱਮ ਜੀ ਟੈਸਟ ਪਾਸ ਕਰਨ ਦੀ ਲਾਜ਼ਮੀ ਸ਼ਰਤ ਅਤੇ ਇਸ ਟੈਸਟ ਦੀ ਪਾਸ ਪ੍ਰਤੀਸ਼ਤ ਸਿਰਫ 16.65 ਫੀਸਦੀ ਹੋਣਾ, ਜਿਸ ਕਾਰਨ ਉਕਤ ਬੱਚੇ ਇਸ ਕੁਚੱਕਰ ਵਿੱਚ ਉਲਝ ਕੇ ਤਣਾਅ ਦਾ ਸ਼ਿਕਾਰ ਹੋ ਰਹੇ ਹਨ। ਸਾਡੇ ਦੇਸ਼ ਅੰਦਰ ਅੰਡਰ ਗ੍ਰੈਜੂਏਸ਼ਨ ਨੀਟ ਦਾ ਇਮਤਿਹਾਨ ਪਾਸ ਕਰਨ ਤੋਂ ਲੈ ਕੇ ਪੋਸਟ ਗ੍ਰੈਜੂਏਸ਼ਨ ਕਰਨ ਤੱਕ ਬਾਰਾਂ-ਪੰਦਰਾਂ ਸਾਲਾਂ ਦੀ ਮਿਹਨਤ ਤੋਂ ਬਾਅਦ ਵੀ ਮੁਲਕ ਅੰਦਰ ਡਾਕਟਰਾਂ ਨੂੰ ਸੰਤੋਖਜਨਕ ਤਨਖਾਹਾਂ ਦੀ ਕਮੀ ਦੇਖੀ ਗਈ ਹੈ। ਇਸੇ ਕਰਕੇ ਸਾਲ 2021 ਤੱਕ ਸਾਡੇ ਦੇਸ਼ ਦੇ 19000 ਡਾਕਟਰ ਇੱਥੋਂ ਦੀਆਂ ਚੰਗੀਆਂ ਸੰਸਥਾਵਾਂ ਤੋਂ ਪੜ੍ਹ ਕੇ ਵਿਦੇਸ਼ਾਂ ਵਿੱਚ ਵਸਣ ਲਈ ਚਲੇ ਗਏ ਹਨ ਅਤੇ ਉੱਥੇ ਆਪਣੀਆਂ ਸ਼ਾਨਦਾਰ ਸੇਵਾਵਾਂ ਦੇ ਰਹੇ ਹਨ। ਸਾਡੇ ਦੇਸ਼ ਵਿੱਚ ਔਸਤਨ ਐੱਮ ਬੀ ਬੀ ਐੱਸ ਗ੍ਰੈਜੂਏਟ ਨੂੰ ਸਾਲਾਨਾ ਪੰਜ ਲੱਖ ਅਤੇ ਸੀਨੀਅਰ ਡਾਕਟਰਾਂ ਨੂੰ 12 ਤੋਂ 18 ਲੱਖ ਸਾਲਾਨਾ ਤਨਖਾਹ ਮਿਲ ਰਹੀ ਹੈ, ਜੋ ਇਸ ਪੜ੍ਹਾਈ ਦੇ ਹਿਸਾਬ ਨਾਲ ਕਾਫੀ ਘੱਟ ਹੈ। ਆਯੁਸ਼ ਡਾਕਟਰਾਂ ਦੀ ਹਾਲਤ ਤਾਂ ਇਸ ਤੋਂ ਵੀ ਜਿਆਦਾ ਪਤਲੀ ਹੈ।

ਇਸ ਸਰਵੇਖਣ ਵਿੱਚ ਮੈਡੀਕਲ ਸਿੱਖਿਆ ਦੇ ਨਿਰੰਤਰ ਮਹਿੰਗੇ ਹੋ ਜਾਣ ਕਰਕੇ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਜਾਣ ਕਰਕੇ ਬੁੱਧੀਜੀਵੀਆਂ ਨੂੰ ਚਿੰਤਾ ਵਿੱਚ ਪਾਇਆ ਹੈ। ਯੋਗ ਬੱਚੇ ਪੈਸੇ ਦੀ ਘਾਟ ਕਾਰਨ ਅੰਡਰ ਗ੍ਰੈਜੂਏਸ਼ਨ ਪ੍ਰਵੇਸ਼ ਪ੍ਰੀਖਿਆ ਦੀ ਤਿਆਰੀ ਕਰਨ ਤੋਂ ਹੀ ਵਾਂਝੇ ਹੋ ਰਹੇ ਹਨ, ਮੈਡੀਕਲ ਕਾਲਜ ਪਹੁੰਚਣਾ ਉਨ੍ਹਾਂ ਦਾ ਸੁਪਨਾ ਬਣ ਕੇ ਰਹਿ ਗਿਆ ਹੈ। ਇਸ ਦੀ ਅੰਡਰ ਗ੍ਰੈਜੂਏਸ਼ਨ ਪ੍ਰਵੇਸ਼ ਪ੍ਰੀਖਿਆ ਵਿੱਚ ਮੁਕਾਬਲਾ ਲਗਾਤਾਰ ਵਧਦਾ ਜਾ ਰਿਹਾ ਹੈ। ਸਾਲ 2019 'ਚ 16 ਲੱਖ ਬੱਚੇ, ਜਦ ਕਿ ਸਾਲ 2024 ਵਿੱਚ 24 ਲੱਖ ਬੱਚਿਆਂ ਦਾ ਇਹ ਇਮਤਿਹਾਨ ਦੇਣਾ ਇਸ ਤੱਥ ਦੀ ਪੁਖਤਾ ਗਵਾਹੀ ਭਰਦਾ ਹੈ। ਇਸ ਤੋਂ ਇਲਾਵਾ ਸਾਲ 2019 ਤੋਂ 2023 ਤੱਕ ਦੇਸ਼ ਅੰਦਰ ਮੈਡੀਕਲ ਕਾਲਜਾਂ ਦੀ ਗਿਣਤੀ 449 ਤੋਂ 648 ਹੋਈ ਹੈ। ਸਾਲ 2025 ਤੱਕ ਮੁਲਕ ਅੰਦਰ ਮੈਡੀਕਲ ਕਾਲਜਾਂ ਦੀ ਕੁੱਲ ਗਿਣਤੀ 780 ਹੋ ਚੁੱਕੀ ਹੈ। ਇਸੇ ਤਰ੍ਹਾਂ ਦੇਸ਼ ਅੰਦਰ ਸਾਲ 2023 ਤੱਕ ਐੱਮ ਬੀ ਬੀ ਐੱਸ ਕੋਰਸ ਦੀਆਂ ਸੀਟਾਂ ਦੀ ਗਿਣਤੀ 70012 ਤੋਂ ਵਧ ਕੇ 96077 ਹੋ ਗਈ ਸੀ। ਸਾਲ 2025 ਤੱਕ ਇਹ ਗਿਣਤੀ 118137 ਹੋ ਚੁੱਕੀ ਹੈ। ਇਨ੍ਹਾਂ ਕੁੱਲ ਸੀਟਾਂ ਦਾ 51 ਫੀਸਦੀ ਕੇਵਲ ਦੱਖਣ ਭਾਰਤ ਦੇ ਰਾਜਾਂ ਵਿੱਚ ਮੌਜੂਦ ਹੈ। ਪੋਸਟ ਗ੍ਰੈਜੂਏਸ਼ਨ ਸੀਟਾਂ ਵੀ ਸਾਲ 2023 ਤੱਕ 39583 ਤੋਂ ਵਧ ਕੇ 64059 ਹੋ ਗਈਆਂ ਸਨ, ਜਦਕਿ ਸਾਲ 2025 ਤੱਕ ਇਨ੍ਹਾਂ ਦੀ ਕੁੱਲ ਗਿਣਤੀ 73157 ਹੈ। ਇਨ੍ਹਾਂ ਸੀਟਾਂ ਦਾ 49 ਫੀਸਦੀ ਦੱਖਣ ਭਾਰਤ ਦੇ ਰਾਜਾਂ ਵਿੱਚ ਮੌਜੂਦ ਹੈ। ਇਸ ਆਰਥਿਕ ਸਰਵੇਖਣ ਅਨੁਸਾਰ ਨਿੱਜੀ ਖੇਤਰ ਦੀਆਂ ਮੈਡੀਕਲ ਸਿੱਖਿਆ ਸੰਸਥਾਵਾਂ, ਜਿਨ੍ਹਾਂ ਵਿੱਚ ਦੇਸ਼ ਦੀਆਂ ਕੁੱਲ 48 ਫ਼ੀਸਦੀ ਐੱਮ ਬੀ ਬੀ ਐਸ ਕੋਰਸ ਦੀਆਂ ਸੀਟਾਂ ਹਨ, ਜਿਸ ਦੀ ਕੀਮਤ ਪ੍ਰਤੀ ਸੀਟ ਫੀਸ 60 ਲੱਖ ਤੋਂ ਲੈ ਕੇ ਇੱਕ ਕਰੋੜ ਰੁਪਏ ਤੱਕ ਵਸੂਲੀ ਜਾਂਦੀ ਹੈ। ਇਸ ਕਰਕੇ ਹੀ ਸਾਡੀ ਨੌਜਵਾਨ ਪੀੜ੍ਹੀ ਵਿਦੇਸ਼ਾਂ ਵੱਲ ਉਡਾਰੀ ਮਾਰਨ ਨੂੰ ਮਜਬੂਰ ਹੋ ਰਹੀ ਹੈ।

ਗ਼ਰੀਬ ਪੱਛੜੇ ਵਰਗਾਂ ਨੂੰ ਰਾਖਵਾਂਕਰਨ ਮਿਲੇ ਚਾਹੇ ਨਾ ਮਿਲੇ, ਪਰ ਪੈਸੇ ਦੇ ਜ਼ੋਰ ਵਾਲਾ ਰਾਖਵਾਂਕਰਨ ਅੱਜ ਸਿਖਰਾਂ 'ਤੇ ਹੈ, ਜਿਸ ਤੋਂ ਮੁਨਕਰ ਨਹੀਂ ਹੋਇਆ ਜਾ ਸਕਦਾ ਹੈ। ਪੈਸੇ ਦੇ ਅਸਰ-ਰਸੂਖ ਨਾਲ ਬਣੇ ਡਾਕਟਰਾਂ ਤੋਂ ਲੋਕ ਸੇਵਾ ਦੀ ਆਸ ਕਰਨਾ ਫਜ਼ੂਲ ਹੈ,ਉਨ੍ਹਾਂ ਦੀ ਪਹਿਲ ਨਿੱਜੀ ਹਿਤ ਹੋਣਗੇ। ਜਨਤਕ ਸਿਹਤ ਤੰਤਰ ਪਹਿਲਾਂ ਹੀ ਬੀਮਾਰ ਹੈ, ਜਦ ਉਸ ਨੂੰ ਤੰਦਰੁਸਤੀ ਵੱਲ ਲਿਜਾਣ ਵਾਲੇ ਡਾਕਟਰ ਆਪਣੀ ਪੜ੍ਹਾਈ 'ਤੇ ਖਰਚੇ ਪੈਸਿਆਂ ਦੀ ਵਸੂਲੀ ਨੂੰ ਤਰਜੀਹ ਦੇਣਗੇ ਤਾਂ ਸਿਹਤ ਸਹੂਲਤਾਂ ਦਾ ਭੱਠਾ ਬੈਠਣ ਤੋਂ ਕੋਈ ਤਾਕਤ ਰੋਕ ਨਹੀਂ ਸਕਦੀ। ਨਿੱਜੀ ਮਹਿੰਗੀਆਂ ਸਿਹਤ ਸਿੱਖਿਆ ਸੰਸਥਾਵਾਂ ਦੇ ਹੜ੍ਹ ਨੇ ਸਥਿਤੀ ਹੋਰ ਗੰਭੀਰ ਕੀਤੀ ਹੈ।

ਨਿੱਜੀਕਰਨ ਅਤੇ ਸੌੜੇ ਹਿੱਤਾਂ ਦੀ ਪੂਰਤੀ ਨੇ ਮੈਡੀਕਲ ਸਿੱਖਿਆ ਨੂੰ ਲੀਹੋ-ਲਾਹ ਦਿੱਤਾ ਹੈ। ਇੱਥੇ ਨਿੱਜੀ ਮੈਡੀਕਲ ਸੰਸਥਾਵਾਂ 'ਚ ਬੇਤਹਾਸ਼ਾ ਫੀਸਾਂ 'ਚ ਵਾਧਾ, ਜੋ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਹੀ ਹੋ ਰਿਹਾ ਹੈ, ਉਸ ਨੇ ਇਸ ਸਿੱਖਿਆ ਨੂੰ ਆਮ ਲੋਕ ਤਾਂ ਕੀ ਅਜੋਕੇ ਦੌਰ ਅੰਦਰ ਖਾਸ ਲੋਕਾਂ ਦੀ ਪਹੁੰਚ ਤੋਂ ਵੀ ਦੂਰ ਕਰ ਦਿੱਤਾ ਹੈ। ਇਹੀ ਕਾਰਨ ਹੈ ਕਿ ਸਾਲ 2018 ਵਿੱਚ ਸੂਬੇ ਅੰਦਰ ਐੱਮ ਬੀ ਬੀ ਐੱਸ ਕੋਰਸ ਦੀਆਂ 40 ਸੀਟਾਂ ਰੁਲਦੀਆਂ ਰਹੀਆਂ ਸਨ, ਕਿਸੇ ਨੇ ਵੀ ਉਨ੍ਹਾਂ ਨੂੰ ਮਹਿੰਗਾਈ ਦੇ ਚੱਲਦੇ ਲੈਣ ਦੀ ਹਿੰਮਤ ਨਹੀਂ ਕੀਤੀ ਸੀ। ਹਰ ਸਾਲ ਕਿੰਨੇ ਹੀ ਯੋਗ ਵਿਦਿਆਰਥੀ ਏਨੀਆਂ ਜ਼ਿਆਦਾ ਫੀਸਾਂ ਹੋਣ ਕਾਰਨ ਦਾਖਲਾ ਨਹੀਂ ਲੈ ਪਾਉਂਦੇ।

ਮੈਨੇਜਮੈਂਟ ਕੋਟਾ ਅਤੇ ਦਾਨ (ਡੋਨੇਸ਼ਨ) ਵਰਗੀ ਲਾਹਨਤ ਨੇ ਵੀ ਮੈਡੀਕਲ ਸਿੱਖਿਆ ਨੂੰ ਮਹਿੰਗਾ ਕੀਤਾ ਹੈ। ਫੀਸਾਂ ਵਿੱਚ ਵਾਧਾ ਲਗਾਤਾਰ ਜਾਰੀ ਹੈ ਅਤੇ ਸਾਲਾਨਾ 10 ਫੀਸਦੀ ਵਾਧੇ ਦੀ ਯੋਜਨਾ ਹੈ, ਪਰ ਹੁਣ ਤਾਂ ਵਾਧਾ ਸਿੱਧਾ ਹੀ 80 ਫੀਸਦੀ ਕੀਤਾ ਗਿਆ ਹੈ। ਪਿਛਲੇ ਸੱਤ ਸਾਲਾਂ ਦੌਰਾਨ ਲਗਭਗ 800 ਫ਼ੀਸਦੀ ਵਾਧਾ ਫੀਸਾਂ 'ਚ ਹੋ ਚੁੱਕਿਆ ਹੈ। ਇਨ੍ਹਾਂ ਵਿੱਚੋਂ ਵੀ ਨਿੱਜਤਾ ਅਤੇ ਮਹਿੰਗਾਈ ਦੀ ਮਾਰ ਕਾਰਨ ਮੈਰਿਟ ਦੇ ਵਿਦਿਆਰਥੀ ਆਪਣੀ ਸੀਟ ਛੱਡਣ ਲਈ ਮਜਬੂਰ ਹੁੰਦੇ ਹਨ। ਇਸ ਸਮੇਂ ਨਿੱਜੀ ਸੰਸਥਾਵਾਂ ਵਿੱਚ ਐੱਮ ਡੀ, ਐੱਮ ਐੱਸ ਦਾ ਕੁੱਲ ਖਰਚਾ ਇੱਕ ਕਰੋੜ ਰੁਪਏ ਤੋਂ ਵੀ ਜ਼ਿਆਦਾ ਹੈ, ਜੋ ਹਰ ਕਿਸੇ ਦੇ ਵੱਸ ਵਿੱਚ ਨਹੀਂ। ਸਾਡੇ ਸੂਬੇ ਦੀ ਇੱਕ ਨਿੱਜੀ ਸੰਸਥਾ ਵਿੱਚ ਐੱਮ ਬੀ ਬੀ ਐੱਸ ਕੋਰਸ ਦਾ ਹੀ ਕੁੱਲ ਖਰਚਾ 70 ਲੱਖ ਰੁਪਏ ਤੱਕ ਪੁੱਜ ਚੁੱਕਾ ਹੈ, ਫਿਰ ਐੱਮ ਡੀ, ਐੱਮ ਐੱਸ ਕੋਰਸ ਦਾ ਖਰਚਾ ਤਾਂ ਬਹੁਤ ਜਿਆਦਾ ਹੋਵੇਗਾ।

ਅਜੋਕੇ ਸਮੇ ਦੀ ਪੁਰਜ਼ੋਰ ਮੰਗ ਹੈ ਕਿ ਸਰਕਾਰਾਂ ਮੈਡੀਕਲ ਸਿੱਖਿਆ ਪ੍ਰਤੀ ਗਲਤ ਨੀਤੀਆਂ ਤਿਆਗ ਕੇ ਸਮਾਜ ਹਿੱਤ ਨੀਤੀਆਂ ਦਾ ਨਿਰਮਾਣ ਕਰਨ। ਫੀਸਾਂ 'ਤੇ ਨਿਯੰਤਰਣ ਕਰਨ ਲਈ ਢੁਕਵੀ ਰਣਨੀਤੀ ਉਲੀਕਣ ਦੀ ਲੋੜ ਹੈ। ਸੌੜੇ ਹਿੱਤਾਂ ਦੀ ਖਾਤਰ ਜਣੇ-ਖਣੇ ਨੂੰ ਸਿੱਖਿਆ ਸੰਸਥਾਵਾਂ ਦੀ ਪ੍ਰਵਾਨਗੀ ਨਾ ਦਿੱਤੀ ਜਾਵੇ। ਸਾਰੇ ਪ੍ਰਬੰਧਾਂ ਦੀ ਸਮੀਖਿਆ ਇਮਾਨਦਾਰੀ ਅਤੇ ਪਾਰਦਰਸ਼ੀ ਢੰਗ ਨਾਲ ਹੋਣੀ ਚਾਹੀਦੀ ਹੈ। ਮੈਡੀਕਲ ਕਾਲਜਾਂ ਦੀ ਮਾਨਤਾ ਲੈਣ ਵੇਲੇ ਕੀਤੇ ਸ਼ੋਸ਼ਿਆਂ ਨੂੰ ਰੋਕਿਆ ਜਾਵੇ, ਜੋ ਭ੍ਰਿਸ਼ਟਾਚਾਰ ਦਾ ਵੱਡਾ ਕਾਰਨ ਹੈ। ਇਸੇ ਪੈਸੇ ਦੀ ਪੂਰਤੀ ਲਈ ਫੀਸਾਂ ਵਿੱਚ ਵਾਧਾ, ਜੁਰਮਾਨੇ ਅਤੇ ਹੋਰ ਫੁਟਕਲ ਖਰਚਿਆਂ ਦਾ ਬੋਝ ਵਿਦਿਆਰਥੀਆਂ 'ਤੇ ਪਾਇਆ ਜਾਂਦਾ ਹੈ, ਜੋ ਇਸ ਸਿੱਖਿਆ ਨੂੰ ਮਹਿੰਗੀ ਕਰਨ ਲਈ ਜ਼ਿੰਮੇਵਾਰ ਹੈ। ਕਮਜ਼ੋਰ ਵਰਗਾਂ ਦੀ ਭਲਾਈ ਹਿਤ ਸਿੱਖਿਆ ਨੂੰ ਸਸਤੀ ਕੀਤਾ ਜਾਣਾ ਚਾਹੀਦਾ ਹੈ। ਨਿੱਜੀ ਅਦਾਰਿਆਂ 'ਤੇ ਨਿਗਰਾਨੀ ਦੀ ਲੋੜ ਅਹਿਮ ਹੈ। ਅਜਿਹਾ ਕਰਨਾ ਇਸ ਲਈ ਵੀ ਜ਼ਰੂਰੀ ਹੈ, ਨਹੀਂ ਤਾਂ ਬੌਧਿਕ ਹੂੰਝੇ ਦੀ ਸਮੱਸਿਆ ਵਿਕਰਾਲ ਰੂਪ ਧਾਰਨ ਕਰ ਜਾਵੇਗੀ।

**# ਸੰਪਰਕ : 95173-96001**

CMYK

# ਸੀ ਪੀ ਆਈ ਦੀ ਅਗਵਾਈ 'ਚ ਲੜੀਵਾਰ ਭੁੱਖ ਹੜਤਾਲ ਦੂਜੇ ਦਿਨ ਵੀ ਜਾਰੀ

## ਹੱਕ ਪ੍ਰਾਪਤ ਕਰਨ ਤੱਕ ਸੰਘਰਸ਼ ਜਾਰੀ ਰੱਖਾਂਗੇ : ਗੋਲਡਨ, ਢੰਡੀਆਂ



**ਜਲਾਲਾਬਾਦ (ਜੀਤ ਕੁਮਾਰ, ਬਲਵਿੰਦਰ ਸਿੰਘ, ਰਣਬੀਰ ਕੌਰ ਢਾਬਾਂ)**-ਜਲਾਲਾਬਾਦ ਦੀ ਅਨਾਜ ਮੰਡੀ ਵਿਖੇ ਬਣੇ ਰੇਹੜੀ-ਫੜੀ ਵਾਲਿਆਂ ਵਾਸਤੇ ਸ਼ੈੱਡ ਵਿੱਚ ਰੇਹੜੀ-ਫੜੀ ਦਾ ਕੰਮ ਕਰਨ ਵਾਲਿਆਂ ਦੀਆਂ ਰੇਹੜੀਆਂ ਜਬਰੀ ਚੁਕਵਾਉਣ ਖ਼ਿਲਾਫ਼ ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਦੀ ਅਗਵਾਈ ਵਿੱਚ ਪਿਛਲੇ ਸੱਤ ਦਿਨਾਂ ਤੋਂ ਚੱਲ ਰਹੇ ਸੰਘਰਸ਼ ਦੀ ਲੜੀ ਤਹਿਤ ਸ਼ੁਰੂ ਕੀਤੇ ਪ੍ਰਦਰਸ਼ਨ ਦੀ ਕੜੀ ਵਜੋਂ ਰੇਹੜੀ-ਫੜੀ ਵਾਲਿਆਂ ਦੇ ਬਣਦੇ ਹੱਕ ਦਿਵਾਉਣ ਲਈ ਅਨਮਿੱਥੇ ਸਮੇਂ ਲਈ ਸ਼ੁਰੂ ਕੀਤੀ ਲੜੀਵਾਰ ਭੁੱਖ ਹੜਤਾਲ ਸੋਮਵਾਰ ਦੂਸਰੇ ਦਿਨ ਵੀ ਜਾਰੀ ਰਹੀ।ਅੱਜ ਦੀ ਇਸ ਲੜੀਵਾਰ ਭੁੱਖ ਹੜਤਾਲ਼ ਵਿੱਚ ਬੈਠਣ ਵਾਲਿਆਂ ਵਿੱਚ ਕ੍ਰਮਵਾਰ ਸੋਨੀਆ ਰਾਣੀ, ਸੋਮਾ ਰਾਣੀ, ਗੁਰਮੀਤ ਕੌਰ ਕਾਠਗੜ੍ਹ, ਪਰਮਜੀਤ ਸਿੰਘ, ਪ੍ਰੀਤ ਕੰਬੋਜ, ਅਸ਼ੋਕ ਕੁਮਾਰ, ਸਤਨਾਮ ਸਿੰਘ, ਕੁਲਦੀਪ ਸਿੰਘ, ਪਵਨ ਕੁਮਾਰ, ਰਾਜ ਕੁਮਾਰ ਤੇ ਲਵਨੀਸ਼ ਕੁਮਾਰ ਸ਼ਾਮਲ ਹੋ ਕੇ ਭੁੱਖ ਹੜਤਾਲ਼ ਸ਼ੁਰੂ ਕੀਤੀ।ਇਸ ਮੌਕੇ ਭੁੱਖ ਹੜਤਾਲ 'ਤੇ ਬਿਠਾਉਣ ਵਾਲੇ ਆਗੂਆਂ 'ਚ ਸੀਪੀਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਹੰਸ ਰਾਜ ਗੋਲਡਨ, ਮੀਤ ਸਕੱਤਰ ਕਾਮਰੇਡ ਸੁਰਿੰਦਰ ਢੰਡੀਆਂ, ਪੰਜਾਬ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਅਸ਼ੋਕ ਕੰਬੋਜ, ਕੰਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ (ਰਜਿ:) ਏਟਕ ਪੰਜਾਬ ਦੇ ਮੀਤ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ, ਕੁੱਲ ਹਿੰਦ ਕਿਸਾਨ ਸਭਾ ਦੇ ਬਲਾਕ ਪ੍ਰਧਾਨ ਕ੍ਰਿਸ਼ਨ ਧਰਮੂ ਵਾਲਾ, ਕਾਮਰੇਡ ਭਜਨ ਲਾਲ ਫਾਜ਼ਿਲਕਾ, ਤੇਜਾ ਸਿੰਘ ਅਮੀਰ ਖਾਸ, ਰੇਹੜੀ-ਫੜੀ ਯੂਨੀਅਨ ਦੇ ਪ੍ਰਧਾਨ ਸੁਰਿੰਦਰ ਸਿੰਘ ਤੇ ਬਲਵਿੰਦਰ ਮਹਾਲਮ ਵੱਲੋਂ ਹਾਰ ਪਹਿਨਾ ਕੇ ਭੁੱਖ ਹੜਤਾਲ਼ ਸ਼ੁਰੂਆਤ ਕਰਵਾਈ।ਆਗੂਆਂ ਨੇ ਕਿਹਾ ਕਿ ਰੇਹੜੀ-ਫੜੀ ਵਾਲਿਆਂ ਨੂੰ ਅਲਾਟ ਕੀਤੇ ਗਏ ਰੇਹੜੀ-ਫੜੀ ਸ਼ੈੱਡ ਨੂੰ ਕਿਸੇ ਵੀ ਕੀਮਤ 'ਤੇ ਖੋਹਣ ਨਹੀਂ ਦਿੱਤਾ ਜਾਵੇਗਾ। ਆਗੂਆਂ ਨੇ ਇਹ ਵੀ ਐਲਾਨ ਕੀਤਾ ਕਿ ਇਹ ਲੜੀਵਾਰ ਭੁੱਖ ਹੜਤਾਲ ਲਗਾਤਾਰ ਜਾਰੀ ਰਹੇਗੀ ਤੇ ਜੇਕਰ ਕੋਈ ਵੀ ਕਿਸੇ ਤਰ੍ਹਾਂ ਦਾ ਜਾਨੀ-ਮਾਲੀ ਨੁਕਸਾਨ ਹੁੰਦਾ ਹੈ, ਤਾਂ ਉਸ ਦੇ ਮੁੱਖ ਤੌਰ 'ਤੇ ਜ਼ਿੰਮੇਵਾਰ ਇੱਥੋਂ ਦੇ ਹਲਕਾ ਵਿਧਾਇਕ ਤੇ ਐੱਸਡੀਐੱਮ ਜਲਾਲਾਬਾਦ ਹੋਣਗੇ।ਇਸ ਮੌਕੇ ਸੰਬੋਧਨ ਕਰਦਿਆਂ ਕਾਮਰੇਡ ਹੰਸ ਰਾਜ ਗੋਲਡਨ ਤੇ ਸੁਰਿੰਦਰ ਢੰਡੀਆਂ ਨੇ ਕਿਹਾ ਕਿ ਰੇਹੜੀ-ਫੜੀ ਵਾਲਿਆਂ ਦੇ ਬਣਦੇ ਹੱਕ ਪ੍ਰਾਪਤ ਕਰਨ ਤੱਕ ਸੰਘਰਸ਼ ਜਾਰੀ ਰਹੇਗਾ।

ਉਨ੍ਹਾਂ ਕਿਹਾ ਕਿ ਰੇਹੜੀ-ਫੜੀ ਵਾਲਿਆਂ ਦੀ ਲੜਾਈ ਹੱਕੀ ਲੜਾਈ ਹੈ ਅਤੇ ਇੱਥੋਂ ਦੇ ਵਿਧਾਇਕ ਤੇ ਪ੍ਰਸ਼ਾਸਨ ਨੂੰ ਕਿਸੇ ਦੀ ਵੀ ਰੋਜ਼ੀ ਰੋਟੀ ਨੂੰ ਖੋਹਣ ਲਈ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪੰਜਾਬ ਇਸਤਰੀ ਸਭਾ ਦੀ ਜ਼ਿਲ੍ਹਾ ਆਗੂ ਹਰਜੀਤ ਕੌਰ ਢੰਡੀਆਂ, ਭੱਠਾ ਮਜ਼ਦੂਰ ਯੂਨੀਅਨ ਦੇ ਆਗੂ ਸੰਦੀਪ ਜੋਧਾ, ਏਆਈਐੱਸਐੱਫ ਦੇ ਸੂਬਾ ਪ੍ਰਧਾਨ ਰਮਨ ਧਰਮੂਵਾਲਾ, ਜ਼ਿਲ੍ਹਾ ਸਕੱਤਰ ਸਟਾਲਿਨ ਲਮੋਚੜ, ਪੱਲੇਦਾਰ ਯੂਨੀਅਨ ਦੇ ਆਗੂ ਮਹਿੰਦਰ ਸਿੰਘ ਸਰਪੰਚ ਰਹਿਮੇਸ਼ਾਹ ਬੋਦਲਾ, ਰਮਨ ਕੁਮਾਰ ਵਿਧਾਇਕ ਤੇ ਜਸਵੰਤ ਕਾਹਨੇ ਵਾਲਾ ਨੇ ਵੀ ਸੰਬੋਧਨ ਕੀਤਾ।

# ਨਰੇਗਾ ਮਜ਼ਦੂਰਾਂ ਵੱਲੋਂ 13 ਤੋਂ ਦਿੱਤੇ ਜਾਣਗੇ ਜ਼ਿਲ੍ਹਾ ਪੱਧਰੀ ਧਰਨੇ : ਗਦਾਈਆ, ਖੋਸਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਏਟਕ ਦੇ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ ਤੇ ਜਨਰਲ ਸਕੱਤਰ ਜਗਸੀਰ ਖੋਸਾ ਨੇ ਪ੍ਰੈੱਸ ਦੇ ਨਾਂ ਬਿਆਨ ਜਾਰੀ ਕਰਦਿਆਂ ਕਿਹਾ ਕਿ ਨਰੇਗਾ ਮਜ਼ਦੂਰਾਂ ਲਈ ਮੰਗ ਮੁਤਾਬਿਕ ਕੰਮ ਜਾਂ ਬੇਰੁਜ਼ਗਾਰੀ ਭੱਤਾ ਪ੍ਰਾਪਤ ਕਰਨ ਲਈ 13, 14 ਤੇ 15 ਅਕਤੂਬਰ ਨੂੰ ਜ਼ਿਲ੍ਹਾ ਪੱਧਰੀ ਧਰਨੇ ਦਿੱਤੇ ਜਾਣਗੇ।ਉਨ੍ਹਾਂ ਕਿਹਾ ਕਿ ਨਰੇਗਾ ਮਜ਼ਦੂਰਾਂ ਨੂੰ ਸਾਲ ਵਿੱਚ ਕਾਨੂੰਨੀ 100 ਦਿਨ ਰੁਜ਼ਗਾਰ ਦੀ ਗਰੰਟੀ ਹੈ।ਇਸ ਮੁਤਾਬਿਕ ਮਜ਼ਦੂਰਾਂ ਨੂੰ ਕੰਮ ਦੀ ਮੰਗ ਕਰਨ 'ਤੇ ਕੰਮ ਅਰਜ਼ੀ ਦੀ ਰਸੀਦ ਦੇਣ ਲਈ ਸਰਪੰਚ ਜਾਂ ਨਰੇਗਾ ਪ੍ਰਸ਼ਾਸਨ ਪਾਬੰਦ ਹੈ, ਪਰ ਬਹੁਤ ਸਾਰੇ ਸਰਪੰਚ ਤੇ ਨਰੇਗਾ ਪ੍ਰਸ਼ਾਸਨ ਕਾਨੂੰਨ ਦੀਆਂ ਧੱਜੀਆਂ ਉਡਾਉਂਦੇ ਹੋਏ ਨਰੇਗਾ ਮਜ਼ਦੂਰਾਂ ਨੂੰ ਕੰਮ ਅਰਜ਼ੀਆਂ ਦੀਆਂ ਰਸੀਦਾਂ ਤੋਂ ਵਾਂਝਿਆਂ ਰੱਖ ਕੇ ਆਪਣੀ ਮਰਜ਼ੀ ਅਨੁਸਾਰ ਬਹੁਤ ਘੱਟ ਲੋਕਾਂ ਨੂੰ ਕੰਮ ਦੇ ਰਹੇ ਹਨ, ਜਿਸ ਦਾ ਸਿੱਟਾ ਹੈ ਕਿ ਵੱਡੀ ਗਿਣਤੀ ਵਿੱਚ ਨਰੇਗਾ ਮਜ਼ਦੂਰ ਕੰਮ ਤੋਂ ਵਾਂਝੇ ਮਾਰੇ-ਮਾਰੇ ਫਿਰ ਰਹੇ ਹਨ।ਯੂਨੀਅਨ ਆਗੂਆਂ ਨੇ ਅੱਗੇ ਕਿਹਾ ਕਿ ਨਰੇਗਾ ਮਜ਼ਦੂਰਾਂ ਨੂੰ ਇਸ ਵੇਲੇ ਦਿੱਤੀ ਜਾ ਰਹੀ 346 ਰੁਪਏ ਦਿਹਾੜੀ ਅੱਜ ਦੀ ਮਹਿੰਗਾਈ ਦੇ ਹਿਸਾਬ ਨਾਲ ਬਹੁਤ ਘੱਟ ਹੈ ਅਤੇ ਯੂਨੀਅਨ ਮੰਗ ਕਰਦੀ ਹੈ ਕਿ ਨਰੇਗਾ ਮਜ਼ਦੂਰਾਂ ਦੀ ਘੱਟੋ ਘੱਟ ਦਿਹਾੜੀ 1000 ਦਿੱਤੀ ਜਾਵੇ।ਨਰੇਗਾ ਮਜ਼ਦੂਰਾਂ ਦੀ ਦਿਹਾੜੀ ਦਾ ਸਮਾਂ ਸ਼ੁਰੂਆਤ ਵਾਲਾ 6 ਘੰਟੇ ਕੀਤਾ ਜਾਵੇ।ਨਰੇਗਾ ਮਜ਼ਦੂਰਾਂ ਦੀ ਹਾਜ਼ਰੀ ਜਿਹੜੀ ਕਿ ਜੀਓ ਟੈਗ ਵਾਲੇ ਪੁਆਇੰਟ 'ਤੇ ਹੀ ਲੱਗਦੀ ਹੈ, ਨੂੰ ਬੰਦ ਕੀਤਾ ਜਾਵੇ।ਕੰਮ ਦੇ ਦਿਨਾਂ ਦੀ ਗਾਰੰਟੀ 200 ਦਿਨ ਕੀਤੀ ਜਾਵੇ, ਝੋਨੇ ਦੀ ਪਰਾਲੀ ਦੀ ਸਾਂਭ ਸੰਭਾਲ ਲਈ ਨਰੇਗਾ ਮਜ਼ਦੂਰਾਂ ਤੋਂ ਕੰਮ ਲਿਆ ਜਾਵੇ।ਉਨ੍ਹਾਂ ਕਿਹਾ ਕਿ ਨਰੇਗਾ ਮਜ਼ਦੂਰਾਂ ਲਈ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਏਟਕ ਪਿਛਲੇ ਲੰਮੇ ਨਰੇਗਾ ਮਜ਼ਦੂਰਾਂ ਦੇ ਹੱਕਾਂ ਤੇ ਮੰਗਾਂ ਲਈ ਲੜਾਈ ਲੜ ਰਹੀ ਹੈ।ਇਹ ਲੜਾਈ ਜਾਰੀ ਰਹੇਗੀ।

# ਰੀਗਲ ਸਿਨੇਮਾ ਗੋਲੀ ਕਾਂਡ ਦੀ ਵਰ੍ਹੇਗੰਢ ਮੌਕੇ ਕੀਤਾ ਸ਼ਹੀਦਾਂ ਨੂੰ ਯਾਦ



**ਮੋਗਾ (ਇਕਬਾਲ ਸਿੰਘ ਖਹਿਰਾ)**

ਰੀਗਲ ਸਿਨੇਮਾ ਮੋਗਾ ਗੋਲੀ ਕਾਂਡ ਦੀ ਵਰ੍ਹੇਗੰਢ ਉੱਤੇ ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਇਕੱਠ ਕਰਕੇ ਰੀਗਲ ਸਿਨੇਮਾ ਮੋਗਾ 'ਤੇ ਝੰਡਾ ਚੜਾਅ ਕੇ ਲਾਇਬਰੇਰੀ ਮਿਊਜ਼ੀਅਮ ਬਣਾਉਣ ਦੀ ਮੰਗ ਨੂੰ ਲੈ ਕੇ ਸ਼ਹਿਰ ਵਿੱਚ ਮਾਰਚ ਕੀਤਾ ਗਿਆ।ਪੰਜਾਬ ਸਟੂਡੈਂਟਸ ਯੂਨੀਅਨ ਦੇ ਸੂਬਾ ਪ੍ਰਧਾਨ ਰਣਵੀਰ ਸਿੰਘ ਕੁਰੜ, ਜਰਨਲ ਸਕੱਤਰ ਧੀਰਜ ਫਾਜ਼ਿਲਕਾ, ਨੈਸ਼ਨਲ ਕੋਆਰਡੀਨੇਟਰ ਅਮਨਦੀਪ ਖਿਓਵਾਲੀ ਤੇ ਹਰਵੀਰ ਕੌਰ ਗੰਧੜ ਨੇ ਕਿਹਾ ਕਿ ਰੀਗਲ ਸਿਨੇਮਾ ਮੋਗਾ 1972 ਵਿੱਚ ਹੋਏ ਗੋਲੀਕਾਂਡ ਦੌਰਾਨ ਸ਼ਹੀਦ ਹੋਏ ਵਿਦਿਆਰਥੀਆਂ ਦੀ ਇੱਕ ਪੁਰਾਣੀ ਯਾਦ ਹੈ।ਉਸ ਸਮੇਂ ਜਿੱਥੇ ਪੰਜਾਬ ਭਰ ਵਿੱਚ ਝੂਠੇ ਇਨਕਾਊਂਟਰਾਂ ਦਾ ਬੋਲਬਾਲਾ ਸੀ, ਉਦੋਂ ਰੀਗਲ ਸਿਨੇਮਾ ਮੋਗਾ ਗੋਲੀ ਕਾਂਡ ਦੀ ਘਟਨਾ ਰਾਹੀਂ ਵਿਦਿਆਰਥੀਆਂ ਦਾ ਗੁੱਸਾ ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਖਿਲਾਫ ਫੁੱਟਿਆ, ਜੋ ਅੱਗੇ ਚੱਲ ਕੇ ਪੂਰੇ ਪੰਜਾਬ ਭਰ ਵਿੱਚ ਫੈਲ ਗਿਆ ਤੇ ਪੰਜਾਬ ਭਰ ਦੇ ਵਿਦਿਆਰਥੀ ਅਤੇ ਨੌਜਵਾਨ ਪੰਜਾਬ ਪੁਲਿਸ ਦੇ ਇਸ ਧੱਕੇ ਖਿਲਾਫ਼ ਸੜਕ ਤੇ ਸੰਘਰਸ਼ਾਂ ਦੇ ਮੈਦਾਨ ਵਿੱਚ ਉੱਤਰੇ।ਇਸ ਮੌਕੇ ਜਦੋਂ ਪੰਜਾਬ ਵਿੱਚ ਪੰਜਾਬ ਸਰਕਾਰ ਨੇ ਅਣਐਲਾਨੀ ਐਮਰਜੈਂਸੀ ਲਗਾ ਕੇ ਪੰਜਾਬ ਪੁਲਸ ਨੂੰ ਖੁੱਲ੍ਹੀ ਛੋਟ ਦਿੱਤੀ ਹੋਈ ਹੈ ਤੇ ਪੰਜਾਬ ਵਿਚਲੇ ਹਰ ਸੰਘਰਸ਼ ਹਰ ਅੰਦੋਲਨ ਹਰ ਧਰਨੇ ਨੂੰ ਡੰਡੇ ਦੇ ਜ਼ੋਰ 'ਤੇ ਕੁਚਲਿਆ ਜਾ ਰਿਹਾ ਹੈ।ਅਜਿਹੇ ਸਮੇਂ ਜਦੋਂ ਦੁਨੀਆ ਭਰ ਵਿੱਚ ਉਥਲ-ਪੁਥਲ ਮੱਚੀ ਹੋਈ ਹੈ, ਦੁਨੀਆ ਭਰ ਦੇ ਨੌਜਵਾਨ ਇੱਕ ਤਬਦੀਲੀ ਦੀ ਭਾਲ ਵਿੱਚ ਆਪੋ ਆਪਣੀਆਂ ਸਰਕਾਰਾਂ ਖਿਲਾਫ ਆਪਣੀ ਆਵਾਜ਼ ਬੁਲੰਦ ਕਰਦੇ ਹੋਏ ਤਖਤਾ ਪਲਟ ਕਰਨ ਦੀ ਰਾਹ 'ਤੇ ਹਨ।ਉਦੋਂ ਇਸ ਸਮੇਂ ਪੰਜਾਬ ਵਿੱਚ ਇਨ੍ਹਾਂ ਰੀਗਲ ਸਿਨੇਮਾ ਗੋਲੀਕਾਂਡ ਦੇ ਸ਼ਹੀਦਾਂ ਨੂੰ ਯਾਦ ਕਰਨਾ ਇੱਕ ਖਾਸ ਮੌਕਾ ਬਣ ਜਾਂਦਾ ਹੈ ਤਾਂ ਜੁ ਅਸੀਂ ਆਪਣੇ ਇਨ੍ਹਾਂ ਰੀਗਲ ਸਿਨੇਮਾ ਮੋਗਾ ਗੋਲੀ ਕਾਂਡ ਦੇ ਸ਼ਹੀਦਾਂ ਤੋਂ ਪ੍ਰੇਰਣਾ ਲੈ ਸਕੀਏ ਅਤੇ ਪੰਜਾਬ ਸਰਕਾਰ ਖਿਲਾਫ ਆਪਣੇ ਸੰਘਰਸ਼ ਨੂੰ ਤੇਜ਼ ਕਰ ਸਕੀਏ।

ਨੌਜਵਾਨ ਭਾਰਤ ਸਭਾ ਦੇ ਸੂਬਾ ਮੀਤ ਪ੍ਰਧਾਨ ਕਰਮਜੀਤ ਮਾਣੂੰਕੇ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪਰਗਟ ਸਾਫੂਵਾਲਾ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਮੰਗਾ ਵੈਰੋਕੇ ਨੇ ਕਿਹਾ ਕਿ 1972 ਤੋਂ ਲੈ ਕੇ ਹੁਣ ਤੱਕ ਪੰਜਾਬ ਸਟੂਡੈਂਟਸ ਯੂਨੀਅਨ ਦਾ ਝੰਡਾ ਇਸ ਰੀਗਲ ਸਿਨੇਮਾ ਦੇ ਉੱਤੇ ਝੂਲ ਰਿਹਾ ਹੈ ਤੇ ਪੰਜਾਬ ਸਟੂਡੈਂਟਸ ਯੂਨੀਅਨ ਦੇ ਕਬਜ਼ੇ ਹੇਠ ਹੈ ਤੇ ਯੂਨੀਅਨ ਵੱਲੋਂ ਲਗਾਤਾਰ ਇਸ ਇਮਾਰਤ ਦੀ ਥਾਂ ਲਾਇਬ੍ਰੇਰੀ ਤੇ ਮਿਊਜ਼ਅਮ ਬਣਾਉਣ ਦੀ ਮੰਗ ਕੀਤੀ ਜਾ ਰਹੀ ਹੈ, ਪਰ ਕੁਝ ਭੂ ਮਾਫੀਆ ਅਤੇ ਸਰਕਾਰੀ ਤੰਤਰ ਦੇ ਪਿੱਠੂਆਂ ਦੀ ਅੱਖ ਇਸ ਜ਼ਮੀਨ ਉੱਤੇ ਹੈ ਤੇ ਉਹ ਇਸ ਇਮਾਰਤ ਦੀ ਥਾਂ ਕੋਈ ਪਾਰਕਿੰਗ ਜਾਂ ਰਿਜ਼ੋਰਟ ਬਣਾਉਣ ਦੀਆਂ ਚਾਲਾਂ ਚੱਲ ਰਹੇ ਹਨ।ਆਗੂਆਂ ਨੇ ਕਿਹਾ ਕਿ ਇਹ ਇਮਾਰਤ ਸਾਡੇ ਸ਼ਹੀਦਾਂ ਦੀ ਸ਼ਹਾਦਤ ਅਤੇ ਸਰਕਾਰ ਤੇ ਪੁਲਿਸ ਖਿਲਾਫ਼ ਸੰਘਰਸ਼ ਦੀ ਇੱਕ ਨਿਸ਼ਾਨੀ ਹੈ, ਜਿਸ ਕਰਕੇ ਇਸ ਇਮਾਰਤ ਨੂੰ ਕਿਸੇ ਵੀ ਹਾਲਤ ਵਿੱਚ ਕਿਸੇ ਪਾਰਕਿੰਗ ਜਾਂ ਰਿਜ਼ੋਰਟ ਨਹੀਂ ਬਣਨ ਦਿੱਤਾ ਜਾਵੇਗਾ।ਆਗੂਆਂ ਨੇ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਸਰਕਾਰ ਇਸ ਇਮਾਰਤ ਦੀ ਸਾਂਭ ਸੰਭਾਲ ਨਹੀਂ ਕਰਦੀ ਜਾਂ ਇਸ ਇਮਾਰਤ ਦੀ ਥਾਂ ਲਾਇਬ੍ਰੇਰੀ ਤੇ ਮਿਊਜ਼ਅਮ ਨਹੀਂ ਬਣਾਉਂਦੀ ਤਾਂ ਆਉਣ ਨਾਲੇ ਸਮੇਂ ਵਿੱਚ ਪੰਜਾਬ ਸਟੂਡੈਂਟਸ ਯੂਨੀਅਨ ਇਸ ਰੀਗਲ ਸਿਨੇਮਾ ਮੋਗਾ ਨੂੰ ਢਾਅ ਕੇ ਹੋਰਨਾ ਭਰਾਤਰੀ ਤੇ ਜਮਹੂਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਲਾਇਬ੍ਰੇਰੀ ਅਤੇ ਮਿਊਜ਼ਅਮ ਬਣਾਉਣ ਲਈ ਸੰਘਰਸ਼ਸ਼ੀਲ ਹੋਵੇਗੀ।

## ਕਾਤਰਾਂ

### ਦਿਨ ਦਿਹਾੜੇ ਹੱਕ-ਸੱਚ ਦੀ ਗੱਲ ਕਰਨ ਵਾਲਿਆਂ ਦੇ ਕਤਲ ਚਿੰਤਾ ਦਾ ਵਿਸ਼ਾ : ਗਿੱਲ ਬੇਰਕਲਾਂ



**ਦੋਰਾਹਾ (ਹਰਮਿੰਦਰ ਸੇਠ)**-ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਕਿਹਾ ਕਿ ਪੰਜਾਬ 'ਚ ਸਰਕਾਰ ਨਾਂਅ ਦੀ ਕੋਈ ਵੀ ਚੀਜ਼ ਨਜ਼ਰ ਨਹੀ ਆ ਰਹੀ। ਪੰਜਾਬ 'ਚ ਨਸ਼ਿਆਂ ਤੇ ਗੈਂਗਸਟਰਾਂ ਦਾ ਬੋਲਬਾਲਾ ਹੈ। ਹੱਕ-ਸੱਚ ਦੀ ਗੱਲ ਕਰਨ ਵਾਲਿਆਂ ਨੂੰ ਦਿਨ-ਦਿਹਾੜੇ ਹੀ ਗੋਲੀ ਦਾ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਅਪਰਾਧੀ ਕਿਸਮ ਦੇ ਲੋਕ ਦਿਨ-ਦਿਹਾੜੇ ਹੀ ਵਾਰਦਾਤ ਨੂੰ ਅੰਜਾਮ ਦਿੰਦੇ ਹਨ ਤੇ ਕਾਰੋਬਾਰੀਆਂ ਤੋਂ ਸ਼ਰੇਆਮ ਦਿਨ ਦਿਹਾੜੇ ਹੀ ਫਿਰੌਤੀਆਂ ਮੰਗ ਰਹੇ ਹਨ। ਪ੍ਰਧਾਨ ਗਿੱਲ ਬੇਰਕਲਾਂ ਨੇ ਕਿਹਾ ਕਿ ਸ਼ਹਿਣਾ ਵਿੱਚ ਹੋਏ ਕਤਲ ਲਈ ਪਰਵਾਰ ਉੱਥੇ ਦੇ ਵਿਧਾਇਕ ਲਾਭ ਸਿੰਘ ਉਗੋਕ ਦਾ ਨਾਂਅ ਲੈ ਰਿਹਾ ਹੈ, ਪਰ ਮੁੱਖ ਮੰਤਰੀ ਭਗਵੰਤ ਮਾਨ ਪਰਿਵਾਰ ਨਾਲ ਦੁੱਖ ਦੀ ਘੜੀ ਵਿੱਚ ਖੜਨ ਦੀ ਬਜਾਏ ਆਪਣੇ ਆਗੂਆਂ ਤੋਂ ਝੂਠੀਆਂ ਪ੍ਰੈੱਸ ਕਾਨਫਰੰਸਾਂ ਕਰਾ ਰਿਹਾ ਹੈ, ਜਦੋਂਕਿ ਚਾਹੀਦਾ ਇਹ ਸੀ ਕਿ ਆਮ ਆਦਮੀ ਪਾਰਟੀ ਇਸ ਕਤਲ ਦੀ ਸੀ ਬੀ ਆਈ ਤੋਂ ਜਾਂਚ ਕਰਾਉਂਦੀ ਤੇ ਜੋ ਵੀ ਦੋਸ਼ੀ ਹੁੰਦਾ, ਉਸ 'ਤੇ ਪਰਚਾ ਦਰਜ ਕਰਾਉਂਦੀ।

### ਕਾਰ ਤੇ ਮੋਟਰਸਾਈਕਲ ਦੀ ਟੱਕਰ 'ਚ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਮਦੋਟ ਵਿਖੇ ਕਾਰ ਤੇ ਮੋਟਰਸਾਈਕਲ ਦੀ ਟੱਕਰ ਵਿਚ ਇੱਕ ਵਿਅਕਤੀ ਦੀ ਮੌਤ ਹੋਣ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਮਮਦੋਟ ਪੁਲਸ ਨੇ ਕਾਰ ਚਾਲਕ ਖਿਲਾਫ 106, 281, 324 (4), ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਲਵਪ੍ਰੀਤ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਪਿੰਡ ਮੱਲਾ ਰਹੀਮੇ ਕੇ ਉਤਾੜ ਨੇ ਦੱਸਿਆ ਕਿ ਉਸ ਦਾ ਪਿਤਾ ਕਸ਼ਮੀਰ ਸਿੰਘ ਪੁੱਤਰ ਰੇਸ਼ਮ ਸਿੰਘ ਵਾਸੀ ਪਿੰਡ ਮੱਲਾ ਰਹੀਮੇ ਕੇ ਉਤਾੜ 3 ਅਕਤੂਬਰ 2025 ਨੂੰ ਕਰੀਬ 7.40 ਸ਼ਾਮ ਨੂੰ ਆਪਣੇ ਮੋਟਰਸਾਈਕਲ ਨੰਬਰ ਪੀਬੀ ਐੱਸਏਐੱਸ 3640 'ਤੇ ਸਵਾਰ ਹੋ ਕੇ ਪਿੰਡ ਛਾਂਗਾ ਖੁਰਦ ਤੋਂ ਆਪਣੇ ਪਿੰਡ ਮੱਲਾ ਰਹੀਮੇ ਕੇ ਆ ਰਿਹਾ ਸੀ ਤਾਂ ਉਸ ਦੇ ਪਿੱਛੇ ਇਕ ਕਾਰ ਰਿਟਜ ਨੂੰ ਤਰਸੇਮ ਸਿੰਘ ਪੁੱਤਰ ਰਾਜ ਸਿੰਘ ਵਾਸੀ ਬਸਤੀ ਮੋਹਰ ਸਿੰਘ ਚਲਾ ਕੇ ਰਿਹਾ ਸੀ, ਜਿਸ ਨੇ ਉਸ ਦੇ ਵੇਖਦੇ ਵੇਖਦੇ ਹੀ ਆਪਣੀ ਮਾਰ ਰਿਟਜ ਉਸ ਦੇ ਪਿਤਾ ਦੇ ਮੋਟਰਸਾਈਕਲ ਦੇ ਪਿੱਛੋਂ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਟੱਕਰ ਮਾਰੀ। ਇਸ ਹਾਦਸੇ ਵਿੱਚ ਉਸ ਦੇ ਪਿਤਾ ਕਸ਼ਮੀਰ ਸਿੰਘ ਦੀ ਮੌਤ ਹੋ ਗਈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗਹਿਣਾ ਰਾਮ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਕਾਰ ਚਾਲਕ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### 104 ਗ੍ਰਾਮ ਹੈਰੋਇਨ ਸਮੇਤ ਔਰਤ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇੱਕ ਔਰਤ ਨੂੰ 104 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਭੁਪਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਇਲਾਕੇ ਵਿੱਚ ਗਸ਼ਤ ਕਰ ਰਹੀ ਸੀ ਤਾਂ ਇਸ ਦੌਰਾਨ ਪੁਲਸ ਨੇ ਸੋਮਾ ਉਰਫ ਗੱਬਰੀ ਪਤਨੀ ਮੋਹਨ ਸਿੰਘ ਵਾਸੀ ਬਸਤੀ ਸੇਖਾਂ ਵਾਲੀ ਫਿਰੋਜ਼ਪੁਰ ਸ਼ਹਿਰ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 104 ਗ੍ਰਾਮ ਹੈਰੋਇਨ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਮੁਲਜ਼ਮ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਮਾਮਲਾ ਪੱਤਰਕਾਰ ਦੀ ਪੁਲਸ ਵੱਲੋਂ ਸੁਣਵਾਈ ਨਾ ਕਰਨ ਦਾ

# ਮੁਕਤਸਰ ਦੇ ਪੱਤਰਕਾਰ ਭਾਈਚਾਰੇ ਵੱਲੋਂ ਪੁਲਸ ਦੇ ਬਾਈਕਾਟ ਦਾ ਐਲਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**

ਪੱਤਰਕਾਰ ਪਵਨ ਤਨੇਜਾ ਵੱਲੋਂ ਸ਼ਿਕਾਇਤ ਦੇਣ ਤੇ ਪੂਰੇ ਸਬੂਤ ਦੇਣ ਦੇ ਬਾਵਜੂਦ ਪੁਲਸ ਵੱਲੋਂ ਦੋਸ਼ੀ ਖਿਲਾਫ਼ ਕੋਈ ਕਾਰਵਾਈ ਨਾ ਕਰਨ ਦੇ ਰੋਸ ਵਜੋਂ ਸ੍ਰੀ ਮੁਕਤਸਰ ਸਾਹਿਬ ਦੀਆਂ ਪੱਤਰਕਾਰ ਜਥੇਬੰਦੀਆਂ ਨੇ ਇੱਕਜੁਟ ਹੁੰਦੇ ਹੋਏ ਪੁਲਸ ਦਾ ਬਾਈਕਾਟ ਕਰਨ ਦਾ ਐਲਾਨ ਕਰ ਦਿੱਤਾ ਹੈ।ਇਹ ਐਲਾਨ ਸੋਮਵਾਰ ਨੂੰ ਮੁਕਤਸਰ ਦੇ ਪੱਤਰਕਾਰ ਭਾਈਚਾਰੇ ਦੀ ਹੋਈ ਮੀਟਿੰਗ ਵਿੱਚ ਕੀਤਾ ਗਿਆ।ਇਸ ਦੌਰਾਨ ਫੈਸਲਾ ਲਿਆ ਗਿਆ ਕਿ ਮੀਡੀਆ ਵੱਲੋਂ ਪੁਲਸ ਦੇ ਕਿਸੇ ਵੀ ਪ੍ਰੋਗਰਾਮ ਦੀ ਕਵਰੇਜ ਨਹੀਂ ਕੀਤੀ ਜਾਵੇਗੀ।ਜ਼ਿਕਰਯੋਗ ਹੈ ਕਿ ਐੱਸ.ਐੱਸ.ਪੀ. ਵੱਲੋਂ ਬੀਤੇ ਦਿਨੀਂ ਇਸ ਮਾਮਲੇ ਵਿੱਚ ਪੱਤਰਕਾਰਾਂ ਨੂੰ ਮਿਲਣ ਲਈ ਬੁਲਾਇਆ ਗਿਆ, ਪਰ ਬਾਅਦ ਵਿੱਚ ਉਨ੍ਹਾਂ ਦੀ ਗੱਲ ਹੀ ਨਹੀਂ ਸੁਣੀ, ਜਿਸ ਤੋਂ ਖਫ਼ਾ ਪੱਤਰਕਾਰਾਂ ਨੂੰ ਇਹ ਕਦਮ ਚੁੱਕਣਾ ਪਿਆ।ਪੱਤਰਕਾਰ ਭਾਈਚਾਰੇ ਦਾ ਕਹਿਣਾ ਹੈ ਕਿ ਜਦੋਂ ਤੱਕ ਉਨ੍ਹਾਂ ਗੱਲਬਾਤ ਸੁਣ ਕੇ ਉਸ ਦਾ ਹੱਲ ਨਹੀਂ ਕਰਵਾਇਆ ਜਾਂਦਾ ਉਨ੍ਹਾਂ ਦਾ ਬਾਈਕਾਟ ਜਾਰੀ ਰਹੇਗਾ ਤੇ ਜੇਕਰ ਜ਼ਰੂਰਤ ਪਈ ਤਾਂ ਜ਼ਿਲ੍ਹਾ ਪੱਧਰ ਤੇ ਫਿਰ ਪੰਜਾਬ ਪੱਧਰ ਤੱਕ ਵੀ ਇਸ ਸੰਘਰਸ਼ ਨੂੰ ਲਿਜਾਇਆ ਜਾਵੇਗਾ।ਇਸ ਦੌਰਾਨ ਹੀ ਇੱਕ 7 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਵਿਚ ਪ੍ਰੈੱਸ ਕਲੱਬ ਮੁਕਤਸਰ ਦੇ ਦੀਪਕਪਾਲ ਸ਼ਰਮਾ, ਮੁਕਤੀਸਰ ਪੱਤਰਕਾਰ ਐਸੋਸੀਏਸ਼ਨ ਦੇ ਕਾਮਰੇਡ ਖਰੈਤੀ ਲਾਲ, ਅਜ਼ਾਦੀ ਪ੍ਰੈੱਸ ਕਲੱਬ ਦੇ ਸੁਰਿੰਦਰ ਚੱਠਾ, ਯੂ ਟਿਊਬ ਪ੍ਰੈੱਸ ਕਲੱਬ ਸੰਜੂ, ਇਲਕਟ੍ਰੋਨਿਕ ਯੂਨੀਅਨ ਦੇ ਕੁਲਦੀਪ ਰਿਣੀ ਤੇ ਤਰਸੇਮ ਢੂੱਡੀ ਤੇ ਗੁਰਸੇਵਕ ਪ੍ਰੀਤ ਨੂੰ ਲਿਆ ਗਿਆ।ਇਸ ਮੌਕੇ ਕਾਲਾ ਸਿੰਘ ਬੇਦੀ, ਪਵਨ ਤਨੇਜਾ, ਐੱਚ ਐੱਸ ਕਪੂਰ, ਰਾਜ ਖੁਰਾਣਾ, ਰਵੀ ਅਗਰਵਾਲ, ਸ਼ਮਿੰਦਰਪਾਲ, ਅਮਰਜੀਤ ਸਿੰਘ ਸੋਨੂੰ, ਸੋਨੂੰ ਖੇੜਾ, ਜਸਪ੍ਰੀਤ ਮਹਿਰਾ, ਨਰਿੰਦਰ ਸਲੂਜਾ, ਰਿੰਕੂ ਜੋਸ਼ੀ, ਜਸਪ੍ਰੀਤ ਮਹਿਰਾ, ਮਨੂੰ ਸ਼ਰਮਾ, ਅਨਮੋਲ ਵੜਿੰਗ, ਜਸਪ੍ਰੀਤ ਸਿੰਘ, ਬਲਵੰਤ ਸਿੰਘ ਸੰਮੇਵਾਲੀ, ਪਰਮਜੀਤ ਬੇਦੀ, ਗੁਰਜੰਟ ਭੱਟੀ, ਗੁਰਮੀਤ ਸਿੰਘ ਆਦਿ ਮੌਜੂਦ ਸਨ।

# 20 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਥਾਣਾ ਕੈਂਟ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ 20 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਕਰਕੇ ਇੱਕ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਜਸਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਡੀਏਵੀ ਕਾਲਜ ਫਿਰੋਜ਼ਪੁਰ ਕੈਂਟ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਮਨੋਹਰ ਲਾਲ ਪੁੱਤਰ ਸ਼ਫੀ ਵਾਸੀ ਮਕਾਨ ਨੰਬਰ 28 ਲੋਕੋ ਸ਼ੈੱਡ ਰੋਡ ਬਸਤੀ ਟੈਂਕਾਂਵਾਲੀ ਫਿਰੋਜ਼ਪੁਰ ਕੈਂਟ ਜੋ ਨਾਜਾਇਜ਼ ਸ਼ਰਾਬ ਵੇਚਣ ਦਾ ਆਦੀ ਹੈ ਤੇ ਜੋ ਹੁਣ ਵੀ ਆਪਣੇ ਘਰ ਦੇ ਸਾਹਮਣੇ ਸ਼ਰਾਬ ਦੀ ਕੈਨੀ ਰੱਖ ਕੇ ਨਾਜਾਇਜ਼ ਸ਼ਰਾਬ ਵੇਚਣ ਲਈ ਗਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ, ਜੇ ਹੁਣੇ ਹੀ ਉਸ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਉਸ ਪਾਸੋਂ ਭਾਰੀ ਮਾਤਰਾ ਵਿੱਚ ਨਜਾਇਜ਼ ਸ਼ਰਾਬ ਬਰਾਮਦ ਹੋ ਸਕਦੀ ਹੈ।

ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ 'ਤੇ ਛਾਪੇਮਾਰੀ ਕੀਤੀ ਤਾਂ ਦੋਸ਼ੀ ਮੌਕੇ ਤੋਂ ਫਰਾਰ ਹੋ ਗਿਆ ਤੇ ਮੌਕੇ 'ਤੇ 20 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਪੁਰਬ ਸਬੰਧੀ ਗੁਰਦੁਆਰਾ ਚੰਦਪੁਰਾਣਾ ਤੋਂ ਆਰੰਭ ਹੋਇਆ ਨਗਰ ਕੀਰਤਨ

**ਮੋਗਾ (ਇਕਬਾਲ ਸਿੰਘ ਖਹਿਰਾ)**



ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਜੀ ਤਪ ਅਸਥਾਨ ਸੱਚਖੰਡ ਵਾਸੀ ਬਾਬਾ ਨਛੱਤਰ ਸਿੰਘ ਜੀ ਚੰਦ ਪੁਰਾਣਾ ਵਿਖੇ ਨੌਵੇਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਮਹਾਰਾਜ ਜੀ ਦੇ ਸਾਢੇ ਤਿੰਨ ਸੌ ਸਾਲਾ ਸ਼ਹੀਦੀ ਸਮਾਗਮ ਨੂੰ ਸਮਰਪਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ, ਜਿਸ ਵਿੱਚ ਸ਼੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਭਾਈ ਜਸਵੀਰ ਸਿੰਘ ਰੋਡੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਗੁਰਦੀਪ ਸਿੰਘ ਜੀ, ਐਸਜੀਪੀਸੀ ਮੈਂਬਰ ਭਾਈ ਜਗਤਾਰ ਸਿੰਘ ਰੋਡੇ ਵੱਲੋਂ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ ਗਈ।ਇਹ ਨਗਰ ਕੀਰਤਨ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਤੋਂ ਆਰੰਭ ਹੋ ਕੇ ਪਿੰਡ ਗਿੱਲ, ਮਡੀਰਾਂ ਵਾਲਾ, ਕਾਲੀਏ ਵਾਲਾ, ਮਾਣੂਕੇ, ਨੱਥੋਕੇ, ਸਮਾਧ ਭਾਈ ਆਦਿ ਪਿੰਡਾਂ ਵਿੱਚ ਹੁੰਦਾ ਹੋਇਆ ਪਿੰਡ ਘੋਲੀਆ ਵਿੱਚ ਸਮਾਪਤ ਹੋਇਆ। ਇਸ ਨਗਰ ਕੀਰਤਨ ਦੌਰਾਨ ਵੱਖ-ਵੱਖ ਗੁਰਦੁਆਰਾ ਕਮੇਟੀਆਂ ਵੱਲੋਂ ਜਿੱਥੇ ਸਜਾਵਟੀ ਗੇਟ ਬਣਾਏ ਗਏ, ਉੱਥੇ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ ਤੇ ਫੁੱਲਾਂ ਦੀ ਵਰਖਾ ਕੀਤੀ ਗਈ ਅਤੇ ਚਾਹ-ਪਾਣੀ, ਫ਼ਲਾਂ ਤੇ ਗੁਰੂ ਕਾ ਅਟੁੱਟ ਲੰਗਰ ਵਰਤਾਇਆ ਗਿਆ।ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਭਾਈ ਜਸਵੀਰ ਸਿੰਘ ਖਾਲਸਾ ਨੇ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਕੁਰਬਾਨੀ ਬਾਰੇ ਸੰਗਤਾਂ ਨੂੰ ਜਾਣੂੰ ਕਰਾਉਂਦਿਆਂ ਦਸਿਆ ਕਿ ਇੰਟਰਨੈਸ਼ਨਲ ਪੰਥਕ ਦਲ ਪੰਜਾਬ ਵਿੱਚ ਪ੍ਰਚਾਰ ਕਰਨ ਹਿੱਤ 40 ਦੇ ਕਰੀਬ ਮਹਾਨ ਨਗਰ ਕੀਰਤਨ ਦੀ ਲੜੀ ਚਲਾਈ ਜਾ ਰਹੀ ਹੈ ਤਾਂ ਜੁ ਪੰਜਾਬ ਦੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਸਕੇ। ਇਸ ਮੌਕੇ ਭਾਈ ਜਸਵੀਰ ਸਿੰਘ ਖਾਲਸਾ ਨੇ ਗੁਰਬਾਣੀ ਦੇ ਹਵਾਲੇ ਨਾਲ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ। ਵੱਖ-ਵੱਖ ਵਿਦਵਾਨਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ਬਦਾਂ ਦੀ ਵਿਆਖਿਆ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਤੋਂ ਇਲਾਵਾ ਢਾਡੀ ਅਤੇ ਕਵੀਸ਼ਰੀ ਜੱਥਿਆਂ ਨੇ ਸਿੱਖ ਸੰਘਰਸ਼ ਦੀਆਂ ਬੀਰ ਰਸੀ ਕਵਿਤਾਵਾਂ ਅਤੇ ਵਾਰਾਂ ਗਾਕੇ ਸੰਗਤਾਂ ਨੂੰ ਪ੍ਰੇਰਨਾ ਕੀਤੀ ਕਿ ਉਹ ਗੁਰੂ ਸਾਹਿਬ ਦੇ ਪਾਏ ਪੂਰਨ ਉੱਪਰ ਚੱਲਣ ਨੂੰ ਹੀ ਆਪਣਾ ਮੁੱਖ ਧਰਮ ਸਮਝਣ।

# ਸਰਕਾਰੀ ਚੌਲਾਂ ਦੇ ਹਜ਼ਾਰਾਂ ਗੱਟੇ ਗਾਇਬ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਵਿਖੇ ਸਰਕਾਰੀ ਅਨਾਜ ਦੀ ਵੱਡੇ ਪੱਧਰ 'ਤੇ ਹੇਰਾਫੇਰੀ ਦਾ ਮਾਮਲਾ ਸਾਹਮਣੇ ਆਇਆ ਹੈ। ਜ਼ਿਲ੍ਹਾ ਕੰਟਰੋਲਰ ਖੁਰਾਕ ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਫ਼ਿਰੋਜ਼ਪੁਰ ਦੇ ਦਫ਼ਤਰ ਵੱਲੋਂ ਸੀਨੀਅਰ ਕਪਤਾਨ ਪੁਲਸ ਨੂੰ ਭੇਜੀ ਗਈ ਸ਼ਿਕਾਇਤ (ਨੰਬਰ 11-2025/3316 ਮਿਤੀ 5 ਅਕਤੂਬਰ 2025) ਦੇ ਆਧਾਰ 'ਤੇ ਵੱਡੀ ਕਾਰਵਾਈ ਸ਼ੁਰੂ ਕੀਤੀ ਗਈ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਗਿਆ ਹੈ ਕਿ ਜ਼ਿਲ੍ਹੇ ਦੇ ਦੋ ਵੱਖ-ਵੱਖ ਗੋਦਾਮਾਂ ਦੀ ਚੈਕਿੰਗ ਦੌਰਾਨ ਵੱਡੀ ਮਾਤਰਾ ਵਿੱਚ ਚੌਲਾਂ ਦੇ ਗੱਟੇ ਘੱਟ ਪਾਏ ਗਏ ਹਨ। ਪਹਿਲਾਂ ਮਾਮਲਾ ਟੀਆਰ ਐਗਰੋ ਫੂਡਜ਼ ਐਂਡ ਬੇਵਰੇਜਿਜ਼ ਐੱਲ.ਐੱਲ.ਪੀ., ਸੇਖਵਾਂ-ਸੋਢੀਵਾਲਾ ਰੋਡ, ਤਲਵੰਡੀ ਭਾਈ ਵਿਖੇ ਸਥਿਤ ਕਵਰਡ ਗੁਦਾਮ ਦਾ ਹੈ। ਇੱਥੇ ਨਿਰੀਖਣ ਦੌਰਾਨ 35,809 ਚਾਵਲ ਦੇ ਗੱਟੇ ਘੱਟ ਪਾਏ ਗਏ। ਇਸ ਤੋਂ ਇਲਾਵਾ ਦੂਜਾ ਘਪਲਾ ਸਚਦੇਵਾ ਰਾਈਜ਼ ਮਿਲਜ਼, ਪਿਆਰੇਆਣਾ ਵਿਚੋਂ ਸਾਹਮਣੇ ਆਇਆ, ਜਿੱਥੋਂ 2,793 ਗੱਟੇ ਚਾਵਲ ਘੱਟ ਮਿਲੇ। ਦੋ ਥਾਵਾਂ ਤੋਂ 38, 602 ਕਣਕ ਦੇ ਗੱਟੇ ਗਾਇਬ ਹਨ, ਜਿਨ੍ਹਾਂ ਦੀ ਕੀਮਤ ਕਰੋੜਾਂ ਰੁਪਏ ਬਣਦੀ ਹੈ। ਇਸ ਮਾਮਲੇ ਦੀ ਜਾਂਚ ਤੋਂ ਬਾਅਦ ਥਾਣਾ ਕੁੱਲਗੜ੍ਹੀ ਦੇ ਇੰਸਪੈਕਟਰ ਬਲਜਿੰਦਰ ਸਿੰਘ ਨੇ ਜਾਣਕਾਰੀ ਦਿੱਤੀ ਕਿ ਪੁਲਸ ਨੇ ਤੁਰੰਤ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪੁਲਸ ਨੇ ਯੋਗਰਾਜ, ਨਿਰੀਖਕ ਵਾਸੀ ਤਲਵੰਡੀ ਭਾਈ ਖ਼ਿਲਾਫ਼ ਕੇਸ ਦਰਜ ਕੀਤਾ ਗਿਆ ਹੈ।

# ਝਾੜ ਸਾਹਿਬ ਕਾਲਜ ਵਿੱਚ ਗੁਰੂ ਤੇਗ ਬਹਾਦਰ ਜੀ ਦਾ 350 ਸਾਲਾ ਸ਼ਹੀਦੀ ਦਿਵਸ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਪਣੀਆਂ ਵਿੱਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਤੇ ਗੁਰੂਆਂ ਦੀਆਂ ਕੁਰਬਾਨੀਆਂ ਤੋਂ ਜਾਣੂ ਕਰਵਾਉਣ ਲਈ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਦੇ ਨਿਰਦੇਸ਼ਨ ਹੇਠ ਗੁਰੂ ਗੋਬਿੰਦ ਖਾਲਸਾ ਕਾਲਜ ਫਾਰ ਵਿਮਨ ਝਾੜ ਸਾਹਿਬ ਵਿਖੇ ਸ਼੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਦਿਆਲਾ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ ਜੀ ਦੇ 350 ਸਾਲਾ ਸ਼ਹੀਦੀ ਦਿਵਸ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਿਆਈ ਦਿਵਸ ਨੂੰ ਸਮਰਪਤ ਸਮਾਗਮ ਕੀਤਾ ਗਿਆ, ਜਿਸ ਵਿੱਚ ਇਲਾਕੇ ਦੀਆਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ।ਹਜ਼ੂਰੀ ਰਾਗੀਆਂ ਨੇ ਇਲਾਹੀ ਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ।ਕਾਲਜ ਦੇ ਸੰਗੀਤ ਵਿਭਾਗ ਦੀ ਮੁਖੀ ਡਾ. ਅਮਨਪ੍ਰੀਤ ਕੌਰ ਕੰਗ ਤੇ ਵਿਦਿਆਰਥਣਾਂ ਨੇ ਵੀ ਇਲਾਹੀ ਬਾਣੀ ਦੇ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਐੱਸਜੀਪੀਸੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਤੇਗ ਬਹਾਦਰ ਜੀ ਦੀਆਂ ਬਖਸ਼ਿਸ਼ਾਂ ਤਾਂ ਹੀ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ, ਜੇਕਰ ਉਨ੍ਹਾਂ ਦੁਆਰਾ ਰਚਿਤ ਬਾਣੀ ਰਾਹੀਂ ਦ੍ਰਿੜ੍ਹ ਕਰਵਾਏ ਗਏ ਉਪਦੇਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਇਆ ਜਾਵੇ।ਇਲਾਕੇ ਦੀ ਮੰਗ ਨੂੰ ਵਿਚਾਰਦੇ ਹੋਏ ਉਨ੍ਹਾਂ ਐਲਾਨ ਕੀਤਾ ਕਿ ਅਗਲੇ ਸਾਲ ਤੋਂ ਕਾਲਜ ਵਿੱਚ ਡੀ ਫਾਰਮੇਸੀ ਸੰਸਥਾ ਸਥਾਪਤ ਕੀਤੀ ਜਾਵੇਗੀ ਤੇ ਲੜਕੀਆਂ ਲਈ ਹੋਸਟਲ ਮੁਕੰਮਲ ਹੋ ਜਾਵੇਗਾ।ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ 'ਨਿਸ਼ਚੈ ਅਕਾਦਮੀ' ਰਾਹੀਂ ਵਿਦਿਆਰਥੀਆਂ ਨੂੰ ਯੂਪੀਐੱਸਸੀ, ਪੀਪੀਐੱਸਸੀ ਤੇ ਜੁਡੀਸ਼ਲ ਸੇਵਾਵਾਂ ਦੀ ਪ੍ਰੀਖਿਆ ਦੀ ਮੁਫਤ ਕੋਚਿੰਗ ਦਿੱਤੀ ਜਾਵੇਗੀ। ਇਸ ਮੌਕੇ ਪ੍ਰਿੰਸੀਪਲ ਡਾ. ਰਾਜਿੰਦਰ ਕੌਰ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਕਾਲਜ ਦੀ ਸਥਾਨਕ ਪ੍ਰਬੰਧਕ ਕਮੇਟੀ ਤੇ ਕਾਲਜ ਸਟਾਫ ਹਾਜ਼ਰ ਰਿਹਾ ਅਤੇ ਸਮਾਗਮ ਦੇ ਆਯੋਜਨ ਵਿੱਚ ਆਰਥਿਕ ਦਾਨ ਕਰਕੇ ਸਮਰਥਾ ਅਨੁਸਾਰ ਹਿੱਸਾ ਪਾਇਆ।

# ਬੀਕੇਯੂ ਕ੍ਰਾਂਤੀਕਾਰੀ ਤੇ ਬੀਕੇਯੂ ਆਜ਼ਾਦ ਨੇ ਸਾੜੇ ਸਰਕਾਰਾਂ ਦੇ ਪੁਤਲੇ



**ਮੋਗਾ (ਇਕਬਾਲ ਸਿੰਘ ਖਹਿਰਾ)**

ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਬਲਾਕ ਖਜ਼ਾਨਚੀ ਗੁਰਦੀਪ ਸਿੰਘ ਧੂੜਕੋਟ ਨੇ ਦੱਸਿਆ ਕਿ ਸੋਮਵਾਰ ਬਲਾਕ ਕਮੇਟੀਆਂ ਨੇ ਕਿਸਾਨ ਮਜ਼ਦੂਰ ਮੋਰਚੇ ਦੇ ਸੱਦੇ 'ਤੇ ਅਜਿਤਵਾਲ ਵਿਖੇ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਤੇ ਭਾਰਤੀ ਕਿਸਾਨ (ਏਕਤਾ) ਆਜ਼ਾਦ ਵੱਲੋਂ ਸਾਂਝੇ ਤੌਰ 'ਤੇ ਪੰਜਾਬ ਤੇ ਕੇਂਦਰ ਸਰਕਾਰ ਦੀ ਅਰਥੀ ਸਾੜ ਕੇ ਜ਼ੋਰਦਾਰ ਨਾਹਰੇਬਾਜ਼ੀ ਕੀਤੀ ਗਈ।ਰੈਲੀ ਨੂੰ ਭਾਰਤੀ ਕਿਸਾਨ ਯੂਨੀਅਨ (ਏਕਤਾ) ਆਜ਼ਾਦ ਦੇ ਸੂਬਾਈ ਆਗੂ ਲਖਬੀਰ ਸਿੰਘ ਦੌਧਰ, ਬਲਜਿੰਦਰ ਸਿੰਘ ਕਿਸ਼ਨਪੁਰਾ, ਸੁਖਜੀਤ ਸਿੰਘ, ਕਰਮਜੀਤ ਸਿੰਘ, ਸੋਮਾ ਦੌਧਰ, ਗੁਰਦੀਪ ਸਿੰਘ ਮੀਨੀਆ, ਗੋਪੀ ਮਿਨੀਆ ਤੇ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਬਲਾਕ ਪ੍ਰਧਾਨ ਸੰਦੀਪ ਸਿੰਘ ਚੂਹੜਚੱਕ, ਨਾਇਬ ਸਿੰਘ, ਕਰਮਜੀਤ ਸਿੰਘ ਫ਼ੌਜੀ, ਸੁਰਜੀਤ ਸਿੰਘ ਦਿਓਲ, ਸੁਖਦੀਪ ਸਿੰਘ ਦਿਓਲ, ਸਤਿਨਾਮ ਸਿੰਘ ਬਾਬਾ ਢੂਡੀਕੇ, ਗੋਲੂ ਢੁੱਡੀਕੇ, ਬਿੱਟੂ ਢੁੱਡੀਕੇ ਤੇ ਕਾਮਰੇਡ ਚਰਨ ਸਿੰਘ ਗਾਲਬ ਆਦਿ ਨੇ ਸੰਬੋਧਨ ਕੀਤਾ।ਆਗੂਆਂ ਨੇ ਕਿਹਾ ਕਿ ਸਰਕਾਰਾਂ ਵੱਲੋਂ ਲਿਆਂਦੇ ਗਏ ਹੜ੍ਹਾਂ ਕਾਰਨ ਸਾਡਾ ਜਾਨੀ ਤੇ ਮਾਲੀ ਨੁਕਸਾਨ ਬਹੁਤ ਹੋਇਆ ਹੈ, ਫਸਲਾਂ ਬਰਬਾਦ ਹੋ ਗਈਆਂ ਹਨ, ਪਸ਼ੂ ਮਰ ਗਏ ਹਨ, ਘਰ ਢਹਿ ਗਏ ਹਨ। ਸਰਕਾਰਾਂ ਵੱਲੋਂ ਅਖਬਾਰਾਂ ਵਿੱਚ ਦਿੱਤੇ ਬਿਆਨਾਂ ਤੋਂ ਬਿਨਾਂ ਸਾਡੇ ਕੁਝ ਪੱਲੇ ਨਹੀਂ ਪਿਆ।ਸਾਡੇ ਲੋਕ ਹੀ ਲੋਕਾਂ ਦੇ ਕੰਮ ਆਏ ਹਨ।ਮੰਡੀਆਂ ਦੇ ਵਿੱਚ ਝੋਨਾ ਖਰੀਦਣ 'ਤੇ ਵੀ ਨੱਕ ਬੁੱਲ੍ਹ ਕੱਢੇ ਜਾ ਰਹੇ ਹਨ।ਨਮੀ ਦੀ ਸਮੱਸਿਆ ਕਰਕੇ ਕਈ ਥਾਂ ਕੱਟ ਲਾ ਕੇ ਝੋਨਾ ਖਰੀਦਿਆ ਜਾਂਦਾ ਹੈ।ਯੂਰੀਆ ਖਾਦ ਦੀ ਪੂਰੀ ਕਿੱਲਤ ਬਣੀ ਹੋਈ ਹੈ, ਸਰਕਾਰ ਕੋਈ ਪ੍ਰਬੰਧ ਨਹੀਂ ਕਰ ਰਹੀ। ਆਗੂਆਂ ਨੇ ਅੱਗੇ ਕਿਹਾ ਕਿ ਉਨ੍ਹਾਂ ਨੂੰ ਹਾੜੀ ਦੀਆਂ ਫਸਲਾਂ ਦੀ ਬਿਜਾਈ ਕਰਨ ਦੇ ਲਈ ਹੜ੍ਹਾਂ ਕਰਕੇ ਵੱਡੀ ਦਿੱਕਤ ਖੜ੍ਹੀ ਹੋਈ ਹੋਈ ਹੈ।ਉਪਰੋਂ ਕੋਰਟਾਂ ਰਾਹੀਂ ਦੁਖੀ ਕਿਸਾਨੀ ਨੂੰ ਕਿਹਾ ਜਾ ਰਿਹਾ ਹੈ ਕਿ ਜੇਕਰ ਪਰਾਲੀ ਨੂੰ ਅੱਗ ਲਾਈ ਤਾਂ ਅੱਗ ਲਾਉਣ ਵਾਲਿਆਂ ਨੂੰ ਜੇਲ੍ਹਾਂ ਵਿੱਚ ਬੰਦ ਕਰ ਦਿੱਤਾ ਜਾਵੇਗਾ। ਜੇਕਰ ਸਰਕਾਰ ਨੇ ਸਾਡੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਕਿਸਾਨ ਮਜ਼ਦੂਰ ਮੋਰਚੇ ਵੱਲੋਂ ਵੱਡੀ ਪੱਧਰ 'ਤੇ ਸੰਘਰਸ਼ ਕੀਤਾ ਜਾਵੇਗਾ ਅਤੇ ਕਿਸੇ ਵੀ ਕਿਸਾਨ ਦੀ ਗ੍ਰਿਫਤਾਰੀ ਨਹੀਂ ਹੋਣ ਦਿੱਤੀ ਜਾਵੇਗੀ।

# ਪਰਾਲੀ ਦੀ ਸਾਂਭ ਸੰਭਾਲ ਦਾ ਪੂਰਾ ਪ੍ਰਬੰਧ ਸਰਕਾਰ ਕਰੇ

**ਬੱਧਨੀ ਕਲਾਂ (ਲਵਲੀ ਕੁਮਾਰ)**





ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ ਵੱਲੋਂ ਪਰਾਲੀ ਦੀ ਸਾਂਭ ਸੰਭਾਲ ਦੇ ਪ੍ਰਬੰਧ ਲਈ ਐੱਸ ਡੀ ਐੱਮ ਨਿਹਾਲ ਸਿੰਘ ਵਾਲਾ ਨੂੰ ਭਰਵੇਂ ਇਕੱਠ ਰਾਹੀਂ ਮੰਗ ਪੱਤਰ ਦੇ ਕੇ ਇਸ ਨੂੰ ਫੌਰੀ ਹੱਲ ਕਰਨ ਦੀ ਮੰਗ ਕੀਤੀ ਗਈ। ਇਕੱਠ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਆਗੂ ਜੰਗੀਰ ਸਿੰਘ ਹਿੰਮਤਪੁਰਾ, ਗੁਰਚਰਨ ਸਿੰਘ ਰਾਮਾਂ, ਸਰਬਜੀਤ ਸਿੰਘ ਖਾਈ ਤੇ ਗੁਰਮੁੱਖ ਸਿੰਘ ਹਿੰਮਤਪੁਰਾ ਨੇ ਕਿਹਾ ਕਿ ਸਰਕਾਰ ਪਰਾਲੀ ਨੂੰ ਸਾਂਭ ਸੰਭਾਲ ਦਾ ਸਾਰਾ ਪ੍ਰਬੰਧ ਕਰੇ, ਪਿੰਡਾਂ ਦੀਆਂ ਸੁਸਾਇਟੀਆਂ ਨੂੰ ਪਰਾਲੀ ਦੀ ਸਾਂਭ ਸੰਭਾਲ ਸਬੰਧੀ ਸਾਰੀ ਮਸ਼ੀਨਰੀ ਦਿੱਤੀ ਜਾਵੇ, ਕਰਚੇ ਵੱਢੇ ਬਿਨਾਂ ਫੂਸੜ ਪਰਾਲੀ ਨੂੰ ਅੱਗ ਲਾਉਣ ਤੋਂ ਕਿਸਾਨਾਂ ਨੂੰ ਨਾ ਰੋਕਿਆ ਜਾਵੇ।ਕਿਸਾਨਾਂ ਨੂੰ ਯੂਰੀਆ ਤੇ ਡੀਏਪੀ ਖਾਦ ਨਾਲ ਵਾਧੂ ਧੱਕੇ ਨਾਲ ਸਾਮਾਨ ਨਾ ਦਿੱਤਾ ਜਾਵੇ, ਖਰੀਦ ਸਮੇਂ ਝੋਨੇ ਦੀ ਨਮੀ ਵਿੱਚ ਵਾਧਾ ਕੀਤਾ ਜਾਵੇ, ਮਸ਼ੀਨ ਤੇ ਐੱਮ ਐੱਮ ਐੱਸ ਦੀ ਸ਼ਰਤ ਹਟਾਈ ਜਾਵੇ।ਜੇਕਰ ਸਰਕਾਰ ਸਾਰੀਆਂ ਮੰਗਾਂ ਹੱਲ ਕਰਦੀ ਹੈ ਤਾਂ ਕੋਈ ਵੀ ਕਿਸਾਨ ਪਰਾਲੀ ਨੂੰ ਅੱਗ ਨਹੀਂ ਲਾਵੇਗਾ।ਜੇਕਰ ਸਰਕਾਰ ਪਰਾਲੀ ਦੀ ਸਾਂਭ ਸੰਭਾਲ ਦਾ ਪ੍ਰਬੰਧ ਨਹੀਂ ਕਰਦੀ ਹੈ ਤਾਂ ਪਰਾਲੀ ਨੂੰ ਅੱਗ ਲਾਉਣਾ ਕਿਸਾਨਾਂ ਦੀ ਮਜਬੂਰੀ ਤੇ ਬੇਵਸੀ ਬਣ ਜਾਂਦੀ ਹੈ, ਸ਼ੌਕ ਨਹੀਂ।ਅਗੂਆਂ ਨੇ ਕਿਹਾ ਕਿ ਮਜਬੂਰੀਵੱਸ ਪਰਾਲੀ ਸਾੜਨ ਵਾਲੇ ਕਿਸਾਨ ਖਿਲਾਫ ਕਾਰਵਾਈ ਕਰਨ ਆਏ ਅਧਿਕਾਰੀਆਂ ਦਾ ਵਿਰੋਧ ਕੀਤਾ ਜਾਵੇਗਾ।ਇਸ ਸਮੇਂ ਗੁਰਜੰਟ ਸਿੰਘ, ਤੀਰਥ ਸਿੰਘ, ਭੋਲਾ ਸਿੰਘ, ਕਰਤਾਰ ਸਿੰਘ, ਸੁਖਦੇਵ ਸਿੰਘ, ਸਤਨਾਮ ਸਿੰਘ, ਸਾਧੂ ਸਿੰਘ, ਜਗਜੀਤ ਸਿੰਘ, ਸਰਿੰਦਰ ਸਿੰਘ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਸਰਕਾਰ ਤੁਰੰਤ ਹੜ੍ਹ ਪੀੜਤਾਂ ਨੂੰ ਰਾਹਤ ਦੇਣੀ ਸ਼ੁਰੂ ਕਰੇ : ਜਾਰਜ ਕੁਰੀਅਨ

## ਕੇਂਦਰ ਨੇ ਪੰਜਾਬ ਨੂੰ ਇੱਕ ਗੰਭੀਰ ਹੜ੍ਹ ਪ੍ਰਭਾਵਿਤ ਖੇਤਰ ਐਲਾਨਿਆ




**ਮੋਗਾ (ਇਕਬਾਲ ਸਿੰਘ ਖਹਿਰਾ)**-ਕੇਂਦਰ ਸਰਕਾਰ ਨੇ ਪੰਜਾਬ ਨੂੰ ਇੱਕ ਗੰਭੀਰ ਆਫ਼ਤ ਪ੍ਰਭਾਵਿਤ ਖੇਤਰ ਐਲਾਨਿਆ ਹੈ।ਇਸ ਦਾ ਅਰਥ ਹੈ ਕਿ ਕੇਂਦਰ ਸਰਕਾਰ ਪੰਜਾਬ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਨੂੰ ਰਾਹਤ ਪ੍ਰਦਾਨ ਕਰਨ ਲਈ ਜੋ ਵੀ ਫੰਡ ਲੋੜੀਂਦੇ ਹਨ, ਉਹ ਮੁੱਹਈਆ ਕਰਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੇਂਦਰੀ ਰਾਜ ਮੰਤਰੀ ਜਾਰਜ ਕੁਰੀਅਨ ਨੇ ਆਪਣੀ ਮੋਗਾ ਫੇਰੀ ਦੌਰਾਨ ਭਾਜਪਾ ਦਫਤਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਭਾਵੇਂ ਅਗਲੀ ਕਿਸ ਕੇਂਦਰ ਵੱਲੋਂ ਹੀ ਉਪਲਬਧ ਹੋਵੇਗੀ, ਪਰ ਜਦੋਂ ਤੱਕ ਰਾਜ ਸਰਕਾਰ ਕੁਦਰਤੀ ਆਫ਼ਤ ਰਾਹਤ ਲਈ ਪਹਿਲਾਂ ਤੋਂ ਉਪਲਬਧ ਫੰਡਾਂ ਨੂੰ ਖਰਚ ਕਰਕੇ ਉਸ ਦਾ ਸਰਟੀਫਿਕੇਟ ਕੇਂਦਰ ਸਰਕਾਰ ਨੂੰ ਨਹੀਂ ਸੌਂਪੇਗੀ।ਉਦੋਂ ਤੱਕ ਅਗਲੀ ਰਾਸ਼ੀ ਜਾਰੀ ਨਹੀਂ ਹੋਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਨੂੰ ਇੱਕ ਗੰਭੀਰ ਹੜ੍ਹ ਪ੍ਰਭਾਵਿਤ ਖੇਤਰ ਘੋਸ਼ਿਤ ਕਰਨ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੇਂਦਰ ਸਰਕਾਰ ਪੀੜਤਾਂ ਦੇ ਮੁੜ ਵਸੇਬੇ ਲਈ ਲੋੜੀਂਦੇ ਸਾਰੇ ਫੰਡ ਮੁਹੱਈਆ ਕਰੇਗੀ।ਪੰਜਾਬ ਸਰਕਾਰ ਨੂੰ ਰਕਮ ਦਾ ਸਿਰਫ਼ 25% ਯੋਗਦਾਨ ਪਾਉਣਾ ਪਵੇਗਾ।ਕੇਂਦਰੀ ਰਾਜ ਮੰਤਰੀ ਨੇ ਪੰਜਾਬ ਸਰਕਾਰ ਨੂੰ ਸਲਾਹ ਦਿੱਤੀ ਕਿ ਲੋਕਾਂ ਨੂੰ ਰਾਹਤ ਪ੍ਰਦਾਨ ਕਰਨ ਲਈ ਉਪਲਬਧ ਫੰਡਾਂ ਨੂੰ ਜਲਦੀ ਤੋਂ ਜਲਦੀ ਖਰਚ ਕੀਤਾ ਜਾਵੇ।

ਕੇਂਦਰੀ ਰਾਜ ਮੰਤਰੀ ਜਾਰਜ ਕੁਰੀਅਨ ਨੇ ਦੱਸਿਆ ਕਿ ਜਦੋਂ ਉਹ ਹੜ੍ਹ ਪ੍ਰਭਾਵਿਤ ਪਿੰਡ ਸੰਘੇੜਾ ਦਾ ਦੌਰਾ ਕਰ ਰਹੇ ਸਨ, ਤਾਂ ਉਨ੍ਹਾਂ ਨੂੰ ਇੱਕ ਔਰਤ ਮਿਲੀ, ਜਿਸ ਦਾ ਘਰ ਪੂਰੀ ਤਰ੍ਹਾਂ ਤਬਾਹ ਹੋ ਗਿਆ ਸੀ। ਜਦੋਂ ਉਨ੍ਹਾਂ ਆਪਣੇ ਨਾਲ ਆਏ ਏ.ਡੀ.ਸੀ. ਨੂੰ ਪੁੱਛਿਆ ਕਿ ਉਨ੍ਹਾਂ ਨੂੰ ਅਜੇ ਤੱਕ ਸਹਾਇਤਾ ਕਿਉਂ ਨਹੀਂ ਮਿਲੀ, ਤਾਂ ਏ.ਡੀ.ਸੀ. ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਨੂੰ ਪ੍ਰਧਾਨ ਮੰਤਰੀ ਗ੍ਰਾਮੀਣ ਆਵਾਸ ਯੋਜਨਾ ਪੀ.ਐੱਮ.ਜੀ.ਏ.ਵਾਈ. ਤਹਿਤ ਸਹਾਇਤਾ ਮਿਲੇਗੀ। ਕੇਂਦਰੀ ਰਾਜ ਮੰਤਰੀ ਜਾਰਜ ਕੁਰੀਅਨ ਨੇ ਕਿਹਾ ਕਿ ਪੰਜਾਬ ਦੇ ਹੜ੍ਹ ਪੀੜਤਾਂ ਦੇ ਨਾਮ 'ਤੇ ਕੋਈ ਰਾਜਨੀਤੀ ਨਹੀਂ ਹੋਣੀ ਚਾਹੀਦੀ।ਪੰਜਾਬ ਦੇ ਲੋਕ ਦੇਸ਼ ਦੇ ਹਰ ਸੰਕਟ ਵਿੱਚ ਖੜ੍ਹੇ ਹਨ, ਉਹ ਦੇਸ਼ ਨੂੰ ਭੋਜਨ ਦਿੰਦੇ ਹਨ।ਅੱਜ ਪੰਜਾਬ ਮੁਸੀਬਤ ਵਿੱਚ ਹੈ, ਕਿਸੇ ਵੀ ਰਾਜਨੀਤਕ ਭੇਦਭਾਵ ਤੋਂ ਉੱਪਰ ਉੱਠ ਕੇ ਹਰ ਕਿਸੇ ਨੂੰ ਇਮਾਨਦਾਰੀ ਨਾਲ ਇਸ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ।ਕੇਂਦਰ ਸਰਕਾਰ ਨੇ ਮਦਦ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾ ਦਿੱਤੀ ਹੈ, ਪਰ ਰਾਹਤ ਰਾਸ਼ੀ ਪਹੁੰਚਾਉਣਾ ਸੂਬਾ ਸਰਕਾਰ ਦਾ ਫਰਜ਼ ਤੇ ਜ਼ਿੰਮੇਵਾਰੀ ਹੁੰਦੀ ਹੈ।ਸੂਬਾ ਸਰਕਾਰ ਨੂੰ ਇਹ ਕੰਮ ਤੁਰੰਤ ਸ਼ੁਰੂ ਕਰਨਾ ਚਾਹੀਦਾ ਹੈ, ਤਾਂ ਜੋ ਇਹ ਰਾਸ਼ੀ ਖਰਚ ਹੋਣ ਦੇ ਨਾਲ ਹੀ ਪੰਜਾਬ ਸਰਕਾਰ ਨੂੰ ਕੇਂਦਰ ਤੋਂ ਅਗਲੀ ਕਿਸ਼ਤ ਮਿਲ ਸਕੇ।ਇਸ ਮੌਕੇ ਭਾਜਪਾ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ, ਪੰਜਾਬ ਭਾਜਪਾ ਦੇ ਉਪ ਪ੍ਰਧਾਨ ਕੇਵਲ ਸਿੰਘ ਢਿੱਲੋਂ, ਸਾਬਕਾ ਸੀਨੀਅਰ ਡਿਪਟੀ ਮੇਅਰ ਅਨਿਲ ਬਾਂਸਲ, ਭਾਜਪਾ ਦੇ ਮੁੱਖ ਬੁਲਾਰੇ ਨਿਧੜਕ ਸਿੰਘ ਬਰਾੜ, ਚੇਅਰਮੈਨ ਲਖਵੰਤ ਸਿੰਘ ਸਾਫੂਵਾਲਾ ਤੇ ਹੋਰ ਸੀਨੀਅਰ ਭਾਜਪਾ ਆਗੂ ਮੌਜੂਦ ਸਨ।

# ਕਾਂਗਰਸੀ ਆਗੂ ਨੇ ਗੋਲੀਆਂ ਚੱਲਣ ਦੀਆਂ ਵਾਰਦਾਤਾਂ ਉਪਰ ਖੜੇ ਕੀਤੇ ਸਵਾਲ

**ਬਾਘਾ ਪੁਰਾਣਾ (ਮਨੀ ਸਿੰਗਲਾ)**



ਹਲਕੇ ਅੰਦਰ ਬੀਤੇ ਦਿਨ ਤਿੰਨ ਥਾਂਵਾਂ 'ਤੇ ਗੋਲੀਆਂ ਚੱਲਣ ਦੀਆਂ ਘਟਨਾਵਾਂ ਦੇ ਨਾਲ-ਨਾਲ ਹੋਏ ਗੁੰਡਾਗਰਦੀ ਦੇ ਨੰਗੇ ਨਾਚ 'ਤੇ ਸਵਾਲ ਖੜੇ ਕਰਦਿਆਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਜਗਸੀਰ ਸਿੰਘ ਕਾਲੇਕੇ ਨੇ ਸੂਬੇ ਅੰਦਰ ਲਾਅ ਐਂਡ ਆਰਡਰ ਦੀ ਸਥਿਤੀ 'ਤੇ ਸਵਾਲ ਖੜੇ ਕਰਦਿਆਂ ਆਖਿਆ ਕਿ ਆਏ ਦਿਨ ਗੋਲੀ ਚੱਲਣ ਦੀਆਂ ਵਾਰਦਾਤਾਂ ਕਾਰਨ ਲੋਕਾਂ 'ਚ ਡਰ ਤੇ ਅਸੁਰੱਖਿਆ ਦਾ ਮਾਹੌਲ ਪੈਦਾ ਕਰ ਰਹੀਆਂ ਹਨ।ਪਿੰਡ ਸ਼ਹਿਣਾ ਦੇ ਅੱਡੇ 'ਚ ਬੈਠੇ ਇੱਕ ਨੌਜਵਾਨ 'ਤੇ ਇੱਕ ਨਸ਼ੇੜੀ ਵੱਲੋਂ ਉਸ 'ਤੇ ਗੋਲੀਆਂ ਮਾਰ ਕੇ ਉਸਦੀ ਹੱਤਿਆ ਕੀਤੇ ਜਾਣ 'ਤੇ ਜਿੱਥੇ ਪੁਲਸ ਪ੍ਰਬੰਧ 'ਤੇ ਵੱਡੇ ਸਵਾਲ ਖੜੇ ਕਰ ਦਿੱਤੇ ਹਨ, ਉਥੇ ਉਨ੍ਹਾਂ ਆਖਿਆ ਕਿ ਸੂਬੇ ਦੇ ਮੁੱਖ ਮੰਤਰੀ ਤਾਂ ਕਹਿੰਦੇ ਹੁੰਦੇ ਸਨ ਕਿ 30 ਮਈ ਤੱਕ ਪੰਜਾਬ ਵਿਚ ਨਸ਼ਾ ਬਿਲਕੁੱਲ ਖਤਮ ਕਰ ਦਿੱਤਾ ਜਾਵੇਗਾ ਤੇ ਜੇਕਰ ਜਿਸ ਖੇਤਰ 'ਚੋਂ ਨਸ਼ਾ ਮਿਲਿਆ ਤਾਂ ਉਥੋਂ ਦਾ ਐਸ.ਐਸ.ਪੀ ਜ਼ਿੰਮੇਵਾਰ ਹੋਵੇਗਾ ਤਾਂ ਫਿਰ ਇੱਕ ਨਸ਼ੇੜੀ ਪਿੰਡ ਸਹਿਣੇ ਦੇ ਨੌਜਵਾਨ ਦੀ ਹੱਤਿਆ ਕਿਵੇਂ ਕਰ ਸਕਦਾ ਹੈ, ਜੇਕਰ ਉਹ ਨਸ਼ੇ ਦਾ ਆਦੀ ਸੀ ਤਾਂ ਉਹ ਨਸ਼ਾ ਕਿੱਥੋਂ ਲੈ ਕੇ ਆਇਆ।

ਕਾਲੇਕੇ ਨੇ ਆਖਿਆ ਕਿ ਜਿੱਥੇ ਦਿਨ-ਦਿਹਾੜੇ ਗੋਲੀਆਂ ਚੱਲ ਰਹੀਆਂ ਹਨ, ਉੱਥੇ ਕਾਨੂੰਨ-ਵਿਵਸਥਾ ਦੀ ਹਾਲਤ ਚਿੰਤਾਜਨਕ ਬਣੀ ਹੋਈ ਹੈ। ਵਪਾਰਕ ਇਲਾਕਿਆਂ ਤੋਂ ਲੈ ਕੇ ਰਿਹਾਇਸ਼ੀ ਬਸਤੀਆਂ ਤੱਕ ਘਟ ਰਹੀਆਂ ਇਹ ਘਟਨਾਵਾਂ ਲੋਕਾਂ ਦੇ ਮਨਾਂ 'ਚ ਡਰ ਪੈਦਾ ਕਰ ਰਹੀਆਂ ਹਨ।

ਜ਼ਿਲ੍ਹੇ ਵਿੱਚ ਲਾਅ ਐਂਡ ਆਰਡਰ ਦੀ ਵਿਗੜੀ ਸਥਿਤੀ ਨੇ ਲੋਕਾਂ ਵਿਚ ਚਿੰਤਾ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਕੁਝ ਵਪਾਰੀਆਂ ਦਾ ਕਹਿਣਾ ਹੈ ਕਿ ਕੁਝ ਗੈਂਗ ਅਪਰਾਧੀ ਵੱਖ-ਵੱਖ ਨੰਬਰਾਂ ਤੋਂ ਕਾਲ ਕਰਕੇ ਲੱਖਾਂ ਰੁਪਏ ਦੀ ਫ਼ਿਰੌਤੀ ਮੰਗ ਰਹੇ ਹਨ ਤੇ ਨਾ ਦੇਣ ਦੀ ਸੂਰਤ ਵਿੱਚ ਗੰਭੀਰ ਨਤੀਜੇ ਭੁਗਤਣ ਦੀ ਧਮਕੀ ਦੇ ਰਹੇ ਹਨ।ਕਈ ਵਪਾਰੀ ਇਸ ਡਰ ਕਾਰਨ ਆਪਣੀ ਸ਼ਿਕਾਇਤ ਖੁੱਲ੍ਹ ਕੇ ਨਹੀਂ ਕਰ ਰਹੇ।ਸਾਬਕਾ ਚੇਅਰਮੈਨ ਕਾਲੇਕੇ ਨੇ ਪੁਲਸ ਪ੍ਰਸ਼ਾਸਨ ਮੰਗ ਕੀਤੀ ਹੈ ਕਿ ਅਜਿਹੀਆਂ ਵਾਰਦਾਤਾਂ 'ਚ ਸ਼ਾਮਲ ਦੋਸ਼ੀਆਂ ਨੂੰ ਕੜੀ ਸਜ਼ਾ ਦਿੱਤੀ ਜਾਵੇ ਤਾਂ ਜੁ ਹੋਰ ਕਿਸੇ ਨੂੰ ਕਾਨੂੰਨ ਹੱਥ 'ਚ ਲੈਣ ਦੀ ਹਿੰਮਤ ਨਾ ਹੋਵੇ।

# ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਐੱਮ ਪੀ ਘੁਬਾਇਆ ਦੇ ਦਫਤਰ ਅੱਗੇ ਰੋਸ ਪ੍ਰਦਰਸ਼ਨ

## ਕੇਂਦਰ ਸਰਕਾਰ 28 ਲੱਖ ਔਰਤਾਂ ਦਾ ਕਰ ਰਹੀ ਹੈ ਸ਼ੋਸ਼ਣ : ਹਰਗੋਬਿੰਦ ਕੌਰ



**ਜਲਾਲਾਬਾਦ (ਜੀਤ ਕੁਮਾਰ)**-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਆਂਗਣਵਾੜੀ ਇੰਪਲਾਈਜ਼ ਫੈਡਰੇਸ਼ਨ ਆਫ ਇੰਡੀਆ ਦੇ ਸੱਦੇ 'ਤੇ ਰੇਸ਼ਮਾ ਰਾਣੀ ਫਾਜ਼ਿਲਕਾ ਤੇ ਸ਼ੀਲਾ ਰਾਣੀ ਗੁਰੂ ਹਰਸਾਏ ਜ਼ਿਲ੍ਹਾ ਪ੍ਰਧਾਨਾਂ ਦੀ ਅਗਵਾਈ ਹੇਠ ਮੈਂਬਰ ਪਾਰਲੀਮੈਂਟ ਸ਼ੇਰ ਸਿੰਘ ਘੁਬਾਇਆ ਦੇ ਦਫਤਰ ਦੇ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਨ ਲਈ ਹਰਗੋਬਿੰਦ ਕੌਰ ਕੌਮੀ ਪ੍ਰਧਾਨ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਆਈਸੀਡੀਐੱਸਐੱਸ ਸਕੀਮ ਨੂੰ ਚਾਲੂ ਹੋਇਆਂ 50 ਸਾਲ ਦਾ ਸਮਾਂ ਪੂਰਾ ਹੋ ਗਿਆ ਹੈ, ਪਰ ਕੇਂਦਰ ਦੀ ਸਰਕਾਰ ਵੱਲੋਂ ਆਂਗਣਵਾੜੀ ਵਰਕਰਾਂ ਹੈਲਪਰਾਂ ਨੂੰ ਸਿਰਫ ਨਿਗੂਣਾ ਜਿਹਾ ਮਾਣ ਭੱਤਾ 4500 ਵਰਕਰ ਤੇ 2250 ਹੈਲਪਰ ਦਿੱਤਾ ਜਾ ਰਿਹਾ ਹੈ, ਜੋ ਨਾਰੀ ਦਾ ਸ਼ੋਸ਼ਣ ਹੈ ਹਿੰਦਸਤਾਨ ਦੇ ਵਿੱਚ 28 ਲੱਖ ਔਰਤਾਂ ਇਸ ਸਕੀਮ ਦੇ ਵਿੱਚ ਕੰਮ ਕਰਦੀਆਂ ਹਨ, ਪ੍ਰੰਤੂ 50 ਸਾਲ ਬੀਤ ਜਾਣ ਦੇ ਬਾਅਦ ਵੀ ਆਂਗਣਵਾੜੀ ਵਰਕਰਾਂ ਹੈਲਪਰਾਂ ਨੂੰ ਪੱਕੇ ਨਹੀਂ ਕੀਤਾ ਗਿਆ। ਪਿਛਲੇ ਅੱਠ ਸਾਲਾਂ ਤੋਂ ਕੇਂਦਰ ਦੀ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਨੇ ਆਂਗਣਵਾੜੀ ਵਰਕਰਾਂ ਹੈਲਪਰਾਂ ਦੇ ਮਾਣ ਭੱਤੇ ਵਿੱਚ ਇੱਕ ਰੁਪਏ ਦਾ ਵਾਧਾ ਨਹੀਂ ਕੀਤਾ, ਜਦਕਿ ਮਹਿੰਗਾਈ ਕਈ ਗੁਣਾਂ ਵੱਧ ਗਈ ਹੈ। ਉਨ੍ਹਾਂ ਮੰਗ ਕੀਤੀ ਕਿ ਕੇਂਦਰ ਦੀ ਸਰਕਾਰ ਆਂਗਣਵਾੜੀ ਵਰਕਰਾਂ ਹੈਲਪਰਾਂ ਨੂੰ ਪੱਕਿਆਂ ਕਰੇ, ਆਈਸੀਡੀਐੱਸ ਸਕੀਮ ਨੂੰ ਵਿਭਾਗ ਵਿੱਚ ਤਬਦੀਲ ਕਰੇ, ਆਂਗਣਵਾੜੀ ਵਰਕਰ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ, ਜਦੋਂ ਤੱਕ ਇਹ ਨਹੀਂ ਕੀਤਾ ਜਾਂਦਾ ਘੱਟੋ ਘੱਟ ਉਜ਼ਰਤਾਂ ਲਾਗੂ ਕੀਤੀਆਂ ਜਾਣ, ਆਂਗਣਵਾੜੀ ਵਰਕਰਾਂ ਹੈਲਪਰਾਂ ਨੂੰ ਹਰ ਮਹੀਨੇ ਦਾ ਮੈਡੀਕਲ ਅਲਾਉਂਸ ਦਿੱਤਾ ਜਾਵੇ। ਆਂਗਣਵਾੜੀ ਕੇਂਦਰਾਂ ਵਿੱਚ ਆ ਰਿਹਾ ਰਾਸ਼ਨ ਪੈਕਟ ਬੰਦ ਖਾਣੇ ਦੀ ਥਾਂ 'ਤੇ ਤਾਜ਼ਾ ਪਕਾ ਕੇ ਦਿੱਤਾ ਜਾਵੇ। ਆਂਗਣਵਾੜੀ ਵਰਕਰਾਂ ਹੈਲਪਰਾਂ ਵੱਲੋਂ ਪੂਰੇ ਹਿੰਦੁਸਤਾਨ ਵਿੱਚ ਇੱਕ ਕੰਪੇਨ ਚਲਾਈ ਜਾ ਰਹੀ ਹੈ ਕਿ ਚੁਣੇ ਚੁਣੇ ਹੋਏ ਸੰਸਦ ਮੈਂਬਰ ਰਾਹੀਂ ਮੰਗ ਪੱਤਰ ਭੇਜ ਕੇ ਮੰਗ ਕਰ ਰਹੀਆਂ ਹਨ ਕਿ ਉਹ ਸੰਸਦ ਵਿੱਚ ਸਾਡੀ ਆਵਾਜ਼ ਉਠਾਉਣ। ਸ਼ੇਰ ਸਿੰਘ ਘੁਬਾਇਆ ਐੱਮ ਪੀ ਨੂੰ ਪ੍ਰਧਾਨ ਮੰਤਰੀ ਦੇ ਨਾਮ 'ਤੇ ਇੱਕ ਮੰਗ ਪੱਤਰ ਦਿੱਤਾ ਗਿਆ ਅਤੇ ਉਨ੍ਹਾਂ ਕੋਲ ਮੰਗ ਕੀਤੀ ਗਈ ਕਿ ਉਹ ਸਾਡੀ ਮੰਗ ਪ੍ਰਧਾਨ ਮੰਤਰੀ ਤੱਕ ਪਹੁੰਚਾਉਣ ਤੇ ਸੰਸਦ ਦੇ ਵਿੱਚ ਸਾਡੀ ਆਵਾਜ਼ ਉਠਾਉਣ ਇਸ ਸਮੇਂ ਕੁਲਜੀਤ ਕੌਰ ਗੁਰੂ ਹਰਸਹਾਏ ਨਾਲ ਛਿੰਦਰਪਾਲ ਕੌਰ ਜਲਾਲਾਬਾਦ, ਪ੍ਰਕਾਸ਼ ਕੌਰ ਮਮਦੋਟ, ਪਰਮਿੰਦਰ ਕੌਰ ਘੱਲ ਖੁਰਦ, ਗੁਰਵੰਤ ਕੌਰ ਅਬੋਹਰ, ਇੰਦਰਜੀਤ ਕੌਰ ਖੂਹੀਆ ਸਰਵਰ, ਮਨਜੀਤ ਕੌਰ ਫਿਰੋਜ਼ਪੁਰ, ਨਰਿੰਦਰ ਕੌਰ ਮੁਦਕੀ ਸਰਕਲ ਪ੍ਰਧਾਨ, ਕਸ਼ਮੀਰ ਕੌਰ ਗੁਰੂ ਹਰਸਾਏ, ਸਮਿੱਤਰਾ ਦੇਵੀ, ਸੀਤਾ ਦੇਵੀ, ਸਤਬੀਰ ਕੌਰ, ਸ਼ਿਮਲਾ ਰਾਣੀ ਫਾਜ਼ਿਲਕਾ ਆਦਿ ਆਗੂ ਹਾਜ਼ਰ ਸਨ।

## ਸਰਕਾਰ ਬਕਾਇਆ ਮਹਿੰਗਾਈ ਭੱਤਾ ਜਲਦ ਜਾਰੀ ਕਰੇ : ਆਗੂ



**ਮਾਨਸਾ (ਆਤਮਾ ਸਿੰਘ ਪਮਾਰ)**-ਮੁੱਖ ਅਧਿਆਪਕ ਤੇ ਕੇਂਦਰ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮਹਿੰਗਾਈ ਭੱਤੇ ਦੀਆਂ ਲੰਬੇ ਸਮੇਂ ਤੋਂ ਕਿਸ਼ਤਾਂ ਤੁਰੰਤ ਜਾਰੀ ਕੀਤੀਆਂ ਜਾਣ।ਜਥੇਬੰਦੀ ਦੇ ਸੂਬਾਈ ਪ੍ਰਧਾਨ ਅਮਨਦੀਪ ਸ਼ਰਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਆਪਣੇ ਮੁਲਾਜ਼ਮਾਂ ਨੂੰ ਸਿਰਫ 42% ਮਹਿੰਗਾਈ ਭੱਤਾ ਹੀ ਦਿੱਤਾ ਜਾ ਰਿਹਾ ਹੈ, ਜਦੋਂਕਿ ਕੇਂਦਰ ਸਰਕਾਰ ਵੱਲੋਂ ਇਹ ਭੱਤਾ 58% ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਦੀਵਾਲੀ ਵਰਗੇ ਤਿਉਹਾਰ 'ਤੇ ਪੰਜਾਬ ਸਰਕਾਰ ਆਪਣੇ ਮੁਲਾਜ਼ਮਾਂ ਲਈ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕਰੇ।ਜਥੇਬੰਦੀ ਸੂਬਾ ਜਨਰਲ ਸਕੱਤਰ ਸਤਿੰਦਰ ਸਿੰਘ ਦੁਆਬੀਆ ਨੇ ਮੰਗ ਕੀਤੀ ਕਿ ਪੰਜਾਬ ਭਰ ਦੇ ਸਮੁੱਚੇ ਮੁਲਾਜ਼ਮਾਂ ਲਈ ਮਹਿੰਗਾਈ ਭੱਤੇ ਦੀ ਕਿਸ਼ਤ ਜਾਰੀ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਕੇਂਦਰ ਸਰਕਾਰ ਵੱਲੋਂ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਹੋਣ ਦੇ ਨਾਲ ਹੀ ਪੰਜਾਬ ਸਰਕਾਰ ਵੱਲੋਂ ਵੀ ਮਹਿੰਗਾਈ ਭੱਤੇ ਦੀ ਕਿਸ਼ਤ ਜਾਰੀ ਕਰ ਦਿੱਤੀ ਜਾਂਦੀ ਸੀ।ਉਪ-ਪ੍ਰਧਾਨ ਬਲਜੀਤ ਸਿੰਘ ਗੁਰਦਾਸਪੁਰ, ਰਗਵਿੰਦਰ ਸਿੰਘ ਧੂਲਕਾ, ਰਕੇਸ਼ ਗੋਇਲ ਬਰੇਟਾ, ਭਗਵੰਤ ਭਟੇਜਾ ਅਬੋਹਰ, ਗੁਰਜੰਟ ਸਿੰਘ ਬੱਛੋਆਣਾ, ਜਸਨਦੀਪ ਕੁਲਾਣਾ, ਪਰਮਜੀਤ ਸਿੰਘ ਤੂਰ, ਲਵਨੀਸ਼ ਗੋਇਲ ਨਾਭਾ, ਸੁਖਬੀਰ ਸੰਗਰੂਰ, ਕਮਲ ਸੁਨਾਮ, ਦੀਪਕ ਮੁਹਾਲੀ, ਸੁਖਵਿੰਦਰ ਸਿੰਗਲਾ ਬਰੇਟਾ ਆਦਿ ਨੇ ਵੀ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕਰਨ ਦੀ ਮੰਗ ਕੀਤੀ।

# 'ਨਵੀਆਂ ਕਲਮਾਂ, ਨਵੀਂ ਉਡਾਣ' ਦੀ ਯੂਨੀਵਰਸਿਟੀ ਵਿਖੇ ਕਾਵਿ ਪ੍ਰਸਤੁਤੀ



**ਸਮਰਾਲਾ (ਸੁਰਜੀਤ ਸਿੰਘ)**
ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸੈਨੇਟ ਹਾਲ ਵਿਖੇ ਪੰਜਾਬ ਭਵਨ, ਸਰੀ ਕੈਨੇਡਾ ਦੇ ਪ੍ਰਾਜੈਕਟ 'ਨਵੀਆਂ ਕਲਮਾਂ, ਨਵੀਂ ਉਡਾਣ' ਤਹਿਤ ਇੱਕ ਸ਼ਾਨਦਾਰ ਕਾਵਿ-ਰੰਗ ਉਤਸਵ ਦਾ ਆਯੋਜਨ ਕੀਤਾ ਗਿਆ।ਇਸ ਸਮਾਗਮ ਦਾ ਮੁੱਖ ਉਦੇਸ਼ ਬਾਲ ਸਾਹਿਤਕਾਰਾਂ, ਨੌਜਵਾਨ ਤੇ ਬਾਲਗ ਲੇਖਨ ਪ੍ਰਤਿਭਾ ਨੂੰ ਉਤਸ਼ਾਹਤ ਕਰਨਾ ਤੇ ਪੰਜਾਬੀ ਸਾਹਿਤ ਨਾਲ ਜੋੜਨਾ ਸੀ।ਸਮਾਗਮ ਦੀ ਪ੍ਰਧਾਨਗੀ ਪੰਜਾਬੀ ਯੂਨੀਵਰਸਿਟੀ ਦੇ ਉੱਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਕੀਤੀ, ਜਦੋਂਕਿ ਮੁੱਖ ਮਹਿਮਾਨ ਵਜੋਂ ਡੀਨ, ਅਕਾਦਮਿਕ ਮਾਮਲੇ ਡਾ. ਜਸਵਿੰਦਰ ਸਿੰਘ ਬਰਾੜ ਸ਼ਾਮਲ ਹੋਏ।ਸੁੱਖੀ ਬਾਠ ਸੰਸਥਾਪਕ ਪੰਜਾਬ ਭਵਨ ਸਰੀ ਕੈਨੇਡਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਕਾਵਿ-ਰੰਗ ਉਤਸਵ ਦੇ ਵਿਸ਼ੇਸ਼ਗ ਵਜੋਂ ਸਾਹਿਤ ਅਕਾਦਮੀ ਐਵਾਰਡੀ ਡਾ. ਦਰਸ਼ਨ ਸਿੰਘ ਆਸ਼ਟ ਸ਼੍ਰੋਮਣੀ ਬਾਲ ਸਾਹਿਤ ਲੇਖਕ ਹਾਜ਼ਰ ਹੋਏ।ਸਮਾਗਮ ਦੀ ਸ਼ੁਰੂਆਤ ਪੰਜਾਬੀ ਵਿਭਾਗ ਦੇ ਮੁਖੀ ਡਾ. ਰਾਜਵੰਤ ਕੌਰ ਪੰਜਾਬੀ ਵੱਲੋਂ ਸਵਾਗਤੀ ਸ਼ਬਦਾਂ ਨਾਲ ਹੋਈ।ਇਸ ਉਤਸਵ ਦਾ ਸਭ ਤੋਂ ਖਿੱਚ ਦਾ ਕੇਂਦਰ ਸਕੂਲ, ਕਾਲਜ ਤੇ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਕੀਤੀ ਗਈ ਕਾਵਿ-ਪ੍ਰਸਤੁਤੀ ਸੀ।'ਨਵੀਆਂ ਕਲਮਾਂ, ਨਵੀਂ ਉਡਾਣ' ਦੇ ਬਾਲ ਸਾਹਿਤਕਾਰਾਂ ਦੀ ਆਤਮ ਵਿਸ਼ਵਾਸ ਭਰੀ ਪ੍ਰਸਤੁਤੀ ਨੇ ਸਰੋਤਿਆਂ ਦਾ ਮਨ ਮੋਹ ਲਿਆ।'ਨਵੀਆਂ ਕਲਮਾਂ, ਨਵੀਂ ਉਡਾਣ' ਦੇ ਤਹਿਤ ਪੰਜਾਬ ਵਿੱਚੋਂ ਛੇ ਜ਼ਿਲ੍ਹਿਆਂ ਦੇ 17 ਬਾਲ ਸਾਹਿਤਕਾਰਾਂ ਨੇ ਹਿੱਸਾ ਲਿਆ।ਇਨ੍ਹਾਂ ਬਾਲ ਸਾਹਿਤਕਾਰਾਂ ਦੀਆਂ ਕਵਿਤਾਵਾਂ ਦਾ ਮੁੱਖ ਵਿਸ਼ਾ ਮਾਂ ਬੋਲੀ ਪੰਜਾਬੀ, ਮਾਤਾ-ਪਿਤਾ, ਹੜ੍ਹਾਂ ਦੀ ਮਾਰ ਦਾ ਦੁੱਖ, ਸਕੂਲ, ਰੁੱਖ, ਮੇਰਾ ਪਿੰਡ, ਨਿਮਰਤਾ ਤੇ ਹੰਕਾਰ ਵਿਸ਼ਿਆਂ ਨੂੰ ਛੋਹਿਆ।ਇਨ੍ਹਾਂ ਬਾਲ ਸਾਹਿਤਕਾਰਾਂ ਨੇ ਬੇਝਿਜਕ ਤੇ ਪੂਰੇ ਆਤਮ-ਵਿਸ਼ਵਾਸ ਨਾਲ ਆਪਣੀਆਂ ਰਚਨਾਵਾਂ ਸੁਣਾਈਆਂ।ਇਸ ਮੌਕੇ ਬਾਲ-ਨਾਟਕ 'ਬਟਵਾਰਾ' ਵੀ ਪੇਸ਼ ਕੀਤਾ ਗਿਆ।

ਡਾ. ਰਾਜਵੰਤ ਕੌਰ ਪੰਜਾਬੀ ਨੇ ਕਿਹਾ ਕਿ ਇਹ ਦਿਨ ਸਮੂਹ ਬਾਲ ਸਾਹਿਤਕਾਰਾਂ ਲਈ ਇੱਕ ਇਤਿਹਾਸਕ ਪਲ ਹੈ, ਜਿਸ ਵਿੱਚ ਉਨ੍ਹਾਂ ਨੂੰ ਪੰਜਾਬੀ ਯੂਨੀਵਰਸਿਟੀ ਦੇ ਵੱਕਾਰੀ ਮੰਚ 'ਤੇ ਬੋਲਣ ਦਾ ਮੌਕਾ ਮਿਲਿਆ ਹੈ।ਸੁੱਖੀ ਬਾਠ ਨੇ ਕਿਹਾ ਕਿ ਉਨ੍ਹਾਂ ਦੇ ਇਸ ਪ੍ਰੋਜੈਕਟ ਦਾ ਮੁੱਖ ਮਕਸਦ ਨਵੀਂ ਪੀੜ੍ਹੀ ਦੀ ਲੇਖਣ ਪ੍ਰਤਿਭਾ ਨੂੰ ਪਹਿਚਾਨਣਾ ਤੇ ਉਨ੍ਹਾਂ ਨੂੰ ਪੰਜਾਬੀ ਭਾਸ਼ਾ, ਸੱਭਿਆਚਾਰ ਤੇ ਸਾਹਿਤ ਦੇ ਭਵਿੱਖ ਵਜੋਂ ਤਿਆਰ ਕਰਨਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਨੌਜਵਾਨਾਂ ਦੀ ਸੋਚ ਤੇ ਉਡਾਰੀ ਸਾਡੇ ਵਿਰਸੇ ਨੂੰ ਹੋਰ ਅਮੀਰ ਬਣਾਵੇਗੀ।ਸਮਾਗਮ ਦੇ ਅੰਤ ਵਿੱਚ ਸੁੱਖੀ ਬਾਠ ਤੇ ਪ੍ਰੋਜੈਕਟ ਟੀਮ ਵੱਲੋਂ ਬਾਲ ਸਾਹਿਤਕਾਰਾਂ, ਨੌਜਵਾਨ ਲੇਖਕਾਂ ਨੂੰ ਸਨਮਾਨਤ ਕੀਤਾ ਗਿਆ।ਸਮਾਗਮ ਦੇ ਸਫ਼ਲ ਆਯੋਜਨ ਵਿੱਚ ਡਾ. ਰਾਜਵਿੰਦਰ ਸਿੰਘ ਨੇ ਧੰਨਵਾਦ ਕੀਤਾ, ਜਦੋਂਕਿ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਡਾ. ਗੁਰਸੇਵਕ ਸਿੰਘ ਲੰਬੀ ਤੇ ਬਲਜੀਤ ਸ਼ਰਮਾ ਨੇ ਬਾਖ਼ੂਬੀ ਨਿਭਾਈ।ਪ੍ਰੋਜੈਕਟ ਇੰਚਾਰਜ ਓੁਂਕਾਰ ਸਿੰਘ ਤੇਜੇ ਤੇ ਸਹਿ-ਸੰਯੋਜਕ ਡਾ. ਜਸਵਿੰਦਰ ਕੌਰ ਨੇ ਸਮੂਹ ਮਹਿਮਾਨਾਂ ਤੇ ਭਾਗ ਲੈਣ ਵਾਲੇ ਬਾਲ ਲੇਖਕਾਂ ਦਾ ਧੰਨਵਾਦ ਕੀਤਾ।

## ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਦਿਹਾਤੀ ਹਲਕੇ 'ਚ ਵਿਕਾਸ ਕਾਰਜਾਂ ਦੀ ਸ਼ੁਰੂਆਤ

### ਨਵੀਆਂ ਸੜਕਾਂ, ਕਲੀਨਿਕ ਤੇ ਪੰਚਾਇਤ ਘਰ ਦਾ ਉਦਘਾਟਨ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਵੱਲੋਂ ਰੰਗਲਾ ਪੰਜਾਬ, ਸਿਹਤਮੰਦ ਪੰਜਾਬ ਤੇ ਨਸ਼ਾ ਮੁਕਤ ਪੰਜਾਬ ਦੇ ਸੁਪਨੇ ਨੂੰ ਹਕੀਕਤ ਵਿੱਚ ਬਦਲਣ ਲਈ ਠੋਸ ਕਦਮ ਚੁੱਕਦੇ ਹੋਏ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਜ਼ਿਲ੍ਹੇ ਦੇ ਦਿਹਾਤੀ ਹਲਕੇ ਵਿੱਚ ਸੜਕਾਂ, ਕਲੀਨਿਕ ਤੇ ਪੰਚਾਇਤ ਘਰ ਦੀਆਂ ਮੁਹਿੰਮਾਂ ਦੀ ਸ਼ੁਰੂਆਤ ਕਰਕੇ ਲੋਕਾਂ ਨੂੰ ਵੱਡੀ ਸੌਗਾਤ ਦਿੱਤੀ।ਡਾ. ਬਲਬੀਰ ਸਿੰਘ ਨੇ ਪਟਿਆਲਾ ਦੇ ਆਦਰਸ਼ ਕਲੋਨੀ, ਮਨਜੀਤ ਨਗਰ, ਅਨੰਦ ਨਗਰ, ਲਚਕਾਣੀ ਤੋਂ ਭਾਦਸੋਂ, ਮੰਡੋਰ ਤੋਂ ਹਿਆਣਾ ਕਲਾਂ ਤੇ ਹਿਆਣਾ ਕਲਾਂ ਤੋਂ ਹਿਆਣਾ ਖੁਰਦ ਤੱਕ ਦੀਆਂ ਸੜਕਾਂ ਦਾ ਉਦਘਾਟਨ ਕੀਤਾ।ਉਨ੍ਹਾਂ ਕਿਹਾ ਕਿ ਇਹ ਸੜਕਾਂ ਸਿਰਫ਼ ਆਵਾਜਾਈ ਦੀ ਸੁਵਿਧਾ ਨਹੀਂ, ਬਲਕਿ ਇਲਾਕੇ ਦੇ ਵਿਕਾਸ ਦਾ ਰਾਹ ਖੋਲ੍ਹਣਗੀਆਂ।ਇਸ ਦੌਰਾਨ ਪਿੰਡ ਆਲੋਵਾਲ ਦੇ ਗੁਰੂ ਘਰ ਵਿੱਚ ਹਾਜ਼ਰੀ ਭਰੀ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਇਸੇ ਤਰ੍ਹਾਂ ਪਿੰਡ ਖੁਰਦ ਵਿਖੇ ਨਵੇਂ ਬਣੇ ਪੰਚਾਇਤ ਘਰ ਦਾ ਉਦਘਾਟਨ ਕਰਦੇ ਹੋਏ ਉਨ੍ਹਾਂ ਕਿਹਾ ਕਿ ਪੰਚਾਇਤਾਂ ਨੂੰ ਮਜ਼ਬੂਤ ਬਣਾਉਣਾ ਲੋਕਤੰਤਰ ਦੀ ਜੜ੍ਹ ਨੂੰ ਮਜ਼ਬੂਤ ਕਰਨਾ ਹੈ।ਉਨ੍ਹਾਂ ਕਿਹਾ ਕਿ ਇਸ ਨਾਲ ਪਿੰਡ ਵਾਸੀਆਂ ਨੂੰ ਬਹੁਤ ਲਾਭ ਹੋਵੇਗਾ।ਇਥੇ ਬੈਠ ਕੇ ਲੋਕ ਵਿਚਾਰ ਵਟਾਂਦਰਾ ਕਰਨਗੇ ਤੇ ਆਪਸ ਵਿੱਚ ਭਾਈਚਾਰਾ ਵਧੇਗਾ।ਇਸ ਮੌਕੇ ਮੇਅਰ ਕੁੰਦਨ ਗੋਗੀਆ, ਮੇਘ ਚੰਦ ਸ਼ੇਰ ਮਾਜਰਾ, ਨਗਰ ਨਿਗਮ ਦੇ ਅਧਿਕਾਰੀ, ਪੰਚਾਇਤੀ ਅਹੁਦੇਦਾਰ, ਸਥਾਨਕ ਆਗੂ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਦੀ ਹਾਜ਼ਰੀ ਦਰਜ ਰਹੀ।

## ਬੇਅਦਬੀਆਂ ਦਾ ਕਾਨੂੰਨ ਬਣਾਉਣ ਦੀ ਮੰਗ ਸਰਕਾਰ ਤੁਰੰਤ ਪੂਰੀ ਕਰੇ : ਗਿਆਨੀ ਹਰਪ੍ਰੀਤ ਸਿੰਘ

### 12 ਦੇ ਬਰਸੀ ਸਮਾਗਮਾਂ 'ਚ ਅਕਾਲੀ ਦਲ ਕਰੇਗਾ ਵੱਡੀ ਸ਼ਮੂਲੀਅਤ



**ਸਮਾਣਾ (ਇਕਬਾਲ ਸਿੰਘ ਬੱਲ)**-ਇੱਕ ਸਾਲ ਤੋਂ ਸਮਾਣਾ ਵਿਖੇ ਟਾਵਰ 'ਤੇ ਬੈਠ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੇ ਹੋਰ ਪਵਿੱਤਰ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕਰਨ ਵਾਲੇ ਦੁਸ਼ਟਾਂ ਲਈ ਸਖਤ ਸਜ਼ਾ ਦਾ ਕਾਨੂੰਨ ਬਣਾਉਣ ਦੀ ਮੰਗ ਕਰ ਰਹੇ ਭਾਈ ਗੁਰਜੀਤ ਸਿੰਘ ਖਾਲਸਾ ਦੀ ਮੰਗ ਸਰਕਾਰ ਤੁਰੰਤ ਪੂਰੀ ਕਰੇ।ਸਮਾਣਾ ਟਾਵਰ ਮੋਰਚੇ 'ਤੇ ਪਹੁੰਚੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਤੇ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਮੀਡੀਆ ਨੂੰ ਮੁਖਾਤਿਬ ਹੁੰਦੇ ਕਿਹਾ ਕਿ ਸਰਕਾਰਾਂ ਦਾ ਕੰਮ ਕਾਨੂੰਨ ਬਣਾਉਣਾ ਹੁੰਦਾ ਹੈ, ਉਸ ਨੂੰ ਗੁਰੂ ਸਾਹਿਬ ਦੇ ਸਤਿਕਾਰ ਦਾ ਕਾਨੂੰਨ ਤੁਰੰਤ ਬਣਾਉਣਾ ਚਾਹੀਦਾ ਹੈ।ਇਸ ਮੌਕੇ ਮੋਰਚਾ ਕੋਆਡੀਨੇਟਰ ਭਾਈ ਗੁਰਪ੍ਰੀਤ ਸਿੰਘ ਨੇ ਕਾਨੂੰਨ ਬਣਾਉਣ ਦੀ ਪ੍ਰਕਿਰਿਆ ਵਿੱਚ ਹਰ ਪੱਧਰ 'ਤੇ ਪਾਏ ਗਏ ਮੋਰਚੇ ਦੇ ਯੋਗਦਾਨ ਬਾਰੇ ਗਿਆਨੀ ਜੀ ਨੂੰ ਜਾਣਕਾਰੀ ਦਿੱਤੀ। ਟਾਵਰ ਤੋਂ ਵੀਡੀਓ ਕਾਲ ਰਾਹੀਂ ਭਾਈ ਗੁਰਜੀਤ ਸਿੰਘ ਖਾਲਸਾ ਨਾਲ ਵੀਡੀਓ ਕਾਲ ਜ਼ਰੀਏ ਗੱਲ ਕਰਦੇ ਹੋਏ ਸਿੰਘ ਸਾਹਿਬ ਨੇ ਉਨ੍ਹਾਂ ਦੇ ਸਿਦਕ ਦੀ ਸਲਾਹਣਾ ਕੀਤੀ ਅਤੇ ਅਕਾਲੀ ਦਲ ਵੱਲੋਂ 12 ਅਕਤੂਬਰ ਦੇ ਮੋਰਚੇ 'ਤੇ ਹੋ ਰਹੇ ਬਰਸੀ ਸਮਾਗਮਾਂ ਵਿੱਚ ਵੱਡੀ ਪੱਧਰ 'ਤੇ ਸ਼ਮੂਲੀਅਤ ਕਰਨ ਦਾ ਭਰੋਸਾ ਦਿੱਤਾ।ਇਸ ਮੌਕੇ ਦਲ ਦੇ ਸੀਨੀਅਰ ਆਗੂ ਸ੍ਰ. ਸੁਰਜੀਤ ਸਿੰਘ ਰੱਖੜਾ ਨੇ ਮੋਰਚੇ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਵਾਅਦਾ ਕੀਤਾ।ਸਿੰਘ ਸਾਹਿਬ ਨੇ ਮੋਰਚੇ ਵਿੱਚ ਸੇਵਾ ਕਰ ਰਹੇ ਕੋਆਰਡੀਨੇਟਰ ਭਾਈ ਗੁਰਪ੍ਰੀਤ ਸਿੰਘ, ਬਾਬਾ ਗੁਰਦੀਪ ਸਿੰਘ ਭੁੱਲਰ, ਭਾਈ ਗੁਰਜੰਟ ਸਿੰਘ, ਭਾਈ ਮੁਖਤਿਆਰ ਸਿੰਘ, ਭਾਈ ਜੱਸਾ ਸਿੰਘ ਨਿਹੰਗ, ਭਾਈ ਗੁਰਸ਼ਰਨ ਸਿੰਘ ਆਦਿ ਨੂੰ ਸਿਰੋਪਾਓ ਬਖਸ਼ਿਸ਼ ਕੀਤੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਰਨ ਸਿੰਘ ਲੂੰਬਾ ਡੀਟੀਓ, ਚੇਅਰਮੈਨ ਜਸਪਾਲ ਸਿੰਘ ਕਲਿਆਣ, ਸੁੱਖੀ ਰੱਖੜਾ, ਅਸ਼ੋਕ ਮੋਦਗਿੱਲ, ਪ੍ਰਿੰਸੀਪਲ ਮੋਹਨ ਲਾਲਾ ਸ਼ਰਮਾ, ਚੇਅਰਮੈਨ ਹਰਿੰਦਰ ਸਿੰਘ, ਰਾਣਾ ਸੇਖੋਂ, ਗੁਰਮੀਤ ਗੋਗਾ ਨਾਭਾ ਸਮੇਤ ਇਲਾਕੇ ਦੇ ਪ੍ਰਮੁੱਖ ਆਗੂ ਹਾਜ਼ਰ ਸਨ।

## ਧੋਖਾਧੜੀ ਦੇ ਮਾਮਲੇ 'ਚ ਪਰਵਾਰ ਦੇ ਤਿੰਨ ਮੈਂਬਰਾਂ ਖਿਲਾਫ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**
ਲੋਹਾ ਮੰਗਵਾ ਕੇ 1 ਕਰੋੜ 30 ਲੱਖ ਰੁਪਏ ਦੀ ਅਦਾਇਗੀ ਨਾ ਕਰਨ ਦੇ ਕਥਿਤ ਮਾਮਲੇ 'ਚ ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ ਦੋ ਸਕੇ ਭਰਾਵਾਂ ਤੇ ਉਨ੍ਹਾਂ ਦੀ ਮਾਤਾ ਵਿਰੁੱਧ ਮੁਕੱਦਮਾ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਭਗਵੰਤ ਰਾਏ ਨਾਮਕ ਵਿਅਕਤੀ ਨੇ ਪੁਲਸ ਨੂੰ ਦਿੱਤੀ ਦਰਖਾਸਤ ਵਿੱਚ ਦੋਸ਼ ਲਗਾਏ ਸਨ ਕਿ ਅਮਿਤ ਸੇਤੀਆ, ਦੀਪਕ ਸੇਤੀਆ ਤੇ ਆਸ਼ਾ ਰਾਣੀ ਵੱਲੋਂ ਉਨ੍ਹਾਂ ਤੋਂ ਵੱਖ ਵੱਖ ਤਰੀਕਾਂ ਨੂੰ 12 ਟਰੱਕ ਸਰੀਏ ਦੇ ਮੰਗਵਾਏ ਗਏ ਸਨ, ਜਿਨ੍ਹਾਂ ਦੀ ਅਦਾਇਗੀ ਕੀਮਤ ਇੱਕ ਕਰੋੜ 56 ਲੱਖ ਰੁਪਏ ਬਣਦੀ ਸੀ, ਜਿਨ੍ਹਾਂ 'ਚੋਂ ਕੁਝ ਰਕਮ ਤਾਂ ਅਦਾ ਕਰ ਦਿੱਤੀ ਗਈ, ਪਰ ਬਾਕੀ ਰਹਿੰਦੀ ਇੱਕ ਕਰੋੜ 30 ਲੱਖ ਰੁਪਏ ਦੀ ਰਕਮ ਅਦਾ ਨਹੀਂ ਕੀਤੀ ਗਈ।ਫਿਰ ਉਕਤ ਵਿਅਕਤੀਆਂ ਨੇ ਇਸ ਅਦਾਇਗੀ ਬਦਲੇ ਉਨ੍ਹਾਂ ਦੇ ਨਾਮ ਇੱਕ ਪਲਾਟ ਦੀ ਰਜਿਸਟਰੀ ਕਰਵਾ ਕੇ ਦੇਣ ਲਈ ਕਿਹਾ ਗਿਆ, ਪਰ ਨਾ ਹੀ ਪਲਾਟ ਦੀ ਰਜਿਸਟਰੀ ਕਰਵਾਈ ਗਈ ਤੇ ਨਾ ਹੀ ਬਣਦੀ ਰਕਮ ਵਾਪਸ ਕੀਤੀ ਗਈ।ਸ਼ਿਕਾਇਤਕਰਤਾ ਨੇ ਦੋਸ਼ ਲਗਾਏ ਕੇ ਉਕਤ ਵਿਅਕਤੀਆਂ ਨੇ ਅਜਿਹਾ ਕਰਕੇ ਉਸ ਨਾਲ ਠੱਗੀ ਮਾਰੀ ਹੈ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਮਿਤ ਸੇਤੀਆ, ਦੀਪਕ ਸੇਤੀਆ ਤੇ ਆਸ਼ਾ ਰਾਣੀ ਵਿਰੁੱਧ ਅ/ਧ 406,420,120 ਬੀ ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

## ਛਾਜਲੀ 'ਚ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ



**ਦਿੜ੍ਹਬਾ (ਜਸਵੀਰ ਲਾਡੀ)**-ਲੋਕ ਸੱਭਿਆਚਾਰਕ ਮੰਚ ਵੱਲੋਂ ਛਾਜਲੀ ਵਿਖੇ ਇੱਕ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ।ਮੰਚ ਦੇ ਪ੍ਰਧਾਨ ਕਾਮਰੇਡ ਸ਼ੇਰ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਇਹ ਪ੍ਰੋਗਰਾਮ ਪਹਿਲਾਂ ਸਤੰਬਰ ਵਿੱਚ ਗੁੱਗਾ ਮਾੜੀ 'ਤੇ ਲੱਗਦੇ ਮੇਲੇ 'ਤੇ ਕਰਾਉਣਾ ਸੀ, ਪਰ ਉਸ ਵੇਲੇ ਪੰਜਾਬ ਵਿੱਚ ਹੜ੍ਹ ਆਉਣ ਕਾਰਨ ਇਹ ਪ੍ਰੋਗਰਾਮ ਮੁਲਤਵੀ ਕਰ ਦਿੱਤਾ ਸੀ, ਜੋ ਹੁਣ ਲੋਕਾਂ ਦੀ ਮੰਗ 'ਤੇ ਕਰਾਇਆ ਗਿਆ ਹੈ।ਇਸ ਦੀ ਸ਼ੁਰੂਆਤ ਅਮਰੀਕ ਸਿੰਘ ਦੇ ਸਾਥੀ ਬਲਜੀਤ ਸਿੰਘ ਤੇ ਤਾਰਾ ਸਿੰਘ ਦੇ ਕਵਿਸ਼ਰੀ ਜੱਥੇ ਵੱਲੋਂ ਕਵਿਸ਼ਰੀ ਗਾ ਕੇ ਕੀਤੀ ਗਈ।ਉਸ ਤੋਂ ਬਾਅਦ ਪੰਜਾਬ ਦੇ ਵਿਰਾਸਤੀ ਪੁਰਾਤਨ ਸਾਜ਼ਾਂ ਢੱਡ ਸਾਰੰਗੀ ਤੇ ਅਲਗੋਜ਼ਿਆਂ 'ਤੇ ਇਨਕਲਾਬੀ ਗੀਤ, ਵਾਰਾਂ ਤੇ ਕਲੀਆਂ ਗਾਉਣ ਵਾਲੀ ਲੋਕ ਸੰਗੀਤ ਮੰਡਲੀ ਛਾਜਲੀ ਵੱਲੋਂ ਮਾਸਟਰ ਦੇਸ ਰਾਜ ਛਾਜਲੀ ਦੀ ਅਗਵਾਈ ਹੇਠ ਹੰਸ ਰਾਜ ਛਾਜਲੀ ਤੇ ਕਰਿੰਦਰ ਸਿੰਘ ਖੰਡੇਬਾਦ ਨੇ ਆਪਣਾ ਰੰਗ ਬੰਨ੍ਹਿਆ।ਇਲਾਕੇ ਤੇ ਪਿੰਡ ਵਾਸੀਆਂ ਵੱਲੋਂ ਕਾਮਰੇਡ ਸੰਪੂਰਨ ਸਿੰਘ ਐਡਵੋਕੇਟ ਛਾਜਲੀ ਦਾ ਸਨਮਾਨ ਕੀਤਾ ਗਿਆ, ਜਿਨ੍ਹਾਂ ਨੇ ਆਪਣੀ ਜ਼ਿੰਦਗੀ ਲੋਕ ਪੱਖੀ ਕਾਰਜਾਂ ਨੂੰ ਸਮਰਪਤ ਕੀਤੀ ਹੋਈ ਹੈ।ਉਨ੍ਹਾਂ ਆਪਣੇ ਧੰਨਵਾਦੀ ਸ਼ਬਦਾਂ ਵਿੱਚ ਕਿਹਾ ਕਿ ਇਹ ਸਨਮਾਨ ਮੇਰੇ ਲਈ ਕਿਸੇ ਨੋਬਲ ਪੁਰਸਕਾਰ ਨਾਲੋਂ ਘੱਟ ਨਹੀਂ ਹੈ।ਉਨ੍ਹਾਂ ਕਿਹਾ ਕਿ ਉਮਰ ਦੇ ਇਸ ਪੜਾਅ 'ਤੇ ਇਹ ਸਨਮਾਨ ਜੀਣ ਲਈ ਹੋਰ ਪ੍ਰੇਰਿਤ ਕਰੇਗਾ।ਪ੍ਰੋਗਰਾਮ ਦੇ ਅਖੀਰ ਵਿੱਚ ਘਨੌਰ ਵਾਲੇ ਨਕਲੀਆਂ ਨੇ ਖੁਸ਼ੀ ਮੁਹੰਮਦ ਦੀ ਅਗਵਾਈ ਵਿੱਚ ਲੋਕਾਂ ਦਾ ਖੂਬ ਮਨੋਰੰਜਨ ਕੀਤਾ।ਇਸ ਮੌਕੇ ਕਾਮਰੇਡ ਕਰਨੈਲ ਸਿੰਘ, ਮਾਸਟਰ ਪ੍ਰੇਮ ਸਰੂਪ, ਸੁਭਾਸ਼ ਕੁਮਾਰ, ਛੱਜੂ ਸਿੰਘ (ਸੱਲ ਸਾਊਂਡ), ਜਗਜੀਤ ਭੂਟਾਲ ਜ਼ਿਲ੍ਹਾ ਪ੍ਰਧਾਨ ਜਮਹੂਰੀ ਅਧਿਕਾਰ ਸਭਾ ਸੰਗਰੂਰ, ਕਾਮਰੇਡ ਲਛਮਣ ਸਿੰਘ ਅਲੀਸ਼ੇਰ, ਰਘਬੀਰ ਸਿੰਘ ਭੂਟਾਲ ਸਾਬਕਾ ਪ੍ਰਿੰਸੀਪਲ, ਵਰਿੰਦਰ ਲਹਿਰਾਗਾਗਾ, ਭੀਮ ਰਾਜ ਹਾਜ਼ਰ ਸਨ।ਤਰਕਸ਼ੀਲ ਸੁਸਾਇਟੀ ਇਕਾਈ ਛਾਜਲੀ ਵੱਲੋਂ ਲਾਭ ਸਿੰਘ ਛਾਜਲਾ ਦੀ ਨਿਗਰਾਨੀ ਹੇਠ ਤਰਕਸ਼ੀਲ ਸਾਹਿਤ ਦੀ ਸਟਾਲ ਲਾਈ ਗਈ।ਸਟੇਜ ਸੈਕਟਰੀ ਦੀ ਜ਼ਿੰਮੇਵਾਰੀ ਜਸਵੀਰ ਲਾਡੀ ਪੱਤਰਕਾਰ ਨੇ ਨਿਭਾਈ।

## ਬਾਹਮਣੀਵਾਲਾ 'ਚ ਨਸ਼ਿਆਂ ਖਿਲਾਫ਼ ਜਾਗਰੂਕਤਾ ਕੈਂਪ



**ਜਲਾਲਾਬਾਦ (ਜੀਤ ਕੁਮਾਰ)**-ਐਸ.ਐਸ.ਪੀ. ਗੁਰਮੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਉਪ ਮੰਡਲ ਜਲਾਲਾਬਾਦ ਦੇ ਡੀ.ਐਸ.ਪੀ. ਜਤਿੰਦਰ ਸਿੰਘ ਦੀ ਰਹਿਨੁਮਈ ਹੇਠ ਥਾਣਾ ਵੈਰੋਕੇ ਦੇ ਐਸ.ਐਚ.ਓ. ਪਰਮਜੀਤ ਸਿੰਘ ਦੀ ਅਗੁਵਾਈ ਹੇਠ ਏ.ਐਸ.ਆਈ. ਸਵਾਰ ਸਿੰਘ ਵੱਲੋਂ ਪਿੰਡ ਬਾਹਮਣੀਵਾਲਾ ਵਿਖੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਹੱਲ ਕਰਨ ਤੇ ਨਸ਼ਿਆਂ ਪ੍ਰਤੀ ਜਾਗਰੂਕਤਾ ਕੈਂਪ ਲਾਇਆ ਗਿਆ, ਜਿਸ ਵਿੱਚ ਪਿੰਡ ਬਾਹਮਣੀ ਵਾਲਾ ਦੇ ਸਰਪੰਚ ਬਲਵੀਰ ਸਿੰਘ, ਮੈਂਬਰ ਭਜਨ ਸਿੰਘ, ਪ੍ਰੇਮ ਸਿੰਘ, ਬਲਕਾਰ ਸਿੰਘ, ਕਾਲਾ ਪੀ.ਐਚ.ਜੀ. ਸਮੇਤ ਵੱਡੀ ਗਿਣਤੀ ਵਿੱਚ ਪਿੰਡ ਦੇ ਪੱਤਵੰਤੇ ਲੋਕਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਸਭ ਤੋਂ ਪਹਿਲਾਂ ਪਿੰਡ ਦੇ ਕੁਝ ਲੋਕਾਂ ਵੱਲੋਂ ਥਾਣੇ ਵਿੱਚ ਕੀਤੀਆਂ ਸ਼ਿਕਾਇਤਾਂ ਸੁਣੀਆਂ ਗਈਆਂ ਤੇ ਪੰਚਾਇਤ ਦੇ ਸਹਿਯੋਗ ਨਾਲ ਮੌਕੇ ਤੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਹੱਲ ਕਰਾਇਆ ਗਿਆ ਅਤੇ ਲੋਕਾਂ ਨੂੰ ਆਪਸੀ ਭਾਈਚਾਰਕ ਸਾਂਝ ਰੱਖਣ ਲਈ ਪ੍ਰੇਰਿਤ ਕੀਤਾ ਗਿਆ। ਏ.ਐਸ.ਆਈ. ਸਵਾਰ ਸਿੰਘ ਨੇ ਕਿਹਾ ਕਿ ਨਸ਼ਿਆਂ ਦੀ ਬੁਰਾਈ ਤੋਂ ਯੁਵਾ ਵਰਗ ਨੂੰ ਬਚਾਉਣ ਲਈ ਸਰਕਾਰ ਤੇ ਪੁਲਸ ਵੱਲੋਂ ਜਾਗਰੂਕ ਕੀਤਾ ਜਾ ਰਿਹਾ ਹੈ, ਉਥੇ ਹੀ ਪਿੰਡਾਂ ਦੀਆਂ ਪੰਚਾਇਤਾਂ ਕੋਲੋਂ ਵੀ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਸਹਿਯੋਗ ਮੰਗਿਆ ਜਾ ਰਿਹਾ ਹੈ ਤਾਂ ਜੁ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਨਸ਼ੇ ਦੀ ਦਲਦਲ ਵਿੱਚ ਫਸਿਆ ਹੋਇਆ ਹੈ ਅਤੇ ਉਹ ਨਸ਼ਾ ਛੱਡਣਾ ਚਹੁੰਦਾ ਹੈ ਤਾਂ ਉਹ ਆਪਣੇ ਪਿੰਡ ਦੀ ਪੰਚਾਇਤ ਜਾਂ ਪੁਲਸ ਨਾਲ ਸੰਪਰਕ ਕਰ ਸਕਦਾ ਹੈ। ਅਜਿਹੇ ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਭੇਜਿਆ ਜਾਵੇਗਾ। ਸਰਪੰਚ ਬਲਵੀਰ ਸਿੰਘ ਨੇ ਕਿਹਾ ਕਿ ਨਸ਼ਿਆਂ ਦੀ ਰੋਕਥਮ ਲਈ ਚੱਲ ਰਹੀ ਮੁਹਿੰਮ ਨੂੰ ਉਹ ਪੂਰਨ ਸਹਿਯੋਗ ਦੇ ਰਹੇ ਹਨ।

## 7ਵੀਂ ਤਰਕਸ਼ੀਲ ਚੇਤਨਾ ਪਰਖ਼ ਪ੍ਰੀਖਿਆ ਦਾ ਆਯੋਜਨ



**ਲੌਂਗੋਵਾਲ (ਪ੍ਰਦੀਪ ਸੱਪਲ)**-ਹਰ ਸਾਲ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਕਰਾਈ ਜਾਣ ਵਾਲੀ ਚੇਤਨਾ ਪਰਖ ਪ੍ਰੀਖਿਆ, ਜੋ ਇਸ ਗ਼ਦਰੀ ਗੁਲਾਬ ਕੌਰ ਦੇ 100 ਸਾਲਾ ਸ਼ਹਾਦਤ ਵਰ੍ਹੇ ਨੂੰ ਸਮਰਪਤ ਕੀਤੀ ਗਈ ਹੈ, ਦਾ ਆਯੋਜਨ ਤਿੰਨ ਪ੍ਰੀਖਿਆ ਕੇਂਦਰਾਂ ਬਡਬਰ, ਸ.ਸ.ਸ.ਸ (ਮੁੰਡੇ) ਲੌਂਗੋਵਾਲ ਤੇ ਸਸਸਸ ਨਮੋਲ ਵਿਖੇ ਕਰਾਇਆ ਗਿਆ।ਇਨ੍ਹਾਂ ਤਿੰਨੇ ਕੇਂਦਰਾਂ ਦੀ ਨਿਗਰਾਨੀ ਸੀਨੀਅਰ ਆਗੂਆਂ ਬਲਬੀਰ ਲੌਂਗੋਵਾਲ, ਜੁਝਾਰ ਲੌਂਗੋਵਾਲ, ਕਮਲਜੀਤ ਵਿੱਕੀ ਵੱਖ-ਵੱਖ ਥਾਂਵਾਂ 'ਤੇ ਕੀਤੀ ਤੇ ਵਿਦਿਆਰਥੀਆਂ ਨਾਲ ਵਿਗਿਆਨਕ ਅਤੇ ਤਰਕਸ਼ੀਲ ਵਿਚਾਰਧਾਰਾ 'ਤੇ ਗੱਲਬਾਤ ਕੀਤੀ ਗਈ।ਜੁਝਾਰ ਲੌਂਗੋਵਾਲ ਨੇ ਦੱਸਿਆ ਕਿ ਭਾਵੇਂ ਹੜ੍ਹਾਂ ਕਰਕੇ ਇਹ ਪ੍ਰੀਖਿਆ 29 ਤੇ 31 ਅਗਸਤ ਨੂੰ ਨਹੀਂ ਹੋ ਸਕੀ ਸੀ, ਪਰ ਹੁਣ ਇਸ ਪ੍ਰਤੀ ਵਿਦਿਆਰਥੀਆਂ ਵਿੱਚ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਇਸ ਮੌਕੇ ਅਧਿਆਪਕਾ ਲੌਂਗੋਵਾਲ ਕੇਂਦਰ ਵਿਖੇ ਕਮਲਜੀਤ ਵਿੱਕੀ ਦਮਨਜੀਤ ਕੌਰ, ਪ੍ਰਮੋਦ ਕੁਮਾਰ, ਸਸਸ ਬਡਬਰ ਵਿਖੇ ਜੁਝਾਰ ਲੌਂਗੋਵਾਲ, ਇੰਜ. ਸੁਖਵੀਰ ਸਿੰਘ ਤੇ ਸਸਸ ਨਮੋਲ ਵਿਖੇ ਮਾ. ਬਲਜੀਤ ਨਮੋਲ, ਮਾ. ਜਗਵਿੰਦਰ ਸਿੰਘ, ਮਾ. ਸੰਦੀਪ ਸਿੰਘ ਆਦਿ ਅਧਿਆਪਕਾਂ ਨੇ ਜਿੱਥੇ ਆਪਣੀਆਂ ਛੁੱਟੀ ਵਾਲੇ ਦਿਨ ਆਪਣੀਆਂ ਸੇਵਾਵਾਂ ਦਿੱਤੀਆਂਠ ਉੱਥੇ ਹੀ ਵਿਦਿਆਰਥੀਆਂ ਨੂੰ ਉਤਸ਼ਾਹਤ ਵੀ ਕੀਤਾ ਗਿਆ।

# 'ਵੋਟ ਚੋਰ, ਗੱਦੀ ਛੋੜ' ਮੁਹਿੰਮ ਅਧੀਨ ਕਾਂਗਰਸ ਵੱਲੋਂ ਸ਼ਹਿਰ 'ਚ ਦਸਤਖ਼ਤ ਮੁਹਿੰਮ ਦਾ ਆਗਾਜ਼

**ਦੋਰਾਹਾ (ਹਰਮਿੰਦਰ ਸੇਠ)**-ਕੇਂਦਰੀ ਲੀਡਰਸ਼ਿਪ ਦੀਆਂ ਹਦਾਇਤਾਂ 'ਤੇ ਪੰਜਾਬ ਕਾਂਗਰਸ ਦੇ ਇੰਚਾਰਜ ਭੁਪੇਸ਼ ਬਘੇਲ ਤੇ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਨਿਰਦੇਸ਼ਾਂ ਹੇਠ ਵਿੱਢੀ ਮੁਹਿੰਮ 'ਵੋਟ ਚੋਰ-ਗੱਦੀ ਛੋੜ' ਤਹਿਤ ਕਾਂਗਰਸ ਪਾਰਟੀ ਵੱਲੋਂ ਦੋਰਾਹਾ ਵਿੱਚ ਹਸਤਾਖਰ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ ਦੇ ਪ੍ਰਧਾਨ ਸਾਬਕਾ ਵਿਧਾਇਕ ਸ੍ਰ. ਲਖਵੀਰ ਸਿੰਘ ਲੱਖਾ ਹਲਕਾ ਪਾਇਲ ਤੋਂ ਕੋਆਰਡੀਨੇਟਰ ਸੀਨੀਅਰ ਕਾਂਗਰਸੀ ਆਗੂ ਚੇਅਰਮੈਨ ਬੰਤ ਸਿੰਘ ਦੋਬੁਰਜੀ, ਮੰਡਲ ਪ੍ਰਧਾਨ ਮਨਦੀਪ ਸਿੰਘ ਮਾਂਗਟ ਸ਼ਹਿਰੀ ਪ੍ਰਧਾਨ ਵਿਨੀਤ ਆਸ਼ਟ ਦੀ ਅਗਵਾਈ ਵਿੱਚ ਅੱਜ ਕਾਂਗਰਸੀਆਂ ਨੇ ਭਾਜਪਾ ਵੱਲੋਂ ਚੋਣਾਂ ਜਿੱਤਣ ਲਈ ਕੀਤੀ ਜਾ ਰਹੀ ਵੋਟ ਚੋਰੀ ਖਿਲਾਫ ਹਸਤਾਖ਼ਰ ਮੁਹਿੰਮ ਚਲਾਈ।ਮੁਹਿੰਮ ਤਹਿਤ ਕਾਂਗਰਸ ਪਾਰਟੀ ਵੱਲੋਂ ਪਾਰਟੀ ਦੇ ਗੜ੍ਹ ਮੰਨੇ ਜਾਣ ਵਾਲੇ ਸ਼ਹਿਰ ਦੋਰਾਹਾ ਦੇ ਮੇਨ ਬਾਜ਼ਾਰ ਵਿਖੇ ਫਾਰਮ ਭਰਵਾਏ ਗਏ।ਇਸ ਦੌਰਾਨ ਪਾਰਟੀ ਵਰਕਰਾਂ ਵੱਲੋਂ ਲੋਕਾਂ ਨੂੰ ਵੋਟ ਚੋਰੀ ਪ੍ਰਤੀ ਜਾਗਰੂਕ ਵੀ ਕੀਤਾ ਗਿਆ।ਸ੍ਰ. ਲਖਵੀਰ ਸਿੰਘ ਲੱਖਾਂ ਨੇ ਕਿਹਾ ਕਿ ਸੂਬਾ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਪਾਰਟੀ ਵੱਲੋਂ ਚਲਾਏ ਜਾ ਰਹੀ ਹਸਤਾਖ਼ਰ ਮੁਹਿੰਮ ਤਹਿਤ ਪੰਜਾਬ ਭਰ ਵਿੱਚ 15 ਲੱਖ ਫਾਰਮ ਭਰਵਾਏ ਜਾ ਰਹੇ ਹਨ, ਜਿਨ੍ਹਾਂ ਨੂੰ ਪਾਰਟੀ ਵੱਲੋਂ 15 ਅਕਤੂਬਰ ਨੂੰ ਭਾਰਤ ਦੇ ਚੋਣ ਕਮਿਸ਼ਨ ਨੂੰ ਜਮ੍ਹਾਂ ਕੀਤੇ ਜਾਣ ਵਾਲੇ ਹਸਤਾਖਰਾਂ 'ਚ ਸ਼ਾਮਲ ਕੀਤਾ ਜਾਵੇਗਾ।ਉਨ੍ਹਾ ਕਿਹਾ ਕਿ ਭਾਜਪਾ ਦੀ ਵੋਟ ਚੋਰੀ ਖਿਲਾਫ ਲੋਕਾਂ ਵਿੱਚ ਭਾਰੀ ਰੋਸ ਹੈ, ਜੋ ਲੋਕਾਂ ਵੱਲੋਂ ਆਪਣੇ ਜਮਹੂਰੀ ਅਧਿਕਾਰ ਦੀ ਵਰਤੋਂ ਕਰਦਿਆਂ ਦਿੱਤੇ ਫਤਵੇ ਦੀ ਚੋਰੀ ਹੈ, ਜਿਹੜਾ ਹੱਕ ਦੇਸ਼ ਦੇ ਲੋਕਾਂ ਨੂੰ ਸੰਵਿਧਾਨ ਨਿਰਮਾਤਾ ਡਾ. ਬੀ ਆਰ ਅੰਬੇਡਕਰ ਵੱਲੋਂ ਦਿੱਤਾ ਗਿਆ ਸੀ।ਉਨ੍ਹਾ ਕਿਹਾ ਕਿ ਪਾਰਟੀ ਆਗੂ ਰਾਹੁਲ ਗਾਂਧੀ ਵੱਲੋਂ ਪੇਸ਼ ਕੀਤੇ ਗਏ ਪੁਖਤਾ ਸਬੂਤਾਂ ਨੇ ਭਾਜਪਾ ਦੀ ਸੱਚਾਈ ਲੋਕਾਂ ਦੇ ਸਾਹਮਣੇ ਲਿਆ ਦਿੱਤੀ ਹੈ, ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ ਦੇ ਪ੍ਰਧਾਨ ਸਾਬਕਾ ਵਿਧਾਇਕ ਸ੍ਰ. ਲਖਵੀਰ ਸਿੰਘ ਲੱਖਾਂ ਹਲਕਾ ਪਾਇਲ ਤੋਂ ਕੋਡੀਨੇਟਰ ਸੀਨੀਅਰ ਕਾਂਗਰਸੀ ਆਗੂ ਚੇਅਰਮੈਨ ਬੰਤ ਸਿੰਘ ਦੋਬੁਰਜੀ ਸ਼ਹਿਰੀ ਪ੍ਰਧਾਨ ਵਿਨੀਤ ਆਸ਼ਟ ਸਾਬਕਾ ਪ੍ਰਧਾਨ ਐਡਵੋਕੇਟ ਸੁਰਿੰਦਰਪਾਲ ਸੂਦ, ਜਸਮਿੰਦਰ ਸਿੰਘ ਜੱਸਾ, ਨਾਇਬ ਸਿੰਘ ਸਿਕੰਦਰ ਪਾਲ ਮੰਡਲ ਪ੍ਰਧਾਨ ਮਨਦੀਪ ਸਿੰਘ ਮਾਂਗਟ ਹਰਿੰਦਰ ਹਿੰਦਾ, ਅਵਤਾਰ ਸਿੰਘ ਗੁਰਥਲੀ ਪ੍ਰਧਾਨ ਬੀ ਸੀ ਵਿੰਗ, ਯੂਥ ਆਗੂ ਕਾਕਾ ਮਠਾੜੂ, ਲਖਵਿੰਦਰ ਲੱਕੀ, ਰਮੇਸ਼ ਮੇਸ਼ੀ, ਰਾਮ ਵਿਨਾਇਕ, ਨੀਲੂ ਬੈਕਟਰ, ਕੇਸ਼ਵਾ ਨੰਦ, ਹਰਿੰਦਰ ਹਿੰਦਾ, ਅਵਤਾਰ ਮਠਾੜੂ, ਵਿਕਾਸ ਭੰਡਾਰੀ, ਸ਼ੰਮੀ ਆਜ਼ਾਦ ਬੈਂਡ ਤੋਂ ਇਲਾਵਾ ਕਾਂਗਰਸੀ ਆਗੂ ਮੌਜੂਦ ਸਨ।

## ਰਾਹੁਲ ਬੈਂਕਟਰ ਬਲਾਕ ਪ੍ਰਧਾਨ ਨਿਯੁਕਤ



**ਦੋਰਾਹਾ (ਹਰਮਿੰਦਰ ਸੇਠ)**-ਰਾਹੁਲ ਬੈਕਟਰ ਰਿਕੀ ਨੂੰ ਆਮ ਆਦਮੀ ਪਾਰਟੀ ਪ੍ਰਤੀ ਵਧੀਆ ਸੇਵਾਵਾਂ ਦੇਖਦੇ ਹੋਏ ਹਲਕਾ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਦੀ ਸਿਫਾਰਿਸ਼ 'ਤੇ ਪਾਇਲ ਦਾ ਬਲਾਕ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਪਾਰਟੀ ਪ੍ਰਧਾਨ ਵੱਲੋਂ ਜਾਰੀ ਪੱਤਰ 'ਚ ਰਾਹੁਲ ਬੈਕਟਰ ਰਿਕੀ ਨੂੰ ਇਹ ਜ਼ਿੰਮੇਵਾਰੀ ਸੌਂਪੀ ਗਈ।ਜ਼ਿਕਰਯੋਗ ਹੈ ਕਿ ਰਿਕੀ ਦੀ ਪਤਨੀ ਰੁਚੀ ਸ਼ਰਮਾ ਦੋਰਾਹਾ ਦੇ ਵਾਰਡ ਨੰਬਰ 15 ਤੋਂ ਕੌਂਸਲਰ ਹਨ ਅਤੇ ਰਾਹੁਲ ਬੈਕਟਰ ਰਿਕੀ ਦੋਰਾਹਾ ਸ਼ਹਿਰ ਦੀਆਂ ਵੱਖ-ਵੱਖ ਸੰਸਥਾਵਾਂ ਵਿੱਚ ਮੂਹਰੀ ਹੋ ਕੇ ਆਪਣੀਆਂ ਸੇਵਾਵਾਂ ਨਿਭਾਉਂਦਾ ਹੈ। ਰਿਕੀ ਨੇ ਕਿਹਾ ਕਿ ਉਹ ਮਿਲੀ ਜ਼ਿੰਮੇਵਾਰੀ ਤਨਦੇਹੀ ਤੇ ਵਫ਼ਾਦਾਰੀ ਨਾਲ ਨਿਭਾਉਣਗੇ ਤੇ ਹਲਕਾ ਪਾਇਲ ਦੇ ਵਿਧਾਇਕ ਇੰਜਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਤੇ ਨਗਰ ਕੌਂਸਲ ਦੇ ਪ੍ਰਧਾਨ ਸੁਦਰਸ਼ਨ ਕੁਮਾਰ ਸ਼ਰਮਾ ਦੀ ਅਗਵਾਈ ਸ਼ਹਿਰ ਲਈ ਮੋਢੇ ਨਾਲ ਮੋਢਾ ਜੋੜ ਕੇ ਅੱਗੇ ਤੋਂ ਹੋਰ ਵੱਧ ਕੰਮ ਕਰਨਗੇ।

## ਟੈਗੋਰ ਵਿਦਿਆਲਿਆ ਦੇ ਐਥਲੀਟਾਂ ਨੇ 9 ਮੈਡਲ ਹਾਸਲ ਕੀਤੇ



**ਲੌਂਗੋਵਾਲ (ਪ੍ਰਦੀਪ ਸੱਪਲ)**-ਸੰਗਰੂਰ ਦੇ ਵਾਰ ਹੀਰੋਜ਼ ਸਟੇਡੀਅਮ ਵਿਖੇ ਚੱਲ ਰਹੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਦੇ ਦੋਵੇਂ ਦਿਨਾਂ ਵਿੱਚ ਟੈਗੋਰ ਵਿਦਿਆਲਿਆ ਦੇ ਐਥਲੀਟਾਂ ਨੇ 2 ਸਿਲਵਰ ਮੈਡਲ, 7 ਬਰੋਨਜ਼ ਮੈਡਲ ਸਮੇਤ 9 ਮੈਡਲ ਦੋਵੇਂ ਦਿਨਾਂ ਵਿੱਚ ਹਾਸਲ ਕੀਤੇ ਹਨ, ਜਿਸ ਵਿੱਚ ਅੰਡਰ-19 ਹੈਮਰ ਥ੍ਰੋ ਕੁੜੀਆਂ 'ਚੋਂ ਨਵਜੋਤ ਕੌਰ ਨੇ ਸਿਲਵਰ ਮੈਡਲ ਤੇ ਨਵਜੋਤ ਕੌਰ ਨੇ ਡਿਸਕਸ ਥਰੋਅ 'ਚੋਂ ਬਰੌਂਨਜ ਮੈਡਲ ਹਾਸਲ ਕੀਤਾ। ਜਦਕਿ ਸੁਮਨਪ੍ਰੀਤ ਕੌਰ ਨੇ ਹੈਮਰ ਥਰੋਅ ਵਿੱਚੋਂ ਬਰੌਂਨਜ ਮੈਡਲ ਤੇ ਅੰਡਰ-19 ਮੁੰਡਿਆਂ ਵਿੱਚੋਂ ਸੁਖਦੀਪ ਸਿੰਘ ਨੇ ਹੈਮਰ ਥ੍ਰੋ 'ਚੋਂ ਸਿਲਵਰ ਮੈਡਲ ਅਤੇ ਰਮਨਦੀਪ ਸਿੰਘ ਨੇ ਹੈਮਰ ਥ੍ਰੋ ਵਿੱਚੋਂ ਬਰੌਂਨਜ ਮੈਡਲ ਜਿੱਤਿਆ ਤੇ ਅੰਡਰ-19 ਲੰਮੀ ਛਾਲ ਵਿੱਚੋਂ ਰਮਨਦੀਪ ਸਿੰਘ ਨੇ ਬਰੌਂਨਜ ਮੈਡਲ ਜਿੱਤਿਆ ਅਤੇ ਅੰਡਰ-17 ਚਾਰ ਸੌ ਮੀਟਰ ਰਿਲੇਅ ਕੁੜੀਆਂ ਵਿੱਚੋਂ ਲਵਪ੍ਰੀਤ ਕੌਰ ਨੇ ਬਰੌਂਨਜ ਮੈਡਲ ਜਿੱਤਿਆ ਤੇ ਅੰਡਰ-17 ਜਸਕਰਨ ਸਿੰਘ ਨੇ ਬਰੌਂਨਜ ਮੈਡਲ ਜਿੱਤਿਆ। ਪ੍ਰਿੰਸੀਪਲ ਮੈਡਮ ਜਸਵਿੰਦਰ ਕੌਰ ਤੇ ਮੈਨੇਜਮੈਂਟ ਮੈਂਬਰ ਕੁਲਦੀਪ ਸਿੰਘ ਮੰਡੇਰ, ਗੋਬਿੰਦ ਸਿੰਘ ਗਿੱਲ ਤੇ ਜਤਿੰਦਰ ਰਿਸ਼ੀ ਨੇ ਬੱਚਿਆਂ ਨੂੰ ਮੈਡਲ ਜਿੱਤਣ ਦੀ ਖੁਸ਼ੀ ਵਿੱਚ ਵਧਾਈ ਦਿੱਤੀ ਤੇ ਉਨ੍ਹਾਂ ਦਾ ਹੌਸਲਾ ਵਧਾਇਆ ਅਤੇ ਡੀ ਪੀ ਈ ਗੁਰਪ੍ਰੀਤ ਸਿੰਘ, ਮੈਡਮ ਸੁਨੀਤਾ ਸ਼ਰਮਾ ਤੇ ਪਰਮਿੰਦਰ ਸਿੰਘ ਨੂੰ ਵੀ ਬੱਚਿਆਂ ਦੇ ਵਧੀਆ ਪ੍ਰਦਰਸ਼ਨ ਲਈ ਵਧਾਈ ਦਿੱਤੀ।

## ਯੂਨਾਈਟਡ ਅਕਾਲੀ ਦਲ ਵੱਲੋਂ ਸਰਕਲ ਫਤਿਹਗੜ੍ਹ ਪੰਜਤੂਰ 'ਚ ਸਰਕਲ ਕਮੇਟੀ ਦਾ ਗਠਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਜਥੇਦਾਰ ਬੂਟਾ ਸਿੰਘ ਰਣਸੀਂਹ ਵੱਲੋਂ ਸਰਕਲ ਫਤਿਹਗੜ੍ਹ ਪੰਜਤੂਰ ਵਿਖੇ ਮੀਟਿੰਗ ਕੀਤੀ ਗਈ, ਜਿਸ ਨੂੰ ਸੰਬੋਧਿਤ ਕਰਦਿਆਂ ਜਥੇਦਾਰ ਬੂਟਾ ਸਿੰਘ ਰਣਸੀਂਹ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਇਤਿਹਾਸ ਕੁਰਬਾਨੀਆਂ ਭਰਿਆ ਹੈ।ਇਹ ਸ਼ਹੀਦਾਂ ਦੀ ਜਥੇਬੰਦੀ ਹੈ ਹਜ਼ਾਰਾਂ ਕੁਰਬਾਨੀਆਂ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਹੋਂਦ ਵਿੱਚ ਆਈ ਸੀ, ਜੋ ਪਹਿਲੇ ਦਿਨ ਤੋਂ ਹੀ ਦੇਸ਼ ਦੀ ਆਜ਼ਾਦੀ ਲਈ ਤੇ ਮਨੁੱਖੀ ਅਧਿਕਾਰਾਂ ਲਈ ਲੜਦੀ ਆ ਰਹੀ ਹੈ। ਜੋ ਪੰਥ ਤੇ ਕੌਮ ਦੀ ਚੜ੍ਹਦੀ ਕਲਾ ਲਈ ਹਮੇਸ਼ਾ ਤਤਪਰ ਰਹਿੰਦੀ ਹੈ, ਪਰ ਪਿਛਲੇ ਸਮੇਂ ਉੱਪਰ ਕੁਝ ਪਰਿਵਾਰਾਂ ਨੇ ਸ਼੍ਰੋਮਣੀ ਅਕਾਲੀ ਦਲ ਉੱਪਰ ਕਾਬਜ਼ ਹਨ, ਜਿਸ ਨਾਲ ਜਥੇਬੰਦੀ ਦਾ ਗਰਾਫ ਖਰਾਬ ਹੋਇਆ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਇਤਿਹਾਸ ਹੈ ਕਿ ਉਹ ਇੱਕ ਥਾਣੇ ਨੂੰ ਸਰਕਲ ਮੰਨਦੀ ਹੈ ਅੱਜ ਹਲਕਾ ਧਰਮਕੋਟ ਦੇ ਤੀਸਰੇ ਸਰਕਲ ਫਤਿਹਗੜ੍ਹ ਪੰਜਤੂਰ ਦੀ ਚੋਣ ਕੀਤੀ ਗਈ, ਜਿਸ ਵਿੱਚ ਭਾਈ ਗੁਰਮੁਖ ਸਿੰਘ ਤਖਤੂ ਵਾਲਾ, ਭਾਈ ਕੁਲਵਿੰਦਰ ਸਿੰਘ ਤੋਤੇਵਾਲਾ, ਭਾਈ ਹਰਪ੍ਰੀਤ ਸਿੰਘ ਲਲਿਹਾਂਦੀ, ਭਾਈ ਰਾਜਵਿੰਦਰ ਸਿੰਘ ਲਲਿਹਾਂਦੀ, ਭਾਈ ਭੁਪਿੰਦਰ ਸਿੰਘ ਲਲਿਹਾਂਦੀ, ਭਾਈ ਹਜ਼ੂਰਾ ਸਿੰਘ ਮੰਦਰ ਕਲਾ, ਜਥੇਦਾਰ ਬਲਰਾਜ ਸਿੰਘ ਮੇਲਕ ਕੰਗਾ, ਭਾਈ ਗੁਰਸੇਵਕ ਸਿੰਘ ਭੈਣੀ, ਸਰਪੰਚ ਬਲਕਾਰ ਸਿੰਘ ਸੰਘੇੜਾ, ਭਾਈ ਸੁਖਦੇਵ ਸਿੰਘ ਮਦਾਰਪੁਰ, ਫੌਜੀ ਰਣਜੀਤ ਸਿੰਘ ਸਹਦੇਸ਼ਾਹ, ਭਾਈ ਗੁਰਦਿਆਲ ਸਿੰਘ ਖੰਭੇ, ਭਾਈ ਜਗਤਾਰ ਸਿੰਘ ਅਕਾਲੀਆਂ ਵਾਲਾ, ਭਾਈ ਬਲਜੀਤ ਸਿੰਘ ਅਕਾਲੀਆਂ ਵਾਲਾ, ਭਾਈ ਹਰਪ੍ਰੀਤ ਸਿੰਘ ਧੱਲੇਕੇ, ਭਾਈ ਭੁਪਿੰਦਰ ਸਿੰਘ ਬੜੈਚ ਸ਼ਹਿਰੀ ਪ੍ਰਧਾਨ ਯੂਨਾਇਟਡ ਅਕਾਲੀ ਦਲ, ਗੁਰਲਾਭ ਸਿੰਘ ਧਰਮਕੋਟ ਆਦਿ ਹਾਜ਼ਰ ਸਨ।

## 7 ਲੱਖ ਦੀ ਧੋਖਾਧੜੀ ਦੇ ਮਾਮਲੇ 'ਚ ਤਿੰਨ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਲਾਟ ਦਿਵਾਉਣ ਦੇ ਨਾਮ 'ਤੇ ਕਰੀਬ 7 ਲੱਖ ਰੁਪਏ ਦੀ ਕੀਤੀ ਗਈ ਕਥਿਤ ਧੋਖਾਧੜੀ ਦੇ ਮਾਮਲੇ ਵਿੱਚ ਬਸੀ ਪਠਾਣਾ ਸਿਟੀ ਚੌਕੀ ਦੀ ਪੁਲਸ ਵੱਲੋਂ ਤਿੰਨ ਵਿਅਕਤੀਆਂ ਨੂੰ ਮੁਕੱਦਮੇ 'ਚ ਨਾਮਜ਼ਦ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਪੁਲਸ ਨੂੰ ਦਿੱਤੀ ਦਰਖ਼ਾਸਤ ਵਿੱਚ ਰਣਜੀਤ ਕੌਰ ਨੇ ਦੋਸ਼ ਲਗਾਏ ਸਨ ਕਿ ਬਸੀ ਪਠਾਣਾ ਵਿਖੇ ਪਲਾਟ ਦਿਵਾਉਣ ਦਾ ਝਾਂਸਾ ਦੇ ਕੇ ਅਵਤਾਰ ਸਿੰਘ ਵਾਸੀ ਪਿੰਡ ਮਾਰਵਾ ਗੁਰਮਨਜੀਤ ਸਿੰਘ ਵਾਸੀ ਪਿੰਡ ਮਹੱਦੀਆਂ, ਹਰਜੀਤ ਸਿੰਘ ਵਾਸੀ ਬਸੀ ਪਠਾਣਾ ਨੇ ਉਨ੍ਹਾਂ ਤੋਂ 7,19,400/- ਵਸੂਲ ਲਏ, ਪਰ ਨਾ ਤਾਂ ਉਕਤ ਵਿਅਕਤੀਆਂ ਵੱਲੋਂ ਉਸ ਨੂੰ ਪਲਾਟ ਦਿਵਾਇਆ ਗਿਆ ਤੇ ਨਾ ਹੀ ਉਸ ਦੀ ਰਕਮ ਵਾਪਸ ਕੀਤੀ ਗਈ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਵਤਾਰ ਸਿੰਘ, ਗੁਰਮਨਜੀਤ ਸਿੰਘ ਤੇ ਹਰਜੀਤ ਸਿੰਘ ਵਿਰੁੱਧ ਥਾਣਾ ਬਸੀ ਪਠਾਣਾਂ ਵਿਖੇ ਮੁਕੱਦਮਾ ਦਰਜ ਕਰਵਾ ਕੇ ਬਸੀ ਪਠਾਣਾਂ ਸਿਟੀ ਚੌਕੀ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਵਿਦਿਆਰਥੀ ਵਾਤਾਵਰਣ ਸੰਭਾਲ ਲਹਿਰ 'ਚ ਅਹਿਮ ਰੋਲ ਅਦਾ ਕਰ ਸਕਦੇ ਹਨ : ਡਾ. ਸਿੱਧੂ

### ■ ਛਾਪਾ ਸਕੂਲ 'ਚ ਕਰਵਾਏ ਵੱਖ-ਵੱਖ ਮੁਕਾਬਲੇ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਬੰਸ ਸਿੰਘ ਸਿੱਧੂ ਦੀ ਅਗਵਾਈ ਹੇਠ ਵਾਤਾਵਰਣ ਸੰਭਾਲ ਤੇ ਪਰਾਲੀ ਦੇ ਸੁਚੱਜੇ ਪ੍ਰਬੰਧਨ ਸੰਬੰਧੀ ਸਕੂਲੀ ਬੱਚਿਆਂ ਨੂੰ ਜਾਗਰੂਕ ਕਰਨ ਲਈ ਮੁਹਿੰਮ ਵਿੱਢੀ ਗਈ ਹੈ।ਇਸੇ ਲੜੀ ਤਹਿਤ ਪਰਾਲੀ ਨੂੰ ਅੱਗ ਨਾ ਲਗਾਉਣ ਤੇ ਪਰਾਲੀ ਦਾ ਸੁੱਚਜਾ ਪ੍ਰਬੰਧਨ ਕਰਨ ਸਬੰਧੀ ਜਾਗਰੂਕ ਕਰਨ ਲਈ ਸਕੂਲੀ ਵਿਦਿਆਰਥੀਆਂ ਦੇ ਵੱਖ ਵੱਖ ਮੁਕਾਬਲੇ ਕਰਵਾਏ ਗਏ, ਤਾਂ ਜੋ ਵਿਦਿਆਰਥੀ ਇਸ ਮੁਹਿੰਮ ਨਾਲ ਜੁੜ ਕੇ ਵਾਤਾਵਰਣ ਨੂੰ ਪ੍ਰਦੂਸ਼ਤ ਹੋਣ ਤੋਂ ਬਚਾਉਣ ਦੀ ਮੁਹਿੰਮ ਵਿੱਚ ਅਹਿਮ ਭੂਮਿਕਾ ਅਦਾ ਕਰ ਸਕਣ।ਮੁੱਖ ਖੇਤੀਬਾੜੀ ਅਫਸਰ ਡਾ. ਹਰਬੰਸ ਸਿੰਘ ਸਿੱਧੂ ਨੇ ਦੱਸਿਆ ਕਿ ਪਰਾਲੀ ਨੂੰ ਅੱਗ ਲਗਾਉਣਾ ਇੱਕ ਜਟਿਲ ਸਮੱਸਿਆ ਬਣ ਚੁੱਕੀ ਹੈ, ਜਦਕਿ ਪਰਾਲੀ ਦਾ ਕਈ ਤਰ੍ਹਾਂ ਨਾਲ ਪ੍ਰਬੰਧਨ ਕੀਤਾ ਜਾ ਸਕਦਾ ਹੈ। ਇਸ ਸੰਬੰਧੀ ਸਕੂਲੀ ਵਿਦਿਆਰਥੀਆਂ ਨੂੰ ਵੀ ਇਸ ਮੁਹਿੰਮ ਦਾ ਹਿੱਸਾ ਬਣਾਇਆ ਗਿਆ ਹੈ ਤਾਂ ਜੋ ਵਿਦਿਆਰਥੀ ਆਪਣੇ ਮਾਪਿਆਂ ਨੂੰ ਪਰਾਲੀ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਨੁਕਸਾਨ ਤੇ ਪਰਾਲੀ ਦੇ ਸੁੱਚਜੇ ਪ੍ਰਬੰਧਨ ਸੰਬੰਧੀ ਜਾਣਕਾਰੀ ਦੇ ਸਕਣ।ਇਸ ਲਈ ਖੇਤੀਬਾੜੀ ਵਿਭਾਗ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਛਾਪਾ ਵਿਖੇ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਭਾਸ਼ਣ ਪ੍ਰਤੀਯੋਗਤਾ, ਲੇਖ ਮੁਕਾਬਲਾ ਤੇ ਪੇਂਟਿੰਗ ਮੁਕਾਬਲੇ ਕਰਵਾਏ ਗਏ।ਇਸ ਮੌਕੇ ਬੱਚਿਆ ਵੱਲੋਂ ਪਰਾਲੀ ਨੂੰ ਅੱਗ ਲਗਾਉਣ ਦੇ ਨੁਕਸਾਨ ਬਾਰੇ ਇੱਕ ਨਾਟਕ ਵੀ ਖੇਡਿਆ ਗਿਆ।ਸ੍ਰੀਮਤੀ ਸੁਨੀਤਾ ਸ਼ਰਮਾ ਨੋਡਲ ਅਫ਼ਸਰ (ਪਰਾਲੀ) ਨੇ ਕਿਸਾਨਾਂ ਤੇ ਵਿਦਿਆਰਥੀਆਂ ਨੂੰ ਖੇਤੀ ਮਸ਼ੀਨਰੀ ਤੇ ਉਸ ਦੀ ਵਰਤੋਂ ਕਰਨ ਤੇ ਵਾਤਾਵਰਨ ਦੀ ਸੰਭਾਲ ਤੇ ਨੈਤਿਕ ਕਦਰਾਂ ਬਾਰੇ ਜਾਣਕਾਰੀ ਦਿੱਤੀ।ਡਾ. ਹਰਮਨਦੀਪ ਸਿੰਘ ਸਿੱਧੂ ਖੇਤੀਬਾੜੀ ਅਫ਼ਸਰ ਮਹਿਲ ਕਲਾਂ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਵਾਤਵਰਣ ਪ੍ਰਤੀ ਜਾਗਰੂਕ ਰਹਿਣਾ ਚਾਹੀਦਾ ਹੈ।ਇਸ ਮੌਕੇ ਵੱਖ ਵੱਖ ਮੁਕਾਬਲਿਆਂ ਵਿੱਚ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ।ਉਕਤ ਤੋਂ ਇਲਾਵਾ ਸ੍ਰੀ ਸਨਵਿੰਦਰਪਾਲ ਸਿੰਘ ਬੀ ਟੀ ਐੱਮ, ਹਰਪਾਲ ਸਿੰਘ ਏ ਐੱਸ ਆਈ, ਸਕੂਲ ਸਟਾਫ਼ ਮੈਂਬਰ ਹਾਜ਼ਰ ਸਨ।

## ਸਰਕਾਰ ਹੜ੍ਹ ਪੀੜਤਾਂ ਨੂੰ ਰਾਹਤ ਦੇਣ ਦੀ ਬਜਾਏ ਲੋਕਾਂ ਪਾਸੋਂ ਮੰਗ ਰਹੀ ਏ ਰਾਹਤ ਫੰਡ : ਪੀਰ ਮੁਹੰਮਦ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲਾਰੇ ਜਥੇਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਮਾਨ ਸਰਕਾਰ 'ਤੇ ਸਵਾਲ ਉਠਾਇਆ ਹੈ ਕਿ ਪਹਿਲਾਂ ਹੀ ਕੇਂਦਰ ਵੱਲੋਂ ਕੁਦਰਤੀ ਆਫ਼ਤਾਂ ਲਈ ਜਾਰੀ ਹਜ਼ਾਰਾਂ ਕਰੋੜ ਦਾ ਫ਼ੰਡ ਆਪਣੇ ਝੂਠੇ ਪ੍ਰਚਾਰ ਲਈ ਖਰਚ ਕੇ ਕਿਸਾਨਾਂ ਨਾਲ ਧੋਖਾ ਕਰਨ ਦਾ ਦੋਸ਼ ਲੱਗ ਰਿਹਾ ਹੈ।ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਅੱਜ ਇੱਕ ਹੋਰ ਮਾਮਲਾ ਨਿਕਲ ਕੇ ਸਾਹਮਣੇ ਆਇਆ ਹੈ ਕਿ ਜਿਸ ਵਿੱਚ ਹਾਈਕੋਰਟ ਵੱਲੋਂ ਆਪ ਸਰਕਾਰ ਤੋਂ ਜਵਾਬ ਮੰਗਿਆ ਹੈ ਕਿ ਕੇਂਦਰ ਵਲੋਂ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਲਈ ਜਾਰੀ ਕੀਤੇ 800 ਕਰੋੜ ਰੁਪਏ ਦਾ ਹਿਸਾਬ ਮੰਗਿਆ ਗਿਆ ਹੈ।ਆਪ ਸਰਕਾਰ ਇਸ ਗੱਲ ਦਾ ਜਵਾਬ ਦੇਵੇ ਕਿ ਉਹਨਾਂ ਨੇ ਇਹਨਾਂ ਫ਼ੰਡਾਂ ਦੀ ਕਿੱਥੇ ਦੁਰਵਰਤੋਂ ਕੀਤੀ ਹੈ। ਪੀਰ ਮੁਹੰਮਦ ਨੇ ਕਿਹਾ ਕਿ ਹਜ਼ਾਰਾਂ ਗਰੀਬ ਵਿਦਿਆਰਥੀਆਂ ਨੂੰ ਵਜ਼ੀਫ਼ੇ ਨਹੀਂ ਮਿਲ ਰਹੇ ਤੇ ਵਿਦਿਆਰਥੀਆਂ ਨੂੰ ਕਾਲਜ ਛੱਡਣ ਲਈ ਮਜਬੂਰ ਹੋਣਾ ਪੈ ਰਿਹਾ ਹੈ।ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵੱਲੋਂ ਅਸੀਂ ਪਹਿਲਾਂ ਵੀ ਕੇਂਦਰ ਵੱਲੋਂ ਜਾਰੀ ਐੱਸ ਡੀ ਆਰ ਐੱਫ ਫ਼ੰਡਾਂ ਦੀ ਪਾਰਦਰਸ਼ਤਾ ਲਈ ਗਵਰਨਰ ਪੰਜਾਬ ਨੂੰ ਮੈਮੋਰੈਂਡਮ ਸੌਂਪ ਕੇ ਸਰਕਾਰ ਵੱਲੋਂ ਵਾਈਟ ਪੇਪਰ ਜਾਰੀ ਕਰਨ ਦੀ ਮੰਗ ਕਰ ਚੁੱਕੇ ਹਾਂ ਤੇ ਇਸ ਮਸਲੇ 'ਚ ਵੀ ਅਸੀਂ ਚਾਹੁੰਦੇ ਹਾਂ ਕਿ ਆਪ ਸਰਕਾਰ ਦੇ ਜ਼ਿੰਮੇਵਾਰ ਅਧਿਕਾਰੀ ਇਸ ਦਾ ਜਵਾਬ ਦੇਣ ਕਿ ਉਨ੍ਹਾਂ ਸਕਾਲਰਸ਼ਿਪ ਲਈ ਜਾਰੀ 800 ਕਰੋੜ ਕਿੱਥੇ ਖਰਚਿਆ, ਜਿਸ ਦੀ ਵਜ੍ਹਾ ਨਾਲ ਉਨ੍ਹਾਂ ਨੇ ਹਜ਼ਾਰਾਂ ਵਿਦਿਆਰਥੀ ਪੜ੍ਹਾਈ ਤੋਂ ਵਾਂਝੇ ਕਰ ਦਿੱਤੇ ਹਨ।

## ਮੀਂਹ, ਹਨੇਰੀ ਤੇ ਗੜੇਮਾਰੀ ਨਾਲ ਸੈਂਕੜੇ ਏਕੜ ਝੋਨੇ ਦੀ ਫਸਲ ਪ੍ਰਭਾਵਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਸਹੌਰ (ਬਰਨਾਲਾ) ਵਿਖੇ ਸੋਮਵਾਰ ਸਵੇਰੇ ਚਾਰ ਵਜੇ ਹੋਈ ਭਾਰੀ ਬਰਸਾਤ, ਤੇਜ਼ ਹਨੇਰੀ ਤੇ ਗੜੇਮਾਰੀ ਨਾਲ ਪੱਕਣ 'ਤੇ ਆਈ ਸੈਂਕੜੇ ਏਕੜ ਝੋਨੇ ਦੀ ਫਸਲ ਪ੍ਰਭਾਵਿਤ ਹੋਣ ਨਾਲ ਭਾਰੀ ਆਰਥਿਕ ਨੁਕਸਾਨ ਹੋਣ ਦਾ ਪਤਾ ਲੱਗਿਆ ਹੈ।ਪੀੜਤ ਕਿਸਾਨਾਂ ਨੇ ਕਿਹਾ ਕਿ ਗੜੇਮਾਰੀ ਨਾਲ ਦਾਣੇ ਬੱਲੀਆਂ ਤੋਂ ਝੜ ਕੇ ਖੇਤਾਂ 'ਚ ਡਿੱਗ ਗਏ ਹਨ, ਜਿਸ ਨਾਲ 30 ਫੀਸਦੀ ਤੱਕ ਝਾੜ ਖਤਮ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਕਿਸਾਨ ਪਹਿਲਾਂ ਹੀ ਆਰਥਿਕ ਮੰਦਹਾਲੀ ਦਾ ਸਾਹਮਣਾ ਕਰ ਰਹੇ ਹਨ, ਹੁਣ ਐਨ ਵੱਢਣ 'ਤੇ ਆਈ ਫਸਲ ਬੁਰੀ ਤਰ੍ਹਾਂ ਨੁਕਸਾਨੀ ਗਈ ਹੈ।ਪੀੜਤ ਕਿਸਾਨਾਂ ਨੇ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਪਿੰਡ ਸਹੌਰ 'ਚ ਹੋਏ ਨੁਕਸਾਨ ਦੀ ਰਿਪੋਰਟ ਤੁਰੰਤ ਤਿਆਰ ਕਰਕੇ ਪ੍ਰਭਾਵਿਤ ਕਿਸਾਨਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ, ਤਾਂ ਜੋ ਪੀੜਤ ਕਿਸਾਨ ਪਰਵਾਰਾਂ ਕੁਝ ਰਾਹਤ ਮਿਲ ਸਕੇ।

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾ 'ਚ ਪੰਜਾਬ ਪੱਧਰੀ ਤੀਰਅੰਦਾਜ਼ੀ ਦੀ ਸ਼ੁਰੂਆਤ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਛੱਤਿਆਣਾ ਦੇ ਖੇਡ ਗਰਾਊਂਡ ਵਿਖੇ ਅੰਡਰ 14 ਸਾਲ, 17 ਸਾਲ ਤੇ 19 ਸਾਲ ਲੜਕੇ ਲੜਕੀਆਂ ਦੇ 69ਵੀਆਂ ਪੰਜਾਬ ਪੱਧਰੀ ਤੀਰਅੰਦਾਜ਼ੀ ਦੇ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਹੋਈ।ਹਲਕਾ ਗਿੱਦੜਬਾਹਾ ਦੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਖੇਡਾਂ ਦੀ ਰਸਮੀ ਸ਼ੁਰੂਆਤ ਕੀਤੀ। ਉਨ੍ਹਾਂ ਨਾਲ ਹਰਜਿੰਦਰ ਸੋਨੀ ਸਹਾਇਕ ਜ਼ਿਲ੍ਹਾ ਸਿੱਖਿਆ ਅਫ਼ਸਰ, ਸੁਰਿੰਦਰ ਸਿੰਘ ਕੋਆਰਡੀਨੇਟਰ ਖੇਡਾਂ, ਪ੍ਰਿੰਸੀਪਲ ਗੁਰਦੀਪ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਡਾਂ ਵਿੱਚ ਮੱਲਾਂ ਮਾਰਨ ਲਈ ਤੇ ਜੀਵਨ ਵਿੱਚ ਸਫ਼ਲਤਾ ਹਾਸਲ ਕਰਨ ਲਈ ਲਗਨ ਸਖਤ ਮਿਹਨਤ ਤੇ ਇਮਾਨਦਾਰੀ ਦੀ ਬਹੁਤ ਲੋੜ ਹੁੰਦੀ ਹੈ, ਜੋ ਸਾਨੂੰ ਜੀਵਨ ਜਾਂਚ ਸਿਖਾਉਂਦੀਆਂ ਹਨ।ਤਰਸੇਮ ਸਿੰਘ ਡੀਪੀਈ ਨੇ ਦੱਸਿਆ ਕਿ ਪੂਰੇ ਪੰਜਾਬ ਵਿੱਚੋਂ ਅੰਡਰ 14 ਮੁੰਡੇ-ਕੁੜੀਆਂ ਦੀਆਂ 13 ਟੀਮਾਂ, ਅੰਡਰ 17 ਸਾਲ ਵਰਗ ਦੇ ਮੁੰਡੇ—ਕੁੜੀਆਂ ਦੀਆਂ 16 ਟੀਮਾਂ ਅੰਡਰ 19 ਸਾਲ ਮੁੰਡੇ-ਕੁੜੀਆਂ ਦੀਆਂ 12 ਟੀਮਾਂ ਦੇ ਕੁੱਲ 450 ਖਿਡਾਰੀਆਂ ਨੇ ਭਾਗ ਲਿਆ।ਕੋਚ ਡਾ. ਨਿਸ਼ਾ ਤੋਮਰ ਤੇ ਕੋਚ ਅਮਰਿੰਦਰ ਸਿੰਘ ਵੱਲੋਂ ਮਾਲਵਾ ਸਕੂਲ ਦੀ ਤੀਰਅੰਦਾਜ਼ੀ ਅਕੈਡਮੀ ਦੀਆਂ ਪ੍ਰਾਪਤੀਆਂ ਬਾਰੇ ਵੀ ਜਾਣਕਾਰੀ ਦਿੱਤੀ।ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨਾਂ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਤ ਵੀ ਕੀਤਾ ਗਿਆ।

# ਖੇਡਾਂ ਵਿਦਿਆਰਥੀ ਜੀਵਨ ਦਾ ਅਹਿਮ ਅੰਗ : ਜੌੜਾਮਾਜਰਾ

### ■ ਯਾਦਗਾਰੀ ਹੋ ਨਿੱਬੜੀਆਂ ਸੈਂਟਰ ਮੈਣ ਦੀਆਂ ਸਕੂਲ ਖੇਡਾਂ



**ਸਮਾਣਾ (ਇਕਬਾਲ ਸਿੰਘ ਬੱਲ)**
ਸਕੂਲੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ ਸਿੱਖਿਆ) ਪਟਿਆਲਾ ਸ਼ਾਲੂ ਮਹਿਰਾ, ਉਪ ਜ਼ਿਲ੍ਹਾ ਸਿੱਖਿਆ ਅਫਸਰ ਮਨਵਿੰਦਰ ਕੌਰ ਭੁੱਲਰ ਤੇ ਬਲਾਕ ਪਟਿਆਲਾ-2 ਦੇ ਬੀਪੀਈਓ ਪ੍ਰਿਥੀ ਸਿੰਘ ਦੀ ਰਹਿਨੁਮਾਈ ਹੇਠ ਸੈਂਟਰ ਪੱਧਰੀ ਖੇਡਾਂ ਗ੍ਰਾਮ ਪੰਚਾਇਤ ਪਿੰਡ ਦੁੱਧੜ ਦੇ ਵਿਸ਼ੇਸ਼ ਸਹਿਯੋਗ ਨਾਲ ਪਿੰਡ ਦੁੱਧੜ ਵਿਖੇ ਸੈਂਟਰ ਮੈਣ ਦੇ ਸੈਂਟਰ ਹੈੱਡ ਟੀਚਰ ਪੂਰਨ ਸਿੰਘ ਦੀ ਅਗਵਾਈ ਹੇਠ ਹੋਈਆਂ।ਇਸ ਮੌਕੇ ਮੁੱਖ ਮਹਿਮਾਨ ਵਜੋਂ ਹਲਕਾ ਸਮਾਣਾ ਤੋਂ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਤੇ ਵਿਸ਼ੇਸ਼ ਮਹਿਮਾਨ ਵਜੋਂ ਡੀਐੱਸਪੀ ਬਲਜੀਤ ਸਿੰਘ ਭੱਟੀ ਤੇ ਸਾਬਕਾ ਬੀਪੀਈਓ ਜੋਗਿੰਦਰ ਸਿੰਘ ਨੇ ਸ਼ਮੂਲੀਅਤ ਕਰਕੇ ਖੇਡਾਂ ਦਾ ਉਦਘਾਟਨ ਕੀਤਾ।ਇਸ ਦੌਰਾਨ ਸੈਂਟਰ ਮੈਣ ਅਧੀਨ ਪੈਂਦੇ ਅੱਠ ਸਕੂਲਾਂ ਦੇ ਸੈਂਕੜੇ ਵਿਦਿਆਰਥੀਆਂ ਨੇ ਵੱਖ-ਵੱਖ ਖੇਡਾਂ ਵਿੱਚ ਹਿੱਸਾ ਲੈ ਕੇ ਆਪਣਾ ਲੋਹਾ ਮਨਵਾਇਆ।

ਇਸ ਮੌਕੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਆਖਿਆ ਕਿ ਖੇਡਾਂ ਵਿਦਿਆਰਥੀ ਜੀਵਨ ਦਾ ਅਹਿਮ ਅੰਗ ਹਨ। ਖੇਡਾਂ ਖੇਡਣ ਨਾਲ ਵਿਦਿਆਰਥੀ ਅੰਦਰ ਸਹਿਣਸ਼ੀਲਤਾ ਤੇ ਮਿਲਵਰਤਨ ਦੀ ਭਾਵਨਾ ਪੈਦਾ ਹੁੰਦੀ ਹੈ।ਉਨ੍ਹਾਂ ਆਖਿਆ ਕਿ ਜੇਕਰ ਪ੍ਰਾਇਮਰੀ ਪੱਧਰ ਤੋਂ ਹੀ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੋੜਨ ਦੇ ਯਤਨ ਕੀਤੇ ਜਾਣ ਤਾਂ ਵਿਦਿਆਰਥੀ ਨੂੰ ਇੱਕ ਦਿਨ ਉਸ ਦਾ ਬਹੁਤ ਹੀ ਚੰਗਾ ਨਤੀਜਾ ਦੇਖਣ ਨੂੰ ਜ਼ਰੂਰ ਮਿਲੇਗਾ।ਉਨ੍ਹਾਂ ਕਿਹਾ ਕਿ ਵਿਦਿਆਰਥੀ ਹਰ ਇੱਕ ਖੇਡ ਵਿੱਚ ਪੂਰੀ ਤਰ੍ਹਾਂ ਜ਼ੋਰ ਅਜ਼ਮਾ ਰਹੇ ਹਨ, ਇਹ ਅਧਿਆਪਕਾਂ ਵੱਲੋਂ ਕਰਵਾਈ ਗਈ ਮਿਹਨਤ ਦਾ ਹੀ ਨਤੀਜਾ ਹੈ।ਇਸ ਲਈ ਸਮੂਹ ਅਧਿਆਪਕ ਵਧਾਈ ਦੇ ਪਾਤਰ ਹਨ।

ਇਸ ਦੇ ਨਾਲ ਹੀ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਡੀਐੱਸਪੀ ਬਲਜੀਤ ਸਿੰਘ ਭੱਟੀ ਨੇ ਸੰਬੋਧਨ ਕਰਦਿਆਂ ਆਖਿਆ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਵੱਲ ਵੀ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਇਹ ਸੁਭਾਵਿਕ ਹੈ ਕਿ ਜੋ ਵਿਦਿਆਰਥੀ ਖੇਡਾਂ ਵਿੱਚ ਭਾਗ ਲੈਂਦੇ ਹਨ, ਉਨ੍ਹਾਂ ਦਾ ਰਹਿਣ ਸਹਿਣ, ਬੋਲਣ ਤੇ ਤੁਰਨ ਫਿਰਨ ਦਾ ਢੰਗ ਸਭ ਨਾਲੋਂ ਵੱਖਰਾ ਹੀ ਹੁੰਦਾ ਹੈ।ਇਸ ਲਈ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਵੱਧ ਚੜ੍ਹ ਕੇ ਭਾਗ ਲੈਣਾ ਚਾਹੀਦਾ ਹੈ।ਇਸ ਦੌਰਾਨ ਮੰਚ ਸੰਚਾਲਕ ਦੀ ਭੂਮਿਕਾ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਪਿੰਡ ਖੁਸਰੋਪੁਰ ਦੇ ਮੁੱਖ ਅਧਿਆਪਕਾ ਕਿਰਨ ਕੌਰ ਵੱਲੋਂ ਬਾਖੂਬੀ ਨਿਭਾਈ ਗਈ।

ਅਖੀਰ ਵਿੱਚ ਪਿੰਡ ਦੇ ਸਰਪੰਚ ਜਸਵੀਰ ਸਿੰਘ ਤੇ ਸੈਂਟਰ ਮੈਣ ਦੇ ਸੀਐੱਚਟੀ ਪੂਰਨ ਸਿੰਘ ਵੱਲੋਂ ਪਹੁੰਚੀਆਂ ਹੋਈਆਂ ਸ਼ਖਸੀਅਤਾਂ ਦਾ ਧੰਨਵਾਦ ਕਰਦੇ ਹੋਏ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਟਰਾਲੀਆਂ 'ਤੇ ਲਗਾਏ ਰਿਫਲੈਕਟਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ੍ਰੀ ਮੁਕਤਸਰ ਸਾਹਿਬ ਵਿਖੇ ਤਰਸੇਮ ਸਿੰਘ ਟ੍ਰੈਫਿਕ ਪੁਲਸ ਇੰਚਾਰਜ ਦੀ ਰਹਿਨੁਮਾਈ ਹੇਠ ਕੌਮੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਗੁਪਿੰਦਰ ਸਿੰਘ ਡੋਹਕ ਦੀ ਹਾਜ਼ਰੀ ਵਿੱਚ ਦਾਣਾ ਮੰਡੀ ਸ੍ਰੀ ਮੁਕਤਸਰ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ ਟਰਾਲੀਆਂ 'ਤੇ ਰਿਫਲੈਕਟਰ ਲਗਾਏ ਗਏ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਝੋਨੇ ਦਾ ਸੀਜ਼ਨ ਸ਼ੁਰੂ ਹੋ ਗਿਆ ਹੈ, ਟਰੈਕਟਰ ਟਰਾਲੀਆਂ ਦਿਨ-ਰਾਤ ਚੱਲਦੀਆਂ ਹਨ, ਅਕਸਰ ਹੀ ਕਿਸਾਨਾਂ ਦੀਆਂ ਟਰਾਲੀਆਂ ਤੇ ਯੂਨੀਅਨ ਦੀਆਂ ਟਰਾਲੀਆਂ 'ਤੇ ਰਿਫਲੈਕਟਰ ਨਹੀਂ ਲੱਗੇ ਹੁੰਦੇ, ਇਸ ਕਰਕੇ ਐਕਸੀਡੈਂਟ ਹੋਣ ਦਾ ਖ਼ਤਰਾ ਬਣਿਆ ਰਹਿੰਦਾ ਹੈ।ਇਸ ਮੌਕੇ ਗੁਰਬਿੰਦਰ ਸਿੰਘ ਬਰਾੜ ਇੰਚਾਰਜ ਸਾਊਥ ਵੈਸਟ ਪੰਜਾਬ, ਮਾਸਟਰ ਰਾਜਿੰਦਰ ਸਿੰਘ, ਅਸ਼ੋਕ ਕੁਮਾਰ, ਗੁਰਚਰਨ ਸਿੰਘ ਆਸਟ੍ਰੇਲੀਆ ਵਾਲੇ, ਸੋਮ ਨਾਥ, ਜਸਬੀਰ ਸਿੰਘ ਰਿਟਾ ਏ ਐੱਸ ਆਈ, ਹਰਭਗਵਾਨ ਸਿੰਘ ਖੱਪਿਆਂਵਾਲ਼ੀ ਵਾਲੀ, ਕਾਲ਼ਾ ਸਿੰਘ ਖੱਪਿਆਂਵਾਲ਼ੀ ਵਾਲੀ, ਸ੍ਰੀ ਮੁਕਤਸਰ ਸਾਹਿਬ ਦੀ ਟ੍ਰੈਫਿਕ ਪੁਲਸ, ਜਸਕਰਨ ਸਿੰਘ ਬੂੜਾ ਗੁੱਜਰ ਖਜ਼ਾਨਚੀ ਕੌਮੀ ਕਿਸਾਨ ਯੂਨੀਅਨ, ਹੈਪੀ ਬਰਾੜ ਇਕਾਈ ਪ੍ਰਧਾਨ ਕੌਮੀ ਕਿਸਾਨ ਯੂਨੀਅਨ, ਸ਼ੇਰਬਾਜ ਸਿੰਘ ਬਰਾੜ, ਬਲਜੀਤ ਸਿੰਘ ਕੱਚਾ ਆੜ੍ਹਤੀਆ, ਟਰੈਕਟਰ ਟਰਾਲੀ ਯੂਨੀਅਨ ਦੇ ਆਗੂ ਮੌਜੂਦ ਸਨ।

7- Oct - Page - 7.qxd 10/6/2025 10:22 PM Page 1



# ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ ਦੀ ਆਰੰਭਤਾ ਮੌਕੇ ਸਜਾਇਆ ਵਿਸ਼ਾਲ ਨਗਰ ਕੀਰਤਨ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਮਾਝੇ ਦੇ ਪ੍ਰਸਿੱਧ ਅਸਥਾਨ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਸਾਲਾਨਾ ਜੋੜ ਮੇਲਾ ਵਿਸ਼ਾਲ ਨਗਰ ਕੀਰਤਨ ਦੀ ਆਰੰਭਤਾ ਨਾਲ ਸ਼ੁਰੂ ਹੋਇਆ।ਇਹ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਕੇ ਬਘਿਆੜੀ ਮੋੜ, ਸਵਰਗਾਪੁਰੀ ਮੋੜ, ਅੱਡਾ ਝਬਾਲ, ਪਿੰਡ ਝਬਾਲ ਗੁਰਦੁਆਰਾ ਬੀਬੀ ਵੀਰੋ ਜੀ, ਗੁਰਦੁਆਰਾ ਮਾਤਾ ਭਾਗ ਕੌਰ ਜੀ, ਪਿੰਡ ਝਬਾਲ ਖੁਰਦ, ਠੱਠਾ ਮੋੜ ਤੋਂ ਹੁੰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਸਾਹਿਬ ਪਹੁੰਚ ਕੇ ਸਮਾਪਤੀ ਹੋਵੇਗੀ।ਛੇ ਅਕਤੂਬਰ ਨੂੰ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਵਿਸ਼ਾਲ ਨਗਰ ਕੀਰਤਨ ਦੇ ਰੂਪ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਫੁੱਲਾਂ ਨਾਲ ਸ਼ਿੰਗਾਰੀ ਹੋਈ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਕਰਕੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਪਵਿੱਤਰ ਸਰੋਵਰ ਦੀਆਂ ਪਰਿਕਰਮਾ ਕਰਦੇ ਹੋਏ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿੱਚ ਪਹੁੰਚਾਇਆ ਜਾਵੇਗਾ।ਧਾਰਮਿਕ ਦੀਵਾਨ ਆਰੰਭ ਕੀਤੇ ਜਾਣਗੇ ਜੋ ਸੱਤ ਅਕਤੂਬਰ ਸ਼ਾਮ ਤੱਕ ਜਾਰੀ ਰਹਿਣਗੇ।ਦੀਵਾਨ ਦੀ ਸਮਾਪਤੀ ਉਪਰੰਤ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਖੇਡ ਸਟੇਡੀਅਮ ਵਿੱਚ ਪੰਜਾਬ ਦੀਆਂ ਨਾਮਵਰ ਟੀਮਾਂ ਵਿੱਚਕਾਰ ਕਬੱਡੀ ਦਾ ਮੈਚ ਕਰਵਾਇਆ ਜਾਵੇਗਾ ਅਤੇ ਜੇਤੂ ਟੀਮਾਂ ਨੂੰ ਨਗਦ ਇਨਾਮ ਦੇ ਕਿ ਸਨਮਾਨਿਤ ਕੀਤਾ ਜਾਵੇਗਾ।ਇਸ ਮੌਕੇ ਮੈਂਬਰ ਸ਼੍ਰੋਮਣੀ ਕਮੇਟੀ ਭਾਈ ਮਨਜੀਤ ਸਿੰਘ, ਸਾਬਕਾ ਮੈਂਬਰ ਸ਼੍ਰੋਮਣੀ ਕਮੇਟੀ ਜਥੇਦਾਰ ਕਸ਼ਮੀਰ ਸਿੰਘ ਗੰਡੀਵਿੰਡ, ਮੈਨੇਜਰ ਭਾਈ ਸਰਬਦਿਆਲ ਸਿੰਘ ਘਰਿਆਲਾ, ਮੀਤ ਮੈਨੇਜਰ ਭਾਈ ਗੁਰਜੀਤ ਸਿੰਘ ਠੱਠਾ, ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ, ਬਾਬਾ ਸੋਹਣ ਸਿੰਘ ਬੀੜ ਸਾਹਿਬ ਕਾਰ ਸੇਵਾ ਭੂਰੀ ਵਾਲੇ, ਬਾਬਾ ਸੁਬੇਗ ਸਿੰਘ ਕਾਰ ਸੇਵਾ ਗੋਇੰਦਵਾਲ, ਬਾਬਾ ਜਗਤਾਰ ਸਿੰਘ ਕਾਰ ਸੇਵਾ ਤਰਨ ਤਾਰਨ, ਬਾਬਾ ਜਸਵੰਤ ਸਿੰਘ ਬੀੜ ਸਾਹਿਬ, ਬਾਬਾ ਹਰਜਿੰਦਰ ਸਿੰਘ ਬੀੜ ਸਿੰਘ, ਭਾਈ ਮਨੋਹਰ ਸਿੰਘ ਠੱਠਾ, ਭਾਈ ਮਨਜੀਤ ਸਿੰਘ ਝਬਾਲ ਖੁਰਦ, ਬਾਬਾ ਗੁਰਵਿੰਦਰ ਸਿੰਘ ਝੂਲਣੇ ਮਹਿਲ, ਗੁਰਦੁਆਰਾ ਇੰਸਪੈਕਟਰ ਮਨਜੀਤ ਸਿੰਘ ਗੁਰਦਾਸਪੁਰੀ, ਗੁ: ਇੰਸ: ਜਗਜੀਤ ਸਿੰਘ ਕੋਟ, ਗੁ: ਇੰਸ: ਹਰਜੀਤ ਸਿੰਘ ਮਹਿਤਾ, ਕੁਲਵੰਤ ਸਿੰਘ ਸੀ ਸੀ ਟਰੱਸਟ ਬ੍ਰਾਂਚ, ਗੁਰਜੀਤ ਸਿੰਘ ਭੋਗਪੁਰ ਮੀਤ ਮੈਨੇਜਰ ਗੁਰ: ਸ੍ਰੀ ਬੇਰ ਸਾਹਿਬ, ਗੁਰਿੰਦਰਬੀਰ ਸਿੰਘ, ਮੈਨੇਜਰ ਸਤਨਾਮ ਸਿੰਘ ਝਬਾਲ, ਭਾਈ ਜਗਜੀਤ ਸਿੰਘ ਸਾਂਘਣਾ, ਜ਼ਿਮਨੀ ਚੋਣ ਅਕਾਲੀ ਦਲ ਦੇ ਉਮੀਦਵਾਰ ਪ੍ਰਿੰ. ਸੁਖਵਿੰਦਰ ਕੌਰ ਰੰਧਾਵਾ, ਸਰਪੰਚ ਮਨਜੀਤ ਕੌਰ ਬਾਠ ਮੀਆਂਪੁਰ, ਬੀਬੀ ਕੰਚਾਨਪ੍ਰੀਤ ਕੌਰ, ਚੇਅਰਮੈਨ ਹਰਵੰਤ ਸਿੰਘ, ਮਾਸਟਰ ਗੁਰਬੀਰ ਸਿੰਘ ਐਮਾਂ, ਕਰਮਜੀਤ ਸਿੰਘ ਢਿੱਲੋਂ ਪੰਜਵੜ ਸਾਬਕਾ ਰਿਸੀਵਰ, ਜਥੇਦਾਰ ਵਰਿੰਦਰਜੀਤ ਸਿੰਘ ਠੱਠਾ, ਜਥੇਦਾਰ ਨਿਸ਼ਾਨ ਸਿੰਘ ਦੋਦੇ, ਗਿਆਨੀ ਸੁਖਰਾਜ ਸਿੰਘ ਸੋਹਲ, ਚੇਅਰਮੈਨ ਤੇਗਾ ਸਿੰਘ ਸੋਹਲ, ਚੇਅਰਮੈਨ ਗੁਰਬੀਰ ਸਿੰਘ ਝਬਾਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੇਵਾਦਾਰ ਹਾਜ਼ਰ ਸਨ।

# ਰਾਵੀ ਕੰਢੇ ਵਸੇ ਲੋਕਾਂ ਨੂੰ ਫਿਰ ਸਤਾਉਣ ਲੱਗਾ ਹੜ੍ਹਾਂ ਦਾ ਡਰ

**ਗੁਰਦਾਸਪੁਰ, (ਜਨਕ ਮਹਾਜਨ)**-ਜ਼ਿਲ੍ਹਾ ਗੁਰਦਾਸਪੁਰ ਅੰਦਰ ਪੈ ਰਹੇ ਮੀਂਹ ਕਾਰਨ ਲੋਕਾਂ ਨੂੰ ਇਕ ਵਾਰੀ ਫਿਰ ਹੜ੍ਹਾਂ ਦਾ ਖਤਰਾ ਸਤਾਉਣ ਲੱਗ ਪਿਆ ਹੈ। ਮੌਸਮ ਵਿਭਾਗ ਵੱਲੋਂ ਜਾਰੀ ਕੀਤੀ ਐਡਵਾਈਜਰੀ ਅਨੁਸਾਰ ਤਿੰਨ ਦਿਨ ਲਗਾਤਾਰ ਮੀਂਹ ਦੱਸਿਆ ਗਿਆ ਹੈ ਜਿਸ ਕਾਰਨ ਲੋਕਾਂ ਅੰਦਰ ਇਸ ਗੱਲ ਨੂੰ ਲੈ ਕੇ ਚਿੰਤਾਵਾਂ ਵੱਧ ਗਈਆਂ ਹਨ ਕਿ ਇਕ ਵਾਰ ਫਿਰ ਉਨ੍ਹਾਂ ਦੇ ਪਿੰਡਾਂ ਅੰਦਰ ਹੜ੍ਹ ਦਾ ਪਾਣੀ ਆ ਸਕਦਾ ਹੈ। ਇਸ ਸਬੰਧੀ ਗੱਲਬਾਤ ਕਰਦੇ ਹੋਏ ਕੁਝ ਪਿੰਡਾਂ ਦੇ ਲੋਕਾਂ ਨੇ ਦੱਸਿਆ ਕਿ ਅਜੇ ਪਹਿਲਾਂ ਆਏ ਹੜ੍ਹ ਕਾਰਨ ਕਈ ਜਗ੍ਹਾ 'ਤੇ ਧੁੱਸੀ ਬੰਨ੍ਹ ਟੁੱਟੇ ਪਏ ਹਨ ਜਿਨ੍ਹਾਂ ਨੂੰ ਅਜੇ ਪੂਰਿਆ ਨਹੀਂ ਜਾ ਸਕਿਆ ਜਦ ਕਿ ਹੁਣ ਦੁਬਾਰਾ ਹੜ੍ਹਾਂ ਵਰਗੀ ਸਥਿਤੀ ਨੇ ਉਨ੍ਹਾਂ ਦੀਆਂ ਮੁਸ਼ਕਲਾਂ ਵਿੱਚ ਹੋਰ ਵਾਧਾ ਕਰ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਪਹਿਲਾਂ ਹੀ ਹੜ੍ਹਾਂ ਕਾਰਨ ਕਈ ਕੱਚੇ ਮਕਾਨ ਜਿੱਥੇ ਢਹਿ ਗਏ ਹਨ ਉਥੇ ਸੜਕਾਂ ਵੀ ਤਹਿਸ ਨਹਿਸ ਹੋ ਚੁੱਕੀਆਂ ਹਨ। ਉਨ੍ਹਾਂ ਦੱਸਿਆ ਕਿ ਹੜ੍ਹ ਕਾਰਨ ਕਿਸਾਨਾਂ ਦੀ ਕਈ ਏਕੜ ਫਸਲ ਬਰਬਾਦ ਹੋ ਚੁੱਕੀ ਹੈ। ਉਨ੍ਹਾਂ ਕਿਹਾ ਬਚੀ-ਖੁਚੀ ਫ਼ਸਲ ਵੀ ਕਿਸਾਨ ਹੁਣ ਵੱਢਣ ਤੋਂ ਅਸਮਰਥ ਹਨ ਕਿਉਂਕਿ ਹੁਣ ਖੇਤਾਂ ਵਿਚ ਮੁੜ ਮੀਂਹ ਦਾ ਪਾਣੀ ਖੜ੍ਹਾ ਹੋ ਗਿਆ ਹੈ ਅਤੇ ਹੁਣ ਝੋਨੇ ਦੀ ਫ਼ਸਲ ਵੀ ਵੱਢਣਯੋਗ ਨਹੀਂ ਰਹੀ। ਕਿਸਾਨਾਂ ਦਾ ਕਹਿਣਾ ਹੈ ਕਿ ਹੁਣ ਦੁਬਾਰਾ ਮੀਂਹ ਪੈਣ ਕਾਰਨ ਉਨ੍ਹਾਂ ਦੀ ਅਗੇਤੀ ਕਣਕ ਦੀ ਫ਼ਸਲ ਦੀ ਬੀਜਣੀ ਔਖੀ ਹੋ ਜਾਵੇਗੀ। ਕੁਝ ਕਿਸਾਨਾਂ ਨੇ ਦੱਸਿਆ ਕਿ ਉਨ੍ਹਾਂ ਦੇ ਖੇਤਾਂ ਵਿਚ ਅਜੇ ਵੀ ਰੇਤ ਪਈ ਹੋਈ ਹੈ ਜਿਸ ਨੂੰ ਅਜੇ ਤੀਕ ਕੱਢਿਆ ਨਹੀਂ ਜਾ ਸਕਿਆ ਜਦਕਿ ਦੁਬਾਰਾ ਮੀਂਹ ਪੈਣਾ ਸ਼ੁਰੂ ਹੋ ਗਿਆ ਹੈ। ਲੋਕਾਂ ਦਾ ਕਹਿਣਾ ਹੈ ਕਿ ਕੁਝ ਥਾਵਾਂ 'ਤੇ ਧੁੱਸੀ ਬੰਨ੍ਹ ਵਿਚ ਅਜੇ ਵੀ ਪਾੜ ਪਏ ਹੋਏ ਹਨ ਅਤੇ ਜੇਕਰ ਦਰਿਆ ਵਿਚ ਪਾਣੀ ਆਉਂਦਾ ਹੈ ਤਾਂ ਉਹ ਸਿੱਧਾ ਉਨ੍ਹਾਂ ਦੇ ਪਿੰਡਾਂ ਨੂੰ ਆਪਣੀ ਲਪੇਟ ਵਿਚ ਲੈ ਸਕਦਾ ਹੈ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਜੇਕਰ ਫਿਰ ਤੋਂ ਹੜ੍ਹ ਦੀ ਸਥਿਤੀ ਪੈਦਾ ਹੁੰਦੀ ਹੈ ਤਾਂ ਉਨ੍ਹਾਂ ਦੀ ਸਹਾਇਤਾ ਲਈ ਠੋਸ ਉਪਰਾਲੇ ਕੀਤੇ ਜਾਣ ਤਾਂ ਜੋ ਕੋਈ ਜਾਨੀ ਮਾਲੀ ਨੁਕਸਾਨ ਨਾ ਹੋ ਸਕੇ।



# ਕਾਂਗਰਸ ਉਮੀਦਵਾਰ ਕਰਨਬੀਰ ਸਿੰਘ ਬੁਰਜ ਦਾ ਸਨਮਾਨ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਜ਼ਿਮਨੀ ਚੋਣ ਵਿੱਚ ਕਾਂਗਰਸ ਪਾਰਟੀ ਦੀ ਹਾਈ ਕਮਾਂਡ ਵੱਲੋਂ ਕਰਨਬੀਰ ਸਿੰਘ ਬੁਰਜ ਨੂੰ ਹਲਕਾ ਤਰਨਤਾਰਨ ਦਾ ਉਮੀਦਵਾਰ ਐਲਾਨ ਕਰਨ ਤੋਂ ਬਾਅਦ ਕਾਂਗਰਸ ਪਾਰਟੀ ਦੇ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਪਿੰਡ ਮੰਨਣ ਤੋਂ ਸੁਖਚੈਨ ਸਿੰਘ ਮੰਨਣ, ਤਸਬੀਰ ਸਿੰਘ, ਸੁਖਮਨ ਸਿੰਘ ਮੰਨਣ, ਰੁਪਿੰਦਰ ਸਿੰਘ ਆੜ੍ਹਤੀ, ਦਵਿੰਦਰ ਸਿੰਘ ਮੰਨਣ, ਪ੍ਰਧਾਨ ਸੋਨੂੰ ਮੰਨਣ, ਭਗਵੰਤ ਸਿੰਘ ਨੇ ਕਰਨਬੀਰ ਸਿੰਘ ਬੁਰਜ ਨੂੰ ਕਾਂਗਰਸ ਪਾਰਟੀ ਦੀ ਟਿਕਟ ਮਿਲਣ ਤੇ ਉਨ੍ਹਾਂ ਦੇ ਗ੍ਰਹਿ ਵਿਖੇ ਪੁੱਜੇ ਤੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀ ਜਿੱਤ ਲਈ ਉਹ ਦਿਨ ਰਾਤ ਮਿਹਨਤ ਕਰਕੇ ਉਨ੍ਹਾਂ ਨੂੰ ਵਿਧਾਨ ਸਭਾ ਚੋਣਾਂ ਵਿੱਚ ਪਿੰਡ ਵਿੱਚ ਵੱਡੀ ਗਿਣਤੀ ਵਿਚ ਵੋਟਾਂ ਪਾ ਕੇ ਜਿਤਾਉਣਗੇ। ਇਸ ਮੌਕੇ ਗੁਰਚਰਨ ਸਿੰਘ ਖੈਰਦੀ, ਮਲਕੀਤ ਸਿੰਘ ਗਹਿਰੀ, ਸਾਬਕਾ ਸਰਪੰਚ ਸੁੱਚਾ ਸਿੰਘ ਖੈਰਦੀ ਆਦਿ ਤੋਂ ਇਲਾਵਾ ਹੋਰ ਵੀ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਸਨ।

# ਨਵਤੇਜ ਸਿੰਘ ਅਮਰਕੋਟ ਜ਼ਿਲ੍ਹਾ ਪਠਾਨਕੋਟ ਦੇ ਇੰਚਾਰਜ ਨਿਯੁਕਤ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**:-ਜੰਡਿਆਲਾ ਗੁਰੂ ਦੇ ਪਿੰਡ ਅਮਰਕੋਟ ਦੇ ਰਹਿਣ ਵਾਲੇ ਨਵਤੇਜ ਸਿੰਘ ਯੂਥ ਵਿੰਗ ਦੇ ਸੀਨੀਅਰ ਜਨਰਲ ਸਕੱਤਰ ਨੂੰ ਕਾਂਗਰਸ ਪਾਰਟੀ ਵੱਲੋਂ ਉਨ੍ਹਾਂ ਦੀ ਕਾਰਗੁਜ਼ਾਰੀ ਵੇਖਦੇ ਹੋਏ ਪਠਾਨਕੋਟ ਦਾ ਜ਼ਿਲ੍ਹਾ ਇੰਚਾਰਜ ਨਿਯੁਕਤ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਕਾਂਗਰਸ ਪਾਰਟੀ ਦੇ ਯੂਥ ਵਿੰਗ ਦੇ ਸੀਨੀਅਰ ਜਨਰਲ ਸਕੱਤਰ ਨਵਤੇਜ ਸਿੰਘ ਅਮਰਕੋਟ ਨੇ ਦੱਸਿਆ ਕਿ ਮੈਨੂੰ ਪਾਰਟੀ ਵੱਲੋਂ ਪਠਾਨਕੋਟ ਦਾ ਜ਼ਿਲ੍ਹਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ, ਮੈਂ ਯੂਥ ਕਾਂਗਰਸ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦਾ ਹਾਂ ਜਿਨ੍ਹਾਂ ਨੇ ਮੇਰੇ 'ਤੇ ਵਿਸ਼ਵਾਸ ਕਰਕੇ ਮੈਨੂੰ ਪਠਾਨਕੋਟ ਦਾ ਜ਼ਿਲ੍ਹਾ ਇੰਚਾਰਜ ਨਿਯੁਕਤ ਕੀਤਾ। ਮੈਂ ਪਾਰਟੀ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਮੈਂ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਇਸ ਜ਼ਿੰਮੇਵਾਰੀ ਨੂੰ ਨਿਭਾਵਾਂਗਾ।

# ਚੇਅਰਮੈਨ ਡਾ. ਤੇਜਪਾਲ ਸਿੰਘ ਨੇ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ



**ਤਰਨਤਾਰਨ (ਪ੍ਰਿਤਪਾਲ ਸਿੰਘ)**-ਚੇਅਰਮੈਨ ਪਨਗ੍ਰੇਨ ਪੰਜਾਬ ਡਾ. ਤੇਜਪਾਲ ਸਿੰਘ ਵੱਲੋਂ ਤਰਨਤਾਰਨ ਮੰਡੀ ਵਿਖੇ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।ਇਸ ਦੌਰਾਨ ਉਨ੍ਹਾਂ ਵੱਲੋਂ ਮੰਡੀ ਵਿੱਚ ਆੜ੍ਹਤੀਆਂ ਅਤੇ ਕਿਸਾਨਾਂ ਨੂੰ ਮਿਲਿਆ ਗਿਆ ਅਤੇ ਖਰੀਦ ਦੇ ਕੰਮ ਦੀ ਫੀਡਬੈਕ ਲਈ ਗਈ ਤੇ ਮੌਕੇ ਤੇ ਮੌਜੂਦ ਵੱਖ-ਵੱਖ ਖਰੀਦ ਏਜੰਸੀਆਂ ਦੇ ਨਿਰੀਖਕਾਂ ਨੂੰ ਖਰੀਦ ਦੇ ਕੰਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਹਦਾਇਤਾਂ ਵੀ ਜਾਰੀ ਕੀਤੀਆਂ ਗਈਆਂ।ਉਨ੍ਹਾਂ ਕਿਹਾ ਕਿ ਇਸ ਮੌਕੇ ਹਾਜ਼ਰ ਅਧਿਕਾਰੀਆਂ ਵੱਲੋਂ ਸਪੈਸੀਫਿਕੇਸ਼ਨਾਂ ਅਧੀਨ ਪਾਈਆਂ ਜਾਂਦੀਆਂ ਢੇਰੀਆਂ ਨੂੰ ਸਰਕਾਰੀ ਅਮਲੇ ਵੱਲੋਂ ਤੁਰੰਤ ਖਰੀਦਿਆ ਜਾਂਦਾ ਹੈ ਅਤੇ ਚੇਅਰਮੈਨ ਪਨਗ੍ਰੇਨ ਵੱਲੋਂ ਕਿਸਾਨਾਂ ਨੂੰ ਸੁੱਕਾ ਝੋਨਾ ਮੰਡੀ ਵਿੱਚ ਲਿਆਉਣ ਦੀ ਅਪੀਲ ਕੀਤੀ ਗਈ ਤਾਂ ਜੋ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਤਰ੍ਹਾਂ ਦੀ ਕੋਈ ਮੁਸ਼ਕਲ ਨਾ ਆਵੇ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਖਰੀਦੀ ਹੋਈ ਫਸਲ ਦੀ ਅਦਾਇਗੀ ਤੁਰੰਤ ਕਰਨ ਦੀਆਂ ਹਦਾਇਤਾਂ ਕੀਤੀਆਂ ਗਈਆਂ ਅਤੇ ਕਿਸਾਨਾਂ ਨੂੰ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਖਰੀਦ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਤੇ ਕਿਸਾਨਾਂ ਦਾ ਦਾਣਾ ਦਾਣਾ ਸਰਕਾਰ ਵੱਲੋਂ ਖਰੀਦਿਆ ਜਾਵੇਗਾ।ਇਸ ਮੌਕੇ ਮੰਡੀ ਵਿੱਚ ਚੇਅਰਮੈਨ ਪਨਗ੍ਰੇਨ ਡਾ. ਤੇਜਪਾਲ ਸਿੰਘ ਦੇ ਨਾਲ ਜ਼ਿਲ੍ਹਾ ਕੰਟਰੋਲਰ ਜਸਜੀਤ ਕੌਰ, ਖੁਰਾਕ ਸਪਲਾਈ ਅਫਸਰ ਉਮੇਸ਼ ਕੁਮਾਰ, ਨਵਦੀਪ ਸਿੰਘ, ਨਿਰੀਖਕ ਵਿਸ਼ਾਲ ਮਹਾਜਨ, ਸਕੱਤਰ ਮਾਰਕੀਟ ਕਮੇਟੀ ਤਰਨ ਤਾਰਨ ਸੁਖਜੀਤ ਸਿੰਘ, ਅਮਰਿੰਦਰ ਸਿੰਘ ਮੰਡੀ ਸੁਪਰਵਾਈਜ਼ਰ, ਦਿਲਬਾਗ ਸਿੰਘ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਆਦਿ ਹਾਜ਼ਰ ਸਨ।

## COURT NOTICE

(U/o 5 Rule 20 CPC)
In the Court of
Sh. Bhupinder Mittal
Additional Civil Judge (Senior Division), Khanna
CNR No. PBLDA0-000262-2025
Next Date :- 03-11-2025
State Bank of India
Vs.
HEALTHY HOMES
CS -166-225
PUBLICATION ISSUED TO:
HEALTHY HOMES :- Def. No. 1 Gulmohar Nagar Road, Opposite Gandhi Spare Parts, Khanna, Tehsil Khanna Distt. Ludhiana through its prep. Sapna Arora

Def. No. 2 Sapna Arora Proprietor of Gulmohar Nagar Road, Opposite Gandhi Spare Parts, Khanna, Tehsil Khanna, Distt. Ludhiana

2nd Address - H.No. 779, St. No. 9, Krishna Nagar Khanna, Tehsil Khanna, Distt. Ludhiana

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 03-11-2025 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge (Senior Division), Khanna
Dated, this day of 03-10-2025

## ਉੱਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ ਮਾਲਭਾੜਾ, ਉੱਤਰ ਰੇਲਵੇ, ਫਿਰੋਜ਼ਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR25-112 | 21.10.2025 ਨੂੰ 11:00 Hrs. | ਗੱਡੀਆਂ ਦੇ ਪਾਰਸਲ ਸਪੇਸ ਨੂੰ ਲੀਸ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ): 14508/F2, 14028/R1, 14618/F1, 14028/F2, 11906/F1, 14505/F1, 14028/F1, 14730/F1, 11906/R1 & 14630/F1. |
| EAFZR-SLR25-113 | 23.10.2025 ਨੂੰ 11:00 Hrs. | ਗੱਡੀਆਂ ਦੇ ਪਾਰਸਲ ਸਪੇਸ ਨੂੰ ਲੀਸ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ) : 14720/F1, 19612/F1, 14654/F1, 12032/F1, 14654/F2, 15212/F1, 14654/R1, 22486/F1, 11058/R1 & 15015/F1. |
| EAFZR-SLR25-114 | 27.10.2025 ਨੂੰ 11:00 Hrs. | ਗੱਡੀਆਂ ਦੇ ਪਾਰਸਲ ਸਪੇਸ ਨੂੰ ਲੀਸ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ) : 15532/F1, 12030/F1, 14680/F1, 22446/F1, 14614/F1, 14626/F1, 14614/R1, 19326/F1, 14682/F1 & 22552/F1. |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ। ਨੰਬਰ: 179-C/E-auction/FZR/25
ਤਾਰੀਕ: 06.10.2025 3081/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਨਿਲਾਮੀ ਸੂਚਨਾ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਗ੍ਰਾਮ ਪੰਚਾਇਤ ਪਿੰਡ ਮੰਡਾਲਾ, ਬਲਾਕ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਪੰਚਾਇਤ ਦੀ ਸ਼ਾਮਲਾਤ ਜ਼ਮੀਨ ਵਿੱਚ ਲੱਗੇ ਸਫੈਦੇ-51, ਟਾਹਲੀਆਂ-2, ਡ੍ਰੇਕਾਂ ਗਿਣਤੀ 9, ਕੁਲ 44.05 ਦਰੱਖਤਾਂ ਦੀ ਬੋਲੀ 15/10/2025 ਦਿਨ ਬੁੱਧਵਾਰ ਨੂੰ 11 ਵਜੇ ਸਰਕਾਰੀ ਸਕੂਲ ਮੰਡਾਲਾ ਵਿਖੇ ਕੀਤੀ ਜਾਵੇਗੀ। ਚਾਹਵਾਨ ਨਿਲਾਮ ਮੌਕੇ 'ਤੇ ਬੋਲੀ ਵਿਚ ਭਾਗ ਲੈਣ ਦੀ ਕ੍ਰਿਪਾਲਤਾ ਕਰਨ।

ਸੰਪਰਕ : 98157-76995

## ਜਨਤਕ ਨੋਟਿਸ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਮੇਰਾ ਮੁਵੱਕਲ ਟੀ ਡੀ ਆਈ ਸਿਟੀ, ਸੈਕਟਰ 118, ਚੰਡੀਗੜ੍ਹ ਖਰੜ ਰੋਡ, ਐੱਨ ਐੱਚ-21, ਮੋਹਾਲੀ, ਪੰਜਾਬ ਵਿੱਚ ਸਥਿਤ ਇੱਕ ਬਹੁ-ਮੰਜ਼ਲਾ ਵਪਾਰਕ ਕੰਪਲੈਕਸ 'ਚ ਚੌਥੀ ਮੰਜ਼ਲ 'ਤੇ ਸਥਿਤ ਯੂਨਿਟ ਨੰਬਰ ਐੱਫ 4-031 ਅਤੇ ਐੱਫ 4-032 ਲਈ ਲੀਜ਼ 'ਤੇ ਦਾਖਲ ਹੋਣਾ ਚਾਹੁੰਦਾ ਹੈ, ਜਿਸ ਵਿੱਚ ਸ੍ਰੀ ਰਵੀ ਸ਼ੰਕਰ ਤਨੇਜਾ ਪੁੱਤਰ ਸ੍ਰੀ ਰਾਮ ਕਿਸ਼ਨ ਤਨੇਜਾ ਵਾਸੀ ਡਬਲਯੂ-80, ਗ੍ਰੇਟਰ ਕੈਲਾਸ਼, ਭਾਗ 1, ਦੱਖਣੀ ਦਿੱਲੀ, ਦਿੱਲੀ 110048 ਹੈ। ਕੋਈ ਵੀ ਇਕਾਈ/ਵਿਅਕਤੀ, ਸੰਸਥਾ, ਜਾਂ ਸੰਗਠਨ ਜਿਸ ਨੂੰ ਕੋਈ ਇਤਰਾਜ਼ ਜਾਂ ਅਧਿਕਾਰ, ਸਿਰਲੇਖ, ਹਿੱਤ, ਦਾਅਵਾ, ਮੰਗ, ਹਿੱਸਾ ਆਦਿ ਵਿਕਰੀ ਦੀ ਪ੍ਰਕਿਰਿਆ ਦੇ ਢੰਗ, ਵਿਕਰੀ, ਤੋਹਫਾ, ਲੀਜ਼, ਵਿਰਾਸਤ, ਤਬਾਦਲਾ, ਗਿਰਵੀ, ਚਾਰਜ, ਲੀਨ, ਟਰੱਸਟ, ਕਬਜ਼ਾ, ਈਜ਼ਮੈਂਟ, ਹਾਈਪੋਥੇਕੇਸ਼ਨ, ਲੰਬਿਤ ਮੁਕੱਦਮਾ, ਇਕਰਾਰਨਾਮਾ, ਸਮਝੌਤਾ, ਫ਼ਰਮਾਨ, ਕਿਸੇ ਵੀ ਅਦਾਲਤ ਦਾ ਹੁਕਮ, ਕੋਈ ਵੀ ਮਾਲੀਆ ਅਦਾਲਤ ਦਾ ਹੁਕਮ, ਐੱਸ ਟੀ ਐੱਫ ਆਰਡਰ, ਕੁਰਕੀ ਜਾਂ ਵਿਸ਼ਾ ਜਾਇਦਾਦ ਜਾਂ ਇਸ ਦੇ ਕਿਸੇ ਵੀ ਹਿੱਸੇ ਦੇ ਸੰਬੰਧ ਵਿੱਚ ਕੋਈ ਹੋਰ ਝੰਜਟਾਂ ਹੋਵੇ, ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ ਤੋਂ 7 ਦਿਨਾਂ ਦੇ ਅੰਦਰ ਹੇਠਾਂ ਦਿੱਤੇ ਪਤੇ 'ਤੇ ਨਿਮਨ ਹਸਤਾਖਰੀ ਨੂੰ ਜਾਣਕਾਰੀ ਦਿੱਤੀ ਜਾਵੇ, ਨਹੀਂ ਤਾਂ ਇਹ ਮੰਨਿਆ ਜਾਵੇਗਾ ਕਿ ਇਸ ਜਾਇਦਾਦ ਦੇ ਵਿਰੁੱਧ ਕੋਈ ਪ੍ਰਤੀਕੂਲ ਅਧਿਕਾਰ, ਹਿੱਤ, ਦਾਅਵਾ ਜਾਂ ਕਿਸੇ ਵੀ ਪ੍ਰਕਿਰਤੀ ਜੋ ਕੋਈ ਵੀ ਹੋਵੇ, ਜੋ ਮੌਜੂਦ ਹੋਵੇ ਅਤੇ ਲੀਜ਼ ਡੀਡ ਅਜਿਹੇ ਦਾਅਵਿਆਂ ਦੇ ਹਵਾਲੇ ਨੂੰ ਮੁਆਫ ਜਾਂ ਤਿਆਗਿਆ ਮੰਨਿਆ ਜਾਵੇਗਾ ਅਤੇ ਮੇਰਾ ਮੁਵੱਕਲ ਲੀਜ਼ ਡੀਡ ਨੂੰ ਆਪਣੇ ਹੱਕ ਵਿੱਚ ਕਰਵਾਉਣ ਲਈ ਅੱਗੇ ਵਧੇਗਾ।

ਇੰਟਰਾਲੇਜਮ,
ਐੱਫ-102, ਸੀ-18, ਸੈਕਟਰ-14,
ਨੇੜੇ ਰੈਡੀਸਨ ਬਲੂ
ਕੌਸ਼ੰਬੀ, ਉੱਤਰ ਪ੍ਰਦੇਸ਼-201010
ਮੋਬਾ. 98734-12910

## ਜਨਤਕ ਨੋਟਿਸ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਮੇਰਾ ਮੁਵੱਕਲ ਟੀ ਡੀ ਆਈ ਸਿਟੀ, ਸੈਕਟਰ 118, ਚੰਡੀਗੜ੍ਹ ਖਰੜ ਰੋਡ, ਐੱਨ ਐੱਚ-21, ਮੋਹਾਲੀ, ਪੰਜਾਬ ਵਿੱਚ ਸਥਿਤ ਇੱਕ ਬਹੁ-ਮੰਜ਼ਲਾ ਵਪਾਰਕ ਕੰਪਲੈਕਸ 'ਚ ਚੌਥੀ ਮੰਜ਼ਲ 'ਤੇ ਸਥਿਤ ਯੂਨਿਟ ਨੰਬਰ ਐੱਫ 4-031 ਅਤੇ ਐੱਫ 4-032 ਲਈ ਲੀਜ਼ 'ਤੇ ਦਾਖਲ ਹੋਣਾ ਚਾਹੁੰਦਾ ਹੈ, ਜਿਸ ਵਿੱਚ ਸ੍ਰੀ ਹਰਬੰਸ ਸਿੰਘ, ਪੁੱਤਰ ਸਰਦਾਰਾ ਸਿੰਘ, ਵਾਸੀ ਮਕਾਨ ਨੰਬਰ 217, ਵਾਰਡ ਨੰਬਰ 10, ਗਲੀ ਨੰਬਰ 5, ਨਿਊ ਹਰਿੰਦਰਾ ਨਗਰ, ਫਰੀਦਕੋਟ, ਪੰਜਾਬ 151203 ਅਤੇ ਸ੍ਰੀ ਰਵਿੰਦਰ ਸਿੰਘ, ਪੁੱਤਰ ਹਰਬੰਸ ਸਿੰਘ ਮਕਾਨ ਨੰਬਰ 217, ਵਾਰਡ ਨੰਬਰ 10, ਗਲੀ ਨੰਬਰ 5, ਨਿਊ ਹਰਿੰਦਰਾ ਨਗਰ, ਫਰੀਦਕੋਟ, ਪੰਜਾਬ 151203 ਸ਼ਾਮਲ ਹੈ। ਕੋਈ ਵੀ ਇਕਾਈ/ਵਿਅਕਤੀ, ਸੰਸਥਾ, ਜਾਂ ਸੰਗਠਨ ਜਿਸ ਨੂੰ ਕੋਈ ਇਤਰਾਜ਼ ਜਾਂ ਅਧਿਕਾਰ, ਸਿਰਲੇਖ, ਹਿੱਤ, ਦਾਅਵਾ, ਮੰਗ, ਹਿੱਸਾ ਆਦਿ ਵਿਕਰੀ ਦੀ ਪ੍ਰਕਿਰਿਆ ਦੇ ਢੰਗ, ਵਿਕਰੀ, ਤੋਹਫਾ, ਲੀਜ਼, ਵਿਰਾਸਤ, ਤਬਾਦਲਾ, ਗਿਰਵੀ, ਚਾਰਜ, ਲੀਨ, ਟਰੱਸਟ, ਕਬਜ਼ਾ, ਈਜ਼ਮੈਂਟ, ਹਾਈਪੋਥੇਕੇਸ਼ਨ, ਲੰਬਿਤ ਮੁਕੱਦਮਾ, ਇਕਰਾਰਨਾਮਾ, ਸਮਝੌਤਾ, ਫ਼ਰਮਾਨ, ਕਿਸੇ ਵੀ ਅਦਾਲਤ ਦਾ ਹੁਕਮ, ਕੋਈ ਵੀ ਮਾਲੀਆ ਅਦਾਲਤ ਦਾ ਹੁਕਮ, ਐੱਸ ਟੀ ਐੱਫ ਆਰਡਰ, ਕੁਰਕੀ ਜਾਂ ਵਿਸ਼ਾ ਜਾਇਦਾਦ ਜਾਂ ਇਸ ਦੇ ਕਿਸੇ ਵੀ ਹਿੱਸੇ ਦੇ ਸੰਬੰਧ ਵਿੱਚ ਕੋਈ ਹੋਰ ਝੰਜਟ ਹੋਵੇ, ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ ਤੋਂ 7 ਦਿਨਾਂ ਦੇ ਅੰਦਰ ਹੇਠਾਂ ਦਿੱਤੇ ਪਤੇ 'ਤੇ ਨਿਮਨ ਹਸਤਾਖਰੀ ਨੂੰ ਜਾਣਕਾਰੀ ਦਿੱਤੀ ਜਾਵੇ, ਨਹੀਂ ਤਾਂ ਇਹ ਮੰਨਿਆ ਜਾਵੇਗਾ ਕਿ ਇਸ ਜਾਇਦਾਦ ਦੇ ਵਿਰੁੱਧ ਕੋਈ ਪ੍ਰਤੀਕੂਲ ਅਧਿਕਾਰ, ਹਿੱਤ, ਦਾਅਵਾ ਜਾਂ ਕਿਸੇ ਵੀ ਪ੍ਰਕਿਰਤੀ ਜੋ ਕੋਈ ਵੀ ਹੋਵੇ, ਜੋ ਮੌਜੂਦ ਹੋਵੇ ਅਤੇ ਲੀਜ਼ ਡੀਡ ਅਜਿਹੇ ਦਾਅਵਿਆਂ ਦੇ ਹਵਾਲੇ ਨੂੰ ਮੁਆਫ ਜਾਂ ਤਿਆਗਿਆ ਮੰਨਿਆ ਜਾਵੇਗਾ ਅਤੇ ਮੇਰਾ ਮੁਵੱਕਲ ਲੀਜ਼ ਡੀਡ ਨੂੰ ਆਪਣੇ ਹੱਕ ਵਿੱਚ ਕਰਵਾਉਣ ਲਈ ਅੱਗੇ ਵਧੇਗਾ।

ਇੰਟਰਾਲੇਜਮ,
ਐੱਫ-102, ਸੀ-18, ਸੈਕਟਰ-14,
ਨੇੜੇ ਰੈਡੀਸਨ ਬਲੂ
ਕੌਸ਼ੰਬੀ, ਉੱਤਰ ਪ੍ਰਦੇਸ਼-201010
ਮੋਬਾ. 98734-12910




## Change of Name

I, Anup Kumar Sharma S/o Brij Mohan R/o H. No. 37, New Green Field, 27 feet Road, Near Khalsa Dairy, Majitha Road, Amritsar, Punjab have changed my name from Anup Kumar Sharma to Anoop Kumar Sharma. Concerned note.

I, Sudarshana Devi W/o Surinder Kumar, R/o House No. 1181/B, St. No. 9/B, Baba Budha Ji Nagar, Rama Mandi, Jalandhar , Punjab have changed my name from Sudershana Devi to Sudershan Devi. All concerned note.

I, Amaneep Singh Bedi S/o Paramjit Singh R/o 23, Park Lane, Rani Ka Bagh Amritsar have changed my name from Amandeep Singh Bedi to Amandeep Singh.

I, Yadwinder Singh s/o Balvir Singh r/o Vill. Kalru, Distt. Kapurthala, Punjab have changed my name to Given name as Yadwinder & Surname as Singh. All Please Note.

I, Hargovind Singh S/o Mangal Singh R/o VPO Bajwa Kalan, Tehsil Shahkot Distt. Jalandhar have changed my name from Hargovind Singh to Hargobind Singh. All concerned persons note it.

I Harbans Kaur W/o Jagiri Ram Dadhral R/o VPO Dhak Pandori, Teh. Phagwara, Distt. Kapurthala, Punjab I have changed my name from Harbans Kaur to Kaur Harbans. (Kaur as surname). All please note.

I Sukhwinder Singh S/o Kesar Singh Vill. Mehmadpur, PO. Sher Singh Wala, Teh. Bholath, Distt. Kapurthala, Punjab I have changed my name Sukhwinder Singh to Singh Sukhwinder (Singh as my surname). All please note.

I, Harinder Singh, S/o Late Manjit Singh, residing at Village Khatrai Khurd, PO Khatrai Kalan, Tehsil Ajnala, District Amritsar, Punjab-143606, have changed my name from Harinder Singh to Singh is my surname and Harinder is my given name.

I, Kamlesh Kaur W/o Daulat Ram R/o VPO Dhoot Kalan Tehsil and Distt. Hoshiarpur Punjab declare that my name is Kamlesh Kaur. Kaur is my surname and my given name is Kamlesh. Concerned note.

I, Laksh S/o Ravi Jot R/o Mohalla Ramgarhia Hariana Tehsil and Distt. Hoshiarpur Punjab have changed my name from Laksh to Laksh Kumar. One and the same person.

I, Dilbag Singh S/o Mehga Singh Village Safipur Distt Tarn Taran have changed my name from Dilbag Singh To Dilbagh Singh.

I, Rajwinder Kaur W/o Sukhdev Singh R/o Pati Iammian Di, Khadoor Sahib, Khadur Sahib, Khadoor Sahib, Tarn Taran have declare that my minor son Gurpanth Singh. Gurpanth is his Given name and Singh is his Surname.

I, Lachman Dass S/o Daulti Ram R/o VPO. Bhangala, Distt. Jalandhar, Punjab-144033 have changed my name from Lachman Dass to Lachhman Dass. All concerned please note.

I, Rahul Kumar S/o Vijay Kumar R/o Moh. Guru Nanak Pura, Qadian, Tehsil Batala, Distt. Gurdaspur, Punjab -143516 have changed my name from Rahul to Given Name as Rahul and Surname as Kumar. Concerned Note.

I, Ramandeep Singh S/o Jasvir Singh R/o Ward No. 6, VPO. Miani, Distt. Hoshiarpur, Punjab declare that my given name as Ramandeep and my Surname as Singh.

I, Aman s/o Chander r/o H.No. 115, Ward No. 42, Shastri Nagar, Jalandhar, Punjab have change my name from Aman to Aman Kumar. All Please Note.

I, Nidhi Bajaj w/o Nitin Kumar Sekhri r/o H.No. EA-56/A, Near Handa Dairy, Quilla Mohalla, Jalandhar have changed my name from Nidhi Bajaj to Nidhi Sekhri, after marriage. All Please Note.

## Change of Name

I, Manjit Kaur w/o Hardeep Singh R/o VPO. Manak, Distt.Kapurthala have changed my name Read as Given name Manjit and Surname as Kaur. All Please Note.

I, Siso w/o Tara Singh r/o Vill. Manan, Po. Sandhu Chatha, Distt. Kapurthala have changed my name spelling from Siso to Shesho. All Please Note.

I, Angad Singh s/o Jaspal Singh r/o 211, New Defence Colony, Phase-1, Po. Paragpur, Jalandhar Cantt, Distt. Jalandhar have changed my name from Angad Singh Saggu to Angad Singh. All Please Note.

I, Ranjit Kaur W/o Inderjeet Singh R/o VPO Kotla Sultan Singh Distt Amritsar have changed my name from Navneet Kaur to Ranjit Kaur.

I, hitherto known as Jasminder Singh S/o Piara Singh R/o Jaid, Distt. Kapurthala, Punjab-144621 have changed my name and shall hereafter be known as Jaswinder Singh.

I, Davinder S/o Raj Pal R/o H.No. 110, Khurla Kingra, Kurala, Po. Khurla, Distt. Jalandhar, Punjab have changed my name from Davinder to Davinder Singh. (Surname as Singh) All Please Note.

I, Sarabjit Singh S/o Bachan Singh R/o H.No.1410, Dyalpur Gate, Ramgharia Mohalla, Kartarpur, Jalandhar have changed my name from Sarabjit Singh to Sarbjit Singh. All Please Note.

I, Avtar Chand S/o Baldev Raj alias Baldev Lal R/o Dr. Ambedkar Nagar (Dhadda) P.O. Rawalpindi Teh. Phagwara Distt. Kapurthala have changed my name Avtar as given name and Chand as a Surname. All Please Note.

I, Ravideep S/o Som Nath R/o VPO. Patara, Distt. Jalandhar, Punjab have changed my name from Ravideep to Ravideep Kumar (Surname as Kumar). All Please Note.

## ਆਮ ਸੂਚਨਾ

ਮੈਂ ਜਗਦੀਸ਼ ਸਿੰਘ ਪੁੱਤਰ ਕਾਬਲ ਸਿੰਘ ਵਾਸੀ ਪਿੰਡ ਸੰਧੂ ਚੱਠਾ, ਤਹਿ. ਵਾ ਜ਼ਿਲ੍ਹਾ ਕਪੂਰਥਲਾ ਘੋਸ਼ਣਾ ਕਰਦਾ ਹਾਂ ਕਿ ਮੇਰਾ ਨਾਮ ਮਾਲ ਰਿਕਾਰਡ ਵਿੱਚ ਜਗਜੀਤ ਸਿੰਘ ਦਰਜ ਹੈ ਜਦਕਿ ਮੇਰੇ ਸਾਰੇ ਦਸਤਾਵੇਜਾਂ ਵਿੱਚ ਮੇਰਾ ਨਾਮ ਜਗਦੀਸ਼ ਸਿੰਘ ਦਰਜ ਹੈ। ਜਗਜੀਤ ਸਿੰਘ ਅਤੇ ਜਗਦੀਸ਼ ਸਿੰਘ ਮੇਰੇ ਹੀ ਦੋ ਨਾਮ ਹਨ।ਸਮੂਹ ਸਬੰਧਤ ਨੋਟ ਕਰਨ।

ਮੈਂ, ਸੋਮ ਪ੍ਰਕਾਸ਼ ਪੁੱਤਰ ਰਾਮ ਅਵੱਧ ਵਾਸੀ ਮਕਾਨ ਨੰ. 135, ਸ਼ਿਵ ਨਗਰ, ਨਾਗਰਾ, ਗੁਲਾਬ ਦੇਵੀ ਹਸਪਤਾਲ ਰੋਡ, ਜਲੰਧਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਰਾਜੇਸ਼ ਅਤੇ ਉਸਦੀ ਪਤਨੀ ਰਜਨੀ ਨੂੰ ਮੇਰੇ ਕਹਿਣੇ ਵਿੱਚ ਨਾ ਹੋਣ ਕਰਕੇ ਮਿਤੀ 01-01-2019 ਨੂੰ ਅਖ਼ਬਾਰ ਨਵਾਂ ਜ਼ਮਾਨਾ ਵਿੱਚ ਦਿੱਤੇ ਇਸ਼ਤੇਹਾਰ ਰਾਹੀਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਰਾਜੇਸ਼ ਅਤੇ ਉਸਦੀ ਪਤਨੀ ਰਜਨੀ ਮੇਰੇ ਕਹਿਣੇ ਵਿੱਚ ਹਨ। ਮੈਂ ਇਹਨਾਂ ਦੀ ਬੇਦਖਲੀ ਵਾਪਿਸ ਲੈਂਦਾ ਹਾਂ। ਹੁਣ ਇਹ ਮੇਰੀ ਚੱਲ-ਅਚੱਲ ਜਾਇਦਾਦ ਦੇ ਵਾਰਿਸ ਹੋਣਗੇ। ਸੰਬੰਧਿਤ ਨੋਟ ਕਰਨ।

ਮੈਂ ਰਾਜ ਕਿਸ਼ਨ ਪੁੱਤਰ ਮੰਗਤ ਰਾਮ ਵਾਸੀ ਗੋਬਿੰਦ ਨਗਰੀ ਜਲਾਲਾਬਾਦ,ਤਹਿਸੀਲ ਜਲਾਲਾਬਾਦ ਜ਼ਿਲ੍ਹਾਂ ਫ਼ਾਜ਼ਿਲਕਾ ਦਾ ਰਹਿਣ ਵਾਲਾ ਹਾਂ ਜੋ ਕਿ ਖਾਸ ਸੂਚਨਾ ਕਰਦਾ ਹਾਂ ਕਿ ਮੈਂ ਮਿਤੀ 09-01-2024 ਨੂੰ ਇੱਕ ਗੱਡੀ ਟਾਟਾ ਮੋਟਰਜ਼ PB-13BB-7563 ਨੂੰ ਭੁਪਿੰਦਰ ਸਿੰਘ ਪੁੱਤਰ ਨੇਪਾਲ ਸਿੰਘ ਵਾਸੀ ਮਾਧੇਪੁਰ ਸਿੱਧਵਾ ਬੇਟ ਤਹਿਸੀਲ ਜਗਰਾਉ ਜ਼ਿਲ੍ਹਾ ਲੁਧਿਆਣਾ ਤੋਂ ਖਰੀਦ ਕੀਤੀ ਸੀ ਮੌਕੇ 'ਤੇ ਬਣਦੀ ਰਕਮ ਭੁਪਿੰਦਰ ਸਿੰਘ ਨੂੰ ਦੇ ਦਿੱਤੀ ਸੀ ਅਤੇ ਉਕਤ ਗੱਡੀ ਦਾ ਕਬਜ਼ਾ ਲੈ ਲਿਆ ਸੀ ਤੇ ਕਿਸੇ ਤਰ੍ਹਾਂ ਦਾ ਕੋਈ ਲੈਣ ਦੇਣ ਨਾ ਸੀ। ਇਹ ਹੈ ਕਿ ਉਕਤ ਗੱਡੀ ਭੁਪਿੰਦਰ ਸਿੰਘ ਨੇ ਡਰਾਇਵਰ ਬਲਵਿੰਦਰ ਸਿੰਘ ਤੋਂ ਖੋਹ ਕਰ ਲਈ ਗਈ ਹੈ ਅਤੇ ਗੱਡੀ ਅੱਗੇ ਵੇਚਣ ਦੀ ਕੋਸ਼ਿਸ਼ ਕਰ ਰਿਹਾ ਹੈ ਜੋ ਵੀ ਵਿਅਕਤੀ ਗੱਡੀ ਖਰੀਦ ਕਰੇਗਾ ਉਹ ਵਿਅਕਤੀ ਖੁਦ ਜ਼ੁੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਇਕ ਟਿਊਬਵੈਲ ਕੁਨੈਕਸ਼ਨ ਖਾਤਾ ਨੰ. ਡੀ-1-227, 10 ਹਾਰਸ ਪਾਵਰ ਜੋ ਸਵਰਨ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਪਿੰਡ ਮੁਧੱਲ ਤਹਿਸੀਲ ਵਾ ਜਿਲ੍ਹਾ ਅੰਮ੍ਰਿਤਸਰ ਦੇ ਨਾਮ ਤੇ ਚਲ ਰਿਹਾ ਹੈ ਹੁਣ ਇਹ ਕੁਨੈਕਸ਼ਨ ਜੋਬਨਦੀਪ ਸਿੰਘ ਪੁੱਤਰ ਲੇਟ ਦਿਲਬਾਗ ਸਿੰਘ ਪੁੱਤਰ ਸਵਰਨ ਸਿੰਘ ਦੇ ਨਾਮ ਤੇ ਤਬਦੀਲ ਹੋਣ ਜਾ ਰਿਹਾ ਹੈ। ਜੇਕਰ ਕਿਸੇ ਨੂੰ ਇਸ ਨਾਮ ਦੇ ਤਬਦੀਲ ਹੋਣ ਸਬੰਧੀ ਕੋਈ ਇਤਰਾਜ ਹੋਵੇ ਤਾਂ ਉਹ 7 ਦਿਨ ਦੇ ਅੰਦਰ ਅੰਦਰ ਪੀ.ਐਸ.ਪੀ.ਸੀ.ਐਲ ਕੱਥੂਨੰਗਲ ਨਾਲ ਸੰਪਰਕ ਕਰ ਸਕਦਾ ਹੈ । ਬਾਅਦ ਵਿਚ ਕੋਈ ਵੀ ਇਤਰਾਜ ਸਵੀਕਾਰ ਯੋਗ ਨਹੀਂ ਹੋਵੇਗਾ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ।ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## PUBLIC NOTICE

I, Bachiter Singh S/o Sucha Singh. R/o VPO. Ghot Pokhar, Tehsil/Distt. Gurdaspur, Punjab 143530, India. Declare That my given Name As Bachiter And My Surname As Singh.

## ਨਾਂਅ ਦੀ ਬਦਲੀ

ਮੈਂ ਹਰਦੀਪ ਕੁਮਾਰ ਪੁੱਤਰ ਸ਼੍ਰੀ ਖੁਸ਼ੀ ਰਾਮ ਵਾਸੀ ਪਿੰਡ ਗੜ੍ਹੀ ਬਖ਼ਸ਼ਾ , ਡਾਕਖਾਨਾ ਪਚਰੰਗਾ, ਜਿਲ੍ਹਾ ਜਲੰਧਰ 144201 ਨੇ ਆਪਣੀ ਨਾਬਾਲਗ ਲੜਕੀ ਦਾ ਨਾਂ ਬਦਲ ਕੇ ਨੀਲਾਕਸ਼ੀ ਤੋ ਨੀਲਾਕਸ਼ੀ ਕੌਰ ਰੱਖ ਲਿਆ ਹੈ। ਸਾਰੇ ਸਬੰਧਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਰਾਮ ਲਾਲ ਪੁੱਤਰ ਕਰਨੈਲ ਸਿੰਘ ਵਾਸੀ ਪੱਦੀ ਸੂਰਾ ਸਿੰਘ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕੁਲਜੀਤ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸਬੰਧਿਤ ਨੋਟ ਕਰਨ।

ਮੈਂ ਰਵਿੰਦਰ ਕੁਮਾਰ ਪੁੱਤਰ ਬਦਰੀ ਨਾਥ ਵਾਸੀ ਮੂਸੇ ਕਲਾਂ ਤਹਿ: ਜ਼ਿਲ੍ਹਾ ਤਰਨ ਤਾਰਨ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਰਾਜ ਕੁਮਾਰ ਅਤੇ ਉਸ ਦੀ ਪਤਨੀ ਜੋਤੀ ਸਾਡੇ ਕੰਟਰੋਲ ਤੋਂ ਬਾਹਰ ਹਨ । ਮੈਂ ਇਨ੍ਹਾਂ ਦੋਹਾਂ ਨੂੰ ਆਪਣੀ ਸਾਰੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ । ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਅਸੀਂ, ਸੁਰਿੰਦਰ ਸਿੰਘ ਪੁੱਤਰ ਬੇਲਾ ਸਿੰਘ ਅਤੇ ਜਸਵਿੰਦਰ ਕੌਰ ਪਤਨੀ ਸੁਰਿੰਦਰ ਸਿੰਘ, ਵਾਸੀ ਮਕਾਨ ਨੰਬਰ 5, ਸਿਲਵਰ ਅਸਟੇਟ, ਨੇੜੇ ਰਾਧਾ ਸੁਆਮੀ ਡੇਰਾ, ਕੋਟ ਮਿੱਤ ਸਿੰਘ, ਅੰਮ੍ਰਿਤਸਰ-1, ਅੰਮ੍ਰਿਤਸਰ, ਪੰਜਾਬ-143001 ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਗੁਰਜਿੰਦਰ ਸਿੰਘ ਅਤੇ ਉਸ ਦੀ ਪਤਨੀ ਪ੍ਰੀਤੀ ਮਹਾਜਨ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਡੇ ਨਾਲ ਲੜਾਈ-ਝਗੜਾ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਤੇ ਸਾਡੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਬਲਵਿੰਦਰ ਸਿੰਘ ਪੁੱਤਰ ਵੱਸਣ ਸਿੰਘ, ਵਾਸੀ ਪਿੰਡ ਲੁੱਧੜ, ਤਹਿਸੀਲ ਮਜੀਠਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗਗਨਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੇਰੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਪਰਮਜੀਤ ਕੌਰ ਪਤਨੀ ਕਸ਼ਮੀਰ ਸਿੰਘ ਵਾਸੀ ਜੇ-11/3200, ਪੱਤੀ ਸੁਲਤਾਨ ਦੀ, ਪਿੰਡ ਸੁਲਤਾਨਵਿੰਡ, ਅੰਮ੍ਰਿਤਸਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੁਰਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ, ਮੇਰੇ ਨਾਲ ਲੜਾਈ-ਝਗੜਾ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਸ ਨਾਲ ਕੋਈ ਸੰਬੰਧ ਨਹੀਂ ਹੈ।

ਅਸੀਂ, ਜਸਬੀਰ ਸਿੰਘ ਪੁੱਤਰ ਲੇਟ ਜੋਗਿੰਦਰ ਸਿੰਘ ਅਤੇ ਨਿਰਮਲ ਕੌਰ ਪਤਨੀ ਜਸਬੀਰ ਸਿੰਘ, ਵਾਸੀ ਮਕਾਨ ਨੰਬਰ 33, ਗਲੀ ਨੰਬਰ 1, ਅੰਨਗੜ੍ਹ, ਬੈਰੂਨ ਗੇਟ ਹਕੀਮਾਂ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਧਰਮਪ੍ਰੀਤ ਸਿੰਘ, ਉਸ ਦੀ ਪਤਨੀ ਪ੍ਰੀਤ ਅਤੇ ਇਨ੍ਹਾਂ ਦੇ ਲੜਕੇ ਰਾਜਬੀਰ ਅਤੇ ਹਰਗੁਨ, ਜੋ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਡੇ ਨਾਲ ਲੜਾਈ-ਝਗੜਾ ਤੇ ਗਾਲੀ-ਗਲੋਚ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਮੇਜਰ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਪੱਤੀ ਮਲਕੋ ਦੀ, ਪਿੰਡ ਸੁਲਤਾਨ ਵਿੰਡ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਫੀ ਅਤੇ ਉਸ ਦੀ ਪਤਨੀ ਮੁਸਕਾਨ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਮਹਿੰਦਰ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਪਿੰਡ ਭੁਡਿਆਣਾ ਖੁਰਦ, ਡਾਕ. ਗੋਬਿੰਦਪੁਰ ਖੁਣ ਖੁਣ ਤਹਿ: ਅਤੇ ਜਿਲ੍ਹਾ ਹੁਸ਼ਿਆਰਪੁਰ, ਪੰਜਾਬ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ 'ਅਮਰੀਕ ਸਿੰਘ' ਅਤੇ ਉਸਦੀ ਪਤਨੀ 'ਬਲਵਿੰਦਰ ਕੌਰ' ਜੋ ਮੇਰੇ ਕਹਿਣੇ ਤੋ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋ ਬੇਦਖਲ ਕਰਦਾ ਹਾਂ ।ਹੁਣ ਮੇਰਾ ਤੇ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਸਬੰਧ ਨਹੀਂ ਰਿਹਾ ਹੈ ।ਜੇਕਰ ਕੋਈ ਵਿਅਕਤੀ ਇਨ੍ਹਾਂ ਨਾਲ ਕਿਸੇ ਕਿਸਮ ਦਾ ਤਾਲੁਕ ਵਾਸਤਾ ਰੱਖਦਾ ਹੈ, ਜਾਂ ਇਨ੍ਹਾਂ ਦੇ ਨਾਲ ਲੈਣ-ਦੇਣ ਕਰੇਗਾ ਤਾਂ ਉਹ ਖੁਦ ਜ਼ਿੰਮੇਵਾਰ ਹੋਵੇਗਾ ।ਸਾਰੇ ਸੰਬੰਧਤ ਨੋਟ ਕਰਨ ।

ਮੈਂ ਸ਼ਿੰਗਾਰਾ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਪਿੰਡ ਸਰਫਕੋਟ ਤਹਿਸੀਲ ਡੇਰਾ ਬਾਬਾ ਨਾਨਕ ਜਿਲ੍ਹਾ ਗੁਰਦਾਸਪੁਰ ਆਪਣੇ ਪੋਤਰੇ ਸੁਲੱਖਣ ਸਿੰਘ ਪੁੱਤਰ ਸਵਰਗੀ ਮੋਹਨ ਸਿੰਘ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ । ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਬਲਵਿੰਦਰ ਸਿੰਘ ਪੁੱਤਰ ਦਸੁੰਦਾ ਸਿੰਘ ਵਾਸੀ ਪਿੰਡ ਸੇਖਵਾਂ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਜਗਦੀਪ ਸਿੰਘ ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ ਖੁਦ ਜ਼ਿੰਮੇਵਾਰ ਹੋਵੇਗਾ।

## ਬੇਦਖਲੀ ਨੋਟਿਸ

ਮੈਂ, ਸੁਰਜੀਤ ਕੌਰ ਪਤਨੀ ਕੁਲਦੀਪ ਸਿੰਘ ਵਾਸੀ ਮਕਾਨ ਨੰਬਰ ਡਬਲਯੂ.ਐਮ. 34/ਏ, ਬਸਤੀ ਸ਼ੇਖ, ਜਲੰਧਰ-1, ਬਸਤੀ, ਜਲੰਧਰ, ਪੰਜਾਬ-144002 ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਚਰਨਪ੍ਰੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ ਹਰਪ੍ਰੀਤ ਕੌਰ ਪਤਨੀ ਬਲਵੀਰ ਸਿੰਘ ਵਾਸੀ ਪਿੰਡ ਕਾਲਾ ਸੰਘਿਆਂ ਆਲਮਗੀਰ ਜ਼ਿਲ੍ਹਾ ਕਪੂਰਥਲਾ ਦੀ ਰਹਿਣ ਵਾਲੀ ਹਾਂ ਮੇਰਾ ਪੁੱਤਰ ਅੰਮ੍ਰਿਤਪਾਲ ਸਿੰਘ ਅਤੇ ਉਸ ਦੀ ਪਤਨੀ ਰਿੰਪੀ ਜੋ ਮੇਰੇ ਕਹਿਣੇਕਾਰ ਨਹੀਂ ਤੇ ਬੁਰੀ ਸੰਗਤ ਵਿੱਚ ਪੈ ਗਏ ਹਨ ਮੇਰਾ ਜਾ ਮੇਰੇ ਪਰਿਵਾਰ ਦਾ ਉਕਤ ਅੰਮ੍ਰਿਤਪਾਲ ਤੇ ਉਸ ਦੀ ਪਤਨੀ ਨਾਲ ਕੋਈ ਵੀ ਰਿਸ਼ਤਾ/ਤਲਕ ਵਾਸਤਾ ਨਹੀਂ ਹੋਵੇਗਾ ਜੋ ਵੀ ਉਨ੍ਹਾਂ ਨਾਲ ਲੈਣ ਦੇਣ ਕਰੇਗਾ ਉਹ ਖੁਦ ਜਿਮੇਵਾਰ ਹੋਵੇਗਾ ਮੈ ਦੋਨਾਂ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ ਸਬੰਧਤ ਨੋਟ

ਮੈਂ, ਸੁਖਦੇਵ ਸਿੰਘ ਪੁੱਤਰ ਗਿਆਨ ਸਿੰਘ ਵਾਸੀ 265, ਫੈਜਪੁਰਾ ਨੇੜੇ ਅਕਾਲਗੜ੍ਹ ਗੁਰਦੁਆਰਾ, ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਅਤੇ ਨੂੰਹ ਹਰਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਅਮਰਜੀਤ ਕੌਰ ਪਤਨੀ ਲੇਟ ਸੰਤੋਖ ਸਿੰਘ ਵਾਸੀ ਪਿੰਡ ਪੰਡੋਰੀ ਲੱਧਾ ਸਿੰਘ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਸੁਰਿੰਦਰ ਸਿੰਘ ਅਤੇ ਮੇਰੀ ਨੂੰਹ ਕਮਲਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈ, ਮਨਜੀਤ ਪਤਨੀ ਸ੍ਰੀ ਜਗਤਾਰ ਵਾਸੀ ਮਕਾਨ ਨੰਬਰ 242, ਨਿਊ ਰਾਜ ਨਗਰ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਵਰਿੰਦਰ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੈ ਜਿਸ ਕਰਕੇ ਮੈਂ ਆਪਣੇ ਲੜਕੇ ਵਰਿੰਦਰ ਅਤੇ ਇਸ ਦੇ ਹੋਣ ਵਾਲੇ ਵਾਰਸਾ ( ਬੱਚਿਆਂ ) ਨੂੰ ਆਪਣੀ ਹਰ ਪ੍ਰਕਾਰ ਦੀ ਚੱਲ ਅਤੇ ਅੱਚਲ ਜਾਇਦਾਦ ਵਿੱਚੋ ਬੇਦਖਲ ਕਰਦੀ ਹਾਂ। ਜੋ ਕੋਈ ਵੀ ਇਸ ਦੇ ਨਾਲ ਕਿਸੇ ਤਰਾਂ ਦਾ ਕੋਈ ਲੈਣ ਦੇਣ ਕਰਦਾ ਹੈ ਤਾਂ ਉਸਦੀ ਜਿੰਮੇਵਾਰੀ ਉਸਦੀ ਖੁਦ ਦੀ ਹੋਵੇਗੀ । ਸੰਬੰਧਤ ਨੋਟ ਕਰਨ।

ਮੈਂ, ਮਹਿੰਦਰ ਪਾਲ ਪੁੱਤਰ ਤਰਸੇਮ ਲਾਲ ਵਾਸੀ ਮਕਾਨ ਨੰਬਰ ਡਬਲਿਊ.ਆਰ. 333, ਮੁੱਹਲਾ ਗੁਲਾਬੀਆ, ਬਸਤੀ ਸ਼ੇਖ, ਜਲੰਧਰ-1, ਬਸਤੀ ਗੁਜਾਂ, ਜਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬੀਰੂ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਜਿਸ ਕਰਕੇ ਮੈਂ ਆਪਣੇ ਲੜਕੇ ਬੀਰੂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਜੋ ਕੋਈ ਵੀ ਇਸ ਦੇ ਨਾਲ ਕਿਸੇ ਤਰਾਂ ਦਾ ਕੋਈ ਲੈਣ ਦੇਣ ਕਰਦਾ ਹੈ ਤਾਂ ਉਸਦੀ ਜਿੰਮੇਵਾਰੀ ਉਸਦੀ ਖੁਦ ਦੀ ਹੋਵੇਗੀ । ਸੰਬੰਧਤ ਨੋਟ ਕਰਨ।

ਮੈਂ ਜਸਪਾਲ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਬੂਟ ਤਹਿਸੀਲ ਅਤੇ ਜਿਲਾ ਕਪੂਰਥਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਤਵੰਤ ਸਿੰਘ ਅਤੇ ਉਸਦੀ ਪਤਨੀ ਹਰਜਿੰਦਰ ਕੌਰ ਅਤੇ ਮੇਰਾ ਦੂਸਰਾ ਲੜਕਾ ਗੁਰਮਨਦੀਪ ਸਿੰਘ ਅਤੇ ਉਸ ਦੀ ਪਤਨੀ ਮਨਜੀਤ ਕੌਰ , ਜੋ ਕਿ ਮੇਰੇ ਕਹਿਣੇ ਕਾਰ ਵਿਚ ਨਹੀਂ ਹਨ ਅਤੇ ਆਪਣੀ ਮਰਜ਼ੀ ਕਰਦੇ ਹਨ ਜਿਸ ਕਰਕੇ ਮੈਂ ਆਪਣੇ ਉਕਤ ਦੋਵੇਂ ਲੜਕੇ ਅਤੇ ਉਹਨਾਂ ਦੀ ਪਤਨੀਆਂ ਨੂੰ ਆਪਣੀ ਤਮਾਮ ਚਲ-ਅਚਲ ਜਾਇਦਾ ਤੋਂ ਬੇਦਖਲ ਕਰਦਾ ਹਾਂ। ਇਹਨਾਂ ਸਾਰਿਆਂ ਨਾਲ ਕਿਸੇ ਵੀ ਕਿਸਮ ਦਾ ਲੈਣ ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸਰਬਜੀਤ ਸਿੰਘ ਪੁੱਤਰ ਕਮਲਜੀਤ ਸਿੰਘ ਵਾਸੀ ਪਿੰਡ ਵਰਿਆਣਾ, ਡਾਕਖਾਨਾ ਨਾਗਰਾ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਯੁਵਰਾਜ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਕੁਲਵਿੰਦਰ ਕੌਰ ਪਤਨੀ ਬਲਵਿੰਦਰ ਸਿੰਘ ਵਾਸੀ ਮਕਾਨ ਨੰ. ਈ. ਜੀ-309, ਬਸ਼ੀਰਪੁਰਾ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਲਾਲ ਸਿੰਘ ਅਤੇ ਉਸਦੀ ਪਤਨੀ ਭਾਵਨਾ ਤ੍ਰਿਖਾ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਰਾਜ ਕੁਮਾਰ ਪੁੱਤਰ ਰਾਮਦਾਸ, ਵਾਸੀ ਮੁਹੱਲਾ ਰਣਜੀਤ ਨਗਰ, ਆਦਮਪੁਰ, ਜ਼ਿਲ੍ਹਾ ਜਲੰਧਰ ਦਾ ਰਹਿਣ ਵਾਲਾ ਹਾਂ। ਮੇਰਾ ਪੁੱਤਰ ਨਵੀਨ ਸ਼ਰਮਾ ਅਤੇ ਉਸ ਦੀ ਪਤਨੀ ਸਲੋਨੀ ਮੇਰੇ ਕਹਿਣੇ ਵਿਚ ਨਹੀਂ ਹਨ। ਮੈਂ ਆਪਣੇ ਪੁੱਤਰ ਨਵੀਨ ਸ਼ਰਮਾ ਅਤੇ ਉਸ ਦੀ ਪਤਨੀ ਸਲੋਨੀ ਨੂੰ ਘਰੇਲੂ ਕਾਰਨਾਂ ਕਰਕੇ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰੇ ਲੜਕਾ ਨਵੀਨ ਸ਼ਰਮਾ ਅਤੇ ਉਸ ਦੀ ਪਤਨੀ ਸਲੋਨੀ ਦਾ ਮੇਰੀ ਚੱਲ-ਅਚੱਲ ਜਾਇਦਾਦ ਨਾਲ ਕੋਈ ਹੱਕ ਨਹੀਂ ਹੋਵੇਗਾ।

ਮੈਂ, ਅਮਰਜੀਤ ਕੌਰ ਪਤਨੀ ਲੇਟ ਜੀਤ ਰਾਮ ਵਾਸੀ ਪਿੰਡ ਪ੍ਰਤਾਪਪੁਰਾ, ਤਹਿ. ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੁਖਵਿੰਦਰ ਪਾਲ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## COURT NOTICE

(U/o 5 Rule 20 CPC)
In the Court of
Sh. Tanveer Singh Madhav
Civil Judge (Junior Division), Kharar
CNR No. PBSAA0-000645-2024
Next Date : 15-10-2025
Ajmer Kaur
Vs.
Niranjan Singh
Publication Issued To :
3. Daljit S

a). Harmanpreet Singh (Son) c). Gurpreet Kaur (Daughter), d) Amandeep Kaur (Daughter). All R/o Village Khanpur,Teh. Kharar, Distt. SAS Nagar, Mohali,

e) Sonia (Daughter) W/o Lovely R/o House No. 242, Near Railway bridge Nawi Basti, Kurali, Mobile No. 84278-95314.

In above titled case, the defendant(s)/respondent(s) could not be served. It is ordered that defendant(s) respondent(s) should appear in person or through counsel on 15-10-2025 at 10:00 a.m.

For details logon to https://highcourtchd.gov.in/?mod=district_notice&district=Kharar

Civil Judge (Junior Division), Kharar
Dated, this day of 04.10.2025

## COURT NOTICE

(U/o 5 Rule 20 CPC)
(SUCCESSION CASE)
In the Court of Ms. Harpreet Kaur Nafra
Additional Civil Judge (Sr. Divn), Amloh (P)
CNR No. PBFGA0-000638-2025
Next Date: 11-11-2025

1. Kulwant Singh Aged About 58 Years, 2. Harchand Singh, 3. Sukhwinder Singh Sons Of Late Sh. Kaka Singh S/O Harnam Singh Resident Of Village Ladpur, Tehsil Amloh District Fatehgarh Sahib.

Vs.

1. General Public, 2. Gurmeet Kaur, 3. Daljit Kaur Daughters of Late Sh. Kaka Singh S/O Harnam Singh, Residents Of Village Ladpur, Tehsil Amloh, District Fatehgarh Sahib.

Petition U/S 372 Of Indian Succession Act.

Notice To:
General Public

In above titled case, the defendant(s)/respondent(s) General Public could not be served. It is ordered that defendant(s)/respondent(s) should appear in person or through counsel on 11-11-2025 at 10 a.m.

For details logon to https://highcourtchd.gov.in/?mod=district_notice&district=mogacourt.

Additional Civil Judge (Sr. Divn) Aloh (P)
Dated, this day of 04-10-2025

## ਉੱਤਰ ਰੇਲਵੇ

### ਨਿਵਿਦਾ ਸੂਚਨਾ

ਉਪ ਮੁਖ ਇੰਜੀਨੀਅਰ/ਨਿਰਮਾਣ/ਡਬਲਿੰਗ ਉੱਤਰ ਰੇਲਵੇ, ਜੰਮੂ ਤਵੀ ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਵਲੋਂ ਹੇਠਾਂ ਲਿਖਤ ਕੰਮ ਦੇ ਲਈ ਇਕ ਪੈਕੇਟ ਸਿਸਟਮ ਦੇ ਤਹਿਤ ਖੁਲ੍ਹੇ ਈ-ਨਿਵਿਦਾ ਦੀ ਮੰਗ ਕਰਦੇ ਹਨ:-

| | | |
|---|---|---|
| 1. | ਕੰਮ ਅਤੇ ਸਥਾਨ ਦਾ ਨਾਮ | ਬੀਜੀ ਟ੍ਰੈਕ ਨੂੰ ਜੋੜਨਾ ਅਤੇ ਹੋਰ ਸਬੰਧ ਕੰਮ ਜਿਵੇਂ ਪੁਰਾਣੇ ਮੌਜੂਦਾ ਟ੍ਰੈਕ ਦੇ ਨਾਲ ਕਨੈਕਸ਼ਨ ਬਨਾਉਣਾ, ਟਰਨ ਆਊਟ ਵਿਛਾਉਣਾ, ਜੋੜਾਂ ਨੂੰ ਚਿਪਕਾਨਾ, ਗਿਟੀ ਪਾਉਣਾ, ਲੀਡਿੰਗ, ਲੋਡਿੰਗ, ਪੀ.ਵੇ. ਸਮਗਰੀ ਨੂੰ ਉਤਾਰਨਾ, ਗਿਟੀ ਦੀ ਸਪਲਾਈ, ਏਟੀ ਵੇਲਡਿੰਗ ਕੰਮ ਆਦਿ। ਪਠਾਨਕੋਟ ਕੈਂਟ (ਪੀਟੀਕੇਸੀ) ਰੇਲਵੇ ਸਟੇਸ਼ਨ ਤੇ ਸ਼ੰਟਿੰਗ ਨੇਕ ਦੇ ਪ੍ਰਾਵਧਾਨ ਦੇ ਸਬੰਧ ਵਿਚ, ਤਾਂਕਿ ਮੁਖ ਲਾਈਨ ਨੂੰ ਸ਼ਾਮਲ ਕੀਤੇ ਬਿਨਾ ਸ਼ੰਟਿੰਗ ਮੂਵਮੈਂਟ ਨੂੰ ਸੌਖਾ ਬਨਾਇਆ ਜਾ ਸਕੇ। |
| 2. | ਕੰਮ ਸਮਾਪਤੀ ਦਾ ਸਮਾਂ | 6 (ਛੇ) ਮਹੀਨੇ। |
| 3. | ਲਗਭਗ ਕੰਮ ਦੀ ਲਾਗਤ | Rs. 9087615.68/- |
| 4. | ਅਗਾਊਂ ਧਨ ਜਮ੍ਹਾ ਕਰਨ ਦੇ ਲਈ ਘਟ ਤੋਂ ਘਟ ਧਨ | Rs. 181800/- |
| 5. | ਈ ਨਿਵਿਦਾ ਜਮ੍ਹਾ ਕਰਨ ਅਤੇ ਨਿਵਿਦਾ ਨਿਵਿਦਾਵਾਂ ਖੋਲਣ ਦੇ ਲਈ ਮਿਤੀ ਅਤੇ ਸਮਾਂ | ਆਈ.ਆਰ.ਈ.ਪੀ.ਐਸ ਵੈਬਸਾਈਟ ਯਾਨੀ www.ireps.gov.in 'ਤੇ 03.11.2025 ਦੀ ਮਿਤੀ ਨੂੰ 11.30 ਵਜੇ ਤਕ ਨਿਵਿਦਾਵਾਂ ਅਪਲੋਡ ਕੀਤੀ ਜਾ ਸਕਦੀ ਹੈ। ਬੋਲੀ ਦਾਤਾ ਈ-ਨਿਵਿਦਾ ਵਿਚ ਭਾਗ ਲੈ ਸਕਦੇ ਹਨ, ਜਿਸ ਵਿਚ ਤਕਨੀਕੀ ਸਹਵਾਨਾਜਿਕ ਬੋਲੀਆਂ 03.11.2025 ਨੂੰ 11:30 ਵਜੇ ਖੋਹਲੇ ਜਾਣਗੇ। |
| 6. | ਵਿਸਤ੍ਰਿਤ ਨਿਵਿਦਾ ਸੂਚਨਾ ਅਤੇ ਨਿਵਿਦਾ ਦਸਤਾਵੇਜ | ਵਿਸਤ੍ਰਿਤ ਈ-ਨਿਵਿਦਾ ਸੂਚਨਾ ਉਤਰੀ ਰੇਲਵੇ ਵੈਬਸਾਈਟ i.e. www.nr.indianrailways.gov.in 'ਤੇ ਉਪਲਬਧ ਹੈ ਅਤੇ ਨਿਵਿਦਾ ਦਸਤਾਵੇਜ www.ireps.gov.in'ਤੇ ਉਪਲਬਧ ਹੈ। ਉਪਰ ਨਿਵਿਦਾ ਦਸਤਾਵੇਜ 20.10.2025 ਤੋਂ 03.11.2025 ਤਕ ਆਈਆਰਈਪੀਐਸ ਵੈਬਸਾਈਟ ਯਾਨੀ www.ireps.gov.in 'ਤੇ ਪ੍ਰਸਤਾਵ ਜਮ੍ਹਾ ਕਰਨ ਦੇ ਲਈ ਉਪਲਬਧ ਹੋਵੇਗਾ। ਉਪਰੋਕਤ ਨਿਵਿਦਾਵਾਂ ਦੇ ਸਬੰਧ ਵਿਚ ਹੋਰ ਸਾਰੇ ਨਿਯਮ ਅਤੇ ਸ਼ਰਤਾਂ ਨਿਵਿਦਾ ਦਸਤਾਵੇਜ ਵਿਚ ਦਿਤੀਆਂ ਗਈਆਂ ਹਨ। ਉਪਰੋਕਤ ਦਫਤਰ ਦੇ ਨੋਟਿਸ ਬੋਰਡ ਤੇ ਵਿਸਤ੍ਰਿਤ ਨਿਵਿਦਾ ਸੂਚਨਾ ਵੀ ਦੇਖੀ ਜਾ ਸਕਦੀ ਹੈ। |

ਨਿਵਿਦਾ ਸੂਚਨਾ ਕ੍ਰਮਾਂਕ 3-WDYCECDJAT-2025-26 ਤਾਰੀਕ 04.10.2025 3076/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## Capital Small Finance Bank

**Capital Small Finance Bank Limited**
H.O: MIDAS CORPORATE PARK 3rd FLOOR, 37 G.T. ROAD, JALANDHAR

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

| ਕਰਜ਼ਦਾਰਾਂ ਅਤੇ ਗਰੰਟਰਾਂ ਦਾ ਨਾਮ | ਅਚੱਲ ਜਾਇਦਾਦ ਦਾ ਵੇਰਵਾ | ਕਰਜ਼ਾ ਨੰ. ਅਤੇ ਬਕਾਇਆ ਰਾਸ਼ੀ |
|---|---|---|
| 1. ਲਖਵਿੰਦਰ ਸਿੰਘ ਪੁੱਤਰ ਨੱਥਾ ਸਿੰਘ ਵਾਸੀ ਵਾਰਡ ਨੰ. 2, ਮੱਲਾਂਵਾਲਾ, ਫਿਰੋਜ਼ਪੁਰ, ਪੰਜਾਬ-152021 2. ਕੁਲਵੰਤ ਕੌਰ ਪਤਨੀ ਲਖਵਿੰਦਰ ਸਿੰਘ ਵਾਸੀ ਮੱਲਾਂਵਾਲਾ, ਫਿਰੋਜ਼ਪੁਰ, ਪੰਜਾਬ-152021 3. ਸੁੱਖਾ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਡਾਕ. ਮੱਲਾਂਵਾਲਾ, ਫਿਰੋਜ਼ਪੁਰ, ਪੰਜਾਬ-152021 | [illegible] | [illegible] |

ਸਥਾਨ : ਜਲੰਧਰ ਮਿਤੀ : 06.10.2025 ਸਹੀ/- ਅਧਿਕਾਰਤ ਅਫਸਰ

## Capital Small Finance Bank

**Capital Small Finance Bank Limited**
H.O: MIDAS CORPORATE PARK 3rd FLOOR, 37 G.T. ROAD, JALANDHAR

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

| ਕਰਜ਼ਦਾਰਾਂ ਅਤੇ ਗਰੰਟਰਾਂ ਦਾ ਨਾਮ | ਅਚੱਲ ਜਾਇਦਾਦ ਦਾ ਵੇਰਵਾ | ਕਰਜ਼ਾ ਨੰ. ਅਤੇ ਬਕਾਇਆ ਰਾਸ਼ੀ |
|---|---|---|
| 1. ਅੰਮ੍ਰਿਤਪਾਲ ਸਿੰਘ ਪੁੱਤਰ ... 2. ਲਖਵੀਰ ਕੌਰ ... 3. ਜਸਪਾਲ ਸਿੰਘ ਪੁੱਤਰ ... ਫਿਰੋਜ਼ਪੁਰ, ਪੰਜਾਬ-152004 | [illegible] | [illegible] |

ਸਥਾਨ : ਜਲੰਧਰ ਮਿਤੀ : 06.10.2025 ਸਹੀ/- ਅਧਿਕਾਰਤ ਅਫਸਰ

## Capital Small Finance Bank

**Capital Small Finance Bank Limited**
H.O: MIDAS CORPORATE PARK 3rd FLOOR, 37 G.T. ROAD, JALANDHAR

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

| ਕਰਜ਼ਦਾਰਾਂ ਅਤੇ ਗਰੰਟਰਾਂ ਦਾ ਨਾਮ | ਅਚੱਲ ਜਾਇਦਾਦ ਦਾ ਵੇਰਵਾ | ਕਰਜ਼ਾ ਨੰ. ਅਤੇ ਬਕਾਇਆ ਰਾਸ਼ੀ |
|---|---|---|
| 1. ਕੁਲਵਿੰਦਰ ਸਿੰਘ ... ਫਿਰੋਜ਼ਪੁਰ, ਪੰਜਾਬ-152021 2. ਸੁਮਿਤ੍ਰੀ ... 3. ਸ੍ਰੀ ... ਫਿਰੋਜ਼ਪੁਰ, ਪੰਜਾਬ-152021 | [illegible] | LAP/013602004843 |

ਸਥਾਨ : ਜਲੰਧਰ ਮਿਤੀ : 06.10.2025 ਸਹੀ/- ਅਧਿਕਾਰਤ ਅਫਸਰ

7-Oct-PAGE--8.qxd 10/6/2025 10:38 PM Page 1



# 275 ਗ੍ਰਾਮ ਹੈਰੋਇਨ ਸਮੇਤ ਤਿੰਨ ਨੌਜਵਾਨ ਕਾਬੂ



**ਕਪੂਰਥਲਾ (ਮਨਜੀਤ ਮਾਨ)**

ਢਿਲਵਾਂ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਥਾਣਾ ਮੁਖੀ ਦਲਵਿੰਦਰ ਬੀਰ ਸਿੰਘ ਦੀ ਅਗਵਾਈ ਹੇਠ ਟੀਮ ਨੇ ਤਿੰਨ ਨੌਜਵਾਨਾਂ ਨੂੰ 275 ਗ੍ਰਾਮ ਹੈਰੋਇਨ ਸਮੇਤ ਤਿੰਨ ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਥਾਣਾ ਮੁਖੀ ਢਿਲਵਾਂ ਦਲਵਿੰਦਰ ਬੀਰ ਸਿੰਘ ਨੇ ਦੱਸਿਆ ਕਿ ਹਾਈਟੈਕ ਨਾਕਾ ਢਿਲਵਾਂ ਤੇ ਏ ਐਸ ਆਈ ਦਰਸ਼ਨ ਸਿੰਘ, ਲਖਵਿੰਦਰ ਸਿੰਘ, ਏ ਐਸ ਆਈ ਪਰਮਜੀਤ ਸਿੰਘ ਵਲੋਂ ਕੀਤੀ ਗਈ ਨਾਕਾਬੰਦੀ ਦੌਰਾਨ, ਅੰਮ੍ਰਿਤਸਰ ਤੋਂ ਬਾਈਕ 'ਤੇ ਆ ਰਹੇ ਤਿੰਨ ਨਸ਼ਾ ਤਸਕਰਾਂ ਨੂੰ ਰੋਕਿਆ ਗਿਆ। ਉਨ੍ਹਾਂ ਤੋਂ 275 ਗ੍ਰਾਮ ਹੈਰੋਇਨ ਵੀ ਬਰਾਮਦ ਕੀਤੀ ਗਈ। ਜਾਂਚ ਅਧਿਕਾਰੀ ਏ ਐਸ ਆਈ ਪਰਮਜੀਤ ਸਿੰਘ ਨੇ ਇਸ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਢਿਲਵਾਂ ਪੁਲਸ ਸਟੇਸ਼ਨ ਵਿੱਚ ਤਿੰਨਾਂ ਮੁਲਜ਼ਮਾਂ ਵਿਰੁੱਧ ਐਫ ਆਈ ਆਰ ਦਰਜ ਕਰ ਲਈ ਗਈ ਹੈ ਅਤੇ ਉਨ੍ਹਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਟੋਲ ਪਲਾਜ਼ਾ ਨੇੜੇ ਨਾਕਾਬੰਦੀ 'ਤੇ ਵਾਹਨਾਂ ਦੀ ਜਾਂਚ ਕਰ ਰਹੇ ਸਨ। ਇਸ ਦੌਰਾਨ, ਇੱਕ ਮੋਟਰਸਾਈਕਲ ਤੇ ਤਿੰਨ ਨੌਜਵਾਨ ਅੰਮ੍ਰਿਤਸਰ ਤੋਂ ਆਉਂਦੇ ਦੇਖੇ ਗਏ। ਜਦੋਂ ਉਨ੍ਹਾਂ ਨੂੰ ਸ਼ੱਕ ਦੇ ਆਧਾਰ ਤੇ ਰੋਕਿਆ ਗਿਆ ਅਤੇ ਪੁੱਛਗਿੱਛ ਕੀਤੀ ਗਈ ਤਾਂ ਉਨ੍ਹਾਂ ਨੇ ਆਪਣੇ ਨਾਮ ਅਰਸ਼ਦੀਪ ਸਿੰਘ ਵਾਸੀ ਪਿਉ ਥਾਣਾ ਸਦਰ ਤਰਨਤਾਰਨ, ਗੁਰਵਿੰਦਰਪਾਲ ਸਿੰਘ ਵਾਸੀ ਮੁਹੱਲਾ ਮਨਜੀਤ ਨਗਰ, ਲੁਧਿਆਣਾ ਅਤੇ ਜਸਪ੍ਰੀਤ ਸਿੰਘ ਵਾਸੀ ਮਾਲ ਚੱਕ ਥਾਣਾ ਸਦਰ ਤਰਨਤਾਰਨ ਦੱਸੇ।ਜਦੋਂ ਪੁਲਿਸ ਟੀਮ ਨੇ ਨੌਜਵਾਨਾਂ ਅਤੇ ਉਨ੍ਹਾਂ ਦੀ ਬਾਈਕ ਦੀ ਤਲਾਸ਼ੀ ਲਈ ਤਾਂ ਉਨ੍ਹਾਂ ਕੋਲੋਂ 275 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸ ਤੋਂ ਬਾਅਦ ਤਿੰਨਾਂ ਨਸ਼ਾ ਤਸਕਰਾਂ ਨੂੰ ਬਾਈਕ ਸਮੇਤ ਗ੍ਰਿਫ਼ਤਾਰ ਕਰ ਲਿਆ ਗਿਆ ਅਤੇ ਆਈਪੀਸੀ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਢਿਲਵਾਂ ਪੁਲਸ ਸਟੇਸ਼ਨ ਵਿੱਚ ਐਫ ਆਈ ਆਰ ਦਰਜ ਕੀਤੀ ਗਈ।

# ਗੰਦੇ ਪਾਣੀ ਦੀ ਨਿਕਾਸੀ ਦਾ ਮਸਲਾ ਹੱਲ ਕਰਨ ਲਈ ਬੀ ਡੀ ਪੀ ਓ ਨੂੰ ਦਿੱਤਾ ਮੰਗ ਪੱਤਰ



**ਫਿਲੌਰ, (ਨਿਰਮਲ)**-ਲੋਕ ਇਨਸਾਫ਼ ਮੰਚ ਵਲੋਂ ਗੋਪਾਲ ਕਾਲੋਨੀ, ਇੰਦਰਾ ਕਲੋਨੀ ਪਿੰਡ ਨੰਗਲ ਤਹਿਸੀਲ ਫਿਲੌਰ ਦਾ ਗੰਦਾ ਪਾਣੀ ਦਾ ਨਿਕਾਸ ਕਰਾਉਣ ਲਈ ਇੱਕ ਮੰਗ ਪੱਤਰ ਜਥੇਬੰਦੀ ਫਿਲੌਰ ਦੀ ਅਗਵਾਈ ਵਿੱਚ ਬੀ ਡੀ ਪੀ ਓ ਫਿਲੌਰ ਦੀ ਗੈਰ ਹਾਜ਼ਰੀ ਵਿੱਚ ਪੰਚਾਇਤ ਅਫਸਰ ਦਲਵੀਰ ਸਿੰਘ ਨੂੰ ਦਿੱਤਾ ਗਿਆ। ਇਸ ਮੌਕੇ ਆਗੂਆਂ ਸਰਬਜੀਤ ਕੁਮਾਰ ਸਾਬਕਾ ਸਰਪੰਚ ਰਾਮਗੜ੍ਹ, ਮਾਸਟਰ ਹੰਸ ਰਾਜ, ਡਾਕਟਰ ਸੰਦੀਪ ਕੁਮਾਰ, ਹਨੀ ਸੰਤੋਖਪੁਰਾ, ਸਰੂਪ ਕਲੇਰ, ਮੱਖਣ ਸੰਤੋਖਪੁਰਾ, ਰਾਜ ਕਪੂਰ ਨੰਗਲ, ਅਤੇ ਗੋਗਾ ਨੰਗਲ ਨੇ ਕਿਹਾ ਕਿ ਕਈ ਮਹੀਨਿਆਂ ਤੋਂ ਤਲਵਣ ਰੋਡ ਸੜਕ ਵਿੱਚ ਪੈ ਰਿਹਾ ਹੈ ਜਿਸ ਕਾਰਣ ਸਾਰੀ ਸੜਕ ਟੁੱਟ ਗਈ ਹੈ ਅਤੇ ਰਾਹਗੀਰਾਂ ਨੂੰ ਬਹੁਤ ਪ੍ਰੇਸ਼ਾਨੀ ਹੁੰਦੀ ਹੈ ਅਤੇ ਖ਼ਾਸ ਕਰਕੇ ਵਿਦਿਆਰਥੀਆਂ ਨੂੰ ਸਕੂਲਾਂ ਕਾਲਜਾਂ ਨੂੰ ਜਾਣ ਲਈ ਬਹੁਤ ਦਿੱਕਤ ਪੇਸ਼ ਆਉਂਦੀ ਹੈ ਅਤੇ ਬਿਮਾਰੀਆਂ ਫੈਲਣ ਦਾ ਵੀ ਵੱਡਾ ਖ਼ਤਰਾ ਹੈ।

# ਆਈ ਟੀ ਆਈ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਧਰਨਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਸਰਕਾਰੀ ਆਈ ਟੀ ਆਈਜ਼ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਦੇ ਬੈਨਰ ਹੇਠ ਸੂਬਾ ਕਮੇਟੀ ਮੈਂਬਰਾਂ ਦੀ ਰਹਿਨੁਮਾਈ ਹੇਠ ਕਚਿਹਰਾ ਨੂੰ ਪੱਕਾ ਕਰਨ ਲਈ ਬਣਾਈ ਸਬ ਕਮੇਟੀ ਦੇ ਮੈਂਬਰ ਅਤੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਦੇ ਹਲਕੇ ਸੁਨਾਮ ਵਿਖੇ 5 ਅਕਤੂਬਰ ਨੂੰ ਧਰਨਾ ਦਿੱਤਾ ਗਿਆ। ਜਿਸ ਵਿੱਚ ਵੱਡੀ ਗਿਣਤੀ ਵਿੱਚ ਕੱਚੇ ਇੰਸਟਰਕਟਰ ਹਾਜ਼ਰ ਹੋਏ ਜਿਨ੍ਹਾਂ ਵਿੱਚ ਵੱਡੀ ਗਿਣਤੀ ਮਹਿਲਾ ਕਰਮਚਾਰੀਆਂ ਦੀ ਸੀ। ਵੱਖ ਵੱਖ ਸੂਬਾ ਕਮੇਟੀ ਮੈਂਬਰਾਂ ਜਿੰਨਾਂ ਵਿੱਚ ਸੇਵਾ ਸਿੰਘ, ਨਵਨੀਤ ਸਿੰਘ, ਜਸਵਿੰਦਰ ਸਿੰਘ, ਕੁਲਜੀਤ ਕੌਰ, ਸਤੀਸ਼ ਕੁਮਾਰ, ਭੁਪਿੰਦਰ ਸਿੰਘ, ਗਗਨਦੀਪ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਅਸੀਂ ਪਿਛਲੇ 15-16 ਸਾਲਾਂ ਤੋਂ ਪੰਜਾਬ ਦੀਆਂ ਸਰਕਾਰੀ ਆਈ ਟੀ ਆਈਜ਼ ਵਿੱਚ ਗਰੁੱਪ ਬੀ ਕਰਾਫਟ ਇੰਸਟਰਕਟਰ ਵਜੋਂ ਬਿਨਾਂ ਕਿਸੇ ਸਰਕਾਰੀ ਸਹੂਲਤਾਂ ਤੋਂ ਠੇਕੇ ਉੱਪਰ ਸਿਰਫ਼ 15000 ਪ੍ਰਤੀ ਮਹੀਨਾ ਉੱਪਰ ਆਪਣਾ ਸ਼ੋਸ਼ਣ ਕਰਵਾ ਰਹੇ ਹਾਂ। ਸਾਡੀ ਭਰਤੀ ਵਿਭਾਗ ਵੱਲੋਂ ਸਮੇਂ ਸਮੇਂ ਉੱਪਰ ਜਾਰੀ ਹਦਾਇਤਾਂ ਰਾਹੀਂ ਪਾਰਦਰਸ਼ੀ ਢੰਗ ਨਾਲ ਅਖ਼ਬਾਰਾਂ ਵਿੱਚ ਇਸ਼ਤਿਹਾਰ ਦੇ ਕੇ, ਰੋਜ਼ਗਾਰ ਦਫ਼ਤਰ ਰਾਹੀਂ ਕੀਤੀ ਗਈ ਹੈ। ਹੁਣ ਜੱਥੇਬੰਦੀ ਨੇ ਮਜਬੂਰ ਹੋ ਕੇ ਸਰਕਾਰ ਵਿਰੁੱਧ ਖੁੱਲ ਕੇ ਸੰਘਰਸ਼ ਕਰਨ ਦਾ ਐਲਾਨ ਕੀਤਾ ਹੈ।




# ਪ੍ਰਭਜੋਤ ਕੌਰ ਨੇ ਗ੍ਰਾਮ ਪੰਚਾਇਤ ਨੂੰ 5 ਲੱਖ ਰੁਪਏ ਦੀ ਗ੍ਰਾਂਟ ਦਾ ਪ੍ਰਵਾਨਗੀ ਪੱਤਰ ਸੌਂਪਿਆ



**ਐਸ ਏ ਐਸ ਨਗਰ (ਗੁਰਜੀਤ ਬਿੱਲਾ)**- ਜ਼ਿਲ੍ਹਾ ਯੋਜਨਾ ਕਮੇਟੀ (ਡੀ ਪੀ ਸੀ), ਐਸ ਏ ਐਸ ਨਗਰ ਦੇ ਚੇਅਰਮੈਨ, ਇੰਜੀਨੀਅਰ ਪ੍ਰਭਜੋਤ ਕੌਰ ਨੇ ਵਿੱਤੀ ਸਾਲ 2024-25 ਲਈ ਜ਼ਿਲ੍ਹਾ ਯੋਜਨਾ ਕਮੇਟੀਆਂ/ਜ਼ਿਲ੍ਹਾ ਵਿਸ਼ੇਸ਼ ਯੋਜਨਾਵਾਂ ਦੇ ਅਨ-ਟਾਈਡ ਫੰਡਾਂ ਤਹਿਤ ਗ੍ਰਾਮ ਪੰਚਾਇਤ ਕੁਰੜਾ ਨੂੰ 5 ਲੱਖ ਰੁਪਏ ਦੀ ਗਰਾਂਟ ਦਾ ਪ੍ਰਵਾਨਗੀ ਪੱਤਰ ਸੌਂਪਿਆ। ਇਹ ਗ੍ਰਾਂਟ ਪਿੰਡ ਵਿੱਚ ਐਸ ਸੀ ਧਰਮਸ਼ਾਲਾ ਦੀ ਮੁਰੰਮਤ ਅਤੇ ਪਾਰਕ ਦੇ ਵਿਕਾਸ ਲਈ ਮਨਜ਼ੂਰ ਕੀਤੀ ਗਈ ਹੈ। ਇਸ ਪਹਿਲਕਦਮੀ ਦਾ ਉਦੇਸ਼ ਸਥਾਨਕ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਅਤੇ ਵਸਨੀਕਾਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਪ੍ਰਦਾਨ ਕਰਨਾ ਹੈ। ਚੇਅਰਪਰਸਨ ਇੰਜੀਨੀਅਰ ਪ੍ਰਭਜੋਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਪੇਂਡੂ ਖੇਤਰਾਂ ਦੇ ਮੁਕੰਮਲ ਅਤੇ ਸਰਬਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੁੰਦਿਆਂ, ਇਹ ਯਕੀਨੀ ਬਣਾਉਂਦੀ ਹੈ ਕਿ ਹਰ ਪਿੰਡ ਨੂੰ ਭਾਈਚਾਰਕ ਭਲਾਈ ਲਈ ਜ਼ਰੂਰੀ ਬੁਨਿਆਦੀ ਢਾਂਚਾ ਸਹਾਇਤਾ ਮਿਲੇ।

# ਰਾਸ਼ਟਰੀ ਗੱਤਕਾ ਚੈਂਪੀਅਨਸ਼ਿਪ 10 ਤੋਂ 12 ਤੱਕ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਵਿਸ਼ਵ ਗੱਤਕਾ ਫੈਡਰੇਸ਼ਨ ਤੇ ਏਸ਼ੀਅਨ ਗੱਤਕਾ ਫੈਡਰੇਸ਼ਨ ਨਾਲ ਸੰਬੰਧਿਤ ਦੇਸ਼ ਦੀ ਸਭ ਤੋਂ ਪੁਰਾਣੀ ਰਜਿਸਟਰਡ ਗੱਤਕਾ ਸੰਸਥਾ, ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ (ਐਨ.ਜੀ.ਏ.ਆਈ.) ਵਲੋਂ 10 ਤੋਂ 12 ਅਕਤੂਬਰ ਤੱਕ ਛੱਤੀਸਗੜ੍ਹ ਦੇ ਦੁਰਗ ਜ਼ਿਲ੍ਹੇ ਦੇ ਭਿਲਾਈ ਸ਼ਹਿਰ ਵਿੱਚ ਸਥਿਤ ਗੁਰੂ ਨਾਨਕ ਇੰਗਲਿਸ਼ ਸੀਨੀਅਰ ਸੈਕੰਡਰੀ ਸਕੂਲ ਵਿਖੇ 13ਵੀਂ ਨੈਸ਼ਨਲ ਗੱਤਕਾ (ਪੁਰਸ਼ ਤੇ ਮਹਿਲਾ) ਚੈਂਪੀਅਨਸ਼ਿਪ ਕਰਵਾਈ ਜਾ ਰਹੀ ਹੈ।



ਕੌਮੀ ਪੱਧਰ ਦਾ ਇਹ ਟੂਰਨਾਮੈਂਟ ਨਿਊ ਗੱਤਕਾ ਸਪੋਰਟਸ ਐਸੋਸੀਏਸ਼ਨ ਛੱਤੀਸਗੜ੍ਹ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਵੱਖ-ਵੱਖ ਰਾਜਾਂ ਦੀਆਂ ਗੱਤਕਾ ਟੀਮਾਂ ਤਿੰਨ ਦਿਨਾਂ ਤੱਕ ਗੱਤਕਾ-ਸੋਟੀ ਅਤੇ ਫੱਰੀ-ਸੋਟੀ ਵਿੱਚ ਗਹਿ-ਗੱਚਵੇਂ ਵਿਅਕਤੀਗਤ ਅਤੇ ਟੀਮ ਮੁਕਾਬਲਿਆਂ ਦੀ ਲੜੀ ਵਿੱਚ ਹਿੱਸਾ ਲੈਣਗੀਆਂ। ਇਸ ਸਮਾਗਮ ਬਾਰੇ ਹੋਰ ਜਾਣਕਾਰੀ ਦਿੰਦੇ ਹੋਏ ਨੈਸ਼ਨਲ ਗੱਤਕਾ ਐਸੋਸੀਏਸ਼ਨ ਦੇ ਪ੍ਰਧਾਨ ਤੇ ਰਾਜ ਪੁਰਸਕਾਰ ਜੇਤੂ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਅਜਿਹੇ ਸਲਾਨਾ ਮੁਕਾਬਲੇ ਰਵਾਇਤੀ ਸਿੱਖ ਮਾਰਸ਼ਲ ਆਰਟ ਗੱਤਕੇ ਨੂੰ ਸੰਭਾਲਣ, ਉਤਸ਼ਾਹਿਤ ਕਰਨ ਅਤੇ ਪੇਸ਼ੇਵਰ ਖੇਡ ਬਣਾਉਣ ਤੋਂ ਇਲਾਵਾ ਉੱਭਰਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਇੱਕ ਰਾਸ਼ਟਰੀ ਪਲੇਟਫਾਰਮ ਪ੍ਰਦਾਨ ਕਰਨ ਦੇ ਉਦੇਸ਼ ਨਾਲ ਕਰਵਾਏ ਜਾਂਦੇ ਹਨ।

# ਗੁਰੂ ਨਾਨਕ ਦੀਆਂ ਸਿੱਖਿਆਵਾਂ ਸਮੁੱਚੇ ਵਿਸ਼ਵ ਲਈ ਮਾਰਗ-ਦਰਸ਼ਕ : ਗਿਆਨੀ ਗੁਰਪ੍ਰੀਤ ਸਿੰਘ

**ਬਲਾਚੌਰ (ਜਸਵਿੰਦਰ ਬੈਂਸ)**-ਗੁਰੂ ਨਾਨਕ ਸਾਹਿਬ ਦੀਆਂ ਸਿੱਖਿਆਵਾਂ ਅਤੇ ਉਹਨਾਂ ਵੱਲੋਂ ਮਨੁੱਖਤਾ ਨੂੰ ਦਰਸਾਏ ਹੋਏ ਕਿਰਤ ਕਰੋ, ਨਾਮ ਜਪੋ ਅਤੇ ਵੰਡ ਛਕੋ ਦੇ ਮੂਲ ਸਿਧਾਂਤ ਅੱਜ ਵੀ ਸਮੁੱਚੇ



ਵਿਸ਼ਵ ਲਈ ਮਾਰਗ ਦਰਸ਼ਕ ਦਾ ਕੰਮ ਕਰ ਰਹੇ ਹਨ। ਉਕਤ ਵਿਚਾਰਾਂ ਦਾ ਪ੍ਰਗਟਾਵਾ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵਲੋਂ ਪਿੰਡ ਗੁੱਲਪੁਰ ਵਿਖੇ ਕਰਵਾਏ ਗਏ ਲੜੀਵਾਰ 20ਵੇਂ ਗੁਰਮਤਿ ਸਮਾਗਮ ਦੌਰਾਨ ਗੁ: ਸ਼ਹੀਦਾਂ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਆਏ ਕਥਾਵਾਚਕ ਗਿਆਨੀ ਗੁਰਪ੍ਰੀਤ ਸਿੰਘ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕੀਤਾ। ਗੁਰੂ ਨਾਨਕ ਦੇਵ ਜੀ ਦੇ ਜੀਵਨ ਇਤਿਹਾਸ ਦੀਆਂ ਘਟਨਾਵਾਂ ਦੀ ਸਾਂਝ ਪਾਉਂਦੇ ਹੋਏ ਉਨ੍ਹਾਂ ਨੇ ਕਿਹਾ ਕਿ ਗੁਰੂ ਨਾਨਕ ਸਾਹਿਬ ਦੇ ਜੀਵਨ ਦੀ ਹਰ ਸਾਖੀ ਨੇ ਲੋਕਾਂ ਨੂੰ ਵਹਿਮਾਂ ਭਰਮਾਂ, ਊਚ ਨੀਚ ਅਤੇ ਭੇਦ ਭਾਵ ਤੋ ਉਪਰ ਉਠ ਕੇ ਪਰਮਾਤਮਾ ਅਤੇ ਉਸ ਦੀ ਬਣਾਈਆਂ ਹੋਈਆਂ ਕ੍ਰਿਤਾਂ ਨੂੰ ਸੱਚ ਅਤੇ ਪ੍ਰੇਮ ਦੇ ਮਾਰਗ ਤੇ ਚੱਲਣ ਲਈ ਪ੍ਰੇਰਿਤ ਕੀਤਾ। ਗੁਰੂ ਨਾਨਕ ਦੇਵ ਜੀ ਦੇ 556 ਸਾਲਾ ਪ੍ਰਕਾਸ਼ ਪੁਰਬ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਪਿੰਡ ਗੁੱਲਪੁਰ ਵਿਖੇ ਹੋਏ ਇਸ ਗੁਰਮਤਿ ਸਮਾਗਮ ਦੌਰਾਨ ਸੰਗਤਾਂ ਨੂੰ ਸ੍ਰੀ ਰਹਿਰਾਸ ਸਾਹਿਬ ਜੀ ਦੇ ਪਾਠ ਤੋਂ ਬਾਅਦ ਗੁਰਬਾਣੀ ਕੀਰਤਨ ਦੇ ਨਾਲ ਜੋੜਨ ਲਈ ਵਿਸ਼ੇਸ਼ ਤੌਰ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਦਵਿੰਦਰ ਸਿੰਘ ਜੀ ਦੇ ਜੱਥੇ ਨੇ ਗੁਰਬਾਣੀ ਕੀਰਤਨ ਦਾ ਰਸਭਿੰਨਾ ਗਾਇਨ ਕਰਕੇ ਸੰਗਤਾਂ ਨੂੰ ਪਰਮਾਤਮਾ ਦੀ ਇਲਾਹੀ ਬਾਣੀ ਦੇ ਨਾਲ ਜੋੜਿਆ। ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਨੇ ਇਸ ਮੌਕੇ ਜੁੜੀਆਂ ਸੰਗਤਾਂ ਨੂੰ ਧੰਨ ਧੰਨ ਗੁਰੂ ਨਾਨਕ ਸਾਹਿਬ ਜੀ ਦੇ ਆਗਮਨ ਪੁਰਬ ਅਤੇ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਗੁਰੂ ਨਾਨਕ ਮਿਸ਼ਨ ਸੇਵਾ ਸੋਸਾਇਟੀ ਵੱਲੋਂ ਮਿਤੀ 25, 26 ਅਤੇ 27 ਅਕਤੂਬਰ ਨੂੰ ਨਵਾਂ ਸ਼ਹਿਰ ਵਿਖੇ ਕਰਵਾਏ ਜਾ ਰਹੇ ਮਹਾਨ ਕੀਰਤਨ ਦਰਬਾਰ ਵਿੱਚ ਵੱਧ ਚੜ੍ਹ ਕੇ ਹਾਜ਼ਰੀ ਭਰਨ ਲਈ ਅਪੀਲ ਕੀਤੀ। ਇਸ ਸਮਾਗਮ ਦੌਰਾਨ ਸੰਗਤਾਂ ਵਿਚ ਦਵਿੰਦਰ ਸਿੰਘ, ਮਾਸਟਰ ਅਜੀਤ ਸਿੰਘ, ਕੈਪਟਨ ਅਮਰਜੀਤ ਸਿੰਘ, ਜੋਗਾ ਸਿੰਘ, ਸੂਬੇਦਾਰ ਜਗਰੂਪ ਸਿੰਘ, ਰਾਜਵਿੰਦਰ ਸਿੰਘ, ਸਤਨਾਮ ਸਿੰਘ ਖਾਲਸਾ, ਕੈਪਟਨ ਗੁਰਮੁੱਖ ਸਿੰਘ ਸੁਰਜੀਤ ਸਿੰਘ ਛੋਕਰ, ਹਰਵੀਰ ਸਿੰਘ, ਸੁਖਮਨ ਸਿੰਘ ਕੁਲਵਿੰਦਰ ਸਿੰਘ ਕਾਨੂੰਗੋ ਅਤੇ ਗੁਰੂ ਨਾਨਕ ਮਿਸ਼ਨ ਸੁਸਾਇਟੀ ਵੱਲੋਂ ਤਰਲੋਚਨ ਸਿੰਘ ਖਟਕੜ ਕਲਾਂ ਆਦਿ ਵੀ ਸ਼ਾਮਿਲ ਸਨ।

# ਮਸਕਟ 'ਚੋਂ ਆਈ ਲੜਕੀ ਨੇ ਸੁਣਾਈ ਹੱਡਬੀਤੀ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**

ਘਰ ਨੂੰ ਗੁਰਬਤ ਵਿੱਚੋਂ ਕੱਢਣ ਦੇ ਇਰਾਦੇ ਨਾਲ ਸਹੇਲੀ ਦੇ ਕਹਿਣ 'ਤੇ ਓਮਾਨ ਗਈ ਪੰਜਾਬ ਦੀ ਲੜਕੀ ਨੇ ਕਿਹਾ ਕਿ ਇਹ ਉਸ ਦਾ ਦੂਜਾ ਜਨਮ ਹੈ। ਮਸਕਟ ਓਮਾਨ ਤੋਂ ਪਰਤੀ ਜਲੰਧਰ ਜ਼ਿਲ੍ਹੇ ਦੀ ਰਹਿਣ ਵਾਲੀ ਲੜਕੀ ਨੇ ਆਪਣੀ ਹੱਡੀਬੀਤੀ ਸੁਣਾਉਂਦਿਆ ਦੱਸਿਆ ਕਿ ਉਹ 15 ਜੂਨ ਨੂੰ ਅੰਮ੍ਰਿਤਸਰ ਹਵਾਈ ਅੱਡੇ ਤੋਂ ਮੁੰਬਈ ਤੇ ਫਿਰ ਉਥੋਂ ਮਸਕਟ ਗਈ ਸੀ। ਪਰ ਉੱਥੇ ਉਸ ਨਾਲ ਰੋਜ਼ਾਨਾ ਕੁੱਟਮਾਰ ਕੀਤੀ ਜਾਂਦੀ ਸੀ ਤੇ ਉਸ ਨੂੰ ਖਾਣਾ ਵੀ ਢੰਗ ਨਾਲ ਨਹੀਂ ਸੀ ਦਿੱਤਾ ਜਾਂਦਾ। ਆਪਣੇ ਪਰਵਾਰ ਨਾਲ ਰਾਜ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦਾ ਧੰਨਵਾਦ ਕਰਨ ਪਹੁੰਚੀ ਇਸ ਲੜਕੀ ਨੇ ਦੱਸਿਆ ਕਿ ਉਸ ਨੂੰ ਮਸਕਟ ਜਾਂਦਿਆ ਹੀ ਅਹਿਸਾਸ ਹੋ ਗਿਆ ਸੀ ਕਿ ਉਹ ਵਿਕ ਗਈ ਹੈ ਤੇ ਬੁਰੀ ਤਰ੍ਹਾਂ ਨਾਲ ਉਥੇ ਫਸ ਚੁੱਕੀ ਹੈ। ਏਜੰਟਾਂ ਦੇ ਡਰ ਕਾਰਨ ਉਹ ਜਿਵੇਂ ਨਾ ਕਿਵੇਂ ਦਿਨ ਕੱਟ ਰਹੀ ਸੀ। ਪੀੜਤਾ ਮੁਤਾਬਕ ਜਿਸ ਦਫਤਰ ਵਿੱਚ ਉਸ ਨੂੰ ਰੱਖਿਆ ਗਿਆ ਸੀ, ਉਥੇ 10 ਤੋਂ ਵੱਧ ਹੋਰ ਕੁੜੀਆਂ ਵੀ ਸੀ ਜੋ ਉਸੇ ਤਰ੍ਹਾਂ ਆਪਣਿਆਂ ਦੇ ਸ਼ਿਕਾਰ ਹੋ ਕੇ ਉੱਥੇ ਫਸ ਚੁੱਕੀਆਂ ਸੀ। ਉੱਥੇ ਲੜਕੀਆਂ 'ਤੇ ਬੇਤਹਾਸ਼ਾ ਤੱਸ਼ਦਦ ਕੀਤਾ ਜਾ ਰਿਹਾ ਹੈ ਤੇ ਉਨ੍ਹਾਂ ਨੂੰ ਗਲਤ ਕੰਮ ਕਰਨ ਲਈ ਮਜ਼ਬੂਰ ਕੀਤਾ ਜਾ ਰਿਹਾ ਹੈ। ਉਸ ਨੇ ਦੱਸਿਆ ਕਿ ਜਿਹੜੀ ਕੁੜੀ ਗਲਤ ਕੰਮ ਲਈ ਸਹਿਮਤ ਨਹੀਂ ਹੁੰਦੀ ਉਸ ਦੀ ਹੱਦੋਂ ਵੱਧ ਕੁੱਟਮਾਰ ਕੀਤੀ ਜਾਂਦੀ ਹੈ।5 ਮਹੀਨਿਆਂ ਦੀ ਨਰਕ ਭਰੀ ਜ਼ਿੰਦਗੀ ਬਤੀਤ ਕਰਕੇ ਵਾਪਸ ਪਰਤੀ ਪੀੜਤਾ ਨੇ ਓਮਾਨ ਵਿੱਚ ਚੱਲ ਰਹੇ ਮਨੁੱਖੀ ਤਸਕਰੀ ਦੀਆਂ ਪਰਤਾਂ ਨੂੰ ਖੋਲ੍ਹਦਿਆ ਦਾਅਵਾ ਕੀਤਾ ਕਿ ਉੱਥੇ ਪਹਿਲਾਂ ਤਾਂ ਲੜਕੀਆਂ ਨੂੰ ਵੱਡੇ ਵੱਡੇ ਸੁਫਨੇ ਦਿਖਾਏ ਜਾਂਦੇ ਹਨ ਤੇ ਉੱਥੇ ਬੁਲਾਇਆ ਜਾਂਦਾ ਹੈ। ਪਰ ਅਸਲ ਹਕੀਕਤ ਉਸ ਵੇਲੇ ਪਤਾ ਲਗਦੀ ਹੈ ਜਦੋਂ ਲੜਕੀ ਦਾ ਵੀਜ਼ਾ ਖਤਮ ਹੋ ਜਾਂਦਾ ਹੈ। ਉਹਨਾਂ ਦੱਸਿਆ ਕਿ ਏਜੰਟ ਇਸ ਰੈਕਟ ਵਿੱਚ ਪਹਿਲਾਂ ਤਾਂ



ਲੜਕੀਆਂ ਨੂੰ ਉੱਥੇ ਬੁਲਾ ਰਹੇ ਹਨ ਤੇ ਫਿਰ ਜਾਂ ਤਾਂ ਲੜਕੀ ਨੂੰ ਗਲਤ ਕੰਮ ਲਈ ਮਜਬੂਰ ਕਰਦੇ ਹਨ ਜਾਂ ਫਿਰ ਪੈਸੇ ਜਾਂ ਖੁਦ ਦੀ ਥਾਂ ਤੇ ਹੋਰ ਲੜਕੀਆਂ ਨੂੰ ਮੰਗਵਾਉਣ ਦੀ ਮੰਗ ਰੱਖਦੇ ਹਨ। ਇਸੇ ਤਰ੍ਹਾਂ ਹੀ ਉਹ ਲੜਕੀ ਵੀ ਇਸ ਦੀ ਸ਼ਿਕਾਰ ਹੋਈ ਸੀ। ਪੀੜਤਾ ਨੇ ਦੱਸਿਆ ਕਿ ਏਜੰਟਾਂ ਜਾਂ ਦਫਤਰ ਵਾਲਿਆਂ ਦੀ ਗੱਲ ਨਾ ਮੰਨਣ 'ਤੇ ਕਈ ਵਾਰ ਤਾਂ ਏਨੀ ਕੁਟਮਾਰ ਕੀਤੀ ਜਾਂਦੀ ਹੈ ਕਿ ਲੜਕੀਆਂ ਨੂੰ ਉੱਥੇ ਅੱਧਮੋਇਆ ਕਰਕੇ ਸੁੱਟ ਦਿੰਦੇ ਸਨ। ਉਹ ਕਿਸੇ ਵੀ ਕੁੜੀ 'ਤੇ ਤਰਸ ਨਹੀਂ ਸੀ ਕਰਦੇ।ਪੀੜਤਾ ਦੀ ਮਾਤਾ ਵੱਲੋਂ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਤੱਕ ਅਗਸਤ ਮਹੀਨੇ ਪਹੁੰਚ ਕੀਤੀ ਗਈ ਸੀ। ਸੰਤ ਸੀਚੇਵਾਲ ਵੱਲੋਂ ਵਿਦੇਸ਼ ਮੰਤਰਾਲੇ ਨੂੰ ਲਿਖੇ ਪੱਤਰ ਸਦਕਾ ਉਸ ਦਾ ਭਾਰਤ ਆਉਣਾ ਸੰਭਵ ਹੋ ਸਕਿਆ, ਕਿਉਂਕਿ ਉਸ ਕੋਲੋ ਤਾਂ ਪਾਸਪੋਰਟ ਅਤੇ ਮੋਬਾਇਲ ਜਾਂਦਿਆ ਹੀ ਖੋਹ ਲਿਆ ਗਿਆ ਸੀ।ਸੰਤ ਬਲਬੀਰ ਸਿੰਘ ਸੀਚੇਵਾਲ ਨੇ ਅਪੀਲ ਵੀ ਕੀਤੀ ਕਿ ਉਹ ਅਰਬ ਦੇਸ਼ਾਂ ਨੂੰ ਜਾਣ ਤੋਂ ਪਹਿਲਾਂ ਆਪਣੇ ਵੀਜ਼ੇ ਦੀ ਕਿਸਮ ਜ਼ਰੂਰ ਦੇਖਣ ਕਿ ਉਹ ਵਰਕ ਵੀਜ਼ਾ ਹੈ ਜਾਂ ਟੂਰਿਸਟ। ਟ੍ਰੈਵਲ ਏਜੰਟ ਆਮ ਤੌਰ 'ਤੇ ਟੂਰਿਸਟ ਵੀਜੇ 'ਤੇ ਲੈ ਜਾਂਦੇ ਹਨ ਤੇ ਉਥੇ ਜਾ ਕੇ ਲੜਕੀਆਂ ਦਾ ਸ਼ੋਸ਼ਣ ਕਰਦੇ ਹਨ।

# ਪੰਜਾਬ ਦੀਆਂ 20 'ਵਰਸਿਟੀਆਂ 'ਚ ਪੜ੍ਹਾਈ ਦੀ ਬਦਲੇਗੀ ਨੁਹਾਰ : ਸਤਨਾਮ ਜਲਾਲਪੁਰ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਨੇ ਇੱਕ ਨਵੇਕਲਾ ਕਦਮ ਚੁੱਕਦੇ ਹੋਏ ਇੱਕ ਅਹਿਮ ਫੈਸਲਾ ਕੀਤਾ ਹੈ, ਜਿਸ ਵਿੱਚ ਪੰਜਾਬ ਦੀਆਂ 20 ਯੂਨੀਵਰਸਿਟੀਆਂ ਵਿੱਚ



ਐਂਟਰੀਪਰਨਿਓਰਸ਼ਿਪ ਪੜ੍ਹਾਈ ਜਾਵੇਗੀ ਤਾਂ ਜੋ ਪੰਜਾਬ ਦੇ ਨੌਜਵਾਨ ਨੌਕਰੀਆਂ ਮੰਗਣ ਦੀ ਬਜਾਏ ਨੌਕਰੀਆਂ ਦੇਣ ਵਾਲੇ ਬਣ ਸਕਣ। ਇਸ ਗੱਲ ਦਾ ਪ੍ਰਗਟਾਵਾ ਸਤਨਾਮ ਜਲਾਲਪੁਰ,ਜਿਲਾ ਪ੍ਰਧਾਨ ਅਤੇ ਚੇਅਰਮੈਨ ਜਿਲਾ ਪਲੈਨਿੰਗ ਬੋਰਡ, ਸ਼ਹੀਦ ਭਗਤ ਸਿੰਘ ਨਗਰ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਹੋਇਆ ਕੀਤਾ। ਇਸ ਤਰ੍ਹਾਂ ਦਾ ਫੈਸਲਾ ਕਰਨ ਵਾਲੀ ਪੰਜਾਬ ਸਰਕਾਰ ਦੇਸ਼ ਦੀ ਪਹਿਲੀ ਸਰਕਾਰ ਬਣੀ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਇੱਕ ਅਨੋਖਾ ਅਤੇ ਜਰੂਰੀ ਕਦਮ ਹੈ, ਜਿੱਥੇ ਇਸ ਨਾਲ ਪੰਜਾਬ ਦੇ ਨੌਜਵਾਨਾਂ ਦੀ ਕਾਬਲੀਅਤ ਦਾ ਪਤਾ ਲੱਗੇਗਾ, ਉੱਥੇ ਪੰਜਾਬ ਵਿੱਚ ਵਪਾਰ ਨੂੰ ਵਧਾਉਣ ਦਾ ਮੌਕਾ ਵੀ ਮਿਲੇਗਾ। ਇਸ ਵਿੱਚ ਨੌਜਵਾਨਾਂ ਨੂੰ ਦੱਸਿਆ ਜਾਵੇਗਾ ਕਿ ਕਿਸ ਤਰ੍ਹਾਂ ਵਪਾਰ ਸ਼ੁਰੂ ਕਰਨਾ ਹੈ ਅਤੇ ਕਿਸ ਤਰ੍ਹਾਂ ਉਸਨੂੰ ਅੱਗੇ ਵਧਾਉਣਾ ਹੈ। ਖਾਸ ਤੌਰ ਤੇ ਆਈ ਟੀ ਅਤੇ ਏ ਆਈ ਦੀ ਵਰਤੋਂ ਕਰਕੇ ਕਿਸ ਤਰ੍ਹਾਂ ਬਿਜਨਸ ਨੂੰ ਅੱਗੇ ਵਧਾਇਆ ਜਾ ਸਕਦਾ ਹੈ।

# ਲੋੜਵੰਦ ਅੰਗਹੀਣਾਂ ਦੀ ਸਹਾਇਤਾ ਦੇ ਯਤਨ ਜਾਰੀ ਰਹਿਣਗੇ : ਰਜਿੰਦਰ ਬੰਟੀ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

ਅੰਗਹੀਣਾਂ ਦੀ ਭਲਾਈ ਲਈ ਸਮਰਪਿਤ ਸਮਾਜ ਸੇਵੀ ਸੰਸਥਾ ਕੇ.ਐਲ. ਚੰਦ ਵੈਲਫੇਅਰ ਟਰੱਸਟ, ਯੂ.ਕੇ. ਦੀ ਪੰਜਾਬ ਇਕਾਈ ਵਲੋਂ ਇੱਕ ਲੋੜਵੰਦ ਅੰਗਹੀਣ ਨੂੰ ਟਰਾਈਸਾਈਕਲ ਜਦਕਿ ਇੱਕ ਮਹਿਲਾ ਸਮੇਤ ਪੰਜ ਹੋਰਨਾਂ ਨੂੰ



ਵ੍ਹੀਲਚੇਅਰਾਂ ਭੇਟ ਕੀਤੀਆਂ ਹਨ। ਜਾਣਕਾਰੀ ਸਾਂਝੀ ਕਰਦੇ ਹੋਏ ਟਰੱਸਟ ਦੇ ਪੰਜਾਬ ਕੋਆਰਡੀਨੇਟਰ ਰਜਿੰਦਰ ਕੁਮਾਰ ਬੰਟੀ ਨੇ ਦੱਸਿਆ ਕਿ ਚਾਚੋਕੀ ਦੇ ਇੱਕ ਲੋੜਵੰਦ ਵਿਅਕਤੀ ਨੂੰ ਟਰਾਈਸਾਈਕਲ ਦਿੱਤਾ ਗਿਆ ਤੇ ਫਗਵਾੜਾ ਦੇ ਨੇੜਲੇ ਪਿੰਡ ਢੱਡੇ ਦੀ ਇੱਕ ਮਹਿਲਾ ਸਮੇਤ ਪੰਜ ਹੋਰਨਾਂ ਲੋੜਵੰਦਾਂ ਨੂੰ ਵ੍ਹੀਲਚੇਅਰਾਂ ਭੇਟ ਕੀਤੀਆਂ ਗਈਆਂ ਹਨ, ਜਿਹਨਾਂ 'ਚ ਦੋਸਾਂਝ ਕਲਾਂ, ਕੋਟ ਗਰੇਵਾਲ ਅਤੇ ਨੂਰਪੁਰ ਦੇ ਅੰਗਹੀਣ ਸ਼ਾਮਲ ਹਨ। ਇਸ ਦੌਰਾਨ ਮੁੱਖ ਮਹਿਮਾਨ ਵਜੋਂ ਪਹੁੰਚੇ ਪਾਲੀ ਸਕਾਟਲੈਂਡ ਅਤੇ ਗੁਰਵੀਰ ਸਿੰਘ ਰੰਧਾਵਾ ਯੂ.ਕੇ. ਤੋਂ ਇਲਾਵਾ ਐਡਵੋਕੇਟ ਐਸ.ਕੇ. ਅਗਰਵਾਲ ਅਤੇ ਨਗਰ ਕੌਂਸਲਰ ਚਿਰੰਜੀ ਲਾਲ ਕਾਲਾ ਨੇ ਟਰੱਸਟ ਦੇ ਉਪਰਾਲੇ ਦੀ ਪ੍ਰਸ਼ੰਸਾ ਕਰਦੇ ਹੋਏ ਇਸਨੂੰ ਸਰਬ ਉੱਤਮ ਸੇਵਾ ਅਤੇ ਪਰਉਪਕਾਰ ਦੱਸਿਆ।ਅੰਤ ਵਿੱਚ ਰਾਜਿੰਦਰ ਕੁਮਾਰ ਬੰਟੀ ਨੇ ਪਤਵੰਤਿਆਂ ਅਤੇ ਸਹਿਯੋਗੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਟਰੱਸਟ ਮੈਂਬਰਾਂ ਅਤੇ ਦੇਸ਼, ਵਿਦੇਸ਼ 'ਚ ਵੱਸਦੇ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਟਰੱਸਟ ਵਲੋਂ ਇਸ ਉਪਰਾਲੇ ਨੂੰ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਟਰੱਸਟ ਦੀ ਕੈਸ਼ੀਅਰ ਆਸ਼ਾ ਰਾਣੀ ਚੁੰਬਰ, ਟਰੱਸਟ ਦੇ ਸੀਨੀਅਰ ਮੈਂਬਰ ਸ਼ਿੰਗਾਰਾ ਰਾਮ, ਗੁਰਨਾਮ ਪਾਲ ਅਕਾਲਗੜ੍ਹ, ਕੈਲਵਿਨ ਚੁੰਬਰ, ਸੋਹਨ ਲਾਲ ਵਿਰਦੀ, ਜੀਤ ਰਾਮ ਸੰਧੂ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਮੁਸਲਿਮ ਸਮਾਜ ਨੇ ਬੁਲਾਈ ਭਲਕੇ ਸਾਂਝੀ ਮੀਟਿੰਗ



**ਜਲੰਧਰ (ਰਾਜੇਸ਼ ਥਾਪਾ)**-ਜਲੰਧਰ ਵਿੱਚ ਆਈ ਲਵ ਮੁਹੰਮਦ ਵਿਵਾਦ 'ਤੇ ਮੁਸਲਿਮ ਸਮਾਜ ਵਲੋਂ ਕੱਢੇ ਗਏ ਰੋਸ ਮਾਰਚ ਵਿੱਚਇਕ ਸ਼ਖ਼ਸ ਜਿਸਦਾ ਨਾਂ ਯੋਗੇਸ਼ ਅਤੇ ਮੈਨੀ ਹੈ ਵਲੋਂ ਨਾਅਰੇਬਾਜ਼ੀ ਕਰਕੇ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕੀਤੀ ਗਈ ਜਿਸ ਦਾ ਸਾਰੇ ਧਰਮਾਂ ਦੇ ਲੋਕਾਂ ਵਿੱਚ ਭਾਰੀ ਰੋਸ ਹੈ। ਇਲਜ਼ਾਮ ਹੈ ਕਿ ਪੁਲਸ ਦਬਾਅ ਹੇਠ ਆ ਕੇ ਮੁੱਖ ਦੋਸ਼ੀ ਯੋਗੇਸ਼ ਮੈਨੀ 'ਤੇ ਐਫ਼ ਆਈ ਆਰ ਦਰਜ ਨਹੀਂ ਕਰ ਰਹੀ ਹੈ, ਜਿਸ ਨੇ ਮੁਸਲਿਮ ਸਮਾਜ ਨੂੰ ਉਕਸਾਉਣ ਲਈ ਨਾਅਰੇ ਲਾਏ ਸਨ।ਮੁਸਲਿਮ ਸੰਗਠਨ ਦੇ ਪ੍ਰਧਾਨ ਐਡਵੋਕੇਟ ਨਈਮ ਖਾਨ ਅਤੇ ਆਮ ਆਦਮੀ ਪਾਰਟੀ ਦੇ ਨੇਤਾ ਅਯੂਬ ਖਾਨ ਨੇ ਪ੍ਰੈੱਸ ਕਾਨਫਰੰਸ ਕਰਕੇ ਕਿਹਾ ਕਿ ਸ਼ਾਂਤੀਮਈ ਧਰਨੇ ਵਿੱਚ ਆ ਕੇ ਇਸ ਸ਼ਖਸ ਵਲੋਂ ਜਾਣਬੁੱਝ ਕੇ ਨਾਅਰੇਬਾਜ਼ੀ ਕੀਤੀ ਗਈ ਹੈ।ਉਨ੍ਹਾਂ ਨੇ 8 ਅਕਤੂਬਰ ਨੂੰ ਸ੍ਰੀ ਗੁਰੂ ਰਵਿਦਾਸ ਚੌਕ 'ਤੇ ਸਾਂਝੀ ਮੀਟਿੰਗ ਬੁਲਾਈ ਹੈ, ਜਿਸ ਵਿੱਚ ਅਗਲੀ ਰਣਨੀਤੀ ਤੈਅ ਕੀਤੀ ਜਾਵੇਗੀ। ਉਨ੍ਹਾਂ ਮੰਗ ਕੀਤੀ ਕਿ ਯੋਗੇਸ਼ ਮੈਨੀ ਖਿਲਾਫ਼ ਤੁਰੰਤ ਐਫ਼ ਆਈ ਆਰ ਦਰਜ ਕੀਤੀ ਜਾਵੇ, ਪ੍ਰਸ਼ਾਸਨ ਸ਼ਾਂਤੀ ਬਣਾਈ ਰੱਖਣ ਲਈ ਨਿਰਪੱਖ ਕਾਰਵਾਈ ਕਰੇ।

# ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਨੇ ਕਰਵਾਇਆ 14ਵਾਂ ਅਸ਼ੋਕ ਵਿਜੇ ਦਸਵੀਂ ਸਮਾਗਮ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਮਾਹਿਲਪੁਰ ਵੱਲੋਂ 14 ਵਾਂ ਅਸ਼ੋਕ ਵਿਜੇ ਦਸਵੀਂ ਸਮਾਗਮ ਗੁ. ਸਤਿਗੁਰੂ ਰਵਿਦਾਸ ਮਹਾਰਾਜ ਬੀ.ਡੀ.ਓ. ਕਾਲੋਨੀ ਮਾਹਿਲਪੁਰ ਦੇ ਨਜ਼ਦੀਕ ਬਹੁਤ ਹੀ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਤ੍ਰੀਸ਼ਰਨ, ਬੁੱਧ ਵੰਦਨਾ,ਅਤੇ ਪੰਚਸ਼ੀਲ ਦਾ ਉਚਾਰਨ ਕੀਤਾ ਗਿਆ। ਬਾਅਦ ਵਿੱਚ ਸਮੂਹਿਕ ਤੌਰ ਤੇ ਮੈਡੀਟੇਸ਼ਨ ਕਰਦਿਆਂ ਸਾਰੇ ਹੀ ਸਾਥੀਆਂ ਨੇ ਪ੍ਰੋਗਰਾਮ ਦੀ ਸਫਲਤਾ ਦੀ ਕਾਮਨਾ ਕੀਤੀ। ਇਸ ਮੌਕੇ ਸੋਸਾਇਟੀ ਦੀ ਪ੍ਰਧਾਨ ਰੇਖਾ ਰਾਣੀ, ਮੀਤ ਪ੍ਰਧਾਨ ਸੁਮੀਤਾ, ਜਨਰਲ ਸਕੱਤਰ ਸ਼ਸ਼ੀ ਬੰਗੜ, ਅਮਰਜੀਤ ਕੌਰ, ਕਮਲਦੀਪ ਕੌਰ, ਸੰਤੋਸ਼ ਕੁਮਾਰੀ, ਗਗਨਦੀਪ ਕੌਰ, ਲੈਕਚਰਾਰ ਦਵਿੰਦਰ ਕੌਰ, ਪਰਮਜੀਤ ਕੌਰ, ਜੀਵਨ ਕੁਮਾਰੀ, ਗੁਰਪਾਲ ਕੌਰ, ਰਣਜੀਤ ਕੌਰ, ਸੁਖਵਿੰਦਰ ਕੌਰ, ਸੁਰਿੰਦਰ ਕੌਰ ਐਮ.ਸੀ, ਮਾਸਟਰ ਜੈ ਰਾਮ ਬਾੜੀਆਂ, ਧਰਮ ਸਿੰਘ ਫੌਜੀ, ਹੰਸ ਰਾਜ, ਸੁਖਵਿੰਦਰ ਕੁਮਾਰ, ਥਾਣੇਦਾਰ ਸੁਖਦੇਵ ਸਿੰਘ, ਥਾਣੇਦਾਰ ਬਲਵਿੰਦਰ ਸਿੰਘ, ਡਾਕਟਰ ਪਰਮਿੰਦਰ ਸਿੰਘ, ਰਾਜੀਵ ਬੰਗੜ, ਨਿਰਮਲ ਸਿੰਘ ਮੁੱਗੋਵਾਲ ਸਮੇਤ ਸੁਸਾਇਟੀ ਦੇ ਮੈਂਬਰ ਅਤੇ ਸਮਰਥਕ ਹਾਜ਼ਰ ਸਨ। ਇਸ ਤੋਂ ਬਾਅਦ ਦੀਆ ਰਾਣੀ ਉਨਾਂ ਦੀ



ਸਮੁੱਚੀ ਟੀਮ ਅਤੇ ਤ੍ਰਿਸ਼ਾ,ਪਰੀ, ਜੈਸਮੀਨ, ਬਾਣੀ ਅਤੇ ਹੋਰ ਬੱਚੀਆਂ ਵੱਲੋਂ ਤਥਾਗਤ ਭਗਵਾਨ ਬੁੱਧ, ਸਮਰਾਟ ਅਸ਼ੋਕ, ਸਤਿਗੁਰੂ ਰਵਿਦਾਸ ਮਹਾਰਾਜ ਅਤੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੀ ਵਿਚਾਰਧਾਰਾ ਨੂੰ ਦਰਸਾਉਂਦੀਆਂ ਕੋਰੀਓਗਰਾਫੀਆਂ ਅਤੇ ਸਕਿੱਟਾਂ ਪੇਸ਼ ਕੀਤੀਆਂ ਗਈਆਂ। ਸੰਤ ਪਵਨ ਕੁਮਾਰ ਤਾਜੇਵਾਲ ਜੀ ਨੇ ਆਪਣੀ ਰਸਭਿੰਨੀ ਆਵਾਜ਼ ਵਿੱਚ ਕੀਰਤਨ ਕੀਤਾ।

# 'ਬੌਧਿਕ ਸੰਪਦਾ ਅਧਿਕਾਰ' ਵਰਕਸ਼ਾਪ ਦਾ ਆਯੋਜਨ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਸ੍ਰੀ ਸੁਖਮਨੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਡੇਰਾ ਬੱਸੀ ਵੱਲੋਂ ਰਿਸਰਚ ਐਂਡ ਕਨਸਲਟੈਂਸੀ ਸੈੱਲ ਦੇ ਸਹਿਯੋਗ ਨਾਲ 'ਬੌਧਿਕ ਸੰਪਦਾ ਅਧਿਕਾਰ ' ਤੇ ਇੱਕ ਦਿਨਾ ਵਰਕਸ਼ਾਪ ਦਾ ਸਫਲ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਦਾ ਆਯੋਜਨ ਡਾ. ਕਪਿਲ ਕੁਮਾਰ ਅਤੇ ਡਾ. ਆਸ਼ਾ ਗਾਂਧੀ, ਰਿਸਰਚ ਅਤੇ ਕਨਸਲਟੈਂਸੀ ਗਤੀਵਿਧੀਆਂ ਦੇ ਮੁਖੀਆਂ ਵੱਲੋਂ ਕੀਤਾ ਗਿਆ। ਇਸ ਦਾ ਉਦੇਸ਼ ਵਿਦਿਆਰਥੀਆਂ ਅਤੇ ਅਧਿਆਪਕਾਂ ਵਿੱਚ ਰਿਸਰਚ, ਨਵੀਨਤਾ ਅਤੇ ਉਦਯਮਿਤਾ ਵਿੱਚ ਬੌਧਿਕ ਸੰਪਦਾ ਦੇ ਮਹੱਤਵ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਇਸ ਮੌਕੇ



ਡਾ. ਦਮਨਜੀਤ ਸਿੰਘ, ਡਾਇਰੈਕਟਰ, ਐਸ ਐਸ ਜੀ ਆਈ , ਸ਼੍ਰੀ ਰਸ਼ਪਾਲ ਸਿੰਘ, ਚੀਫ਼ ਐਡਮਿਨਿਸਟਰੇਸ਼ਨ, ਐਸ ਐਸ ਜੀ ਆਈ, ਅਤੇ ਐਸ ਐਸ ਆਈ ਈ ਟੀ, ਐਸ ਐਸ ਆਈ ਐਚ ਐਮ, ਐਸ ਐਸ ਆਈ ਪੀ, ਐਸ ਐਸ ਸੀ ਐਲ ਅਤੇ ਐਸਐਸ ਆਈ ਪੀ ਦੇ ਪ੍ਰਿੰਸਿਪਲ ਵੀ ਹਾਜ਼ਰ ਰਹੇ। ਵਰਕਸ਼ਾਪ ਦੀ ਖਾਸ ਵਿਸ਼ੇਸ਼ਤਾ ਦਵਾਈ ਦੀ ਖੋਜ ਤੋਂ ਲੈ ਕੇ ਮਾਰਕੀਟ ਵਿੱਚ ਪਹੁੰਚਣ ਅਤੇ ਜੈਨੇਰਿਕ ਦਵਾਈ ਦੇ ਵਿਕਾਸ ਤੱਕ ਦੀ ਪ੍ਰਕਿਰਿਆ ਨੂੰ ਦਰਸਾਉਂਦੇ ਚਾਰਟ ਸਨ, ਜਿਨ੍ਹਾਂ ਰਾਹੀਂ ਸ਼ਰਕਤਕਾਰਾਂ ਨੂੰ ਉਦਯੋਗਕ ਪ੍ਰਕਿਰਿਆਵਾਂ ਨੂੰ ਸਮਝਣ ਦਾ ਮੌਕਾ ਮਿਲਿਆ।

# ਕੈਰੀਅਰ ਮਾਰਗਦਰਸ਼ਨ ਵਰਕਸ਼ਾਪ ਦਾ ਸਫਲ ਆਯੋਜਨ

**ਗੁਰਾਇਆ (ਬਿੰਦਰ ਸੁਮਨ)**-ਸ੍ਰੀ ਹਨੂਮਤ ਇੰਟਰਨੈਸ਼ਨਲ ਪਬਲਿਕ ਸਕੂਲ ਵਿੱਚ ਕਲਾਸ IX ਤੋਂ XII



ਤੱਕ ਦੇ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਕਰੀਅਰ ਮਾਰਗਦਰਸ਼ਨ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ 'ਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਤੋਂ ਪਹੁੰਚੇ ਅਮ੍ਰਿਤਪਾਲ ਕਲਸੀ ਨੇ ਮੁੱਖ ਰਿਸੋਰਸ ਪਰਸਨ ਵਜੋਂ ਵਿਦਿਆਰਥੀਆਂ ਨੂੰ ਮਾਰਗਦਰਸ਼ਨ ਦਿੱਤਾ। ਵਰਕਸ਼ਾਪ ਦਾ ਮੁੱਖ ਵਿਸ਼ਾ 'ਉਭਰਦੇ ਹੋਏ ਕਰੀਅਰ ਅਤੇ ਨਵੇਂ ਯੁੱਗ ਦੇ ਖੇਤਰ' ਰਿਹਾ। ਸ੍ਰੀ ਕਲਸੀ ਨੇ ਵਿਦਿਆਰਥੀਆਂ ਨੂੰ ਆਧੁਨਿਕ ਯੁੱਗ ਦੇ ਉਭਰਦੇ ਕਰੀਅਰ ਵਿਕਲਪਾਂ, ਟੈਕਨੋਲੋਜੀਕਲ ਤਬਦੀਲੀਆਂ ਅਤੇ ਭਵਿੱਖ ਵਿੱਚ ਲੋੜੀਂਦੇ ਹੁਨਰਾਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ। ਉਨ੍ਹਾਂ ਨੇ ਖਾਸ ਤੌਰ 'ਤੇ ਆਰਟੀਫੀਸ਼ੀਅਲ ਇੰਟੈਲੀਜੈਂਸ, ਡਾਟਾ ਸਾਇੰਸ, ਸਾਇਬਰ ਸੁਰੱਖਿਆ, ਡਿਜ਼ੀਟਲ ਮਾਰਕੀਟਿੰਗ ਅਤੇ ਸਟਾਰਟਅਪ ਸੰਸਕ੍ਰਿਤੀ ਵਰਗੇ ਖੇਤਰਾਂ ਤੇ ਰੋਸ਼ਨੀ ਪਾਈ।ਵਿਦਿਆਰਥੀਆਂ ਨਾਲ ਯੂਨੀਵਰਸਿਟੀ ਪੱਧਰ 'ਤੇ ਉਪਲਬਧ ਮੌਕਿਆਂ ਅਤੇ ਭਵਿੱਖੀ ਯੋਜਨਾਵਾਂ ਸੰਬੰਧੀ ਅਹਿਮ ਜਾਣਕਾਰੀਆਂ ਸਾਂਝੀਆਂ ਕੀਤੀਆਂ। ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਵਰਕਸ਼ਾਪ ਵਿੱਚ ਭਾਗ ਲਿਆ ਅਤੇ ਆਪਣੇ ਕਰੀਅਰ ਸੰਬੰਧੀ ਸਵਾਲ ਪੁੱਛ ਕੇ ਲਾਭ ਪ੍ਰਾਪਤ ਕੀਤਾ।

# ਪੁਲਸ ਮੁਕਾਬਲੇ ਦੌਰਾਨ ਇੱਕ ਮੁਲਜ਼ਮ ਜ਼ਖਮੀ, ਸਾਥੀ ਗ੍ਰਿਫ਼ਤਾਰ

**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਦੇ ਪਿੰਡ ਹਰੀਪੁਰ ਨੇੜੇ ਹੋਏ ਪੁਲਸ ਮੁਕਾਬਲੇ ਦੌਰਾਨ ਇੱਕ ਮੁਲਜ਼ਮ ਜ਼ਖਮੀ ਹੋ ਗਿਆ ਜਦਕਿ ਉਸ ਦੇ ਸਾਥੀ ਨੂੰ ਵੀ ਪੁਲਸ ਨੇ ਕਾਬੂ ਕਰ ਲਿਆ। ਐਸ ਐਸ ਪੀ ਹਰਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ



ਆਦਮਪੁਰ ਪੁਲੀਸ ਵਲੋਂ ਹਰੀਪੁਰ ਪਿੰਡ ਨੇੜੇ ਨਾਕਾ ਲਗਾਇਆ ਹੋਇਆ ਸੀ ਕਿ ਆਦਮਪੁਰ ਪੁਲਸ ਸਟੇਸ਼ਨ ਵਿਚ ਤਾਇਨਾਤ ਏ ਐਸ ਆਈ ਦਇਆ ਚੰਦ ਨੇ ਮੋਟਰਸਾਈਕਲ ਸਵਾਰਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ ਤੇ ਮੋਟਰਸਾਈਕਲ ਚਾਲਕ ਨੇ ਮੋਟਰਸਾਈਕਲ ਤੇਜ ਕਰ ਲਿਆ ਪਰ ਮੋਟਰਸਾਈਕਲ ਸਲਿਪ ਹੋ ਜਾਣ ਕਾਰਨ ਉਹ ਡਿੱਗ ਗਏ ਤੇ ਮੋਟਰਸਾਈਕਲ ਚਾਲਕ ਵਲੋਂ ਪੁਲਸ ਮੁਲਾਜ਼ਮਾਂ 'ਤੇ ਗੋਲੀ ਚਲਾ ਦਿੱਤੀ। ਜਿਸ ਕਾਰਨ ਆਪਣੇ ਬਚਾਅ ਵਿਚ ਏ ਐਸ ਆਈ ਦਇਆ ਚੰਦ ਨੇ ਵੀ ਜਵਾਬੀ ਗੋਲੀ ਚਲਾਈ ਜੋ ਕਿ ਮੋਟਰਸਾਈਕਲ ਚਾਲਕ ਦੇ ਲੱਗੀ। ਇਸੇ ਦੌਰਾਨ ਉਸ ਦੇ ਸਾਥੀ ਨੇ ਦੌੜਨ ਦੀ ਕੋਸ਼ਿਸ਼ ਕੀਤੀ ਪਰ ਪੁਲਸ ਦੀ ਟੀਮ ਨੇ ਉਸ ਨੂੰ ਕਾਬੂ ਕਰ ਲਿਆ। ਜ਼ਖਮੀ ਹੋਏ ਮੁਲਜ਼ਮ ਦੀ ਪਹਿਚਾਣ ਮਨਜੀਤ ਸਿੰਘ ਉਰਫ ਵਾਸੀ ਹਰੀਪੁਰ ਤੇ ਉਸ ਦੇ ਸਾਥੀ ਦੀ ਪਹਿਚਾਣ ਗਗਨਦੀਪ ਸਿੰਘ ਉਰਫ ਗੱਗੀ ਵਾਸੀ ਬੋਲੀਨਾ ਵਜੋਂ ਹੋਈ ਹੈ । ਘਟਨਾ ਵਾਲੀ ਥਾਂ 'ਤੇ ਪੁਲਸ ਅਧਿਕਾਰੀ ਐਸਐਸਪੀ ਹਰਵਿੰਦਰ ਸਿੰਘ ਵਿਰਕ ਐਸਪੀ ਹਰਪ੍ਰੀਤ ਸਿੰਘ ਰਾਏ ਤੇ ਡੀ ਐਸ ਪੀ ਇੰਦਰਜੀਤ ਸਿੰਘ ਵੀ ਪਹੁੰਚ ਗਏ ਹਨ। ਉਨ੍ਹਾਂ ਦੱਸਿਆ ਕਿ ਦੋਵਾਂ ਮੁਲਜ਼ਮਾਂ'ਤੇ ਪੰਜ ਪੰਜ ਕੇਸ ਦਰਜ ਹਨ ਤੇ ਇਹ ਸਾਰੇ ਕੇਸਾਂ ਵਿਚ ਭਗੌੜੇ ਕਰਾਰ ਦਿੱਤੇ ਜਾ ਚੁੱਕੇ ਸਨ। ਜ਼ਖਮੀ ਹੋਏ ਮਨਜੀਤ ਸਿੰਘ ਨੂੰ ਇਲਾਜ ਲਈ ਸਰਕਾਰੀ ਹਸਪਤਾਲ ਲਿਆਦਾ ਗਿਆ ਹੈ।

# ਲਾਇਨ ਕਲੱਬ ਨਵਾਂ ਐਕਟਿਵ ਦੀ ਮਹੀਨਾਵਾਰ ਮੀਟਿੰਗ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਲਾਈਨ ਕਲੱਬ ਨਵਾਂਸ਼ਹਿਰ ਐਕਟਿਵ ਦੀ ਮਹੀਨਾਵਾਰ ਮੀਟਿੰਗ ਜੋ ਵੈਲਕਮ ਹੋਟਲ ਦੇ 'ਚ ਕੀਤੀ ਗਈ ਇਹ ਮੀਟਿੰਗ ਪ੍ਰਧਾਨ ਜਸਵਿੰਦਰ ਕੌਰ ਗੁਣਾਚੌਰ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸੈਕਟਰੀ ਪੂਨਮ ਸੂਰੀ ਟਰਈਅਰ, ਸੰਜੀਵ ਕੈਂਥ ਪੀ ਆਰ ਓ, ਬੁੱਧ ਦਾਸ ਜ਼ੋਨ ਚੇਅਰਮੈਨ, ਸੰਜੀਵ ਸੂਰੀ ਰੀਜਨ ਚੇਅਰਮੈਨ, ਕੁਲਦੀਪ ਭੂਸ਼ਨ ਅਤੇ ਡਾਇਰੈਕਟਰ ਸਵਰਨਜੀਤ ਬਲਕਾਰ ਸਿੰਘ ਸਾਰੇ ਲਾਇਨ ਮੈਂਬਰ ਹਾਜ਼ਰ ਹੋਏ ਅਤੇ ਪਿਛਲੇ ਸਾਰੇ ਕੰਮਾਂ ਦੇ ਪ੍ਰੋਜੈਕਟਾਂ ਦਾ ਲੇਖਾ ਜੋਖਾ ਕੀਤਾ ਗਿਆ ਅਤੇ ਆਉਣ ਵਾਲੇ ਪ੍ਰੋਜੈਕਟਾਂ ਦੀ ਵੀ ਪਲੈਨਿੰਗ ਕੀਤੀ ਗਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਪਾਸਟ ਡਿਸਟਰਿਕਟ ਗਵਰਨਰ ਲਾਇਨ ਰਸ਼ਪਾਲ ਸਿੰਘ ਬੱਚਾਜੀਵੀ ਪਹੁੰਚੇ। ਉਨ੍ਹਾਂ ਮੈਡਲ ਅਤੇ ਸਰਟੀਫਿਕੇਟ ਦੇ ਕੇ ਕਲੱਬ ਦਾ ਸਨਮਾਨ ਕੀਤਾ। ਉਹਨਾਂ ਕਿਹਾ ਕਿ ਇਹ ਕਲੱਬ ਸਾਡੇ ਡਿਸਟਰਿਕਟ 'ਚੋਂ ਪਹਿਲੇ ਨੰਬਰ 'ਤੇ ਆਉਂਦਾ ਹੈ ਜੋ ਕਿ ਬਹੁਤ ਹੀ ਵਧੀਆ ਪ੍ਰੋਜੈਕਟ ਲਾਉਂਦੇ ਹਨ। ਅੰਤ 'ਤੇ ਡਿਪਟੀ ਗਵਰਨਰ ਲਾਇਨ ਤਰਲੋਚਨ ਸਿੰਘ ਵਿਰਦੀ ਨੇ ਆਏ ਹੋਏ ਸਾਰੇ ਲਾਇਨ ਮੈਂਬਰਾਂ ਦਾ ਅਤੇ ਪਾਸਟ ਗਵਰਨਰ ਰਸ਼ਪਾਲ ਸਿੰਘ ਬੱਚਾਜੀਵੀ ਦਾ ਧੰਨਵਾਦ ਕੀਤਾ।



# ਸ੍ਰੀ ਆਨੰਦਪੁਰ ਸਾਹਿਬ 'ਚ ਖੁੱਲਿਆ 'ਬੀ ਫਿਟ' ਸ਼ੋਅਰੂਮ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿੱਚ 'ਬੀ ਫਿਟ' ਨਾਮੀ ਸ਼ੋਅਰੂਮ ਦਾ ਉਦਘਾਟਨ ਕੀਤਾ ਗਿਆ, ਜੋ ਇਲਾਕੇ ਵਿੱਚ ਆਪਣੀ ਕਿਸਮ ਦਾ ਪਹਿਲਾ ਸਪਲੀਮੈਂਟ ਸਟੋਰ ਹੈ। ਇਸ ਮੌਕੇ ਬਲਵਿੰਦਰ ਸਿੰਘ ਅਤੇ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਕੋਲ ਦੇਸ਼ੀ ਤੇ ਵਿਦੇਸ਼ੀ ਕੰਪਨੀਆਂ ਦੇ ਹਰ ਤਰ੍ਹਾਂ ਦੇ ਸਪਲੀਮੈਂਟ ਉਪਲਬਧ ਹਨ। ਇਹ ਉਤਪਾਦ ਨਾ ਸਿਰਫ਼ ਜਿਮ ਜਾਣ ਵਾਲਿਆਂ ਲਈ, ਸਗੋਂ ਉਹਨਾਂ ਲੋਕਾਂ ਲਈ ਵੀ ਲਾਭਕਾਰੀ ਹਨ ਜੋ ਜਿਮ ਨਹੀਂ ਜਾ ਸਕਦੇ ਪਰ ਆਪਣੀ ਸਿਹਤ ਨੂੰ ਤੰਦਰੁਸਤ ਰੱਖਣਾ ਚਾਹੁੰਦੇ ਹਨ।ਉਹਨਾਂ ਕਿਹਾ ਕਿ ਆਮ ਤੌਰ 'ਤੇ ਸਰੀਰ ਵਿੱਚ ਵਿਟਾਮਿਨ ਦੀ ਘਾਟ ਰਹਿ ਜਾਂਦੀ ਹੈ, ਜਿਸ ਨੂੰ ਇਹ ਸਪਲੀਮੈਂਟ ਪੂਰਾ ਕਰਨ ਵਿੱਚ ਮਦਦਗਾਰ ਹਨ। ਬਲਵਿੰਦਰ ਸਿੰਘ ਨੇ ਦੱਸਿਆ ਕਿ ਜੇਕਰ ਕਿਸੇ ਵੀ ਚੀਜ਼ ਦੀ ਹੱਦ ਤੋਂ ਵੱਧ ਵਰਤੋਂ




ਕੀਤੀ ਜਾਵੇ ਤਾਂ ਉਹ ਨੁਕਸਾਨਦਾਇਕ ਹੋ ਸਕਦੀ ਹੈ, ਪਰ ਜੇ ਇਹਨਾਂ ਸਪਲੀਮੈਂਟਾਂ ਦੀ ਵਰਤੋਂ ਸਹੀ ਤਰੀਕੇ ਨਾਲ ਤੇ ਡਾਇਟ ਪਲਾਨ ਮੁਤਾਬਕ ਕੀਤੀ ਜਾਵੇ ਤਾਂ ਇਹ ਸਰੀਰ ਲਈ ਬਹੁਤ ਫਾਇਦੇਮੰਦ ਸਾਬਤ ਹੁੰਦੇ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪੁਨੀਤ ਸਿੰਘ ਰੰਧਾਵਾ, ਬਲਵਿੰਦਰ ਸਿੰਘ, ਜਸਵੰਤ ਸਿੰਘ, ਗੁਰਪ੍ਰੀਤ ਸਿੰਘ, ਗੱਗੀ ਹਮੀਰਾ, ਸੁੱਖ ਭੁੱਲਥ ਅਤੇ ਇਸ਼ੂ ਨਵੀਂ ਆਬਾਦੀ ਆਦਿ ਵੀ ਹਾਜ਼ਰ ਸਨ।

# ਬਲਾਕ ਪੱਧਰੀ ਪ੍ਰਾਇਮਰੀ ਖੇਡ ਮੇਲਾ ਕਰਵਾਇਆ

**ਆਦਮਪੁਰ, (ਪਰਮਜੀਤ ਸਿੰਘ)**- ਦਸ਼ਮੇਸ਼ ਸਟੇਡੀਅਮ ਪਿੰਡ ਹਰੀਪੁਰ ਵਿਖੇ ਬਲਾਕ ਪੱਧਰੀ ਪ੍ਰਾਇਮਰੀ ਖੇਡ ਮੇਲਾ ਕਰਵਾਇਆ ਗਿਆ ਜਿਸ ਦਾ ਉਦਘਾਟਨ ਸਰਪੰਚ ਡਾਕਟਰ ਨਿਰਮਲ ਕੌਲ ਨੇ ਰੀਬਨ ਕੱਟ ਕੇ ਕੀਤਾ ਜਿਸ ਵਿੱਚ ਰਸਾਕਸ਼ੀ ਕਬੱਡੀ ਖ਼ੂਹ ਖ਼ੂਹ ਲੰਮੀ ਛਾਲ 100 ਮੀਟਰ ਦੌੜ 200 ਮੀਟਰ ਦੌੜ ਤੇ ਹੋਰ ਬਹੁਤ ਸਾਰੀਆਂ ਗੇਮਾਂ ਸੀ। 15,20 ਸਕੂਲਾਂ ਦੇ ਬੱਚਿਆਂ ਨੇ ਇਸ ਗੇਮਾਂ ਵਿੱਚ ਹਿੱਸਾ ਲਿਆ ਤੇ ਪਹਿਲੇ



ਦੂਜੇ ਤੇ ਤੀਜੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਨੇ ਅਨਾਮ ਦੇ ਕੇ ਸਨਮਾਨਤ ਕੀਤਾ ਤੇ ਬੱਚਿਆਂ ਦਾ ਹੌਸਲਾ ਵਧਾਇਆ। ਇਸ ਮੌਕੇ ਸਾਬਕਾ ਸਰਪੰਚ ਜਸਵਿੰਦਰ ਸਿੰਘ ਸਾਬਕਾ ਸਰਪੰਚ ਬਲਜੀਤ ਸਿੰਘ ਗੁਰਦੁਆਰਾ ਦਸ਼ਮੇਸ਼ ਗੰਜ ਦੇ ਪ੍ਰਧਾਨ ਬਲਵੀਰ ਸਿੰਘ ਅਸ਼ਵੰਤ ਸਿੰਘ ਬਲਾਕ ਦੇ ਬਖਬਖ ਸਕੂਲਾਂ ਦੇ ਅਧਿਆਪਕ ਰਾਜਕੁਮਾਰ, ਸ਼ਿਵਰਾਜ ਸਿੰਘ ਗਿੱਲ, ਨਰਪਿੰਦਰ ਕੌਰ, ਬਲਵਿੰਦਰ ਸਿੰਘ, ਸਵੇਗ ਸਿੰਘ, ਕੁਲਵੀਰ ਕੁਮਾਰ, ਹਰਮਿੰਦਰ ਕੌਰ, ਸੁਨੀਤਾ ਵਰਮਾ, ਰੀਟਾ ਸ਼ਰਮਾ, ਵਰਿੰਦਰ ਕੁਮਾਰ, ਜਸਮੀਤ ਸਿੰਘ ਮੱਕੜ, ਮਨਦੀਪ ਕੌਰ ਹਰਦੇਸ ਹਾਜ਼ਰ ਸਨ।

# ਬਲਾਕ ਪੱਧਰੀ ਖੇਡਾਂ 'ਚ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ

**ਫਿਲੌਰ, ( ਹਰਜਿੰਦਰ ਕੌਰ ਚਾਹਲ)**-ਗੁਰਾਇਆ 'ਚ ਗੁਰਾਇਆ 2 ਦੇ ਬਲਾਕ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਦੇ ਮੁਕਾਬਲੇ ਗੁਰਾਇਆ 'ਚ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ 'ਚ ਸ੍ਰੀ ਦਸਮੇਸ਼



ਕਾਨਵੈਂਟ ਸਕੂਲ ਅੱਟੀ ਦੇ ਵਿਦਿਆਰਥੀਆਂ ਨੇ ਆਪਣੀ ਖੇਡ ਦਾ ਜੋਹਰ ਬਰਕਰਾਰ ਰੱਖਿਆ ।ਸਕੂਲ ਪੁੱਜਣ 'ਤੇ ਜੇਤੂਆਂ ਦਾ ਸਵਾਗਤ ਕਰਦੇ ਸਕੂਲ ਚੈਅਰਮੈਨ ਚਰਨਜੀਤ ਸਿੰਘ ਨੇ ਦੱਸਿਆ ਕਿ ਸਕੂਲ ਦੀਆਂ 5 ਟੀਮਾਂ ਅੰਡਰ 11 ਸਾਲ ਵਰਗ 'ਚ ਭਾਗ ਲੈਣ ਗਈਆਂ ਸਨ ਜਿਨ੍ਹਾਂ 'ਚ 4 ਟੀਮਾਂ ਨੇ ਪਹਿਲਾ ਸਥਾਨ ਅਤੇ ਇੱਕ ਟੀਮ ਨੇ ਦੂਸਰਾ ਸਥਾਨ ਹਾਸਲ ਕੀਤਾ। ਲੜਕੇ ਅਤੇ ਲੜਕੀਆਂ ਦੀ ਹਾਕੀ ਦੀ ਟੀਮ ਪਹਿਲੇ ਸਥਾਨ 'ਤੇ ਰਹੀ। ਜਦਕਿ ਲੜਕਿਆਂ ਦੀ ਰੱਸਾਕੱਸੀ ਦੀ 11 ਸਾਲ ਵਰਗ ਟੀਮ ਨੇ 14 ਸਾਲ ਅਤੇ 17 ਸਾਲ ਵਰਗ ਵਾਂਗ ਪਹਿਲਾ ਸਥਾਨ ਹਾਸਲ ਕਰਕੇ ਆਪਣੀ ਚੜ੍ਹਤ ਬਰਕਰਾਰ ਰੱਖੀ। ਬੈਡਮਿੰਟਨ ਲੜਕਿਆਂ ਦੀ ਟੀਮ ਵੀ ਪਹਿਲੇ ਸਥਾਨ 'ਤੇ ਰਹੀ ਜਦਕਿ ਲੜਕੀਆਂ ਦੀ ਟੀਮ ਦੂਸਰੇ ਸਥਾਨ 'ਤੇ ਰਹੀ। ਇਸ ਮੌਕੇ ਮੈਡਮ ਰਵਿੰਦਰਜੀਤ ਕੌਰ, ਮਨਪ੍ਰੀਤ ਕੌਰ, ਮੈਡਮ ਮਾਨਸੀ, ਮੈਡਮ ਹਰਜੀਤ ਕੌਰ, ਮੈਡਮ ਬਲਜੀਤ ਕੌਰ, ਪਲਵੀ, ਸੁਨੀਤਾ, ਗੁਰਜੀਤ ਕੌਰ, ਜੋਤੀ, ਸੰਦੀਪ ਕੌਰ, ਲਖਵੀਰ ਕੌਰ ਅਤੇ ਸਮੁੱਚਾ ਸਟਾਫ ਹਾਜ਼ਰ ਸੀ।

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਪੁਰਬ ਨੂੰ ਸਮਰਪਿਤ ਸਮਾਗਮ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਗੁਰਮਤਿ ਪ੍ਰਚਾਰ ਸੇਵਾ ਸਿਮਰਨ ਸੁਸਾਇਟੀ ਉੜਮੁੜ ਟਾਂਡਾ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਗੁਰਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਧਾਰਮਿਕ ਸਮਾਗਮਾਂ ਦੀ ਲੜੀ ਤਹਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਗੋਬਿੰਦ ਨਗਰ ਦਾਰਾਪੁਰ ਟਾਂਡਾ ਵਿੱਚ ਵਿਸ਼ਾਲ ਸਮਾਗਮ ਕਰਵਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਨਗਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਦੌਰਾਨ ਸਭ ਤੋਂ ਪਹਿਲਾਂ ਬੀਬੀਆਂ ਦੇ ਜਥੇ ਵੱਲੋਂ ਸੰਗਤੀ ਰੂਪ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ ਉਪਰੰਤ ਜਥੇਦਾਰ ਪਰਮਜੀਤ ਸਿੰਘ ਖਾਲਸਾ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਸਜਾਏ ਗਏ ਧਾਰਮਿਕ ਸਮਾਗਮ ਦੌਰਾਨ ਭਾਈ ਤਰਲੋਚਨ ਸਿੰਘ, ਭਾਈ ਸਰਬਜੀਤ ਸਿੰਘ, ਭਾਈ ਪਰਮਜੀਤ ਸਿੰਘ ਮੂਨਕਾਂ ਵਾਲਿਆਂ ਦੇ ਰਾਜੀਵ ਜੱਥੇ ਨੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਦੇ ਹੋਏ ਗੁਰੂ ਚਰਨਾਂ ਨਾਲ ਜੋੜਿਆ। ਸਮਾਗਮ ਦੌਰਾਨ ਵਿਸ਼ੇਸ਼ ਤੌਰ ਤੇ ਪਹੁੰਚੇ ਸੇਵਾ ਮੁਕਤ ਜਿਲਾ ਉਪ ਸਿੱਖਿਆ ਅਫਸਰ



ਸੁਖਵਿੰਦਰ ਸਿੰਘ ਖਿਆਲਾ ਬੁਲੰਦਾ, ਗੁਰਮਤਿ ਪ੍ਰਚਾਰ ਸੇਵਾ ਸਿਮਰਨ ਸੁਸਾਇਟੀ ਦੇ ਮੁੱਖ ਸੇਵਾਦਾਰ ਭਾਈ ਰਵਿੰਦਰ ਸਿੰਘ ਰਵੀ, ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸੋਸਾਇਟੀ ਮੂਨਕ ਖੁਰਦ ਦੇ ਪ੍ਰਧਾਨ ਭਾਈ ਸਰਬਜੀਤ ਸਿੰਘ ਮੋਮੀ, ਮਾਸਟਰ ਸੰਤੋਖ ਸਿੰਘ, ਭਾਈ ਗੁਰਕਿਰਪਾਲ ਸਿੰਘ, ਮਾਸਟਰ ਨਰਿੰਦਰ ਸਿੰਘ ਨੇ ਸੰਬੋਧਨ ਕਰਦੇ ਹੋਏ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਇਤਿਹਾਸ ਅਤੇ ਮਹਾਨ ਸ਼ਹੀਦੀ ਤੇ ਚਾਨਣਾ ਪਾਉਂਦੇ ਹੋਏ ਉਹਨਾਂ ਵੱਲੋਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਕੀਤੀ ਗਈ ਪਵਿੱਤਰ ਬਾਣੀ ਨੂੰ ਆਪਣੇ ਮਨਾਂ ਵਿੱਚ ਵਸਾ ਕੇ ਮਨੁੱਖਾ ਜਨਮ ਸਫਲਾ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਮੂਹ ਸੰਗਤ ਨੂੰ ਗੁਰਮਤਿ ਪ੍ਰਚਾਰ ਸੇਵਾ ਸਿਮਰਨ ਸੁਸਾਇਟੀ ਵੱਲੋਂ ਕਰਵਾਏ ਜਾਣ ਵਾਲੇ ਹੋਰ ਸਮਾਗਮਾਂ ਸਬੰਧੀ ਵੀ ਵੇਰਵਾ ਦਿੱਤਾ ਗਿਆ ਅਤੇ ਇਹਨਾਂ ਸਮਾਗਮਾਂ ਵਿੱਚ ਸਹਿਯੋਗ ਕਰਨ ਲਈ ਅਪੀਲ ਕੀਤੀ ਗਈ। ਇਸ ਮੌਕੇ ਭਾਈ ਬੂਟਾ ਸਿੰਘ, ਆਗਿਆ ਸਿੰਘ, ਓਕਾਰ ਸਿੰਘ ਮੂਨਕਾ ,ਨਰਿੰਦਰ ਸਿੰਘ, ਸੰਤੋਖ ਸਿੰਘ ,ਸਿਮਰਨਜੀਤ ਸਿੰਘ, ਸ਼ਰਧਾ ਸਿੰਘ, ਕਿਰਪਾਲ ਸਿੰਘ ਪੰਡੋਰੀ, ਤੀਰਥ ਸਿੰਘ, ਪਿਆਰਾ ਸਿੰਘ, ਗੁਰ ਸੰਦੀਪ ਸਿੰਘ, ਗੁਰਪ੍ਰੀਤ ਸਿੰਘ, ਮਨਦੀਪ ਸਿੰਘ ਦੀਪਾ, ਭਾਈ ਸੁਰਜੀਤ ਸਿੰਘ, ਬੀਬੀ ਰਣਜੋਧ ਕੌਰ, ਜਗਜੀਤ ਕੌਰ, ਜਗਜੀਤ ਸਿੰਘ , ਸਤਵੰਤ ਕੌਰ ਭੁਪਾਲ ਸਿੰਘ, ਪ੍ਰਿਥੀਪਾਲ ਸਿੰਘ ਵੀ ਹਾਜ਼ਰ ਸਨ।

# ਉਲੰਪੀਅਡ 'ਚ ਵੱਧ ਰਜਿਸਟ੍ਰੇਸ਼ਨ ਕਰਨ ਵਾਲੇ ਸਕੂਲ ਨੂੰ ਮਿਲੇਗਾ 11000 ਦਾ ਇਨਾਮ : ਸੰਦੀਪ ਵਰਮਾ

**ਬੰਗਾ (ਅਵਤਾਰ ਕਲੇਰ)**

ਪੰਜਾਬ ਸਕੂਲ ਸਿੱਖਿਆ ਬੋਰਡ ਐਸ ਏ ਐਸ ਨਗਰ ਮੋਹਾਲੀ ਵੱਲੋਂ ਚੇਅਰਮੈਨ ਪੰਜਾਬ ਸਕੂਲ ਸਿੱਖਿਆ ਬੋਰਡ ਡਾ. ਅਮਰਪਾਲ ਸਿੰਘ ਆਈ ਏ ਐਸ ਰਿਟ. ਦੀ ਅਗਵਾਈ ਹੇਠ ਪੰਜਾਬੀ ਭਾਸ਼ਾ ਦੇ ਅਮੀਰ ਵਿਰਸੇ ਨੂੰ ਸੰਭਾਲਣ ਅਤੇ ਪ੍ਰਫੁੱਲਿਤ ਕਰਨ ਲਈ ਹਰ ਸਮੇਂ ਸੰਭਵ ਉਪਰਾਲੇ ਕੀਤੇ ਜਾਂਦੇ ਰਹਿੰਦੇ ਹਨ ਇਸੇ ਤਹਿਤ ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵੱਲੋਂ ਤੀਜਾ ਅੰਤਰ ਰਾਸ਼ਟਰੀ ਪੰਜਾਬੀ ਬੋਲੀ ਓਲੰਪੀਅਡ 2025 ਜਲਦ ਕਰਵਾਇਆ ਜਾ ਰਿਹਾ ਹੈ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਉਪ ਸਕੱਤਰ ਅਕਾਦਮਿਕ ਸੰਦੀਪ ਵਰਮਾ ਨੇ ਬੰਗਾ ਵਿਖੇ ਦੱਸਿਆ ਕਿ ਇਸ ਪੰਜਾਬੀ ਓਲੰਪੀਆਡ ਵਾਸਤੇ ਆਨਲਾਈਨ ਰਜਿਸਟਰੇਸ਼ਨ 18 ਅਗਸਤ 2025 ਤੋਂ 31 ਅਕਤੂਬਰ 2025 ਤੱਕ ਕੀਤੀ ਜਾ ਰਹੀ ਹੈ ਇਸ ਦਾ ਪਹਿਲਾ ਮੌਕ ਟੈਸਟ 10 ਨਵੰਬਰ 2025 ਨੂੰ ਹੋਵੇਗਾ ।ਪਹਿਲੇ ਪੜਾਅ ਦਾ ਟੈਸਟ ਪੰਜ ਦਸੰਬਰ 2025 ਆਨਲਾਈਨ ਮੋਡ ਰਾਹੀਂ ਹੋਵੇਗਾ ।ਦੂਜੇ ਪੜਾਅ ਦਾ ਟੈਸਟ 15 ਦਸੰਬਰ 2025 ਆਨਲਾਈਨ ਮੋਡ ਰਾਹੀਂ ਹੋਵੇਗਾ ਅਤੇ ਫਾਈਨਲ ਟੈਸਟ 23 ਦਸੰਬਰ 2025 ਲਿਖਤੀ ਪ੍ਰਤਿਯੋਗਿਤਾ ਪੰਜਾਬ ਸਕੂਲ ਸਿੱਖਿਆ ਬੋਰਡ ਦਫਤਰ ਵਿਖੇ ਹੋਵੇਗਾ।ਉਹਨਾਂ ਨੇ ਦੱਸਿਆ ਕਿ



ਪਹਿਲ ਇਨਾਮ11000, ਦੂਸਰਾ ਇਨਾਮ 7100ਅਤੇ ਤੀਸਰਾ ਇਨਾਮ 5100 ਰੁਪਏ ਵੱਖ ਵੱਖ ਵਰਗਾਂ ਦਾ ਹੋਵੇਗਾ ਉਹਨਾਂ ਦੱਸਿਆ ਕਿ ਇਸ ਪੰਜਾਬੀ ਓਲੰਪੀਅਡ ਦਾ ਸਭ ਤੋਂ ਵਿਲੱਖਣ ਪੱਖ ਇਹ ਹੈ ਕਿ ਇਸ ਓਲੰਪੀਅਡ ਵਿੱਚ ਨਾ ਕੇਵਲ ਪੰਜਾਬ ਰਾਜ ਦੇ ਵਿਦਿਆਰਥੀ ਸਗੋਂ ਦੂਜੇ ਰਾਜਾਂ ਦੇ ਵਿਦਿਆਰਥੀਆਂ ਦੇ ਨਾਲ ਨਾਲ ਐਨ ਆਰ ਆਈ ਵਿਦਿਆਰਥੀ ਵੀ ਹਿੱਸਾ ਲੈ ਸਕਦੇ ਹਨ। ਉਹਨਾਂ ਕਿਹਾ ਕਿ ਅੰਤਰਰਾਸ਼ਟਰੀ ਪੰਜਾਬੀ ਬੋਲੀ ਓਲੰਪੀਅਡ 2025 ਦੀ ਪ੍ਰਤਿਯੋਗਤਾ ਲਈ ਸਭ ਤੋਂ ਵੱਧ ਰਜਿਸਟਰੇਸ਼ਨ ਕਰਾਉਣ ਵਾਲੇ ਸਕੂਲ ਨੂੰ 11000 ਰੁਪਏ ਦੇ ਕੇ ਸਨਮਾਨਤ ਕੀਤਾ ਜਾਵੇਗਾ ਅਤੇ ਨਾਲ ਹੀ ਪਹਿਲੀਆਂ 100 ਪੁਜੀਸ਼ਨਾਂ ਵਿੱਚੋਂ ਸਭ ਤੋਂ ਵੱਧ ਘੱਟੋ ਘੱਟ 10 ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਸਕੂਲ ਨੂੰ ਵੀ 11000 ਦੀ ਨਗਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਜਾਵੇਗਾ।



ਫਾਸ਼ੀ ਹਮਲਿਆਂ ਵਿਰੋਧੀ ਫਰੰਟ ਪੰਜਾਬ ਵੱਲੋਂ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਰੈਲੀ ਵਿਚ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਕਾਮਰੇਡ ਨਰੰਜਣ ਦਾਸ ਮੇਹਲੀ ਜ਼ਿਲ੍ਹਾ ਸਕੱਤਰ ਸੀ ਪੀ ਆਈ ਤੇ ਜਸਵਿੰਦਰ ਸਿੰਘ ਭੰਗਲ ਜ਼ਿਲ੍ਹਾ ਮੀਤ ਸਕੱਤਰ ਦੀ ਅਗਵਾਈ ਹੇਠ 65 ਸਾਥੀ ਸ਼ਾਮਲ ਹੋਏ। (ਫੋਟੋ ਤੇ ਵੇਰਵਾ : ਬੰਗਾ ਅਵਤਾਰ ਕਲੇਰ)

## ਰਿਆਤ ਬਾਹਰਾ ਯੂਨੀਵਰਸਿਟੀ ਵਿਖੇ ਖੂਨਦਾਨ ਕੈਂਪ ਆਯੋਜਿਤ



**ਮੋਹਾਲੀ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਦੇ ਸਕੂਲ ਆਫ ਅਲਾਈਡ ਹੈਲਥ ਸਾਇੰਸਿਜ਼ ਵੱਲੋਂ ਰਾਸ਼ਟਰੀ ਸਵੈ-ਇੱਛਤ ਖੂਨਦਾਨ ਦਿਵਸ ਮਨਾਉਣ ਲਈ ਖੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਸ਼ਿਵ ਕੰਵਰ ਮਹੰਸ਼ਿਕ ਪੰਚਕੂਲਾ, ਪੀ ਐਸ ਬੀ ਸ਼ਾਖਾ ਆਰਥੋਪੈਡਿਕ ਮੁਹਾਲੀ ਅਤੇ ਰੈੱਡ ਕਰਾਸ ਸੁਸਾਇਟੀ ਚੰਡੀਗੜ੍ਹ ਦੇ ਸਹਿਯੋਗ ਨਾਲ ਗਾਇਆ ਗਿਆ।ਕੈਂਪ ਵਿੱਚ ਜੀ ਐਮ ਸੀ ਐਚ-ਸੈਕਟਰ 32, ਚੰਡੀਗੜ੍ਹ ਦੀ ਟੀਮ ਅਤੇ ਰੈੱਡ ਕਰਾਸ ਸੋਸਾਇਟੀ ਚੰਡੀਗੜ੍ਹ ਬਲੱਡ ਸੈਂਟਰ ਦੀ ਟੀਮ ਨੇ ਸ਼ਮੂਲੀਅਤ ਕੀਤੀ। ਇਸ ਕੈਂਪ ਦੌਰਾਨ 136 ਯੂਨਿਟ ਖੂਨ ਇਕੱਠਾ ਕੀਤਾ ਗਿਆ।ਯੂ ਐਸ ਏ ਐਚ ਐਸ ਦੇ ਡੀਨ ਡਾ. ਪੰਕਜ ਕੌਲ ਨੇ ਦੱਸਿਆ ਕਿ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਖੂਨਦਾਨ ਕਰਦੇ ਹੋਏ ਸਮਾਜਿਕ ਜ਼ਿੰਮੇਵਾਰੀ ਦਾ ਨਿਭਾਅ ਕੀਤਾ। ਇਸ ਮੌਕੇ 'ਤੇ ਕਲੀਨਿਕਲ ਬਾਇਓਕੈਮਿਸਟਰੀ ਦੇ ਸਹਾਇਕ ਪ੍ਰੋਫੈਸਰ ਤਰਨਜੀਤ ਸਿੰਘ ਅਤੇ ਐਮਐਲਐਸ ਦੇ ਟਿਊਟਰ ਸੌਰਵ ਵੀ ਮੌਜੂਦ ਸਨ। ਵੱਖ-ਵੱਖ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਹੋਰਨਾਂ ਨੂੰ ਖੂਨਦਾਨ ਲਈ ਪ੍ਰੇਰਿਤ ਕੀਤਾ। ਕੈਂਪ ਨੂੰ ਸਫਲ ਬਣਾਉਣ ਵਿੱਚ ਵਲੰਟੀਅਰਾਂ ਨੇ ਮਹੱਤਵਪੂਰਨ ਭੂਮਿਕਾ ਨਿਭਾਈ। ਸ਼ਿਵਦੁਲਾਰ ਸਿੰਘ ਢਿੱਲੋਂ, ਸਕੱਤਰ, ਨੇ ਕੈਂਪ ਦਾ ਦੌਰਾ ਕਰਦੇ ਹੋਏ ਖੂਨਦਾਨੀਆਂ ਦੀ ਪ੍ਰਸ਼ੰਸਾ ਕੀਤੀ।

## ਸ੍ਰੀ ਗੁਰੂ ਰਵਿਦਾਸ ਧਰਮ ਅਸਥਾਨ ਦੀ ਜ਼ਮੀਨ ਬਿਨਾਂ ਸ਼ਰਤ ਰਵਿਦਾਸੀਆ ਸਮਾਜ ਨੂੰ ਸਪੁਰਦ ਕੀਤੀ ਜਾਵੇ

**ਅਲਾਵਲਪੁਰ (ਮਦਨ ਬੰਗੜ)**- ਰਵਿਦਾਸੀਆ ਧਰਮ ਪ੍ਰਚਾਰ ਅਸਥਾਨ, ਕਾਹਨਪੁਰ ਵਿਖੇ ਰਵਿਦਾਸੀਆ ਧਰਮ ਪ੍ਰਚਾਰਕ ਸੰਤ ਸਮਾਜ ਸੋਸਾਇਟੀ (ਰਜਿ.) ਅਤੇ ਅੰਤਰ ਰਾਸ਼ਟਰੀ ਜਗਤਗੁਰੂ ਰਵਿਦਾਸ ਸਾਹਿਤ ਸੰਸਥਾ (ਰਜਿ.) ਅਤੇ ਰਵਿਦਾਸੀਆ ਯੂਥ ਵੈਲਫੇਅਰ ਸੋਸਾਇਟੀ (ਰਜਿ.) ਵੱਲੋਂ ਮੀਟਿੰਗ ਦੌਰਾਨ ਸਾਂਝੇ ਤੌਰ ਤੇ ਬਿਆਨ ਜਾਰੀ ਕੀਤਾ ਗਿਆ । ਜਿਸ ਵਿੱਚ ਅਹਿਮ ਵਿਚਾਰਾਂ ਕੀਤੀਆਂ ਗਈਆਂ। ਪਿਛਲੇ ਦਿਨੀਂ ਕੇਂਦਰ ਸਰਕਾਰ ਵੱਲੋਂ ਡੀ.ਡੀ. ਏ. ਦਿੱਲੀ ਰਾਹੀਂ ਸ੍ਰੀ ਗੁਰੂ ਰਵਿਦਾਸ ਧਾਮ



ਅਸਥਾਨ ਚਮਾਰਵਾੜਾ ਜੋਹੜ, ਤੁਗਲਕਾਬਾਦ, ਦਿੱਲੀ ਦੀ ਜਮੀਨ (ਜੋ ਕਿ ਰਾਜਾ ਸਿਕੰਦਰ ਲੋਧੀ ਵੱਲੋ 1509 ਈ. ਨੂੰ ਜਗਤਗੁਰੂ ਰਵਿਦਾਸ ਜੀ ਮਹਾਰਾਜ ਨੂੰ ਭੇਂਟ ਕੀਤੀ ਗਈ ਸੀ।) ਰਵਿਦਾਸੀਆ ਸਮਾਜ ਨੂੰ ਪੱਟੇ (ਲੀਜ਼) ਤੇ ਦੇਣਾ ਸਮੂਹ ਰਵਿਦਾਸੀਆ ਸਮਾਜ ਨਾਲ ਮਜਾਕ ਹੈ ਇਸ ਨਾਲ ਦੇਸ਼ਾਂ ਵਿਦੇਸ਼ਾਂ ਵਿੱਚ ਵੱਸਦੇ ਸਮੂਹ 'ਰਵਿਦਾਸੀਆ ਸਮਾਜ' ਦੇ ਦਿਲਾਂ ਨੂੰ ਠੇਸ ਪਹੁੰਚੀ ਹੈ । ਕੇਂਦਰ ਸਰਕਾਰ ਅਤੇ ਡੀ.ਡੀ. ਏ. ਦਿੱਲੀ ਨੂੰ ਸਮੂਹ ਸਮਾਜ ਵੱਲੋਂ ਅਪੀਲ ਕਰਦੇ ਹਾਂ ਕਿ ਇਹ ਸਾਰੀ ਜਮੀਨ ਬਿਨਾਂ ਕਿਸੇ ਸ਼ਰਤ ਤੋਂ ਸਥਾਈ ਤੌਰ ਤੇ ਰਵਿਦਾਸੀਆ ਸਮਾਜ ਦੇ ਸਪੁਰਦ ਕੀਤੀ ਜਾਏ ਤਾਂ ਜੋ ਅਸੀਂ ਆਪਣੀ ਵਿਰਾਸਤ ਦੀ ਸਾਂਭ-ਸੰਭਾਲ ਕਰ ਸਕੀਏ ਅਤੇ ਭਵਿੱਖ ਵਿੱਚ 'ਰਵਿਦਾਸੀਆ ਸਮਾਜ' ਨੂੰ ਕਿਸੇ ਵੀ ਤਰ੍ਹਾਂ ਦਾ ਸੰਘਰਸ਼ ਨਾ ਕਰਨਾ ਪਵੇ । ਇਸ ਜ਼ਮੀਨ ਨੂੰ ਪੱਟੇ (ਲੀਜ਼) ਤੇ ਮਿਲਣਾ ਆਪਣੇ ਹੀ ਘਰ ਵਿੱਚ ਕਿਰਾਏ ਤੇ ਰਹਿਣ ਸਮਾਨ ਹੈ, ਜੋ ਕਿ ਨਿੰਦਣਯੋਗ ਹੈ । ਇਸ ਮੌਕੇ ਰਵਿਦਾਸੀਆ ਧਰਮ ਅਤੇ ਸਮਾਜ ਨਾਲ ਸੰਬੰਧਿਤ ਵੱਖ-ਵੱਖ ਵਿਸ਼ਿਆਂ ਤੇ ਚਰਚਾ ਹੋਈ, ਇਸ ਮੌਕੇ ਸੰਤ ਸੁਰਿੰਦਰ ਦਾਸ ਬਾਵਾ, ਸੰਤ ਸੱਤਿਆਪਾਲ ਦਾਸ ਚੰਡੀਗੜ੍ਹ, ਸੰਤ ਬੀਬੀ ਕ੍ਰਿਸ਼ਨਾ ਦੇਵੀ, ਬੋਪਾਰਾਏ ਕਲਾਂ, ਸੰਤ ਚੰਨ ਪਰਕਾਸ਼ ਜੀ ਪਠਾਨਕੋਟ, ਸੰਤ ਹਰਵਿੰਦਰ ਦਾਸ ਆਦਮਪੁਰ, ਸੰਤ ਬਲਬੀਰ ਦਾਸ ਖੰਨਾ, ਮੋਹਨ ਲਾਲ ਫਿਲੌਰੀਆ, ਸੁਭਾਸ਼ ਮੁਸਾਫਿਰ, ਰਜਿੰਦਰ ਰਾਣਾ, ਐਡਵੋਕੇਟ ਵਿਜੇ ਬੱਧਣ, ਰਜਿੰਦਰ ਖੇਤਗੜ ਰਾਏਪੁਰੀ, ਐਡਵੋਕੇਟ ਤਲਵਿੰਦਰ ਕੁਮਾਰ, ਜੀਵਨ ਸੈਹਲ, ਰਿਟਾ. ਮੈਨੇਜਰ ਕ੍ਰਿਪਾਲ ਚੰਦ, ਰਿਟਾ.ਪ੍ਰੋਫੈਸਰ ਬਲਬੀਰ ਚੰਦਰ, ਰਿਟਾ. ਮੈਨੇਜਰ ਰਾਜ ਕੁਮਾਰ, ਰਿਟਾ. ਮੈਨੇਜਰ ਸ਼ੰਕਰ ਦਾਸ, ਰਿਟਾ. ਪ੍ਰਿੰਸੀਪਲ ਰਾਜ ਕੁਮਾਰੀ, ਡਾ. ਸੁਦੇਸ਼ ਦਾਦਰਾ, ਪਰਸ਼ੋਤਮ ਦਾਦਰਾ, ਐਮ. ਆਰ. ਸੱਲਣ, ਪ੍ਰਿੰਸੀਪਲ ਪਰਮਜੀਤ ਜੱਸਲ, ਸੁਖਵਿੰਦਰ ਗੋਲਡੀ, ਨਰੇਸ਼ ਕੁਮਾਰ, ਬਲਵਿੰਦਰ ਕੁਮਾਰ, ਬੁਪਿੰਦਰਜੀਤ ਤੇ ਹੋਰ ਮੈਂਬਰ ਹਾਜ਼ਰ ਸਨ।

## ਵਿਧਾਇਕ ਰਾਜਾ ਨੇ ਅਚਨਚੇਤ ਦਾਣਾ ਮੰਡੀ ਟਾਂਡਾ ਦਾ ਕੀਤਾ ਦੌਰਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪੰਜਾਬ ਮੰਡੀ ਬੋਰਡ ਅਧੀਨ ਆਉਂਦੇ ਅਨਾਜ ਮੰਡੀ ਟਾਂਡਾ ਵਿਖੇ ਮੌਜੂਦਾ ਚੱਲ ਰਹੇ ਝੋਨੇ ਦੇ ਸੀਜ਼ਨ ਦੌਰਾਨ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਅਚਨਚੇਤ ਹੀ ਦਾਣਾ ਮੰਡੀ ਟਾਂਡਾ ਦਾ ਦੌਰਾ ਕੀਤਾ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਦੱਸਿਆ ਕਿ ਆੜਤੀਆਂ ਵੱਲੋਂ ਮੰਡੀ ਵਿੱਚ ਝੋਨਾ ਵੱਧ ਨਮੀ ਵਾਲਾ ਅਤੇ ਖਰਾਬ ਝੋਨਾ ਆਉਣ ਦੀ ਸ਼ਿਕਾਇਤ ਉਪਰੰਤ ਝੋਨੇ ਦੀ ਖਰੀਦ ਬੰਦ ਕੀਤੀ ਗਈ ਸੀ ਜਿਸ ਦੌਰਾਨ ਆੜਤੀਆਂ ਨਾਲ ਗੱਲਬਾਤ ਕਰਨ ਉਪਰੰਤ ਬੰਦ ਪਈ ਖਰੀਦ ਨੂੰ ਦੁਬਾਰਾ ਤੋਂ ਚਾਲੂ ਕਰਵਾਇਆ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਦੱਸਿਆ ਕਿ ਮੌਸਮ ਵਿਭਾਗ ਵੱਲੋਂ ਜਾਰੀ ਭਾਰੀ ਬਾਰਿਸ਼ ਹੋਣ ਦੇ ਅੰਦੇਸ਼ੇ ਉਪਰੰਤ ਕਿਸਾਨਾਂ ਵੱਲੋਂ ਨਮੀ ਵਾਲਾ ਝੋਨਾ ਮੰਡੀਆ ਵਿਚ ਲਿਆਂਦਾ ਗਿਆ ਸੀ ਜਿਸ ਉਪਰੰਤ ਆੜਤੀਆਂ ਵੱਲੋਂ ਖਰੀਦ ਨਾ ਕਰਨ ਦਾ ਫੈਸਲਾ ਕੀਤਾ ਗਿਆ ਸੀ ਪ੍ਰੰਤੂ ਕਿਸਾਨਾਂ ਅਤੇ ਆੜਤੀਆਂ ਨਾਲ ਗੱਲਬਾਤ ਕਰਨ ਉਪਰੰਤ ਵੱਖ-ਵੱਖ ਖਰੀਦ ਏਜੰਸੀਆਂ ਅਤੇ ਆੜਤੀਆਂ ਵੱਲੋਂ ਦੁਬਾਰਾ ਤੋਂ ਦਾਣਾ ਮੰਡੀ ਵਿੱਚ ਝੋਨੇ ਦੀ ਫਸਲ ਦੀ ਖਰੀਦ ਨਿਰੰਤਰ ਜਾਰੀ ਹੈ। ਇਸ ਮੌਕੇ



ਵਿਧਾਇਕ ਰਾਜਾ ਗਿੱਲ ਨੇ ਦੱਸਿਆ ਕਿ ਮੌਜੂਦਾ ਝੋਨੇ ਦੇ ਸੀਜਨ ਵਿੱਚ ਆੜਤੀਆਂ ਕਿਸਾਨਾਂ ਅਤੇ ਲੇਬਰ ਨੂੰ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ ਇਸ ਵਾਸਤੇ ਪਹਿਲਾਂ ਤੋਂ ਹੀ ਇੰਤਜ਼ਾਮ ਕੀਤੇ ਗਏ ਸਨ ਪਰੰਤੂ ਖਰਾਬ ਮੌਸਮ ਹੋਣ ਦਾ ਅੰਦੇਸ਼ਾ ਲੈ ਕੇ ਹੁਣ ਥੋੜੀ ਮੁਸ਼ਕਿਲ ਆ ਰਹੀ ਹੈ ਪਰੰਤੂ ਇਸ ਨੂੰ ਵੀ ਸਮੇਂ ਅਨੁਸਾਰ ਹੱਲ ਕਰ ਲਿਆ ਜਾਵੇਗਾ।

## ਵਿਧਾਇਕ ਰਾਜਾ ਨੇ ਡਿੱਗੇ ਹੋਏ ਮਕਾਨਾਂ ਦੇ ਚੈੱਕ ਭੇਟ ਕੀਤੇ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪੰਜਾਬ ਦੀ ਮੌਜੂਦਾ ਸਰਕਾਰ ਨੇ ਔਖੇ ਸਮੇਂ ਵਿੱਚ ਆਪਣੇ ਲੋਕਾਂ ਦੀ ਬਾਂਹ ਫੜੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਪਾਰਟੀ ਦਫਤਰ ਵਿਖੇ ਹੋਏ ਇੱਕ ਸਮਾਗਮ ਦੌਰਾਨ ਕੀਤਾ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਪਿਛਲੇ ਸਮੇਂ ਦੌਰਾਨ ਬਰਸਾਤ ਦੇ ਕਾਰਨ ਪਿੰਡ ਫੱਤਾ ਕੁੱਲਾ, ਗੰਧੋਵਾਲ, ਅਬਦੁੱਲਾਪੁਰ ਵਿੱਚ ਡਿੱਗੇ ਹੋਏ ਅਤੇ ਨੁਕਸਾਨੇ ਗਏ ਮਕਾਨਾਂ ਦੇ ਚੈੱਕ ਵੱਖ-ਵੱਖ ਪਰਵਾਰਾਂ ਨੂੰ ਮੁਆਵਜ਼ੇ ਵਜੋਂ ਭੇਟ ਕੀਤੇ। ਇਸ ਮੌਕੇ ਉਹਨਾਂ ਪੰਜਾਬ ਸਰਕਾਰ ਵੱਲੋਂ 10 ਪਰਵਾਰਾਂ ਲਈ ਪੰਜਾਬ 50 ਹਜ਼ਾਰ ਰੁਪਏ ਦੇਣ ਤੋਂ ਇਲਾਵਾ ਨਿੱਜੀ ਤੌਰ 'ਤੇ ਵੀ ਲੋਕਾਂ ਨੂੰ ਮਾਇਆ ਭੇਟ ਕਰਕੇ ਸਹਾਇਤਾ ਕੀਤੀ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਕਿਹਾ ਕਿ ਮੌਜੂਦਾ ਸੂਬਾ ਸਰਕਾਰ ਅੱਜ ਹਰੇਕ ਖੇਤਰ ਵਿੱਚ ਇਤਿਹਾਸਿਕ ਕਾਰਜ ਕਰ ਰਹੀ ਹੈ । ਵਿਧਾਇਕ ਰਾਜਾ ਨੇ ਕਿਹਾ ਕਿ ਪਿਛਲੇ ਸਮੇਂ ਉਹ ਖੁਦ ਵੀ ਸਮੁੱਚੇ ਪ੍ਰਸ਼ਾਸਨ ਸਮੇਤ ਟਾਂਡਾ ਦੇ ਹੜ੍ਹ ਪ੍ਰਭਾਵਿਤ ਖੇਤਰ ਵਿੱਚ ਮੌਜੂਦ ਰਹੇ ਅਤੇ ਲੋਕਾਂ ਦੀ ਹਰ ਸੰਭਵ ਸਹਾਇਤਾ ਕੀਤੀ। ਇਸ ਮੌਕੇ ਉਨਾਂ ਨੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦਾ ਧੰਨਵਾਦ ਵੀ ਕੀਤਾ ਜਿਨ੍ਹਾਂ ਨੇ ਵੱਡੀ ਪੱਧਰ 'ਤੇ ਲੋਕਾਂ ਦੀ ਔਖੇ ਸਮੇਂ ਵਿੱਚ ਹਰੇਕ ਤਰੀਕੇ ਨਾਲ ਮਦਦ ਕੀਤੀ। ਇਸ ਮੌਕੇ ਸੰਗਠਨ ਇੰਚਾਰਜ ਕੇਸ਼ਵ ਸਿੰਘ ਸੈਣੀ, ਸਰਪੰਚ ਸੁਖਵਿੰਦਰਜੀਤ ਸਿੰਘ ਝਾਵਰ, ਸਰਪੰਚ ਪਰਮਜੀਤ ਬਿੱਟੂ ਜੌਹਲ, ਮਨਵੀਰ ਸਿੰਘ ਝਾਵਰ ਜ਼ਿਲਾ ਪ੍ਰਧਾਨ ਯੂਥ ਵਿੰਗ, ਪ੍ਰੇਮ ਪਡਵਾਲ, ਹਰਮੀਤ ਵੜੈਚ, ਸਰਪੰਚ ਨਿਸ਼ਾਨ ਸਿੰਘ, ਦੀਦਾਰ ਸਿੰਘ, ਸੋਨੂ ਸਰਪੰਚ ਅਬਦੁੱਲਾਪੁਰ, ਕੌਂਸਲਰ ਸੁਰਿੰਦਰਜੀਤ ਸਿੰਘ ਬਿੱਲੂ, ਦੀਪਕ ਭੀਲ, ਸੇਠ ਰਾਮ ਸੇਠੀ ਵੀ ਹਾਜ਼ਰ ਸਨ।

## ਜਥੇਦਾਰ ਗੁਰਦੇਵ ਸਿੰਘ ਲੱਖਪੁਰ ਢਾਡੀ ਦੇ ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਲੱਖਪੁਰ ਦੇ ਉੱਘੇ ਸਮਾਜ ਸੇਵਕ, ਸਾਬਕਾ ਸਰਪੰਚ ਲੱਖਪੁਰ, ਸਿੱਖ ਕੌਮ ਦੇ ਮਹਾਨ ਇੰਟਰਨੈਸ਼ਨਲ ਢਾਡੀ ਜਥੇਦਾਰ ਗੁਰਦੇਵ ਸਿੰਘ ਲੱਖਪੁਰ ਦਾ ਬੀਤੀ ਦਿਨੀ ਅਕਾਲ ਚਲਾਣਾ ਕਰ ਗਏ ਸਨ। ਇਸ ਮੌਕੇ ਦੁੱਖ ਦੀ ਘੜੀ ਵਿੱਚ ਇਲਾਕੇ ਭਰ ਤੋਂ ਵੱਖ ਵੱਖ ਰਾਜਨੀਤਿਕ, ਧਾਰਮਿਕ ਜਥੇਬੰਦੀਆਂ, ਸਮਾਜਿਕ ਸੰਸਥਾਵਾਂ ਪੱਤਰਕਾਰਾਂ ਭਾਈਚਾਰਾ, ਸੰਤ ਸਮਾਜ, ਨਿਹੰਗ ਸਿੰਘ ਜਥੇਬੰਦੀਆਂ, ਸਿਆਸੀ ਆਗੂਆਂ ਨੇ ਪੁੱਜ ਕੇ ਢਾਡੀ ਗੁਰਦਿਆਲ ਸਿੰਘ ਲੱਖਪੁਰ ਨਾਲ ਦੁੱਖ ਸਾਂਝਾ ਕੀਤਾ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਸਹਿਜ ਪਾਠ ਜੀ ਦੇ ਭੋਗ ਪਾਏ ਗਏ। ਉਪਰੰਤ ਗੁਰਦੁਆਰਾ ਭਾਈ ਘੱਨਈਆ ਜੀ ਸੇਵਾ ਸਿਮਰਨ ਕੇਂਦਰ ਫਗਵਾੜਾ ਵਿਖੇ ਸ਼ਰਧਾਂਜਲੀ ਸਮਾਗਮ ਮੌਕੇ ਭਾਈ ਜੈਦੀਪ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਭਾਈ ਘਨ੍ਹਈਆ ਜੀ ਸੇਵਾ ਕਰਨ ਕੇਂਦਰ ਫਗਵਾੜਾ, ਸੰਤ ਬਾਬਾ ਪ੍ਰੀਤਮ ਸਿੰਘ ਡੁਮੇਲੀ ਆਦਿ ਨੇ ਵੈਰਾਗਮਈ ਕੀਰਤਨ ਕੀਤਾ। ਇਸ ਮੌਕੇ ਜਥੇਦਾਰ ਗੁਰਦੇਵ ਸਿੰਘ ਲੱਖਪੁਰ ਢਾਡੀ ਨੂੰ ਵੱਖ-ਵੱਖ ਆਗੂਆਂ ਨੇ ਸ਼ਰਧਾ ਦੇ ਫੁੱਲ ਭੇਟ ਕਰਕੇ ਸ਼ਰਧਾਂਜਲੀਆਂ ਭੇਟ ਕੀਤੀਆਂ। ਇਸ ਮੌਕੇ ਸ਼ਰਧਾਂਜਲੀ ਸਮਾਗਮ ਦੌਰਾਨ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ, ਸੰਤ ਬਾਬਾ ਬਲਵੀਰ ਸਿੰਘ ਟਿੱਬਾ ਸਾਹਿਬ ਹੁਸ਼ਿਆਰਪੁਰ, ਸੰਤ ਬਾਬਾ ਮਹਾਂਵੀਰ ਸਿੰਘ ਤਾਜੇਵਾਲ, ਸੰਤ ਬਾਬਾ ਕਰਮਜੀਤ ਸਿੰਘ ਟਿੱਬਾ ਸਾਹਿਬ ਹੁਸ਼ਿਆਰਪੁਰ, ਸੰਤ ਬਾਬਾ ਤਲਵਿੰਦਰ ਸਿੰਘ ਭੋਗਪੁਰ, ਸੰਤ ਬਾਬਾ ਬਲਵੀਰ ਸਿੰਘ ਲੰਗੇਰੀ, ਸੰਤ ਬਾਬਾ ਤਰਲੋਚਨ ਸਿੰਘ,ਸੰਤ ਬਾਬਾ ਜਸਪ੍ਰੀਤ ਸਿੰਘ, ਸੰਤ ਬਾਬਾ ਹਰਚੰਦ ਸਿੰਘ ਹਰਦਾਸਪੁਰ, ਸੰਤ ਬਾਬਾ ਗੁਰਚੰਨ ਸਿੰਘ ਪਾਂਡਵਾ ਸੰਤ ਬਾਬਾ ਸੁਖਵੰਤ ਸਿੰਘ, ਬੀਬੀ ਮਹਿੰਦਰ ਕੌਰ ਲੱਖਪੁਰ, ਬੀਬੀ ਮਨਜੀਤ ਕੌਰ ਲੱਖਪੁਰ, ਗੁਰਦਿਆਲ ਸਿੰਘ ਲੱਖਪੁਰ ਆਦਿ ਹਾਜ਼ਰ ਸਨ।



## ਸਿੱਧੂ ਜਠੇਰਿਆਂ ਵਿਖੇ ਦੀਵਾਲੀ ਤੇ ਵਿਸ਼ਵਕਰਮਾ ਦਿਵਸ ਧੂਮਧਾਮ ਨਾਲ ਮਨਾਇਆ ਜਾਵੇਗਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪਿੰਡ ਭੀਣ ਵਿਖੇ ਸਿੱਧੂ ਜਠੇਰੇ ਸੇਵਾ ਵੈਲਫੇਅਰ ਕਮੇਟੀ ਅਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਸਿੱਧੂ ਜਠੇਰਿਆ ਤੇ ਦੀਵਾਲੀ ਅਤੇ ਵਿਸ਼ਵਕਰਮਾ ਦਿਵਸ 21-22 ਅਕਤੂਬਰ ਨੂੰ ਮਨਾਇਆ ਜਾਵੇਗਾ। ਇਸ ਮੌਕੇ ਮੁੱਖ ਸੇਵਾਦਾਰ ਸਤਨਾਮ ਸਿੰਘ ਕਮਲ ਸਿੱਧੂ ਨੇ ਦੱਸਿਆ ਕਿ ਸਿੱਧੂ ਜਠੇਰੇ ਸੇਵਾ ਵੈਲਫੇਅਰ ਕਮੇਟੀ ਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਪਿੰਡ ਭੀਣ ਸਿੱਧੂ ਜਠੇਰਿਆ ਤੇ 21 ਅਕਤੂਬਰ ਨੂੰ ਸਭ ਤੋ ਪਹਿਲਾ ਸਵੇਰੇ ਮੂਰਤੀਆ ਦੇ ਇਸ਼ਨਾਨ ਅਤੇ ਮੂਰਤੀਆ ਦੇ ਵਸਤਰ ਸਮੂਹ ਸੰਗਤਾਂ ਵਲੋ ਬਦਲੇ ਜਾਣਗੇ ਤੇ ਮੋਕੇ ਤੇ ਨਿਸ਼ਾਨ ਸਾਹਿਬ ਵੀ ਸੰਗਤਾਂ ਦੇ ਸਹਿਯੋਗ ਨਾਲ ਚੜਾਈਆ ਜਾਵੇਗਾ। 22 ਅਕਤੂਬਰ ਨੂੰ ਸਵੇਰੇ ਨੂੰ ਹੋਰ ਵੀ ਜਿਹੜੀਆਂ ਬਣਦੀਆ ਰਸਮਾ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਜਠੇਰਿਆ ਤੇ ਕੀਤੀਆ ਜਾਣਗਿਆ । ਸਵੇਰੇ ਚਾਹ ਪਕੌੜੇ ਸੰਗਤਾਂ ਲਈ ਲੰਗਰ ਦੋਨੋ ਦਿਨ ਚੱਲੇਗਾ।

## ਡਿਪਟੀ ਕਮਿਸ਼ਨਰ ਕੀਤੀ ਸੁਰਜੀਤ ਹਾਕੀ ਅਕੈਡਮੀ ਦੀ ਨਵੀਂ ਵੈੱਬਸਾਈਟ ਲਾਂਚ



**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ)**: ਸੁਰਜੀਤ ਹਾਕੀ ਸੁਸਾਇਟੀ ਨੇ ਇੱਕ ਮਹੱਤਵਪੂਰਨ ਡਿਜੀਟਲ ਮੀਲਪੱਥਰ ਸਥਾਪਿਤ ਕਰਦੇ ਹੋਏ ਸੁਰਜੀਤ ਹਾਕੀ ਅਕੈਡਮੀ ਦੀ ਨਵੀਂ ਵੈੱਬਸਾਈਟ www.surjithockeyacademy.in ਨੂੰ ਅਧਿਕਾਰਤ ਤੌਰ 'ਤੇ ਲਾਂਚ ਕੀਤਾ ਗਿਆ। ਇਹ ਵੈੱਬਸਾਈਟ ਦਾ ਉਦਘਾਟਨ ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਸਥਾਨਕ ਉਦਯੋਗਪਤੀਆਂ, ਉਦਮੀਆਂ, ਸਪਾਂਸਰਾਂ ਅਤੇ ਸ਼ਹਿਰ ਦੀਆਂ ਪ੍ਰਮੁੱਖ ਵਿਅਕਤੀਆਂ ਦੀ ਹਾਜ਼ਰੀ ਵਿੱਚ ਕੀਤਾ। ਸੁਸਾਇਟੀ ਦੇ ਸੀ.ਈ.ਓ. ਇਕਬਾਲ ਸਿੰਘ ਸੰਧੂ ਨੇ ਕਿਹਾ ਕਿ ਇਹ ਪਲੇਟਫਾਰਮ ਮਾਪਿਆਂ, ਉੱਭਰ ਰਹੇ ਖਿਡਾਰੀਆਂ ਅਤੇ ਹਾਕੀ ਪ੍ਰੇਮੀਆਂ ਨੂੰ ਅਕਾਦਮੀ ਦੇ ਪ੍ਰੋਗਰਾਮਾਂ, ਵਿਜ਼ਨ ਅਤੇ ਇਸ ਦੀ ਅਮੀਰ ਵਿਰਾਸਤ ਨਾਲ ਜੋੜਨ ਲਈ ਤਿਆਰ ਕੀਤੀ ਗਈ ਹੈ। ਡਾ. ਹਿਮਾਂਸ਼ੂ ਅਗਰਵਾਲ, ਜੋ ਸੁਰਜੀਤ ਹਾਕੀ ਸੁਸਾਇਟੀ ਦੇ ਪ੍ਰਧਾਨ ਵੀ ਹਨ, ਨੇ ਇਸ ਵੈੱਬਸਾਈਟ ਦੀ ਲਾਂਚਿੰਗ ਬਾਰੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਇਹ ਸੰਸਥਾ ਭਾਰਤ ਦੇ ਮਹਾਨ ਹਾਕੀ ਓਲੰਪੀਅਨ ਅਤੇ ਭਾਰਤੀ ਹਾਕੀ ਦੇ ਸਾਬਕਾ ਕਪਤਾਨ ਸੁਰਜੀਤ ਸਿੰਘ ਰੰਧਾਵਾ ਦੀ ਜੀਵੰਤ ਸ਼ਰਧਾਂਜਲੀ ਵਜੋਂ ਖੜ੍ਹੀ ਹੈ । ਡਾ. ਹਿਮਾਂਸ਼ੂ ਅਗਰਵਾਲ ਨੇ ਮਾਪਿਆਂ ਅਤੇ ਹਾਕੀ ਪ੍ਰੇਮੀਆਂ ਨੂੰ ਸੱਦਾ ਦਿੰਦੇ ਹੋਏ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਇਸ ਅਕੈਡਮੀ ਵਿੱਚ ਭੇਜਣ ਅਤੇ ਉਨ੍ਹਾਂ ਨੂੰ ਇਸ ਬਦਲਾਅ ਵਾਲੀ ਯਾਤਰਾ ਦਾ ਹਿੱਸਾ ਬਣਨ ਲਈ ਉਤਸ਼ਾਹਿਤ ਕਰੋ ਤਾਂ ਜੋ ਪੰਜਾਬ ਵਿੱਚ ਇੱਕ ਜੀਵੰਤ ਹਾਕੀ ਸੰਸਕ੍ਰਿਤੀ ਨੂੰ ਕਾਇਮ ਰੱਖਣ ਵਿੱਚ ਮਦਦ ਮਿਲੇ ।ਅਕੈਡਮੀ ਵਿੱਚ ਦਾਖਿਲਾ ਬਿਲਕੁਲ ਮੁਫ਼ਤ ਹੈ ।

## ਇੰਟਰ ਕਾਲਜ ਟੈਨਿਸ ਟੂਰਨਾਮੈਂਟ ਮਾਡਲ ਟਾਊਨ ਟੈਨਿਸ ਅਕੈਡਮੀ ਵਿਖੇ ਜਾਰੀ

**ਜਲੰਧਰ (ਰਾਜੇਸ਼ ਥਾਪਾ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਦਾ ਇੰਟਰ ਕਾਲਜ ਟੈਨਿਸ ਟੂਰਨਾਮੈਂਟ ਇਸ ਸਮੇਂ ਮਾਡਲ ਟਾਊਨ ਟੈਨਿਸ ਅਕੈਡਮੀ, ਜਲੰਧਰ ਵਿਖੇ ਪੂਰੇ ਜੋਸ਼ ਤੇ ਉਤਸ਼ਾਹ ਨਾਲ ਜਾਰੀ ਹੈ। ਯੂਨੀਵਰਸਿਟੀ ਨਾਲ ਸੰਬੰਧਿਤ ਸਾਰੀਆਂ ਕਾਲਜ ਟੀਮਾਂ ਇਸ ਵਿਚ ਭਾਗ ਲੈ ਰਹੀਆਂ ਹਨ। ਇਹ ਪ੍ਰੋਗਰਾਮ ਸੁਖਦੀਪ ਸਿੰਘ, ਅਕੈਡਮੀ ਮੈਨੇਜਰ ਅਤੇ ਹੈੱਡ ਕੋਚ ਮਾਡਲ ਟਾਊਨ ਟੈਨਿਸ ਅਕੈਡਮੀ ਵੱਲੋਂ ਆਯੋਜਿਤ ਅਤੇ ਮੇਜ਼ਬਾਨੀ ਕੀਤਾ ਜਾ ਰਿਹਾ ਹੈ। ਉਹ ਇਕ ਅੰਤਰਰਾਸ਼ਟਰੀ ਟੈਨਿਸ ਖਿਡਾਰੀ ਹਨ ਅਤੇ ਇਸ ਵੇਲੇ ਐਲ.ਕੇ.ਸੀ. ਜਲੰਧਰ ਅਤੇ ਜੀ.ਐਨ.ਡੀ.ਯੂ. ਯੂਨੀਵਰਸਿਟੀ ਟੀਮ ਦੇ ਕੋਚ ਦੇ ਤੌਰ 'ਤੇ ਸੇਵਾ ਨਿਭਾ ਰਹੇ ਹਨ। ਟੈਨਿਸ ਦੇ ਖੇਡ ਪ੍ਰਤੀ ਉਨ੍ਹਾਂ ਦੀ ਸਮਰਪਣ ਅਤੇ ਨੌਜਵਾਨ ਖਿਡਾਰੀਆਂ ਨੂੰ ਤਿਆਰ ਕਰਨ ਦੀ ਮਿਹਨਤ ਦੀ ਖੂਬ ਪ੍ਰਸ਼ੰਸਾ ਕੀਤੀ ਜਾ ਰਹੀ ਹੈ। ਇਸ ਮੌਕੇ ਮੁੱਖ ਮਹਿਮਾਨ ਡਾ. ਵੀ.ਪੀ. ਜੈਰਥ, ਪ੍ਰਸਿੱਧ ਡਰਮੈਟੋਲਾਜਿਸਟ, ਐਲਰਜਿਸਟ ਅਤੇ ਜੈਰਥ ਪੈਥ ਲੈਬ ਦੇ ਸੰਸਥਾਪਕ, ਤੇ ਗੈਸਟ ਆਫ ਆਨਰ ਸਤਵੀਰ ਸਿੰਘ, ਨਿਊ ਭਾਰਤ ਸੋਡਾ ਦੇ ਮਾਲਕ, ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਉਨ੍ਹਾਂ ਨੇ ਸਾਰੀਆਂ ਟੀਮਾਂ ਦੀ ਹੌਸਲਾ ਅਫਜਾਈ ਕੀਤੀ ਅਤੇ ਉਨ੍ਹਾਂ ਦੀ ਮਿਹਨਤ, ਅਨੁਸ਼ਾਸਨ ਅਤੇ ਖੇਡ ਜਜ਼ਬੇ ਦੀ ਪ੍ਰਸ਼ੰਸਾ ਕੀਤੀ।




## ਫੈਮਿਲੀ ਵਾਕ ਪ੍ਰਤੀ ਵਿਦਿਆਰਥੀਆਂ ਨੂੰ ਦਿੱਤੀ ਜਾਣਕਾਰੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਫਿੱਟ ਬਾਈਕਰ ਕਲੱਬ ਹੁਸ਼ਿਆਰਪੁਰ ਵੱਲੋਂ 2 ਨਵੰਬਰ 2025 ਨੂੰ 5 ਕਿਲੋਮੀਟਰ ਦੀ ਕਰਵਾਈ ਜਾ ਰਹੀ ਸੱਚਦੇਵਾ ਸਟਾਕਸ ਹੁਸ਼ਿਆਰਪੁਰ ਫੈਮਿਲੀ ਵਾਕ ਪ੍ਰਤੀ ਸਥਾਨਕ ਐੱਸ.ਡੀ. ਸਿਟੀ ਪਬਲਿਕ ਸਕੂਲ ਵਿੱਚ ਵਿਦਿਆਰਥੀਆਂ ਨੂੰ ਜਾਣਕਾਰੀ ਦੇਣ ਲਈ ਕਲੱਬ ਦੇ ਪ੍ਰਧਾਨ ਪਰਮਜੀਤ ਸੱਚਦੇਵਾ ਆਪਣੇ ਸਾਥੀਆਂ ਉੱਤਮ ਸਿੰਘ ਸਾਬੀ, ਗੁਰਮੇਲ ਸਿੰਘ, ਤਰਲੋਚਨ ਸਿੰਘ, ਸੰਜੀਵ ਸੋਹਲ, ਸੌਰਭ ਸ਼ਰਮਾ, ਦੌਲਤ ਸਿੰਘ, ਉਕਾਂਰ ਸਿੰਘ ਚੱਬੇਵਾਲ, ਗੁਰਵਿੰਦਰ ਸਿੰਘ ਸਮੇਤ ਪੁੱਜੇ ਜਿਨ੍ਹਾਂ ਦਾ ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਸ਼੍ਰੀਮਤੀ ਅਨੀਤਾ ਸੈਣੀ ਤੇ ਦੂਸਰੇ ਸਟਾਫ ਮੈਂਬਰਾਂ ਵੱਲੋਂ ਸਵਾਗਤ ਕੀਤਾ ਗਿਆ। ਇਸ ਮੌਕੇ ਆਪਣੇ ਸੰਬੋਧਨ ਵਿੱਚ ਪਰਮਜੀਤ ਸੱਚਦੇਵਾ ਨੇ ਕਿਹਾ ਕਿ ਇਹ ਫੈਮਿਲੀ ਵਾਕ ਸਵ. ਐਥਲੀਟ ਫੌਜਾ ਸਿੰਘ ਨੂੰ ਸਮਰਪਿਤ ਹੈ ਅਤੇ ਇਸ ਵਾਕ ਵਿੱਚ ਹਰ ਇੱਕ ਸ਼ਹਿਰ ਵਾਸੀ ਭਾਗ ਲੈ ਸਕਦਾ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ ਵੱਡੀ ਗਿਣਤੀ ਵਿੱਚ ਲੋਕਾਂ ਵੱਲੋਂ ਰਜਿਸਟ੍ਰੇਸ਼ਨ ਕਰਵਾਈ ਜਾ ਚੁੱਕੀ ਹੈ ਤੇ ਸਾਨੂੰ ਵਿਸ਼ਵਾਸ਼ ਹੈ ਕਿ ਇਹ ਫੈਮਿਲੀ ਵਾਕ ਇੱਕ ਨਵਾਂ ਰਿਕਾਰਡ ਸਥਾਪਿਤ ਕਰੇਗੀ। ਉਨ੍ਹਾਂ ਦੱਸਿਆ ਕਿ ਇਸ ਵਿੱਚ ਬੱਚੇ ਆਪਣੇ ਪਰਿਵਾਰਿਕ ਮੈਂਬਰਾਂ ਨਾਲ ਹਿੱਸਾ ਲੈ ਸਕਣਗੇ। ਉਨ੍ਹਾਂ ਕਿਹਾ ਕਿ 50 ਰੁਪਏ ਰਜਿਸਟਰੇਸ਼ਨ ਫੀਸ ਨਾਲ ਜੋ ਵੀ ਪੈਸਾ ਇਕੱਠਾ ਹੋਵੇਗਾ ਉਹ ਸਾਰਾ ਜੇ.ਐੱਸ.ਐੱਸ.ਆਸ਼ਾ ਕਿਰਨ ਸਪੈਸ਼ਲ ਸਕੂਲ ਜਹਾਨਖੇਲਾ ਨੂੰ ਦਾਨ ਵਜੋਂ ਦਿੱਤਾ ਜਾਵੇਗਾ।

## ਭਾਜਪਾ ਲੇਹ- ਲੱਦਾਖ ਜਨਤਾ ਦੀ ਆਵਾਜ਼ ਨੂੰ ਦਬਾਉਣ ਦਾ ਯਤਨ ਕਰ ਰਹੀ : ਬੇਗਮਪੁਰਾ ਟਾਈਗਰ ਫੋਰਸ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੇਗਮਪੁਰਾ ਟਾਈਗਰ ਫੋਰਸ ਦੀ ਇੱਕ ਮੀਟਿੰਗ ਫੋਰਸ ਦੇ ਮੁੱਖ ਦਫਤਰ ਭਗਤ ਨਗਰ ਨੇੜੇ ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਫੋਰਸ ਦੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਹਿਗੜ੍ਹ ਤੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸਤੀਸ਼ ਕੁਮਾਰ ਸ਼ੇਰਗੜ੍ਹ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਅਨਿਲ ਕੁਮਾਰ ਬੰਟੀ ਹਲਕਾ ਪ੍ਰਧਾਨ ਹਰਿਆਣਾ ਭੂੰਗਾ, ਅਤੇ ਸਹਿਰੀ ਪ੍ਰਧਾਨ ਪਵਨ ਕੁਮਾਰ ਬੱਧਣ ਉਰਫ ਗੋਲਡੀ ਦੀਵਾਨਾ ਆਦਿ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਆਗੂਆ ਨੇ ਕਿਹਾ ਕਿ ਲੇਹ ਵਿੱਚ ਹੋਈਆਂ ਹਿੰਸਾ ਦੀਆਂ ਘਟਨਾਵਾਂ ਅਤੇ ਇਸ ਲਈ ਜ਼ਿੰਮੇਵਾਰ ਦੱਸ ਕੇ ਸੋਨਮ ਵਾਂਗਚੁੱਕ ਨੂੰ ਗ੍ਰਿਫਤਾਰ ਕਰਨਾ ਸ਼ਰੇਆਮ ਧੱਕਾ ਹੈ। ਉਨ੍ਹਾਂ ਕਿਹਾ ਕਿ ਸੋਨਮ ਵਾਂਗਚੁੱਕ ਨੇ ਹਰ ਸਮੇਂ ਸ਼ਾਤੀਪੂਰਨ, ਅਹਿੰਸਕ ਅਤੇ ਸੰਵਿਧਾਨਕ ਢੰਗ ਨਾਲ ਲੱਦਾਖ ਦੀ ਜਨਤਾ ਦੀਆਂ ਮੰਗਾਂ ਨੂੰ ਅੱਗੇ ਵਧਾਇਆ ਹੈ। ਇਸਦੀ ਪਹਿਚਾਣ ਇੱਕ ਦੂਰਦਰਸ਼ੀ ਸਿੱਖਿਆ ਸੁਧਾਰਕ, ਸੋਸ਼ਲ ਵਰਕਰ ਅਤੇ ਵਾਤਾਵਰਨ ਪ੍ਰੇਮੀ ਦੇ ਰੂਪ ਵਿੱਚ ਰਹੀ ਹੈ। ਭਾਰਤੀ ਜਨਤਾ ਪਾਰਟੀ ਵਲੋਂ ਉਸ ਉਪਰ ਹਿੰਸਾ ਭੜਕਾਉਣ ਦਾ ਦੋਸ਼ ਲਾਉਣਾ ਤੱਥਹੀਣ ਹੀ ਨਹੀਂ ਬਲਕਿ ਲੱਦਾਖ ਦੀ ਜਨਤਾ ਦੀ ਲੋਕਤੰਤਰਿਕ ਆਵਾਜ਼ ਨੂੰ ਦਬਾਉਣ ਦਾ ਯਤਨ ਹੈ। ਬੇਗਮਪੁਰਾ ਟਾਈਗਰ ਫੋਰਸ ਦੇ ਆਗੂਆ ਵਲੋਂ ਮੰਗ ਕੀਤੀ ਗਈ ਕਿ ਲੇਹ ਵਿੱਚ ਹੋਈ ਹਿੰਸਾ ਦੀ ਤੁਰੰਤ ਨਿਰਪੱਖ ਪੜਤਾਲ ਕਰਵਾਈ ਜਾਵੇ ਅਤੇ ਸੋਨਮ ਵਾਂਗਚੁੱਕ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਅਤੇ ਲੱਦਾਖ ਦੀ ਜਨਤਾ ਦੀਆਂ ਸੰਵਿਧਾਨਕ ਮੰਗਾਂ ਬਾਰੇ ਤੁਰੰਤ ਗੱਲਬਾਤ ਅਰੰਭੀ ਜਾਵੇ। ਇਸ ਮੌਕੇ ਹੋਰਨਾਂ ਤੋ ਇਲਾਵਾ ਰਾਮ ਮੂਰਤੀ ਸ਼ੇਰਪੁਰ ਗੁਲਿੰਡ, ਅਮਰੀਕ ਸਿੰਘ ਰਾਜੂ, ਮਨਪ੍ਰੀਤ ਕਲੋਤਾ, ਸਤੀਸ਼ ਕੁਮਾਰ, ਤਜਿੰਦਰ ਸਿੰਘ ਬੱਬੂ, ਨਵਜੋਤ, ਦਵਿੰਦਰ ਸਿੰਘ, ਸ਼ਾਲੂ, ਰਵਿੰਦਾ, ਅਰੁਣ ਕੁਮਾਰ, ਲਵਪ੍ਰੀਤ ਸਿੰਘ, ਰਮਨ ਕੁਮਾਰ, ਸਾਜਨ ਸੰਧੂ ਸ਼ੇਰਗੜ ਆਦਿ ਹਾਜ਼ਰ ਸਨ



## ਅਮਰੀਕਾ ਸਰਕਾਰ ਵੱਲੋਂ ਸਿੱਖ ਫੌਜੀਆਂ ਦੀ ਦਾੜ੍ਹੀ 'ਤੇ ਪਾਬੰਦੀ ਬੇਹੱਦ ਨਿੰਦਣਯੋਗ : ਜਸਕਰਨ ਸਿੰਘ

**ਜਲੰਧਰ (ਸ਼ੈਲੀ ਐਲਬਰਟ)**- ਮੀਡੀਆ ਸੈਕਰਟਰੀ ਜਸਕਰਨ ਸਿੰਘ ਨੇ ਅਮਰੀਕੀ ਸਰਕਾਰ ਵੱਲੋਂ ਫੌਜ 'ਚ ਸਿੱਖ ਫੌਜੀਆਂ ਨੂੰ ਦਾੜ੍ਹੀ ਰੱਖਣ ਤੇ ਪਾਬੰਦੀ ਲਗਾਉਣ ਦੇ ਫ਼ੈਸਲੇ ਦੀ ਤਿੱਖੀ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਫ਼ੈਸਲਾ ਸਿੱਖਾਂ ਦੀ ਧਾਰਮਿਕ ਆਜ਼ਾਦੀ, ਪਹਿਚਾਣ ਅਤੇ ਮਾਣ-ਸਨਮਾਨ 'ਤੇ ਸਿੱਧਾ ਹਮਲਾ ਹੈ।ਉਨ੍ਹਾਂ ਕਿਹਾ ਕਿ ਸਿੱਖ ਕੌਮ ਦਾ ਇਤਿਹਾਸ ਬਹਾਦਰੀ, ਕੁਰਬਾਨੀ ਅਤੇ ਸੱਚ ਲਈ ਖੜ੍ਹੇ ਰਹਿਣ ਦੀ ਪ੍ਰੇਰਨਾ ਨਾਲ ਭਰਪੂਰ ਹੈ। ਪਹਿਲੇ ਅਤੇ ਦੂਜੇ ਵਿਸ਼ਵ ਯੁੱਧ ਦੌਰਾਨ ਲੱਖਾਂ ਸਿੱਖ ਜਵਾਨਾਂ ਨੇ ਆਪਣੀਆਂ ਜਾਨਾਂ ਦੇ ਕੇ ਅਮਨ ਦੀ ਰੱਖਿਆ ਕੀਤੀ ਸੀ। ਬ੍ਰਿਟਿਸ਼ ਆਰਮੀ, ਕੈਨੇਡੀਅਨ ਆਰਮੀ ਅਤੇ ਹੋਰ ਕਈ ਦੇਸ਼ਾਂ ਦੀਆਂ ਸੈਨਾਵਾਂ ਵਿੱਚ ਸਿੱਖ ਸੈਨਿਕ ਆਪਣੀ ਦਸਤਾਰ ਅਤੇ ਦਾੜ੍ਹੀ ਸਮੇਤ ਸ਼ਮਿਲ ਰਹੇ ਹਨ, ਜਿਨ੍ਹਾਂ ਨੇ ਆਪਣੀ ਸ਼ੂਰਵੀਰਤਾ ਨਾਲ ਦੁਨੀਆ ਭਰ ਵਿੱਚ ਸਿੱਖ ਪਹਿਚਾਣ ਨੂੰ ਮਾਣ ਦਿੱਤਾ।ਜਸਕਰਨ ਸਿੰਘ ਨੇ ਕਿਹਾ ਕਿ ਅਮਰੀਕਾ ਸਰਕਾਰ ਨੂੰ ਇਹ ਨਹੀਂ ਭੁੱਲਣਾ ਚਾਹੀਦਾ ਕਿ ਸਿੱਖ ਸੈਨਿਕਾਂ ਨੇ ਹਮੇਸ਼ਾਂ ਮਨੁੱਖਤਾ ਅਤੇ ਸ਼ਾਂਤੀ ਦੀ ਰੱਖਿਆ ਲਈ ਆਪਣੀ ਜਾਨ ਨਿਛਾਵਰ ਕੀਤੀ ਹੈ। ਉਨ੍ਹਾਂ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਤੁਰੰਤ ਅਮਰੀਕੀ ਸਰਕਾਰ ਕੋਲ ਇਹ ਮਸਲਾ ਉਠਾਵੇ ਅਤੇ ਇਸ ਅਨਿਆਏ ਪੂਰਨ ਫ਼ੈਸਲੇ ਨੂੰ ਵਾਪਸ ਲੈਣ ਲਈ ਦਬਾਅ ਬਣਾਵੇ।



## ਵਣ ਰੇਂਜ ਦਫਤਰ ਦੇ ਸਾਹਮਣੇ ਦਰੱਖਤ ਕੱਟਣ ਦੀ ਆਲੋਚਨਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਵਣ ਵਿਭਾਗ ਵੱਲੋਂ ਦਰਖਤ ਲਗਾਓ ਦੇ ਨਾਅਰੇ ਕੰਧਾਂ ਉਪਰ ਲਿਖਣ ਤੱਕ ਹੀ ਸੀਮਤ ਹੋ ਕੇ ਰਹਿ ਗਏ ਹਨ। ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਲ ਰੋਡ ਹੁਸ਼ਿਆਰਪੁਰ ਉੱਤੇ ਸਥਿਤ ਦਫਤਰ ਦੇ ਅੱਗਿਉਂ ਬਿਲਕੁਲ ਹਰੇ ਦਰਖਤਾਂ ਦੇ ਸਿਰ ਕਲਮ ਕਰਨ ਦੀ ਸਖਤ ਸ਼ਬਦਾ ਵਿਚ ਨਿੰਦਾ ਕਰਦਿਆ ਕਿਹਾ ਕਿ ਇਹ ਕੰਮ ਉਸ ਵਿਭਾਗ ਦੇ ਜੁੰਮੇਵਾਰ ਅਧਿਕਾਰੀ ਦੇ ਦਫਤਰ ਦੇ ਸਾਹਮਣੇ ਹੋਇਆ ਹੈ ਜਿਨ੍ਹਾਂ ਦੀ ਜੁੰਮੇਵਾਰੀ ਦਰਖਤਾਂ ਨੂੰ ਬਚਾਉਣਾ ਅਤੇ ਲੋਕਾਂ ਨੂੰ ਪ੍ਰੇਰਿਤ ਕਰਨਾ ਹੈ ਕਿ ਦਰਖਤਾਂ ਦੀ ਘੱਟ ਰਹੀ ਗਿਣਤੀ ਨੂੰ ਬਚਾਇਆ ਜਾ ਸਕੇ।ਦਰਖਤ ਕਟਣਾ ਅਤੇ ਉਨ੍ਹਾਂ ਦਾ ਉਜਾੜਾ ਕਰਨਾ ਬੜਾ ਅਸਾਨ ਹੈ ਪਰ ਉਨ੍ਹਾਂ ਨੂੰ ਪਾਲਣਾ ਅਤੇ ਸੰਭਾਲਣਾ ਅਤਿ ਜ਼ਰੂਰੀ ਹੈ। ਧੀਮਾਨ ਨੇ ਕਿਹਾ ਕਿ ਇਹ ਸਮਝ ਨਹੀਂ ਆ ਰਿਹਾ ਕਿ ਵਿਭਾਗ ਦੇ ਪੜ੍ਹੇ ਲਖੇ ਅਧਿਕਾਰੀ ਅਤੇ ਵਣ ਮੰਤਰਾਲਾ ਕਿਉਂ ਵਾਤਾਵਰਣ ਨੂੰ ਪੂਰੀ ਗੰਭੀਰਤਾ ਨਾਲ ਨਹੀਂ ਲੈ ਰਿਹਾ ।



## ਬਲਾਕ ਪੱਧਰੀ ਖੇਡਾਂ 'ਚ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ

**ਗੁਰਾਇਆ (ਬਿੰਦਰ ਸੁੰਮਨ)**- ਗੁਰਾਇਆ 'ਚ ਗੁਰਾਇਆ 2 ਦੇ ਬਲਾਕ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਦੇ ਮੁਕਾਬਲੇ ਗੁਰਾਇਆ 'ਚ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ 'ਚ ਸ੍ਰੀ ਦਸਮੇਸ਼ ਕਾਨਵੈਂਟ ਸਕੂਲ ਅੱਟੀ ਦੇ ਵਿਦਿਆਰਥੀਆਂ ਨੇ ਆਪਣੀ ਖੇਡ ਦਾ ਜੋਹਰ ਬਰਕਰਾਰ ਰੱਖਿਆ। ਸਕੂਲ ਪੁੱਜਣ 'ਤੇ ਜੇਤੂਆਂ ਦਾ ਸਵਾਗਤ ਕਰਦੇ ਸਕੂਲ ਚੈਅਰਮੈਨ ਚਰਨਜੀਤ ਸਿੰਘ ਨੇ ਦੱਸਿਆ ਕਿ ਸਕੂਲ ਦੀਆਂ 5 ਟੀਮਾਂ ਅੰਡਰ 11 ਸਾਲ ਵਰਗ 'ਚ ਭਾਗ ਲੈਣ ਗਈਆਂ ਸਨ ਜਿਨ੍ਹਾਂ 'ਚ 4 ਟੀਮਾਂ ਨੇ ਪਹਿਲਾ ਸਥਾਨ ਅਤੇ ਇੱਕ ਟੀਮ ਨੇ ਦੂਸਰਾ ਸਥਾਨ ਹਾਸਲ ਕੀਤਾ। ਲੜਕੇ ਅਤੇ ਲੜਕੀਆਂ ਦੀ ਹਾਕੀ ਦੀ ਟੀਮ ਪਹਿਲੇ ਸਥਾਨ 'ਤੇ ਰਹੀ। ਜਦਕਿ ਲੜਕਿਆਂ ਦੀ ਰੱਸਾਕੱਸੀ ਦੀ 11 ਸਾਲ ਵਰਗ ਟੀਮ ਨੇ 14 ਸਾਲ ਅਤੇ 17 ਸਾਲ ਵਰਗ ਵਾਂਗ ਪਹਿਲਾ ਸਥਾਨ ਹਾਸਲ ਕਰਕੇ ਆਪਣੀ ਚੜ੍ਹਤ ਬਰਕਰਾਰ ਰੱਖੀ। ਬੈਡਮਿੰਟਨ ਲੜਕਿਆਂ ਦੀ ਟੀਮ ਵੀ ਪਹਿਲੇ ਸਥਾਨ 'ਤੇ ਰਹੀ ਜਦਕਿ ਲੜਕੀਆਂ ਦੀ ਟੀਮ ਦੂਸਰੇ ਸਥਾਨ 'ਤੇ ਰਹੀ। ਇਸ ਮੌਕੇ ਮੈਡਮ ਰਵਿੰਦਰਜੀਤ ਕੌਰ, ਮਨਪ੍ਰੀਤ ਕੌਰ, ਮੈਡਮ ਮਾਨਸੀ, ਮੈਡਮ ਹਰਜੀਤ ਕੌਰ, ਮੈਡਮ ਬਲਜੀਤ ਕੌਰ, ਪਲਵੀ, ਮੈਡਮ ਸੁਨੀਤਾ, ਗੁਰਜੀਤ ਕੌਰ ਅਤੇ ਸਮੁੱਚਾ ਸਟਾਫ ਹਾਜ਼ਰ ਸੀ।



## ਇੰਡੀਅਨ ਆਇਲ ਸੁਰਜੀਤ ਹਾਕੀ ਟੂਰਨਾਮੈਂਟ ਸੰਬੰਧੀ ਹੋਈ ਮੀਟਿੰਗ 'ਚ ਡੀ ਸੀ ਵੱਲੋਂ ਲੋਕਾਂ ਦਾ ਧੰਨਵਾਦ

**ਜਲੰਧਰ (ਸ਼ੈਲੀ ਐਲਬਰਟ)** :- ਦੇਸ਼ ਦੀ ਨਾਮਵਰ ਸੁਰਜੀਤ ਹਾਕੀ ਸੁਸਾਇਟੀ ਨੇ ਅਗਾਮੀ 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਦੀਆਂ ਤਿਆਰੀਆਂ ਬਾਰੇ ਚਰਚਾ ਕਰਨ ਲਈ ਸੁਸਾਇਟੀ ਦੇ ਮੈਂਬਰਾਂ ਅਤੇ ਟੂਰਨਾਮੈਂਟ ਨਾਲ ਜੁੜੇ, ਹਾਕੀ ਦੀ ਖੇਡ ਨਾਲ ਪਿਆਰ ਕਰਨ ਵਾਲੇ ਸ਼ਹਿਰ ਦੇ ਮੋਹਤਬਰਾਂ ਨਾਲ ਪ੍ਰੀ-ਟੂਰਨਾਮੈਂਟ ਮੀਟਿੰਗ ਕੀਤੀ ਗਈ।ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਆਈ.ਏ.ਐਸ., ਜੋ ਕਿ ਸੁਰਜੀਤ ਹਾਕੀ ਸੁਸਾਇਟੀ ਦੇ ਪ੍ਰਧਾਨ ਵੀ ਹਨ, ਨੇ ਸੰਬੋਧਨ ਕਰਦੇ ਹੋਏ ਜਲੰਧਰ ਦੇ ਲੋਕਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਦੇਸ਼ ਦੇ ਵਿਸ਼ਵ-ਪ੍ਰਸਿੱਧ ਇੰਡੀਅਨ ਆਇਲ ਸੁਰਜੀਤ ਹਾਕੀ ਟੂਰਨਾਮੈਂਟ ਦੇ ਪਿਛਲੇ 41 ਐਡੀਸ਼ਨਾਂ ਨੂੰ ਸਪਾਂਸਰ ਕੀਤਾ ਅਤੇ ਹਾਕੀ ਦੇ ਮਹਾਨ ਖਿਡਾਰੀ ਸੁਰਜੀਤ ਸਿੰਘ ਰੰਧਾਵਾ ਦੇ ਨਾਮ ਨੂੰ ਵਿਸ਼ਵ ਪੱਧਰ 'ਤੇ ਜੀਵਤ ਰੱਖਣ ਤੇ ਹਾਕੀ ਖੇਡ ਨੂੰ ਲੋਕਪ੍ਰਿਯ ਬਣਾਉਣ ਵਾਲੇ ਸਮਾਜ ਦੇ ਸੁਪਨੇ ਨੂੰ ਸਾਕਾਰ ਕੀਤਾ।ਇਸ ਮੌਕੇ ਡਾ. ਅਗਰਵਾਲ ਨੇ ਸੂਬੇ ਵਿੱਚ ਹਾਲ ਹੀ ਵਿੱਚ ਆਏ ਹੜ੍ਹਾਂ ਦੀ ਭਿਆਨਕ ਤ੍ਰਾਸਦੀ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਪੂਰਾ ਪੰਜਾਬ ਇਸ ਤੋਂ ਗੁਜ਼ਰਿਆ ਹੈ ਅਤੇ ਜਲੰਧਰ ਦੇ ਸ਼ਹਿਰੀ ਤੇ ਪੇਂਡੂ ਇਲਾਕੇ ਪ੍ਰਭਾਵਿਤ ਹੋਏ ਹਨ। ਉਨ੍ਹਾਂ ਨੇ ਲੋਕਾਂ ਦੇ ਸਹਿਯੋਗ ਲਈ ਧੰਨਵਾਦ ਕਰਦੇ ਹੋਏ ਕਿਹਾ ਕਿ ਆਪ ਵੱਲੋਂ ਇਸ ਵਾਰ 42ਵੇਂ ਟੂਰਨਾਮੈਂਟ ਲਈ ਦਿੱਤੀ ਜਾਣ ਵਾਲੀ ਰਾਸ਼ੀ ਵਿੱਚੋਂ 5.00 ਲੱਖ ਰੁਪਏ ਦੀ ਰਾਸ਼ੀ ਦਾ ਹੜ੍ਹ ਰਾਹਤ ਫੰਡ ਵਿੱਚ ਯੋਗਦਾਨ ਪਾਇਆ ਜਾਵੇਗਾ। ਡਿਪਟੀ ਕਮਿਸ਼ਨਰ ਦੀ ਇਸ ਅਪੀਲ ਨੂੰ ਮੁੱਖ ਰੱਖਦੇ ਹੋਏ ਮੌਕੇ 'ਤੇ ਹੀ ਅਮਰੀਕਾ ਦੇ ਟੂੱਟ ਬ੍ਰਦਰਜ਼ ਨੇ ਵੀ ਰੰਗਲਾ ਪੰਜਾਬ ਹੜ੍ਹ ਰਾਹਤ ਫੰਡ ਲਈ 5.00 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਵਰਨਣਯੋਗ ਹੈ ਕਿ 42ਵਾਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ 23 ਅਕਤੂਬਰ ਤੋਂ 1 ਨਵੰਬਰ ਤਕ ਜਲੰਧਰ ਦੇ ਸੁਰਜੀਤ ਹਾਕੀ ਸਟੇਡੀਅਮ ਵਿਖੇ ਖੇਡਿਆ ਜਾਵੇਗਾ।



## ਕੰਬੋਡੀਆ 'ਚ ਭਾਰਤੀ ਨੌਜਵਾਨਾਂ ਤੋਂ ਕਰਵਾਇਆ ਜਾ ਰਿਹਾ ਗੈਰਕਾਨੂੰਨੀ ਕੰਮ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਯਤਨਾ ਸਦਕਾ ਕੁੱਝ ਦਿਨ ਪਹਿਲਾਂ ਕੰਬੋਡੀਆ ਤੋਂ ਵਾਪਸ ਪਰਤੇ ਜਲੰਧਰ ਦੇ ਰਹਿਣ ਵਾਲੇ ਨੌਜਵਾਨ ਨੇ ਵੱਡਾ ਖੁਲਾਸਾ ਕਰਦਿਆਂ ਦੱਸਿਆ ਕਿ ਕੰਬੋਡੀਆ ਵਿੱਚ ਭਾਰਤੀਆਂ ਤੋਂ ਗੈਰਕਾਨੂੰਨੀ ਕੰਮ ਕਰਵਾਇਆ ਜਾ ਰਿਹਾ ਹੈ। ਉਸ ਨੇ ਦੱਸਿਆ ਕਿ ਏਜੰਟਾਂ ਵੱਲੋਂ ਭਾਰਤੀ ਨੌਜਵਾਨਾਂ ਨੂੰ ਨਿਸ਼ਾਨਾ ਬਣ ਕੇ ਥਾਈਲੈਂਡ ਵਿੱਚ ਚੰਗੇ ਕੰਮ ਤੇ ਤਨਖਾਹ ਦੇ ਝਾਂਸੇ ਹੇਠ ਕੰਬੋਡੀਆ ਦੀਆਂ ਕੰਪਨੀਆਂ ਵਿੱਚ ਵੇਚਿਆ ਜਾ ਰਿਹਾ ਹੈ। ਜਿੱਥੇ ਉਹਨਾਂ ਕੋਲੋਂ ਸਾਈਬਰ ਦੇ ਗੈਰਕਾਨੂੰਨੀ ਕੰਮ ਕਰਵਾਏ ਜਾ ਰਹੇ ਹਨ ਤੇ ਨਾ ਕਰਨ 'ਤੇ ਬਹੁਤ ਜ਼ਿਆਦਾ ਕੁੱਟਮਾਰ ਕੀਤੀ ਜਾਦੀ ਹੈ। ਇਸ ਤੋਂ ਪਹਿਲਾਂ ਵੀ ਸੰਤ ਸੀਚੇਵਾਲ ਵੱਲੋਂ ਮਿਆਂਮਾਰ ਤੋਂ ਚਾਰ ਨੌਜਵਾਨਾਂ ਦੀ ਵਾਪਸੀ ਕਰਵਾਈ ਸੀ ਜੋ ਇਸੇ ਤਰ੍ਹਾਂ ਦੇ ਗਰੋਹ ਵਿੱਚ ਫਸੇ ਹੋਏ ਸੀ।

## ਪੰਜਾਬ ਸਿੱਖਿਆ ਵਿਭਾਗ (ਮਨਿਸਟੀਰੀਅਲ ਸਟਾਫ) ਐਸੋਸੀਏਸ਼ਨ ਵੱਲੋਂ ਅਣਮਿਥੇ ਸਮੇਂ ਲਈ ਹੜਤਾਲ



**ਨਕੋਦਰ (ਮਨਜੀਤ ਮਾਨ)**- ਪੰਜਾਬ ਸਟੇਟ ਮਨਿਸਟੀਰੀਅਲ ਸਟਾਫ (ਸਬ ਆਫਿਸ) ਐਸੋਸ਼ੀਏਸ਼ਨ ਵੱਲੋਂ ਕਲਰਕਾਂ/ਜੂਨੀਅਰ ਅਸਿਸਟੈਂਟਾਂ ਦੀਆਂ ਤੁਰੰਤ ਪਰੋਮੋਸ਼ਨ ਲਈ ਮੰਗ ਕੀਤੀ ਗਈ ਹੈ। ਐਸੋਸ਼ੀਏਸ਼ਨ ਨੇ ਆਪਣੇ ਮੰਗ ਪੱਤਰ ਰਾਹੀਂ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਲਿਖਿਆ ਹੈ ਕਿ ਕਈ ਸਾਲਾਂ ਤੋਂ ਕਲਰਕ/ਜੂਨੀਅਰ ਅਸਿਸਟੈਂਟ ਪਰੋਮੋਸ਼ਨਾਂ ਤੋਂ ਵਾਂਝੇ ਹਨ। ਇਨ੍ਹਾਂ ਪ੍ਰੋਮੋਸ਼ਨਾਂ ਦੇ ਨਾ ਹੋਣ ਕਾਰਨ ਬਹੁਤ ਸਾਰੇ ਕਲੈਰੀਕਲ ਕਰਮਚਾਰੀ ਬਿਨਾਂ ਤਰੱਕੀ ਦੇ ਹੀ ਸੇਵਾਮੁਕਤ ਹੋ ਰਹੇ ਹਨ। ਐਸੋਸੀਏਸ਼ਨ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਪਰੋਮੋਸ਼ਨ ਦੀ ਪ੍ਰਕਿਰਿਆ ਨੂੰ ਜਲਦੀ ਸ਼ੁਰੂ ਕਰਕੇ ਕਲਰਕ/ਜੂਨੀਅਰ ਅਸਿਸਟੈਂਟ ਦੀਆਂ ਸੀਨੀਅਰ ਸਹਾਇਕਾਂ ਦੀਆਂ ਤਰੱਕੀਆਂ ਦੀਆਂ ਮੁਸ਼ਕਿਲਾਂ ਦਾ ਹੱਲ ਕੀਤਾ ਜਾਵੇ ਅਤੇ ਯੋਗ ਕਰਮਚਾਰੀਆਂ ਨੂੰ ਪੱਦ-ਉੱਨਤੀ ਦੇ ਆਰਡਰ ਜਾਰੀ ਕੀਤੇ ਜਾਣ।ਇਸ ਮੌਕੇ 'ਤੇ ਸ.ਮਨਜਿੰਦਰ ਸਿੰਘ ਬੱਲ ਸੂਬਾ ਪ੍ਰੈਸ ਸੈਕਟਰੀ ਪੰਜਾਬ ਵੱਲੋਂ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਗਿਆ ਕਿ 13 ਅਕਤੂਬਰ ਤੋਂ ਪੰਜਾਬ ਰਾਜ ਦੇ ਸਿੱਖਿਆ ਵਿਭਾਗ ਦੇ ਸਮੂਹ ਦਫ਼ਤਰਾਂ ਅਤੇ ਸਕੂਲਾਂ ਵਿੱਚ ਦਫ਼ਤਰੀ ਕੰਮਕਾਜ ਬੰਦ ਰਹੇਗਾ ਤੇ ਸਮੂਹ ਕਲੈਰੀਕਲ ਅਮਲਾ ਅਣਮਿਥੇ ਸਮੇਂ ਲਈ ਛੁੱਟੀ ਉੱਤੇ ਹੋਵੇਗਾ।19-ਅਕਤੂਬਰ ਨੂੰ ਸਿੱਖਿਆ ਮੰਤਰੀ ਪੰਜਾਬ ਦੇ ਹਲਕੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਸਮੂਹ ਕਲੈਰੀਕਲ ਅਮਲਾ ਰੋਸ ਵਜੋਂ ਕਾਲੇ ਝੰਡਿਆਂ ਨਾਲ ਬਜ਼ਾਰਾਂ ਵਿੱਚ ਰੋਸ ਪ੍ਰਦਰਸ਼ਨ ਕਰੇਗਾ।

## ਮਹਾਨ ਕੀਰਤਨ ਦਰਬਾਰ ਕਰਵਾਇਆ

**ਆਦਮਪੁਰ (ਪਰਮਜੀਤ ਸਿੰਘ)**- ਕੁਟੀਆ ਸੰਤ ਬਾਬਾ ਫੂਲ ਨਾਥ ਜੀ, ਸੰਤ ਬਾਬਾ ਬ੍ਰਹਮ ਨਾਥ ਜੀ, ਸੰਤ ਬਾਬਾ ਰਿਖੀ ਰਾਮ ਜੀ, ਪਿੰਡ ਜੈਤੇਵਾਲੀ ਵਿੱਚ ਪਹਿਲੀ ਅਕਤੂਬਰ ਨੂੰ ਹਰਿ ਦੇ ਨਿਸ਼ਾਨ ਝੁਲਾਏ ਗਏ, ਨਵੇਂ ਬਣੇ ਭਵਨ ਦਾ ਉਦਘਾਟਨ ਕੀਤਾ ਗਿਆ ਜਿੱਥੇ ਕਿ ਤਿੰਨੋਂ ਹੀ ਸੰਤਾਂ ਦੇ ਸਰੂਪ ( ਮੂਰਤੀਆਂ) ਦਾ ਸ਼ਿਲਾ ਨਿਆਸ ਕੀਤਾ ਗਿਆ ਅਤੇ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਦੋ ਅਕਤੂਬਰ ਨੂੰ ਅੰਮ੍ਰਿਤ ਬਾਣੀ ਦੇ ਭੋਗ ਪਾਏ ਗਏ। ਰਾਗੀ ਜਥਿਆਂ ਨੇ ਹਰਿ ਜਸ ਗਾਇਨ ਕਰਕੇ ਆਪਣੀਆਂ ਹਾਜ਼ਰੀਆਂ ਲਗਵਾਈਆਂ, ਉੱਥੇ ਹੀ ਉੱਘੇ ਕਲਾਕਾਰਾਂ ਨੇ ਆਪੋ ਆਪਣੀ ਹਾਜ਼ਰੀ ਭਰੀ। ਵਿਸ਼ਵ ਪ੍ਰਸਿੱਧ ਗਾਇਕਾ ਪ੍ਰੇਮ ਲਤਾ ਜੀ ਨੇ ਆਪਣੀ ਮਿੱਠੀ ਆਵਾਜ਼ ਅਤੇ ਸ਼ਬਦਾਂ ਦੇ ਸੁਮੇਲ ਨਾਲ ਸੰਗਤਾਂ ਦਾ ਮਨ ਮੋਹ ਲਿਆ। ਵੱਖ ਵੱਖ ਡੇਰਿਆਂ ਤੋਂ ਆਏ ਮਹਾਂਪੁਰਸ਼ਾਂ ਨੇ ਵੀ ਇਸ ਮਹਾਨ ਕੀਰਤਨ ਦਰਬਾਰ ਵਿੱਚ ਹਾਜ਼ਰੀਆਂ ਭਰੀਆਂ ਜਿਨਾਂ ਨੂੰ ਸੰਤ ਬਾਬਾ ਕ੍ਰਿਸ਼ਨ ਨਾਥ ਜੀ ਚਹੇੜੂ ਵਾਲਿਆਂ ਨੇ ਜੀ ਆਇਆ ਕਿਹਾ ਅਤੇ ਪ੍ਰੇਮ ਸਹਿਤ ਸਨਮਾਨ ਕੀਤਾ। ਇਸ ਵਿੱਚ ਪਿੰਡ ਜੈਤੇਵਾਲੀ ਦੀ ਪੰਚਾਇਤ ਦਾ ਖਾਸ ਸਹਿਯੋਗ ਰਿਹਾ। ਸਰਪੰਚ ਸਿਮਿਤਰੀ ਦੇਵੀ, ਸਾਬਕਾ ਸਰਪੰਚ ਤਰਸੇਮ ਲਾਲ ਪਵਾਰ, ਸ਼੍ਰੀਮਤੀ ਸੀਮਾ ਕੁਮਾਰੀ ਪੰਚ, ਊਸ਼ਾ ਰਾਣੀ ਪੰਚ ਦਰਸ਼ਨ ਕੌਰ ਪੰਚ, ਅਮਨਦੀਪ ਕੌਰ ਪੰਚ ਵਿਨੋਦ ਕੁਮਾਰ ਪੰਚ,ਰੇਸ਼ਮ ਲਾਲ ਪੰਚ, ਅਮਿਤ ਪਵਾਰ ਪੰਚ, ਸੁਖਵਿੰਦਰ ਲਾਲ ਪੰਚ, ਜਸਵਿੰਦਰ ਪੰਚ ਹਾਜ਼ਰ ਰਹੇ ਅਤੇ ਸੰਤ ਕ੍ਰਿਸ਼ਨਾਥ ਜੀ ਚਹੇੜੂ ਵਾਲਿਆਂ ਨੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਸ੍ਰੀ ਬਲਵਿੰਦਰ ਕੁਮਾਰ ਜੀ ਪ੍ਰਧਾਨ ਗੁਰੂ ਘਰ, ਸੁਰਿੰਦਰ ਸਿੰਘ ਪ੍ਰਧਾਨ ਪਵਾਰ ਜਠੇਰੇ, ਰਜੇਸ਼ ਕੁਮਾਰ ਪ੍ਰਧਾਨ ਚੰਦੜ ਜਠੇਰੇ ਨੇ ਵੀ ਆਪਣੀਆਂ ਹਾਜ਼ਰੀਆਂ ਭਰੀਆਂ ਤੇ ਸੰਤਾਂ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਸੰਤ ਬਾਬਾ ਫੂਲ ਨਾਥ ਜੀ ਸੰਗੀਤ ਮੰਡਲੀ ਡੇਰਾ ਚਹੇੜੂ, ਸੰਤ ਬਾਬਾ ਬ੍ਰਹਮ ਨਾਥ ਜੀ ਭਜਨ ਮੰਡਲੀ ਡੇਰਾ ਚਹੇੜੂ ਦੀਆਂ ਬੀਬੀਆਂ ਨੇ ਆਪਣੇ ਆਪਣੇ ਸ਼ਬਦਾਂ ਰਾਹੀਂ ਹਾਜ਼ਰੀ ਭਰੀ। ਸਤਿਗੁਰੂ ਰਵਿਦਾਸ ਪਬਲਿਕ ਸਕੂਲ ਜੈਤੇਵਾਲੀ ਦੀ ਪ੍ਰਿੰਸੀਪਲ ਹਰਦੀਪ ਕੌਰ ਜੀ ਨੇ ਸਕੂਲ ਦੀਆਂ ਉਪਲਭਦੀਆਂ ਬਾਰੇ ਚਾਨਣਾ ਪਾਇਆ ਸਕੂਲ ਦੀਆਂ ਕਲਾਸਾਂ ਵਿੱਚ ਪਹਿਲੇ ਦੂਜੇ ਤੇ ਤੀਜੇ ਅਸਥਾਨ ਤੇ ਆਏ ਬੱਚਿਆਂ ਨੂੰ ਸਨਮਾਨ ਚਿਨ ਦੇ ਕੇ ਸਨਮਾਨ ਕੀਤਾ।



## ਵਿਧਾਇਕਾ ਨੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦੇ ਦਿੱਤੇ ਨਿਰਦੇਸ਼

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਨੂਰਮਹਿਲ ਦੇ ਸ਼ਹਿਰੀ ਬਲਾਕ ਪ੍ਰਧਾਨ ਦਵਿੰਦਰ ਸੰਧੂ ਦੇ ਯਤਨਾਂ ਸਦਕਾ ਨੂਰਮਹਿਲ ਦੇ ਮੁਹੱਲਾ ਕੋਟਲਾ ਵਿਖੇ ਹਲਕਾ ਨਕੋਦਰ ਦੀ ਵਿਧਾਇਕਾ ਇੰਦਰਜੀਤ ਕੌਰ ਮਾਨ ਪਹੁੰਚੇ ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਨਿਰਪੱਖ, ਪਾਰਦਰਸ਼ੀ ਅਤੇ ਤੇਜ਼ ਪ੍ਰਸ਼ਾਸਨਿਕ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਹ ਆਪਣੇ ਨੂਰਮਹਿਲ ਸਥਿਤ ਮੁੱਹਲਾ ਕੋਟਲਾ ਵਿੱਚ ਮੁਹੱਲਾ ਵਾਸੀਆਂ ਦੀਆਂ ਸਮੱਸਿਆਵਾਂ ਸੁਣ ਰਹੇ ਸਨ। ਇਸ ਦੌਰਾਨ ਉਨ੍ਹਾਂ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋਕਾਂ ਦੀਆਂ ਮੁਸ਼ਕਲਾਂ ਦਾ ਤੁਰੰਤ ਹੱਲ ਕਰਨ ਲਈ ਸਪੱਸ਼ਟ ਨਿਰਦੇਸ਼ ਦਿੱਤੇ। ਇਸ ਮੌਕੇ ਹਲਕਾ ਵਿਧਾਇਕ ਇੰਦਰਜੀਤ ਕੌਰ ਨੇ ਕਿਹਾ ਕਿ ਸੂਬਾ ਸਰਕਾਰ ਦਾ ਮੁੱਖ ਧਿਆਨ ਆਉਣ ਵਾਲੀਆਂ ਪੀੜੀਆਂ ਲਈ ਬਿਹਤਰ ਭਵਿੱਖ ਸੁਨਿਸ਼ਚਿਤ ਕਰਨਾ ਹੈ। ਅਸੀਂ ਸਿਰਫ਼ ਵਰਤਮਾਨ ਦੀਆਂ ਜ਼ਰੂਰਤਾਂ ਪੂਰੀਆਂ ਕਰਨ ਤੱਕ ਸੀਮਿਤ ਨਹੀਂ, ਸਗੋਂ ਲੰਬੇ ਸਮੇਂ ਲਈ ਵਿਕਾਸ ਅਤੇ ਸੁਧਾਰ ਦੀ ਯੋਜਨਾ ਬਣਾ ਕੇ ਕੰਮ ਕਰ ਰਹੇ ਹਾਂ। ਇਸ ਮੌਕੇ ਲਖਵੀਰ ਸਿੰਘ ਉੱਪਲ ਚੇਅਰਮੈਨ ਮਾਰਕੀਟ ਕਮੇਟੀ ਨੂਰਮਹਿਲ, ਕੌਂਸਲਰ ਰਾਜੀਵ ਮਿਸ਼ਰ , ਦਵਿੰਦਰ ਸੰਧੂ ਸ਼ਹਿਰੀ ਬਲਾਕ ਪ੍ਰਧਾਨ ਨੂਰਮਹਿਲ, ਪ੍ਰੇਮ ਕੁਮਾਰ ਉਰਫ ਰਾਜੂ ਉੱਪਲ ਪ੍ਰਧਾਨ ਐੱਸ ਸੀ ਵਿੰਗ ਹਲਕਾ ਨਕੋਦਰ, ਜਸਵੀਰ ਸਿੰਘ ਧੰਜਲ ਹਲਕਾ ਸੰਗਠਨ ਇੰਚਾਰਜ ਤੇ ਡਾਇਰੈਕਟਰ ਬੈਕਫਿੰਕੋ ਪੰਜਾਬ, ਪ੍ਰਮੋਦ ਸੇਖੜੀ, ਸੁਖਦੇਵ ਲਗਾਹ, ਸੰਦੀਪ ਮਿੱਤੂ , ਮੁਕੇਸ਼ ਕੁਮਾਰ, ਬਲਵੀਰ ਸਿੰਘ ਭਾਰਤ ਗੈਸ ਵਾਲੇ, ਜਿੰਦਰ ਸਿੰਘ, ਜਸ਼ਨ ਸਿੰਘ ਜੋਗਾ ਸਿੰਘ ਲੰਬੜ, ਬਲਵੀਰ ਸਿੰਘ, ਪਰਮਜੀਤ ਸਿੰਘ,ਜਸਕਰਨ ਸਿੰਘ, ਰੁਪਿੰਦਰ ਸਿੰਘ, ਜਗਰੂਪ ਸਿੰਘ,ਕੁਲਵਿੰਦਰ ਸਿੰਘ,ਇੰਦਰਜੀਤ ਸਿੰਘ, ਸੁਖਜਿੰਦਰ ਸਿੰਘ, ਗੁਰਭੇਜ ਸਿੰਘ ਹੈਡ ਗ੍ਰੰਥੀ ਅਤੇ ਮੁਹੱਲਾ ਕੋਟਲਾ ਵਾਸੀ ਮੌਜੂਦ ਸਨ।



## ਹਲਕਾ ਆਦਮਪੁਰ ਦੇ ਪਿੰਡਾਂ 'ਚ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਕੀਤੀਆਂ ਮੀਟਿੰਗਾਂ

**ਅਲਾਵਲਪੁਰ (ਮਦਨ ਬੰਗੜ)**- ਬਸਪਾ ਦੇ ਸੰਸਥਾਪਕ ਸਾਹਿਬ ਕਾਂਸ਼ੀ ਰਾਮ ਜੀ ਦੇ ਪਰਿਨਿਰਵਾਣ ਦਿਵਸ ਮੌਕੇ ਪਾਰਟੀ ਵੱਲੋਂ 9 ਅਕਤੂਬਰ ਨੂੰ ਫਿਲੌਰ ਵਿਖੇ 'ਤਖਤ ਬਦਲ ਦਿਓ-ਤਾਜ ਬਦਲ ਦਿਓ' ਮਹਾਰੈਲੀ ਕੀਤੀ ਜਾ ਰਹੀ ਹੈ। ਇਸ ਮਹਾਰੈਲੀ ਦੀਆਂ ਤਿਆਰੀਆਂ ਸਬੰਧੀ ਬਸਪਾ ਦੇ ਸੂਬਾ ਪ੍ਰਧਾਨ ਤੇ ਸਾਬਕਾ ਸੰਸਦ ਮੈਂਬਰ ਡਾ. ਅਵਤਾਰ ਸਿੰਘ ਕਰੀਮਪੁਰੀ ਵੱਲੋਂ ਵਿਧਾਨ ਸਭਾ ਹਲਕਾ ਆਦਮਪੁਰ ਵਿਚ ਅਲਾਵਲਪੁਰ ਸਮੇਤ ਸ਼ਾਮਚੁਰਾਸੀ ਦੇ ਪਿੰਡਾਂ ਵਿੱਚ ਲੋਕਾਂ ਨੂੰ ਬਸਪਾ ਦੀ ਮਹਾ ਰੈਲੀ ਵਿਚ ਵੱਧ ਚੜ੍ਹ ਕੇ ਪਹੁੰਚਣ ਦਾ ਸੱਦਾ ਦਿੱਤਾ ਗਿਆ । ਬਸਪਾ ਸੂਬਾ ਪ੍ਰਧਾਨ ਡਾ. ਕਰੀਮਪੁਰੀ ਨੇ ਕਿਹਾ ਕਿ ਪਿਛਲੀਆਂ ਕਾਂਗਰਸ, ਅਕਾਲੀ-ਭਾਜਪਾ ਸਰਕਾਰਾਂ ਵਾਂਗ 'ਆਪ' ਸਰਕਾਰ ਨੇ ਵੀ ਲੋਕਾਂ ਨਾਲ ਸਿਰਫ ਖੋਖਲੇ ਵਾਅਦੇ ਕੀਤੇ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਬਸਪਾ ਦੀ ਅਗਵਾਈ 'ਚ ਇਕੱਠੇ ਹੋਣ ਤੇ ਬਸਪਾ ਪੰਜਾਬ 'ਚ 2027 ਦੇ ਸੱਤਾ ਪਰਿਵਰਤਨ ਦੀ ਨੀਂਹ ਰੱਖੇਗੀ।ਇਸ ਮੌਕੇ ਬਸਪਾ ਦੇ ਸੂਬਾ ਕੋਆਰਡੀਨੇਟਰ ਚੌਧਰੀ ਗੁਰਨਾਮ ਸਿੰਘ, ਸੂਬਾ ਜਨਰਲ ਸਕੱਤਰ ਐਡਵੋਕੇਟ ਬਲਵਿੰਦਰ ਕੁਮਾਰ, ਦਲਜੀਤ ਰਾਏ, ਬੀ. ਕੇ. ਸੀਕਰੀ, ਨਿਸ਼ਾਨ ਚੌਧਰੀ, ਹਲਕਾ ਆਦਮਪੁਰ ਦੇ ਇੰਚਾਰਜ ਮਦਨ ਮੱਦੀ ਕੌਂਸਲਰ, ਹਲਕਾ ਪ੍ਰਧਾਨ ਹਰਜਿੰਦਰ ਬਿੱਲਾ ਮਹਿਮਦਪੁਰ, ਜਸਵੀਰ ਸਿੰਘ ਪੰਡੋਰੀ, ਰਿਟਾ. ਬੀ.ਪੀ.ਈ.ਓ. ਸੂਰਤੀ ਲਾਲ, ਸੁਖਵਿੰਦਰ ਚਖਿਆਰਾ, ਕੌਂਸਲਰ ਰਚਨਾ ਦੇਵੀ, ਹਰਜਿੰਦਰ ਬਿੱਲਾ ਆਦਮਪੁਰ ਹਲਕਾ ਪ੍ਰਧਾਨ, ਮਦਨ ਲਾਲ ਰਮਦਾਸਪੁਰ, ਸੋਨੀ ਬੈਂਸ, ਸੁਰਜੀਤ ਲੰਬੜ, ਚਮਨ ਲਾਲ, ਗੁਰਦੀਪ, ਸਾਜਨ ਅਲਾਵਲਪੁਰ, ਸੁੱਚਾ ਰਾਮ ਆਦਿ ਆਗੂ ਵੀ ਮੌਜੂਦ ਸਨ।



7-OCT-PAGE-10.qxd 10/6/2025 9:44 PM Page 1



## ਵਿਧਾਇਕ ਰਾਏ ਨੇ ਗਲੀਆਂ ਦੀ ਰਿਪੇਅਰ ਦਾ ਕੰਮ ਸ਼ੁਰੂ ਕਰਵਾਇਆ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਹਲਕਾ ਵਿਧਾਇਕ ਸ. ਲਖਬੀਰ ਸਿੰਘ ਰਾਏ ਵੱਲੋਂ ਵਾਰਡ ਨੰਬਰ 11, ਸੈਣੀ ਮੁਹੱਲਾ ਵਿੱਚ 17 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਦੀ ਮੁਰੰਮਤ ਤੇ ਨਵੀਨੀਕਰਨ ਦਾ ਕੰਮ ਸ਼ੁਰੂ ਕਰਵਾਇਆ ਗਿਆ।ਸ. ਰਾਏ ਨੇ ਕਿਹਾ ਕਿ ਸਰਹਿੰਦ-ਫਤਿਹਗੜ੍ਹ ਸਾਹਿਬ ਹਲਕੇ ਵਿੱਚ ਵਿਕਾਸ ਦੇ ਕੰਮ ਲਗਾਤਾਰ ਤੇ ਤੇਜ਼ ਰਫ਼ਤਾਰ ਨਾਲ ਜਾਰੀ ਹਨ।ਉਨ੍ਹਾਂ ਦੱਸਿਆ ਕਿ ਸਰਕਾਰ ਦਾ ਮਕਸਦ ਲੋਕਾਂ ਨੂੰ ਬਿਹਤਰ ਸੜਕਾਂ, ਸਾਫ਼ ਸਫ਼ਾਈ ਤੇ ਪਾਣੀ ਦੀ ਸਹੂਲਤ ਮੁਹੱਈਆ ਕਰਵਾਉਣਾ ਹੈ। ਕਿਸੇ ਵੀ ਇਲਾਕੇ ਨੂੰ ਪਿੱਛੇ ਨਹੀਂ ਛੱਡਿਆ ਜਾਵੇਗਾ।ਇਸ ਮੌਕੇ ਸਥਾਨਕ ਵਾਸੀਆਂ ਨੇ ਵਿਧਾਇਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਈ ਸਾਲਾਂ ਤੋਂ ਪੈਂਡਿੰਗ ਪਈਆਂ ਗਲੀਆਂ ਦੀ ਮੁਰੰਮਤ ਨਾਲ ਉਨ੍ਹਾਂ ਨੂੰ ਵੱਡੀ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਸ. ਲਖਬੀਰ ਸਿੰਘ ਰਾਏ ਹਮੇਸ਼ਾ ਹੀ ਲੋਕਾਂ ਦੇ ਦੁੱਖ-ਸੁੱਖ ਵਿੱਚ ਸ਼ਾਮਲ ਰਹਿੰਦੇ ਹਨ ਤੇ ਹਲਕੇ ਦੇ ਹਰੇਕ ਵਾਰਡ ਵਿੱਚ ਵਿਕਾਸ ਕਾਰਜਾਂ ਨੂੰ ਪ੍ਰਾਥਮਿਕਤਾ ਦੇ ਰਹੇ ਹਨ।ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਸਰਹਿੰਦ ਫ਼ਤਹਿਗੜ੍ਹ ਸਾਹਿਬ ਅਧੀਨ ਆਉਂਦੇ ਇਲਾਕੇ ਦੀ ਨੁਹਾਰ ਬਦਲਣ ਲਈ ਵਿਕਾਸ ਕਾਰਜ ਜਾਰੀ ਹਨ। ਇਸ ਵਾਰਡ ਵਿੱਚ ਕੁੱਝ ਸਮਾਂ ਪਹਿਲਾਂ ਸੀਵਰੇਜ ਪਾਉਣ ਦਾ ਕੰਮ ਵੀ ਸ਼ੁਰੂ ਕਰਵਾਇਆ ਗਿਆ ਸੀ, ਜੋ ਲਗਭਗ ਕੰਪਲੀਟ ਹੋ ਗਿਆ ਹੈ।ਸ਼ਹਿਰ ਦੇ ਕੁਝ ਇਲਾਕੇ ਸੀਵਰੇਜ ਸਹੂਲਤ ਤੋਂ ਵਾਂਝੇ ਸਨ, ਉਨ੍ਹਾਂ ਨੂੰ ਸੀਵਰੇਜ ਦੇ ਨਾਲ ਜੋੜਨ ਲਈ ਵੀ ਹਰ ਕੋਈ ਵਾਰਡਾਂ ਵਿੱਚ ਵੀ ਸੀਵਰੇਜ ਦਾ ਕੰਮ ਸ਼ੁਰੂ ਕਰਵਾ ਦਿੱਤਾ ਗਿਆ ਹੈ।ਇਸ ਮੌਕੇ ਪਵੇਲ ਹਾਂਡਾ, ਬਲਵੀਰ ਸੋਢੀ, ਐਡਵੋਕੇਟ ਗੁਰਪ੍ਰੀਤ ਸਿੰਘ ਕੈਂਡੇ, ਸਤੀਸ਼ ਲੁਟੱਰ, ਮਾਨਵ ਟਿਵਾਣਾ ਸਮੇਤ ਵੱਡੀ ਗਿਣਤੀ ਵਿੱਚ ਮੁਹੱਲਾ ਨਿਵਾਸੀ ਹਾਜ਼ਰ ਸਨ।

# ਲਾਇਨਜ਼ ਕਲੱਬ ਸਿਟੀ ਨੇ ਮਨਾਇਆ ਅੰਤਰਰਾਸ਼ਟਰੀ ਅਧਿਆਪਕ ਦਿਵਸ

**ਮੋਗਾ (ਇਕਬਾਲ ਸਿੰਘ ਖਹਿਰਾ)**

ਲਾਇਨਜ਼ ਕਲੱਬ ਮੋਗਾ ਸਿਟੀ ਵੱਲੋਂ ਡੀ ਐੱਮ ਕਾਲਜ ਫਾਰ ਐਜੂਕੇਸ਼ਨ ਵਿਖੇ ਅੰਤਰਰਾਸ਼ਟਰੀ ਅਧਿਆਪਕ ਦਿਵਸ ਦੇ ਸੰਬੰਧ ਵਿੱਚ ਸਨਮਾਨ ਸਮਾਰੋਹ ਕਲੱਬ ਦੇ ਵਾਈਸ ਪ੍ਰਧਾਨ ਲਾਈਨ ਬਲਵੰਤ ਸਿੰਘ ਢੰਡੀਆਣਾ ਦੀ ਪ੍ਰਧਾਨਗੀ ਵਿੱਚ ਆਯੋਜਨ ਕੀਤਾ ਗਿਆ।ਕਲੱਬ ਦੇ ਪ੍ਰਧਾਨ ਲਾਈਨ ਸਤਿੰਦਰਜੀਤ ਸਿੰਘ ਸੋਢੀ, ਜੋ ਮੌਜੂਦਾ ਸਮੇਂ ਵਿਦੇਸ਼ ਯਾਤਰਾ ਉੱਤੇ ਹਨ, ਨੇ ਵਿਦੇਸ਼ ਵਿੱਚੋਂ ਵਧਾਈ ਸੰਦੇਸ਼ ਭੇਜਿਆ।ਇਸ ਪ੍ਰੋਗਰਾਮ ਵਿੱਚ ਬਤੌਰ ਮੁੱਖ ਮਹਿਮਾਨ ਰੀਜਨ ਚੇਅਰਪਰਸਨ ਲਾਇਨ ਚਰਨਜੀਤ ਸਿੰਘ ਭੰਡਾਰੀ, ਵਿਸ਼ੇਸ਼ ਮਹਿਮਾਨ ਬਲਜੀਤ ਸਿੰਘ ਚਾਨੀ ਮੇਅਰ ਨਗਰ ਕੌਂਸਲ ਮੋਗਾ ਤੇ ਗੈਸਟ ਆਫ ਆਨਰ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਗੁਰਦਿਆਲ ਸਿੰਘ ਮਠਾੜੂ ਨੇ ਸ਼ਿਰਕਤ ਕੀਤੀ।ਇਹ ਪ੍ਰੋਗਰਾਮ ਪ੍ਰੋਜੈਕਟ ਚੇਅਰਮੈਨ ਲਾਈਨ ਡਾ. ਅਸ਼ੋਕ ਗਰਗ ਦੀ ਦੇਖ-ਰੇਖ ਵਿੱਚ ਉਲੀਕਿਆ ਗਿਆ ਸੀ ਤੇ ਬਾਖੂਬੀ ਸੰਪੰਨ ਹੋਇਆ।ਸਮਾਗਮ ਵਿੱਚ ਸ਼ਾਮਲ ਹੋਏ ਪਤਵੰਤਿਆਂ ਦਾ ਸਵਾਗਤ ਕਰਦੇ ਹੋਏ ਕਲੱਬ ਦੇ ਖ਼ਜ਼ਾਨਚੀ ਲਾਈਨ ਹਰਪਾਲ ਸਿੰਘ ਮੱਕੜ ਨੇ ਅਧਿਆਪਨ ਦੇ ਕਾਰਜ ਦੀ ਸ਼ਲਾਘਾ ਕਰਦੇ ਹੋਏ ਦੱਸਿਆ ਕਿ ਅਧਿਆਪਕ ਦੀ ਪਦਵੀ ਮਾਂ ਵਰਗੀ ਹੁੰਦੀ ਹੈ, ਜੋ ਇਕ ਇਨਸਾਨ ਨੂੰ ਸਮਾਜ ਵਿੱਚ ਵਿਚਰਨ ਦੇ ਯੋਗ ਬਣਾਉਂਦੀ

### ਸਨਮਾਨਤ ਕੀਤੇ ਤਿੰਨ ਅਧਿਆਪਕ



ਹੈ।ਉਨ੍ਹਾਂ ਕਿਹਾ ਕਿ ਅਧਿਆਪਕਾਂ ਦਾ ਸਮਾਜ ਸਿਰਜਣ ਵਿੱਚ ਵੱਡਮੁੱਲਾ ਯੋਗਦਾਨ ਹੈ।ਉਨ੍ਹਾਂ ਕਿਹਾ ਕਿ ਸਮਾਜ ਦਾ ਵੀ ਫਰਜ਼ ਬਣਦਾ ਹੈ ਕਿ ਆਪਣੇ ਕਿੱਤੇ ਨੂੰ ਸਮਰਪਤ ਅਧਿਆਪਕਾਂ ਦਾ ਸਨਮਾਨ ਕੀਤਾ ਜਾਵੇ।ਇਸ ਲਈ ਉਸੇ ਫ਼ਰਜ਼ ਨੂੰ ਪੂਰਾ ਕਰਨ ਲਈ ਹਰ ਸਾਲ ਲਾਈਨ ਕਲੱਬ ਵੱਲੋਂ ਜ਼ਿਲ੍ਹੇ ਵਿੱਚੋਂ ਯੋਗਤਾ ਦੇ ਅਧਾਰ 'ਤੇ ਅਧਿਆਪਕਾਂ ਦੀ ਹੌਸਲਾ ਅਫ਼ਜ਼ਾਈ ਕਰਨ ਲਈ ਸਨਮਾਨ ਲਈ ਚੋਣ ਕੀਤੀ ਜਾਂਦੀ ਹੈ ਅਤੇ ਸਮਾਰੋਹ ਰੱਖ ਕੇ ਪਤਵੰਤੇ ਸੱਜਣਾ ਦੀ ਮੌਜੂਦਗੀ ਵਿਚ ਸਨਮਾਨ ਚਿੰਨ੍ਹ ਭੇਟ ਕੀਤੇ ਜਾਂਦੇ ਹਨ।ਕਲੱਬ ਵੱਲੋਂ ਇਹ ਸਮਾਰੋਹ ਜ਼ਿਲ੍ਹਾ ਗਵਰਨਰ ਐੱਮ ਜੇ ਐੱਫ ਲਾਈਨ ਅੰਮ੍ਰਿਤ ਪਾਲ ਸਿੰਘ ਜੇਤੂ ਦੀ ਯੋਗ ਰਹਿਨੁਮਾਈ ਹੇਠ ਨੇਪਰੇ ਚਾੜ੍ਹਿਆ ਗਿਆ।ਸਮਾਗਮ ਤੋਂ ਪਹਿਲਾਂ ਲਾਈਨ ਕਲੱਬ ਦੀ ਰਿਵਾਇਤ ਅਨੁਸਾਰ ਇਨਵੋਕੇਸ਼ਨ ਸੈਰੇਮਨੀ ਕੀਤੀ ਗਈ, ਜਿਸ ਨੂੰ ਲਿਕਵੀਰ ਕੌਰ ਵੱਲੋਂ ਪੜ੍ਹਿਆ ਗਿਆ।ਉਸ ਉਪਰੰਤ ਤਿਰੰਗੇ ਝੰਡੇ ਦੇ ਸਨਮਾਨ ਵਿੱਚ ਫਲੈਗ ਸਾਲੂਟੇਸ਼ਨ ਸੈਰੇਮਨੀ ਕੀਤੀ ਗਈ।

ਇਸ ਮੌਕੇ ਸੰਦੀਪ ਕੌਰ ਐੱਸ ਐੱਸ ਮਿਸਟ੍ਰੈਸ, ਗੁਰਮੀਤ ਸਿੰਘ ਐੱਸ ਐੱਸ ਮਾਸਟਰ ਤੇ ਵਿਧਨਜੀਤ ਕੌਰ ਸਾਇੰਸ ਮਿਸਟ੍ਰੈਸ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਲਾਈਨ ਗੁਰਚੀਫ ਸਿੰਘ ਸੰਘਲ, ਲਾਈਨ ਹਰਪਾਲ ਸਿੰਘ ਮੱਕੜ ਤੇ ਲਾਈਨ ਅਜੀਤ ਪਾਲ ਸਿੰਘ ਐਡਵੋਕੇਟ ਵੱਲੋਂ ਤਿੰਨੋ ਹੀ ਸਨਮਾਨਤ ਅਧਿਆਪਕਾਂ ਦੀ ਪ੍ਰਸ਼ੰਸਾ ਕਰਦੇ ਹੋਏ ਸਨਮਾਨ ਪੱਤਰ ਪੜ੍ਹੇ ਗਏ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਬਾਰੇ ਸਹਿਸਾਨਾਂ ਨੂੰ ਜਾਣੂ ਕਰਵਾਇਆ।ਬਲਜੀਤ ਸਿੰਘ ਚਾਨੀ ਮੇਅਰ ਮਿਊਂਸਪਲ ਕਾਰਪੋਰੇਸ਼ਨ ਮੋਗਾ ਨੇ ਸਨਮਾਨ ਪ੍ਰਾਪਤ ਕਰਨ ਵਾਲੇ ਅਧਿਆਪਕਾਂ ਦੀ ਸ਼ਲਾਘਾ ਕੀਤੀ ਤੇ ਹੋਰ ਵੀ ਤਨਦੇਹੀ ਨਾਲ ਕੰਮ ਕਰਨ ਲਈ ਪ੍ਰੇਰਿਆ।ਮੰਚ ਸੰਚਾਲਨ ਦੀ ਡਿਊਟੀ ਕਲੱਬ ਸਕੱਤਰ ਲਾਈਨ ਅਜੀਤ ਪਾਲ ਸਿੰਘ ਤੇ ਕਲੱਬ ਦੇ ਖਜ਼ਾਨਚੀ ਹਰਪਾਲ ਸਿੰਘ ਮੱਕੜ ਵੱਲੋਂ ਬਾਖੂਬੀ ਨਿਭਾਈ ਗਈ।

## ਪੀ ਐੱਸ ਈ ਬੀ ਪੈਨਸ਼ਨਰ ਯੂਨੀਅਨ ਪੰਜਾਬ (ਏਟਕ) ਦੀ ਮੀਟਿੰਗ



**ਰਾਜਪੁਰਾ (ਕਮਲ ਕਟਾਰੀਆ)**-ਪੀ ਐੱਸ ਈ ਬੀ ਪੈਨਸ਼ਨਰ ਯੂਨੀਅਨ ਪੰਜਾਬ (ਏਟਕ ਨਾਲ ਸਬੰਧਤ ਜਥੇਬੰਦੀ ਵਿੱਚੋਂ ਸੇਵਾ ਮੁਕਤ ਹੋਏ) ਸਾਥੀਆਂ ਦੀ ਮਹੀਨਾਵਾਰ ਮੀਟਿੰਗ ਸਮਾਜ ਭਲਾਈ ਵਿਚਾਰ ਪਾਰਕ ਰਾਜਪੁਰਾ ਵਿਖੇ ਸਾਥੀ ਗੁਰਨਾਮ ਸਿੰਘ ਉਰਨਾ ਸੀਨੀਅਰ ਮੀਤ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਸ਼ੁਰੂ ਹੋਣ ਤੋਂ ਪਹਿਲਾਂ ਸਾਡੇ ਕਰੀਬੀ ਰਿਸ਼ਤੇਦਾਰਾਂ ਅਤੇ ਹੋਰ ਸੰਸਾਰ ਵਿੱਚ ਵਿਛੜੇ ਆਗੂਆਂ ਨੂੰ 2 ਮਿੰਟ ਦਾ ਮੌਨ ਰੱਖ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ।ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਕੌਮੀ ਆਗੂ ਸਾਥੀ ਹਰਭਜਨ ਸਿੰਘ ਪਿਲਖਣੀ, ਸੂਬਾ ਵਿੱਤ ਸਕੱਤਰ ਸਾਥੀ ਬਲਜੀਤ ਕੁਮਾਰ, ਜ਼ੋਨ ਕਨਵੀਨਰ ਗੁਰਦਿਆਲ ਸਿੰਘ ਬੱਬੂ ਸ਼ਾਮਲ ਹੋਏ।ਉਪਰੋਕਤ ਬੁਲਾਰਿਆਂ ਨੇ ਦੱਸਿਆ ਕਿ ਆਉਣ ਵਾਲਾ ਸਮਾਂ ਸੰਘਰਸ਼ਾਂ ਭਰਿਆ ਹੈ, ਕਿਉਂਕਿ ਮੈਨੇਜਮੈਂਟ ਤੇ ਪੰਜਾਬ ਸਰਕਾਰ ਕੁਝ ਵੀ ਪੈਨਸ਼ਨਰਾਂ/ਮੁਲਾਜ਼ਮਾਂ ਨੂੰ ਦੇਣ ਦੀ ਬਜਾਏ ਲਾਰੇ ਲੱਪੇ ਲਗਾ ਕੇ ਆਪਣਾ ਰਹਿੰਦਾ ਸਮਾਂ/ਡੰਗ ਟਪਾ ਰਹੀ ਹੈ, ਪਰ ਸਰਕਾਰ ਨੂੰ ਸੰਘਰਸ਼ ਕਰਨ ਉਪਰੰਤ ਹੀ ਮੰਗਾਂ ਮੰਨਣ ਲਈ ਮਜਬੂਰ ਹੋਣਾ ਪੈਣਾ ਹੈ।ਇਸ ਮੀਟਿੰਗ ਵਿੱਚ ਕੁਲਦੀਪ ਸਿੰਘ ਪ੍ਰਧਾਨ, ਸਾਥੀ ਹਰਦੀਪ ਸਿੰਘ ਵਿੱਤ ਸਕੱਤਰ ਜੇ ਈ, ਸਾਥੀ ਜ਼ੋਰਾਵਰ ਸਿੰਘ, ਸਾਥੀ ਸਾਮ ਸੁੰਦਰ, ਸਾਥੀ ਰਾਮ ਰਤਨ ਪ੍ਰਧਾਨ ਤੇ ਹੋਰ ਆਗੂ ਹਾਜ਼ਰ ਸਨ।ਅੰਤ ਵਿੱਚ ਆਏ ਸਾਥੀਆਂ ਦਾ ਧੰਨਵਾਦ ਸਾਥੀ ਕੁਲਵੰਤ ਸਿੰਘ ਕਬੂਲਪੁਰ ਨੇ ਕੀਤਾ।

## ਵਿਗਿਆਨ ਮੇਲੇ 'ਚ ਵਿਦਿਆਰਥੀਆਂ ਨੇ ਕੀਤੀ ਕਮਾਲ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਫ਼ਤਿਹ ਸੀਨੀਅਰ ਸੈਕੰਡਰੀ ਸਕੂਲ ਦੇ ਸਾਇੰਸ ਵਿਭਾਗ ਵੱਲੋਂ ਵਿਗਿਆਨ ਮੇਲਾ ਵਿਸ਼ੇਸ਼ ਉਤਸ਼ਾਹ ਨਾਲ ਆਯੋਜਤ ਕੀਤਾ ਗਿਆ।ਮੇਲੇ 'ਚ ਗਿਆਰ੍ਹਵੀਂ ਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਬਣਾਏ ਵਰਕਿੰਗ ਤੇ ਨਾਨ ਵਰਕਿੰਗ ਮਾਡਲਾਂ ਦੀ ਪ੍ਰਦਰਸ਼ਨੀ ਲਾਈ ਗਈ, ਜਿਸ ਨੇ ਦਰਸ਼ਕਾਂ ਦਾ ਮਨ ਮੋਹ ਲਿਆ।ਵਿਦਿਆਰਥੀਆਂ ਨੇ ਵਿਗਿਆਨ ਦੇ ਵੱਖ-ਵੱਖ ਖੇਤਰਾਂ ਜਿਵੇਂ ਊਰਜਾ ਸੰਭਾਲ, ਪ੍ਰਦੂਸ਼ਣ ਨਿਯੰਤਰਣ, ਪਾਣੀ ਪ੍ਰਬੰਧਨ, ਰੋਬੋਟਿਕਸ ਤੇ ਸਿਹਤ ਵਿਗਿਆਨ ਨਾਲ ਸੰਬੰਧਤ ਮਾਡਲ ਤਿਆਰ ਕਰਕੇ ਆਪਣੀ ਕਲਾਤਮਕ ਸੋਚ ਅਤੇ ਤਕਨੀਕੀ ਹੁਨਰ ਦਾ ਪ੍ਰਗਟਾਵਾ ਕੀਤਾ।ਸੰਸਥਾ ਦੇ ਪਬਲਿਕ ਰਿਲੇਸ਼ਨ ਅਫਸਰ ਪ੍ਰੋ ਰਾਜਿੰਦਰ ਕੁਮਾਰ ਨੇ ਦੱਸਿਆ ਕਿ ਇਹ ਮੇਲਾ ਨਾ ਸਿਰਫ਼ ਵਿਦਿਆਰਥੀਆਂ ਵਿੱਚ ਖੋਜ ਦੀ ਭਾਵਨਾ ਨੂੰ ਉਭਾਰਨ ਵਾਲਾ ਸਾਬਤ ਹੋਇਆ, ਸਗੋਂ ਉਨ੍ਹਾਂ ਨੂੰ ਸਮੂਹਕ ਕਾਰਜ, ਪ੍ਰਬੰਧਕੀ ਤੇ ਪ੍ਰਸਤੁਤੀ ਕੁਸ਼ਲਤਾ ਸਿੱਖਣ ਦਾ ਮੌਕਾ ਵੀ ਪ੍ਰਦਾਨ ਕਰ ਗਿਆ।ਸੰਸਥਾ ਦੇ ਚੇਅਰਮੈਨ ਐਸ. ਚੱਠਾ ਨੇ ਵਿਦਿਆਰਥੀਆਂ ਦੇ ਉਤਸ਼ਾਹ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਵਿਗਿਆਨਕ ਸੋਚ ਹੀ ਦੇਸ਼ ਦੀ ਤਰੱਕੀ ਦਾ ਆਧਾਰ ਹੈ।ਉਨ੍ਹਾਂ ਐਲਾਨ ਕੀਤਾ ਕਿ ਵਿਗਿਆਨ ਲੈਬਾਂ ਨੂੰ ਹੋਰ ਆਧੁਨਿਕ ਸਹੂਲਤਾਂ ਨਾਲ ਸਜਾਇਆ ਜਾਵੇਗਾ ਤਾਂ ਜੁ ਵਿਦਿਆਰਥੀ ਪ੍ਰਯੋਗਾਤਮਕ ਸਿੱਖਿਆ 'ਚ ਹੋਰ ਅੱਗੇ ਵਧ ਸਕਣ।ਇਹ ਮੇਲਾ ਪ੍ਰਿੰਸੀਪਲ ਬਘੇਲ ਸਿੰਘ ਦੀ ਯੋਗ ਅਗਵਾਈ ਹੇਠ ਆਯੋਜਤ ਕੀਤਾ ਗਿਆ।ਐਮ.ਡੀ ਮਨਜੀਤ ਕੌਰ ਚੱਠਾ, ਡੀਨ ਅਕਾਦਮਿਕ ਡਾ. ਜਗਵਿੰਦਰ ਸਿੰਘ ਸਿੱਧੂ, ਸਹਾਇਕ ਡਾਇਰੈਕਟਰ ਜਸਵਿੰਦਰ ਸਿੰਘ, ਕੰਪਿਊਟਰ ਵਿਭਾਗ ਮੁਖੀ ਪ੍ਰੋ. ਸੋਨਵਿੰਦਰ ਸਿੰਘ, ਪ੍ਰੋ. ਕੁਮਾਰੀ ਸ਼ੈਲਜਾ, ਪ੍ਰੋ. ਸੰਦੀਪ ਕੌਰ ਅਤੇ ਪ੍ਰੋ. ਕਰਮਜੀਤ ਕੌਰ, ਪ੍ਰੋ ਮੁਕੇਸ਼ ਗਰਗ, ਪ੍ਰੋ ਸੁਖਪ੍ਰੀਤ ਕੌਰ, ਪ੍ਰੋ ਪ੍ਰਨੀਤ ਨੇ ਵਿਦਿਆਰਥੀਆਂ ਨੂੰ ਪ੍ਰੇਰਣਾਦਾਇਕ ਸ਼ਬਦਾਂ ਨਾਲ ਸਨਮਾਨਿਤ ਕੀਤਾ।ਪ੍ਰਿੰਸੀਪਲ ਬਘੇਲ ਸਿੰਘ ਨੇ ਦੱਸਿਆ ਕਿ ਮੇਲੇ ਦੌਰਾਨ ਸਕੂਲ ਕੈਂਪਸ ਵਿਗਿਆਨਕ ਜੋਸ਼ ਤੇ ਉਤਸ਼ਾਹ ਨਾਲ ਭਰਪੂਰ ਰਿਹਾ।

## ਆਗਿਆ ਦੇਵੀ ਨਮਿਤ ਭੋਗ ਤੇ ਅੰਤਮ ਅਰਦਾਸ ਹੋਈ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਰਮਨ ਬਾਂਸਲ ਦੇ ਮਾਤਾ, ਪਵਨ ਬਾਂਸਲ (ਪੰਮਾਂ ਗਾਂਧੀ) ਤੇ ਸ਼ਿਵ ਬਾਂਸਲ ਦੇ ਤਾਈ ਸ਼੍ਰੀਮਤੀ ਆਗਿਆ ਦੇਵੀ, ਜੋ ਪ੍ਰਮਾਤਮਾ ਵੱਲੋਂ ਬਖਸ਼ੀ ਸਵਾਸਾਂ ਦੀ ਪੂੰਜੀ ਨੂੰ ਪੂਰਾ ਕਰਦੇ ਹੋਏ ਗੁਰੂ ਚਰਨਾਂ 'ਚ ਜਾ ਬਿਰਾਜੇ ਸਨ।ਸ਼੍ਰੀਮਤੀ ਆਗਿਆ ਦੇਵੀ ਨਮਿਤ ਪਾਠ ਦਾ ਭੋਗ ਤੇ ਅੰਤਮ ਅਰਦਾਸ ਸ਼ਹਿਰ ਦੇ ਜਲਾਲਾਬਾਦ ਰੋਡ ਸਥਿਤ ਸ਼ਿਵ ਸ਼ਕਤੀ ਹਾਲ 'ਚ ਹੋਈ, ਜਿਥੇ ਸ਼ਹਿਰ ਦੇ ਵੱਖ ਵੱਖ ਪਤਵੰਤਿਆਂ ਤੋਂ ਇਲਾਵਾ ਅਗਰਵਾਲ ਸਭਾ ਰਜਿ: ਦੇ ਅਹੁਦੇਦਾਰਾਂ ਨੇ ਬਾਂਸਲ ਪਰਿਵਾਰ ਨਾਲ ਦੁੱਖ ਸਾਂਝਾ ਕੀਤੀ ਤੇ ਸ਼੍ਰੀਮਤੀ ਆਗਿਆ ਦੇਵੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

ਪੁਰਾਤਨ ਰੀਤੀ ਰਿਵਾਜ ਮੁਤਾਬਕ ਅਗਰਵਾਲ ਸਭਾ ਦੇ ਸ਼ਹਿਰੀ ਪ੍ਰਧਾਨ ਤਰਸੇਮ ਗੋਇਲ, ਚੇਅਰਮੈਨ ਬਲਦੇਵ ਸਹਾਏ ਗਰਗ, ਖ਼ਜ਼ਾਨਚੀ ਪੱਪੂ ਸਿੰਗਲਾ, ਸਰਪ੍ਰਸਤ ਹਰੀਪਾਲ ਬਾਂਸਲ, ਲਛਮਦਾਸ ਬਾਂਸਲ, ਭਗਵਾਨ ਦਾਸ ਬਾਂਸਲ, ਸਵਿੱਕੀ ਗਰਗ ਅਤੇ ਸਭਾ ਦੇ ਹੋਰ ਆਹੁਦੇਦਾਰਾਂ ਨੇ ਪਗੜੀ ਰਸਮ ਨੂੰ ਨਿਭਾਉਂਦੇ ਹੋਏ ਬਾਂਸਲ ਪਰਿਵਾਰ ਦੇ ਬੇਟੇ ਨੂੰ ਪਗੜੀ ਭੇਟ ਕੀਤੀ ਗਈ।

# ਸਾਹਿਤ ਦੀ ਹਰ ਵਿਧਾ ਦੀ ਤਕਨੀਕ ਸਿੱਖਿਆ 'ਚ ਮੁਹਾਰਤ ਲਾਜ਼ਮੀ : ਰਣਜੀਤ ਸਿੰਘ ਧੂਰੀ

**ਸੰਗਰੂਰ (ਪ੍ਰਵੀਨ ਸਿੰਘ)**

ਆਪਮੁਹਾਰੀ ਸਾਹਿਤਕ ਸਿਰਜਣਾ ਕਦੇ ਵੀ ਪਾਠਕਾਂ ਨੂੰ ਪ੍ਰਭਾਵਤ ਨਹੀਂ ਕਰ ਸਕਦੀ, ਇਸ ਲਈ ਹਰ ਵਿਧਾ ਦੀ ਤਕਨੀਕੀ ਸਿੱਖਿਆ ਵਿੱਚ ਮੁਹਾਰਤ ਹੋਣੀ ਲਾਜ਼ਮੀ ਹੈ।ਇਹ ਸ਼ਬਦ ਸਾਹਿਤਕਾਰ ਰਣਜੀਤ ਸਿੰਘ ਧੂਰੀ ਨੇ ਮਾਲਵਾ ਲਿਖਾਰੀ ਸਭਾ (ਰਜਿ:) ਵੱਲੋਂ ਲੇਖਕ ਭਵਨ ਵਿਖੇ ਮਹਾਂਰਿਸ਼ੀ ਵਾਲਮੀਕ ਜੀ ਦੇ ਆਗਮਨ ਪੁਰਬ ਨੂੰ ਸਮਰਪਤ ਕਰਾਏ ਗਏ ਸੈਮੀਨਾਰ ਤੇ ਕਵੀ ਦਰਬਾਰ 'ਚ ਬੋਲਦਿਆਂ ਪ੍ਰਧਾਨਗੀ ਭਾਸ਼ਣ ਵਿੱਚ ਕਹੇ।

ਵਿਚਾਰ-ਚਰਚਾ ਨੂੰ ਅੱਗੇ ਤੋਰਦਿਆਂ ਉੱਘੇ ਸਾਹਿਤਕਾਰ ਅਮਰ ਗਰਗ ਕਲਮਦਾਨ ਨੇ ਕਿਹਾ ਕਿ ਪੰਜਾਬੀਆਂ ਨੂੰ ਇਸ ਗੱਲ ਦਾ ਮਾਣ ਹੋਣਾ ਚਾਹੀਦਾ ਹੈ ਕਿ ਰਾਮਾਇਣ, ਵੇਦ ਤੇ ਮਹਾਂਭਾਰਤ ਦੀ ਰਚਨਾ ਪੰਜਾਬ ਵਿੱਚ ਹੀ ਹੋਈ ਹੈ।ਡਾ. ਮਨੀਸ਼ਾ ਰਾਣੀ ਨੇ ਕਿਹਾ ਕਿ ਰਾਮਾਇਣ ਤੇ ਯੋਗ ਵਸ਼ਿਸ਼ਟ ਗ੍ਰੰਥਾਂ ਦਾ ਅਧਿਐਨ ਵਿਗਿਆਨਕ ਦ੍ਰਿਸ਼ਟੀਕੋਣ ਦੇ ਆਧਾਰ 'ਤੇ ਕਰਨ ਦੀ ਜ਼ਰੂਰਤ ਹੈ।ਸਮਾਗਮ ਦੇ ਆਰੰਭ ਵਿੱਚ ਪ੍ਰਸਿੱਧ ਲੇਖਕ ਤੇ ਸਮਾਜਸੇਵੀ ਸ਼ਿਵ ਕੁਮਾਰ ਅੰਬਾਲਵੀ ਨੇ ਮਹਾਂਰਿਸ਼ੀ ਵਾਲਮੀਕ ਦੀ ਦੇ ਜੀਵਨ ਤੇ ਰਚਨਾ ਸਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ।ਸੈਮੀਨਾਰ ਉਪਰੰਤ ਸਭਾ ਦੀ ਕਾਰਜਕਾਰਨੀ ਦੀ ਇਕੱਤਰਤਾ ਕਰਮ ਸਿੰਘ ਜ਼ਖ਼ਮੀ ਦੀ ਪ੍ਰਧਾਨਗੀ ਵਿੱਚ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਸਭਾ ਨੂੰ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਸੇਖੋਂ ਨਾਲ ਜੋੜਨ ਦਾ ਫ਼ੈਸਲਾ ਕੀਤਾ ਗਿਆ।ਪਾਸ ਕੀਤੇ ਗਏ ਹੋਰ ਮਤਿਆਂ 'ਚ ਸਭਾ ਦਾ ਸਾਲਾਨਾ ਸਮਾਗਮ 2 ਨਵੰਬਰ ਨੂੰ ਕਰਾਉਣ ਤੇ ਮਹੀਨਾਵਾਰ ਇਕੱਤਰਤਾ ਹਰ ਮਹੀਨੇ ਦੇ ਪਹਿਲੇ ਐਤਵਾਰ ਕਰਨ ਦਾ ਫ਼ੈਸਲਾ ਵੀ ਕੀਤਾ ਗਿਆ।ਸਮਾਗਮ ਵਿੱਚ ਪ੍ਰਸਿੱਧ ਗੀਤਕਾਰ ਮੀਤ ਸਕਰੌਦੀ ਵਿਸ਼ੇਸ਼ ਕਵੀ ਵਜੋਂ ਸ਼ਾਮਲ ਹੋਏ ਤੇ ਸਭਾ ਵੱਲੋਂ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਪੰਥਕ ਕਵੀ ਲਾਭ ਸਿੰਘ ਝੱਮਟ ਦੀ ਕਵੀਸ਼ਰੀ ਨਾਲ ਸ਼ੁਰੂ ਹੋਏ ਕਵੀ ਦਰਬਾਰ 'ਚ ਸੁਖਵਿੰਦਰ ਸਿੰਘ ਲੋਟੇ, ਪਵਨ ਕੁਮਾਰ ਹੋਸ਼ੀ, ਬਹਾਦਰ ਸਿੰਘ ਧੌਲਾ, ਬਲਜਿੰਦਰ ਈਲਵਾਲ, ਸੁਰਜੀਤ ਸਿੰਘ ਮੌਜੀ, ਗੋਬਿੰਦ ਸਿੰਘ ਤੂਰਬਨਜਾਰਾ, ਗੁਰਮੁਖ ਸਿੰਘ ਦਿਲਬਰ, ਰਜਿੰਦਰ ਸਿੰਘ ਰਾਜਨ, ਜਗਜੀਤ ਸਿੰਘ ਲੱਡਾ, ਕਰਮ ਸਿੰਘ ਜ਼ਖ਼ਮੀ, ਧਰਮਵੀਰ ਸਿੰਘ, ਹਨੀ ਸੰਗਰਾਮੀ, ਭੋਲਾ ਸਿੰਘ ਸੰਗਰਾਮੀ, ਸ਼ਿਵ ਕੁਮਾਰ ਅੰਬਾਲਵੀ, ਮਹਿੰਦਰ ਦੀਪ, ਅਸ਼ੋਕ ਕੁਮਾਰ ਦੀਪਕ, ਸ਼ਾਮ ਲਾਲ, ਅਮਰ ਗਰਗ ਕਲਮਦਾਨ, ਮਨੀ ਖਾਨ, ਹਰਮਨਪ੍ਰੀਤ ਸਿੰਘ ਜੱਖਲਾਂ, ਅਮਨ ਜੱਖਲਾਂ, ਬਲਜਿੰਦਰ ਬਾਲੀ ਰੇਤਗੜ੍ਹ ਨੇ ਆਪਣੀਆਂ ਖ਼ੂਬਸੂਰਤ ਰਚਨਾਵਾਂ ਨਾਲ ਹਾਜ਼ਰੀ ਲਵਾਈ।ਹਰ ਵਾਰ ਦੀ ਤਰ੍ਹਾਂ ਸੁਖਵਿੰਦਰ ਸਿੰਘ ਲੋਟੇ ਵੱਲੋਂ ਕਵਿਤਾ ਸਕੂਲ ਦੀ ਕਲਾਸ ਲਾਈ ਗਈ।

## ਭਾਰਤੀਯ ਅੰਬੇਡਕਰ ਮਿਸ਼ਨ ਵੱਲੋਂ ਵਿਆਹ ਸਮਾਗਮ 9 ਨੂੰ, ਡੀ ਸੀ ਤੇ ਐੱਸ ਐੱਸ ਪੀ ਨੂੰ ਦਿੱਤਾ ਸੱਦਾ ਪੱਤਰ



**ਸੰਗਰੂਰ (ਪ੍ਰਵੀਨ ਸਿੰਘ)**-ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਵੱਲੋਂ ਭਗਵਾਨ ਵਾਲਮੀਕਿ ਜੀ ਪ੍ਰਗਟ ਦਿਵਸ ਦੇ ਸ਼ੁੱਭ ਦਿਹਾੜੇ 'ਤੇ 9 ਅਕਤੂਬਰ 2025 ਨੂੰ ਮਿਸ਼ਨ ਦੇ ਮੁੱਖ ਸਰਪ੍ਰਸਤ ਮੈਡਮ ਪੂਨਮ ਕਾਂਗੜਾ ਦੀ ਅਗਵਾਈ ਹੇਠ ਲੋੜਵੰਦ ਪਰਵਾਰਾਂ ਦੀਆਂ ਲੜਕੀਆਂ ਦੇ ਵਿਆਹ ਕਰਵਾਏ ਜਾ ਰਹੇ ਹਨ, ਜਿਸ ਸਬੰਧੀ ਪ੍ਰਬੰਧਕਾਂ ਵੱਲੋਂ ਵਿਆਹ ਸਮਾਗਮ ਦੀ ਤਿਆਰੀ ਜ਼ੋਰਾਂ 'ਤੇ ਚੱਲ ਰਹੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਿਸ਼ਨ ਦੇ ਕੌਮੀ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਕਾਂਗੜਾ ਨੇ ਕਿਹਾ ਕਿ ਮਿਸ਼ਨ ਵੱਲੋਂ ਪਿਛਲੇ 27 ਸਾਲਾਂ ਤੋਂ ਪੰਜਾਬ ਸਣੇ ਦੇਸ਼ ਦੇ ਹੋਰ ਵੱਖ ਵੱਖ ਸੂਬਿਆਂ ਅੰਦਰ ਹਰ ਪੱਧਰ ਤੋਂ ਉੱਪਰ ਉੱਠ ਕੇ ਸਮਾਜ ਸੇਵਾ ਦੇ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮਿਸ਼ਨ ਵੱਲੋਂ ਇਸ ਤੋਂ ਪਹਿਲਾਂ ਵੀ 17 ਲੋੜਵੰਦ ਲੜਕੀਆਂ ਦੇ ਵਿਆਹ ਮੌਕੇ ਹਰ ਤਰ੍ਹਾਂ ਨਾਲ ਮਦਦ ਕੀਤੀ ਗਈ ਹੈ।ਉਸੇ ਲੜੀ ਤਹਿਤ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਮੌਕੇ ਲੋੜਵੰਦ ਲੜਕੀਆਂ ਦੇ 9 ਅਕਤੂਬਰ ਨੂੰ ਜੇ ਜੀ ਪੈਲੇਸ ਪਟਿਆਲਾ ਗੇਟ ਸੰਗਰੂਰ ਵਿਖੇ ਵਿਆਹ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਵਿਆਹ ਸਮਾਗਮ ਵਿੱਚ ਸ਼ਾਮਲ ਹੋਣ ਲਈ ਹਰ ਪੱਧਰ ਤੋਂ ਉੱਪਰ ਉੱਠ ਕੇ ਸਮੂਹ ਸਿਆਸੀ ਪਾਰਟੀਆਂ, ਸਮਾਜਿਕ ਤੇ ਧਾਰਮਿਕ ਜਥੇਬੰਦੀਆਂ ਅਤੇ ਪ੍ਰਸ਼ਾਸਨਕ ਅਧਿਕਾਰੀਆਂ ਨੂੰ ਨਿੱਘਾ ਸੱਦਾ ਦਿੱਤਾ ਗਿਆ ਹੈ, ਉਸੇ ਲੜੀ ਤਹਿਤ ਅੱਜ ਜ਼ਿਲ੍ਹਾ ਸੰਗਰੂਰ ਦੇ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਝਾਂਬਾ ਤੇ ਐੱਸ ਐੱਸ ਪੀ ਸ੍ਰੀ ਸਰਤਾਜ ਸਿੰਘ ਚਾਹਲ ਨੂੰ ਵੀ ਸੱਦਾ ਪੱਤਰ ਦਿੱਤਾ ਗਿਆ ਹੈ।ਇਸ ਮੌਕੇ ਦਰਸ਼ਨ ਕਾਂਗੜਾ ਨਾਲ ਮੁਕੇਸ਼ ਰਤਨਾਕਰ ਸੂਬਾ ਪ੍ਰਧਾਨ, ਮੈਡਮ ਪਰਮਜੀਤ ਕੌਰ ਗੁੰਮਟੀ ਸੂਬਾ ਪ੍ਰਧਾਨ ਮਹਿਲਾ ਵਿੰਗ, ਰਜਨੀਸ਼ ਕੁਮਾਰ ਭੀਖੀ ਸੂਬਾ ਪ੍ਰਧਾਨ ਯੂਥ ਵਿੰਗ, ਜਗਸੀਰ ਸਿੰਘ ਖੈੜੀਚੰਦਵ ਕੌਮੀ ਜਨਰਲ ਸਕੱਤਰ, ਸ਼ਸ਼ੀ ਚਾਵਰੀਆ ਪ੍ਰਧਾਨ ਵਾਲਮੀਕਿ ਸਭਾ, ਬਲਵੀਰ ਸਿੰਘ, ਡਾ. ਗੁਰਦੀਪ ਸਿੰਘ ਬਿੱਟੂ ਜ਼ਿਲ੍ਹਾ ਪ੍ਰਧਾਨ, ਮਨੋਜ ਕੁਮਾਰ ਜ਼ਿਲ੍ਹਾ ਪ੍ਰਧਾਨ ਯੂਥ ਵਿੰਗ ਤੇ ਰਾਣਾ ਬਾਲੂ ਸਣੇ ਹੋਰ ਵੀ ਆਗੂ ਹਾਜ਼ਰ ਸਨ।

## ਮਕੌੜਾ ਪਾਟਨ 'ਚ 'ਪਾਵਾ' ਵੱਲੋਂ ਮੁਫ਼ਤ ਮੈਡੀਕਲ ਕੈਂਪ, ਵਿਦਿਆਰਥੀਆਂ ਨੂੰ ਸਿੱਖਿਆ ਸਮੱਗਰੀ ਵੀ ਵੰਡੀ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਪਬਲਿਕ ਅਗੇਂਸਟ ਅਡਲਟ੍ਰੇਸ਼ਨ ਵੈੱਲਫੇਅਰ ਐਸੋਸੀਏਸ਼ਨ (ਪਾਵਾ) ਨੇ ਇੱਕ ਸ਼ਲਾਘਾਯੋਗ ਪਹਿਲ ਕਰਦਿਆਂ ਪਾਕਿਸਤਾਨ ਸਰਹੱਦ ਦੇ ਨੇੜੇ ਰਾਵੀ ਦਰਿਆ ਕੰਢੇ ਵਸੇ ਸਭ ਤੋਂ ਵੱਧ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚੋਂ ਇੱਕ ਮਕੌੜਾ ਪਾਟਨ ਵਿਖੇ ਇੱਕ ਵਿਸ਼ਾਲ ਮੁਫ਼ਤ ਮੈਡੀਕਲ ਕੈਂਪ ਲਾਇਆ।ਕੈਂਪ ਦਾ ਰਸਮੀ ਉਦਘਾਟਨ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਸਾਬਕਾ ਜੱਜ ਤੇ ਪਾਵਾ ਦੇ ਚੀਫ਼ ਪੈਟਰਨ, ਜਸਟਿਸ (ਸੇਵਾਮੁਕਤ) ਜ਼ੋਰਾ ਸਿੰਘ ਨੇ ਕੀਤਾ।ਪਾਵਾ ਦੇ ਜਨਰਲ ਸਕੱਤਰ ਸੁਰਜੀਤ ਸਿੰਘ ਭਟੋਆ ਨੇ ਦੱਸਿਆ ਕਿ ਡਾਕਟਰਾਂ ਦੀ ਟੀਮ ਨੇ ਮੌਕੇ 'ਤੇ ਹੀ ਵੱਡੀ ਗਿਣਤੀ ਵਿੱਚ ਹੜ੍ਹ ਪ੍ਰਭਾਵਿਤ ਪਰਵਾਰਾਂ ਦੀ ਸਿਹਤ ਦੀ ਜਾਂਚ ਕੀਤੀ ਤੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਵੰਡੀਆਂ ਗਈਆਂ।ਇਸ ਮਨੁੱਖਤਾ ਪੱਖੀ ਪਹਿਲਕਦਮੀ ਦਾ ਸਾਰਾ ਤਾਲਮੇਲ ਡਾ. ਵਿਜੇ ਕੁਮਾਰ ਜ਼ਿਲ੍ਹਾ ਪ੍ਰਧਾਨ ਪਾਵਾ ਗੁਰਦਾਸਪੁਰ ਵੱਲੋਂ ਕੀਤਾ ਗਿਆ।ਮੈਡੀਕਲ ਸਹਾਇਤਾ ਦੇ ਨਾਲ-ਨਾਲ ਪਾਵਾ ਨੇ ਹੜ੍ਹਾਂ ਦੌਰਾਨ ਆਪਣੀ ਪੜ੍ਹਾਈ ਸਮੱਗਰੀ ਗੁਆ ਚੁੱਕੇ ਸਥਾਨਕ ਵਿਦਿਆਰਥੀਆਂ ਨੂੰ 200 ਸੈੱਟ ਕਾਪੀਆਂ ਵੰਡੀਆਂ ਗਈਆਂ ਤਾਂ ਜੋ ਉਨ੍ਹਾਂ ਦੀ ਪੜ੍ਹਾਈ ਨਾ ਰੁਕੇ।ਇਸ ਮੌਕੇ ਕੈਪਟਨ ਬਲਵਿੰਦਰ ਸਿੰਘ (ਉਪ ਪ੍ਰਧਾਨ), ਸ੍ਰੀ ਧਰਮ ਸਿੰਘ, ਮਿਸ ਪਰਣਵੀਰ ਕੌਰ ਤੇ ਐਡਵੋਕੇਟ ਨਰਿੰਦਰ ਕੁਮਾਰ ਸਮੇਤ ਪਾਵਾ ਦੇ ਹੋਰ ਪ੍ਰਮੁੱਖ ਅਹੁਦੇਦਾਰਾਂ ਨੇ ਹਿੱਸਾ ਲਿਆ।ਪਾਵਾ ਨੇ ਇਸ ਕਾਰਜ ਵਿੱਚ ਸਹਿਯੋਗ ਦੇਣ ਲਈ ਗੁਰਦਾਸਪੁਰ ਦੇ ਟਰਾਂਸਪੋਰਟਰ ਤੇ ਸਮਾਜ ਸੇਵਕ, ਸ੍ਰੀ ਵਿਨੋਦ ਕੁਮਾਰ ਅਤੇ ਪਿੰਡ ਦੇ ਸਰਪੰਚ ਤੇ ਪੰਚਾਇਤ ਦਾ ਵਿਸ਼ੇਸ਼ ਧੰਨਵਾਦ ਕੀਤਾ।

# ਰਣਜੋਧ ਹਡਾਣਾ ਵੱਲੋਂ ਦੌਣ ਕਲਾਂ ਮੰਡੀ ਵਿਖੇ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ

### ਪੰਜਾਬ ਸਰਕਾਰ ਕਿਸਾਨਾਂ ਦੇ ਹੱਕਾਂ ਦੀ ਰਾਖੀ ਲਈ ਵਚਨਬੱਧ : ਹਡਾਣਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਵਿਧਾਨ ਸਭਾ ਹਲਕਾ ਸਨੌਰ ਦੇ ਹਲਕਾ ਇੰਚਾਰਜ ਤੇ ਪੀ ਆਰ ਟੀ ਸੀ ਦੇ ਚੇਅਰਮੈਨ ਰਣਜੋਧ ਸਿੰਘ ਹਡਾਣਾ ਨੇ ਸਨੌਰ ਹਲਕੇ ਦੀ ਦੌਣ ਕਲਾਂ ਮੰਡੀ ਦਾ ਦੌਰਾ ਕਰਕੇ ਝੋਨੇ ਦੀ ਖ਼੍ਰੀਦ ਤੇ ਹੜ੍ਹ ਦੀ ਮਾਰ ਅਤੇ ਫਸਲਾਂ 'ਤੇ ਪਏ ਬਿਮਾਰੀਆਂ ਦੇ ਨਤੀਜੇ ਵਜੋਂ ਹੋਏ ਨੁਕਸਾਨ ਦਾ ਜਾਇਜ਼ਾ ਲਿਆ।

ਉਨ੍ਹਾਂ ਦੱਸਿਆ ਕਿ ਹੜ੍ਹਾਂ ਕਾਰਨ ਖੇਤਾਂ ਵਿੱਚ ਨਮੀ ਹੋਣ ਕਾਰਨ ਕਈ ਕਿਸਮ ਦੀਆਂ ਫਸਲਾਂ ਬਿਮਾਰੀ ਦੀ ਚਪੇਟ ਵਿੱਚ ਆ ਗਈਆਂ ਹਨ, ਜਿਸ ਨਾਲ ਕਿਸਾਨਾਂ ਨੂੰ ਭਾਰੀ ਨੁਕਸਾਨ ਦਾ ਸਾਹਮਣਾ ਕਰਨਾ ਪਿਆ ਹੈ।ਉਨ੍ਹਾਂ ਦੱਸਿਆ ਕਿ ਝੋਨੇ ਦੀ ਫਸਲ 'ਤੇ ਫੰਗਸ ਤੇ ਵਾਇਰਸ ਦੇ ਹਮਲੇ ਕਾਰਨ ਝਾੜ ਪਿਛਲੇ ਸਾਲਾਂ ਨਾਲੋਂ ਕਾਫੀ ਘੱਟ ਆਇਆ ਹੈ, ਫੰਗਸ ਕਰਕੇ ਕਾਲਾ ਹੋ ਗਿਆ, ਹਲਦੀ 'ਤੇ ਵੀ ਫੰਗਸ ਦੀ ਮਾਰ ਪਈ। ਉਨ੍ਹਾ ਦੱਸਿਆ ਕਿ ਬੌਣਾ ਵਾਇਰਸ ਨੇ ਵੀ ਖੇਤਾਂ ਵਿੱਚ ਕਾਫੀ ਨੁਕਸਾਨ ਕੀਤਾ ਹੈ।ਕਾਲਾ ਦਾਣਾ ਤੇ ਪੀਲੀ ਹਲਦੀ ਵਰਗੀਆਂ ਸਮੱਸਿਆਵਾਂ ਨੇ ਝੋਨੇ ਦੀ ਗੁਣਵੱਤਾ 'ਤੇ ਬੁਰਾ ਪ੍ਰਭਾਵ ਪਾਇਆ ਹੈ।ਉਨ੍ਹਾਂ ਦੱਸਿਆ ਕਿ ਇਹ ਸਮੱਸਿਆ ਪਹਿਲਾਂ ਇੰਨੀ ਵੱਡੀ ਪੱਧਰ 'ਤੇ ਨਹੀਂ ਸੀ।ਇਸ ਵਾਰ ਮੌਸਮ ਦੀ ਮਾਰ, ਹੜ੍ਹਾਂ ਤੇ ਖੇਤੀਬਾੜੀ ਸੰਬੰਧੀ ਬਿਮਾਰੀਆਂ ਕਾਰਨ ਝੋਨੇ ਦਾ ਝਾੜ ਕਾਫੀ ਘੱਟ ਰਿਹਾ ਹੈ।ਹਡਾਣਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪੂਰੀ ਤਰ੍ਹਾਂ ਕਿਸਾਨਾਂ ਦੇ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਦੇ ਹਿੱਤਾਂ ਦੀ ਰੱਖਿਆ ਲਈ ਵਚਨਬੱਧ ਹੈ।ਉਨ੍ਹਾ ਭਰੋਸਾ ਦਿਵਾਇਆ ਕਿ ਅਸੀਂ ਨੁਕਸਾਨ ਦੀ ਪੂਰੀ ਤਰ੍ਹਾਂ ਭਰਪਾਈ ਕਰਨ ਤੇ ਉਨ੍ਹਾਂ ਦੀ ਆਰਥਿਕ ਮਦਦ ਲਈ ਹਰ ਸੰਭਵ ਕਦਮ ਚੁੱਕਾਂਗੇ।ਇਸ ਮੌਕੇ ਪਿੰਡਾਂ ਦੇ ਕਿਸਾਨ ਤੇ ਸਥਾਨਕ ਆਗੂ ਮੌਜੂਦ ਸਨ।

## ਵੁਸ਼ੂ ਦੇ ਰਾਜ ਪੱਧਰੀ ਮੁਕਾਬਲੇ 'ਚ ਹਰਪ੍ਰੀਤ ਕੌਰ ਨੇ ਸੋਨ ਤੇ ਰਮਨਦੀਪ ਕੌਰ ਨੇ ਕਾਂਸੀ ਤਮਗਾ ਜਿੱਤਿਆ



**ਬੋਹਾ (ਨਿਰੰਜਣ ਬੋਹਾ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੁਢਲਾਡਾ ਵਿਖੇ ਹੋਏ ਸਕੂਲੀ ਖੇਡਾਂ ਦੇ ਰਾਜ ਪੱਧਰੀ ਮੁਕਾਬਲੇ ਦੌਰਾਨ ਵੁਸ਼ੂ ਖੇਡ ਵਿੱਚ ਭਾਗ ਲੈਂਦਿਆਂ ਨਰਸੀ ਰਾਮ ਮੈਮੋਰੀਅਲ ਹੋਲੀ ਹਾਰਟ ਕੌਨਵੈਂਟ ਸਕੂਲ ਬੋਹਾ ਦੀ ਵਿਦਿਆਰਥਣ ਹਰਪ੍ਰੀਤ ਕੌਰ ਨੇ ਗੋਲਡ ਤੇ ਰਮਨਦੀਪ ਕੌਰ ਨੇ ਬਰਾਊਨ ਤਮਗਾ ਹਾਸਲ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ।ਸਕੂਲ ਦੇ ਚੇਅਰਮੈਨ ਸੰਜੀਵ ਸਿੰਗਲਾ ਤੇ ਪ੍ਰਿੰਸੀਪਲ ਸੰਤ ਰਾਮ ਨੇ ਇਹ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਪ੍ਰਾਪਤੀ ਵੁਸ਼ੂ ਖੇਡ ਦੇ ਕੋਚ ਗੁਰਦੀਪ ਸਿੰਘ ਤੇ ਵਿਦਿਆਰਥਣਾਂ ਵੱਲੋਂ ਕੀਤੀ ਮਿਹਨਤ ਦਾ ਨਤੀਜਾ ਹੈ।ਉਨ੍ਹਾ ਕਿਹਾ ਕਿ ਨੈਸ਼ਨਲ ਪੱਧਰ ਦੀਆਂ ਖੇਡਾਂ ਵਿੱਚ ਭਾਗ ਲੈਣ ਲਈ ਵਿਦਿਆਰਥਣਾਂ ਦੀ ਤਿਆਰੀ ਹੁਣੇ ਤੋਂ ਸ਼ੁਰੂ ਕਰਵਾ ਦਿੱਤੀ ਗਈ ਹੈ ਤੇ ਸਕੂਲ ਵੱਲੋਂ ਵਿਦਿਆਰਥਣਾਂ ਦੀ ਕੋਚਿੰਗ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਕੂਲ ਦੇ ਸਾਲਾਨਾ ਸਮਾਗਮ ਵਿੱਚ ਇਨ੍ਹਾਂ ਵਿਦਿਆਰਥਣਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਜਾਵੇਗਾ।

## ਆਪ ਮੁਹਾਰੀ ਸਾਹਿਤਕ ਸਿਰਜਣਾ ਕਦੇ ਵੀ ਪਾਠਕਾਂ ਨੂੰ ਪ੍ਰਭਾਵਤ ਨਹੀਂ ਕਰ ਸਕਦੀ : ਰਣਜੀਤ ਸਿੰਘ



**ਧੂਰੀ (ਮਨੋਹਰ ਸਿੰਘ ਸੱਗੂ)**-ਪੰਜਾਬੀ ਸਾਹਿਤਕਾਰ ਰਣਜੀਤ ਸਿੰਘ ਧੂਰੀ ਨੇ ਇੱਕ ਸਾਹਿਤਕ ਸਮਾਗਮ 'ਚ ਬੋਲਦਿਆਂ ਕਿਹਾ ਕਿ ਆਪ ਮੁਹਾਰੀ ਸਾਹਿਤਕ ਸਿਰਜਣਾ ਕਦੇ ਵੀ ਪਾਠਕਾਂ ਨੂੰ ਪ੍ਰਭਾਵਿਤ ਨਹੀਂ ਕਰ ਸਕਦੀ।ਉਪਰੋਕਤ ਵਿਚਾਰ ਰਣਜੀਤ ਸਿੰਘ ਧੂਰੀ ਨੇ ਮਾਲਵਾ ਲਿਖਾਰੀ ਸਭਾ ਸੰਗਰੂਰ ਵੱਲੋਂ ਮਹਾਂਰਿਸ਼ੀ ਬਾਲਮੀਕ ਜੀ ਦੇ ਆਗਮਨ ਪੁਰਬ ਨੂੰ ਸਮਰਪਤ ਕਰਵਾਏ ਗਏ ਸੈਮੀਨਾਰ 'ਚ ਆਪਣੇ ਪ੍ਰਧਾਨਗੀ ਭਾਸ਼ਨ 'ਚ ਬੋਲਦਿਆਂ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਸਾਹਿਤਕ ਸਿਰਜਣਾ ਨੂੰ ਸਾਰਥਿਕ ਤੇ ਪ੍ਰਭਾਵਸ਼ਾਲੀ ਬਣਾਉਣ ਲਈ ਹਰ ਵਿਧਾ ਦੀ ਤਕਨੀਕੀ ਸਿੱਖਿਆ 'ਚ ਮੁਹਾਰਤ ਹੋਣੀ ਲਾਜ਼ਮੀ ਹੈ।ਵਿਚਾਰ ਚਰਚਾ ਵਿੱਚ ਭਾਗ ਲੈਂਦਿਆਂ ਅਮਰ ਗਰਗ ਕਲਮਦਾਨ ਨੇ ਕਿਹਾ ਕਿ ਰਾਮਾਇਣ, ਵੇਦ ਤੇ ਮਹਾਂਭਾਰਤ ਦੀ ਰਚਨਾ ਪੰਜਾਬ 'ਚ ਹੋਈ, ਜਿਸ ਲਈ ਪੰਜਾਬੀਆਂ ਨੂੰ ਮਾਣ ਮਹਿਸੂਸ ਕਰਨਾ ਚਾਹੀਦਾ ਹੈ।ਡਾ: ਮਨੀਸ਼ਾ ਰਾਣੀ ਨੇ ਕਿਹਾ ਕਿ ਰਾਮਾਇਣ ਤੇ ਯੋਗ ਵਸ਼ਿਸ਼ਟ ਗ੍ਰੰਥਾਂ ਦਾ ਅਧਿਐਨ ਵਿਗਿਆਨਕ ਦ੍ਰਿਸ਼ਟੀਕੋਣ ਦੇ ਆਧਾਰ 'ਤੇ ਕਰਨ ਦੀ ਜ਼ਰੂਰਤ ਹੈ।ਸਮਾਗਮ ਦੇ ਸ਼ੁਰੂ 'ਚ ਪ੍ਰਸਿੱਧ ਲੇਖਕ ਤੇ ਸਮਾਜਸੇਵੀ ਸ਼ਿਵ ਕੁਮਾਰ ਅੰਬਾਲਵੀ ਨੇ ਮਹਾਂਰਿਸ਼ੀ ਵਾਲਮੀਕ ਜੀ ਦੇ ਜੀਵਨ ਤੇ ਰਚਨਾ ਸਬੰਧੀ ਵਿਸਥਾਰ 'ਚ ਸਾਹਿਤਕ ਜਾਣਕਾਰੀ ਦਿੱਤੀ। ਸੈਮੀਨਾਰ ਉਪਰੰਤ ਸਭਾ ਦੀ ਇਕੱਤਰਤਾ ਕਰਮ ਸਿੰਘ ਜ਼ਖ਼ਮੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਸਭਾ ਨੂੰ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਨਾਲ ਜੋੜਨ ਦਾ ਫੈਸਲਾ ਕੀਤਾ ਗਿਆ। ਸਮਾਗਮ 'ਚ ਪ੍ਰਸਿੱਧ ਗੀਤਕਾਰ ਮੀਤ ਸਕਰੌਦੀ ਵਿਸ਼ੇਸ਼ ਕਵੀ ਵਜੋਂ ਸ਼ਾਮਲ ਹੋਏ ਤੇ ਸਭਾ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਪੰਥਕ ਕਵੀ ਲਾਭ ਸਿੰਘ ਝੱਮਟ ਦੀ ਕਵੀਸ਼ਰੀ ਨਾਲ ਸ਼ੁਰੂ ਹੋਏ ਕਵੀ ਦਰਬਾਰ ਵਿੱਚ ਵੱਖ ਵੱਖ ਕਵੀਆਂ ਨੇ ਆਪਣੀਆਂ ਖ਼ੂਬਸੂਰਤ ਰਚਨਾਵਾਂ ਨਾਲ ਹਾਜ਼ਰੀ ਲਵਾਈ।ਅੰਤ ਵਿੱਚ ਕਰਮ ਸਿੰਘ ਜ਼ਖ਼ਮੀ ਨੇ ਸਾਰੇ ਆਏ ਸਾਹਿਤਕਾਰਾਂ ਲਈ ਧੰਨਵਾਦੀ ਸ਼ਬਦ ਕਹੇ ਤੇ ਮੰਚ ਸੰਚਾਲਨ ਦੀ ਭੂਮਿਕਾ ਰਜਿੰਦਰ ਸਿੰਘ ਰਾਜਨ ਨੇ ਬਾਖ਼ੂਬੀ ਨਿਭਾਈ।

## ਪੰਜਾਬ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਉਪਲਬਧ ਕਰਵਾਉਣ ਲਈ ਵਚਨਬੱਧ : ਸੁਖਵੀਰ ਸਿੰਘ

### ਪੇਂਡੂ ਲਿੰਕ ਸੜਕਾਂ ਦੇ ਕੰਮ ਦੀ ਹੋਈ ਸ਼ੁਰੂਆਤ



**ਧੂਰੀ (ਮਨੋਹਰ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**-ਵਿਧਾਨ ਸਭਾ ਹਲਕਾ ਧੂਰੀ ਵਿਖੇ ਲਗਭਗ 6.5 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀਆਂ ਪੇਂਡੂ ਲਿੰਕ ਸੜਕਾਂ ਦੀ ਉਸਾਰੀ ਦੇ ਕੰਮਾਂ ਦੀ ਸ਼ੁਰੂਆਤ ਕੀਤੀ ਗਈ, ਜਿਨ੍ਹਾਂ ਵਿੱਚ ਮੱਲੂਮਾਜਰਾ ਤੋਂ ਕਹੇਰੂ (95.88 ਲੱਖ), ਕੱਕੜਵਾਲ ਤੋਂ ਕਹੇਰੂ (104.65 ਲੱਖ), ਫਿਰਨੀ ਪਿੰਡ ਕੱਕੜਵਾਲ (197.58 ਲੱਖ), ਧੂਰੀ ਬਰਨਾਲਾ ਰੋਡ ਤੋਂ ਰਾਜੋਮਾਜਰਾ (92.22 ਲੱਖ) ਤੇ ਧੂਰੀ ਸ਼ੇਰਪੁਰ ਰੋਡ ਤੋਂ ਰਾਜੋਮਾਜਰਾ (151.63 ਲੱਖ) ਸ਼ਾਮਲ ਹਨ।ਇਨ੍ਹਾਂ ਕੰਮਾਂ ਦੀ ਸ਼ੁਰੂਆਤ ਮੁੱਖ ਮੰਤਰੀ ਦੇ ਓ. ਐੱਸ. ਡੀ. ਸੁਖਵੀਰ ਸਿੰਘ, ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਤੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਰਵਾਈ।ਇਸ ਮੌਕੇ ਸੁਖਵੀਰ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ ਬਿਹਤਰੀਨ ਬੁਨਿਆਦੀ ਸਹੂਲਤਾਂ ਦੇਣ ਲਈ ਕੰਮ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਧੂਰੀ 'ਚ ਹੋਰ ਵਿਕਾਸ ਕਾਰਜ ਵੀ ਸ਼ੁਰੂ ਕੀਤੇ ਜਾ ਰਹੇ ਹਨ।ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਬਰਸਾਤਾਂ ਕਾਰਨ ਟੁੱਟੀਆਂ ਸੜਕਾਂ ਬਣਾਉਣ ਦਾ ਕੰਮ ਧੂਰੀ ਹਲਕੇ ਵਿੱਚ ਜੰਗੀ ਪੱਧਰ 'ਤੇ ਸ਼ੁਰੂ ਕਰ ਦਿੱਤਾ ਗਿਆ ਹੈ ਤੇ ਆਉਣ ਵਾਲੇ ਕੁਝ ਦਿਨਾਂ ਵਿੱਚ ਲਿੰਕ ਸੜਕਾਂ ਬਣਾਉਣ ਦਾ ਕੰਮ ਮੁਕੰਮਲ ਕਰ ਲਿਆ ਜਾਵੇਗਾ।ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਪਿੰਡਾਂ ਦੇ ਲੋਕਾਂ ਨੂੰ ਸ਼ਹਿਰਾਂ ਵਰਗੀਆਂ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਮਾਨ ਸਰਕਾਰ ਦੀ ਮੁੱਖ ਤਰਜੀਹ ਹੈ, ਇਸ ਲਈ ਪਿੰਡਾਂ ਦੀਆਂ ਲਿੰਕ ਸੜਕਾਂ ਬਣਾਉਣ ਦਾ ਕੰਮ ਬਰਸਾਤਾਂ ਖ਼ਤਮ ਹੁੰਦਿਆਂ ਹੀ ਸ਼ੁਰੂ ਕਰ ਦਿੱਤਾ ਗਿਆ ਹੈ ਤਾਂ ਜੋ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

## ਭਾਗਸਰ-ਦੁਤਾਰਿਆਂ ਵਾਲੀ ਸੜਕ ਦਾ ਨੀਂਹ ਪੱਥਰ ਰੱਖਿਆ

**ਫ਼ਾਜ਼ਿਲਕਾ (ਨਿਸ਼ਾ ਸਰਮਾ)**-ਬੱਲੂਆਣਾ ਦੇ ਵਿਧਾਇਕ ਸ੍ਰੀ ਅਮਨਦੀਪ ਸਿੰਘ ਗੋਲਡੀ ਮੁਸਾਫਿਰ ਨੇ ਬੱਲੂਆਣਾ ਹਲਕਾ ਦੇ ਪਿੰਡ ਭਾਗਸਰ ਵਿਖੇ ਸੜਕ ਦਾ ਨੀਂਹ ਪੱਥਰ ਰੱਖਿਆ। ਵਿਧਾਇਕ ਅਮਨਦੀਪ ਸਿੰਘ ਗੋਲਡੀ ਮੁਸਾਫਰ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਸਿਰਤੋੜ ਯਤਨ ਕਰ ਰਹੀ ਹੈ। ਇਸੇ ਤਹਿਤ ਪਿੰਡਾਂ ਨੂੰ ਸ਼ਹਿਰੀ ਦਿੱਖ ਪ੍ਰਦਾਨ ਕਰਨ ਲਈ ਲਗਾਤਾਰ ਪਿੰਡਾਂ ਦੀਆਂ ਗਲੀਆਂ, ਨਾਲੀਆਂ ਤੇ ਸੜਕਾਂ ਨੂੰ ਪੱਕਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੋ ਭਾਗਸਰ ਤੋਂ ਦੁਤਾਰਿਆਂ ਵਾਲੀ ਨੂੰ ਜਾਣ ਵਾਲੀ ਸੜਕ ਦਾ ਨੀਂਹ ਪੱਥਰ ਰੱਖਿਆ ਗਿਆ ਹੈ, ਇਹ ਸੜਕ 65 ਲੱਖ 76 ਹਜ਼ਾਰ ਰੁਪਏ ਦੀ ਲਾਗਤ ਨਾਲ ਬਣ ਕੇ ਤਿਆਰ ਹੋਵੇਗੀ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਕੋਲ ਫੰਡਾਂ ਦੀ ਕੋਈ ਘਾਟ ਨਹੀਂ ਹੈ ਤੇ ਹਰ ਤਰ੍ਹਾਂ ਦੇ ਵਿਕਾਸ ਕਾਰਜ ਚਾਹੇ ਉਹ ਸਿੱਖਿਆ, ਵਿਕਾਸ ਤੇ ਸਿਹਤ ਆਦਿ ਸਾਰੇ ਪੂਰੇ ਕੀਤੇ ਜਾਣਗੇ! ਇਸ ਮੌਕੇ ਪਿੰਡ ਦੇ ਸਰਪੰਚ ਸੁਧੀਰ ਕੂਕਨਾ ਤੇ ਆਮ ਆਦਮੀ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵੀ ਮੌਜੂਦ ਸੀ।

# ਮਤੌਲੀ ਦੀ ਜੂਡੋ ਖਿਡਾਰਨ ਨੇ ਵਧਾਇਆ ਇਲਾਕੇ ਦਾ ਮਾਣ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਿੰਡ ਮਤੌਲੀ ਤੋਂ ਸਧਾਰਨ ਪਰਵਾਰ ਨਾਲ ਸਬੰਧ ਰੱਖਣ ਵਾਲੀ ਕੌਮਾਂਤਰੀ ਜੂਡੋ ਖਿਡਾਰਨ ਮਾਇਆ ਵੱਲੋਂ ਖੇਡਾਂ ਦੇ ਖੇਤਰ 'ਚ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਜੂਡੋ ਖਿਡਾਰਨ ਮਾਇਆ ਦਾ ਸਨਮਾਨ ਕਰਨ ਉਪਰੰਤ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਦੱਸਿਆ ਕਿ ਪਿੰਡ ਮਤੌਲੀ ਵਾਸੀ ਸੁੱਖੂ ਰਾਮ ਦੀ ਧੀ ਨਾ ਸਿਰਫ਼ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ, ਸਗੋਂ ਹਲਕਾ ਸ਼ੁਤਰਾਣਾ ਦਾ ਨਾਂਅ ਅੰਤਰਰਾਸ਼ਟਰੀ ਪੱਧਰ 'ਤੇ ਚਮਕਾ ਕੇ ਹਲਕੇ ਦਾ ਮਾਣ ਵਧਾਇਆ ਹੈ।

ਗ਼ਰੀਬ ਤੇ ਲੋੜਵੰਦ ਪਰਵਾਰ ਦੀ ਧੀ ਮਾਇਆ ਵੱਲੋਂ ਖੇਡਾਂ ਦੇ ਖੇਤਰ ਵਿੱਚ ਪਾਇਆ ਗਿਆ ਯੋਗਦਾਨ ਆਪਣੇ ਆਪ ਵਿੱਚ ਅਹਿਮ ਹੈ।ਇਸ ਲੜਕੀ ਵੱਲੋਂ ਪਹਿਲਾਂ ਸਟੇਟ ਪੱਧਰ ਉੱਤੇ 10 ਮੈਡਲ ਤੇ ਨੈਸ਼ਨਲ ਪੱਧਰ ਉੱਤੇ ਨੌਂ ਮੈਡਲ ਜਿੱਤ ਕੇ ਪੰਜਾਬ ਦਾ ਨਾਂਅ ਰੌਸ਼ਨ ਕਰਨ ਦੇ ਨਾਲ-ਨਾਲ ਏਸ਼ੀਅਨ ਚੈਂਪੀਅਨਸ਼ਿਪ ਵਿੱਚ ਹਿੱਸਾ ਲੈ ਕੇ ਤੀਜੀ ਪੁਜ਼ੀਸ਼ਨ ਹਾਸਲ ਕੀਤੀ ਗਈ।ਇਸ ਤੋਂ ਇਲਾਵਾ ਅੰਤਰਰਾਸ਼ਟਰੀ ਪੱਧਰ 'ਤੇ 48 ਕਿਲੋ ਉਮਰ ਵਰਗ 'ਚ ਮਾਲਟਾ ਨੂੰ ਹਰਾ ਕੇ ਕੌਮਾਂਤਰੀ ਪੱਧਰ ਉੱਤੇ ਗੋਲਡ ਮੈਡਲ ਹਾਸਲ ਕੀਤਾ ਗਿਆ ਹੈ।ਹਾਜ਼ਰ ਟਰੱਕ ਯੂਨੀਅਨ ਪਾਤੜਾਂ ਦੇ ਸਾਬਕਾ ਪ੍ਰਧਾਨ ਅੰਮ੍ਰਿਤਪਾਲ ਸਿੰਘ ਕਾਲੇਕਾ ਨੇ 15 ਅਕਤੂਬਰ ਨੂੰ ਘਰ ਦੀ ਮੁਰੰਮਤ ਦਾ ਕੰਮ ਸ਼ੁਰੂ ਕਰਨ ਦਾ ਭਰੋਸਾ ਪਰਿਵਾਰ ਨੂੰ ਦਿਵਾਇਆ।ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਜਦੋਂ ਜੂਨੀਅਰ ਕਾਮਨਵੈਲਥ ਖੇਡਾਂ ਵਿੱਚ ਹਿੱਸਾ ਲੈਣ ਲਈ ਮਾਇਆ ਨੇ ਜਾਣਾ ਸੀ ਤਾਂ ਹਵਾਈ ਟਿਕਟ ਦਾ ਪ੍ਰਬੰਧ ਪਰਵਾਰ ਨੂੰ ਖੁਦ ਕਰਨ ਲਈ ਕਿਹਾ ਗਿਆ, ਜਿਸ 'ਤੇ ਪਰਵਾਰ ਨੇ ਵਿਧਾਇਕ ਬਾਜ਼ੀਗਰ ਤੱਕ ਪਹੁੰਚ ਕੀਤੀ ਤਾਂ ਉਸ ਵਕਤ ਵੀ ਅੰਮ੍ਰਿਤਪਾਲ ਸਿੰਘ ਵੱਲੋਂ ਹਵਾਈ ਟਿਕਟ ਲਈ ਇਕ ਲੱਖ ਰੁਪਏ ਨਕਦ ਦੇ ਕੇ ਪਰਵਾਰ ਦੀ ਮਦਦ ਕਰਨ ਮਗਰੋਂ ਹੀ ਮਾਇਆ ਕਾਮਨਵੈਲਥ ਖੇਡਾਂ ਵਿੱਚ ਹਿੱਸਾ ਲੈ ਕੇ ਜੂਨੀਅਰ ਤੇ ਸੀਨੀਅਰ ਵਰਗ ਵਿੱਚ ਗੋਲਡ ਮੈਡਲ ਜਿੱਤ ਕੇ ਲਿਆਉਣ 'ਚ ਸਫ਼ਲ ਹੋਈ ਸੀ।

## ਆਮ ਆਦਮੀ ਪਾਰਟੀ ਵੱਲੋਂ ਹਲਕਾ ਜਲਾਲਾਬਾਦ ਦੇ 21 ਬਲਾਕ ਪ੍ਰਧਾਨਾਂ ਦੀ ਸੂਚੀ ਜਾਰੀ



**ਮੰਡੀ ਘੁਬਾਇਆ (ਬਲਵਿੰਦਰ ਸਿੰਘ)**-ਆਮ ਆਦਮੀ ਪਾਰਟੀ ਵੱਲੋਂ ਸਮੇਂ ਸਮੇਂ 'ਤੇ ਪਾਰਟੀ ਲਈ ਕੰਮ ਕਰਨ ਵਾਲੇ ਜੁਝਾਰੂ ਵਰਕਰਾਂ ਨੂੰ ਮਾਨ ਸਨਮਾਨ ਕੀਤਾ ਜਾਂਦਾ ਹੈ।ਇਸੇ ਕੜੀ ਤਹਿਤ ਪਾਰਟੀ ਪ੍ਰਧਾਨ ਅਮਨ ਅਰੋੜਾ ਵੱਲੋਂ ਵਿਧਾਨ ਸਭਾ ਹਲਕਾ ਜਲਾਲਾਬਾਦ ਦੇ ਅਹੁਦੇਦਾਰਾਂ ਦੀ ਸੂਚੀ ਦਾ ਐਲਾਨ ਕੀਤਾ ਗਿਆ ਹੈ, ਜਿਸ 'ਚ ਅਮਨ ਕੰਬੋਜ ਸਾਮਾ, ਅਸ਼ੋਕ ਕੰਬੋਜ, ਬਲਰਾਜ ਸਿੰਘ ਹੈਪੀ ਸੰਧੂ, ਬੇਅੰਤ ਕੰਬੋਜ, ਦੇਸ ਰਾਜ, ਗੁਰਪ੍ਰੀਤ ਸਿੰਘ ਸੰਧੂ, ਗੁਰਵਿੰਦਰ ਸਿੰਘ, ਕੁਲਦੀਪ ਕੰਬੋਜ, ਕੁਲਵੰਤ ਸਿੰਘ, ਕੁਲਵਿੰਦਰ ਸਿੰਘ ਫੌਜੀ ਵਿਰਕ, ਮੰਦਰ ਬਰਾੜ, ਮੁਖਤਿਆਰ ਸਿੰਘ, ਨਿਰਵੈ ਸਿੰਘ ਭੁੱਲਰ, ਪਰਮਜੀਤ ਸਿੰਘ, ਰਾਜ ਪਾਲ, ਸੰਦੀਪ ਸਿੰਘ, ਸੰਜੀਵ ਕੁਮਾਰ ਟਿੱਕਣ ਪ੍ਰਥੀ, ਸਤਨਾਮ ਸਿੰਘ, ਸੁਦੇਸ਼ ਜੋਸਨ, ਤਨੂੰ ਵਿੱਜ, ਵਿੱਕੀ ਬਹਿਲ ਨੂੰ ਪਾਰਟੀ ਹਾਈਕਮਾਨ ਵੱਲੋਂ ਵੱਡੀ ਜ਼ੁੰਮੇਵਾਰੀ ਦਿੱਤੀ ਗਈ ਹੈ।ਇਸ ਮੌਕੇ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਨਵੇਂ ਚੁਣੇ ਗਏ ਬਲਾਕ ਪ੍ਰਧਾਨਾਂ ਨੂੰ ਵਧਾਈ ਦਿੱਤੀ ਤੇ ਆਉਣ ਵਾਲੇ ਸਮੇਂ 'ਚ ਪਾਰਟੀ ਲਈ ਤਨਦੇਹੀ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਕਿਹਾ ਕਿ ਆਉਣ ਵਾਲੇ ਸਮੇਂ 'ਚ ਪਾਰਟੀ ਵੱਲੋਂ ਹੋਰ ਕੰਮ ਕਰਨ ਵਾਲੇ ਜੁਝਾਰੂ ਵਰਕਰਾਂ ਦਾ ਮਾਣ ਸਨਮਾਨ ਕੀਤਾ ਜਾਵੇਗਾ।ਇਸ ਮੌਕੇ ਨਵੇਂ ਚੁਣੇ ਬਲਾਕ ਪ੍ਰਧਾਨਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪਾਰਟੀ ਪ੍ਰਧਾਨ ਅਮਨ ਅਰੋੜਾ ਸਣੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੂੰ ਵਿਸ਼ਵਾਸ ਦਿਵਾਇਆ ਕਿ ਆਉਣ ਵਾਲੇ ਸਮੇਂ 'ਚ ਪਾਰਟੀਆਂ ਦੀਆਂ ਨੀਤੀਆਂ ਘਰ ਘਰ ਤੱਕ ਪਹੁੰਚਾਉਣ ਲਈ ਹਰ ਸੰਭਵ ਕੋਸ਼ਿਸ਼ ਕਰਨਗੇ।ਨਵੇਂ ਚੁਣੇ ਗਏ ਬਲਾਕ ਪ੍ਰਧਾਨਾਂ ਦੀ ਖੁਸ਼ੀ 'ਚ ਪਾਰਟੀ ਦੇ ਅਹੁਦੇਦਾਰਾਂ ਵੱਲੋਂ ਖੁਸ਼ੀ ਮਨਾਈ ਗਈ ਤੇ ਪਾਰਟੀ ਦਫ਼ਤਰ 'ਚ ਜਸ਼ਨ ਦਾ ਮਾਹੌਲ ਬਣਿਆ ਹੋਇਆ ਹੈ।

## ਡਾ. ਬਲਜੀਤ ਕੌਰ ਵੱਲੋਂ 3.31 ਕਰੋੜ ਵਿਕਾਸ ਕਾਰਜਾਂ ਦੀ ਸ਼ੁਰੂਆਤ



**ਮਲੋਟ/ਗਿੱਦੜਬਾਹਾ/ਮੁਕਤਸਰ (ਜਸਵੰਤ ਗਿੱਲ ਛੱਤਿਆਣਾ/ਸ਼ਮਿੰਦਰਪਾਲ, ਓਮ ਪ੍ਰਕਾਸ਼ ਸੇਖੂ, ਪੂਜਾ)**-ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਵੱਲੋਂ ਮਲੋਟ ਹਲਕੇ ਦੇ ਪਿੰਡ ਜੰਡਵਾਲਾ, ਥੇਹੜੀ ਤੇ ਫਕਰਸਰ ਵਿਖੇ ਕਰੀਬ 3.31 ਕਰੋੜ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਵਿਕਾਸ ਕੰਮਾਂ ਦਾ ਦੀ ਸ਼ੁਰੂਆਤ ਕਰਾਈ।ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਜਦੋਂ ਕਰਨ ਵਾਲਿਆਂ ਦੀ ਨੀਅਤ ਸਾਫ ਹੋਵੇ ਤਾਂ ਕਿਸੇ ਵੀ ਕੰਮ ਵਿੱਚ ਅੜਿੱਕਾ ਨਹੀਂ ਲੱਗਦਾ ਤੇ ਸਾਰੇ ਕਾਰਜ ਬਹੁਤ ਵਧੀਆ ਢੰਗ ਨਾਲ ਸਿਰੇ ਚੜ੍ਹਦੇ ਹਨ।ਪੰਜਾਬ ਸਰਕਾਰ ਨੇਕ ਨੀਅਤ ਨਾਲ ਦਿਨ ਰਾਤ ਇੱਕ ਕਰ ਕੇ ਪੰਜਾਬ ਦੀ ਤਰੱਕੀ ਲਈ ਕੰਮ ਕਰ ਰਹੀ ਹੈ।ਮੌਜੂਦਾ ਸੂਬਾ ਸਰਕਾਰ ਵੱਲੋਂ ਜਿੰਨੇ ਕੰਮ ਆਪਣੇ ਹੁਣ ਤਕ ਦੇ ਕਾਰਜਕਾਲ ਦੌਰਾਨ ਕਰ ਦਿੱਤੇ ਗਏ ਹਨ, ਓਨੇ ਕਾਰਜ ਤਾਂ ਹੁਣ ਤੱਕ ਦੀਆਂ ਸਾਰੀਆਂ ਸਰਕਾਰਾਂ ਨਹੀਂ ਕਰ ਸਕੀਆਂ ਸਨ।ਕੈਬਨਿਟ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਕਾਰਜਾਂ ਦੀ ਖੁਦ ਨਿਗਰਾਨੀ ਕਰਨ ਤੇ ਜੇਕਰ ਕਿਤੇ ਕੋਈ ਤਰੁਟੀ ਲੱਗਦੀ ਹੈ ਤਾਂ ਫੌਰੀ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ।ਉਨ੍ਹਾਂ ਆਖਿਆ ਕਿ ਪੰਜਾਬ ਸਰਕਾਰ ਨੇ ਅਪਣੇ ਹੁਣ ਤਕ ਦੇ ਕਾਰਜਕਾਲ ਦੌਰਾਨ ਮਿਸਾਲੀ ਕੰਮ ਕੀਤਾ ਹੈ ਤੇ ਅੱਗੇ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾ ਰਹੀ ਹੈ।

# 'ਜਲਵਾਯੂ ਪਰਿਵਰਤਨ ਤੇ ਵਾਤਾਵਰਣ ਸੰਬਧੀ ਚੁਣੌਤੀਆਂ' ਸੈਮੀਨਾਰ ਕਰਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਢੱਡੇ ਦੇ ਮਾਤਾ ਸੁੰਦਰੀ ਗਰਲਜ਼ ਕਾਲਜ ਵਿਖੇ 'ਜਲਵਾਯੂ ਪਰਿਵਰਤਨ ਤੇ ਵਾਤਾਵਰਣ ਸਬੰਧੀ ਚੁਣੌਤੀਆਂ' ਰਾਸ਼ਟਰੀ ਪੱਧਰ ਦਾ ਇਕਰੋਜ਼ਾ ਸੈਮੀਨਾਰ ਕਰਾਇਆ ਗਿਆ।

ਚੇਅਰਮੈਨ ਕੁਲਵੰਤ ਸਿੰਘ ਸਿੱਧੂ ਤੇ ਮੈਨੇਜਿੰਗ ਡਾਇਰੈਕਟਰ ਗੁਰਬਿੰਦਰ ਸਿੰਘ ਬੱਲੀ ਨੇ ਵਿਦਵਾਨਾਂ ਦਾ ਸਵਾਗਤ ਕਰਦੇ ਹੋਏ ਸ਼ਮ੍ਹਾ ਰੌਸ਼ਨ ਦੀ ਰਸਮ 'ਚ ਭਾਗ ਲੈਂਦੇ ਹੋਏ ਸਮਾਗਮ ਦਾ ਅਗਾਜ਼ ਕੀਤਾ ਤੇ ਵਿਦਿਆਰਥੀਆਂ ਨੂੰ ਇਸ ਸੈਮੀਨਾਰ ਦਾ ਭਰਪੂਰ ਫਾਇਦਾ ਲੈਂਦੇ ਹੋਏ ਗਿਆਨ ਵਿੱਚ ਵਾਧਾ ਕਰਨ ਲਈ ਪ੍ਰੇਰਿਤ ਕੀਤਾ।ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਸਮਾਰੋਹ ਦੇ ਪ੍ਰਮੁੱਖ ਵਕਤਾ ਡਾ. ਪ੍ਰਸ਼ੋਤਮ ਲਾਲ, ਰੀਸੋਰਸ ਪਰਸਨ ਡਾਕਟਰ ਬ੍ਰਿਜੇਸ਼ ਪਾਠਕ ਤੇ ਡਾਕਟਰ ਮਾਨੀਤਾ ਪਾਨੇਰੀ ਦਾ ਵਿਦਿਆਰਥੀਆਂ ਅਤੇ ਹਾਜ਼ਰੀਨ ਨਾਲ ਤੁਆਰਫ਼ ਕਰਵਾਉਂਦੇ ਹੋਏ ਉਨ੍ਹਾਂ ਨੂੰ ਜੀ ਆਇਆਂ ਨੂੰ ਆਖਿਆ।ਡਾਕਟਰ ਪ੍ਰਸ਼ੋਤਮ ਲਾਲ ਪ੍ਰੋਫੈਸਰ ਐੱਸ ਆਰ ਆਰ ਸਰਕਾਰੀ ਕਾਲਜ ਝੁਨਝੁਨੂ, ਰਾਜਸਥਾਨ ਨੇ ਬਨਸਪਤੀ ਤੇ ਉਸ ਦੇ ਮਨੁੱਖਾਂ ਅਤੇ ਪਸ਼ੂਆਂ ਲਈ ਦਵਾਈਆਂ ਦੇ ਤੌਰ 'ਤੇ ਵਰਤੋਂ ਬਾਰੇ ਦੱਸਦਿਆਂ ਚਿੰਤਾ ਪ੍ਰਗਟ ਕੀਤੀ ਕਿ ਆਧੁਨਿਕ ਸਮੇਂ ਵਿੱਚ ਅਸੀਂ ਇਨ੍ਹਾਂ ਤੋਂ ਦੂਰ ਹੋ ਰਹੇ ਹਾਂ ਤੇ ਇਨ੍ਹਾਂ ਪ੍ਰਤੀ ਸਾਡਾ ਗਿਆਨ ਲਗਾਤਾਰ ਘਟਦਾ ਜਾ ਰਿਹਾ ਹੈ ਤੇ ਅਸੀਂ ਇਨ੍ਹਾਂ ਨੂੰ ਨਦੀਨ ਸਮਝਦੇ ਹੋਏ ਇਨ੍ਹਾਂ ਉੱਪਰ ਨਦੀਨਨਾਸ਼ਕ ਸਪਰੇਅ ਕਰਕੇ ਇਨ੍ਹਾਂ ਦਾ ਵਿਨਾਸ਼ ਕਰ ਰਹੇ ਹਾਂ, ਜਿਸ ਦੇ ਵਜੋਂ ਕੁਦਰਤੀ ਸਿਸਟਮ ਵਿੱਚ ਵਿਗਾੜ ਪੈਦਾ ਹੁੰਦਾ ਹੈ।

ਡਾਕਟਰ ਬ੍ਰਿਜੇਸ਼ ਪਾਠਕ, ਸਹਾਇਕ ਪ੍ਰੋਫੈਸਰ, ਯੂਨੀਵਰਸਿਟੀ ਕਾਲਜ ਢਿੱਲਵਾਂ ਨੇ ਆਪਣੀ ਯੂਰੇਨੀਅਮ ਉੱਪਰ ਕੀਤੀ ਖੋਜ ਦੇ ਤੱਥ ਸਰੋਤਿਆਂ ਨਾਲ ਸਾਂਝੇ ਕੀਤੇ ਤੇ ਇਸ ਦੇ ਮਨੁੱਖਾਂ, ਜਾਨਵਰਾਂ ਅਤੇ ਬਨਸਪਤੀ ਉੱਪਰ ਪੈ ਰਹੇ ਮਾੜੇ ਪ੍ਰਭਾਵਾਂ ਦਾ ਜ਼ਿਕਰ ਕੀਤਾ।ਡਾਕਟਰ ਮਾਨੀਤਾ ਪਾਨੇਰੀ, ਸਹਾਇਤਾ ਪ੍ਰੋਫੈਸਰ, ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਨੇ ਸੈਮੀਨਾਰ ਦੌਰਾਨ ਕੂੜਾ ਕਰਕਟ ਅਤੇ ਵੱਖ ਵੱਖ ਪਦਾਰਥਾਂ ਦੀ ਰਹਿੰਦ ਖੂੰਹਦ ਕਾਰਨ ਹੋ ਰਹੇ ਵਾਤਾਵਰਣ ਦੇ ਨੁਕਸਾਨ ਉੱਪਰ ਬੋਲਦਿਆਂ ਸਪੱਸ਼ਟ ਕੀਤਾ ਕਿ ਕੂੜਾ ਕਰਕਟ ਕਈ ਪ੍ਰਕਾਰ ਦੀਆਂ ਮਾਰੂ ਬਿਮਾਰੀਆਂ ਜਿਵੇਂ ਮਲੇਰੀਆ, ਡੇਂਗੂ ਆਦਿ ਦਾ ਕਾਰਨ ਬਣਦਾ ਹੈ।ਇਸ ਤੋਂ ਬਚਾਅ ਲਈ ਇਸ ਕੂੜੇ ਕਰਕਟ ਦਾ ਵਧੀਆ ਢੰਗ ਨਾਲ ਨਿਪਟਾਰਾ ਕਰਦੇ ਹੋਏ ਇਸ ਬਾਇਓ ਖਾਦਾਂ ਤਿਆਰ ਕਰਨ ਲਈ ਪ੍ਰੇਰਿਤ ਕੀਤਾ।ਸਮਾਰੋਹ ਦੇ ਤਕਨੀਕੀ ਸੈਸ਼ਨ ਦੌਰਾਨ ਮਾਤਾ ਸੁੰਦਰੀ ਗਰਲਜ਼ ਕਾਲਜ ਦੇ ਸਹਾਇਕ ਪ੍ਰੋਫ਼ੈਸਰ ਗੁਰਪ੍ਰੀਤ ਕੌਰ ਜ਼ੁਆਲੋਜੀ ਵਿਭਾਗ, ਸਹਾਇਕ ਪ੍ਰੋਫ਼ੈਸਰ ਜਗਜੀਤ ਸਿੰਘ ਇਤਿਹਾਸ ਵਿਭਾਗ ਤੇ ਕਾਲਜ ਦੇ ਵਿਦਿਆਰਥੀਆਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।ਪਰਮਿੰਦਰ ਸਿੰਘ ਸਿੱਧੂ ਡਾਇਰੈਕਟਰ ਐਡਮਨਿਸਟਰੇਸ਼ਨ ਨੇ ਆਏ ਵਿਦਵਾਨਾਂ, ਕਾਲਜ ਦੇ ਪ੍ਰੋਫੈਸਰਾਂ ਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਦਾ ਧੰਨਵਾਦ ਕਰਦਿਆਂ ਆਉਣ ਵਾਲੇ ਸਮੇਂ ਵਿੱਚ ਅਜਿਹੇ ਹੋਰ ਸੈਮੀਨਾਰ ਤੇ ਵਰਕਸ਼ਾਪਾਂ ਦਾ ਆਯੋਜਨ ਕਰਨ ਦਾ ਵਾਅਦਾ ਕੀਤਾ।ਸੈਮੀਨਾਰ ਦੇ ਅੰਤ 'ਚ ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਗੁਰਬਿੰਦਰ ਸਿੰਘ ਬੱਲੀ ਤੇ ਡਾਇਰੈਕਟਰ ਐਡਮਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਆਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।ਸੰਸਥਾ ਦੇ ਰਾਜਨੀਤੀ ਸ਼ਾਸਤਰ ਵਿਭਾਗ ਦੇ ਸਹਾਇਕ ਪ੍ਰੋਫੈਸਰ ਰਾਜਵਿੰਦਰ ਸਿੰਘ ਨੇ ਮੰਚ ਸੰਚਾਲਨ ਦੀ ਭੂਮਿਕਾ ਬਾਖੂਬੀ ਨਿਭਾਈ। ਡਾਇਰੈਕਟਰ ਸ੍ਰੀਮਤੀ ਸਿੰਬਲਜੀਤ ਕੌਰ ਤੇ ਖ਼ਜ਼ਾਨਚੀ ਸ਼੍ਰੀਮਤੀ ਪ੍ਰਸ਼ੋਤਮ ਕੌਰ ਨੇ ਇਸ ਸਮਾਗਮ ਉੱਪਰ ਖੁਸ਼ੀ ਦਾ ਪ੍ਰਗਟਾਵਾ ਕੀਤਾ।

## ਐੱਸ ਆਈ ਸੁਖਦੇਵ ਸਿੰਘ ਦਾ ਐੱਸ ਐੱਸ ਪੀ ਸਿੱਧੂ ਵੱਲੋਂ ਸਨਮਾਨ



**ਮਮਦੋਟ (ਹਰਪਾਲ ਸਿੰਘ ਸੋਢੀ)**-ਥਾਣਾ ਮਮਦੋਟ ਵਿਖੇ ਡਿਊਟੀ ਕਰ ਰਹੇ ਐੱਸ.ਆਈ. ਸੁਖਦੇਵ ਸਿੰਘ ਸੰਧੂ ਨੂੰ ਨਸ਼ਿਆਂ ਵਿਰੁੱਧ ਲਗਾਤਾਰ ਕਾਰਵਾਈ ਕਰਨ, ਗਲਤ ਵਿਅਕਤੀਆਂ ਖ਼ਿਲਾਫ਼ ਸਖ਼ਤ ਰਵੱਈਆ ਅਪਣਾਉਣ ਤੇ ਲੋਕਾਂ ਨਾਲ ਮਿਲਣਸਾਰ ਅਤੇ ਜਵਾਬਦੇਹ ਢੰਗ ਨਾਲ ਕੰਮ ਕਰਨ ਲਈ ਡੀਜੀਪੀ ਪੰਜਾਬ ਤੇ ਐੱਸ.ਐੱਸ.ਪੀ. ਫਿਰੋਜ਼ਪੁਰ ਭੁਪਿੰਦਰ ਸਿੰਘ ਸਿੱਧੂ ਵੱਲੋਂ ਸਨਮਾਨਤ ਕੀਤਾ ਗਿਆ।ਉਨ੍ਹਾਂ ਦੀ ਸੇਵਾ ਨੂੰ ਲੋਕਾਂ ਵਿੱਚ ਵੀ ਬਹੁਤ ਪਸੰਦ ਕੀਤਾ ਗਿਆ ਹੈ।ਇਲਾਕੇ ਨੂੰ ਨਸ਼ਾ ਮੁਕਤ ਬਣਾਉਣ ਤੇ ਕਾਨੂੰਨ ਵਿਵਸਥਾ ਬਰਕਰਾਰ ਰੱਖਣ ਲਈ ਸੁਖਦੇਵ ਸਿੰਘ ਸੰਧੂ ਨੇ ਜੋ ਯਤਨ ਕੀਤੇ ਹਨ, ਉਹ ਕਾਬਿਲ-ਏ-ਤਾਰੀਫ਼ ਹਨ।ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਖਦੇਵ ਸਿੰਘ ਸੰਧੂ ਨੇ ਕਿਹਾ ਕਿ ਮੈਨੂੰ ਜੋ ਸਨਮਾਨ ਮਿਲਿਆ ਹੈ, ਇਹ ਮੇਰੇ ਲਈ ਬਹੁਤ ਵੱਡੀ ਮਾਣ ਵਾਲੀ ਗੱਲ ਹੈ।ਇਸ ਨਾਲ ਮੈਨੂੰ ਹੋਰ ਮਿਹਨਤ ਕਰਨ ਦੀ ਪ੍ਰੇਰਣਾ ਮਿਲੀ ਹੈ।ਮੈਨੂੰ ਖੁਸ਼ੀ ਹੈ ਕਿ ਮੇਰੀ ਡਿਊਟੀ ਨੂੰ ਮਾਨਤਾ ਮਿਲੀ। ਅੱਗੇ ਤੋਂ ਵੀ ਮੈਂ ਆਪਣੀ ਡਿਊਟੀ ਤਨਮਨ ਨਾਲ ਕਰਦਾ ਰਹਾਂਗਾ।

# ਹਲਕਾ ਬਟਾਲਾ ਦਾ ਸਰਬਪੱਖੀ ਵਿਕਾਸ ਮੇਰੀ ਪਹਿਲੀ ਤਰਜੀਹ : ਸ਼ੈਰੀ ਕਲਸੀ



ਬਟਾਲਾ, (ਡਾ. ਮਲਵਿੰਦਰ ਸਿੰਘ)-ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਹਰੇਕ ਵਰਗ ਦੇ ਹਿੱਤ ਵਿੱਚ ਲੋਕ ਭਲਾਈ ਨੀਤੀਆਂ ਲਾਗੂ ਗਈਆਂ ਹਨ ਅਤੇ ਸਰਬਪੱਖੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਲੋਕ ਮਿਲਣੀ ਦੌਰਾਨ ਲੋਕਾਂ ਦੀਆਂ ਮੁਸ਼ਕਿਲਾਂ ਸੁਣਨ ਉਪਰੰਤ ਕੀਤਾ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਬਟਾਲਾ ਦਾ ਸਰਬਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ ਅਤੇ ਹਲਕੇ ਦੇ ਵਿਕਾਸ ਕੰਮਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ।ਉਨ੍ਹਾਂ ਕਿਹਾ ਕਿ ਬਟਾਲਾ ਹਲਕੇ ਦੇ ਲੋਕਾਂ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ।ਬਟਾਲਾ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼ਹਿਰ ਵਿਚਲੀਆਂ ਸੜਕਾਂ ਅਤੇ ਚੌਕਾਂ ਨੂੰ ਚੌੜਾ ਕੀਤਾ ਗਿਆ ਹੈ।ਸ਼ਹਿਰ ਵਿਚਲੇ ਚੌਕਾਂ ਨੂੰ ਚੌੜਿਆਂ ਕਰਕੇ ਖੂਬਸੂਰਤ ਦਿੱਖ ਦਿੱਤੀ ਗਈ ਹੈ।ਇੱਕ ਛੱਤ ਹੇਠਾਂ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵੇਂ ਤਹਿਸੀਲ ਕੰਪਲੈਕਸ ਦੀ ਉਸਾਰੀ ਕਰਵਾਈ ਗਈ ਹੈ, ਜਿਸ ਦਾ ਜਲਦ ਉਦਘਾਟਨ ਕੀਤਾ ਜਾ ਰਿਹਾ ਹੈ।ਵਾਰਡਾਂ ਵਿੱਚ ਗਲੀਆਂ ਦੇ ਨਿਕਾਸ ਕਾਰਜ ਚੱਲ ਰਹੇ ਹਨ ਜਿਨ੍ਹਾਂ ਵਾਰਡਾਂ ਵਿੱਚ ਗਲੀਆਂ ਬਣਾਉਣ ਦਾ ਕੰਮ ਰਹਿ ਗਿਆ ਹੈ, ਉਥੇ ਵੀ ਜਲਦ ਕੰਮ ਸ਼ੁਰੂ ਕਰਵਾਇਆ ਜਾਵੇਗਾ।ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਹਲਕੇ ਦੇ ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਛੱਪੜਾਂ ਦੇ ਨਵੀਨੀਕਰਨ ਦਾ ਕੰਮ ਚੱਲ ਰਿਹਾ ਹੈ।ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਦੇ ਮੰਤਵ ਨਾਲ ਖੇਡ ਮੈਦਾਨ ਉਸਾਰੇ ਜਾ ਰਹੇ ਹਨ।ਖੂਬਸੂਰਤ ਪਾਰਕਾਂ ਉਸਾਰੀਆਂ ਗਈਆਂ ਹਨ।ਸਟਰੀਟ ਲਾਈਟਾਂ ਲਗਾਈਆਂ ਗਈਆਂ ਹਨ ਅਤੇ ਗਲੀਆਂ ਤੇ ਡੇਰਿਆਂ ਦੇ ਰਸਤੇ ਪੱਕੇ ਗਏ ਹਨ। ਉਨ੍ਹਾਂ ਕਿਹਾ ਕਿ ਮਹਿਜ਼ ਸਾਢੇ ਕੁ ਤਿੰਨ ਸਾਲਾਂ ਦੇ ਕਾਰਜਕਾਲ ਦੌਰਾਨ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ ਅਤੇ ਵਿਕਾਸ ਕਾਰਜਾਂ ਦੀ ਰਫ਼ਤਾਰ ਹੋਰ ਤੇਜ਼ ਲਿਆਂਦੀ ਜਾਵੇਗੀ।

# ਇਲੈਕਟ੍ਰਾਨਿਕਸ ਦੀ ਦੁਕਾਨ 'ਚੋਂ 75 ਹਜ਼ਾਰ ਨਗਦੀ ਅਤੇ ਕੀਮਤੀ ਸਾਮਾਨ ਚੋਰੀ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਦੀਨਾਨਗਰ ਦੇ ਰੇਲਵੇ ਰੋਡ ਸਥਿਤ ਕਾਲਾ ਇਲੈਕਟ੍ਰਾਨਿਕਸ ਦੀ ਦੁਕਾਨ ਦੇ ਨਾਲ ਲੱਗਦੇ ਖਾਲੀ ਪਲਾਟ ਅੰਦਰ ਵੜ ਕੇ ਦੁਕਾਨ ਦੇ ਪਿਛਲੇ ਪਾਸਿਓਂ ਕੰਧ ਤੋੜ ਕੇ ਚੋਰਾਂ ਵੱਲੋਂ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ।ਜਾਣਕਾਰੀ ਅਨੁਸਾਰ ਰਜਿੰਦਰ ਕੁਮਾਰ (ਕਾਲਾ) ਪਿੰਡ ਰਾੜਾ ਦਾ ਰਹਿਣ ਵਾਲਾ ਹੈ, ਜੋ ਦੀਨਾਨਗਰ ਰੇਲਵੇ ਰੋਡ ਸਥਿਤ ਇਲੈਕਟ੍ਰਾਨਿਕਸ ਦੀ ਦੁਕਾਨ ਕਰਦਾ ਹੈ।ਇਸ ਮੌਕੇ ਗੱਲਬਾਤ ਕਰਦਿਆਂ ਪੀੜਤ ਦੁਕਾਨਦਾਰ ਨੇ ਦੱਸਿਆ ਕਿ ਐਤਵਾਰ ਨੂੰ ਦੁਕਾਨ ਰੋਜ਼ਾਨਾ ਦੀ ਤਰ੍ਹਾਂ ਬੰਦ ਕਰ ਕੇ ਘਰ ਚਲਾ ਗਿਆ। ਜਦ ਸੋਮਵਾਰ ਸਵੇਰੇ ਆ ਕੇ ਦੁਕਾਨ ਦਾ ਸ਼ਟਰ ਚੁੱਕਿਆ ਤਾਂ ਦੇਖਿਆ ਕਿ ਦੁਕਾਨ ਦੀ ਪਿਛਲੀ ਕੰਧ ਟੁੱਟੀ ਹੋਈ ਸੀ ਜਿਸ ਵਿੱਚੋਂ ਚੋਰਾਂ ਵੱਲੋਂ ਸਾਮਾਨ ਚੋਰੀ ਕੀਤਾ ਗਿਆ ਹੈ। ਪੀੜਤ ਦੁਕਾਨਦਾਰ ਨੇ ਦੱਸਿਆ ਕਿ ਚੋਰ ਦੁਕਾਨ ਅੰਦਰੋਂ ਚਾਰ ਐੱਲ. ਈ. ਡੀ (ਟੀਵੀ), 7 ਮਿਊਜ਼ਿਕ ਬੂਫਰ, ਚਾਰ ਪੱਖੇ, 75 ਹਜ਼ਾਰ ਨਗਦ ਰਾਸ਼ੀ ਅਤੇ ਹੋਰ ਕੀਮਤੀ ਸਾਮਾਨ ਲੈ ਕੇ ਫਰਾਰ ਹੋ ਗਏ ਹਨ।ਉਨ੍ਹਾਂ ਕਿਹਾ ਕਿ ਦਿਵਾਲੀ ਦੇ ਮੌਕੇ ਦੁਕਾਨ ਵਿੱਚ ਸਾਮਾਨ ਪਾਉਣ ਲਈ 75 ਹਜ਼ਾਰ ਦੀ ਨਗਦੀ ਰਾਸ਼ੀ ਰੱਖੀ ਹੋਈ ਸੀ, ਪਰ ਸਾਮਾਨ ਆਉਣ ਤੋਂ ਇਕ ਰਾਤ ਪਹਿਲਾਂ ਹੀ ਚੋਰਾਂ ਵੱਲੋਂ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ।ਇਸ ਘਟਨਾ ਦੀ ਜਾਣਕਾਰੀ ਦੀਨਾਨਗਰ ਪੁਲਸ ਪ੍ਰਸ਼ਾਸਨ ਨੂੰ ਦੇ ਦਿੱਤੀ ਗਈ ਹੈ।ਪੀੜਤ ਦੁਕਾਨਦਾਰ ਨੇ ਪੁਲਿਸ ਪ੍ਰਸ਼ਾਸਨ ਨੂੰ ਅਪੀਲ ਕੀਤੀ ਗਈ ਜਲਦ ਤੋਂ ਜਲਦ ਚੋਰਾਂ ਨੂੰ ਕਾਬੂ ਕੀਤਾ ਜਾਵੇ ਅਤੇ ਉਨ੍ਹਾਂ ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਮੰਗਾਂ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਪੰਜਾਬ ਵੱਲੋਂ ਪੁਤਲਾ ਫੂਕ ਪ੍ਰਦਰਸ਼ਨ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕਿਸਾਨ ਮਜ਼ਦੂਰ ਮੋਰਚਾ ਭਾਰਤ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਪੰਜਾਬ ਬਲਾਕ ਸ੍ਰੀ ਹਰਗੋਬਿੰਦ ਪੁਰ ਕਾਦੀਆਂ ਵੱਲੋਂ ਪਿੰਡ ਚੀਮਾ ਖੁੱਡੀ ਵਿਚ ਕੇਂਦਰ ਅਤੇ ਪੰਜਾਬ ਸਰਕਾਰ ਦੇ ਮੁਖੀਆਂ ਨਰਿੰਦਰ ਮੋਦੀ ਅਤੇ ਭਗਵੰਤ ਮਾਨ ਦੇ ਪੁਤਲੇ ਸਾੜੇ ਗਏ।ਬਲਾਕ ਪ੍ਰਧਾਨ ਕੈਪਟਨ ਅਜੀਤ ਸਿੰਘ ਸੇਰੋਵਾਲ ਸਕੱਤਰ ਕੁਲਦੀਪ ਸਿੰਘ ਸੇਰੋਵਾਲ ਦੀ ਅਗਵਾਈ ਵਿਚ ਹੋਏ ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਖਜ਼ਾਨਚੀ ਸਿਕੰਦਰ ਸਿੰਘ ਚੀਮਾ ਖੁੱਡੀ ਅਤੇ ਜ਼ਿਲ੍ਹਾ ਕਮੇਟੀ ਮੈਂਬਰ ਮਾਸਟਰ ਗੁਰਦੀਪ ਸਿੰਘ ਅਤੇਪੁਰ ਨੇ ਕਿਹਾ ਕਿ ਗੈਰ ਕੁਦਰਤੀ ਹੜ੍ਹਾਂ ਵਿੱਚ ਪੰਜਾਬ ਦੇ ਲੋਕਾਂ ਨੂੰ ਡੋਬਣ ਲਈ ਕੇਂਦਰ ਅਤੇ ਪੰਜਾਬ ਸਰਕਾਰ ਦੇ ਹਾਕਮ ਜ਼ਿੰਮੇਵਾਰ ਹਨ।ਹੜ੍ਹਾਂ ਨਾਲ ਹੋਈ ਭਿਆਨਕ ਤਬਾਹੀ ਵਿੱਚ ਲੋਕਾਂ ਦੀ ਬਾਂਹ ਫੜਨ ਦੀ ਬਜਾਏ ਆਪਣੀ ਸੌੜੀ ਰਾਜਨੀਤੀ ਦੇ ਤਹਿਤ ਇੱਕ ਦੂਜੇ ਤੇ ਜ਼ਿੰਮੇਵਾਰੀ ਪਾ ਕੇ ਸੁਰਖ਼ਰੂ ਹੋਣ ਦੇ ਮੁਜਰਮਾਨਾ ਕਾਰੇ ਕਰ ਰਹੇ ਹਨ।ਆਗੂਆਂ ਨੇ ਮੰਗ ਕੀਤੀ ਕਿ ਹੜ੍ਹਾਂ ਲਈ ਜ਼ਿੰਮੇਵਾਰ ਕਾਰਨਾਂ ਦੀ ਜਾਂਚ ਕਰਵਾ ਕੇ ਦੋਸ਼ੀਆਂ ਖਿਲਾਫ ਕਾਰਵਾਈ ਕੀਤੀ ਜਾਵੇ।ਕਿਸਾਨਾਂ ਨੂੰ ਪ੍ਰਤੀ ਏਕੜ ਸੱਤਰ ਹਜ਼ਾਰ ਮੁਆਵਜ਼ਾ ਦਿੱਤਾ ਜਾਵੇ, ਪਸ਼ੂਆਂ, ਪੋਲਟਰੀ ਫਾਰਮਾਂ, ਢਹਿ ਗਏ ਘਰਾਂ ਲਈ ਅਤੇ ਮਜ਼ਦੂਰਾਂ ਨੂੰ 15 ਹਜ਼ਾਰ ਮੁਆਵਜ਼ਾ ਦਿੱਤਾ ਜਾਵੇ।ਆਰਥਿਕ ਬੇਵੱਸੀ ਤਹਿਤ ਪਰਾਲੀ ਸਾੜਨ ਵਾਲੇ ਕਿਸਾਨਾਂ ਤੇ ਪਰਚੇ ਦਰਜ ਕਰਨੇ ਬੰਦ ਕੀਤੇ ਹੋਏ ਜਾਣ ਅਤੇ ਸਮਾਰਟ ਮੀਟਰ ਲਾਉਣੇ ਤੁਰੰਤ ਬੰਦ ਕੀਤੇ ਜਾਣ।ਇਸ ਮੌਕੇ ਹਰਜੀਤ ਸਿੰਘ ਮਠੋਲਾ, ਕੁਲਵਿੰਦਰ ਸਿੰਘ ਬਸਰਾਵਾਂ, ਸਰਦੂਲ ਸਿੰਘ ਚੀਮਾ ਖੁੱਡੀ, ਸੁਖਦੇਵ ਸਿੰਘ ਭਗਤਪੁਰਾ, ਗੁਰਪ੍ਰੀਤ ਸਿੰਘ ਭਗਤਪੁਰਾ, ਬਲਕਾਰ ਸਿੰਘ ਧਰਮੀ ਫੌਜੀ, ਅੰਮ੍ਰਿਤਪਾਲ ਸਿੰਘ ਵਿਠਵਾਂ, ਜਰਨੈਲ ਸਿੰਘ ਭਰਥ, ਸਰਵਣ ਸਿੰਘ ਚਾਚੋਕੀ, ਜਗਤਾਰ ਸਿੰਘ ਨੰਗਲ ਝੌਰ, ਗੁਰਨਾਮ ਸਿੰਘ ਚੀਮਾ ਖੁੱਡੀ ਆਦਿ ਹਾਜ਼ਰ ਸਨ।

## ਦਸਵੀਂ ਸ਼੍ਰੇਣੀ ਦੀ ਕੰਪਾਰਟਮੈਂਟ ਪ੍ਰੀਖਿਆ ਦਾ ਨਤੀਜਾ ਅੱਜ

ਐੱਸ.ਏ.ਐੱਸ (ਗੁਰਜੀਤ ਬਿੱਲਾ)-ਬੋਰਡ ਦਫ਼ਤਰ ਵੱਲੋਂ ਦਸਵੀਂ ਸ਼੍ਰੇਣੀ ਅਤੇ ਸੀਨੀਅਰ ਸੈਕੰਡਰੀ ਅਗਸਤ-2025 ਅਧੀਨ ਕੰਪਾਰਟਮੈਂਟ/ਰੀ-ਅਪੀਅਰ, ਵਾਧੂ ਵਿਸ਼ਾ ਅਤੇ ਓਪਨ ਸਕੂਲ (ਬਲਾਕ-2 ਪੂਰੇ ਵਿਸ਼ੇ) ਦੀ ਕੰਡਕਟ ਕਰਵਾਈ ਗਈ ਪ੍ਰੀਖਿਆ ਦਾ ਨਤੀਜਾ 6 ਅਕਤੂਬਰ (ਸੋਮਵਾਰ) ਨੂੰ ਬਾਅਦ ਦੁਪਹਿਰ ਘੋਸ਼ਿਤ ਕੀਤਾ ਜਾ ਚੁੱਕਿਆ ਹੈ। ਸੰਬੰਧਤ ਪ੍ਰੀਖਿਆਰਥੀ ਆਪਣਾ ਨਤੀਜਾ ਬੋਰਡ ਦੀ ਵੈੱਬਸਾਈਟ www.pseb.ac.in ਅਤੇ www.indiaresults.com ਤੇ ਵੇਖ ਸਕਦੇ ਹਨ।

## ਸਾਲਾਨਾ ਮੇਲ ਸਬੰਧੀ ਵੱਖ-ਵੱਖ ਕਮੇਟੀਆਂ ਬਣਾਈਆਂ



ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਦਰਬਾਰ ਸਤਿਓਤੀ ਮਾਤਾ ਪਨਿਆੜ ਗਾਂਧੀਆਂ ਵਿਖੇ ਜਠੇਰੇ ਕਪੂਰ ਪਰਿਵਾਰ ਦੀ ਇੱਕ ਮੀਟਿੰਗ ਪ੍ਰਧਾਨ ਸੰਦੀਪ ਕਪੂਰ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ 9 ਨਵੰਬਰ ਨੂੰ ਹੋਣ ਵਾਲੀ ਸਾਲਾਨਾ ਮੇਲ ਦੀਆਂ ਤਿਆਰੀਆਂ ਬਾਰੇ ਚਰਚਾ ਕਰਨ ਤੋਂ ਬਾਅਦ ਵੱਖ-ਵੱਖ ਕਮੇਟੀਆਂ ਬਣਾਈਆਂ ਗਈਆਂ। ਇਸ ਤੋਂ ਇਲਾਵਾ ਦਰਬਾਰ ਨੂੰ ਹੋਰ ਸੁੰਦਰ ਬਣਾਉਣ ਲਈ ਇੱਕ ਨਵੇਂ ਹਾਲ ਦੀ ਉਸਾਰੀ ਦਾ ਕੰਮ ਸ਼ੁਰੂ ਕੀਤਾ ਗਿਆ।ਵਿਸ਼ੇਸ਼ ਤੌਰ 'ਤੇ ਹਾਜ਼ਰੀਨ ਵਿੱਚ ਸਤੀਸ਼ ਕਪੂਰ, ਕਮਲ ਕਪੂਰ, ਸੰਜੀਵ ਕਪੂਰ, ਤਿਲਕ ਰਾਜ ਕਪੂਰ, ਰਣਧੀਰ ਕਪੂਰ, ਮਨੀਸ਼ ਕਪੂਰ, ਰਿਸ਼ੀ ਕਪੂਰ, ਵਿਸ਼ਵ ਬੰਧੂ ਕਪੂਰ, ਜੈਵਰਧਨ ਕਪੂਰ, ਸ਼ਿਵਾਂਸ਼ ਕਪੂਰ ਅਤੇ ਹੋਰ ਸ਼ਾਮਲ ਸਨ।

## ਗੁਰਦੁਆਰਾ ਸੰਤ ਨਿਵਾਸ ਵਿਖੇ ਵੱਖਰੇ ਤੌਰ 'ਤੇ ਮਨਾਇਆ ਬਾਬਾ ਬੁੱਢਾ ਸਾਹਿਬ ਜੀ ਦਾ ਸਾਲਾਨਾ ਜੋੜ ਮੇਲਾ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਬਾਬਾ ਬੁੱਢਾ ਜੀ ਦਾ ਸਾਲਾਨਾ ਦੋ ਦਿਨਾ ਜੋੜ ਮੇਲਾ ਗੁਰਦੁਆਰਾ ਸੰਤ ਨਿਵਾਸ ਬੀੜ ਸਾਹਿਬ ਵਿਖੇ ਬਾਬਾ ਸੰਤੋਖ ਸਿੰਘ ਦੀ ਅਗਵਾਈ ਵਿਚ ਵੱਖਰੇ ਤੌਰ 'ਤੇ ਮਨਾਇਆ ਗਿਆ ।ਸਵੇਰੇ ਗੁਰਦੁਆਰਾ ਸਾਹਿਬ ਵਿਖੇ 25 ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਉਣ ਉਪਰੰਤ ਹਜ਼ੂਰੀ ਰਾਗੀ ਸਿੰਘਾਂ ਨੇ ਗੁਰਬਾਣੀ ਦਾ ਸ਼ਬਦ ਕੀਰਤਨ ਕੀਤਾ। ਉਪਰੰਤ ਸਜਾਏ ਗਏ ਧਾਰਮਿਕ ਦੀਵਾਨਾਂ ਵਿਚ ਗੁਰੂ ਘਰ ਦੇ ਪ੍ਰਸਿੱਧ ਰਾਗੀ ਤੇ ਕਵੀਸ਼ਰ ਸਿੰਘਾਂ ਨੇ ਗੁਰੂ ਕਾ ਇਤਿਹਾਸ ਗਾਇਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਸਮੇਂ ਪਹੁੰਚੀਆਂ ਸ਼ਖ਼ਸੀਅਤਾਂ ਨੂੰ ਬਾਬਾ ਸੰਤੋਖ ਸਿੰਘ ਤੇ ਸੇਵਾਦਾਰ ਜਥੇਦਾਰ ਬਾਬਾ ਬਾਬਾ ਭੋਲਾ ਸਿੰਘ ਨੇ ਸਨਮਾਨਿਤ ਕੀਤਾ।

ਇਸ ਸਮੇਂ ਬਾਬਾ ਚੜ੍ਹਤ ਸਿੰਘ, ਸਾਬਕਾ ਚੇਅਰਮੈਨ ਲਖਬੀਰ ਸਿੰਘ ਬੁਰਜ, ਖਾਲੜਾ ਮਿਸ਼ਨ ਕਮੇਟੀ ਦੇ ਚੇਅਰਮੈਨ ਬਲਵਿੰਦਰ ਸਿੰਘ ਝਬਾਲ, ਚੇਅਰਮੈਨ ਰਣਜੀਤ ਸਿੰਘ ਰਾਣਾ ਗੰਡੀਵਿੰਡ, ਬਾਬਾ ਸੁਖਦੇਵ ਸਿੰਘ ਮੱਲਾਂ ਵਾਲਾ, ਬਾਬਾ ਸੂਬੇਦਾਰ ਖਡੂਰ ਸਾਹਿਬ, ਬਾਬਾ ਸੁੱਖਾ ਸਿੰਘ ਭੂਰੀ ਵਾਲੇ, ਨੰਬਰਦਾਰ ਰਾਜੋਕੇ ਬਾਬਾ ਗੁਰਮੀਤ ਸਿੰਘ ਖੋਸਾ ਕੋਟਲਾ, ਮੈਂਬਰ ਕਾਲਜ ਕਮੇਟੀ ਕਸ਼ਮੀਰ ਸਿੰਘ ਬਘਿਆੜੀ, ਰਜਵੰਤ ਸਿੰਘ ਜੱਜ ਕਸੇਲ, ਸਰਪੰਚ ਰਛਪਾਲ ਸਿੰਘ ਚਾਹਲ, ਕੁਲਵੰਤ ਸਿੰਘ ਮਸਤਗੜ੍ਹ, ਬਿੱਟੂ ਠੱਠਗੜ੍ਹ, ਡਾ. ਨਰਿੰਦਰ ਸਿੰਘ, ਸਰਪੰਚ ਮੋਤਾ ਸਿੰਘ, ਹੈੱਡ ਗ੍ਰੰਥੀ ਗਿਆਨੀ ਨੱਥਾ ਸਿੰਘ, ਤੇਜਿੰਦਰ ਸਿੰਘ ਸੁਪਰਡੈਂਟ ਕਾਲਜ, ਲੱਖਾ ਸਿੰਘ, ਭਾਈ ਕਸ਼ਮੀਰ ਸਿੰਘ, ਮਹਿੰਦਰ ਸਿੰਘ ਪਤਾਸਿਆਂ ਵਾਲਾ, ਬਹਾਲ ਸਿੰਘ ਗੱਗੋਬੂਹਾ, ਗੁਰਵੇਲ ਸਿੰਘ ਤੇ ਹੋਰ ਸੰਤ ਮਹਾਪੁਰਸ਼ ਹਾਜ਼ਰ ਸਨ।

# ਪਿੰਡ ਖੈਰਦੀ ਝਬਾਲ ਰੋਡ 'ਤੇ ਲੱਗਾ ਬਲੱਡ ਡੋਨੇਸ਼ਨ ਕੈਂਪ



ਝਬਾਲ, (ਹਰਜਿੰਦਰ ਸਿੰਘ ਸੋਨੀ)-ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਅੰਮ੍ਰਿਤਸਰ ਕਾਲਜ ਆਫ਼ ਨਰਸਿੰਗ ਅਤੇ ਅੰਮ੍ਰਿਤਸਰ ਇੰਸਟੀਚਿਊਟ ਆਫ਼ ਪੈਰਾਮੈਡੀਕਲ ਸਾਇੰਸਿਜ਼ ਸਿਹਤ ਵਿਭਾਗ, ਪੰਜਾਬ ਦੇ ਸਹਿਯੋਗ ਨਾਲ ਪਿੰਡ ਖੈਰਦੀ ਝਬਾਲ ਰੋਡ 'ਤੇ ਬਲੱਡ ਡੋਨੇਸ਼ਨ ਕੈਂਪ ਦਾ ਸਫਲ ਆਯੋਜਨ ਕੀਤਾ ਗਿਆ।ਕੈਂਪ ਦੀ ਅਗਵਾਈ ਅੰਮ੍ਰਿਤਸਰ ਇੰਸਟੀਚਿਊਟ ਦੇ ਡਾਇਰੈਕਟਰ ਡਾ. ਨਿਪੁੰਨ ਪਾਸੀ ਨੇ ਕੀਤੀ।ਉਨ੍ਹਾਂ ਨੇ ਕਿਹਾ ਹੁਣ ਸਮਾਂ ਹੈ ਕਿ ਅਸੀਂ ਉਸ ਸਮਾਜ ਨੂੰ ਵਾਪਸ ਦੇਈਏ ਜਿਸ ਨੇ ਸਾਨੂੰ ਹਮੇਸ਼ਾ ਸਹਾਰਾ ਦਿੱਤਾ ਹੈ।ਇਸ ਕੈਂਪ ਵਿੱਚ ਪਿੰਡ ਦੇ ਨੌਜਵਾਨਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ 80 ਤੋਂ ਵੱਧ ਯੂਨਿਟ ਰਕਤ ਦਾਨ ਕੀਤਾ।ਦੋਵੇਂ ਕਾਲਜਾਂ ਦੀ ਮੈਡੀਕਲ ਟੀਮ ਨੇ ਸਾਰੇ ਦਾਨੀਆਂ ਦੀ ਸਿਹਤ ਦੀ ਦੇਖਭਾਲ ਲਈ ਪੂਰੀ ਵਿਵਸਥਾ ਕੀਤੀ।ਕੈਂਪ ਦੌਰਾਨ ਡਾ. ਨਿਪੁੰਨ ਪਾਸੀ ਅਤੇ ਡਾ. ਸੰਦੀਪ ਸਿੰਘ ਨੇ ਲਾਭਪਾਤਰੀਆਂ ਨੂੰ ਸੰਬੋਧਨ ਕੀਤਾ ਅਤੇ ਰਕਤ ਦਾਨ ਦੀ ਮਹੱਤਤਾ 'ਤੇ ਰੌਸ਼ਨੀ ਪਾਈ।ਡਾ. ਪਾਸੀ ਨੇ ਵਿਦਿਆਰਥੀਆਂ, ਸਟਾਫ਼ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਦੀ ਪ੍ਰਸ਼ੰਸਾ ਕੀਤੀ।ਡਾ. ਸੰਦੀਪ ਸਿੰਘ ਨੇ ਕਿਹਾ ਕਿ ਅਸਲ ਸੇਵਾ ਉਹ ਹੈ ਜੋ ਅਸੀਂ ਆਪਣੇ ਲੋਕਾਂ ਦੀ ਜ਼ਰੂਰਤ ਦੇ ਸਮੇਂ ਕਰਦੇ ਹਾਂ।ਇਸ ਮੌਕੇ ਦਲੀਪ ਕੁਮਾਰ ਪ੍ਰਿੰ. ਅੰਮ੍ਰਿਤਸਰ ਕਾਲਜ ਆਫ਼ ਨਰਸਿੰਗ ਸਮੇਤ ਪ੍ਰੋਫੈਸਰਾਂ, ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਵੀ ਸਰਗਰਮ ਹਿੱਸਾ ਲਿਆ।

# ਗੁਰਦੁਆਰਾ ਭੱਠ ਸਾਹਿਬ ਪੱਟੀ ਵਿਖੇ ਦਸਤਾਰ, ਦੁਮਾਲਾ ਅਤੇ ਪੇਂਟਿੰਗ ਮੁਕਾਬਲੇ ਕਰਵਾਏ

## * ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਰਹਿਣ ਵਾਲੇ ਬੱਚਿਆਂ ਨੂੰ ਕੀਤਾ ਸਨਮਾਨਿਤ



**ਪੱਟੀ (ਬਲਦੇਵ ਸਿੰਘ ਸੰਧੂ)**-ਸੂਰਬੀਰ ਯੋਧੇ, ਗੁਰੂ ਭੈ ਭਾਵਨੀ ਵਿੱਚ ਜੀਵਨ ਬਸਰ ਕਰਨ ਵਾਲੇ ਗੁਰਸਿੱਖ ਬਾਬਾ ਬਿਧੀ ਚੰਦ ਛੀਨਾ ਗੁਰੂ ਕਾ ਸੀਨਾ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਿਤ ਬਾਬਾ ਅਵਤਾਰ ਸਿੰਘ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਜੀ ਸੁਰ ਸਿੰਘ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਭੱਠ ਸਾਹਿਬ ਪੱਟੀ (ਤਰਨ ਤਾਰਨ) ਵਿਖੇ ਬੱਚਿਆਂ ਦੇ ਦਸਤਾਰ, ਦੁਮਾਲਾ ਅਤੇ ਪੇਂਟਿੰਗ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਬਾਬਾ ਬਸਤਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਕੈਰੋਂ, ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਆਰੀਆ ਗਰਲਜ਼ ਸਕੂਲ, ਜੈਨ ਮਾਡਲ ਸਕੂਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ, ਦੂਨ ਪਬਲਿਕ ਸਕੂਲ, ਕੈਂਬਰਿਜ ਸਕੂਲ ਪੱਟੀ ਦੇ ਲਗਭਗ 200 ਤੋਂ ਵੱਧ ਬੱਚਿਆਂ ਅਤੇ ਸੰਗਤਾਂ ਨ ਭਾਗ ਲਿਆ।

ਦਸਤਾਰ ਦੁਮਾਲਾ ਮੁਕਾਬਲੇ ਵਿੱਚ ਬੱਚਿਆਂ ਦੇ ਚਾਰ ਗਰੁੱਪ ਅਤੇ ਪੇਂਟਿੰਗ ਮੁਕਾਬਲੇ ਵਿੱਚ ਦੋ ਗਰੁੱਪ ਬਣਾਏ ਗਏ।ਹਰੇਕ ਗਰੁੱਪ ਵਿੱਚੋਂ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਕੱਪ, ਦਸਤਾਰਾਂ ਅਤੇ ਧਾਰਮਿਕ ਸਾਹਿਤ ਨਾਲ ਸਨਮਾਨਿਤ ਕੀਤਾ ਗਿਆ।ਬਾਕੀ ਹਰੇਕ ਭਾਗ ਲੈਣ ਵਾਲੇ ਬੱਚੇ ਨੂੰ ਮੈਡਲ ਅਤੇ ਧਾਰਮਿਕ ਸਾਹਿਤ ਦੇ ਕੇ ਹੌਸਲਾ ਅਫਜ਼ਾਈ ਕੀਤੀ ਗਈ।ਇਸ ਪ੍ਰੋਗਰਾਮ ਵਿੱਚ ਉਚੇਚੇ ਤੌਰ 'ਤੇ ਬਾਬਾ ਅਵਤਾਰ ਸਿੰਘ ਅਤੇ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਭਾਈ ਖੁਸ਼ਵਿੰਦਰ ਸਿੰਘ ਭਾਟੀਆ ਨੇ ਉਚੇਚੇ ਤੌਰ ਤੇ ਸ਼ਮੂਲੀਅਤ ਕੀਤੀ।

ਉਨ੍ਹਾਂ ਨੇ ਬੱਚਿਆਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਮਹਾਨ ਗੁਰਸਿੱਖ ਭਾਈ ਬਿਧੀ ਚੰਦ ਦਾ ਜੀਵਨ ਗੁਰ ਉਪਦੇਸ਼ਾਂ ਨੂੰ ਸੁਣ ਕੇ ਆਪਣੇ ਜੀਵਨ ਵਿੱਚ ਧਾਰਨ ਕਰਨ ਦੇ ਨਾਲ ਬਦਲਿਆ।ਬੱਚੇ ਦੀ ਜ਼ਿੰਦਗੀ ਵਿੱਚ ਸੰਗਤ ਦਾ ਬਹੁਤ ਵੱਡਾ ਰੋਲ ਹੁੰਦਾ ਹੈ।

# ਪੱਤਰਕਾਰ ਭਗਵਾਨ ਸਿੰਘ ਖੁਜਾਲਾ ਨੂੰ ਸਦਮਾ; ਮਾਤਾ ਦਾ ਦਿਹਾਂਤ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਪੱਤਰਕਾਰ ਭਗਵਾਨ ਸਿੰਘ ਖੁਜਾਲਾ ਨੂੰ ਉਦੋਂ ਬਹੁਤ ਵੱਡਾ ਸਦਮਾ ਲੱਗਾ ਜਦ ਉਨ੍ਹਾਂ ਦੀ ਮਾਤਾ ਸੁਰਜੀਤ ਕੌਰ ਦਾ ਸੰਖੇਪ ਬੀਮਾਰੀ ਤੋਂ ਬਾਅਦ ਦਿਹਾਂਤ ਹੋ ਗਿਆ। ਉਹ 82 ਸਾਲਾਂ ਦੇ ਸਨ।

ਇਸ ਦੁੱਖ ਦੀ ਘੜੀ ਵਿੱਚ ਸੰਤ ਬਾਬਾ ਸੱਜਣ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ, ਬਾਬਾ ਗੁਰਭੇਜ ਸਿੰਘ ਮੁੱਖ ਬੁਲਾਰਾ ਸੰਤ ਸਮਾਜ, ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲੇ, ਸਾਬਕਾ ਸਰਪੰਚ ਪਲਵਿੰਦਰ ਸਿੰਘ ਖੁਜਾਲਾ, ਬਲਵਿੰਦਰ ਸਿੰਘ ਸਾਬਕਾ ਸਰਪੰਚ ਖੁਜਾਲਾ, ਫਤਹਿਪਾਲ ਸਿੰਘ ਸਰਪੰਚ ਖੁਜਾਲਾ, ਗੁਰਸ਼ਰਨ ਸਿੰਘ ਖੁਜਾਲਾ, ਹਰਪ੍ਰੀਤ ਸਿੰਘ ਖੁਜਾਲਾ, ਮਾਝਾ ਫੋਟੋਗਰਾਫ਼ਰ ਐਸੋਸੀਏਸ਼ਨ ਦੇ ਪ੍ਰਧਾਨ ਸਚਿਨ ਬਜਾਜ, ਸੁਰਿੰਦਰ ਸਿੰਘ ਸ਼ਿੰਦਾ ਦਬੁਰਜੀ, ਰਾਜਾ ਕੋਟਲੀ ਪੱਤਰਕਾਰ, ਬਲਜੀਤ ਸਿੰਘ ਪੱਤਰਕਾਰ, ਤਰਸੇਮ ਸਿੰਘ ਸਾਧਪੁਰ, ਗੁਰਦੀਪ ਸਿੰਘ ਰੰਧਾਵਾ, ਲਾਡੀ ਨਵਾਂ ਪਿੰਡ, ਰਾਜੂ ਨਵਾਂ ਪਿੰਡ ਆਦਿ ਨੇ ਪੱਤਰਕਾਰ ਭਗਵਾਨ ਸਿੰਘ ਖੁਜਾਲਾ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।

# ਡਾ. ਅਮਰੀਕ ਸਿੰਘ ਦਾ ਜੁਆਇੰਟ ਡਾਇਰੈਕਟਰ (ਖੇਤੀਬਾੜੀ) ਵਜੋਂ ਤਰੱਕੀ ਮਿਲਣ 'ਤੇ ਸਨਮਾਨ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਵਿਭਾਗੀ ਤਰੱਕੀ ਕਮੇਟੀ ਵੱਲੋਂ ਕੀਤੀਆਂ ਸਿਫ਼ਾਰਸ਼ਾਂ ਅਨੁਸਾਰ ਪੰਜਾਬ ਸਰਕਾਰ ਵੱਲੋਂ ਗੁਰਦਾਸਪੁਰ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਨੂੰ ਜੁਆਇੰਟ ਡਾਇਰੈਕਟਰ (ਖੇਤੀਬਾੜੀ) ਵਜੋਂ ਤਰੱਕੀ ਦੇ ਕੇ ਜਨਰਲ ਮੈਨੇਜਰ ਮਾਰਕੀਟਿੰਗ (ਪਨਸੀਡ) ਦੇ ਅਹੁਦੇ 'ਤੇ ਨਿਯੁਕਤ ਕੀਤਾ ਹੈ। ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਸਮੂਹ ਅਧਿਕਾਰੀ/ਕਰਮਚਾਰੀਆਂ ਵਲੋਂ ਸਥਾਨਕ ਜ਼ਿਲਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਚ ਨਿੱਘੀ ਵਿਦਾਇਗੀ ਦਿੱਤੀ ਗਈ।ਇਸ ਮੌਕੇ ਡਾਕਟਰ ਸ਼ਾਹਬਾਜ ਸਿੰਘ ਚੀਮਾ, ਡਾਕਟਰ ਮਨਪ੍ਰੀਤ ਸਿੰਘ, ਡਾਕਟਰ ਹਰਮਨਦੀਪ ਸਿੰਘ ਪ੍ਰਧਾਨ ਪਲਾਂਟ ਡਾਕਟਰ ਐਸੋਸੀਏਸ਼ਨ ਪੰਜਾਬ, ਅਰਜਿੰਦਰ ਸਿੰਘ ਖੇਤੀ ਵਿਸਥਾਰ ਅਫ਼ਸਰ, ਜਿੰਦਰ ਪਾਲ ਸੁਪਰਡੈਂਟ ਸਮੇਤ ਸਮੂਹ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ। ਵਿਦਾਇਗੀ ਸਮਾਰੋਹ ਵਿਚ ਹਾਜ਼ਰ ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਡਾਕਟਰ ਮਨਪ੍ਰੀਤ ਸਿੰਘ ਨੇ ਕਿਹਾ ਕਿ ਡਾ. ਅਮਰੀਕ ਸਿੰਘ ਵਲੋਂ ਜ਼ਿਲ੍ਹਾ ਗੁਰਦਾਸਪੁਰ ਅੰਦਰ ਬਤੌਰ ਖੇਤੀਬਾੜੀ ਵਿਕਾਸ ਅਫ਼ਸਰ, ਖੇਤੀਬਾੜੀ ਅਫ਼ਸਰ, ਜ਼ਿਲ੍ਹਾ ਸਿਖਲਾਈ ਅਫ਼ਸਰ ਅਤੇ ਜ਼ਿਲ੍ਹਾ ਪਠਾਨਕੋਟ, ਫ਼ਰੀਦਕੋਟ ਵਿਖੇ ਮੁੱਖ ਖੇਤੀਬਾੜੀ ਅਫ਼ਸਰ ਸਮੇਤ ਹੋਰ ਅਹਿਮ ਅਹੁਦਿਆਂ 'ਤੇ ਸੇਵਾਵਾਂ ਦਿੱਤੀਆਂ ਜਾ ਚੁੱਕੀਆਂ ਹਨ ਅਤੇ ਇਸ ਸਮੇਂ ਦੌਰਾਨ ਉਨ੍ਹਾਂ ਵਲੋਂ ਦਿੱਤੀਆਂ ਸ਼ਲਾਘਾਯੋਗ ਸੇਵਾਵਾਂ ਬਦਲੇ ਪੰਜਾਬ ਸਰਕਾਰ ਵਲੋਂ 2017 ਦੌਰਾਨ ਰਾਜ ਪੁਰਸਕਾਰ, ਹੰਸ ਰਾਜ ਕਾਲਜ ਦਿੱਲੀ ਯੂਨੀਵਰਸਿਟੀ ਨਵੀਂ ਦਿੱਲੀ ਵਿਖੇ ਆਯੋਜਿਤ ਦੂਜੀ ਅੰਤਰਰਾਸ਼ਟਰੀ ਕਾਨਫ਼ਰੰਸ ਦੌਰਾਨ ਡਾ. ਅਮਰੀਕ ਸਿੰਘ ਨੂੰ ਫ਼ਸਲ ਵਿਗਿਆਨ ਦੇ ਖੇਤਰ ਵਿੱਚ ਨਿਭਾਈਆਂ ਜਾ ਰਹੀਆਂ ਬਿਹਤਰੀਨ ਸੇਵਾਵਾਂ ਲਈ ਲਾਈਫ਼ ਟਾਈਮ ਅਚੀਵਮੈਂਟ ਅਵਾਰਡ' ਨਾਲ ਵੀ ਸਨਮਾਨਿਤ ਕੀਤਾ ਜਾ ਚੁੱਕਾ ਹੈ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਤਿੰਨ ਵਾਰ ਬਿਹਤਰੀਨ ਪਸਾਰ ਕਾਮੇ ਵਜੋਂ, ਗੁਜਰਾਤ ਸਰਕਾਰ ਵੱਲੋਂ ਸਾਲ 2023 ਵਿੱਚ ਕਰਵਾਈ ਅੰਤਰਰਾਸ਼ਟਰੀ ਕਾਨਫ਼ਰੰਸ ਮੌਕੇ ਪਸਾਰ ਸੇਵਾਵਾਂ ਵਿੱਚ ਉਤਮਤਾ ਪੁਰਸਕਾਰ, ਆਸਥਾ ਫਾਊਂਡੇਸ਼ਨ ਮੇਰਠ(ਯੂ.ਪੀ.) ਅਤੇ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਅਤੇ ਪਠਾਨਕੋਟ ਵੱਲੋਂ ਪਸਾਰ ਸੇਵਾਵਾਂ ਵਿੱਚ ਉਤਮਤਾ ਪੁਰਸਕਾਰ ਵਜੋਂ ਸਨਮਾਨਿਤ ਕੀਤਾ ਜਾ ਚੁੱਕਾ ਹੈ ।ਉਨ੍ਹਾਂ ਵਲੋਂ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਤੋਂ ਫ਼ਸਲ ਵਿਗਿਆਨ ਵਿਸ਼ੇ ਵਿਚ ਪੀ.ਐੱਚਡੀ. ਕੀਤੀ ਹੋਈ ਹੈ।ਖੇਤੀਬਾੜੀ ਅਧਿਕਾਰੀ/ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਡਾਕਟਰ ਅਮਰੀਕ ਸਿੰਘ ਨੇ ਦੱਸਿਆ ਕਿ ਪਿਛਲੇ ਕਰੀਬ 35 ਸਾਲਾਂ ਦੌਰਾਨ ਸਮੂਹ ਅਧਿਕਾਰੀ/ ਕਰਮਚਾਰੀਆਂ ਦੇ ਸਹਿਯੋਗ ਨਾਲ ਜ਼ਿਲ੍ਹਾ ਗੁਰਦਾਸਪੁਰ,ਪਠਾਨਕੋਟ ਅਤੇ ਫ਼ਰੀਦਕੋਟ ਵਿੱਚ ਕਿਸਾਨਾਂ ਨੂੰ ਬੇਹਤਰ ਸੇਵਾਵਾਂ ਦੇਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਗਈ ਹੈ ਜਿਸ ਦੇ ਸਾਕਾਰਾਤਮਕ ਨਤੀਜੇ ਵੀ ਦੇਖਣ ਨੂੰ ਮਿਲੇ ਹਨ। ਉਨ੍ਹਾਂ ਸਮੂਹ ਅਧਿਕਾਰੀ ਕਰਮਚਾਰੀਆਂ ਨੂੰ ਕਿਸਾਨਾਂ ਪ੍ਰਤੀ ਬਣਦੇ ਫਰਜ਼ ਪੂਰੀ ਇਮਾਨਦਾਰੀ, ਦਿਆਨਤਦਾਰੀ ਅਤੇ ਮਿਹਨਤ ਨਾਲ ਨਿਭਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਹਰੇਕ ਖ਼ੇਤੀਬਾੜੀ ਅਧਿਕਾਰੀ/ਕਰਮਚਾਰੀ ਨੂੰ ਪਸਾਰ ਸਿੱਖਿਆ ਦਾ ਹਰ ਸੰਭਵ ਤਰੀਕਾ ਵਰਤ ਕੇ ਖੇਤੀ ਤਕਨੀਕਾਂ ਕਿਸਾਨਾਂ ਤੱਕ ਪਹੁੰਚਾਉਣ ਦਾ ਯਤਨ ਕਰਨਾ ਚਾਹੀਦਾ ਤਾਂ ਜੋਂ ਖੇਤੀ ਲਾਗਤ ਖਰਚੇ ਘਟਾ ਕੇ ਕਿਸਾਨਾਂ ਦੀ ਸ਼ੁੱਧ ਆਮਦਨ ਵਧਾਈ ਜਾ ਸਕੇ।ਅਖੀਰ ਵਿੱਚ ਸਮੂਹ ਅਧਿਕਾਰੀਆਂ/ਕਰਮਚਾਰੀਆਂ ਨੇ ਯਾਦਗਾਰੀ ਚਿੰਨ੍ਹ ਦੇ ਕੇ ਡਾਕਟਰ ਅਮਰੀਕ ਸਿੰਘ ਨੂੰ ਸਨਮਾਨਿਤ ਕੀਤਾ।

# ਬਾਬਾ ਬੰਦਾ ਸਿੰਘ ਬਹਾਦਰ ਕਾਲਜ ਆਫ ਐਜੂਕੇਸ਼ਨ 'ਚ ਨਵੇਂ ਵਿੱਦਿਅਕ ਵਰ੍ਹੇ ਦੀ ਸ਼ੁਰੂਆਤ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਕਾਲਜ ਆਫ ਐਜੂਕੇਸ਼ਨ ਵਿਖੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਮਨਦੀਪ ਕੌਰ ਚਾਹਲ ਦੀ ਯੋਗ ਅਗਵਾਈ ਹੇਠ ਨਵੇਂ ਵਿੱਦਿਅਕ ਵਰ੍ਹਾ 2025-26 ਦੀ ਸ਼ੁਰੂਆਤ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ ਜਿਸ ਵਿੱਚ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ ਅਤੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ ਨੇ ਵਿਦਿਆਰਥੀਆਂ ਅਤੇ ਸਮੂਹ ਸਟਾਫ ਮੈਂਬਰਾਂ ਨੂੰ ਵਿੱਦਿਅਕ ਸ਼ੈਸ਼ਨ ਦੀ ਸ਼ੁਰੂਆਤ ਦੀ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਦੇ ਉਜਵਲ ਭਵਿੱਖ ਦੀਆਂ ਸ਼ੁਭ ਕਾਮਨਾਵਾਂ ਦਿੱਤੀਆਂ।

ਇਸ ਮੌਕੇ ਕਾਲਜ ਦੇ ਵਿਦਿਆਰਥੀ ਕਰਮਨਪ੍ਰੀਤ ਸਿੰਘ ਨੇ ਆਪਣੇ ਸਹਿਯੋਗੀਆਂ ਨਾਲ ਮਿਲ ਕੇ ਕੀਰਤਨ ਗਾਇਨ ਕੀਤਾ ।ਧਰਮ ਪ੍ਰਚਾਰ ਕਮੇਟੀ ਤੇ ਮੈਡਮ ਰਾਜਬੀਰ ਕੌਰ ਨੇ ਕਾਲਜ ਦੀ ਦਿਨ ਦੁੱਗਣੀ ਤੇ ਰਾਤ ਚੌਗੁਣੀ ਉੱਨਤੀ ਵਾਸਤੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਅਰਦਾਸ ਕੀਤੀ ਗਈ।ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਉਜਵਲ ਭਵਿੱਖ ਦੀ ਵਧਾਈ ਦਿੱਤੀ।

ਇਸ ਮੌਕੇ ਸਕੂਲ ਪ੍ਰਿੰਸੀਪਲ ਕਿਰਨ ਕੇਸਰ ਨੇ ਕਾਲਜ ਦੇ ਪ੍ਰਿੰ. ਮੈਡਮ ਮਨਦੀਪ ਕੌਰ ਨੂੰ, ਸਟਾਫ ਅਤੇ ਵਿਦਿਆਰਥੀਆਂ ਨੂੰ ਨਵੇਂ ਸੈਸ਼ਨ ਦੀ ਸ਼ੁਰੂਆਤ 'ਤੇ ਵਧਾਈ ਦਿੰਦੇ ਹੋਏ ਉਨ੍ਹਾਂ ਨੂੰ ਉਤਸ਼ਾਹਿਤ ਕੀਤਾ ।

# ਕੈਬਨਿਟ ਮੰਤਰੀ ਕਟਾਰੂਚੱਕ ਨੇ ਨਵ-ਨਿਯੁਕਤ ਬਲਾਕ ਪ੍ਰਧਾਨਾਂ ਨੂੰ ਕੀਤਾ ਸਨਮਾਨਿਤ



ਪਠਾਨਕੋਟ, (ਦਵਿੰਦਰ ਸਿੰਘ)-ਸ਼੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਦੀ ਪ੍ਰਧਾਨਗੀ ਵਿੱਚ ਪਿੰਡ ਕਟਾਰੂਚੱਕ ਵਿਖੇ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ, ਜਿਸ ਦੌਰਾਨ ਵਿਧਾਨ ਸਭਾ ਹਲਕਾ ਭੋਆ ਵਿਖੇ ਨਵ-ਨਿਯੁਕਤ ਬਲਾਕ ਪ੍ਰਧਾਨਾਂ ਨੂੰ ਵਧਾਈ ਦਿੱਤੀ ਗਈ ਅਤੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਕੁਮਾਰ ਸੈਣੀ ਜ਼ਿਲ੍ਹਾ ਪ੍ਰਧਾਨ ਬੀ. ਸੀ. ਵਿੰਗ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਖੁਸ਼ਬੀਰ ਕਾਟਲ, ਭੁਪਿੰਦਰ ਸਿੰਘ ਅਤੇ ਹੋਰ ਵੀ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਮੌਜੂਦ ਸਨ।ਇਸ ਮੌਕੇ ਜਾਣਕਾਰੀ ਦਿੰਦਿਆਂ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਅੱਜ ਦਾ ਸਨਮਾਨ ਸਮਾਰੋਹ ਉਨ੍ਹਾਂ ਬਲਾਕ ਪ੍ਰਧਾਨਾਂ ਦੇ ਲਈ ਰੱਖਿਆ ਗਿਆ ਹੈ ਜਿਨ੍ਹਾਂ ਦੀ ਨਿਯੁਕਤੀ ਬਲਾਕ ਪ੍ਰਧਾਨਾਂ ਦੇ ਤੌਰ 'ਤੇ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਕੁੱਝ ਸਥਾਨਾਂ ਤੇ ਪਹਿਲਾਂ ਤੋਂ ਨਿਯੁਕਤ ਬਲਾਕ ਪ੍ਰਧਾਨਾਂ ਦੀ ਸਿਹਤ ਠੀਕ ਨਾ ਹੋਣ ਕਰਕੇ ਸਵੈ ਇੱਛਾ ਨਾਲ ਉਨ੍ਹਾਂ ਵੱਲੋਂ ਨਵੇਂ ਬਲਾਕ ਪ੍ਰਧਾਨ ਨਿਯੁਕਤ ਕਰਨ ਦੀ ਸਲਾਹ ਦਿੱਤੀ ਗਈ ਸੀ ਜਿਸ 'ਤੇ ਕਾਰਜ ਕਰਦਿਆਂ ਰਣਜੀਤ ਸਿੰਘ, ਬਲਜੀਤ ਸਿੰਘ, ਬਲਬੀਰ ਸਿੰਘ, ਮੰਗਲ ਦਾਸ, ਸੰਦੀਪ ਕੁਮਾਰ , ਦੀਪਕ ਗਤੋਰਾ, ਸੈਲੀ ਸ਼ਰਮਾ, ਰਵੀ ਕੁਮਾਰ, ਰਵੀ ਸਿੰਘ ਫੌਜੀ, ਸ਼ਸ਼ੀ, ਸੋਹਣ ਲਾਲ ਭਟੋਆ, ਸੁਰਿੰਦਰ, ਸੁਨੀਤਾ ਦੇਵੀ, ਕੁਲਦੀਪ ਰਕਵਾਲ, ਮੰਗ ਲਾਲ, ਸੂਬੇਦਾਰ ਕੁਲਵੰਤ ਸਿੰਘ, ਅਸ਼ਵਨੀ ਲਾਡੀ, ਲਵਲੀ ਮੰਜੀਰੀ, ਪਰਵੀਨ ਕੁਮਾਰ, ਰਾਜੇਸ਼ ਕੋਟਭੱਟੀਆਂ, ਸੁਰਜੀਤ ਕੁਮਾਰ ਅਤੇ ਬੱਬੀ ਨੂੰ ਵਿਧਾਨ ਸਭਾ ਹਲਕਾ ਭੋਆ ਦੇ ਬਲਾਕ ਪ੍ਰਧਾਨ ਦੇ ਤੌਰ 'ਤੇ ਨਿਯੁਕਤ ਕੀਤਾ ਗਿਆ ਹੈ।

ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਨੇ ਨਵ-ਨਿਯੁਕਤ ਬਲਾਕ ਪ੍ਰਧਾਨਾਂ ਨੂੰ ਫੁੱਲਾਂ ਦੇ ਹਾਰ ਪਾਰ ਕੇ ਸਨਮਾਨਤ ਕੀਤਾ ।ਨਵ-ਨਿਯੁਕਤ ਬਲਾਕ ਪ੍ਰਧਾਨਾਂ ਨੇ ਕਿਹਾ ਕਿ ਜੋ ਬਲਾਕ ਪ੍ਰਧਾਨਾਂ ਦੀ ਜ਼ਿੰਮੇਵਾਰੀ ਉਨ੍ਹਾਂ ਨੂੰ ਦਿੱਤੀ ਗਈ ਹੈ ਉਸ ਨੂੰ ਪੂਰੀ ਮਿਹਨਤ ਨਾਲ ਨਿਭਾਉਣਗੇ।

# ਵੋਟਰਾਂ ਲਈ ਮਦਦਗਾਰ ਸਾਬਤ ਹੋਵੇਗੀ 'ਬੁੱਕ ਏ ਕਾਲ ਵਿੱਦ ਬੀ ਐੱਲ ਓ' : ਡਿਪਟੀ ਕਮਿਸ਼ਨਰ

ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)-ਭਾਰਤ ਦੇ ਚੋਣ ਕਮਿਸ਼ਨ ਵੱਲੋਂ ਵੋਟਰਾਂ ਦੀ ਸਹੂਲਤ ਲਈ 'ਬੁੱਕ ਏ ਕਾਲ ਵਿੱਦ ਬੀ.ਐਲ.ਓ. ਮਡਿਊਲ' ਸ਼ੁਰੂ ਕੀਤਾ ਗਿਆ ਹੈ, ਜਿਸ ਰਾਹੀਂ ਕੋਈ ਵੀ ਵੋਟਰ ਆਪਣੇ ਬੂਥ ਦੇ ਬੀ ਐਲ ਓ ਨੂੰ ਕਾਲ ਕਰ ਕੇ, ਵੋਟਰ ਸੂਚੀ ਨਾਲ ਸਬੰਧਤ ਜਾਣਕਾਰੀ ਪ੍ਰਾਪਤ ਕਰ ਸਕਦਾ ਹੈ। ਵੋਟਰ ਹੈਲਪ ਲਾਈਨ ਐਪ ਜਾਂ ਪੋਰਟਲ ਰਾਹੀਂ ਇਸ ਸਹੂਲਤ ਦਾ ਲਾਭ ਉਠਾਇਆ ਜਾ ਸਕਦਾ ਹੈ।ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ,ਐਸ.ਏ.ਐਸ.ਨਗਰ ਸ੍ਰੀਮਤੀ ਕੋਮਲ ਮਿੱਤਲ ਨੇ ਦੱਸਿਆ ਕਿ ਕਿ ਵੋਟਰ ਹੈਲਪ ਲਾਈਨ ਐਪ ਜਾਂ ਪੋਰਟਲ **(Voters.eci.gov.in)** ਤੇ ਨਾਗਰਿਕ, ਵੋਟਰ ਸੂਚੀ ਸਬੰਧੀ ਮਾਮਲਿਆਂ ਦਾ ਹੱਲ ਕਰਨ ਲਈ ਬੀ.ਐਲ.ਓ. ਨਾਲ ਕਾਲ ਬੁੱਕ ਕਰ ਸਕਦੇ ਹਨ। ਬੀ.ਐਲ.ਓ. ਨਾਲ ਗੱਲ ਕਰਨ ਲਈ ਨਿਮਨ ਢੰਗ-ਤਰੀਕਿਆਂ ਅਨੁਸਾਰ ਕਾਲ ਬੁੱਕ ਕੀਤੀ ਜਾ ਸਕਦੀ ਹੈ; ਵੋਟਰ ਹੈਲਪ ਲਾਈਨ ਐਪ ਜਾਂ ਪੋਰਟਲ **(Voters.eci.gov.in)** ਤੇ ਜਾਕੇ ਬੁੱਕ ਏ ਕਾਲ ਵਿੱਦ ਬੀ.ਐਲ.ਓ. ਆਪਸ਼ਨ ਤੇ ਕਲਿੱਕ ਕਰਨ ਉਪਰੰਤ, ਵੋਟਰ ਵੱਲੋਂ ਵੋਟਰ ਸੂਚੀ ਵਿੱਚ ਰਜਿਸਟਰਡ ਮੋਬਾਇਲ ਨੰਬਰ ਜਾਂ ਆਪਣੇ ਵੋਟਰ ਕਾਰਡ ਦਾ ਨੰਬਰ ਭਰਿਆ ਜਾਵੇਗਾ।

ਵੋਟਰ ਕਾਰਡ ਭਰਨ ਉਪਰੰਤ ਵੋਟਰ ਦੇ ਮੋਬਾਇਲ ਨੰਬਰ ਤੇ ਓ.ਟੀ.ਪੀ. ਪ੍ਰਾਪਤ ਹੋਵੇਗਾ, ਓ.ਟੀ.ਪੀ.ਭਰਨ ਤੋਂ ਬਾਅਦ ਵੋਟਰ ਦੀ ਕਾਲ ਬੇਨਤੀ ਸਬੰਧਤ ਬੀ.ਐਲ.ਓ ਨੂੰ ਚਲੀ ਜਾਵੇਗੀ। ਇਸ ਤੋਂ ਬਾਅਦ ਬੀ.ਐਲ.ਓ. ਵੱਲੋਂ ਜਲਦ ਤੋਂ ਜਲਦ ਵੋਟਰ ਨਾਲ ਉਸ ਦੇ ਮੋਬਾਇਲ ਨੰ. ਤੇ ਸੰਪਰਕ ਕੀਤਾ ਜਾਵੇਗਾ।

# ਜੁਗਾੜੂ ਮੋਟਰਸਾਈਕਲ ਮਜ਼ਦੂਰ ਯੂਨੀਅਨ ਆਜ਼ਾਦ ਨੇ ਰੋਸ ਰੈਲੀ ਕੱਢੀ



**ਬਟਾਲਾ (ਤਰਲੋਕ ਬੱਗਾ)**-ਜੁਗਾੜੂ ਮੋਟਰਸਾਈਕਲ ਮਜ਼ਦੂਰ ਯੂਨੀਅਨ ਆਜ਼ਾਦ ਪੰਜਾਬ ਸੰਬੰਧਿਤ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਪੰਜਾਬ ਦੀ ਰੋਸ ਰੈਲੀ ਦੀਨਾ ਨਗਰ ਵਿਖੇ ਪੰਜਾਬ ਸਰਕਾਰ ਅਤੇ ਪੰਜਾਬ ਪੁਲਸ ਦੇ ਖਿਲਾਫ ਹੋਈ ਜਿਸ ਨੂੰ ਸੰਬੋਧਨ ਕਰਦੇ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਕਾਮਰੇਡ ਮਨਜੀਤ ਰਾਜ ਬਟਾਲਾ ਨੇ ਕਿਹਾ ਕਿ ਜਦੋਂ ਦੀ ਆਮ ਪਾਰਟੀ ਦੀ ਸਰਕਾਰ ਬਣੀ ਹੈ ਇਨ੍ਹਾਂ ਨੇ ਮਜ਼ਦੂਰ ਵਿਰੋਧੀ ਨੀਤੀਆਂ ਦੇ ਮਜ਼ਦੂਰਾਂ ਤੇ ਰਾਜ ਕੀਤਾ ਹੈ। ਮਹਿੰਗਾਈ ਦੇ ਸਮੇਂ ਵਿੱਚ ਬੜੀ ਮੁਸ਼ਕਿਲਾਂ ਦੇ ਨਾਲ ਮਜ਼ਦੂਰਾਂ ਦਾ ਗੁਜ਼ਾਰਾ ਹੋ ਰਿਹਾ ਹੈ ਪਰ ਇਹ ਸਰਕਾਰ ਇਨ੍ਹਾਂ ਦਾ ਰੋਜ਼ਗਾਰ ਖੋਹਣ ਵਿਚ ਲੱਗੀ ਹੋਈ ਹੈ।

ਉਨ੍ਹਾਂ ਕਿਹਾ ਕਿ ਜੁਗਾੜੂ ਮੋਟਰਸਾਈਕਲ ਰੇਹੜੀਆਂ ਵਾਲੇ ਮਜ਼ਦੂਰਾਂ ਦੇ ਨਾਲ ਖੜੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਪੰਜਾਬ ਪੁਲਸ ਵਿਚ ਤਾਕਤ ਹੈ ਤੇ ਰੇਹੜੀਆਂ ਬੰਦ ਕਰਵਾਉਣ। ਮਨਜੀਤ ਰਾਜ ਨੇ ਕਿਹਾ ਕਿ ਜਲਦੀ ਦੀਨਾਨਗਰ ਵਿੱਚ ਇੱਕਠ ਕੀਤਾ ਜਾਵੇਗਾ ਅਤੇ ਦੀਨਾਨਗਰ ਜੁਗਾੜੂ ਰੇਹੜੀ ਵਾਲਿਆਂ ਦੀ ਕਮੇਟੀ ਚੁਣੀ ਜਾਵੇਗੀ।

# ਸਟੇਟ ਐਵਾਰਡੀ ਜਸਵਿੰਦਰ ਸਿੰਘ ਦਾ ਸਕੂਲ ਪਹੁੰਚਣ 'ਤੇ ਭਰਵਾਂ ਸਵਾਗਤ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪੰਜਾਬ ਸਰਕਾਰ ਵੱਲੋਂ ਸਟੇਟ ਐਵਾਰਡ ਮਿਲਣ ਤੋਂ ਬਾਅਦ ਆਪਣੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੱਟੀਆਂ ਪੁੱਜੇ ਸਟਰੇਟ ਐਵਾਰਡੀ ਅਧਿਆਪਕ ਜਸਵਿੰਦਰ ਸਿੰਘ ਦਾ ਸਕੂਲ ਦੇ ਅਧਿਆਪਕਾਂ ਅਤੇ ਪਿੰਡ ਵਾਸੀਆਂ ਦੇ ਵੱਲੋਂ ਢੋਲ ਦੇ ਡਗੇ ਅਤੇ ਬੈਂਡ ਵਾਜਿਆਂ ਦੇ ਨਾਲ ਭਰਵਾਂ ਸਵਾਗਤ ਕਰਦਿਆਂ ਹੋਇਆਂ ਸਵਾਗਤ ਕੀਤਾ ਗਿਆ।ਸਨਮਾਨ ਸਮਾਰੋਹ ਦੇ ਦੌਰਾਨ ਬੋਲਦਿਆਂ ਸਕੂਲ ਦੇ ਪ੍ਰਿੰਸੀਪਲ ਸੰਦੀਪ ਸਿੰਘ ਨੇ ਕਿਹਾ ਕਿ ਸਾਡੇ ਸਕੂਲ ਦੇ ਅਧਿਆਪਕ ਜਸਵਿੰਦਰ ਸਿੰਘ ਨੂੰ ਸਟੇਟ ਐਵਾਰਡ ਮਿਲਣ ਦੇ ਨਾਲ ਸਾਡੇ ਸਕੂਲ ਅਤੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਹੋਇਆ ਹੈ, ਪਿੰਡ ਭੱਟੀਆਂ ਦੇ ਸਰਪੰਚ ਲਖਵਿੰਦਰਜੀਤ ਸਿੰਘ ਭੱਟੀਆਂ ਨੇ ਕਿਹਾ ਕਿ ਜਸਵਿੰਦਰ ਸਿੰਘ ਨੂੰ ਐਵਾਰਡ ਮਿਲਣ ਨਾਲ ਪਿੰਡ ਅਤੇ ਜ਼ਿਲ੍ਹਾ ਸਿੱਖਿਆ ਵਿਭਾਗ ਦਾ ਮਾਣ ਵਧਿਆ ਹੈ।

ਇਸ ਮੌਕੇ ਜਸਵਿੰਦਰ ਸਿੰਘ ਦੇ ਮਾਤਾ ਸਵਰਨ ਕੌਰ, ਪਤਨੀ ਮਨਜੀਤ ਕੌਰ, ਭਰਾ ਮਾਸਟਰ ਹਰਮਿੰਦਰ ਸਿੰਘ, ਸੁਖਵਿੰਦਰ ਸਿੰਘ ਤੋਂ ਇਲਾਵਾ ਲੈਕਚਰਰ ਲਵਦੀਪ ਸਿੰਘ, ਲੈਕਚਰਾਰ ਜਤਿੰਦਰ ਸਿੰਘ, ਲੈਕਚਰਾਰ ਲਖਵਿੰਦਰ ਕੌਰ, ਮੈਡਮ ਅਲਕਾ ਰਾਣੀ, ਮੈਡਮ ਰਮਨਦੀਪ ਕੌਰ, ਮੈਡਮ ਅਮਨਦੀਪ ਸੈਣੀ, ਮੈਡਮ ਸ਼ੁਭ ਪ੍ਰੀਤ ਕੌਰ, ਮੈਡਮ ਨਿਰਮਲਜੀਤ ਕੌਰ, ਮੈਡਮ ਪਰਮਜੀਤ ਕੌਰ, ਅਸੀਸ ਵਡੇਰਾ, ਮਨਵਿੰਦਰ ਸਿੰਘ, ਬੋਧ ਰਾਜ, ਗੁਰਪ੍ਰੀਤ ਸਿੰਘ, ਅਸਮਿਤ ਕੁਮਾਰ, ਆਰਤੀ ਸ਼ਰਮਾ, ਕੈਂਪਸ ਮੈਨੇਜਰ ਗੁਲਜਾਰ ਸਿੰਘ, ਦਲਜਿੰਦਰ ਕੌਰ, ਨਵਜੋਤ ਕੌਰ, ਸਰਪੰਚ ਲਖਵਿੰਦਰ ਸਿੰਘ, ਸਮਾਜ ਸੇਵੀ ਗੁਰਮਿੰਦਰ ਸਿੰਘ, ਰਮਨਦੀਪ ਸਿੰਘ ਰੰਮਾ, ਰਣਜੀਤ ਸਿੰਘ ਰਾਣਾ, ਤਜਿੰਦਰ ਪਾਲ ਸਿੰਘ ਬੁੱਗਾ ਅਤੇ ਤ੍ਰਿਪਤਪਾਲ ਸਿੰਘ ਆਦਿ ਹਾਜ਼ਰ ਸਨ।

# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਸਰਹੱਦੀ ਖੇਤਰ 'ਚ ਹੜ੍ਹ ਪੀੜਤਾਂ ਨੂੰ ਵੰਡਿਆ ਪਸ਼ੂਆਂ ਦਾ ਚਾਰਾ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੁੱਖੀ ਅਤੇ ਸੰਸਾਰ ਪ੍ਰਸਿੱਧ ਸਮਾਜ ਸੇਵੀ ਸ਼ਖਸ਼ੀਅਤ ਡਾ. ਐੱਸ. ਪੀ. ਸਿੰਘ ਉਬਰਾਏ ਵੱਲੋਂ ਸੰਕਟ ਦੀ ਘੜੀ ਵਿੱਚ ਪੰਜਾਬ ਦੇ ਹੜ੍ਹ ਪੀੜਤਾਂ ਦੇ ਲਈ ਚਲਾਏ ਜਾ ਰਹੇ ਰਾਹਤ ਕਾਰਜ ਨਿਰੰਤਰ ਜਾਰੀ ਹਨ ਜਿਸ ਦੇ ਤਹਿਤ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ, ਜਨਰਲ ਸਕੱਤਰ ਰਜਿੰਦਰ ਸਿੰਘ ਹੈਪੀ, ਐਡਵੋਕੇਟ ਹਰਸ਼ਮੀਤ ਸਿੰਘ ਤੇ ਹੋਰ ਟੀਮ ਮੈਂਬਰਾਂ ਵੱਲੋਂ ਡਾਕਟਰ ਐੱਸ. ਪੀ. ਸਿੰਘ ਉਬਰਾਏ ਦੀ ਯੋਗ ਰਹਿਨੁਮਾਈ ਹੇਠ ਅਤੇ ਟਰੱਸਟ ਦੇ ਕੌਮੀ ਪ੍ਰਧਾਨ ਜੱਸਾ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਹੱਦੀ ਜ਼ਿਲ੍ਹਾ ਗੁਰਦਾਸਪੁਰ ਬਲਾਕ ਦੀਨਾਨਗਰ ਦੇ ਵੱਖ-ਵੱਖ ਇਲਾਕਿਆਂ ਦੇ ਵਿੱਚ ਪਹੁੰਚ ਕੇ ਹੜ੍ਹ ਪੀੜਤ ਪਰਿਵਾਰਾਂ ਦੀ ਸਾਰ ਲੈਂਦਿਆਂ ਪਸ਼ੂ ਪਾਲਕਾਂ ਨੂੰ 42 ਟਨ ਪਸ਼ੂਆਂ ਦਾ ਸੁੱਕਾ ਚਾਰਾ ਵੰਡਿਆ ਗਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਮੌਜੂਦ ਵਿਧਾਨ ਸਭਾ ਹਲਕਾ ਦੀਨਾ ਨਗਰ ਦੇ ਆਮ ਆਦਮੀ ਪਾਰਟੀ ਦੇ ਇੰਚਾਰਜ ਸ਼ਮਸ਼ੇਰ ਸਿੰਘ ਸਰਪੰਚ ਰਣਜੀਤ ਸਿੰਘ ਅਤੇ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਨੇ ਦੱਸਿਆ ਕਿ ਡਾ. ਐੱਸ. ਪੀ. ਸਿੰਘ ਉਬਰਾਏ ਵੱਲੋਂ ਮੁੱਢਲੇ ਤੌਰ 'ਤੇ ਹੜ੍ਹ ਪੀੜਤਾਂ ਦੇ ਲਈ ਰਾਹਤ ਕਾਰਜ ਚਲਾਉਂਦਿਆਂ ਢਾਈ ਕਰੋੜ ਰੁਪਏ ਦੀ ਰਾਸ਼ੀ ਰਾਖਵੀਂ ਰੱਖੀ ਗਈ ਹੈ ਜਿਸ ਦੇ ਅੰਤਰਗਤ ਜਿੱਥੇ ਪਸ਼ੂਆਂ ਦੇ ਲਈ ਸੁੱਕਾ ਚਾਰਾ ਵੱਡੇ ਪੱਧਰ ਤੇ ਵੰਡਿਆ ਜਾ ਰਿਹਾ ਹੈ, ਉਥੇ ਨਾਲ ਹੀ ਹੜ੍ਹ ਪੀੜਤਾਂ ਨੂੰ ਸੁੱਕਾ ਰਾਸ਼ਨ, ਤਰਪਾਲਾਂ, ਮੱਛਰਦਾਨੀਆਂ, ਦਵਾਈਆਂ ਅਤੇ ਹੋਰ ਵੀ ਸਹਾਇਤਾ ਸਮੱਗਰੀ ਵੰਡੀ ਜਾ ਰਹੀ ਹੈ। ਉਨ੍ਹਾ ਦੱਸਿਆ ਕਿ ਮੁੱਢਲੇ ਤੌਰ ਤੇ ਵੇਖਣ ਨੂੰ ਮਿਲਿਆ ਹੈ ਕਿ ਹੜ੍ਹ ਪੀੜਤ ਪਰਿਵਾਰਾਂ ਨੂੰ ਪਸ਼ੂਆਂ ਦੇ ਚਾਰੇ ਦੀ ਸਖਤ ਜ਼ਰੂਰਤ ਹੈ, ਇਸ ਲਈ ਡਾ. ਐੱਸ. ਪੀ. ਸਿੰਘ ਉਬਰਾਏ ਵੱਲੋਂ ਹੜ੍ਹ ਪੀੜਤ ਪਰਿਵਾਰਾਂ ਦੇ ਨਾਲ ਵਾਅਦਾ ਕੀਤਾ ਗਿਆ ਹੈ ਕਿ ਪਸ਼ੂ ਪਾਲਕਾਂ ਨੂੰ ਹਰ ਹੀਲੇ ਸੁੱਕਾ ਚਾਰਾ ਦਿੱਤਾ ਜਾਵੇਗਾ।

ਇਸ ਮੌਕੇ ਹਲਕਾ ਦੀਨਾਨਗਰ ਦੇ ਬਾਰਡਰ ਏਰੀਏ ਅਤੇ ਰਾਵੀ ਦਰਿਆ ਦੇ ਨੇੜਲੇ ਪਿੰਡਾਂ ਤੋਂ ਇਲਾਵਾ ਇਲਾਕੇ ਦੇ ਵੱਖ-ਵੱਖ ਪਿੰਡਾਂ ਤੋਂ ਪਹੁੰਚੇ ਕਿਸਾਨਾਂ ਅਤੇ ਪਸ਼ੂ ਪਾਲਕਾਂ ਨੂੰ ਵੱਡੇ ਪੱਧਰ ਤੇ ਸੁੱਕਾ ਚਾਰਾ ਵੰਡਿਆ ਗਿਆ।ਇਸ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਤੋਂ ਇਲਾਵਾ ਇਲਾਕੇ ਦੇ ਪੰਚਾਂ/ਸਰਪੰਚਾਂ ਅਤੇ ਕਿਸਾਨਾਂ ਤੋਂ ਇਲਾਵਾ ਪਸ਼ੂ ਪਾਲਕਾਂ ਨੇ ਡਾ. ਐੱਸ. ਪੀ. ਸਿੰਘ ਉਬਰਾਏ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਇਸ ਔਖੀ ਘੜੀ ਵਿੱਚ ਮੋਹਰੇ ਹੋ ਕੇ ਆਪਣੀਆਂ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ, ਜੋ ਕਿ ਬਹੁਤ ਹੀ ਨੇਕ ਅਤੇ ਸ਼ਲਾਘਾਯੋਗ ਕਾਰਜ ਹੈ।

# ਐੱਸ ਜੀ ਪੀ ਸੀ ਪ੍ਰਧਾਨ ਧਾਮੀ ਦਾ ਸਕੂਲ ਪਹੁੰਚਣ 'ਤੇ ਨਿੱਘਾ ਸਵਾਗਤ



ਝਬਾਲ (ਹਰਜਿੰਦਰ ਸਿੰਘ ਸੋਨੀ)-ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਦੇ ਸੀਲਾਨਾ ਜੋੜ ਮੇਲੇ ਮੌਕੇ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਉਪਰੰਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਨੂੰ ਸੁੰਦਰ ਪਾਲਕੀ ਦੇ ਰੂਪ ਵਿੱਚ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਦੀਵਾਨ ਹਾਲ ਤੱਕ ਲਿਜਾਇਆ ਗਿਆ ਜਿਸ ਵਿੱਚ ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਡਾ. ਤਰਨਜੀਤ ਸਿੰਘ, ਸਮੂਹ ਸਟਾਫ ਅਤੇ ਸਕੂਲ ਦੀ ਬੈਂਡ ਟੀਮ, ਗੱਤਕਾ ਟੀਮ ਵੱਲੋਂ ਸ਼ਮੂਲੀਅਤ ਕੀਤੀ ਗਈ। ਦੀਵਾਨ ਹਾਲ ਵਿਖੇ ਸਜਾਏ ਗਏ ਧਾਰਮਿਕ ਸਮਾਗਮ ਮੌਕੇ ਸਕੂਲ ਵਿਦਿਆਰਥੀ ਨਾਮਦੀਪ ਸਿੰਘ ਤੇ ਸਾਥੀਆਂ ਵੱਲੋਂ ਰੱਬੀ ਬਾਣੀ ਦਾ ਕੀਰਤਨ ਕੀਤਾ ਗਿਆ।ਮੇਲੇ ਵਿੱਚ ਸ਼ਾਮਲ ਹੋਣ ਲਈ ਵਿਸ਼ੇਸ਼ ਤੌਰ ਤੇ ਪਹੁੰਚੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਸਕੂਲ ਪਹੁੰਚਣ ਤੇ ਪ੍ਰਿੰਸੀਪਲ ਡਾ. ਤਰਨਜੀਤ ਸਿੰਘ ਤੇ ਸਮੂਹ ਸਟਾਫ ਵੱਲੋਂ ਨਿੱਘਾ ਸਵਾਗਤ ਕਰਦਿਆਂ ਜੀ ਆਇਆਂ ਆਖਿਆ।ਇਸ ਮੌਕੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਖਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਤਿਹਾਸਿਕ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਾਂ ਦੇ ਨਾਲ-ਨਾਲ ਸਿਹਤ ਸੇਵਾਵਾਂ ਅਤੇ ਸਿੱਖਿਆ ਦੇ ਖੇਤਰ ਵਿੱਚ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਪ੍ਰਿੰਸੀਪਲ ਡਾ. ਤਰਨਜੀਤ ਸਿੰਘ ਤੇ ਸਟਾਫ ਵੱਲੋਂ ਸਕੂਲ ਦੀ ਤਰੱਕੀ ਲਈ ਕੀਤੀ ਜਾ ਰਹੀ ਸਖਤ ਮਿਹਨਤ ਦੀ ਸ਼ਲਾਘਾ ਵੀ ਕੀਤੀ।

ਮੇਲੇ ਮੌਕੇ ਸੰਗਤਾਂ ਦੀ ਸਹੂਲਤ ਲਈ ਸਕੂਲ ਵਿਖੇ ਮਹਿਤਾ ਹਸਪਤਾਲ ਭਿੱਖੀਵਿੰਡ ਦੇ ਸਹਿਯੋਗ ਨਾਲ ਫਰੀ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ ਅਤੇ ਦਵਾਈਆਂ ਵੀ ਦਿੱਤੀਆਂ ਗਈਆਂ।ਇਸ ਮੌਕੇ ਮੇਲਾ ਇੰਚਾਰਜ ਜਗਦੀਪ ਸਿੰਘ ਬੁੱਟਰ, ਮੀਤ ਸਕੱਤਰ ਗੁਰਨਾਮ ਸਿੰਘ, ਮੈਨੇਜਰ ਸਰਬਦਿਆਲ ਸਿੰਘ, ਮੀਤ ਮੈਨੇਜਰ ਗੁਰਜੀਤ ਸਿੰਘ, ਹੈੱਡ ਗ੍ਰੰਥੀ ਨਿਸ਼ਾਨ ਸਿੰਘ ਗੰਡੀਵਿੰਡ, ਜਗਜੀਤ ਸਿੰਘ ਸਾਂਘਣਾ, ਪਰਮਜੀਤ ਸਿੰਘ ਮੁੰਡਾਪਿੰਡ, ਮੈਡਮ ਅਕਵਿੰਦਰ ਕੌਰ, ਐੱਸਐੱਚਓ ਪਰਮਜੀਤ ਸਿੰਘ ਵਿਰਦੀ ਆਦਿ ਹਾਜ਼ਰ ਸਨ।

# ਜੋੜ ਮੇਲੇ ਮੌਕੇ ਲੱਖਾਂ ਦੀ ਗਿਣਤੀ 'ਚ ਸੰਗਤਾਂ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਵਿਖੇ ਹੋਈਆਂ ਨਤਮਸਤਕ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਦੇ ਤੱਪ ਅਸਥਾਨ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਸ਼੍ਰੋਮਣੀ ਗੁ: ਪ੍ਰਬੰਧਕ ਕਮੇਟੀ ਦੀ ਅਗਵਾਈ ਹੇਠ ਗੁ. ਸਾਹਿਬ ਦੇ ਪ੍ਰਬੰਧਕਾਂ ਵੱਲੋਂ ਸੰਗਤਾਂ ਦੇ ਸਹਿਯੋਗ ਸਦਕਾ ਮਨਾਏ ਜਾ ਰਹੇ ਸਾਲਾਨਾ ਜੋੜ ਮੇਲੇ ਤੇ ਦੇਸ਼ ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਈਆਂ।ਸੰਗਤਾਂ ਪੈਦਲ ਚਲਦੀਆ ਹੋਈਆਂ ਸ਼ਰਧਾ ਭਾਵਨਾ ਨਾਲ ਮਿੱਸੇ ਪ੍ਰਸ਼ਾਦੇ, ਗੰਢੇ, ਆਚਾਰ ਆਦਿ ਲੈ ਕੇ ਵੀ ਪੁੱਜੀਆਂ।ਗੁਰਦੁਆਰਾ ਸਾਹਿਬ ਵਿਖੇ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੁੰਦਰ ਸਜਾਈ ਹੋਈ ਪਾਲਕੀ ਨੂੰ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਦੀਵਾਨ ਹਾਲ ਵਿਖੇ ਲਿਜਾਇਆ ਗਿਆ ਜਿਸ ਦੇ ਅੱਗੇ ਸਕੂਲਾਂ ਦੇ ਬੱਚੇ ਤੇ ਨਿਹੰਗ ਸਿੰਘਾਂ ਦੀਆਂ ਗਤਕਾ ਪਾਰਟੀਆਂ ਨੇ ਆਪਣੇ ਜੌਹਰ ਵਿਖਾਏ। ਇਸ ਮੌਕੇ ਦੀਵਾਨ ਹਾਲ 'ਚ ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ ਨੇ ਧਾਰਮਿਕ ਦੀਵਾਨ ਦੀ ਆਰੰਭਤਾ ਦੀ ਅਰਦਾਸ ਕੀਤੀ।ਆਰੰਭਤਾ ਮੌਕੇ ਹਜ਼ੂਰੀ ਰਾਗੀ ਜਥੇ ਵੱਲੋਂ ਗੁਰਬਾਣੀ ਦਾ ਸ਼ਬਦ ਕੀਰਤਨ ਕੀਤਾ ਗਿਆ।ਉਪਰੰਤ ਵੱਖ-ਵੱਖ ਰਾਗੀ ਢਾਡੀ ਤੇ ਕਵੀਸ਼ਰੀ ਜਥਿਆਂ ਨੇ ਸੰਗਤਾਂ ਨੂੰ ਗੁਰੂ-ਘਰ ਦਾ ਇਤਿਹਾਸ ਸੁਣਾ ਕੇ ਨਿਹਾਲ ਕੀਤਾ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਨੂੰ ਬਾਬਾ ਬੁੱਢਾ ਸਾਹਿਬ ਦੇ ਮੇਲੇ ਦੀ ਵਧਾਈ ਦਿੰਦਿਆਂ ਬਾਬਾ ਬੁੱਢਾ ਜੀ ਦੀਆਂ ਸਿੱਖਿਆਵਾਂ ਤੋਂ ਜਾਣੂ ਕਰਾਉਂਦਿਆਂ ਉਨ੍ਹਾਂ ਦੀ ਜੀਵਨੀ ਤੋਂ ਸੇਧ ਲੈਣ ਦੀ ਅਪੀਲ ਕੀਤੀ।ਇਸ ਸਮੇਂ ਮੈਨੇਜਰ ਸਰਬਦਿਆਲ ਸਿੰਘ ਘਰਿਆਲਾ ਨੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਗੁਰਬਚਨ ਸਿੰਘ ਕਰਮੂੰਵਾਲਾ, ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ, ਸਕੱਤਰ ਗੁਰਨਾਮ ਸਿੰਘ ਨੂੰ ਸਨਮਾਨਤ ਕੀਤਾ।ਮੈਨੇਜਰ ਸਰਬਦਿਆਲ ਸਿੰਘ ਨੇ ਦੱਸਿਆ ਕਿ 7 ਅਕਤੂਬਰ ਨੂੰ ਅੰਮ੍ਰਿਤ ਸੰਚਾਰ ਅਤੇ ਸ਼ਾਮ ਨੂੰ ਅੰਤਰਰਾਸ਼ਟਰੀ ਕਬੱਡੀ ਮੈਚ ਹੋਣਗੇ।ਇਸ ਮੌਕੇ ਚੀਫ ਗੁਰਦੁਆਰਾ ਇੰਸਪੈਕਟਰ ਜਗਦੀਸ਼ ਸਿੰਘ, ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ, ਡੀ. ਐੱਸ. ਪੀ. ਜਗਜੀਤ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਬਾਬਾ ਨਿਰਮਲ ਸਿੰਘ ਨੌਸ਼ਹਿਰਾ ਢਾਲਾ, ਬੀਬੀ ਸੁਖਵਿੰਦਰ ਕੌਰ ਰੰਧਾਵਾ, ਕੰਚਨਪਰੀਤ ਕੌਰ, ਸੁਖਵੰਤ ਸਿੰਘ ਸੁਰਸਿੰਘ, ਬਾਬਾ ਸੁਬੇਗ ਸਿੰਘ ਕਾਰ ਸੇਵਾ ਵਾਲੇ, ਬਾਬਾ ਹਰਜਿੰਦਰ ਸਿੰਘ ਕਾਰਸੇਵਾ ਵਾਲੇ, ਪਰਮਜੀਤ ਸਿੰਘ ਮੁੰਡਾਪਿੰਡ, ਮੈਨੇਜਰ ਨਵਤੇਜ ਸਿੰਘ ਠੱਠਾ, ਚੇਅਰਮੈਨ ਸਰਪੰਚ ਸਤਨਾਮ ਸਿੰਘ ਬਾਠ, ਚੇਅਰਮੈਨ ਹਰਵੰਤ ਸਿੰਘ ਝਬਾਲ, ਸਰਪੰਚ ਮਨਜਿੰਦਰ ਸਿੰਘ ਐਮਾ, ਸਾਬਕਾ ਸਰਪੰਚ ਬਲਵਿੰਦਰ ਸਿੰਘ ਬਾਬਾ ਲੰਗਾਹ, ਪ੍ਰਿੰ. ਜਗਰੂਪ ਕੌਰ, ਪ੍ਰਿੰ. ਤਰਨਜੀਤ ਸਿੰਘ, ਜਥੇਦਾਰ ਨਿਸ਼ਾਨ ਸਿੰਘ ਦੋਦੇ, ਪ੍ਰਚਾਰਕ ਬਲਵਿੰਦਰ ਸਿੰਘ ਝਬਾਲ, ਤੇਗਾ ਸਿੰਘ ਸੋਹਲ, ਇੰਸਪੈਕਟਰ ਬਲਜੀਤ ਕੌਰ, ਗੁਰਜੀਤ ਸਿੰਘ ਪੰਜਵੜ, ਜਸਪਾਲ ਸਿੰਘ, ਬਿਕਰਮਜੀਤ ਸਿੰਘ ਅਤੇ ਹੋਰ ਸੰਗਤਾਂ ਤੇ ਪ੍ਰਮੁੱਖ ਸ਼ਖ਼ਸ਼ੀਅਤਾਂ ਹਾਜ਼ਰ ਸਨ।ਪੁਲਸ ਪ੍ਰਸ਼ਾਸਨ ਨੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਹੋਏ ਹਨ।

## ਜਨਮ ਦਿਨ ਮੁਬਾਰਕ



ਮਨਸੀਰਤ ਕੌਰ ਬੰਦੇਸ਼ਾ
ਪਿੰਡ ਠੱਠ, ਗੁਰਦਾਸਪੁਰ



ਗੁਰਨੂਰ ਸਿੰਘ
ਪਿੰਡ ਦੁਰਗਾਪੁਰ, ਨਵਾਂਸ਼ਹਿਰ

# ਭਗਵਾਨ ਵਾਲਮੀਕਿ ਨੇ ਰਮਾਇਣ ਰਾਹੀਂ ਚੰਗੇ ਕਰਮ ਕਰਨ ਦੀ ਸਿੱਖਿਆ ਦਿੱਤੀ : ਰਾਜਾ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**-ਸ੍ਰਿਸ਼ਟੀ ਕਰਤਾ ਭਗਵਾਨ ਸ੍ਰੀ ਵਾਲਮੀਕਿ ਜੀ ਮਹਾਰਾਜ ਦੇ ਪ੍ਰਗਟ ਦਿਵਸ ਨੂੰ ਸਮਰਪਿਤ ਵੱਖ-ਵੱਖ ਵਾਲਮੀਕ ਕਮੇਟੀਆਂ ਵੱਲੋਂ ਸ਼ੋਭਾ ਯਾਤਰਾ ਕੱਢੀਆਂ ਜਾ ਰਹੀਆਂ ਹਨ। ਇਸ ਸੰਬੰਧ ਵਿੱਚ ਕੱਢੀ ਗਈ ਸ਼ੋਭਾ ਯਾਤਰਾ ਦਾ ਸਵਾਗਤ ਕਰਨ ਅਤੇ ਉਨ੍ਹਾਂ ਦੇ ਖਾਣ-ਪੀਣ ਲਈ ਵਾਲਮੀਕਿ ਸੰਘਰਸ਼ ਮੋਰਚਾ ਭਾਰਤ ਦੇ ਪੰਜਾਬ ਪ੍ਰਧਾਨ ਮੋਨੂੰ ਤੇਜੀ ਅਤੇ ਵਾਲਮੀਕਿ ਯੂਥ ਕਮੇਟੀ ਦੇ ਪੰਜਾਬ ਪ੍ਰਧਾਨ ਰਾਜਨ ਮਲਹੋਤਰਾ ਦੀ ਅਗਵਾਈ ਵਿੱਚ ਥਾਣਾ ਟਾਂਡਾ ਨਜ਼ਦੀਕ ਇੱਕ ਸਾਂਝਾ ਸਵਾਗਤ ਮੰਚ ਲਗਾਇਆ ਗਿਆ।ਸ਼ੋਭਾ ਯਾਤਰਾ ਦੇ ਥਾਣਾ ਟਾਂਡਾ ਨਜ਼ਦੀਕ ਸਜਾਏ ਗਏ ਮੰਚ ਤੇ ਪਹੁੰਚਣ ਤੇ ਰਾਜਨ ਮਲਹੋਤਰਾ ਅਤੇ ਮੋਨੂੰ ਤੇਜੀ ਨੇ ਸੰਗਤ ਉੱਤੇ ਫੁੱਲਾਂ ਦੀ ਵਰਖਾ ਕਰਦੇ ਹੋਏ ਉਨ੍ਹਾਂ ਦਾ ਭਰਪੂਰ ਸਵਾਗਤ ਕੀਤਾ। ਇਸ ਸ਼ੋਭਾ ਯਾਤਰਾ 'ਚ ਸ਼ਾਮਿਲ ਹਲਕਾ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ, ਬਾਲਮੀਕਿ ਸੰਘਰਸ਼ ਮੋਰਚਾ ਦੇ ਰਾਸ਼ਟਰੀ ਪ੍ਰਧਾਨ ਰੋਸ਼ਨ ਸਭਰਵਾਲ, ਕੇਸ਼ਵ ਸੈਣੀ, ਮਨਵੀਰ ਝਾਵਰ, ਅਮਰਜੀਤ ਧਾਲੀਵਾਲ, ਦੀਪਕ ਭੀਲ, ਗੁਰਦੀਪ ਹੈਪੀ, ਸੁਖਵਿੰਦਰ ਝਾਵਾਂ ਅਤੇ ਸੇਠ ਰਾਮ ਸੇਠੀ ਤੋਂ ਇਲਾਵਾ ਹੋਰ ਕਈ ਉੱਘੀਆਂ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਤੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ ਭਗਵਾਨ ਸ੍ਰੀ ਵਾਲਮੀਕਿ ਜੀ ਮਹਾਰਾਜ ਨੇ ਸ੍ਰੀ ਰਾਮਾਇਣ ਦੀ ਰਚਨਾ ਕਰਕੇ ਸਾਰੀ ਦੁਨੀਆ ਨੂੰ ਲੋਕਾਂ ਦੀ ਭਲਾਈ ਕਰਨਾ, ਹਰ ਇੱਕ ਦਾ ਭਲਾ ਸੋਚਣਾ ਅਤੇ ਨਾਮ ਸਿਮਰਨ ਕਰਦੇ ਹੋਏ ਪ੍ਰਭੂ ਭਗਤੀ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ ਸੀ। ਮੰਚ ਦੇ ਪ੍ਰਬੰਧਕਾਂ ਵੱਲੋਂ ਸ਼ੋਭਾ ਯਾਤਰਾ ਚ ਸ਼ਾਮਿਲ ਸੰਗਤ ਦੇ ਖਾਣ ਪੀਣ ਲਈ ਵੱਖ-ਵੱਖ ਤਰ੍ਹਾਂ ਦੇ ਪਕਵਾਨਾਂ ਦਾ ਲੰਗਰ ਵਰਤਾਇਆ ਗਿਆ। ਇਸ ਮੌਕੇ ਤੇ ਸੰਜੇ ਲੂਥਰਾ, ਰਵੀ ਜਲੰਧਰ, ਲੱਕੀ ਹਰਸੀ ਪਿੰਡ, ਸੁਰਿੰਦਰ ਆਦੀਆ, ਕੁਲਵਿੰਦਰ ਜੀਤ, ਹੈਪੀ ਸਭਰਵਾਲ, ਵਿੱਕੀ ਮਿਆਣੀ, ਗੁਰਦੀਪ ਦੀਪਾ, ਬੰਟੀ, ਦਮਨ ਸਭਰਵਾਲ, ਕਰਨ ਸਭਰਵਾਲ, ਰਜਤ ਅਤੇ ਹੋਰ ਕਮੇਟੀ ਮੈਂਬਰ ਹਾਜ਼ਰ ਸਨ।

# ਵਿਧਾਇਕ ਨੇ ਟੈਗੋਰ ਨਗਰ 'ਚ ਟਿਊਬਵੈੱਲ ਕਾਰਜ ਦਾ ਕੀਤਾ ਉਦਘਾਟਨ

**ਹੁਸ਼ਿਆਰਪੁਰ, (ਓ ਪੀ ਰਾਣਾ)**- ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਵਾਰਡ ਨੰਬਰ 45, ਟੈਗੋਰ ਨਗਰ ਵਿਖੇ 35 ਲੱਖ ਰੁਪਏ ਦੀ ਲਾਗਤ ਨਾਲ ਲੱਗਣ ਵਾਲੇ ਨਵੇਂ ਟਿਊਬਵੈੱਲ ਕਾਰਜ ਦਾ ਉ_ਦ_ਘ_ਾ_ਟ_ਨ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਦੀਆਂ ਸਹੂਲਤਾਂ ਦਾ ਵਿਸਥਾਰ ਅਤੇ ਲੋਕਾਂ ਨੂੰ ਸਾਫ਼ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।ਉਨ੍ਹਾਂ ਦੱਸਿਆ ਕਿ ਬੀਤੇ ਸਾਢੇ ਤਿੰਨ ਸਾਲਾਂ ਵਿਚ ਨਗਰ ਨਿਗਮ ਹੁਸ਼ਿਆਰਪੁਰ ਵੱਲੋਂ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿਚ ਕੁੱਲ 43 ਨਵੇਂ ਟਿਊਬਵੈੱਲ ਸਥਾਪਿਤ ਕੀਤੇ ਜਾ ਚੁੱਕੇ ਹਨ, ਜਿਸ ਨਾਲ ਪੀਣ ਵਾਲੇ ਪਾਣੀ ਦੀ ਸਮੱਸਿਆ ਵਿਚ ਕਾਫ਼ੀ ਹੱਦ ਤੱਕ ਸੁਧਾਰ ਹੋਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਟੀਚਾ ਹੈ ਕਿ ਹਰ ਘਰ ਤੱਕ ਲੋੜੀਂਦੀ ਮਾਤਰਾ ਵਿਚ ਸਵੱਛ ਅਤੇ ਸੁਰੱਖਿਅਤ ਪਾਣੀ ਪਹੁੰਚੇ।ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਵਾਰਡ ਨੰਬਰ 45 ਦੇ ਕੌਂਸਲਰ ਕੁਲਵਿੰਦਰ ਕੌਰ ਕਪੂਰ, ਅਵਤਾਰ ਸਿੰਘ ਕਪੂਰ, ਜਸਪਾਲ ਸੁਮਨ, ਐਮ.ਸੀ ਮੁਕੇਸ਼ ਮੱਲ, ਜੇਜੇ ਸ਼ਰਮਾ ਸਮੇਤ ਹੋਰ ਪਤਵੰਤੇ ਵੀ ਮੌਜੂਦ ਸਨ।



# ਔੜ ਬਲਾਕ ਨੂੰ ਤੋੜਨ ਵਿਰੁੱਧ ਸੰਘਰਸ਼ ਦੀ ਤਿਆਰੀ ਲਈ ਮੀਟਿੰਗ 12 ਨੂੰ

**ਬੰਗਾ (ਅਵਤਾਰ ਕਲੇਰ)**- ਬਲਾਕ ਬਚਾਓ ਸੰਘਰਸ਼ ਕਮੇਟੀ ਨੇ ਹੰਗਾਮੀ ਮੀਟਿੰਗ ਕਰਕੇ ਪ੍ਰਬੰਧਕੀ ਸਕੱਤਰ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵੱਲੋਂ 26.09.2025 ਨੂੰ ਜਾਰੀ ਕੀਤੇ ਹੁਕਮ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ ਜਿਸ ਵਿਚ ਨਵੇਂ ਬਲਾਕਾਂ ਵਿਚ ਸ਼ਾਮਲ ਕੀਤੀਆਂ ਪੰਚਾਇਤਾਂ ਦਾ ਦਫ਼ਤਰੀ ਕੰਮ-ਕਾਜ ਨਵੇਂ ਬਣੇ ਬਲਾਕਾਂ ਵਿੱਚੋਂ ਹੀ ਕਰਨ ਦੀ ਹਦਾਇਤ ਕੀਤੀ ਗਈ ਹੈ। ਕਮੇਟੀ ਦੇ ਨੁਮਾਇੰਦਿਆਂ ਰਾਜ ਕੁਮਾਰ ਮਾਹਲ ਖੁਰਦ, ਕੇਸਰ ਸਿੰਘ ਮੱਲ੍ਹੀ, ਸਰਪੰਚ ਕਮਲਜੀਤ ਦੁੱਗਲ ਔੜ, ਰੂਪ ਲਾਲ ਧੀਰ, ਕਮਲਜੀਤ ਕੰਵਰ ਗੜ੍ਹੀ, ਸਰਪੰਚ ਨਿਰਪਾਲ ਮਾਹਿਦਿੱਤਾ ਨੇ ਕਿਹਾ ਕਿ ਔੜ ਬਲਾਕ ਦੀਆਂ 74 ਪੰਚਾਇਤਾਂ ਨੇ ਲਿਖਤੀ ਮਤੇ ਪਾ ਕੇ, ਬਲਾਕ ਦੇ ਸਮੂਹ ਲੋਕਾਂ ਵੱਲੋਂ 'ਬਲਾਕ ਬਚਾਓ ਸੰਘਰਸ਼ ਕਮੇਟੀ' ਦੀ ਅਗਵਾਈ ਹੇਠ ਧਰਨਾ-ਪ੍ਰਦਰਸ਼ਨ ਕਰਕੇ ਅਤੇ ਡਿਪਟੀ ਕਮਿਸ਼ਨਰ ਰਾਹੀਂ ਪੰਜਾਬ ਸਰਕਾਰ ਨੂੰ ਲਿਖਤੀ ਮੰਗ-ਪੱਤਰ ਭੇਜਕੇ ਔੜ ਬਲਾਕ ਨੂੰ ਤੋੜੇ ਜਾਣ ਦਾ ਸਖ਼ਤ ਵਿਰੋਧ ਕੀਤਾ ਗਿਆ। ਕਮੇਟੀ ਦਾ ਵਫ਼ਦ 23 ਸਤੰਬਰ ਨੂੰ ਸਕੱਤਰ ਪੰਚਾਇਤ ਵਿਭਾਗ ਨੂੰ ਵੀ ਮਿਲਿਆ ਸੀ ਅਤੇ ਪੰਚਾਇਤੀ ਮਤਿਆਂ ਦੀ ਕਾਪੀਆਂ ਨੱਥੀ ਕਰਕੇ ਪੰਜਾਬ ਸਰਕਾਰ ਦੇ ਨਾਂ ਲਿਖਤੀ ਮੰਗ-ਪੱਤਰ ਦਿੱਤਾ ਗਿਆ ਜਿਸ ਵਿਚ ਮੰਗ ਕੀਤੀ ਗਈ ਕਿ ਪੰਚਾਇਤਾਂ ਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਮੁੱਖ ਰੱਖਦਿਆਂ ਬਲਾਕ ਨੂੰ ਤੋੜਨ ਦਾ ਫ਼ੈਸਲਾ ਰੱਦ ਕੀਤਾ ਜਾਵੇ ਅਤੇ ਬਲਾਕ ਨੂੰ ਮੁੜ ਬਹਾਲ ਕੀਤਾ ਜਾਵੇ। ਸਕੱਤਰ ਨੇ ਇਲਾਕੇ ਦੀਆਂ ਪੰਚਾਇਤਾਂ ਅਤੇ ਆਮ ਲੋਕਾਂ ਦੀ ਮੰਗ ਸਰਕਾਰ ਤੱਕ ਪਹੁੰਚਾਉਣ ਦਾ ਭਰੋਸਾ ਦਿਵਾਇਆ ਸੀ। ਆਗੂਆਂ ਨੇ ਦੱਸਿਆ ਕਿ ਕਿ ਇਸ ਫ਼ੈਸਲੇ ਵਿਰੁੱਧ 12 ਅਕਤੂਬਰ ਨੂੰ ਸ਼ਾਮ 4 ਵਜੇ ਬਲਾਕ ਔੜ ਵਿਖੇ ਪੰਚਾਇਤਾਂ ਅਤੇ ਇਲਾਕੇ ਦੇ ਲੋਕਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਜਾਵੇਗੀ ।



# ਟੈਕਨੀਕਲ ਫੈਸਟੀਵਲ ਗੀਗਾ ਗਰਿੱਡ ਦਾ ਆਯੋਜਨ



**ਮਾਹਿਲਪੁਰ, (ਸ.ਫਰੀ)**-ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਪੋਸਟਰ ਗਰੈਜੂਏਟ ਕੰਪਿਊਟਰ ਸਾਇੰਸ ਅਤੇ ਆਈ ਟੀ ਵਿਭਾਗ ਵੱਲੋਂ ਵਿਦਿਆਰਥੀਆਂ ਦੀਆਂ ਵੱਖ-ਵੱਖ ਸਿਰਜਨਾਤਮਕ ਗਤੀਵਿਧੀਆਂ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਟੈਕਨੀਕਲ ਫੈਸਟੀਵਲ 'ਗੀਗਾ ਗਰਿੱਡ' ਦਾ ਆਯੋਜਨ ਕੀਤਾ ਗਿਆ ।ਇਸ ਫੈਸਟੀਵਲ ਵਿੱਚ ਖੇਤਰ ਦੇ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਇਨਾਮ ਪ੍ਰਾਪਤ ਟੀਤੇ। ਇਸ ਮੌਕੇ ਮੁੱਖ ਮਹਿਮਾਨ ਵਜੋਂ ਖਾਲਸਾ ਕਾਲਜ ਗੜ੍ਹਸ਼ੰਕਰ ਦੇ ਪ੍ਰਿੰਸੀਪਲ ਡਾ. ਅਮਨਦੀਪ ਕੌਰ, ਐਸ ਬੀ ਆਈ ਬ੍ਰਾਂਚ ਮਾਹਿਲਪੁਰ ਦੇ ਮੈਨੇਜਰ ਅਰੁਣ ਕੁਮਾਰ ਭਾਰਦਵਾਜ ਅਤੇ ਐਚ ਡੀ ਐਫ ਸੀ ਬਰਾਂਚ ਮਾਹਿਲਪੁਰ ਦੇ ਮੈਨੇਜਰ ਰੇਖਾ ਜੁਗਰਾਂ ਨੇ ਸ਼ਿਰਕਤ ਕੀਤੀ। ਇਸ ਸਮਾਰੋਹ ਦੇ ਸਵਾਗਤੀ ਸ਼ਬਦ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਸਾਂਝੇ ਕੀਤੇ। ਉਨ੍ਹਾਂ ਵਿਦਿਆਰਥੀਆਂ ਨੂੰ ਅਜਿਹੀਆਂ ਗਤੀਵਿਧੀਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਪ੍ਰੇਰਨਾ ਦਿੱਤੀ । ਇਸ ਮੌਕੇ ਵਿਦਿਆਰਥੀਆਂ ਨੇ ਟੈਕ ਟਾੱਕ, ਐਡਮੈਡ ਸ਼ੋਅ, ਲੌਜਿਕ ਵਰਲਪੂਲ, ਨੈਟ ਸੈਬੀ, ਵੈਬ ਪੋਰਟਲ ਡਿਵੈਲਪਮੈਂਟ, ਸੀਪੀਯੂ ਅਸੈਂਬਲਿੰਗ ਲੋਗੋ ਡਿਜ਼ਾਇਨਿੰਗ ਆਦਿ ਗਤੀਵਿਧੀਆਂ ਵਿੱਚ ਹਿੱਸਾ ਲਿਆ। ਇਸ ਮੌਕੇ ਖਾਲਸਾ ਕਾਲਜ ਮਾਹਿਲਪੁਰ, ਐਸਪੀਐਨ ਕਾਲਜ ਮੁਕੇਰੀਆਂ, ਖਾਲਸਾ ਕਾਲਜ ਗੜ੍ਹਸ਼ੰਕਰ, ਐਸਡੀ ਕਾਲਜ ਹੁਸ਼ਿਆਰਪੁਰ ਅਤੇ ਐਸਐਚਐਸਐਮ ਕਾਲਜ ਫੋਰ ਵੂਮੈਨ ਚੇਲਾ ਮਖਸੂਸਪੁਰ ਦੇ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲਿਆ ਅਤੇ ਇਨਾਮ ਪ੍ਰਾਪਤ ਕੀਤੇ।

# ਇੰਟਰ-ਕਾਲਜ ਟੈਨਿਸ ਟੂਰਨਾਮੈਂਟ 'ਚ ਲਾਇਲਪੁਰ ਖਾਲਸਾ ਕਾਲਜ ਨੇ ਜਿੱਤਿਆ ਖਿਤਾਬ



**ਜਲੰਧਰ (ਰਾਜੇਸ਼ ਥਾਪਾ)**-ਲਾਇਲਪੁਰ ਖਾਲਸਾ ਕਾਲਜ ਜਲੰਧਰ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਇੰਟਰ-ਕਾਲਜ ਟੈਨਿਸ ਟੂਰਨਾਮੈਂਟ ਵਿੱਚ ਧਮਾਕੇਦਾਰ ਦਰਜ ਕੀਤੀ। ਫਾਈਨਲ ਮੈਚ ਦੇ ਨਾਲ ਸਭ ਹੋਰ ਟੀਮਾਂ ਨੂੰ ਹਰਾਇਆ ਅਤੇ ਪਹਿਲਾ ਸਥਾਨ ਪ੍ਰਾਪਤ ਕੀਤਾ। ਟੂਰਨਾਮੈਂਟ ਵਿੱਚ ਕਈ ਕਾਲਜਾਂ ਦੀ ਭਾਗੀਦਾਰੀ ਰਹੀ।ਇਸ ਸਫਲਤਾ ਵਿੱਚ ਸੁੱਖਦੀਪ ਸਿੰਘ ਦਾ ਯੋਗਦਾਨ ਵੱਡਾ ਹੈ, ਜੋ ਐਕੈਡਮੀ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅਤੇ ਲਾਇਲਪੁਰ ਖਾਲਸਾ ਕਾਲਜ ਖਿਡਾਰੀਆਂ ਨੂੰ ਟ੍ਰੇਨਿੰਗ ਦੇ ਰਹੇ ਹਨ। ਫਾਈਨਲ ਮੈਚ ਦਰਸ਼ਕਾਂ ਲਈ ਬਹੁਤ ਹੀ ਰੋਮਾਂਚਕ ਅਤੇ ਮਨਮੋਹਕ ਰਹਿਆ।ਸੁੱਖਦੀਪ ਸਿੰਘ ਨੇ ਆਏ ਹੋਏ ਮਹਿਮਾਨਾਂ ਡਾ. ਵੀ ਪੀ ਜੇਰਾਥ, ਸਤਵੀਰ ਸਿੰਘ (ਨਿਊ ਭਾਰਤ ਸੋਡਾ) ਅਤੇ ਰਮੇਸ਼ ਲਖਨਪਾਲ (ਸੇਨੋਰੀਟਾ ਇਵੈਂਟਸ) ਦਾ ਧੰਨਵਾਦ ਕੀਤਾ। ਇਨਾਮ ਵੰਡ ਮੌਕੇ ਐਕੈਡਮੀ ਦੇ ਨੌਜਵਾਨ ਖਿਡਾਰੀਆਂ ਨੇ ਜੇਤੂ ਨੂੰ ਵਧਾਈ ਦਿੱਤੀ।

# ਬੱਡੋਂ ਵਿਖੇ ਵਿਸ਼ਾਲ ਸ਼ੋਭਾ ਯਾਤਰਾ ਸਜਾਈ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**
ਪਿੰਡ ਬੱਡੋਂ ਵਿਖੇ ਮਹਾਂਰਿਸ਼ੀ ਭਗਵਾਨ ਵਾਲਮੀਕ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਮਹਾਂਰਿਸ਼ੀ ਭਗਵਾਨ ਵਾਲਮੀਕ ਜੀ ਦਾ ਪ੍ਰਗਟ ਦਿਵਸ 7 ਅਕਤੂਬਰ ਨੂੰ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਮੰਦਰ ਦੇ ਪ੍ਰਧਾਨ ਪ੍ਰਧਾਨ ਸੋਮਨਾਥ ਬੱਡੋਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 7 ਅਕਤੂਬਰ ਨੂੰ ਮਹਾਂਰਿਸ਼ੀ ਭਗਵਾਨ ਵਾਲਮੀਕ ਜੀ ਦੇ ਪ੍ਰਗਟ ਦਿਵਸ ਮੌਕੇ ਸ੍ਰੀ ਰਾਮਾਇਣ ਦੇ ਪਾਠ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਭਜਨ ਕੀਰਤਨ ਕੀਤਾ ਜਾਵੇਗਾ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਮਹਾਂਰਿਸ਼ੀ ਭਗਵਾਨ ਵਾਲਮੀਕ ਜੀ ਦੇ ਪ੍ਰਗਟ ਦਿਵਸ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ ਜੋ ਕਿ ਭਗਵਾਨ ਵਾਲਮੀਕ ਜੀ ਦੇ ਮੰਦਰ ਤੋਂ ਆਰੰਭ ਹੋ ਕੇ ਵੱਖ ਵੱਖ ਪੜਾਵਾਂ ਤੋਂ ਹੁੰਦੀ ਸ਼ਾਮ ਨੂੰ ਸਮਾਪਤ ਹੋਈ। ਵਿਸ਼ਾਲ ਸ਼ੋਭਾ ਯਾਤਰਾ ਦੌਰਾਨ ਵੱਖ-ਵੱਖ ਮੁਹੱਲਿਆਂ ਵਿਚ ਸੰਗਤਾਂ ਦਾ ਸ਼ਾਨਦਾਰ ਸਵਾਗਤ ਕੀਤਾ ਅਤੇ ਵੱਖ ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ। ਇਸ ਮੌਕੇ ਮੰਦਰ ਦੇ ਮੁੱਖ ਸੇਵਾਦਾਰ ਪ੍ਰਧਾਨ ਸੋਮਨਾਥ ਬੱਡੋਂ ਨੇ ਵਿਸ਼ਾਲ ਸ਼ੋਭਾ ਯਾਤਰਾ ਵਿੱਚ ਸਹਿਯੋਗ ਦੇਣ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ 7 ਅਕਤੂਬਰ ਨੂੰ ਧਾਰਮਿਕ ਸਮਾਗਮ ਦੌਰਾਨ ਸੰਤ ਬਾਬਾ ਜਸਵਿੰਦਰ ਸਿੰਘ ਡਾਂਡੀਆਂ, ਸੰਤ ਬਾਬਾ ਗੁਰਚਰਨ ਸਿੰਘ ਬੱਡੋਂ, ਤਰਲੋਚਨ ਸਿੰਘ ਪਰਮਾਰ ਪ੍ਰਧਾਨ ਟਰੱਕ ਯੂਨੀਅਨ ਹੁਸ਼ਿਆਰਪੁਰ, ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ



ਹੁਸ਼ਿਆਰਪੁਰ ਆਦਿ ਪੁੱਜ ਕੇ ਹਾਜ਼ਰੀ ਭਰਨਗੇ। ਇਸ ਮੌਕੇ ਸ਼ੋਭਾ ਯਾਤਰਾ ਦੌਰਾਨ ਪ੍ਰਧਾਨ ਸੋਮਨਾਥ, ਨਿਤਿਨ ਗਿੱਲ, ਨਵੀਂ, ਗੋਪੀ, ਸੰਨੀ, ਹੈਰੀ, ਕਮਲ, ਕੁਲਦੀਪ, ਪੀ ਕੇ, ਰਾਜਵਿੰਦਰ ਸਿੰਘ, ਸਤਨਾਮ ਸਿੰਘ,ਸਨੀਤਾ, ਮਮਤਾ, ਸ਼ਿੰਦੋ, ਜਸਪ੍ਰੀਤ ਕੌਰ, ਸੁਖਦੇਵ ਸਿੰਘ, ਸਿਮਰਨ, ਰਮਨ, ਗੋਰੀ, ਰਾਜਾ, ਪ੍ਰੀਤ, ਕਰਨ, ਅਰਜਨ, ਸਲੀਨ, ਮਨਦੀਪ, ਜਗਤਾਰ ਸਿੰਘ ਰਾਜਾ, ਸਰਬਪ੍ਰੀਤ ਸਿੰਘ ਸੋਨੂੰ ਸਾਬਕਾ ਪੰਚ,ਨਰਿੰਦਰ ਸਿੰਘ ਆਦਿ ਹਾਜ਼ਰ ਸਨ।ਇਸ ਮੌਕੇ ਚਾਹ ਪਕੌੜੇ ਅਤੇ ਬਾਬਾ ਜੀ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਪੇਂਟਿੰਗ ਪ੍ਰਤੀਯੋਗਤਾ



**ਸੁਲਤਾਨਪੁਰ ਲੋਧੀ, (ਹਨੀ)**-ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਰੇਨੂੰ ਅਰੋੜਾ ਦੀ ਅਗਵਾਈ ਵਿਚ ਕਿੰਡਰਗਾਰਡਨ ਦੇ ਵਿਦਿਆਰਥੀਆਂ ਲਈ ਆਰਟ ਪ੍ਰਤੀਯੋਗਤਾ ਦਾ ਆਯੋਜਨ ਕੀਤਾ ਗਿਆ । ਇਸ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਮੌਸਮਾਂ ਜਿਵੇਂ ਪੱਤਝੜ, ਸਾਵਣ, ਬਸੰਤ, ਬਹਾਰ ਆਦਿ ਨੂੰ ਦਰਸਾਉਂਦੀਆਂ ਬਹੁਤ ਹੀ ਸੁੰਦਰ ਪੇਂਟਿੰਗਾਂ ਬਣਾਈਆਂ ਗਈਆਂ। ਬੱਚਿਆਂ ਨੇ ਆਪਣੇ ਛੋਟੇ-ਛੋਟੇ ਹੱਥਾਂ ਦੇ ਨਾਲ ਵਾਟਰ ਕਲਰ ਦੀ ਮਦਦ ਨਾਲ ਆਪਣੀ ਕਲਾ ਦੇ ਜੌਹਰ ਦਿਖਾਏ। ਪ੍ਰਿੰਸੀਪਲ ਰੇਨੂੰ ਅਰੋੜਾ ਨੇ ਦੱਸਿਆ ਕਿ ਅਜਿਹੀ ਗਤੀਵਿਧੀਆਂ ਜਿੱਥੇ ਬੱਚਿਆਂ ਦੀ ਪ੍ਰਤਿਭਾ ਵਿੱਚ ਹੋਰ ਨਿਖਾਰ ਲਿਆਉਂਦੀਆਂ ਹਨ, ਉੱਥੇ ਹੀ ਇਹ ਵੀ ਸਾਬਿਤ ਕਰਦੀਆਂ ਹਨ ਕਿ ਹਰ ਇੱਕ ਬੱਚੇ ਅੰਦਰ ਇੱਕ ਕਲਾਕਾਰ ਹੁੰਦਾ ਹੈ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ ਨੇ ਵਿਦਿਆਰਥੀਆਂ ਵੱਲੋਂ ਦਿਖਾਈ ਪ੍ਰਤਿਭਾ ਦੀ ਪ੍ਰਸ਼ੰਸਾ ਕੀਤੀ ।

# ਰਾਕੇਸ਼ ਕੁਮਾਰ ਗੌਰਮਿੰਟ ਟੀਚਰ ਯੂਨੀਅਨ (ਵ) ਦੇ ਤੀਸਰੀ ਵਾਰ ਬਲਾਕ ਪ੍ਰਧਾਨ ਚੁਣੇ

**ਮਹਿਤਪੁਰ (ਰਾਜਾ)**-ਗੌਰਮਿੰਟ ਟੀਚਰ ਯੂਨੀਅਨ ਵਿਗਿਆਨਿਕ ਵੱਲੋਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਜਥੇਬੰਦਕ ਢਾਂਚੇ ਦਾ ਗਠਨ ਕੀਤਾ ਗਿਆ। ਇਸੇ ਤਹਿਤ ਜ਼ਿਲ੍ਹਾ ਜਲੰਧਰ ਦੇ ਜਥੇਬੰਦਕ ਢਾਂਚੇ ਦਾ ਗਠਨ ਕੀਤਾ ਗਿਆ, ਜਿਸ ਵਿੱਚ ਜ਼ਿਲ੍ਹਾ ਜਲੰਧਰ ਤੋਂ ਵੱਡੀ ਗਿਣਤੀ ਵਿੱਚ ਅਧਿਆਪਕ ਇਕੱਤਰ ਹੋਏ। ਇਸ ਮੌਕੇ ਜਥੇਬੰਦੀ ਦੇ ਜ਼ਿਲ੍ਹਾ ਰਿਟਰਨਿੰਗ ਅਫਸਰ ਕੰਵਲਜੀਤ ਸੰਗੋਵਾਲ ਦੀ ਅਗਵਾਈ ਵਿੱਚ ਗੌਰਮਿੰਟ ਟੀਚਰ ਯੂਨੀਅਨ ਵਿਗਿਆਨਿਕ ਜ਼ਿਲ੍ਹਾ ਜਲੰਧਰ ਦੇ ਜ਼ਿਲ੍ਹਾ ਪ੍ਰਧਾਨ ਅਤੇ ਬਲਾਕ ਪ੍ਰਧਾਨਾਂ ਦੀ ਚੋਣ ਲਈ ਨਾਮਜ਼ਦਗੀ ਪੱਤਰ ਭਰੇ ਗਏ ਤੇ ਸਰਬ ਸੰਮਤੀ ਨਾਲ ਨਵਪ੍ਰੀਤ ਸਿੰਘ ਬੱਲੀ ਨੂੰ ਜ਼ਿਲ੍ਹਾ ਪ੍ਰਧਾਨ ਚੁਣਿਆ ਗਿਆ। ਇਸੇ ਤਰ੍ਹਾਂ ਮਹਿਸਮਪੁਰ ਸਰਕਾਰੀ ਹਾਈ ਸਕੂਲ ਦੇ ਇੰਚਾਰਜ ਰਾਕੇਸ਼ ਕੁਮਾਰ ਮੈਥ ਮਾਸਟਰ ਨੂੰ ਨਕੋਦਰ 01 ਦਾ ਸਰਬ ਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ। ਇਸ ਦੇ ਨਾਲ ਹੀ ਸਟੇਟ ਐਵਾਰਡੀ ਮੇਜਰ ਸਿੰਘ ਮੀਏਵਾਲ ਨੂੰ ਜ਼ਿਲ੍ਹਾ ਮੀਤ ਪ੍ਰਧਾਨ, ਹੈਡ ਟੀਚਰ ਰਮਨ ਗੁਪਤਾ ਨੂੰ ਜ਼ਿਲ੍ਹਾ ਪ੍ਰੈੱਸ ਸਕੱਤਰ ਅਤੇ ਰਸ਼ਮਿੰਦਰ ਕੁਮਾਰ ਸੋਨੂ ਨੂੰ ਜ਼ਿਲ੍ਹਾ ਵਿੱਤ ਸਕੱਤਰ ਅਤੇ ਕਮਲਜੀਤ ਸਿੰਘ ਸੰਗੋਵਾਲ ਨੂੰ ਜ਼ਿਲ੍ਹਾ ਜਨਰਲ ਸਕੱਤਰ ਚੁਣਿਆ ਗਿਆ ।



# ਮਾਨ ਸਰਕਾਰ ਨੇ ਸਿਹਤ ਬੀਮਾ 10 ਲੱਖ ਕੈਸ਼ਲੈੱਸ ਕਰਕੇ ਦੀਵਾਲੀ ਦਾ ਤੋਹਫਾ ਦਿੱਤਾ : ਝਾਵਰ, ਧਾਲੀਵਾਲ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**
ਪੰਜਾਬ ਦੀ ਮਾਨ ਸਰਕਾਰ ਨੇ ਚੋਣਾਂ ਦੌਰਾਨ ਆਮ ਜਨਤਾ ਨਾਲ ਜਿਹੜੇ ਵਾਅਦੇ ਕੀਤੇ ਸਨ, ਉਨ੍ਹਾਂ ਵਾਅਦਿਆਂ ਨੂੰ ਪੂਰਾ ਕਰ ਵਿਖਾਇਆ ਹੈ। ਮਰੀਜ਼ਾਂ ਦੇ ਇਲਾਜ ਲਈ ਪਿੰਡਾਂ ਦੇ ਲੋਕਾਂ ਨੂੰ ਦੂਰ ਦੁਰਾਡੋਂ ਸਰਕਾਰੀ ਹਸਪਤਾਲ ਆਉਣਾ ਪੈਂਦਾ ਸੀ, ਜਿਸ ਕਾਰਨ ਉਨ੍ਹਾਂ ਨੂੰ ਕਾਫੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਸੀ। ਆਪ ਸਰਕਾਰ ਨੇ ਲੋਕਾਂ ਨੂੰ ਦਰਪੇਸ਼ ਆ ਰਹੀਆਂ ਔਕੜਾਂ ਨੂੰ ਵੇਖਦੇ ਹੋਏ ਪੰਜਾਬ ਭਰ ਵਿੱਚ ਮੁਹੱਲਾ ਕਲੀਨਿਕ ਖੋਲ੍ਹ ਦਿੱਤੇ ਤਾਂ ਜੋ ਹਰ ਮਰੀਜ਼ ਨੂੰ ਸਮੇਂ ਸਿਰ ਆਪਣੇ ਨਜ਼ਦੀਕ ਹੀ ਸਿਹਤ ਸਹੂਲਤਾਂ ਮਿਲ ਸਕਣ।ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਸਥਾਨਕ ਪੱਤਰਕਾਰਾਂ ਨਾਲ ਕਰਦੇ ਹੋਏ ਆਪ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਮਨਵੀਰ ਸਿੰਘ ਝਾਵਰ, ਹਲਕਾ ਪ੍ਰਧਾਨ ਅਮਰਜੀਤ ਸਿੰਘ ਧਾਲੀਵਾਲ ਅਤੇ ਕਾਲਜ ਯੂਨੀਅਨ ਪ੍ਰਧਾਨ ਗੁਰਮੁਖ ਸਿੰਘ ਨੇ ਕਿਹਾ ਕਿ ਪਹਿਲਾਂ ਪੰਜਾਬ ਦੀ ਕਿਸੇ ਵੀ ਸਰਕਾਰ ਨੇ ਪਰਵਾਰਾਂ ਦੇ ਲਈ ਸਿਹਤ ਬੀਮਾ ਯੋਜਨਾ ਸ਼ੁਰੂ ਨਹੀਂ ਕੀਤੀ ਸੀ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਪਹਿਲਾਂ ਪੰਜਾਬ ਦੇ ਹਰ ਪਰਵਾਰ ਲਈ 5 ਲੱਖ ਤੱਕ ਸਿਹਤ ਬੀਮਾ ਯੋਜਨਾ ਸ਼ੁਰੂ ਕੀਤੀ ਸੀ, ਪਰ ਪ੍ਰਾਈਵੇਟ ਹਸਪਤਾਲਾਂ ਵਿੱਚ ਕਈ ਵਾਰ ਮਰੀਜ਼ ਦੇ ਇਲਾਜ ਮੌਕੇ ਖਰਚਾ 5 ਲੱਖ ਤੋਂ ਜ਼ਿਆਦਾ ਆ ਜਾਂਦਾ ਸੀ ਜਿਸ ਨੂੰ ਵੇਖਦੇ ਹੋਏ ਮਾਨ ਸਰਕਾਰ ਨੇ ਹੁਣ ਇਹ ਸਿਹਤ ਬੀਮਾ ਯੋਜਨਾ ਨੂੰ 10 ਲੱਖ ਕੈਸ਼ਲੈਸ ਦਾ ਕਰਕੇ ਪੰਜਾਬ ਦੀ ਜਨਤਾ ਨੂੰ ਦੀਵਾਲੀ ਦਾ ਤੋਹਫ਼ਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੇ ਹਰ ਮੰਤਰੀਆਂ, ਵਿਧਾਇਕਾਂ ਅਤੇ ਵਰਕਰਾਂ ਨੇ ਹੜ੍ਹ ਪ੍ਰਭਾਵਤ ਇਲਾਕਿਆਂ 'ਚ ਪਹੁੰਚ ਕੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਹਰ ਪੱਖੋਂ ਸਹਾਇਤਾ ਮੁਹਈਆ ਕਰਵਾਈ ਸੀ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਪੰਜਾਬ ਭਰ ਵਿੱਚ ਨਵੀਆਂ ਸੜਕਾਂ ਦਾ ਜਾਲ ਵਿਛਾ ਦਿੱਤਾ ਹੈ ਅਤੇ ਟੁੱਟੀਆਂ ਸੜਕਾਂ ਦੀ ਜੰਗੀ ਪੱਧਰ 'ਤੇ ਮੁਰੰਮਤ ਕਰਵਾਈ ਜਾ ਰਹੀ ਹੈ।

# ਸੈਣੀ ਨੇ ਸ਼ਿਮਾਨੇ ਪ੍ਰੀਫੈਕਚਰ ਦੇ ਗਵਰਨਰ ਨਾਲ ਕੀਤੀ ਮੁਲਾਕਾਤ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਆਪਣੇ ਜਪਾਨ ਦੌਰੇ ਦੌਰਾਨ ਸੋਮਵਾਰ ਸ਼ਿਮਾਨੇ ਪ੍ਰੀਫੇਕਚਰ ਦੇ ਗਵਰਨਰ ਤਾਤਸੁਯਾ ਮਾਰੂਯਾਮਾ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਦੋਨੋਂ ਖੇਤਰਾਂ ਦੇ ਉਦਮਾਂ 'ਚ ਤਕਨਾਲੋਜੀ ਆਦਾਨ-ਪ੍ਰਦਾਨ, ਇਨੋਵੇਸ਼ਨ ਅਤੇ ਸੰਯੁਕਤ ਉਦਮਾਂ ਦੇ ਨਵੇਂ ਮੌਕੇ ਤਲਾਸ਼ਣ 'ਤੇ ਨਾਲ ਚਰਚਾ ਹੋਈ।ਇਸ ਦੇ ਬਾਅਦ ਮੁੱਖ ਮੰਤਰੀ ਨੇ ਟੋਕੀਓ ਵਿੱਚ ਆਯੋਜਿਤ ਹਰਿਆਣਾ-ਸ਼ਿਮਾਨੇ ਪ੍ਰੀਫੇਕਚਰ ਰੋਡ ਸ਼ੋਅ ਵਿੱਚ ਵੀ ਹਿੱਸਾ ਲਿਆ। ਇੱਥੇ ਮੌਜੂਦ ਉਦਯੋਗਪਤੀਆਂ ਅਤੇ ਨਿਵੇਸ਼ਕਾਂ ਨੂੰ ਸੰਬੋਧਨ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਜਪਾਨ ਦੇ ਨਾਲ ਸਾਡੇ ਸਬੰਧ ਹਜ਼ਾਰਾਂ ਸਾਲ ਪੁਰਾਣੇ ਹਨ। ਇਹ ਸਬੰਧ ਇਤਿਹਾਸਕ ਅਤੇ ਭਾਵਨਾਤਮਕ ਹਨ। ਜਿਸ ਤਰ੍ਹਾ ਸ਼ਿਮਾਨੇ ਦੀਆਂ ਆਪਣੀ ਚਿਰਸਥਾਈ ਰਵਾਇਤਾਂ ਹਨ, ਉਸੇ ਤਰ੍ਹਾ ਹਰਿਆਣਾ ਵੀ ਭਾਰਤੀ ਸੱਭਿਅਤਾ ਦੇ ਸਭ ਤੋਂ ਪੁਰਾਣੇ ਅਤੇ ਪੂਜਨੀਕ ਥਾਵਾਂ ਵਿੱਚੋਂ ਇੱਕ ਹੈ। ਹਰਿਆਣਾ ਵਿੱਚ ਹੀ ਧਰਮਖੇਤਰ-ਕੁਰੂਕਸ਼ੇਤਰ ਦੀ ਉਹ ਪਵਿੱਤਰ ਧਰਤੀ ਹੈ, ਜਿੱਥੇ ਸਦੀਆਂ ਪਹਿਲਾਂ ਭਗਵਾਨ ਸ਼੍ਰੀਕ੍ਰਿਸ਼ਣ ਜੀ ਨੇ ਗੀਤਾ ਦਾ ਦਿਵਯ ਸੰਦੇਸ਼ ਦਿੱਤਾ ਸੀ। ਇਸ ਵਿੱਚ ਜ਼ਿੰਮੇਵਾਰੀ, ਧਰਮ ਅਤੇ ਗਿਆਨ ਦਾ ਸਾਰ ਨਿਹਿਤ ਹੈ।ਮੁੱਖ ਮੰਤਰੀ ਨੇ ਕਿਹਾ ਕਿ ਸ਼ਿਮਾਨੇ ਅਤੇ ਹਰਿਆਣਾ ਕਈ ਮਾਇਨਿਆਂ ਵਿੱਚ ਇੱਕ-ਦੂਜੇ ਦੇ ਪੂਰਕ ਹਨ। ਦੋਨੋਂ ਹੀ ਗੁਣਵੱਤਾ, ਪਰਿਸ਼ੁੱਧਤਾ ਅਤੇ ਨਵਾਚਾਰ ਨੂੰ ਅਪਣਾਉਂਦੇ ਹੋਏ ਇੱਕ ਗੌਰਵਸ਼ਾਲੀ ਵਿਰਾਸਤ ਨੂੰ ਸੰਭਾਲੇ ਹੋਏ ਹਨ। ਇਸ ਦੀ ਨੀਂਹ ਦਹਾਕਿਆਂ ਪਹਿਲਾਂ ਉਦੋਂ ਪਈ, ਜਦੋਂ ਮਾਰੂਤੀ ਸੁਜ਼ੂਕੀ ਨੇ 1980 ਦੇ ਦਿਹਾਕੇ ਵਿੱਚ ਆਪਣਾ ਪਹਿਲਾ ਮੈਨੂਫੈਕਚਰਿੰਗ ਪਲਾਂਟ ਹਰਿਆਣਾ ਵਿੱਚ ਸਥਾਪਿਤ ਕੀਤਾ।

# ਬਾਬਾ ਸਿੱਧ ਚਾਨੋ ਦੀ ਯਾਦ 'ਚ ਛਿੰਝ ਮੇਲਾ ਕਰਾਇਆ



**ਮਾਹਿਲਪੁਰ (ਸ.ਫਰੀ)**
ਛਿੰਝ ਕਮੇਟੀ ਪਿੰਡ ਜੰਡੋਲੀ ਵਲੋਂ ਧੰਨ ਧੰਨ ਬਾਬਾ ਸਿੱਧ ਚਨੋ ਦੀ ਯਾਦ ਨੂੰ ਸਮਰਪਿਤ ਸਰਪੰਚ ਬਲਵੀਰ ਸਿੰਘ ਤੇ ਪ੍ਰਧਾਨ ਕੁਲਦੀਪ ਸਿੰਘ ਰਾਣਾ, ਮੀਤ ਪ੍ਰਧਾਨ ਸਤਵਿੰਦਰ ਸਿੰਘ ਬਿੰਦਾ ਦੀ ਅਗਵਾਈ ਵਿਚ ਗ੍ਰਾਮ ਪੰਚਾਇਤ, ਪਿੰਡ ਵਾਸੀ ਅਤੇ ਐਨ ਆਰ ਆਈਜ਼ ਦੇ ਸਹਿਯੋਗ ਨਾਲ ਸਾਲਾਨਾ ਛਿੰਝ ਮੇਲਾ ਬੜੀ ਧੂਮਧਾਮ ਨਾਲ ਮਨਾਇਆ ਗਿਆ, ਜਿਸ ਵਿਚ ਪੰਜਾਬ ਭਰ ਤੋਂ 100 ਦੇ ਕਰੀਬ ਨਾਮਵਰ ਪਹਿਲਵਾਨਾਂ ਨੇ ਭਾਗ ਲਿਆ। ਵੱਡੀ ਰੁਮਾਲੀ ਦੀ ਕੁਸ਼ਤੀ ਗਗਨ ਖਜਾਲਾ ਤੇ ਨਰਿੰਦਰ ਚੀਮਾ ਪੱਟੀ ਵਿਚਕਾਰ ਮੁਕਾਬਲਾ ਬਹੁਤ ਦਿਲਚਸਪ ਰਿਹਾ । ਜਿਸ ਵਿਚ ਦੋਨੋ ਪਹਿਲਵਾਨ ਨਿਰਧਾਰਤ ਸਮੇਂ ਅਤੇ ਵਾਧੂ ਸਮੇਂ ਵਿਚ ਇਕ ਦੂਜੇ ਨੂੰ ਚਿੱਤ ਕਰਨ ਵਿਚ ਕਾਮਯਾਬ ਨਹੀਂ ਹੋ ਸਕੇ।ਅਖੀਰ ਕਮੇਟੀ ਦੇ ਫੈਸਲੇ ਮੁਤਾਬਿਕ ਦੋਨੋ ਪਹਿਲਵਾਨਾਂ ਨੂੰ ਬਰਾਬਰ ਰਹੇ ਅਤੇ ਕਮੇਟੀ ਵਲੋਂ ਦੋਨਾਂ ਨੂੰ 1 ਲੱਖ 25 ਹਜਾਰ ਆਏ ਸਨਮਾਨ ਚਿਨ੍ਹ ਨਾਲ ਸਨਮਾਨਿਤ ਕੀਤਾ। ਛੋਟੀ ਰੁਮਾਲੀ ਦੀ ਕੁਸ਼ਤੀ ਵਿੱਚ ਰਜ਼ਾਕ ਭਾਰਟਾ ਨੇ ਜੱਸਾ ਬਾਹੜੋਵਾਲ ਨੂੰ ਪੁਆਇੰਟ ਦੇ ਅਧਾਰ ਤੇ ਹਰਾਇਆ ਅਤੇ ਤੀਜੇ ਨੰਬਰ ਦੀ ਕੁਸ਼ਤੀ ਜੱਸਾ ਪੱਟੀ ਤੇ ਸ਼ਰੀਫ਼ ਭਾਰਟਾ ਬਰਾਬਰ ਰਹੇ। ਦੂਜੇ ਅਤੇ ਤੀਜੇ ਸਥਾਨ ਦੇ ਪਹਿਲਵਾਨਾਂ ਨੂੰ 31000-31000 ਰੁਪਏ ਦੇ ਨਕਦ ਇਨਾਮ ਨਾਲ ਨਿਵਾਜਿਆ। ਇਸ ਮੌਕੇ ਪਲਵਿੰਦਰ ਸਿੰਘ ਚੀਮਾ, ਪਰਮਜੀਤ ਸਿੰਘ, ਸੁਖਵਿੰਦਰ ਸਿੰਘ, ਅਵਤਾਰ ਸਿੰਘ, ਦਲਜੀਤ ਸਿੰਘ ਸਹੋਤਾ, ਸੁਨੀਲ ਕੁਮਾਰ, ਨਰਿੰਦਰ ਸਿੰਘ ਹੀਰ,ਜਸਵੀਰ ਸਿੰਘ ਸ਼ੀਰਾ, ਇੰਸਪੈਕਟਰ ਪ੍ਰਭਪਾਲ ਪਹਿਲਵਾਨ, ਨੰਬਰਦਾਰ ਕਰਨੈਲ ਸਿੰਘ ਆਦਿ ਸਮੇਤ ਭਾਰੀ ਗਿਣਤੀ ਵਿੱਚ ਕੁਸ਼ਤੀ ਪ੍ਰੇਮੀ ਮੌਜੂਦ ਰਹੇ।

# ਸੈਂਟਰ ਸਕੂਲ 'ਚ ਕਰਵਾਏ ਵੱਖ-ਵੱਖ ਖੇਡ ਮੁਕਾਬਲੇ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਬਲਾਕ ਨੂਰਮਹਿਲ ਦੇ ਸੈਂਟਰ ਸਕੂਲ ਸਰਕਾਰੀ ਪ੍ਰਾਇਮਰੀ ਸਕੂਲ ਚੂਹੇਕੀ ਵਿਖੇ ਸੈਂਟਰ ਪੱਧਰ ਦੇ ਖੋ-ਖੋ, ਕਬੱਡੀ, ਐਥਲੈਟਿਕਸ, ਸ਼ਾਰਟ ਪੁੱਟ ਆਦਿ ਖੇਡ ਮੁਕਾਬਲੇ ਕਰਵਾਏ ਗਏ। ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਚੂਹੇਕੀ, ਪੱਬਵਾਂ, ਭੰਡਾਲ ਬੂਟਾ, ਭੰਡਾਲ ਹਿੰਮਤ,ਕੋਟਲਾ, ਸਿੱਧਮ ਮੁੱਸਤਦੀ, ਸਿੱਧਮ ਹਰੀ ਸਿੰਘ, ਜਾਗੋ ਸੰਘਾਂ ਦੇ ਸਕੂਲੀ ਬੱਚਿਆਂ ਨੇ ਹਿੱਸਾ ਲਿਆ। ਵੱਖ-ਵੱਖ ਮੁਕਾਬਲਿਆਂ ਦੇ ਜੇਤੂ ਬੱਚਿਆਂ ਦੀ ਚੋਣ ਕੀਤੀ ਗਈ। ਸੈਂਟਰ ਹੈੱਡ ਟੀਚਰ ਮੁਨੀਸ਼ ਮੋਹਨ ਅਤੇ ਸਕੂਲ ਇੰਚਾਰਜ ਜਸਵੀਰ ਕੌਰ ਵੱਲੋਂ ਆਏ ਪਤਵੰਤਿਆਂ ਦਾ ਧੰਨਵਾਦ ਕੀਤਾ ਗਿਆ ਅਤੇ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ ।ਇਸ ਮੌਕੇ ਬਲਜੀਤ ਸਿੰਘ ਜੌਹਲ, ਗੁਰਪ੍ਰੀਤ ਲਾਲ ਸਰਪੰਚ, ਮੰਗਤ ਰਾਏ, ਸਰਪੰਚ ਪਰਮਜੀਤ ਬਾਠ, ਮੁਖਤਿਆਰ ਸਿੰਘ, ਜਗਰੂਪ ਕੌਰ, ਕੁਲਦੀਪ, ਜਗਜੀਤ ਸਿੰਘ, ਰਾਮਦਾਸ ਬਾਲੂ, ਸ਼ਿੰਗਾਰਾ ਜੌਹਲ ਆਦਿ ਵੀ ਹਾਜ਼ਰ ਸਨ।



# ਵਿਦਿਆਰਥਣਾਂ ਨੇ ਸਾਲਾਨਾ ਪ੍ਰੀਖਿਆਵਾਂ 'ਚ ਕੀਤਾ ਟਾਪ



**ਗੁਰਾਇਆ (ਬਿੰਦਰ ਸੁਮਨ)**-ਸ੍ਰੀ ਹਨੁਮਤ ਇੰਸਟੀਚਿਊਟ ਦੀਆਂ ਤਿੰਨ ਹੋਣਹਾਰ ਵਿਦਿਆਰਥਣਾਂ ਨੇ ਕਾਲਜ ਦੀ ਸਾਖ ਅਤੇ ਪਰੰਪਰਾ ਨੂੰ ਕਾਇਮ ਰੱਖਦੇ ਹੋਏ ਪੰਜਾਬ ਟੈਕਨੀਕਲ ਯੂਨੀਵਰਸਿਟੀ (ਪੀ ਟੀ ਯੂ) ਦੁਆਰਾ ਐਲਾਨੇ ਗਏ ਬੀ ਟੀ ਟੀ ਐਮ ਪ੍ਰੀਖਿਆ ਦੇ ਸਾਲਾਨਾ ਨਤੀਜਿਆਂ ਵਿੱਚ ਯੂਨੀਵਰਸਿਟੀ ਪੱਧਰ 'ਤੇ ਟਾਪ ਸਥਾਨ ਪ੍ਰਾਪਤ ਕੀਤੇ ਹਨ। ਵਿਦਿਆਰਥਣਾਂ ਦੀ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਕਾਲਜ ਡਾਇਰੈਕਟਰ ਡਾ. ਸ਼ੈਲੀ ਰੇਖੀ ਸ਼ਰਮਾ ਨੇ ਦੱਸਿਆ ਕਿ ਬੀ ਟੀ ਟੀ ਐਮ ਦੀ ਵਿਦਿਆਰਥਣ ਸ਼ਾਇਨਾ ਛਾਬੜਾ ਪੁੱਤਰੀ ਹਰਸ਼ ਛਾਬੜਾ ਨੇ 8.9 ਦੇ ਸੀ ਜੀ ਪੀ ਏ ਨਾਲ ਯੂਨੀਵਰਸਿਟੀ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ ਹੈ, ਜਦਕਿ ਅੰਜਲੀ ਪੁੱਤਰੀ ਪ੍ਰੇਮ ਲਾਲ ਨੇ 8.22 ਦੇ ਸੀ ਜੀ ਪੀ ਏ ਨਾਲ ਯੂਨੀਵਰਸਿਟੀ ਵਿੱਚ ਦਸਵਾਂ ਸਥਾਨ ਹਾਸਲ ਕੀਤਾ ਹੈ। ਇਸੇ ਤਰ੍ਹਾਂ ਬੀ ਸੀ ਏ ਦੀ ਵਿਦਿਆਰਥਣ ਪ੍ਰਿਯੰਕਾ ਪੁੱਤਰੀ ਦੇਸਰਾਜ ਨੇ ਵੀ 9.23 ਸੀ ਜੀ ਪੀ ਏ ਹਾਸਲ ਕਰਦੇ ਹੋਏ ਪੀ ਟੀ ਯੂ ਵਿੱਚ ਅੱਠਵਾਂ ਸਥਾਨ ਪ੍ਰਾਪਤ ਕੀਤਾ। ਡਾ. ਸ਼ੈਲੀ ਰੇਖੀ ਸ਼ਰਮਾ ਨੇ ਕਿਹਾ ਕਿ ਸ਼੍ਰੀ ਹਨੁਮਤ ਆਈ.ਐਮ.ਟੀ. ਵਿਦਿਆਰਥੀਆਂ ਨੂੰ ਉੱਚ-ਗੁਣਵੱਤਾ ਵਾਲੀ ਸਿੱਖਿਆ ਦੇ ਨਾਲ-ਨਾਲ ਤਜਰਬੇਕਾਰ ਅਤੇ ਸਮਰਪਿਤ ਸਟਾਫ਼ ਦੁਆਰਾ ਪ੍ਰਦਾਨ ਕੀਤੇ ਗਏ ਸ਼ਾਨਦਾਰ ਵਿਹਾਰਕ ਸਿਖਲਾਈ ਦੇ ਮੌਕੇ ਪ੍ਰਦਾਨ ਕਰਦਾ ਹੈ।

# ਵਿਧਾਇਕ ਨੇ ਮਲਕਪੁਰ-ਜਿਊਲੀ ਸੰਪਰਕ ਸੜਕ ਦਾ ਨੀਂਹ ਪੱਥਰ ਰੱਖਿਆ

**ਲਾਲੜੂ (ਵਿਨੈ ਕੁਮਾਰ ਜੈਨ)**-ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਇੱਥੇ ਆਖਿਆ ਕਿ ਪਿਛਲੀਆਂ ਸਰਕਾਰਾਂ ਵੱਲੋਂ ਲੰਮੇ ਸਮੇਂ ਤੱਕ ਅਣਗੌਲੀ ਗਈ ਮਲਕਪੁਰ-ਜਿਊਲੀ ਸੰਪਰਕ ਸੜਕ ਨੂੰ ਬਣਾਉਣ ਬਾਰੇ ਮੌਜੂਦਾ ਪੰਜਾਬ ਸਰਕਾਰ ਵੱਲੋਂ ਫੈਸਲਾ ਲੈ ਕੇ ਇਲਾਕੇ ਦੀ ਇੱਕ ਵੱਡੀ ਤੇ ਅਹਿਮ ਮੰਗ ਨੂੰ ਪੂਰਾ ਕਰ ਦਿੱਤਾ ਗਿਆ ਹੈ।ਉਨ੍ਹਾਂ 2.41 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਇਸ ਸੜਕ ਦਾ ਨੀਂਹ ਪੱਥਰ ਰੱਖਣ ਮੌਕੇ ਦੱਸਿਆ ਕਿ ਹੁਣ ਇਹ ਸੜਕ 18 ਫੁੱਟ ਚੌੜੀ ਹੋਵੇਗੀ ਅਤੇ ਬਣਨ ਤੋਂ ਬਾਅਦ ਪੰਜ ਸਾਲ ਤੱਕ ਇਸ ਦੀ ਸੰਭਾਲ ਤੇ ਟੁੱਟ-ਭੱਜ ਦੀ ਜ਼ਿੰਮੇਵਾਰੀ ਠੇਕੇਦਾਰ ਦੀ ਹੋਵੇਗੀ। ਸ੍ਰੀ ਰੰਧਾਵਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਇਸ ਅਹਿਮ ਸੜਕ ਵੱਲ ਕੋਈ ਧਿਆਨ ਨਹੀਂ ਦਿੱਤਾ ਸੀ, ਪਰ ਸ. ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਇਲਾਕੇ ਦੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਸਮਝਦਿਆਂ ਇਸ ਪ੍ਰਾਜੈਕਟ ਨੂੰ ਮਨਜ਼ੂਰੀ ਦਿੱਤੀ। ਉਨ੍ਹਾਂ ਕਿਹਾ ਕਿ ਜਿਨ੍ਹਾਂ ਨੇ ਇਸ ਸੜਕ ਦੇ ਮਾਮਲੇ 'ਤੇ ਸਿਆਸੀ ਡਰਾਮੇਬਾਜ਼ੀ ਕੀਤੀ, ਉਹ ਆਪਣੇ ਰਾਜ ਸਮੇਂ ਇਸ ਸੜਕ ਲਈ ਕੋਈ ਕਦਮ ਨਹੀਂ ਚੁੱਕ ਸਕੇ।ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਸੜਕਾਂ ਦੀ ਗੁਣਵੱਤਾ ਸੁਧਾਰਨ ਲਈ ਅਹਿਮ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ, ਜਿਸ ਤਹਿਤ ਡੇਰਾਬੱਸੀ ਹਲਕੇ ਸਮੇਤ ਪੂਰੇ ਪੰਜਾਬ ਵਿੱਚ ਲਿੰਕ ਸੜਕਾਂ ਦੀ ਮੁਰੰਮਤ ਤੇ ਨਵੀਆਂ ਬਣਾਉਣ ਅਤੇ ਪੰਜ ਸਾਲ ਤੱਕ ਰੱਖ-ਰਖਾਅ ਦਾ ਇਤਿਹਾਸਕ ਕੰਮ ਜਾਰੀ ਹੈ।



# ਗਾਂਧੀ ਜਯੰਤੀ ਮੌਕੇ ਕੁਇਜ਼ ਮੁਕਾਬਲਾ ਆਯੋਜਿਤ



**ਜਲੰਧਰ (ਸ਼ੈਲੀ ਐਲਬਰਟ)**-ਮੇਹਰ ਚੰਦ ਪੋਲਿਟੈਕਨਿਕ ਕਾਲਜ ਵਿਚ ਗਾਂਧੀ ਜਯੰਤੀ ਦੇ ਅਵਸਰ 'ਤੇ ਦਯਾਨੰਦ ਚੇਤਨਾ ਮੰਚ ਵੱਲੋਂ ਮਹਾਤਮਾ ਗਾਂਧੀ ਦੇ ਜੀਵਨ ਦਰਸ਼ਨ 'ਤੇ ਇੱਕ ਪ੍ਰਸ਼ਨੋਤਰੀ (ਕੁਇਜ਼) ਮੁਕਾਬਲਾ ਆਯੋਜਿਤ ਕੀਤਾ ਗਿਆ। ਇਸ ਮੁਕਾਬਲੇ ਵਿੱਚ ਕਈ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਵੱਡੇ ਉਤਸ਼ਾਹ ਨਾਲ ਭਾਗ ਲਿਆ।ਵਿਦਿਆਰਥੀਆਂ ਵਿੱਚ ਮਿਕੈਨਿਕਲ ਫਾਈਨਲ ਇਅਰ ਦੇ ਦੀਪਕ ਪਾਲ ਅਤੇ ਕੰਪਿਊਟਰ ਫਰਸਟ ਇਅਰ ਦੇ ਤੇਜਸ ਚਾਵਲਾ ਦੋਵੇਂ ਪਹਿਲੇ ਸਥਾਨ 'ਤੇ ਰਹੇ। ਦੂਜਾ ਸਥਾਨ ਕੰਪਿਊਟਰ ਫਾਈਨਲ ਇਅਰ ਦੇ ਰਾਜਾ ਕੁਮਾਰ ਨੇ ਪ੍ਰਾਪਤ ਕੀਤਾ।ਫਾਰਮੇਸੀ ਫਰਸਟ ਇਅਰ ਦੀ ਸਿਮਰਨ, ਮਿਕੈਨਿਕਲ ਫਾਈਨਲ ਇਅਰ ਦੇ ਮੁਨੀਤ ਸ਼ਰਮਾ ਅਤੇ ਕੰਪਿਊਟਰ ਫਾਈਨਲ ਇਅਰ ਦੇ ਮੁਹੰਮਦ ਆਸਿਫ਼ ਤੀਜੇ ਸਥਾਨ 'ਤੇ ਸਾਂਝੇ ਤੌਰ 'ਤੇ ਰਹੇ।ਅਧਿਆਪਕ ਵਰਗ ਵਿੱਚ ਇਲੈਕਟ੍ਰਾਨਿਕਸ ਵਿਭਾਗ ਦੀ ਲੈਕਚਰਾਰ ਮਨਿੰਦਰ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ। ਦੂਜੇ ਸਥਾਨ 'ਤੇ ਕੰਪਿਊਟਰ ਵਿਭਾਗ ਦੇ ਮੁਖੀ ਪ੍ਰਿੰਸ ਮਦਾਨ ਅਤੇ ਆਟੋਮੋਬਾਈਲ ਵਿਭਾਗ ਦੇ ਲੈਕਚਰਾਰ ਸਾਹਿਲ ਰਹੇ। ਇਲੈਕਟ੍ਰਾਨਿਕਸ ਵਿਭਾਗ ਦੀ ਮੁਖੀ ਪ੍ਰੀਤ ਕੰਵਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

# ਸ੍ਰੀ ਗੁਰੂ ਰਵਿਦਾਸ ਵੈੱਲਫੇਅਰ ਸੁਸਾਇਟੀ ਵੱਲੋਂ ਸੰਤ ਸਮਾਗਮ 16 ਨੂੰ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**-ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸੋਸਾਇਟੀ ਪਿੰਡ ਜੰਡੋਲੀ ਵੱਲੋਂ ਡਾ.ਕੁਲਵਿੰਦਰ ਸਿੰਘ ਜੰਡੋਲੀ ਦੀ ਅਗਵਾਈ ਹੇਠ ਸਮੂਹ ਗ੍ਰਾਮ ਪੰਚਾਇਤ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਪਿੰਡ ਜੰਡੋਲੀ ਵਿਖੇ 16 ਅਕਤੂਬਰ ਨੂੰ 10ਵਾਂ ਮਹਾਨ ਸੰਤ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾਕਟਰ ਸਾਹਿਲ ਜੰਡੋਲੀ, ਕੁਲਦੀਪ ਸਿੰਘ, ਭਗਤ ਹਰਬੰਸ ਲਾਲ, ਕੇਵਲ ਸਿੰਘ, ਰਾਮ ਜੀ ਦਾਸ ਅਤੇ ਹੋਰ ਪ੍ਰਬੰਧਕਾਂ ਨੇ ਸਾਂਝੇ ਤੌਰ ਤੇ ਦੱਸਿਆ ਕਿ ਇਸ ਮੌਕੇ ਸੰਤ ਸਤਨਾਮ ਦਾਸ ਗੁੱਜਰ ਮਹਿਦੂਦ ਵਾਲੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਉਸ ਸਰਬ ਸ਼ਕਤੀਮਾਨ ਪ੍ਰਮਾਤਮਾ ਨਾਲ ਜੋੜਨਗੇ, ਜੋ ਇਸ ਬ੍ਰਹਿਮੰਡ ਦੇ ਕਣ ਕਣ ਵਿੱਚ ਮੌਜੂਦ ਹੋ ਕੇ ਸਭਨਾ ਜੀਵਾਂ ਦੀ ਪ੍ਰਤਿਪਾਲਣਾ ਕਰ ਰਿਹਾ ਹੈ। ਉਹਨਾਂ ਦੱਸਿਆ ਕਿ ਇਸ ਸਮਾਗਮ ਦਾ ਪੋਸਟਰ ਡੇਰਾ ਸੱਚਖੰਡ ਬੱਲਾਂ ਦੇ ਗੱਦੀ ਨਸ਼ੀਨ 108 ਸੰਤ ਨਿਰੰਜਨ ਦਾਸ ਮਹਾਰਾਜ ਜੀ ਨੇ ਜਾਰੀ ਕੀਤਾ। ਇਸ ਮੌਕੇ ਉਹਨਾਂ ਨਾਲ ਹੋਰ ਸੰਤ ਮਹਾਂਪੁਰਸ਼ ਵੀ ਹਾਜ਼ਰ ਸਨ।ਇਸ ਮਹਾਨ ਸੰਤ ਸਮਾਗਮ ਵਿੱਚ ਡੇਰਾ ਸੱਚਖੰਡ ਵੱਲਾਂ ਤੋਂ ਸੰਤ ਨਿਰੰਜਨ ਦਾਸ ਮਹਾਰਾਜ ਜੀ ਸੰਗਤਾਂ ਨੂੰ ਅਸ਼ੀਰਵਾਦ ਦੇਣ ਲਈ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ। ਸਮਾਗਮ ਦੀ ਸ਼ੁਰੂਆਤ ਅੰਮ੍ਰਿਤ ਬਾਣੀ ਦੇ ਜਾਪ ਨਾਲ ਹੋਵੇਗੀ ਤੇ ਬਾਅਦ ਵਿੱਚ ਸਮਾਗਮ ਵਿੱਚ ਪਹੁੰਚੇ ਸੰਤ ਮਹਾਂਪੁਰਸ਼ ਸੰਗਤਾਂ ਨੂੰ ਕਥਾ ਕੀਰਤਨ ਰਾਹੀਂ ਧੰਨ-ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਨਾਲ ਜੋੜਨਗੇ। ਗੁਰੂ ਕੇ ਲੰਗਰ ਅਤੁੱਟ ਚੱਲਣਗੇ।



# ਹੜ੍ਹ ਪੀੜਤਾਂ ਦੀ ਮਦਦ ਲਈ 51000 ਰੁਪਏ ਦਾ ਚੈੱਕ ਭੇਟ

**ਫਗਵਾੜਾ (ਜਸਵਿੰਦਰ ਢੱਡਾ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਨੀ ਪਿੰਡ ਦੇ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ (ਸਟੇਟ ਅਵਾਰਡੀ) ਦੀ ਅਗਵਾਈ ਵਿੱਚ ਹੜ੍ਹ ਪੀੜਤਾਂ ਦੀ ਮਦਦ ਲਈ ਸਕੂਲ ਦੇ ਅਧਿਆਪਕਾਂ, ਵਿਦਿਆਰਥੀਆਂ, ਪ੍ਰਬੰਧਕੀ ਕਮੇਟੀਆਂ, ਪੰਚਾਇਤ ਮੈਂਬਰਾਂ,ਦਾਨੀ ਸੱਜਣਾ ਅਤੇ ਪਿੰਡ ਵਾਸੀਆਂ ਵੱਲੋਂ ਪਾਏ ਯੋਗਦਾਨ ਰਾਹੀਂ 51000/- ਰੁਪਏ ਦੀ ਰਾਸ਼ੀ ਇਕੱਤਰ ਕਰਕੇ ਸਿੱਖਿਆ ਮੰਤਰੀ ਹਰਜੋਤ ਬੈਂਸ ਰਾਹੀਂ, ਮੁੱਖ ਮੰਤਰੀ ਰਿਲੀਫ਼ ਫੰਡ ਲਈ ਭੇਟ ਕੀਤੀ ਗਈ। ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ ਨੇ ਇਸ ਰਾਸ਼ੀ ਦਾ ਚੈੱਕ ਦਫ਼ਤਰ ਸਿੱਖਿਆ ਮੰਤਰੀ ਵਿਖੇ ਸੈਕਟਰੀ ਦੌਲਤ ਰਾਮ ਨੂੰ ਭੇਟ ਕਰਨ ਸਮੇਂ ਜਾਣਕਾਰੀ ਦਿੰਦਿਆਂ ਦੱਸਿਆ ਕਿ, ਦੇਸ਼ ਵਿੱਚ ਪਹਿਲਾਂ ਵਾਪਰੀਆਂ ਕੁਦਰਤੀ ਕਰੋਪੀਆਂ ਸਮੇਂ ਹੋਏ ਨੁਕਸਾਨ ਵੇਲੇ ਵੀ ਪੀੜਤਾਂ ਦੀ ਮੱਦਦ ਕਰਨ ਲਈ ਇਸ ਸਕੂਲ ਵੱਲੋਂ ਵਡਮੁੱਲਾ ਯੋਗਦਾਨ ਪਾਇਆ ਜਾ ਚੁੱਕਾ ਹੈ।ਇਹ ਰਾਸ਼ੀ ਇਕੱਤਰ ਕਰਨ ਵਿੱਚ ਲੈਕ. ਰਿਸ਼ੀ ਕੁਮਾਰ, ਲੈਕ. ਕੁਲਵੰਤ ਰਾਮ, ਲੈਕ. ਬਲਵਿਦਰ ਕੌਰ, ਲੈਕ. ਤੀਰਥ ਸਿੰਘ ਬਾਸੀ, ਮੁਨੀਸ਼ ਕੁਮਾਰ, ਜਸਵਿੰਦਰ ਸਾਂਪਲਾ, ਮੰਜੂ ਰਾਣੀ, ਸੀਮਾ ਦੇਵੀ, ਅੰਸ਼ੂ ਸੱਭਰਵਾਲ, ਸਰਬਜੀਤ ਕੌਰ, ਸੁਰੂਚੀ ਲੂਥਰਾ ਤੋਂ ਇਲਾਵਾ ਸਕੂਲ ਦੇ ਸਮੂਹ ਵਿਦਿਆਰਥੀਆਂ ਨੇ ਆਪਣਾ ਅਹਿਮ ਯੋਗਦਾਨ ਪਾਇਆ।



# ਡੇਵਕ੍ਰੀਏਟ ਬਿਲਡਫੈਸਟ 1.0 ਆਯੋਜਿਤ



**ਜਲੰਧਰ (ਸ਼ੈਲੀ ਐਲਬਰਟ)**
ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਨੌਰਥ ਕੈਂਪਸ ਮਕਸੂਦਾਂ (ਜਲੰਧਰ) ਵੱਲੋਂ , ਗੂਗਲ ਡਿਵੈਲਪਰ ਗਰੁੱਪ ਜਲੰਧਰ ਦੇ ਸਹਿਯੋਗ ਨਾਲ ਕੋਡ, ਬਣਾਓ ਅਤੇ ਜਸ਼ਨ ਮਨਾਓ ਥੀਮ ਅਧੀਨ 30 ਘੰਟਿਆਂ ਲਗਾਤਾਰ ਚੱਲਣ ਵਾਲਾ ਹੈਕਾਥਾਨ 'ਡੇਵਕ੍ਰੀਏਟ ਬਿਲਡਫੈਸਟ 1.0' ਸਫਲਤਾਪੂਰਵਕ ਆਯੋਜਿਤ ਕੀਤਾ ਗਿਆ।ਇਸ ਵਿਸ਼ਾਲ ਕੋਡਿੰਗ ਮੈਰਾਥਾਨ ਵਿੱਚ ਪੰਜਾਬ ਅਤੇ ਉੱਤਰ ਭਾਰਤ ਦੇ ਹਜ਼ਾਰਾਂ ਨੌਜਵਾਨ ਤਕਨੀਕੀ ਮਗਜਾਂ ਨੇ ਹਿੱਸਾ ਲਿਆ, ਜਿੱਥੇ ਵਿਦਿਆਰਥੀਆਂ ਨੇ 30 ਘੰਟਿਆਂ ਦੀ ਲਗਾਤਾਰ ਕੋਡਿੰਗ ਕਰਕੇ ਅਸਲ ਜ਼ਿੰਦਗੀ ਦੀਆਂ ਸਮੱਸਿਆਵਾਂ ਲਈ ਨਵੀਨਤਮ ਡਿਜ਼ੀਟਲ ਹੱਲ, ਵੈੱਬ ਐਪਲੀਕੇਸ਼ਨਜ਼ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਮਾਡਲ ਵਿਕਸਿਤ ਕੀਤੇ।ਇਸ ਹੈਕਾਥਾਨ ਵਿੱਚ ਸ਼ਾਰਦਾ ਯੂਨੀਵਰਸਿਟੀ, ਗਲਗੋਟੀਆ ਯੂਨੀਵਰਸਿਟੀ, ਚੰਡੀਗੜ੍ਹ ਯੂਨੀਵਰਸਿਟੀ, ਸੀ ਜੀ ਸੀ ਝੰਜੇਰੀ, ਲਪੀਯੂ , ਡੀਏਵੀ , ਜੀਐਨਡੀਯੂ, ਆਈਕੇਜੀਪੀਟੀਯੂ , ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਲਮਰਿਨ ਟੈਕ ਯੂਨੀਵਰਸਿਟੀ, ਗੁਲਜ਼ਾਰ ਗਰੁੱਪ ਆਫ ਕਾਲਜਜ਼, ਡੇਵਿਟ, ਯੂਆਈਈਟੀ, ਪੀਸੀਟੀਈ ਅਤੇ ਸਵਾਮੀ ਵਿਵੇਕਾਨੰਦ ਇੰਜੀਨੀਅਰਿੰਗ ਕਾਲਜ ਵਰਗੇ 25 ਤੋਂ ਵੱਧ ਪ੍ਰਸਿੱਧ ਕਾਲਜਾਂ ਦੇ 800 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ। ਪਹਿਲਾ ਇਨਾਮ ਗੁਲਜ਼ਾਰ ਗਰੁੱਪ ਆਫ ਕਾਲਜਜ਼ ਨੂੰ ਪ੍ਰਾਪਤ ਹੋਇਆ। ਦੂਜਾ ਇਨਾਮ ਸੀਟੀ ਯੂਨੀਵਰਸਿਟੀ, ਲੁਧਿਆਣਾ ਨੇ ਜਿੱਤਿਆ, ਜਦਕਿ ਤੀਜਾ ਇਨਾਮ ਡੀ ਏ ਵੀ ਆਈ ਈ ਟੀ, ਜਲੰਧਰ ਦੀ ਟੀਮ ਦੇ ਨਾਮ ਰਿਹਾ। ਉਤਸ਼ਾਹਵਰਧਨ ਲਈ ਹੌਸਲਾ ਅਫਜਾਈ ਇਨਾਮ ਵੀ ਸੀਟੀ ਯੂਨੀਵਰਸਿਟੀ, ਲੁਧਿਆਣਾ ਨੂੰ ਦਿੱਤਾ ਗਿਆ।ਇਸ ਤੋਂ ਇਲਾਵਾ, ਵਿਦਿਆਰਥੀਆਂ ਦੀ ਵਿਸ਼ੇਸ਼ ਯੋਗਤਾਵਾਂ ਨੂੰ ਮਨਜ਼ੂਰ ਕਰਦਿਆਂ ਕੁਝ ਖ਼ਾਸ ਸਨਮਾਨ ਵੀ ਦਿੱਤੇ ਗਏ। ਲੈਮਰਿਨ ਟੈਕ ਯੂਨੀਵਰਸਿਟੀ ਨੂੰ ਉਹਨਾਂ ਦੇ ਪ੍ਰੋਜੈਕਟ ਵਿੱਚ ਜੈਮਿਨੀ ਦੀ ਸਭ ਤੋਂ ਵਧੀਆ ਵਰਤੋਂ ਲਈ ਸਨਮਾਨਤ ਕੀਤਾ ਗਿਆ।

# ਲੈਕਚਰਾਰ ਕੇਡਰ ਦੀ ਸੀਨੀਆਰਤਾ ਸੂਚੀ ਬਾਰੇ ਗੁੰਮਰਾਹਕੁੰਨ ਪ੍ਰਚਾਰ ਤੋਂ ਸੁਚੇਤ ਰਹਿਣ ਦੀ ਲੋੜ

**ਜਲੰਧਰ (ਨ ਜ ਸ)**-ਐਸ.ਸੀ./ ਬੀ.ਸੀ.ਅਧਿਆਪਕ ਯੂਨੀਅਨ ਪੰਜਾਬ ਦੀ ਮੀਟਿੰਗ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਦੁੱਗਾਂ ਦੀ ਅਗਵਾਈ ਵਿੱਚ ਹੋਈ।ਜਿਸ ਵਿਚ ਉਨ੍ਹਾ ਕਿਹਾ ਕਿ 21/8/2025 ਨੂੰ ਜਾਰੀ ਕੀਤੀ ਗਈ ਲੈਕਚਰਾਰ ਕੇਡਰ ਦੀ ਸੀਨੀਆਰਤਾ ਸੂਚੀ ਬਾਰੇ ਕੁਝ ਲੋਕਾਂ ਵੱਲੋਂ ਭਰਮ ਫੈਲਾਇਆ ਜਾ ਰਿਹਾ ਹੈ ਕਿ 85ਵੀਂ ਸੰਵਿਧਾਨਿਕ ਸੋਧ ਅਮਲੀ ਰੂਪ ਵਿੱਚ ਲਾਗੂ ਕੀਤੀ ਗਈ ਹੈ ਜੋ ਕਿ ਸਰਾਸਰ ਗੁਮਰਾਹਕੁੰਨ ਪ੍ਰਚਾਰ ਹੈ। ਜੇਕਰ 85ਵੀਂ ਸੰਵਿਧਾਨਿਕ ਸੋਧ ਲਾਗੂ ਕੀਤੀ ਗਈ ਹੁੰਦੀ ਤਾਂ ਰੋਸਟਰ ਪੁਆਇੰਟ ਨੂੰ ਸੀਨੀਆਰਟੀ ਪੁਆਇੰਟ ਮੰਨਣਾ ਬਣਦਾ ਸੀ ਜਦੋਂ ਕਿ ਇਸ ਸੀਨੀਆਰਤਾ ਸੂਚੀ ਨੂੰ ਵੇਖ ਕੇ ਪਤਾ ਲੱਗਦਾ ਹੈ ਕਿ ਕਿਤੇ ਵੀ ਰੋਸਟਰ ਪੁਆਇੰਟ ਨੂੰ ਸੀਨੀਆਰਤਾ ਪੁਆਇੰਟ ਨਹੀਂ ਮੰਨਿਆ ਗਿਆ। ਭਾਵ ਜੰਜੂਆ ਜੱਜਮੈਂਟ ਲਾਗੂ ਕੀਤੀ ਗਈ ਹੈ। ਮਾਨਯੋਗ ਸੁਪਰੀਮ ਕੋਰਟ ਦੇ ਐਮ ਨਾਗਰਾਜ ਦੇ ਫੈਸਲੇ ਅਨੁਸਾਰ ਬੈਕਵਰਡਨੈਸ,ਐਫੀਸੈਂਸੀ, ਅਤੇ ਕੁਆਂਟੀਫਾਈਏਬਲ ਡੈਟਾ ਦੀਆਂ ਸ਼ਰਤਾਂ ਬਾਰੇ ਮਾਨਯੋਗ ਸੁਪਰੀਮ ਕੋਰਟ ਦੇ ਜਰਨੈਲ ਸਿੰਘ ਬਨਾਮ ਲਕਸ਼ਮੀ ਨਰਾਇਣ ਗੁਪਤਾ ਕੇਸ ਵਿੱਚ ਉੱਕਤ ਸ਼ਰਤਾਂ ਬਾਰੇ ਸਪੱਸ਼ਟ ਕੀਤਾ ਜਾ ਚੁੱਕਿਆ ਹੈ। ਇਸ ਫੈਸਲੇ ਵਿੱਚ ਕਿਹਾ ਗਿਆ ਹੈ ਕਿ ਜਦੋਂ ਐਸ ਸੀ ਸਮਾਜ ਦੀ ਗੱਲ ਆਉਂਦੀ ਹੈ ਤਾਂ ਸ਼ਬਦ ਪਛੜਾਪਣ ਵੀ ਛੋਟਾ ਪੈ ਜਾਂਦਾ ਹੈ। ਦੂਜੀ ਸ਼ਰਤ ਐਫੀਸੈਂਸੀ ,ਜੋ ਸ਼ਰਤਾਂ ਜਨਰਲ ਉਮੀਦਵਾਰ ਤੇ ਲਾਗੂ ਹੁੰਦੀਆਂ ਹਨ, ਉਹੀ ਸ਼ਰਤਾਂ ਰਾਖਵੀਂ ਸ਼੍ਰੇਣੀ ਦੇ ਉਮੀਦਵਾਰ ਤੇ ਲਾਗੂ ਹੁੰਦੀਆਂ ਹਨ ਤਾਂ ਐਫੀਸੈਂਸੀ ਪ੍ਰਭਾਵਿਤ ਹੋਣ ਦੀ ਸ਼ਰਤ ਖਤਮ ਹੋ ਜਾਂਦੀ ਹੈ। ਤੀਜੀ ਸ਼ਰਤ ਕੁਆਂਟੀਫਾਈਏਬਲ ਡੈਟਾ ਬਾਰੇ ਸਪੱਸ਼ਟ ਕੀਤਾ ਗਿਆ ਹੈ ਕਿ ਡੈਟਾ ਉਸ ਕੇਡਰ ਦਾ ਹੀ ਵੇਖਣਾ ਹੈ, ਜਿਸ ਕੇਡਰ ਵਿੱਚ ਤਰੱਕੀ ਕੀਤੀ ਜਾਣੀ ਹੈ। ਹਰ ਵਿਭਾਗ ਵੱਲੋਂ ਡੀ ਪੀ ਸੀ ਕਰਨ ਸਮੇਂ ਸਭ ਤੋਂ ਪਹਿਲਾਂ ਕਦਮ ਕੇਡਰ ਦੀਆਂ ਕੁੱਲ ਮਨਜ਼ੂਰਸ਼ੁਦਾ ਅਸਾਮੀਆਂ, ਭਰੀਆਂ ਅਸਾਮੀਆਂ, ਖਾਲੀ ਅਸਾਮੀਆਂ, ਖਾਲੀ ਰੋਸਟਰ ਨੁਕਤੇ , ਭਰੇ ਰੋਸਟਰ ਨੁਕਤੇ ਆਦਿ ਬਾਰੇ ਅੰਕੜੇ ਇੱਕਠੇ ਕਰਨ ਤੋਂ ਬਾਅਦ ਹੀ ਤਰੱਕੀਆਂ ਕੀਤੀਆਂ ਜਾਂਦੀਆਂ ਹਨ। ਭਾਵ ਐਮ ਨਾਗਰਾਜ ਕੇਸ ਦੀਆਂ ਤਿੰਨੋ ਸ਼ਰਤਾਂ ਜਰਨੈਲ ਸਿੰਘ ਬਨਾਮ ਲਕਸ਼ਮੀ ਨਾਰਾਇਣ ਗੁਪਤਾ ਕੇਸ ਨੇ ਰੱਦ/ਸਪੱਸ਼ਟ ਕਰ ਦਿੱਤੀਆਂ ਹਨ।ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਜਿਨ੍ਹਾਂ ਕੇਡਰਾਂ ਵਿੱਚ ਰਾਖਵਾਂਕਰਨ ਲਾਗੂ ਹੈ ,ਉਥੇ ਕਾਂਸੀਕੁਐਂਸਲ ਸੀਨੀਆਰਤਾ ਦਾ ਲਾਭ ਦੇਣਾ ਵੀ ਲਾਜ਼ਮੀ ਹੈ।ਲੈਕਚਰਾਰ ਕਾਡਰ ਦੀ ਇਸ ਸੀਨੀਆਰਤਾ ਸੂਚੀ ਨੂੰ ਪ੍ਰੈਸ 'ਚ ਗੁਮਰਾਹਕੁੰਨ ਬਿਆਨ ਦੇ ਕੇ ਸਾਬੋਤਾਜ ਕਰਨ ਦੀ ਲੁਕਵੀਂ ਸਾਜਿਸ਼ ਕੀਤੀ ਜਾ ਰਹੀ ਹੈ।ਮੀਟਿੰਗ ਚ ਸਕੱਤਰ ਜਨਰਲ ਬਲਵਿੰਦਰ ਲਤਾਲਾ, ਜਨਰਲ ਸਕੱਤਰ ਲਛਮਣ ਸਿੰਘ ਨਬੀਪੁਰ, ਸੀਨੀ. ਮੀਤ ਪ੍ਰਧਾਨ ਗੁਰਸੇਵਕ ਕਲੇਰ, ਪਰਵਿੰਦਰ ਭਾਰਤੀ, ਹਰਬੰਸ ਲਾਲ ਪ੍ਰਧਾਨ ਜਲੰਧਰ,ਵੀਰ ਸਿੰਘ ਮੋਗਾ, ਵਿੱਤ ਸਕੱਤਰ ਗੁਰਪ੍ਰੀਤ ਸਿੰਘ ਗੁਰੂ, ਬੇਅੰਤ ਭਾਬਰੀ,ਮੀਤ ਪ੍ਰਧਾਨ ਹਰਪਾਲ ਤਰਨਤਾਰਨ, ਲੈਕ. ਸੁਨੀਲ ਕੁਮਾਰ, ਦੇਵ ਰਾਜ ਜਲੰਧਰ। ਇਹ ਜਾਣਕਾਰੀ ਹਰਬੰਸ ਲਾਲ ਪ੍ਰਧਾਨ ਜਲੰਧਰ ਨੇ ਪ੍ਰੈਸ ਨੂੰ ਜਾਰੀ ਕੀਤੀ।




# ਬਸਪਾ ਵੱਲੋਂ ਫਿਲੌਰ ਵਿਖੇ ਮਹਾਂਰੈਲੀ 9 ਨੂੰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਬਹੁਜਨ ਸਮਾਜ ਪਾਰਟੀ ਪੰਜਾਬ ਵੱਲੋਂ ਬਹੁਜਨ ਸਮਾਜ ਪਾਰਟੀ ਦੇ ਬਾਨੀ ਸਾਹਿਬ ਸ੍ਰੀ ਕਾਂਸ਼ੀ ਰਾਮ ਦੇ ਪ੍ਰੀਨਿਰਵਾਣ ਦਿਵਸ ਮੌਕੇ ਫਿਲੌਰ ਵਿਖੇ ਤਖ਼ਤ ਬਦਲ ਦਿਓ ਤਾਜ ਬਦਲ ਦਿਓ ਮਹਾਰੈਲੀ ਕੀਤੀ ਜਾ ਰਹੀ ਏ ਜਿਸ ਵਿੱਚ ਪੰਜਾਬ ਦੇ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕਰਦਿਆਂ ਮਲਕੀਤ ਚੁੰਬਰ ਨੇ ਕਿਹਾ ਕਿ ਪੰਜਾਬ ਸੰਭਾਲੋ ਮੁਹਿਮ ਤਹਿਤ ਬਹੁਜਨ ਸਮਾਜ ਪਾਰਟੀ ਨਾਲ ਜੁੜੋ ਤੇ 9 ਅਕਤੂਬਰ ਨੂੰ ਭਾਰੀ ਗਿਣਤੀ ਵਿੱਚ ਫਿਲੌਰ ਪਹੁੰਚ ਕੇ ਕਾਂਸ਼ੀ ਰਾਮ ਨੂੰ ਸ਼ਰਧਾ ਦੇ ਫੁੱਲ ਭੇਟ ਕਰੀਏ।